ਸ਼ਨੀਵਾਰ, 11 ਅਪ੍ਰੈਲ, 2026
29 ਚੇਤ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 310

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • SATURDAY, 11 APRIL, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਅੱਠਵੀਂ 'ਚ ਤਮੰਨਾ ਅੱਵਲ

**ਮੁਹਾਲੀ (ਗੁਰਜੀਤ ਬਿੱਲਾ)**-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦੀ ਅੱਠਵੀਂ ਦੇ ਨਤੀਜਾ ਦਾ ਐਲਾਨ ਕੀਤਾ ਗਿਆ। ਐਲਾਨੇ ਨਤੀਜੇ ਅਨੁਸਾਰ ਤਮੰਨਾ ਪੁੱਤਰੀ ਨਰਿੰਦਰ ਕੁਮਾਰ/ਸੁਨੀਤਾ, (ਰੋਲ ਨੰ. 8026236105) ਸਰਸਵਤੀ ਸੀਨੀਅਰ ਸੈਕੰਡਰੀ ਸਕੂਲ, ਜੈਤੋ (ਫਰੀਦਕੋਟ) ਨੇ 600 ਵਿੱਚੋਂ 600 ਭਾਵ 100 ਪ੍ਰਤੀਸ਼ਤ ਅੰਕ ਪ੍ਰਾਪਤ ਕਰਦੇ ਹੋਏ ਪਹਿਲਾ, ਜਪਨੀਤ ਕੌਰ ਪੁੱਤਰੀ ਕੁਲਦੀਪ ਸਿੰਘ/ਜਗਦੀਪ ਕੌਰ (ਰੋਲ ਨੰ. 8026921281) ਸਰਕਾਰੀ ਮਿਡਲ ਸਕੂਲ , ਅਰਕਵਾਸ (ਸੰਗਰੂਰ) ਨੇ 600 ਵਿੱਚੋਂ 598 ਕੁੱਲ 99.67 ਪ੍ਰਤੀਸ਼ਤ ਅੰਕ ਪ੍ਰਾਪਤ ਕਰਦੇ ਹੋਏ ਦੂਜਾ ਅਤੇ ਜਸ਼ਨਦੀਪ ਕੌਰ ਪੁੱਤਰੀ ਹਰਪ੍ਰੀਤ ਸਿੰਘ/ਕੁਲਵਿੰਦਰ ਕੌਰ (ਰੋਲ ਨੰ. 8026238728) ਸੰਤ ਮੋਹਨ ਦਾਸ ਮੈਮੋਰੀਅਲ ਸੀਨੀਅਰ ਸੈਕੰਡਰੀ ਸਕੂਲ, ਕੋਟ ਸੁਖੀਆ (ਫਰੀਦਕੋਟ), ਨੇ 600 ਵਿੱਚੋਂ 598 ਕੁੱਲ 99.67 ਪ੍ਰਤੀਸ਼ਤ ਅੰਕ ਪ੍ਰਾਪਤ ਕਰਦੇ ਹੋਏ ਤੀਜਾ ਸਥਾਨ ਹਾਸਲ ਕੀਤਾ।ਪੰਜਾਬ ਸਕੂਲ ਸਿੱਖਿਆ ਬੋਰਡ ਦੇ ਨਿਯਮਾਂ ਅਨੁਸਾਰ ਬਰਾਬਰ ਅੰਕ ਪ੍ਰਾਪਤ ਕਰਨ ਤੇ ਛੋਟੀ ਉਮਰ ਵਾਲੇ ਪ੍ਰੀਖਿਆਰਥੀ ਨੂੰ ਮੈਰਿਟ ਵਿੱਚ ਉੱਚ ਸਥਾਨ ਪ੍ਰਦਾਨ ਕੀਤਾ ਗਿਆ ਹੈ।

## ਅਮਰਨਾਥ ਯਾਤਰਾ ਲਈ ਰਜਿਸਟ੍ਰੇਸ਼ਨ 15 ਤੋਂ

**ਜੰਮੂ :** ਅਮਰਨਾਥ ਯਾਤਰਾ ਲਈ ਰਜਿਸਟ੍ਰੇਸ਼ਨ 15 ਅਪ੍ਰੈਲ ਤੋਂ ਸ਼ੁਰੂ ਹੋਵੇਗੀ। ਯਾਤਰਾ ਪਰਮਿਟ 'ਪਹਿਲਾਂ ਆਓ, ਪਹਿਲਾਂ ਪਾਓ' ਦੇ ਆਧਾਰ 'ਤੇ ਜਾਰੀ ਕੀਤੇ ਜਾਣਗੇ। ਯਾਤਰਾ ਦੀ ਮਿਤੀ ਦਾ ਐਲਾਨ ਜਲਦੀ ਹੀ ਕੀਤਾ ਜਾਵੇਗਾ। ਦੇਸ਼ ਭਰ ਦੀਆਂ 554 ਬੈਂਕ ਸ਼ਾਖਾਵਾਂ 'ਤੇ ਰਜਿਸਟ੍ਰੇਸ਼ਨ ਕੀਤੀ ਜਾਵੇਗੀ। 13 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੇ 70 ਸਾਲ ਤੋਂ ਵੱਧ ਉਮਰ ਦੇ ਬਜ਼ੁਰਗਾਂ ਦੀ ਰਜਿਸਟ੍ਰੇਸ਼ਨ ਨਹੀਂ ਹੋਵੇਗੀ। ਇਸੇ ਤਰ੍ਹਾਂ ਛੇ ਹਫਤਿਆਂ ਤੋਂ ਵੱਧ ਉਮਰ ਦੀਆਂ ਗਰਭਵਤੀਆਂ ਨੂੰ ਮਨਾਹੀ ਹੋਵੇਗੀ।

## ਭੁੱਲਰ ਨੂੰ ਨਹੀਂ ਮਿਲੀ ਜ਼ਮਾਨਤ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਸੀ ਬੀ ਆਈ ਵੱਲੋਂ ਦਰਜ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਪੰਜਾਬ ਦੇ ਮੁਅੱਤਲ ਡੀ ਆਈ ਜੀ ਹਰਚਰਨ ਸਿੰਘ ਭੁੱਲਰ ਨੂੰ ਸ਼ੁੱਕਰਵਾਰ ਜ਼ਮਾਨਤ ਦੇਣ ਤੋਂ ਇਨਕਾਰ ਕਰ ਦਿੱਤਾ। ਤਾਂ ਵੀ, ਚੀਫ ਜਸਟਿਸ ਸੂਰੀਆ ਕਾਂਤ, ਜਸਟਿਸ ਜੋਇਮਲਿਆ ਬਾਗਚੀ ਤੇ ਵਿਪੁਲ ਐਮ ਪੰਚੋਲੀ ਦੀ ਬੈਂਚ ਨੇ ਕਿਹਾ ਕਿ ਜੇ ਮਾਮਲੇ ਦੀ ਸੁਣਵਾਈ 2 ਮਹੀਨਿਆਂ ਵਿੱਚ ਸ਼ੁਰੂ ਨਹੀਂ ਹੁੰਦੀ ਹੈ ਤਾਂ ਉਹ ਰਾਹਤ ਲਈ ਮੁੜ ਪੰਜਾਬ ਤੇ ਹਰਿਆਣਾ ਹਾਈ ਕੋਰਟ ਦਾ ਦਰਵਾਜ਼ਾ ਖੜਕਾ ਸਕਦੇ ਹਨ। ਭੁੱਲਰ ਨੇ ਦਲੀਲ ਦਿੱਤੀ ਸੀ ਕਿ ਮਾਮਲੇ ਦੀ ਜਾਂਚ ਪੂਰੀ ਹੋ ਗਈ ਹੈ ਅਤੇ 3 ਜਨਵਰੀ ਨੂੰ ਚਾਰਜਸ਼ੀਟ ਵੀ ਦਾਇਰ ਹੋ ਚੁੱਕੀ ਹੈ, ਜਿਸ ਕਰਕੇ ਉਸ ਨੂੰ ਹੋਰ ਹਿਰਾਸਤ ਵਿੱਚ ਰੱਖ ਕੇ ਪੁੱਛਗਿੱਛ ਦੀ ਲੋੜ ਨਹੀਂ ਹੈ।

## ਬੰਗਾਲ ਦੀਆਂ ਵੋਟਰ ਸੂਚੀਆਂ 'ਤੇ 13 ਨੂੰ ਫਿਰ ਸੁਣਵਾਈ

**ਨਵੀਂ ਦਿੱਲੀ :** ਸੁਪਰੀਮ ਕੋਰਟ ਪੱਛਮੀ ਬੰਗਾਲ ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਨੂੰ ਫਰੀਜ਼ (ਸਥਿਰ) ਕਰਨ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀਆਂ ਪੈਂਡਿੰਗ ਪਟੀਸ਼ਨਾਂ ਦੇ ਨਾਲ ਇੱਕ ਨਵੀਂ ਪਟੀਸ਼ਨ 'ਤੇ 13 ਅਪਰੈਲ ਨੂੰ ਸੁਣਵਾਈ ਕਰਨ ਲਈ ਸਹਿਮਤ ਹੋ ਗਈ ਹੈ। ਚੋਣ ਕਮਿਸ਼ਨ ਨੇ ਪਹਿਲੇ ਪੜਾਅ ਵਿੱਚ ਹੋਣ ਵਾਲੀਆਂ ਚੋਣਾਂ ਲਈ ਵੋਟਰ ਸੂਚੀਆਂ ਨੂੰ 9 ਅਪ੍ਰੈਲ ਨੂੰ ਫਰੀਜ਼ ਕਰਕੇ ਅੰਤਮ ਰੂਪ ਦੇ ਦਿੱਤਾ ਹੈ। ਇਸ ਦਾ ਮਤਲਬ ਹੈ ਕਿ ਹੁਣ ਕੋਈ ਵੀ ਨਵਾਂ ਵਿਅਕਤੀ, ਜਿਸ ਦਾ ਨਾਂਅ ਹਟਾ ਦਿੱਤਾ ਗਿਆ ਹੈ, ਵੋਟਰ ਸੂਚੀ ਵਿੱਚ ਨਹੀਂ ਜੋੜਿਆ ਜਾ ਸਕਦਾ।

## ਨਿਤੀਸ਼ ਨੇ ਸਹੁੰ ਚੁੱਕੀ

**ਨਵੀਂ ਦਿੱਲੀ :** 75 ਸਾਲਾ ਨਿਤੀਸ਼ ਕੁਮਾਰ ਨੇ ਸ਼ੁੱਕਰਵਾਰ ਰਾਜ ਸਭਾ ਮੈਂਬਰ ਵਜੋਂ ਸਹੁੰ ਲਈ। ਇਸ ਨਾਲ ਹੁਣ ਬਿਹਾਰ ਵਿੱਚ ਭਾਜਪਾ ਲਈ ਆਪਣਾ ਮੁੱਖ ਮੰਤਰੀ ਬਣਾਉਣ ਦਾ ਰਾਹ ਪੱਧਰਾ ਹੋ ਗਿਆ ਹੈ, ਜੋ ਕਿ ਸੂਬੇ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਵੇਗਾ। ਸੂਤਰਾਂ ਅਨੁਸਾਰ, ਨਵੀਂ ਸਰਕਾਰ ਦੀ ਰੂਪ-ਰੇਖਾ 13 ਅਪਰੈਲ ਤੋਂ ਬਾਅਦ ਸਾਫ ਹੋ ਜਾਵੇਗੀ।

## ਕੈਨੇਡਾ 'ਚ ਪੰਜਾਬਣ ਡੈਂਟਿਸਟ ਦਾ ਲਸੰਸ ਪੰਜ ਸਾਲ ਲਈ ਰੱਦ

**ਵੈਨਕੂਵਰ :** ਵਿਦੇਸ਼ਾਂ ਤੋਂ ਕੱਚੇ ਕਾਮੇ ਸੱਦਣ ਦੀ ਕੀਤੀ ਗਈ ਜਾਅਲਸਾਜ਼ੀ ਫੜੇ ਜਾਣ 'ਤੇ ਕੈਲਗਰੀ ਦੀ ਦੰਦਾਂ ਦੀ ਡਾਕਟਰ (ਡੈਂਟਿਸਟ) ਵਿਰੁੱਧ ਕਾਰਵਾਈ ਕਰਦਿਆਂ ਸੰਬੰਧਤ ਟ੍ਰਿਬਿਊਨਲ ਨੇ ਉਸ ਨੂੰ 2 ਲੱਖ 16 ਹਜ਼ਾਰ ਡਾਲਰ ਜੁਰਮਾਨਾ ਕਰਦੇ ਹੋਏ, ਉਸ ਦਾ ਡਾਕਟਰੀ ਲਸੰਸ ਪੰਜ ਸਾਲਾਂ ਲਈ ਰੱਦ ਕਰ ਦਿੱਤਾ ਹੈ। ਐਡਮਿੰਟਨ 'ਚ ਪੰਜਾਬੀ ਮਾਪਿਆਂ ਦੇ ਘਰ ਜਨਮੀ ਸੁਮੀਤ ਕੌਰ ਗਿੱਲ 'ਤੇ ਦੋਸ਼ ਲੱਗੇ ਸਨ ਕਿ ਉਸ ਨੇ ਅਵਾਸ ਵਿਭਾਗ ਦੇ ਸਿਸਟਮ ਨਾਲ ਧੋਖਾ ਕਰਕੇ ਕਈ ਅਸਥਾਈ ਵਿਦੇਸ਼ੀ ਕਾਮੇ ਕੈਨੇਡਾ ਸੱਦੇ, ਜਦੋਂਕਿ ਉਸ ਕੋਲ ਅਜਿਹਾ ਕੋਈ ਅਧਿਕਾਰ ਹੈ ਹੀ ਨਹੀਂ ਸੀ। ਦੋ ਸਾਲ ਲੰਮੀ ਸੁਣਵਾਈ ਦੌਰਾਨ ਉਸ ਨੇ ਆਪਣੇ ਆਪ ਨੂੰ ਠੀਕ ਸਾਬਤ ਕਰਨ ਦੇ ਯਤਨ ਕੀਤੇ, ਜਿਨ੍ਹਾਂ ਨੂੰ ਟ੍ਰਿਬਿਊਨਲ ਨੇ ਰੱਦ ਕਰਦਿਆਂ ਕਿਹਾ ਕਿ ਸਿਸਟਮ ਨਾਲ ਜਾਅਲਸਾਜ਼ੀ ਕਰਨ ਕਰਕੇ ਉਹ ਕਿਸੇ ਲਿਹਾਜ ਦੀ ਹੱਕਦਾਰ ਨਹੀਂ। ਜਾਣਕਾਰੀ ਅਨੁਸਾਰ ਪੇਸ਼ੇ ਵਜੋਂ ਦੰਦਾਂ ਦੀ ਡਾਕਟਰ ਹੁੰਦੇ ਹੋਏ ਉਸ ਨੇ ਅਸਥਾਈ ਵਿਦੇਸ਼ੀ ਕਾਮੇ (ਟੈਂਪਰੇਰੀ ਫੌਰਨ ਵਰਕਰ) ਸਕੀਮ ਦਾ ਰੱਜ ਕੇ ਦੁਰ-ਉਪਯੋਗ ਕੀਤਾ।

# 155 ਲੱਖ ਟਨ ਚੌਲ ਤੇ ਕਣਕ ਦੀ ਲਿਫਟਿੰਗ ਲਈ ਵਿਸ਼ੇਸ਼ ਗੱਡੀਆਂ ਚੱਲਣਗੀਆਂ : ਮਾਨ

### ਗੜੇਮਾਰੀ ਨਾਲ ਕਣਕ ਦੇ ਨੁਕਸਾਨ ਦਾ ਮੁਲਾਂਕਣ ਕਰਨ ਲਈ ਕੇਂਦਰ ਟੀਮ ਭੇਜੇ



**ਨਵੀਂ ਦਿੱਲੀ :** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁਕਰਵਾਰ ਨੂੰ ਨਵੀਂ ਦਿੱਲੀ ਵਿਖੇ ਕੇਂਦਰੀ ਖੁਰਾਕ ਅਤੇ ਜਨਤਕ ਵੰਡ ਮੰਤਰੀ ਪ੍ਰਹਿਲਾਦ ਜੋਸ਼ੀ ਨਾਲ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਉਨ੍ਹਾਂ ਨੇ ਸੂਬੇ ਦੇ ਕਿਸਾਨਾਂ ਅਤੇ ਮੰਡੀਆਂ ਲਈ ਕਈ ਅਹਿਮ ਰਾਹਤ ਉਪਾਅ ਯਕੀਨੀ ਬਣਾਏ। ਇਸ ਦੌਰਾਨ ਕੇਂਦਰ ਨੇ ਪੰਜਾਬ ਵਿੱਚ ਪਏ 155 ਲੱਖ ਮੀਟ੍ਰਿਕ ਟਨ ਅਨਾਜ ਦੀ ਲਿਫਟਿੰਗ ਲਈ ਵਿਸ਼ੇਸ਼ ਰੇਲ ਗੱਡੀਆਂ ਚਲਾਉਣ ਲਈ ਸਹਿਮਤੀ ਦਿੱਤੀ ਜਿਸ ਨਾਲ ਹਾੜੀ ਮੰਡੀਕਰਨ ਸੀਜ਼ਨ ਤੋਂ ਪਹਿਲਾਂ ਸੂਬੇ ਵਿੱਚ ਅਨਾਜ ਦੇ ਭੰਡਾਰਨ ਸਬੰਧੀ ਗੰਭੀਰ ਸੰਕਟ ਨਾਲ ਨਜਿੱਠਣ ਵਿੱਚ ਮਦਦ ਮਿਲੇਗੀ।ਇਸ ਦਖਲ ਦੇ ਨਾਲ-ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ 'ਤੇ ਬੋਝ ਬਣੇ ਢਾਂਚਾਗਤ ਮੁੱਦਿਆਂ ਦੇ ਹੱਲ 'ਤੇ ਜ਼ੋਰ ਦਿੱਤਾ, ਜਿਸ ਵਿੱਚ ਉੱਚ ਨਕਦ ਕਰਜ਼ਾ ਵਿਆਜ ਦਰਾਂ, ਪੇਂਡੂ ਵਿਕਾਸ ਫੰਡ ਅਧੀਨ ਲੰਬਿਤ 9,000 ਕਰੋੜ ਰੁਪਏ, ਗੜੇਮਾਰੀ ਨਾਲ ਪ੍ਰਭਾਵਿਤ ਫਸਲਾਂ ਲਈ ਮੁਆਵਜ਼ਾ ਅਤੇ ਆੜ੍ਹਤੀਆਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਸ਼ਾਮਲ ਹਨ। ਕੇਂਦਰੀ ਮੰਤਰੀ ਨੇ ਇਹਨਾਂ ਮੁੱਦਿਆਂ ਦੇ ਸਬੰਧ ਵਿੱਚ ਸਕਾਰਾਤਮਕ ਹੁੰਗਾਰਾ ਭਰਿਆ ਅਤੇ ਲੰਬਿਤ ਮੁੱਦਿਆਂ ਦੇ ਹੱਲ ਲਈ ਸਕੱਤਰ ਪੱਧਰੀ ਪ੍ਰਣਾਲੀ ਸਿਰਜਣ ਸਮੇਤ ਠੋਸ ਕਦਮ ਚੁੱਕਣ ਦਾ ਭਰੋਸਾ ਦਿੱਤਾ।ਐਕਸ ਹੈਂਡਲ 'ਤੇ ਮੀਟਿੰਗ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ 'ਸ਼ੁਕਰਵਾਰ ਨੂੰ ਦਿੱਲੀ ਵਿਖੇ ਮੈਂ ਕੇਂਦਰੀ ਖੁਰਾਕ ਮੰਤਰੀ ਪ੍ਰਹਿਲਾਦ ਜੋਸ਼ੀ ਨਾਲ ਇੱਕ ਅਹਿਮ ਮੀਟਿੰਗ ਕੀਤੀ। ਇਸ ਦੌਰਾਨ ਅਸੀਂ ਆੜ੍ਹਤੀਆਂ ਦੀਆਂ ਮੰਗਾਂ ਸਮੇਤ ਪੰਜਾਬ ਨਾਲ ਸਬੰਧਤ ਵੱਖ-ਵੱਖ ਮੁੱਖ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ।'

ਮੁੱਖ ਮੰਤਰੀ ਨੇ ਅੱਗੇ ਲਿਖਿਆ: ਮੀਟਿੰਗ ਦੌਰਾਨ ਕੇਂਦਰ ਸਾਹਮਣੇ ਅਹਿਮ ਮੁੱਦੇ ਉਠਾਏ ਗਏ ਜਿਸ ਵਿੱਚ ਪੰਜਾਬ 'ਚ ਪਈ 155 ਲੱਖ ਮੀਟ੍ਰਿਕ ਟਨ ਕਣਕ ਅਤੇ ਚੌਲਾਂ ਦੀ ਤੁਰੰਤ ਲਿਫਟਿੰਗ ਅਤੇ ਆਰ ਡੀ ਐੱਫ ਅਧੀਨ ਬਕਾਇਆ 9,000 ਕਰੋੜ ਰੁਪਏ ਦੀ ਤੁਰੰਤ ਅਦਾਇਗੀ ਕਰਨ ਸਬੰਧੀ ਮੁੱਦੇ ਸ਼ਾਮਲ ਸਨ। ਇਸ ਦੇ ਨਾਲ ਹੀ, ਨਕਦ ਕਰਜ਼ਾ ਸੀਮਾ ਅਧੀਨ ਸੂਬਿਆਂ 'ਤੇ ਲਗਾਈਆਂ ਗਈਆਂ ਉੱਚ ਵਿਆਜ ਦਰਾਂ ਨੂੰ ਘਟਾਉਣ ਤੇ ਆੜ੍ਹਤੀਆਂ ਦੀਆਂ ਕੇਂਦਰ ਨਾਲ ਸਬੰਧਤ ਮੰਗਾਂ ਤੇ ਪਹਿਲ ਦੇ ਆਧਾਰ 'ਤੇ ਵਿਚਾਰ ਕਰਨ ਦੀ ਮੰਗ ਕੀਤੀ ਗਈ। ਇਸ ਤੋਂ ਇਲਾਵਾ, ਮੰਡੀ ਮਜ਼ਦੂਰਾਂ ਦੇ ਈ ਪੀ ਐੱਫ ਨਾਲ ਸਬੰਧਤ ਮੁੱਦਿਆਂ ਨੂੰ ਤੁਰੰਤ ਹੱਲ ਕਰਨ ਦੀ ਅਪੀਲ ਕੀਤੀ ਗਈ ਅਤੇ ਬੇਮੌਸਮੀ ਬਾਰਿਸ਼ ਕਾਰਨ ਹੋਏ ਨੁਕਸਾਨ ਲਈ ਕਿਸਾਨਾਂ ਨੂੰ ਬਣਦਾ ਮੁਆਵਜ਼ਾ ਦੇਣ ਦੀ ਮੰਗ ਵੀ ਕੀਤੀ ਗਈ।ਉਨ੍ਹਾਂ ਲਿਖਿਆ ਕਿ ਮੈਨੂੰ ਬੇਹੱਦ ਖੁਸ਼ੀ ਹੋ ਰਹੀ ਹੈ ਕਿ ਕੇਂਦਰੀ ਮੰਤਰੀ ਨੇ ਇਨ੍ਹਾਂ ਸਾਰੇ ਮੁੱਦਿਆਂ 'ਤੇ ਬੇਹੱਦ ਸਕਾਰਾਤਮਕ ਹੁੰਗਾਰਾ ਭਰਿਆ ਹੈ। ਅਸੀਂ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ। ਉਨ੍ਹਾਂ ਕਿਹਾ, ਸੂਬੇ ਵਿੱਚ 1 ਅਪ੍ਰੈਲ, 2026 ਤੋਂ ਹਾੜੀ ਮੰਡੀਕਰਨ ਸੀਜ਼ਨ (ਆਰ ਐੱਮ ਐੱਸ) 2026-27 ਸ਼ੁਰੂ ਹੋ ਗਿਆ ਹੈ, ਜਿਸ ਦੌਰਾਨ ਸੰਭਾਵੀ ਤੌਰ 'ਤੇ 130-132 ਲੱਖ ਮੀਟਰਕ ਟਨ ਕਣਕ ਦੀ ਖਰੀਦ ਕੀਤੀ ਜਾਵੇਗੀ।ਆੜ੍ਹਤੀਆਂ ਕਮਿਸ਼ਨ ਦੇ ਮੁੱਦੇ 'ਤੇ ਵਿਚਾਰ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ, ਭਾਰਤ ਸਰਕਾਰ ਦੇ ਖੁਰਾਕ ਅਤੇ ਜਨਤਕ ਵੰਡ ਵਿਭਾਗ (ਡੀ ਐੱਫ ਪੀ ਡੀ) ਨੇ ਆੜ੍ਹਤੀਆਂ (ਕਮਿਸ਼ਨ ਏਜੰਟ) ਕਮਿਸ਼ਨ ਨੂੰ ਖਰੀਫ ਮਾਰਕੀਟਿੰਗ ਸੀਜ਼ਨ (ਕੇ ਐਮ ਐਸ) 2020-21 ਵਾਸਤੇ ਝੋਨੇ ਲਈ 45.88 ਰੁਪਏ ਪ੍ਰਤੀ ਕੁਇੰਟਲ ਅਤੇ ਹਾੜੀ ਮਾਰਕੀਟਿੰਗ ਸੀਜ਼ਨ (ਆਰ ਐਮ ਐਸ) 2021-22 ਵਾਸਤੇ ਕਣਕ ਲਈ 46.00 ਰੁਪਏ ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਸੀ। ਇੱਕ ਹੋਰ ਚਿੰਤਾ ਨੂੰ ਉਜਾਗਰ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਪਿਛਲੇ ਕਈ ਸਾਲਾਂ ਤੋਂ, ਭਾਰਤੀ ਖੁਰਾਕ ਨਿਗਮ ਈਪੀਐਫ ਨਾਲ ਸਬੰਧਤ ਮੁੱਦਿਆਂ ਕਾਰਨ ਹਰ ਸੀਜ਼ਨ ਵਿੱਚ ਖਰੀਦੀਆਂ ਜਾਂਦੀਆਂ ਫਸਲਾਂ ਲਈ ਭੁਗਤਾਨ ਕੀਤੇ ਜਾਣ ਵਾਲੇ ਮੰਡੀ ਲੇਬਰ ਚਾਰਜ ਦਾ 30 ਫ਼ੀਸਦ ਆਪਣੇ ਕੋਲ ਰੱਖ ਰਿਹਾ ਹੈ। ਉਨ੍ਹਾਂ ਅੱਗੇ ਕਿਹਾ, ਇਸ ਦੇ ਨਤੀਜੇ ਵਜੋਂ, ਆੜ੍ਹਤੀਆਂ ਨਾਲ ਸਬੰਧਤ ਲਗਭਗ 50 ਕਰੋੜ ਰੁਪਏ ਦੀ ਰਾਸ਼ੀ ਐਫ ਸੀ ਆਈ ਕੋਲ ਪਈ ਹੈ, ਜਿਸ ਨਾਲ ਉਨ੍ਹਾਂ ਦਾ ਵਿੱਤੀ ਬੋਝ ਹੋਰ ਵਧ ਗਿਆ ਹੈ। ਮੁੱਖ ਮੰਤਰੀ ਨੇ ਕਿਹਾ, ਰਾਜ ਦੀਆਂ ਏਜੰਸੀਆਂ ਆੜ੍ਹਤੀਆਂ ਤੋਂ ਅੰਡਰਟੇਕਿੰਗ ਜਾਂ ਹਲਫੀਆ ਬਿਆਨ ਪ੍ਰਾਪਤ ਕਰਨ ਤੋਂ ਬਾਅਦ ਉਨ੍ਹਾਂ ਨੂੰ ਭੁਗਤਾਨ ਕਰ ਰਹੀਆਂ ਹਨ, ਜਿਸ ਵਿੱਚ ਕਿਹਾ

• ਬਾਕੀ ਸਫਾ 2 'ਤੇ

# ਪੰਜਾਬ ਦੇ 10 ਸ਼ਰਧਾਲੂਆਂ ਦੀ ਮੌਤ



**ਜਗਰਾਓਂ (ਸੰਜੀਵ ਅਰੋੜਾ)**

ਸ਼ੁੱਕਰਵਾਰ ਬਾਅਦ ਦੁਪਹਿਰ ਸਟੀਮਰ ਯਮੁਨਾ 'ਚ ਪਲਟ ਜਾਣ ਕਾਰਨ ਪੰਜਾਬ ਦੇ ਕਰੀਬ ਢਾਈ ਦਰਜਨ ਸ਼ਰਧਾਲੂ ਡੁੱਬ ਗਏ। ਸ਼ਾਮ ਤੱਕ 10 ਲਾਸ਼ਾਂ ਬਰਾਮਦ ਹੋਈਆਂ ਸਨ ਤੇ 15 ਨੂੰ ਸਲਾਮਤ ਕੱਢ ਲਿਆ ਗਿਆ ਸੀ। ਪੰਜਾਬ ਤੋਂ ਕਰੀਬ 150 ਲੋਕ ਸਵੇਰੇ 9 ਵਜੇ ਵਰਿੰਦਾਵਨ ਪਹੁੰਚੇ ਸਨ। ਨਿਧੀਵਨ ਦੇ ਦਰਸ਼ਨ ਕਰਨ ਤੋਂ ਬਾਅਦ ਸਾਰੇ ਯਮੁਨਾ 'ਚ ਸੈਰ-ਸਪਾਟੇ ਲਈ ਨਿਕਲ ਗਏ। ਉਹ ਸ਼੍ਰੀ ਬਾਂਕੇ ਬਿਹਾਰੀ ਮੰਦਰ ਤੋਂ ਲਗਭਗ 2.5 ਕਿਲੋਮੀਟਰ ਦੂਰ ਕੇਸ਼ੀਘਾਟ 'ਤੇ ਦੋ ਸਟੀਮਰਾਂ 'ਤੇ ਸਵਾਰ ਹੋਏ। ਜਿਸ ਸਟੀਮਰ ਵਿੱਚ 25-27 ਲੋਕ ਸਵਾਰ ਸਨ, ਉਹ ਕਰੀਬ ਢਾਈ ਵਜੇ ਮਾਂਟ ਥਾਣਾ ਖੇਤਰ 'ਚ ਬਣੇ ਪੈਨਟੂਨ ਪੁਲ (ਪੀਪਿਆਂ ਵਾਲੇ ਪੁਲ) ਨਾਲ ਟਕਰਾ ਕੇ ਪਲਟ ਗਿਆ। ਦਰਅਸਲ ਨਦੀ ਵਿੱਚ ਪਾਣੀ ਦਾ ਪੱਧਰ ਵਧਣ ਕਰਕੇ ਪੁਲ ਦੇ ਪੀਪੇ ਖੋਲ੍ਹ ਦਿੱਤੇ ਗਏ ਸਨ, ਜੋ ਨਦੀ ਵਿੱਚ ਇੱਧਰ-ਉੱਧਰ ਤੈਰ ਰਹੇ ਸਨ। ਬਾਂਕੇ ਬਿਹਾਰੀ ਕਲੱਬ ਦੇ ਮੈਂਬਰ 9 ਅਪ੍ਰੈਲ ਨੂੰ ਸ਼ਾਮ 6 ਵਜੇ 2 ਬੱਸਾਂ 'ਚ ਜਗਰਾਓਂ ਤੋਂ ਗਏ ਸਨ। ਡੀ ਆਈ ਜੀ ਸ਼ੈਲੇਸ਼ ਕੁਮਾਰ ਪਾਂਡੇ ਨੇ ਕਿਹਾ ਕਿ ਤਿੰਨ ਤੋਂ ਪੰਜ ਲਾਪਤਾ ਲੋਕਾਂ ਨੂੰ ਲੱਭਣ ਦੀਆਂ ਕੋਸ਼ਿਸ਼ਾਂ ਜਾਰੀ ਹਨ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੀੜਤ ਪਰਵਾਰਾਂ ਨਾਲ ਡੂੰਘੀ ਹਮਦਰਦੀ ਦਾ ਪ੍ਰਗਟਾਵਾ ਕੀਤਾ ਹੈ।

## ਹਿਮਾਚਲ 'ਚ ਕਪੂਰਥਲਾ ਦੇ 3 ਸ਼ਰਧਾਲੂਆਂ ਦੀ ਮੌਤ, 27 ਜ਼ਖਮੀ



**ਧਰਮਸ਼ਾਲਾ :** ਹਿਮਾਚਲ ਦੇ ਕਾਂਗੜਾ ਜ਼ਿਲ੍ਹੇ ਦੀ ਦੇਹਰਾ ਸਬ-ਡਵੀਜ਼ਨ ਵਿੱਚ ਢਲਿਆਰਾ ਕੋਲ ਰਾਧਾ ਸੁਆਮੀ ਸਤਿਸੰਗ ਭਵਨ ਨੇੜੇ ਸ਼ੁੱਕਰਵਾਰ ਸ਼ਰਧਾਲੂਆਂ ਦੀ ਟਰੈਕਟਰ-ਟਰਾਲੀ ਕਰੀਬ 90 ਫੁੱਟ ਖੱਡ ਵਿੱਚ ਡਿੱਗਣ ਕਾਰਨ ਕਪੂਰਥਲਾ ਦੇ 3 ਲੋਕਾਂ ਦੀ ਮੌਤ ਹੋ ਗਈ ਅਤੇ 27 ਜ਼ਖਮੀ ਹੋ ਗਏ।

ਕੁਝ ਜ਼ਖਮੀਆਂ ਦੀ ਹਾਲਤ ਗੰਭੀਰ ਸੀ। ਸੰਭਾਵਨਾ ਜਤਾਈ ਜਾ ਰਹੀ ਹੈ ਕਿ 'ਖੂਨੀ ਮੋੜ' ਉੱਤੇ ਹਾਦਸਾ ਬ੍ਰੇਕ ਫੇਲ੍ਹ ਹੋਣ ਕਾਰਨ ਵਾਪਰਿਆ। ਸ਼ਰਧਾਲੂ ਚਿੰਤਪੁਰਨੀ ਮਾਤਾ ਮੰਦਰ ਵਿਖੇ ਮੱਥਾ ਟੇਕਣ ਤੋਂ ਬਾਅਦ ਜਵਾਲਾਮੁਖੀ ਮੰਦਰ ਵੱਲ ਜਾ ਰਹੇ ਸਨ।

## ਹਾਈ ਕੋਰਟ ਦੇ ਜੱਜ ਯਸ਼ਵੰਤ ਵਰਮਾ ਵੱਲੋਂ ਫਜ਼ੀਹਤ ਤੋਂ ਪਹਿਲਾਂ ਅਸਤੀਫਾ



**ਨਵੀਂ ਦਿੱਲੀ :** ਆਪਣੀ ਸਰਕਾਰੀ ਰਿਹਾਇਸ਼ ਤੋਂ ਬਿਨਾਂ ਹਿਸਾਬ-ਕਿਤਾਬ ਵਾਲੀ ਨਕਦੀ ਦੀ ਬਰਾਮਦਗੀ ਕਾਰਨ ਪੈਦਾ ਹੋਏ ਸਿਆਸੀ ਤੂਫਾਨ ਅਤੇ ਨਿਆਂਇਕ ਜਵਾਬਦੇਹੀ 'ਤੇ ਉੱਠੇ ਸਵਾਲਾਂ ਦੇ ਇੱਕ ਸਾਲ ਤੋਂ ਵੱਧ ਸਮੇਂ ਬਾਅਦ ਇਲਾਹਾਬਾਦ ਹਾਈ ਕੋਰਟ ਦੇ ਜਸਟਿਸ ਯਸ਼ਵੰਤ ਵਰਮਾ ਨੇ ਸ਼ੁੱਕਰਵਾਰ ਰਾਸ਼ਟਰਪਤੀ ਦਰੋਪਦੀ ਮੁਰਮੂ ਨੂੰ ਆਪਣਾ ਅਸਤੀਫਾ ਸੌਂਪ ਦਿੱਤਾ। ਅਜਿਹਾ ਕਰਕੇ ਵਰਮਾ ਨੇ ਖੁਦ ਨੂੰ ਅਹੁਦੇ ਤੋਂ ਹਟਾਉਣ ਲਈ ਸੰਸਦ ਵਿੱਚ ਹੋਣ ਵਾਲੀ ਸੰਭਾਵੀ ਕਾਰਵਾਈ ਤੋਂ ਬਚਾ ਲਿਆ ਹੈ।

ਲੋਕ ਸਭਾ ਸਪੀਕਰ ਓਮ ਬਿਰਲਾ ਨੇ ਜਸਟਿਸ ਵਰਮਾ ਨੂੰ ਹਾਈ ਕੋਰਟ ਦੇ ਜੱਜ ਵਜੋਂ ਹਟਾਉਣ ਦੇ ਪ੍ਰਸਤਾਵ ਨੂੰ ਪ੍ਰਵਾਨਗੀ ਦਿੱਤੀ ਦੇ ਸੀ ਅਤੇ ਦੋਸ਼ਾਂ ਦੀ ਜਾਂਚ ਲਈ 'ਜੱਜ ਇਨਕੁਆਇਰੀ ਐਕਟ 1968' ਤਹਿਤ ਤਿੰਨ ਮੈਂਬਰੀ ਕਮੇਟੀ ਦਾ ਗਠਨ ਕੀਤਾ ਸੀ। ਜਸਟਿਸ ਵਰਮਾ ਨੇ ਸਪੀਕਰ ਦੇ ਇਸ ਕਦਮ ਨੂੰ ਚੁਣੌਤੀ ਦੇਣ ਲਈ ਸੁਪਰੀਮ ਕੋਰਟ ਤੱਕ ਪਹੁੰਚ ਕੀਤੀ ਸੀ, ਪਰ ਸੁਪਰੀਮ ਕੋਰਟ ਨੇ ਉਸ ਦੀ ਪਟੀਸ਼ਨ ਨੂੰ ਰੱਦ ਕਰ ਦਿੱਤਾ ਅਤੇ ਉਸ ਵਿਰੁੱਧ ਸੰਸਦੀ ਕਾਰਵਾਈ ਜਾਰੀ ਰੱਖਣ ਦੀ ਇਜਾਜ਼ਤ ਦੇ ਦਿੱਤੀ।

ਸਾਰੇ ਮੌਕੇ ਖਤਮ ਹੋਣ ਤੋਂ ਬਾਅਦ ਜਸਟਿਸ ਵਰਮਾ ਨੇ ਅਸਤੀਫਾ ਦੇ ਦਿੱਤਾ। 22 ਮਾਰਚ, 2025 ਨੂੰ ਤੱਤਕਾਲੀ ਚੀਫ ਜਸਟਿਸ ਸੰਜੀਵ ਖੰਨਾ ਨੇ 14 ਮਾਰਚ ਨੂੰ ਯਸ਼ਵੰਤ ਵਰਮਾ ਦੀ ਦਿੱਲੀ ਰਿਹਾਇਸ਼ 'ਤੇ ਬਿਨਾਂ ਹਿਸਾਬ-ਕਿਤਾਬ ਵਾਲੀ ਕਰੰਸੀ ਮਿਲਣ ਦੀ ਜਾਂਚ ਲਈ ਤਿੰਨ ਮੈਂਬਰੀ ਕਮੇਟੀ ਦਾ ਗਠਨ ਕੀਤਾ ਸੀ, ਜਦੋਂ ਉਹ ਦਿੱਲੀ ਹਾਈ ਕੋਰਟ ਦਾ ਜੱਜ ਸੀ। ਜਾਂਚ ਤੋਂ ਬਾਅਦ ਜਸਟਿਸ ਵਰਮਾ ਦਾ ਤਬਾਦਲਾ ਇਲਾਹਾਬਾਦ ਹਾਈ ਕੋਰਟ ਕਰ ਦਿੱਤਾ ਗਿਆ ਸੀ।

## ਸ਼ਾਰਜਾਹ ਤੋਂ ਲਿਆਂਦੇ ਮਹਿਰੋਂ ਦਾ ਪੰਜ ਦਿਨਾ ਪੁਲਸ ਰਿਮਾਂਡ

**ਬਠਿੰਡਾ (ਪਰਵਿੰਦਰਜੀਤ ਸਿੰਘ)**-ਕੰਚਨ ਕੁਮਾਰੀ ਉਰਫ ਕਮਲ ਭਾਬੀ ਦੇ ਕਤਲ ਦੇ ਸੰਬੰਧ 'ਚ ਸ਼ਾਰਜਾਹ ਤੋਂ ਲਿਆਂਦੇ ਅੰਮ੍ਰਿਤਪਾਲ ਸਿੰਘ ਮਹਿਰੋਂ ਨੂੰ ਸ਼ੁੱਕਰਵਾਰ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿਸ ਨੇ ਉਸ ਦਾ ਪੰਜ ਦਿਨਾਂ ਦਾ ਪੁਲਸ ਰਿਮਾਂਡ ਦੇ ਦਿੱਤਾ। ਕੰਚਨ ਨੂੰ ਕਿਸੇ ਪ੍ਰੋਮੋਸ਼ਨਲ ਈਵੈਂਟ ਦੇ ਬਹਾਨੇ ਬਠਿੰਡਾ ਬੁਲਾਇਆ ਗਿਆ ਸੀ ਤੇ 9-10 ਜੂਨ ਦੀ ਰਾਤ ਨੂੰ ਉਸ ਦੀ ਗਲਾ ਘੁੱਟ ਕੇ ਹੱਤਿਆ ਕਰ ਦਿੱਤੀ ਗਈ ਅਤੇ ਉਸ ਦੀ ਲਾਸ਼ ਤਿੰਨ ਦਿਨਾਂ ਬਾਅਦ (11 ਜੂਨ) ਆਦੇਸ਼ ਯੂਨੀਵਰਸਿਟੀ ਬਠਿੰਡਾ ਦੀ ਪਾਰਕਿੰਗ ਵਿੱਚ ਖੜ੍ਹੀ ਇੱਕ ਕਾਰ ਵਿੱਚੋਂ ਬਰਾਮਦ ਹੋਈ ਸੀ। ਪੁਲਸ ਅਨੁਸਾਰ ਕਤਲ ਦਾ ਕਾਰਨ ਕੰਚਨ ਦੀ ਸੋਸ਼ਲ ਮੀਡੀਆ ਸਮੱਗਰੀ ਸੀ, ਜਿਸ ਨੂੰ ਮੁਲਜ਼ਮਾਂ ਨੇ ਅਸ਼ਲੀਲ ਮੰਨਿਆ ਅਤੇ ਦਾਅਵਾ ਕੀਤਾ ਕਿ ਇਸ ਨਾਲ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ।

ਮੋਗਾ ਜ਼ਿਲ੍ਹੇ ਦੇ ਪਿੰਡ ਮਹਿਰੋਂ ਦਾ ਅੰਮ੍ਰਿਤਪਾਲ ਸਿੰਘ ਮਹਿਰੋਂ 'ਕੌਮ ਦੇ ਰਾਖੇ' ਨਾਮਕ ਗਰੁੱਪ ਦਾ ਮੁਖੀ ਹੈ ਅਤੇ ਸੋਸ਼ਲ ਮੀਡੀਆ 'ਤੇ ਮੌਰਲ ਪੁਲੀਸਿੰਗ (ਨੈਤਿਕ ਪਹਿਰੇਦਾਰੀ) ਲਈ ਜਾਣਿਆ ਜਾਂਦਾ ਸੀ। ਵਾਰਦਾਤ ਤੋਂ ਬਾਅਦ ਉਹ 10 ਜੂਨ ਨੂੰ ਅੰਮ੍ਰਿਤਸਰ ਹਵਾਈ ਅੱਡੇ ਤੋਂ ਯੂ ਏ ਈ ਫਰਾਰ ਹੋ ਗਿਆ ਸੀ ਅਤੇ ਫਰਵਰੀ 2026 ਵਿੱਚ ਬਠਿੰਡਾ ਦੀ ਅਦਾਲਤ ਨੇ ਉਸ ਨੂੰ ਭਗੌੜਾ ਕਰਾਰ ਦਿੱਤਾ ਸੀ। ਸ਼ਾਰਜਾਹ ਪੁਲਸ ਨੇ ਜਨਵਰੀ ਵਿੱਚ ਵੀਜ਼ਾ ਸੰਬੰਧੀ ਪੁੱਛਗਿੱਛ ਦੌਰਾਨ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਸੀ। ਬਠਿੰਡਾ ਪੁਲਸ ਨੇ ਇਸ ਮਾਮਲੇ ਵਿੱਚ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ ਸੀ, ਪਰ ਮਹਿਰੋਂ ਲੰਮੇ ਸਮੇਂ ਤੋਂ ਫਰਾਰ ਸੀ। ਲੁਧਿਆਣਾ ਦੇ ਲਛਮਣ ਨਗਰ ਵਿੱਚ ਰਹਿੰਦੀ ਕੰਚਨ ਦੀ ਮਾਂ ਗਿਰਜਾ ਦੇਵੀ ਨੇ ਮਹਿਰੋਂ ਨੂੰ ਫਾਂਸੀ ਦੇ ਤਖਤੇ ਤੱਕ ਪਹੁੰਚਾਉਣ ਦੀ ਮੰਗ ਕੀਤੀ ਹੈ। ਉਸ ਨੇ ਕਿਹਾ, "ਉਸ ਦੀ ਮਾਂ ਨੂੰ ਵੀ ਬੱਚਾ ਖੋਹਣ ਦਾ ਉਹੀ ਦਰਦ ਮਹਿਸੂਸ ਹੋਣ ਦਿਓ, ਜੋ ਮੈਂ ਆਪਣੀ ਧੀ ਨੂੰ ਖੋਹਣ 'ਤੇ ਸਿਹਾ ਹੈ, ਜੋ ਮੇਰੇ ਪਤੀ ਦੀ ਗੈਰ-ਮੌਜੂਦਗੀ ਵਿੱਚ ਮੇਰੇ ਲਈ 'ਸਰਪ੍ਰਸਤ' ਦੀ ਭੂਮਿਕਾ ਨਿਭਾਅ ਰਹੀ ਸੀ।" ਕੰਚਨ ਦੇ ਭਰਾ ਅਨਿਲ ਨੇ ਕਿਹਾ, "ਹੁਣ ਸਾਨੂੰ ਉਮੀਦ ਹੈ ਕਿ ਸਾਡੀ ਮਾਂ ਦੀ ਹਾਲਤ ਵਿੱਚ ਸੁਧਾਰ ਹੋਵੇਗਾ, ਜੋ ਆਪਣੀ ਪਿਆਰੀ ਧੀ ਦੇ ਬੇਰਹਿਮੀ ਨਾਲ ਹੋਏ ਕਤਲ ਤੋਂ ਬਾਅਦ ਬਿਸਤਰ 'ਤੇ ਪੈ ਗਈ ਸੀ।"

## ਬਿਜਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਮੁੱਖ ਦਫਤਰ ਅੱਗੇ ਰੋਸ ਧਰਨਾ

### ਰੋਹ ਨੂੰ ਭਾਂਪਦਿਆਂ 16 ਨੂੰ ਮੀਟਿੰਗ ਦਾ ਲਿਖਤੀ ਸੱਦਾ



**ਪਟਿਆਲਾ (ਰਜਿੰਦਰ ਥਿੰਦ)**

ਬਿਜਲੀ ਕਾਮਿਆਂ ਦੀਆਂ ਪ੍ਰਮੁੱਖ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਅਧਾਰਤ ਬਣੇ ਸਾਂਝੇ ਥੜ੍ਹੇ ਪੀ ਐਸ ਈ ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ, ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰਜ਼, ਗਰਿੱਡ ਸਬ ਸਟੇਸ਼ਨ ਇੰਪਲਾਈਜ਼ ਯੂਨੀਅਨ (ਰਜਿ ਨੰ 24) ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਪੰਜਾਬ, ਪੈਨਸ਼ਨਰ ਵੈਲਫੇਅਰ ਫੈਡਰੇਸ਼ਨ (ਪਹਿਲਵਾਨ) ਦੇ ਸੂਬਾ ਪੱਧਰੀ ਸੱਦੇ 'ਤੇ ਸ਼ੁੱਕਰਵਾਰ ਹਜ਼ਾਰਾਂ ਦੀ ਗਿਣਤੀ ਵਿੱਚ ਬਿਜਲੀ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੇ ਬਿਜਲੀ ਨਿਗਮ ਦੇ ਮੁੱਖ ਦਫ਼ਤਰ ਮਾਲ ਰੋਡ ਵਿਖੇ ਮੁਲਾਜ਼ਮ ਆਗੂਆਂ ਕੁਲਵਿੰਦਰ ਸਿੰਘ ਢਿੱਲੋਂ ਅਤੇ ਗੁਰਪ੍ਰੀਤ ਸਿੰਘ ਗੰਡੀਵਿੰਡ ਦੀ ਸਾਂਝੀ ਅਗਵਾਈ ਹੇਠ ਵਿਸ਼ਾਲ ਰੋਸ ਧਰਨਾ ਲਗਾ ਕੇ ਮੰਨੀਆਂ ਮੰਗਾਂ ਲਾਗੂ ਨਾ ਕਰਨ ਵਿਰੁੱਧ ਆਪਣੇ ਰੋਹ ਦਾ ਪ੍ਰਗਟਾਵਾ ਕੀਤਾ।ਪੰਜਾਬ ਦੇ ਦੂਰ ਦੁਰਾਡੇ ਇਲਾਕਿਆਂ ਤੋਂ ਹਜ਼ਾਰਾਂ ਦੀ ਗਿਣਤੀ ਵਿੱਚ ਇਕੱਤਰ ਹੋਏ ਪ੍ਰਦਰਸ਼ਨਕਾਰੀਆਂ ਨੂੰ ਸੰਬੋਧਨ ਕਰਦਿਆਂ ਮੁਲਾਜ਼ਮ ਆਗੂਆਂ ਹਰਪਾਲ ਸਿੰਘ, ਗੁਰਵੇਲ ਸਿੰਘ ਬੱਲਪੁਰੀਆ, ਗੁਰਭੇਜ ਸਿੰਘ ਢਿੱਲੋਂ, ਸਰਿੰਦਰਪਾਲ ਲਹੌਰੀਆ, ਨਿਰਮਲ ਸਿੰਘ ਹੁਸ਼ਿਆਰਪੁਰ, ਬਲਜੀਤ ਸਿੰਘ ਮੋਦਲਾ, ਦਵਿੰਦਰ ਸਿੰਘ ਪਿਸ਼ੌਰ, ਰਣਜੀਤ ਸਿੰਘ ਢਿੱਲੋਂ, ਰਵੇਲ ਸਿੰਘ ਸਹਾਏਪੁਰ, ਮਨਜੀਤ ਸਿੰਘ ਚਾਹਲ, ਨਰਿੰਦਰ ਕੁਮਾਰ ਬੱਲ, ਬਾਬਾ ਅਮਰਜੀਤ ਸਿੰਘ, ਕੌਰ ਸਿੰਘ ਸੋਹੀ, ਕਰਮਜੀਤ ਸਿੰਘ ਖੀਵਾ, ਦਲੀਪ ਕੁਮਾਰ, ਪਵਨਪ੍ਰੀਤ ਸਿੰਘ, ਗੁਰਪਿਆਰ ਸਿੰਘ ਨੇ ਕਿਹਾ ਕਿ ਮੁਲਾਜ਼ਮ ਅਤੇ ਪੈਨਸ਼ਨਰ ਮਸਲਿਆਂ ਦੇ ਨਿਪਟਾਰੇ ਸੰਬੰਧੀ 10 ਤੇ 14 ਅਗਸਤ 2025 ਅਤੇ 14 ਜਨਵਰੀ 2026 ਨੂੰ ਮਾਣਯੋਗ ਖਜ਼ਾਨਾ ਅਤੇ ਬਿਜਲੀ ਮੰਤਰੀ ਦੀ ਹਾਜ਼ਰੀ ਵਿੱਚ ਪੰਜਾਬ ਭਵਨ ਅਤੇ ਗੈਸਟ ਹਾਊਸ ਮੁਹਾਲੀ ਵਿਖੇ ਪਾਵਰ ਮੈਨੇਜਮੈਂਟ ਨਾਲ ਜਥੇਬੰਦੀਆਂ ਦੀਆਂ ਹੋਈਆਂ ਮੀਟਿੰਗਾਂ ਵਿੱਚ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਵਾਜਬ ਮੰਗਾਂ ਮੰਨ ਲਈਆਂ ਸਨ ਪਰ ਉਹ ਅੱਜ ਤੱਕ ਲਾਗੂ ਨਹੀਂ ਕੀਤੀਆਂ ਗਈਆਂ। ਜਿਸ ਖਿਲਾਫ਼ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਰੋਸ ਧਰਨੇ ਸਮੇਂ ਪ੍ਰਦਰਸ਼ਨਕਾਰੀਆਂ ਨੇ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਸਮੇਤ ਬਿਜਲੀ ਮੰਤਰੀ ਦਾ ਜ਼ੋਰਦਾਰ ਪਿੱਟ ਸਿਆਪਾ ਕੀਤਾ। ਬੁਲਾਰਿਆਂ ਨੇ ਕਿਹਾ ਕਿ ਮੀਟਿੰਗ ਵਿੱਚ ਕਾਫੀ ਮੰਗਾਂ ਤੇ ਸਹਿਮਤੀਆਂ ਬਣੀਆਂ ਸਨ, ਜਿਨ੍ਹਾਂ ਨੂੰ ਲਾਗੂ ਕਰਨ ਲਈ ਪਾਵਰ ਮੈਨੇਜਮੈਂਟ ਨੇ 10 ਦਿਨ ਦਾ ਸਮਾਂ ਤੈਅ ਕੀਤਾ ਸੀ ਪਰ ਕਈ ਮਹੀਨੇ ਬੀਤ ਜਾਣ ਦੇ ਬਾਵਜੂਦ ਪਾਵਰ ਮੈਨੇਜਮੈਂਟ ਜਾਣਬੁੱਝ ਕੇ ਮੰਨੀਆਂ ਮੰਗਾਂ ਨੂੰ ਲਾਗੂ ਨਹੀਂ ਕਰ ਰਹੀ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰ ਮੈਨੇਜਮੈਂਟ ਦੀ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਨੀਤੀ ਖਿਲਾਫ਼ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ, ਕਿਉਂਕਿ ਮੁਲਾਜ਼ਮਾਂ ਅਤੇ ਪੈਨਸ਼ਨਰ ਦੀਆਂ ਮੁੱਖ ਮੰਗਾਂ ਜਿਵੇਂ ਮਹਿੰਗਾਈ ਭੱਤਾ ਜੋ 16 ਪ੍ਰਤੀਸ਼ਤ ਰੋਕਿਆ ਹੈ, ਜਾਰੀ ਨਹੀਂ ਕੀਤਾ ਜਾ ਰਿਹਾ, ਪੁਰਾਣੀ ਪੈਨਸ਼ਨ ਸਕੀਮ ਲਾਗੂ ਨਹੀਂ ਕੀਤੀ ਜਾ ਰਹੀ, ਤਨਖਾਹ/ਪੈਨਸ਼ਨ ਸੋਧ ਦੀਆਂ ਤਰੁਟੀਆਂ ਦੂਰ ਕਰਨ ਸਮੇਤ ਬਕਾਏ ਦੇਣ ਆਦਿ ਮੰਗਾਂ ਵੱਟੇ ਖਾਤੇ ਪਾਉਣ ਤੋਂ ਇਲਾਵਾ ਪੰਜਾਬ ਸਰਕਾਰ ਅਦਾਰੇ ਅੰਦਰ ਨਿੱਜੀਕਰਨ ਦੀ ਲੋਕ ਵਿਰੋਧੀ ਨੀਤੀ ਨੂੰ ਲੁਕਵੇਂ ਤਰੀਕੇ ਨਾਲ ਲਾਗੂ ਕਰ ਰਹੀ ਹੈ ਅਤੇ ਪੰਜਾਹ ਹਜ਼ਾਰ ਦੇ ਕਰੀਬ ਖਾਲੀ ਪਈਆਂ ਅਸਾਮੀਆਂ ਨੂੰ ਰੈਗੂਲਰ ਭਰਤੀ ਰਾਹੀਂ ਭਰਨ ਦੀ ਬਜਾਏ ਖਤਮ ਕੀਤਾ ਜਾ ਰਿਹਾ ਹੈ, ਜ਼ਖਮੀ ਕਾਮਿਆਂ ਨੂੰ ਕੈਸ਼ਲੈਸ ਇਲਾਜ ਦੀ ਸਹੂਲਤ ਨਹੀਂ ਦਿੱਤੀ ਜਾ ਰਹੀ।ਇਸੇ ਤਰ੍ਹਾਂ 17 ਜੁਲਾਈ 2020 ਤੋਂ ਬਾਅਦ ਭਰਤੀ ਕਰਮਚਾਰੀਆਂ ਉੱਪਰ ਬਿਜਲੀ ਨਿਗਮ ਦੇ ਤਨਖਾਹ ਸਕੇਲ ਲਾਗੂ ਕਰਨ ਦੀ ਜਗ੍ਹਾ ਧੱਕੇ ਨਾਲ ਕੇਂਦਰੀ ਸਕੇਲ ਲਾਗੂ ਕੀਤੇ ਜਾ ਰਹੇ ਹਨ।ਹਰ ਰੋਜ਼ ਵਾਪਰ ਰਹੇ ਹਾਦਸਿਆਂ ਨਾਲ ਕਾਮਿਆਂ ਦੀਆਂ ਹੋ ਰਹੀਆਂ ਮੌਤਾਂ 'ਤੇ ਗੰਭੀਰਤਾ ਨਾਲ ਵਿਚਾਰ ਨਹੀਂ ਕੀਤਾ ਜਾ ਰਿਹਾ, ਸੋਲੇਸ਼ੀਅਮ ਪਾਲਿਸੀ ਰਾਹੀਂ ਭਰਤੀ ਕਰਮਚਾਰੀਆਂ ਤੋਂ ਮੋ ੜ ਨ ਯੋ ਗ

• ਬਾਕੀ ਸਫਾ 2 'ਤੇ

## ਅੱਜ-ਨਾਮਾ

ਜੱਜ ਦੇ ਬੰਗਲੇ ਦੇ ਅੰਦਰ ਸੀ ਅੱਗ ਲੱਗੀ,
ਖ਼ਬਰ ਕੀਤੀ ਗਈ ਕਈ ਦਿਨ ਠੱਪ ਬੇਲੀ।
ਕਿਸੇ ਵੀ ਤਰ੍ਹਾਂ ਜਦ ਖੁੱਲ੍ਹਿਆ ਪਾਜ ਸਾਰਾ,
ਪੈ ਗਈ ਦੇਸ਼ ਦੇ ਅੰਦਰ ਫਿਰ ਖੱਪ ਬੇਲੀ।
ਪੰਜ ਕਰੋੜ ਤੋਂ ਗੱਲ ਇਹ ਤੁਰੀ ਪਹਿਲਾਂ,
ਪੰਦਰਾਂ ਕਰੋੜ ਨੂੰ ਗਈ ਫਿਰ ਟੱਪ ਬੇਲੀ।
ਸੜੇ ਨੋਟਾਂ ਦੀ ਜੀਹਨਾਂ ਸੀ ਸੁਣੀ ਗਿਣਤੀ,
ਸਮਝੀ ਬਾਹਲਿਆਂ ਨਿਰੀ ਸੀ ਗੱਪ ਬੇਲੀ।
ਤਰਲੇ ਕੀਤੇ ਨਹੀਂ ਕੋਈ ਆ ਕੰਮ ਆਏ,
ਭਰਨਾ ਆਖਰ ਨੂੰ ਪੈ ਗਿਆ ਘੁੱਟ ਬੇਲੀ।
ਕਾਲੀ ਕਮਾਈ ਦਾ ਮੱਚਿਆ ਮਾਲ ਸਾਰਾ,
ਨਿਭਦੀ ਨਾਲ ਨਹੀਂ ਕੋੜੀ ਲੁੱਟ ਬੇਲੀ।

-ਤੀਸ ਮਾਰ ਖਾਂ

## ਲਾਲ ਸਿੰਘ ਨਮਿੱਤ ਅੰਤਿਮ ਅਰਦਾਸ ਮੌਕੇ ਹਜ਼ਾਰਾਂ ਸਨੇਹੀ ਜੁੜੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਕਾਂਗਰਸ ਦੇ ਟਕਸਾਲੀ ਆਗੂ ਤੇ ਸਾਬਕਾ ਮੰਤਰੀ ਲਾਲ ਸਿੰਘ ਦੀ ਅੰਤਿਮ ਅਰਦਾਸ ਵਿੱਚ ਸ਼ਾਮਲ ਹੋ ਕੇ ਹਜ਼ਾਰਾਂ ਸਨੇਹੀਆਂ ਨੇ ਲਾਲ ਸਿੰਘ ਨੂੰ ਸ਼ਰਧਾਂਜਲੀ ਅਰਪਿਤ ਕੀਤੀ।ਇਸ ਵੇਲੇ ਪੰਜਾਬ ਵਿਧਾਨ ਸਭਾ ਦੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ, ਭਾਰਤੀ ਜਨਤਾ ਪਾਰਟੀ ਦੀ ਆਗੂ ਬੀਬੀ ਪ੍ਰਨੀਤ ਕੌਰ, ਸਾਬਕਾ ਮੁੱਖ ਮੰਤਰੀ ਬੀਬੀ ਰਾਜਿੰਦਰ ਕੌਰ ਭੱਠਲ, ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਵਿਜੈਇੰਦਰ ਸਿੰਗਲਾ, ਸੁਖਪਾਲ ਖਹਿਰਾ, ਸ਼ਮਸ਼ੇਰ ਦੂਲੋਂ, ਸਾਬਕਾ ਮੰਤਰੀ ਬਲਬੀਰ ਸਿੱਧੂ, ਮਹਿਲਾ ਕਾਂਗਰਸ ਦੀ ਸੂਬਾ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ, ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ, ਮੰਤਰੀ ਬਲਬੀਰ ਸਿੰਘ, ਐੱਮਪੀ ਡਾ. ਧਰਮਵੀਰ ਗਾਂਧੀ, ਮਨਪ੍ਰੀਤ ਸਿੰਘ ਬਾਦਲ, ਅਜੀਤ ਇੰਦਰ ਸਿੰਘ ਮੋਫਰ, ਗੁਰਕੀਰਤ ਕੋਟਲੀ, ਹਰਮਿੰਦਰ ਗਿੱਲ, ਮਹਿੰਦਰ ਸਿੰਘ ਕੇਪੀ, ਮਦਨ ਜਲਾਲਪੁਰ, ਗੁਲਾਬ ਚੰਦ ਕਟਾਰੀਆ, ਤ੍ਰਿਪਤ ਰਜਿੰਦਰ ਬਾਜਵਾ, ਮੁਹੰਮਦ ਸਦੀਕ, ਬ੍ਰਹਮ ਮਹਿੰਦਰਾ, ਯੂਥ ਕਾਂਗਰਸ ਦੇ ਸੂਬਾ ਪ੍ਰਧਾਨ ਮੋਹਿਤ ਮਹਿੰਦਰਾ, ਗੁਰਜੀਤ ਸਿੰਘ ਰਾਣਾ, ਰਾਣਾ ਸੋਢੀ, ਸੁਖ ਸਰਕਾਰੀਆ, ਕੈਪ. ਸੰਦੀਪ ਸੰਧੂ, ਆਪ ਸਾਬਕਾ ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਵਿਧਾਇਕ ਅਜੀਤਪਾਲ ਸਿੰਘ ਕੋਹਲੀ, ਦਲਬੀਰ ਗੋਲਡੀ, ਮਲਕੀਤ ਦਾਖਾ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂਆਂ ਨੇ ਸ਼ਰਧਾਂਜਲੀ ਅਰਪਿਤ ਕੀਤੀ।ਰਾਹੁਲ ਗਾਂਧੀ, ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਭੁਪਿੰਦਰ ਹੁੱਡਾ ਸਮੇਤ ਕਈ ਹਸਤੀਆਂ ਦੇ ਸ਼ੋਕ ਸੰਦੇਸ਼ ਆਏ।ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਲਾਲ ਸਿੰਘ ਦੇ ਜਾਣ ਨਾਲ ਸਿਰਫ਼ ਪਰਿਵਾਰ ਨੂੰ ਹੀ ਨਹੀਂ ਸਗੋਂ ਪੂਰੇ ਪੰਜਾਬ ਨੂੰ ਵੱਡਾ ਘਾਟਾ ਪਿਆ ਹੈ।ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਲਾਲ ਸਿੰਘ ਵਿਚ ਕਦੇ ਕਿਸੇ ਦੀ ਵਿਰੋਧਤਾ ਨਹੀਂ ਦੇਖੀ ਸਗੋਂ ਉਹ ਸਭ ਦਾ ਪਿਆਰਾ ਸੀ। ਰਾਜਾ ਵੜਿੰਗ ਨੇ ਕਿਹਾ ਕਿ ਲਾਲ ਸਿੰਘ ਦੇ ਜਾਣ ਨਾਲ ਪੰਜਾਬ ਕਾਂਗਰਸ ਦੀ ਜਿਵੇਂ ਰੂਹ ਚਲੀ ਗਈ ਹੈ, ਪਰ ਸਾਨੂੰ ਉਹ ਆਪਣਾ ਸ਼ਰੀਫ਼ ਬੇਦਾਗ਼ ਤਹਿਜ਼ੀਬ ਭਰਿਆ ਪਰਿਵਾਰ ਦੇ ਕੇ ਗਏ ਹਨ। ਬਾਜਵਾ ਨੇ ਕਿਹਾ ਕਿ ਔਖੇ ਵੇਲੇ ਲਾਲ ਸਿੰਘ ਦੀ ਸਲਾਹ ਕਾਂਗਰਸ ਨੂੰ ਸੰਕਟਾਂ ਵਿਚੋਂ ਕੱਢ ਦਿੰਦੀ ਸੀ। ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਨੇ ਕਿਹਾ ਕਿ ਆਹਮੋ ਸਾਹਮਣੇ ਚੋਣ ਲੜਨ ਵੇਲੇ ਸਾਡੀਆਂ ਇਕ ਦੂਜੇ ਨਾਲ ਤੋਹਮਤਾਂ ਹੁੰਦੀਆਂ ਸਨ ਪਰ ਚੋਣਾਂ ਤੋਂ ਬਾਅਦ ਸਾਡਾ ਭਰਾਵਾਂ ਵਰਗਾ ਪਿਆਰ ਹੁੰਦਾ ਸੀ।ਵਿਧਾਇਕ ਸੁਖਪਾਲ ਖਹਿਰਾ ਨੇ ਕਿਹਾ ਕਾਂਗਰਸ ਪ੍ਰਤੀ ਲਾਲ ਸਿੰਘ ਦੇ ਯੋਗਦਾਨ ਨੂੰ ਕਦੇ ਵੀ ਨਹੀਂ ਭੁਲਾਇਆ ਜਾ ਸਕੇਗਾ।ਪ੍ਰਨੀਤ ਕੌਰ ਨੇ ਪੁਰਾਣੀਆਂ ਸਾਂਝਾ ਦਾ ਜ਼ਿਕਰ ਕੀਤਾ ਤੇ ਕਿਹਾ ਕਿ ਨਿਘਾਰ ਵੱਲ ਜਾ ਰਹੀ ਅਜੋਕੀ ਸਿਆਸਤ ਨੂੰ ਲਾਲ ਸਿੰਘ ਵਰਗੇ ਲੀਡਰਾਂ ਦੀ ਲੋੜ ਹੈ। ਇਸ ਵੇਲੇ ਸਾਬਕਾ ਵਿਧਾਇਕ ਹਰਦਿਆਲ ਸਿੰਘ ਕੰਬੋਜ ਨੇ ਸਟੇਜ ਦਾ ਕੰਮ ਸੰਭਾਲਿਆ। ਇਸ ਤੋਂ ਇਲਾਵਾ ਸਾਬਕਾ ਚੇਅਰਮੈਨ ਸੁਰਿੰਦਰ ਮਿੱਤਲ, ਹਲਕਾ ਸ਼ੁਤਰਾਣਾ ਤੋਂ ਦਰਸ਼ਨ ਸਿੰਘ ਸਿੱਧੂ, ਮਦਨ ਲਾਲ ਜਲਾਲਪੁਰ, ਸਾਧੂ ਸਿੰਘ ਧਰਮਸੋਤ, ਮੁਹੰਮਦ ਸਦੀਕ, ਦੁਰਲੱਭ ਸਿੱਧੂ, ਹਰਜਿੰਦਰ ਸਿੰਘ ਸਿਰਾਜਪੁਰ, ਮਦਨ ਜਲਾਲਪੁਰ, ਸਾਬਕਾ ਏਡੀਜੀਪੀ ਜਸਕਰਨ ਸਿੰਘ, ਤਮਨ ਰਾਜ ਸਿੰਘ, ਸੋਨੀ ਕੰਬੋਜ, ਰਾਜ ਡਕਾਲਾ, ਦਮੋਦਰ ਸਿੰਘ, ਸਿੱਪੀ ਧਾਲ਼ੀਵਾਲ, ਹਰਬਿੰਦਰ ਬੀਬੀਪੁਰ, ਸੁਰਿੰਦਰ ਮਿੱਤਲ, ਹਰਮੇਲ ਮਕੋਰੜ ਨਾਇਬ ਭਾਨਰੀ, ਤਰਸੇਮ ਝੰਡੀ, ਸੀਤਲ ਸਿੰਘ ਭਨਰਾ, ਬੂਟਾ ਸਿੰਘ ਸਿੰਘ ਸ਼ਾਦੀਪੁਰ, ਅਰੁਣਾ ਚੌਧਰੀ, ਕੁਲਵਿੰਦਰ ਸੁਧੇਵਾਲ, ਮੋਹਿਤ ਮਹਿੰਦਰਾ ਨਾਭਾ, ਬੀਬੀ ਅਮਰਜੀਤ ਕੌਰ, ਚਮਕੌਰ ਗਾਜੇਵਾਸ, ਹਰਵਿੰਦਰ ਸਿੰਘ ਚੰਦੂਮਾਜਰਾ, ਜਰਨੈਲ ਸਿੰਘ ਕਰਤਾਰਪੁਰ, ਜਸਮੇਰ ਸਿੰਘ ਜੱਜ ਸਨੌਰ, ਸ਼ਮਸ਼ੇਰ ਸਿੰਘ ਗੋਪਾਲ ਸਵੀਟ, ਸਤਬੀਰ ਸਿੰਘ ਲਾਛੜੂ, ਜਤਿੰਦਰ ਕੰਬੋਜ, ਨਵਕਰਨ ਸਿੰਘ, ਸਤਵਿੰਦਰ ਸਿੰਘ ਟੌਹੜਾ, ਸ਼ਰਨਜੀਤ ਸਿੰਘ ਜੋਗੀਪੁਰ, ਇੰਦਰਮੋਹਨ ਸਿੰਘ ਬਜਾਜ ਆਦਿ ਨੇਤਾਵਾਂ ਨੇ ਹਾਜ਼ਰੀ ਲਗਾਈ।

## ਬੇਰੁਜ਼ਗਾਰ ਮਲਟੀਪਰਪਜ਼ ਹੈਲਥ ਵਰਕਰ ਮੇਲ ਯੂਨੀਅਨ ਵੱਲੋਂ 12 ਨੂੰ ਸਿਹਤ ਮੰਤਰੀ ਦੀ ਕੋਠੀ ਦਾ ਘਿਰਾਓ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਯੂਨੀਅਨ ਦੇ ਸੂਬਾ ਪ੍ਰਧਾਨ ਹਰਵਿੰਦਰ ਸਿੰਘ ਥੂਹੀ ਨੇ ਦੱਸਿਆ ਕਿ ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਵੱਲੋਂ ਕੱਢੀਆਂ ਗਈਆਂ 270 ਅਸਾਮੀਆਂ ਦਾ ਪੇਪਰ ਲਿਆ ਗਿਆ ਸੀ ਤੇ ਉਸ ਦਾ ਰਿਜ਼ਲਟ ਵੀ ਬਾਬਾ ਫ਼ਰੀਦ ਯੂਨੀਵਰਸਿਟੀ ਵੱਲੋਂ ਜਾਰੀ ਕਰ ਦਿੱਤਾ ਗਿਆ ਸੀ, ਪਰ ਅਜੇ ਤੱਕ ਸਲੈਕਟ 270 ਸਾਥੀਆਂ ਨੂੰ ਜੁਆਇਨਿੰਗ ਲੈਟਰ ਜਾਰੀ ਨਹੀਂ ਕੀਤੇ ਗਏ।ਇਹ ਗੱਲ ਸਿਹਤ ਮੰਤਰੀ ਦੇ ਧਿਆਨ ਵਿੱਚ ਲਿਆਉਣਾ ਜ਼ਰੂਰੀ ਹੈ ਕਿ 19 ਤਰੀਖ ਨੂੰ ਸਾਡੀ ਡਿਪਾਰਟਮੈਂਟ ਤੇ ਮਾਣਯੋਗ ਸਿਹਤ ਮੰਤਰੀ ਬਲਬੀਰ ਸਿੰਘ ਨਾਲ ਪੈਨਲ ਮੀਟਿੰਗ ਹੋਈ ਸੀ, ਤਾਂ ਉਸ ਵਿੱਚ ਸਾਨੂੰ 20 ਦਿਨ ਵਿੱਚ ਜੁਆਇਨ ਕਰਵਾਉਣ ਦਾ ਭਰੋਸਾ ਦਿੱਤਾ ਗਿਆ ਸੀ, ਉਹ ਵੀ ਲਾਰਾ ਹੀ ਸਾਬਿਤ ਹੋਇਆ ਹੈ। ਅਸੀਂ ਦੱਸਣਾ ਚਾਹੁੰਦਾ ਹਾਂ ਕਿ ਸਿਹਤ ਵਿਭਾਗ ਵਿੱਚ ਮੈਦਾਨੀ ਪੱਧਰ 'ਤੇ ਕਰਮਚਾਰੀਆਂ ਦੀ ਭਾਰੀ ਘਾਟ ਹੈ ਤੇ ਦੂਜੇ ਪਾਸੇ ਮੈਰਿਟ ਅਨੁਸਾਰ ਚੁਣੇ ਗਏ ਉਮੀਦਵਾਰ ਬਿਨਾਂ ਕਿਸੇ ਵਜ੍ਹਾ ਦੇ ਬੇਰੁਜ਼ਗਾਰੀ ਦਾ ਸਾਹਮਣਾ ਕਰ ਰਹੇ ਹਨ।ਇਹ ਸਥਿਤੀ ਨਾ ਸਿਰਫ਼ ਉਮੀਦਵਾਰਾਂ ਨਾਲ ਅਨਿਆਂ ਹੈ, ਸਗੋਂ ਸਰਕਾਰੀ ਸਿਹਤ ਸੇਵਾਵਾਂ 'ਤੇ ਵੀ ਨਕਾਰਾਤਮਕ ਪ੍ਰਭਾਵ ਪਾ ਰਹੀ ਹੈ, ਅਸੀਂ ਇਸ ਸੰਬੰਧੀ ਵਾਰ ਵਾਰ ਮਾਨਯੋਗ ਡਾਇਰੈਕਟਰ ਸਾਹਿਬ ਸਿਹਤ ਤੇ ਪਰਿਵਾਰ ਭਲਾਈ ਨੂੰ ਮਿਲ ਕੇ ਆਪਣੀ ਮੰਗ ਤੋਂ ਜਾਣੂ ਕਰਵਾ ਚੁੱਕੇ ਹਾਂ, ਪਰ ਲਗਾਤਾਰ ਨਿਯੁਕਤੀ ਪੱਤਰ ਜਾਰੀ ਕਰਨ ਵਿੱਚ ਦੇਰੀ ਕੀਤੀ ਜਾ ਰਹੀ ਹੈ।ਇਸ ਲਈ ਅਸੀਂ ਮੈਰਿਟ ਸੂਚੀ ਵਿੱਚ ਸ਼ਾਮਲ ਸਾਰੇ ਯੋਗ ਉਮੀਦਵਾਰਾਂ ਨੂੰ ਤੁਰੰਤ ਨਿਯੁਕਤੀ ਪੱਤਰ ਜਾਰੀ ਕਰਵਾਉਣ ਲਈ 12 ਅਪ੍ਰੈਲ ਨੂੰ ਸਿਹਤ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦਾ ਐਲਾਨ ਕੀਤਾ ਹੈ ਤਾਂ ਜੋ ਜਾਇਜ਼ ਮੰਗਾਂ ਜਲਦੀ ਤੋਂ ਜਲਦੀ ਹੱਲ ਕਰਵਾਈਆਂ ਜਾ ਸਕਣ। ਇਸ ਮੌਕੇ ਰਾਜ ਸੰਗਤੀਵਾਲਾ,ਨਾਹਰ ਸਿੰਘ ,ਲਖਵਿੰਦਰ ਸਿੰਘ, ਸਾਹਿਬ ਸਿੰਘ, ਰਵਿੰਦਰ ਸਿੰਘ ਅਜਨਾਲਾ, ਨੀਰਜ਼ ਕੁਮਾਰ, ਵਿਕਰਮ ਫਿਰੋਜ਼ਪੁਰ, ਨਵਦੀਪ ਸਿੰਘ, ਗਗਨਦੀਪ ਸਿੰਘ, ਹਰਮਨ ਸਿੰਘ, ਦੀਪ ਸਿੰਘ, ਜਗਤਾਰ ਸਿੰਘ, ਮਨਪ੍ਰੀਤ ਸਿੰਘ, ਮੇਜਰ ਪਾਤੜਾਂ, ਮਨਦੀਪ ਝੁਨੀਰ, ਹਰਕੀਰਤ ਸਿੰਘ, ਸਤਵੀਰ ਸਿੰਘ, ਭੁਪਿੰਦਰ ਸੁਨਾਮ, ਗੁਰਪਿਆਰ ਸਿੰਘ ਮਾਨਸਾ ਆਦਿ ਹਾਜ਼ਰ ਸਨ।

## ਗੈਂਗਸਟਰਾਂ 'ਤੇ ਵਾਰ ਮੁਹਿੰਮ ਤਹਿਤ ਖੰਨਾ ਪੁਲਸ ਵੱਲੋਂ 4 ਵਿਅਕਤੀ ਗ੍ਰਿਫ਼ਤਾਰ



**ਖੰਨਾ (ਸੁਖਵਿੰਦਰ ਸਿੰਘ ਭਾਦਲਾ)**-ਪੰਜਾਬ ਪੁਲਸ ਵੱਲੋਂ ਚਲਾਈ ਜਾ ਰਹੀ ਗੈਂਗਸਟਰਾਂ 'ਤੇ ਵਾਰ ਮੁਹਿੰਮ ਤਹਿਤ ਖੰਨਾ ਪੁਲਸ ਨੇ ਕਾਰਵਾਈ ਕਰਦਿਆਂ 4 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਸ ਨੇ ਉਨ੍ਹਾਂ ਪਾਸੋਂ 02 ਦੇਸੀ ਪਿਸਤੌਲ .32 ਬੋਰ ਸਮੇਤ 02 ਮੈਗਜ਼ੀਨ ਤੇ 05 ਜ਼ਿੰਦਾ ਕਾਰਤੂਸ .32 ਬੋਰ ਤੇ 01 ਪਿਸਤੌਲ .30 ਬੋਰ ਸਮੇਤ 01 ਮੈਗਜ਼ੀਨ ਤੇ 13 ਜ਼ਿੰਦਾ ਕਾਰਤੂਸ .30 ਬੋਰ ਬਰਾਮਦ ਕੀਤੇ ਹਨ।ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਮੋਹਿਤ ਸਿੰਗਲਾ ਉੱਪ ਕਪਤਾਨ (ਡੀ) ਮੋਹਿਤ ਨੇ ਦੱਸਿਆ ਕਿ ਡਾ. ਦਰਪਨ ਆਹਲੂਵਾਲੀਆ ਸੀਨੀਅਰ ਕਪਤਾਨ ਪੁਲਸ ਖੰਨਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਏ.ਐੱਸ.ਆਈ. ਡਿੰਪਲ ਸਮੇਤ ਪੁਲਸ ਪਾਰਟੀ ਪ੍ਰਿਸਟੀਨ ਮਾਲ ਜੀ. ਟੀ. ਰੋਡ ਖੰਨਾ ਵਿਖੇ ਸ਼ੱਕੀ ਵਾਹਨਾਂ ਦੀ ਚੈਕਿੰਗ ਕਰ ਰਹੀ ਸੀ।ਇਸ ਦੌਰਾਨ ਇੱਕ ਸਕਾਰਪਿਓ ਕਾਰ ਨੂੰ ਰੋਕ ਕੇ ਤਲਾਸ਼ੀ ਲਈ ਗਈ, ਜਿਸ ਵਿੱਚੋਂ ਨਜਾਇਜ਼ ਅਸਲਾ ਬਰਾਮਦ ਹੋਇਆ।ਕਾਰ ਵਿੱਚ ਸਵਾਰ ਚਾਰ ਵਿਅਕਤੀਆਂ ਨੂੰ ਕਾਬੂ ਕਰ ਲਿਆ ਗਿਆ।ਗ੍ਰਿਫ਼ਤਾਰ ਦੋਸ਼ੀਆਂ ਦੀ ਪਹਿਚਾਣ ਜੋਰਾਵਰ ਸਿੰਘ, ਜੋਬਨਜੀਤ ਸਿੰਘ, ਆਕਾਸ਼ਦੀਪ ਸਿੰਘ ਤੇ ਹਰਪ੍ਰੀਤ ਸਿੰਘ ਵਜੋਂ ਹੋਈ ਹੈ, ਜੋ ਕਿ ਜ਼ਿਲ੍ਹਾ ਤਰਨਤਾਰਨ ਦੇ ਰਹਿਣ ਵਾਲੇ ਹਨ।ਪੁਲਸ ਨੇ ਇਸ ਸੰਬੰਧੀ ਮੁਕੱਦਮਾ ਥਾਣਾ ਸਿਟੀ-2 ਖੰਨਾ ਵਿੱਚ ਦਰਜ ਕੀਤਾ ਹੈ।ਪੁਲਸ ਵੱਲੋਂ ਦੋਸ਼ੀਆਂ ਤੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਤੇ ਹੋਰ ਅਹਿਮ ਖੁਲਾਸਿਆਂ ਦੀ ਸੰਭਾਵਨਾ ਹੈ।

## ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਤੋਂ ਲੋਕ ਪੂਰੀ ਤਰ੍ਹਾਂ ਸੰਤੁਸ਼ਟ : ਜੌੜਾਮਾਜਰਾ



**ਸਮਾਣਾ (ਇਕਬਾਲ ਸਿੰਘ ਬੱਲ)**-ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਦੇ ਮੌਕੇ 'ਤੇ ਭਗਵੰਤ ਸਿੰਘ ਮਾਨ ਦੇ ਨਾਲ ਸੰਵਾਦ ਪ੍ਰੋਗਰਾਮ ਅਧੀਨ ਹਲਕਾ ਸਮਾਣਾ ਦੇ ਪਿੰਡ ਨੱਸੂਪੁਰ ਵਿੱਚ ਵਿਸ਼ੇਸ਼ ਸਮਾਗਮ ਕੀਤਾ ਗਿਆ।ਇਸ ਮੌਕੇ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਵੱਲੋਂ ਵਿਕਾਸ ਕਾਰਜਾਂ ਲਈ ਕੁੱਲ 15 ਲੱਖ ਰੁਪਏ ਦੇ ਫੰਡ ਜਾਰੀ ਕੀਤੇ ਗਏ।ਸਮਾਗਮ ਦੌਰਾਨ 28 ਲਾਲ ਲਕੀਰ ਵਾਲੇ ਘਰਾਂ ਵਿੱਚ ਰਹਿੰਦੇ ਪਰਵਾਰਾਂ ਨੂੰ ਸੈਂਕਸ਼ਨ ਲੈਟਰ ਵੰਡੇ ਗਏ।ਇਸ ਤੋਂ ਇਲਾਵਾ ਸਰਬ-ਸੰਮਤੀ ਨਾਲ ਚੁਣੀ ਗਈ ਪੰਚਾਇਤ ਨੂੰ 5 ਲੱਖ ਰੁਪਏ ਦਾ ਚੈੱਕ ਦਿੱਤਾ ਗਿਆ।ਪਿੰਡ ਵਿੱਚ ਪਾਈਪ ਲਾਈਨ, ਖੇਡ ਮੈਦਾਨ ਤੇ ਸੋਲਰ ਲਾਈਟਾਂ ਲਈ ਵੀ ਵੱਖ-ਵੱਖ ਤੌਰ 'ਤੇ ਫੰਡ ਜਾਰੀ ਕੀਤੇ ਗਏ।ਇਸ ਮੌਕੇ ਵਿਧਾਇਕ ਸ੍ਰੀ ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਦੇ ਲੋਕ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਤੋਂ ਪੂਰੀ ਤਰ੍ਹਾਂ ਸੰਤੁਸ਼ਟ ਹਨ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦੇ ਹੋਏ ਸਰਕਾਰ ਨੇ ਹਰ ਖੇਤਰ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਰਵਾਇਆ ਹੈ।ਉਨ੍ਹਾਂ ਦੱਸਿਆ ਕਿ ਸਿਹਤ, ਸਿੱਖਿਆ, ਰੋਜ਼ਗਾਰ, ਮੁਫ਼ਤ ਬਿਜਲੀ, ਮੁੱਖ ਮੰਤਰੀ ਤੀਰਥ ਯਾਤਰਾ ਸਕੀਮ, ਸੜਕਾਂ ਦੀ ਮੁਰੰਮਤ ਤੇ ਖੇਡ ਮੈਦਾਨਾਂ ਦੇ ਵਿਕਾਸ ਵਰਗੀਆਂ ਲੋਕ ਭਲਾਈ ਯੋਜਨਾਵਾਂ ਨਾਲ ਪੰਜਾਬ ਨੂੰ ਤਰੱਕੀ ਦੇ ਰਸਤੇ 'ਤੇ ਲਿਆਂਦਾ ਗਿਆ ਹੈ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਪਹੁੰਚੇ ਇਲਾਕਾ ਵਾਸੀਆਂ ਨੇ ਸਰਕਾਰ ਦੇ ਕੰਮਾਂ ਦੀ ਸ਼ਲਾਘਾ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ, ਮਨਜੀਤ ਕੌਰ, ਤਹਿਸੀਲਦਾਰ ਨਵਜੋਤ ਤਿਵਾੜੀ, ਸਰਪੰਚ ਮਹਿਲ ਸਿੰਘ, ਸਮਾਜਿਕ ਸਿੱਖਿਆ ਤੇ ਪੰਚਾਇਤ ਅਫ਼ਸਰ ਗੁਰਤੇਜ ਸਿੰਘ, ਜੇ ਈ ਸ਼ੈਰੀ ਬਾਂਸਲ, ਦੀਪਕ ਵਧਵਾ, ਪੰਚਾਇਤ ਮੈਂਬਰ ਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

## ਗੁਰੂ ਨਾਨਕ ਲਾਅ ਕਾਲਜ ਦੇ ਵਿਦਿਆਰਥੀਆਂ ਵੱਲੋਂ ਹਾਈਕੋਰਟ ਦਾ ਦੌਰਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਗੁਰੂ ਨਾਨਕ ਲਾਅ ਕਾਲਜ ਦੇ ਵਿਦਿਆਰਥੀਆਂ ਨੇ ਪੰਜਾਬ ਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਦਾ ਦੌਰਾ ਕੀਤਾ। ਇਹ ਦੌਰਾ ਕਾਲਜ ਦੇ ਪ੍ਰਿੰਸੀਪਲ ਡਾ. ਅਜ਼ਵਰ ਖਾਨ, ਅਸਿਸਟੈਂਟ ਪ੍ਰੋਫ਼ੈਸਰ ਜੋਤੀ ਵਿੱਜ ਤੇ ਲਾਇਬ੍ਰੇਰੀਅਨ ਸਾਕਸ਼ੀ ਚਾਨਣਾ ਦੇ ਨਿਰਦੇਸ਼ਨ ਹੇਠ ਕੀਤਾ ਗਿਆ। ਇਸ ਮੌਕੇ ਕਾਲਜ ਦੇ ਚੇਅਰਮੈਨ ਅਸਿਸਪ੍ਰੀਤ ਸਿੰਘ ਸਾਈਆਂਵਾਲਾ ਨੇ ਵਿਦਿਆਰਥੀਆਂ ਨੂੰ ਬੱਸ ਦੇ ਰਾਹੀਂ ਹਾਈਕੋਰਟ ਲਈ ਰਵਾਨਾ ਕੀਤਾ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੇ ਦੌਰੇ ਕਾਨੂੰਨ ਦੇ ਵਿਦਿਆਰਥੀਆਂ ਲਈ ਬਹੁਤ ਹੀ ਲਾਭਕਾਰੀ ਹੁੰਦੇ ਹਨ, ਕਿਉਂਕਿ ਇਸ ਨਾਲ ਉਨ੍ਹਾਂ ਨੂੰ ਹਾਈਕੋਰਟ ਦੀ ਕਾਰਵਾਈ ਬਾਰੇ ਵਿਵਹਾਰਕ ਜਾਣਕਾਰੀ ਮਿਲਦੀ ਹੈ ਤੇ ਭਵਿੱਖ ਵਿੱਚ ਕਾਨੂੰਨੀ ਪੇਸ਼ੇ ਲਈ ਤਿਆਰ ਰਹਿਣ ਵਿੱਚ ਬਹੁਤ ਮੱਦਦ ਮਿਲਦੀ ਹੈ। ਇਸ ਦੌਰੇ ਦੌਰਾਨ ਸਾਰੇ ਵਿਦਿਆਰਥੀ ਵੱਖ-ਵੱਖ ਗਰੁੱਪਾਂ ਵਿੱਚ ਵੰਡੇ ਗਏ ਅਤੇ ਵੱਖ-ਵੱਖ ਕੋਰਟਾਂ ਵਿੱਚ ਗਏ, ਉਥੇ ਚੱਲ ਰਹੀਆਂ ਵਕੀਲਾਂ ਦੀਆਂ ਬਹਿਸਾਂ ਤੇ ਜੱਜਾਂ ਦੀਆਂ ਟਿੱਪਣੀਆਂ ਨੂੰ ਧਿਆਨ ਨਾਲ ਦੇਖਿਆ, ਸੁਣਿਆ ਤੇ ਸਮਝਿਆ। ਵਿਦਿਆਰਥੀਆਂ ਨੇ ਮੁੱਖ ਤੌਰ 'ਤੇ ਸਿਵਲ ਕੋਰਟ ਤੇ ਫੌਜਦਾਰੀ ਮਾਮਲਿਆਂ ਨਾਲ ਸੰਬੰਧਤ ਵਿਵਾਦਾਂ ਨੂੰ ਧਿਆਨ ਨਾਲ ਸੁਣਿਆ ਤੇ ਵੇਖਿਆ। ਇਸ ਦੌਰਾਨ ਜੱਜਾਂ ਤੇ ਵਕੀਲਾਂ ਦੁਆਰਾ ਕੀਤੀ ਗਈ ਦਲੀਲਾਂ, ਜ਼ਮਾਨਤ ਤੇ ਹੋਰ ਮਾਮਲਿਆਂ ਦੀ ਕਾਰਵਾਈ ਨੂੰ ਵੀ ਦੇਖਿਆ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਅਜ਼ਵਰ ਖਾਨ ਨੇ ਕਿਹਾ ਕਿ ਇਸ ਦੌਰੇ ਨੂੰ ਲੈ ਕੇ ਸਾਰੇ ਵਿਦਿਆਰਥੀ ਬਹੁਤ ਉਤਸ਼ਾਹਤ ਸੀ। ਉਨ੍ਹਾਂ ਨੇ ਆਪ ਉੱਚ ਨਿਆਂਲਯ ਦੇ ਵੱਖ-ਵੱਖ ਕੋਰਟ ਰੂਮਾਂ ਦੀ ਕਾਰਵਾਈ ਨੂੰ ਬੜੇ ਧਿਆਨ ਨਾਲ ਦੇਖਿਆ ਤੇ ਇਸ ਨਾਲ ਉਨ੍ਹਾਂ ਦੇ ਗਿਆਨ ਵਿੱਚ ਵਾਧਾ ਹੋਇਆ। ਇਹ ਉਨ੍ਹਾਂ ਦੇ ਆਉਣ ਵਾਲੇ ਜੀਵਨ ਵਿੱਚ ਸਾਰਥਕ ਹੋਵੇਗਾ। ਇਸ ਮੌਕੇ ਵਿਦਿਆਰਥੀ ਹਰਦੀਪ ਸਿੰਘ, ਨਵਦੀਪ, ਗਗਨਦੀਪ, ਅਨੋਸ਼ ਪੌਲ, ਸੁਖਬੀਰ, ਤਰਣਪਾਲ ਭੁੱਲਰ, ਸੁਖਮਨ ਪ੍ਰੀਤ, ਰੇਬੇਕਾ, ਵੀਰਪਾਲ, ਸੁਪਨਪ੍ਰੀਤ, ਖੁਸ਼ਬੂ, ਅਨਮੋਲ, ਰੁਪਾਲੀ ਆਦਿ ਵਿਦਿਆਰਥੀ ਤੇ ਵਿਦਿਆਰਥਣਾਂ ਮੌਜੂਦ ਸਨ।



ਜਸਵਿੰਦਰ ਸਿੰਘ ਦੇ ਸੀਨੀਅਰ ਸਿਪਾਹੀ ਵਜੋਂ ਪ੍ਰਮੋਟ ਹੋਣ 'ਤੇ ਫੀਤੀਆਂ ਲਾਉਂਦੇ ਹੋਏ ਐੱਸ ਐੱਸ ਪੀ ਮੋਗਾ ਅਜੇ ਗਾਂਧੀ ਤੇ ਇੰਸਪੈਕਟਰ ਰਾਜ ਸਿੰਘ। (ਫੋਟੋ ਤੇ ਵੇਰਵਾ : ਇਕਬਾਲ ਸਿੰਘ ਖਹਿਰਾ, ਮੋਗਾ)

## ਡਾ. ਅੰਬੇਡਕਰ ਦੇ ਆਗਮਨ ਦਿਵਸ ਨੂੰ ਸਮਰਪਤ ਸਮਾਗਮ 14 ਨੂੰ

**ਮਾਨਸਾ (ਆਤਮਾ ਸਿੰਘ ਪਮਾਰ)**-ਡਾਕਟਰ ਅੰਬੇਡਕਰ ਯੂਥ ਕਲੱਬ ਮਾਨਸਾ ਦੇ ਆਗੂਆਂ ਪਵਨ ਕੁਮਾਰ ਤੇ ਕੁਲਦੀਪ ਸਿੰਘ ਚੌਹਾਨ ਨੇ ਦੱਸਿਆ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ 135ਵੇਂ ਆਗਮਨ ਦਿਵਸ ਨੂੰ ਸਮਰਪਤ ਪ੍ਰੋਗਰਾਮ ਕਲੱਬ ਵੱਲੋਂ 14 ਅਪ੍ਰੈਲ ਨੂੰ ਸਵੇਰੇ 10 ਵਜੇ ਸਥਾਨਕ ਸ਼ਾਂਤੀ ਭਵਨ ਵਿਖੇ ਕਰਵਾਇਆ ਜਾ ਰਿਹਾ ਹੈ।ਪ੍ਰੋਗਰਾਮ ਦੇ ਮੁੱਖ ਮਹਿਮਾਨ ਸ਼੍ਰੀਮਤੀ ਨਵਜੋਤ ਕੌਰ ਆਈ ਏ ਐੱਸ ਡਿਪਟੀ ਕਮਿਸ਼ਨਰ ਮਾਨਸਾ, ਵਿਸ਼ੇਸ਼ ਮਹਿਮਾਨ ਹਲਕਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਤੇ ਨਗਰ ਕੌਂਸਲ ਮਾਨਸਾ ਦੇ ਪ੍ਰਧਾਨ ਸ੍ਰੀ ਸੁਨੀਲ ਕੁਮਾਰ ਨੀਨੂੰ ਹੋਣਗੇ।ਇਸ ਤੋਂ ਇਲਾਵਾ ਸਮਾਗਮ ਦੇ ਮੁੱਖ ਬੁਲਾਰੇ ਉੱਘੇ ਲੇਖਕ ਤੇ ਪੱਤਰਕਾਰ ਸ. ਗੁਰਨਾਮ ਸਿੰਘ ਅਕੀਦਾ ਤੋਂ ਨਾਟਕ ਲੱਛੂ ਕਬਾੜੀਆ ਦੀ ਪੇਸ਼ਕਾਰੀ ਨਾਟਕਕਾਰ ਡਾ. ਸਾਹਿਬ ਸਿੰਘ ਵੱਲੋਂ ਕੀਤੀ ਜਾਵੇਗੀ।ਆਗੂਆਂ ਨੇ ਬਾਬਾ ਸਾਹਿਬ ਦੀ ਵਿਚਾਰਧਾਰਾ ਤੇ ਫਲਸਫੇ 'ਤੇ ਚੱਲਣ ਤੇ ਅਪਨਾਉਣ ਵਾਲੇ ਸਮੁੱਚੇ ਲੋਕਾਂ ਨੂੰ ਇਸ ਸਰਬਸਾਂਝੇ ਸਮਾਗਮ 'ਚ ਸ਼ਾਮਲ ਹੋਣ ਦੀ ਪੁਰਜ਼ੋਰ ਅਪੀਲ ਕਰਦਿਆਂ ਕਿਹਾ ਕਿ ਸਦੀਆਂ ਤੋਂ ਪੱਛੜਿਆਂ, ਲਤਾੜਿਆਂ ਤੇ ਸਮੁੱਚੀਆਂ ਔਰਤਾਂ ਨੂੰ ਗੁਲਾਮੀ ਦੀਆਂ ਜ਼ੰਜੀਰਾਂ ਤੇ ਜ਼ਲਾਲਤ ਤੋਂ ਮੁਕਤੀ ਦਿਵਾਉਣ ਵਾਲੀ ਇਸ ਮਹਾਨ ਸ਼ਖ਼ਸੀਅਤ ਨੂੰ ਰਲ-ਮਿਲ ਕੇ ਯਾਦ ਕਰਨ ਤੇ ਸ਼ਰਧਾਂਜਲੀ ਅਰਪਿਤ ਕਰਨ ਦਾ ਇਹ ਸਭ ਤੋਂ ਢੁੱਕਵਾਂ ਸਮਾਂ ਹੋਵੇਗਾ।

## ਪੰਜਾਬ ਬਣਿਆ ਨਿਵੇਸ਼ਕਾਂ ਲਈ ਸਭ ਤੋਂ ਪਸੰਦੀਦਾ ਸੂਬਾ : ਸੰਜੀਵ ਅਰੋੜਾ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਸ੍ਰੀ ਸੰਜੀਵ ਅਰੋੜਾ ਪੰਜਾਬ ਦੇ ਉਦਯੋਗ ਤੇ ਵਣਜ, ਨਿਵੇਸ਼ ਪ੍ਰੋਤਸਾਹਨ, ਸਥਾਨਕ ਸਰਕਾਰਾਂ ਤੇ ਬਿਜਲੀ ਮੰਤਰੀ ਨੇ ਬਠਿੰਡਾ ਵਿਖੇ ਹੋਈ ਐੱਮ.ਐੱਸ.ਐੱਮ.ਈਜ਼ ਦੀ ਜ਼ਿਲ੍ਹਾ ਪੱਧਰੀ ਮੀਟਿੰਗ ਦੌਰਾਨ ਬਠਿੰਡਾ, ਮਾਨਸਾ, ਬਰਨਾਲਾ, ਸ਼੍ਰੀ ਮੁਕਤਸਰ ਸਾਹਿਬ, ਫਰੀਦਕੋਟ ਤੇ ਫਾਜ਼ਿਲਕਾ ਦੇ ਉਦਯੋਗਪਤੀਆਂ ਨਾਲ ਗੱਲਬਾਤ ਕੀਤੀ।ਇਸ ਮੌਕੇ ਉਦਯੋਗਪਤੀਆਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਸੁਣਿਆ ਤੇ ਬਹੁਤ ਸਾਰੀਆਂ ਸਮੱਸਿਆਵਾਂ ਨੂੰ ਤੁਰੰਤ ਹੱਲ ਕੀਤਾ।ਇਕੱਠ ਨੂੰ ਸੰਬੋਧਨ ਕਰਦਿਆਂ ਮੰਤਰੀ ਅਰੋੜਾ ਨੇ ਕਿਹਾ ਕਿ ਲਘੂ, ਛੋਟੇ ਤੇ ਮੱਧਮ ਉੱਦਮ (ਐੱਮ.ਐੱਸ.ਐੱਮ.ਈ.ਜ਼) ਨਾ ਸਿਰਫ਼ ਪੰਜਾਬ ਵਿੱਚ, ਬਲਕਿ ਪੂਰੇ ਦੇਸ਼ ਵਿੱਚ ਆਰਥਿਕ ਵਿਕਾਸ ਦੀ ਕੁੰਜੀ ਹਨ।ਐੱਮ.ਐੱਸ.ਐੱਮ.ਈ. ਉਦਯੋਗਿਕ ਖੇਤਰ ਵਿੱਚ 30 ਫ਼ੀਸਦੀ ਰੁਜ਼ਗਾਰ ਪ੍ਰਦਾਨ ਕਰਦੇ ਹਨ ਤੇ ਦੇਸ਼ ਦੇ ਇਸ ਖੇਤਰ ਵਿੱਚ 30 ਫ਼ੀਸਦੀ ਜੀ.ਡੀ.ਪੀ. ਵਿੱਚ ਯੋਗਦਾਨ ਪਾਉਂਦੇ ਹਨ।ਇਸੇ ਤਰ੍ਹਾਂ ਪੰਜਾਬ ਵਿੱਚ ਵੀ ਐੱਮ.ਐੱਸ.ਐੱਮ.ਈ. ਦਾ ਵੱਡਾ ਮਹੱਤਵ ਹੈ ਤੇ ਇਹ ਉਦਯੋਗਿਕ ਖੇਤਰ ਦੀ ਰੀੜ੍ਹ ਦੀ ਹੱਡੀ ਹੈ।ਸ੍ਰੀ ਅਰੋੜਾ ਨੇ ਦੱਸਿਆ ਕਿ ਅੱਜ ਪੰਜਾਬ ਨਿਵੇਸ਼ਕਾਂ ਲਈ ਸਭ ਤੋਂ ਪਸੰਦੀਦਾ ਸੂਬਾ ਬਣ ਗਿਆ। ਉਨ੍ਹਾ ਦੱਸਿਆ ਕਿ ਸਾਲ 2025-26 ਦੌਰਾਨ ਪੰਜਾਬ ਨੇ ਆਪਣੇ ਇਤਿਹਾਸ 60,256 ਕਰੋੜ ਰੁਪਏ ਦਾ ਅੱਜ ਤੱਕ ਦਾ ਸਭ ਤੋਂ ਵੱਡਾ ਨਿਵੇਸ਼ ਵੇਖਿਆ ਹੈ। ਉਨ੍ਹਾਂ ਦੱਸਿਆ ਕਿ ਸਾਲ 2026-27 ਵਿੱਚ ਰਾਜ 75,000 ਕਰੋੜ ਰੁਪਏ ਦਾ ਟੀਚਾ ਪਾਰ ਕਰ ਜਾਵੇਗਾ। ਪੰਜਾਬ ਨੇ ਹਾਲ ਹੀ ਵਿੱਚ ਦੇਸ਼ ਦਾ ਸਭ ਤੋਂ ਵਧੀਆ ਨਿਵੇਸ਼ ਸੰਮੇਲਨ ਕਰਵਾਇਆ ਸੀ ਜਿਸ ਵਿੱਚ ਜਪਾਨ, ਕੋਰੀਆ, ਯੂ. ਕੇ. ਤੋਂ ਇਲਾਵਾ ਭਾਰਤ ਦੇ ਵੱਡੇ ਉਦਯੋਗਪਤੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।ਨਿਵੇਸ਼ਕਾਂ ਤੇ ਰਾਜ ਦੇ ਉਦਯੋਗਾਂ ਦੇ ਸੁਝਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪੰਜਾਬ ਸਰਕਾਰ ਨੇ ਨਵੀਂ ਉਦਯੋਗਿਕ ਨੀਤੀ 2026 ਜਾਰੀ ਕੀਤੀ ਹੈ। ਇਹ ਨਵੀਂ ਨੀਤੀ ਵਾਤਾਵਰਣ ਲਈ ਅਨੁਕੂਲ ਹਰੇ ਉਦਯੋਗਾਂ ਨੂੰ ਉਤਸ਼ਾਹਿਤ ਕਰਨ ਲਈ ਤਿਆਰ ਕੀਤੀ ਗਈ ਹੈ ਜਿਵੇਂ ਕਿ ਪਰਾਲੀ ਦਾ ਇਸਤੇਮਾਲ ਕਰਨ ਵਾਲੇ ਪਲਾਂਟ ਸਥਾਪਤ ਕਰਨ ਵਾਲੇ ਉਦਯੋਗਾਂ ਨੂੰ ਸਰਕਾਰ ਵੱਲੋਂ ਵੱਡੀ ਸਬਸਿਡੀ ਦੇ ਕੇ ਉਤਸ਼ਾਹਤ ਕੀਤਾ ਜਾਵੇਗਾ।ਗੱਲਬਾਤ ਮੀਟਿੰਗ ਦੌਰਾਨ ਉਦਯੋਗਪਤੀਆਂ ਦੀਆਂ ਕਈ ਸਮੱਸਿਆਵਾਂ ਨੂੰ ਤੁਰੰਤ ਹੱਲ ਕੀਤਾ ਗਿਆ।ਉਦਯੋਗਪਤੀਆਂ ਨੇ ਪੰਜਾਬ ਸਮਾਲ ਇੰਡਸਟ੍ਰੀਜ਼ ਐਂਡ ਐਕਸਪੋਰਟ ਕਾਰਪੋਰੇਸ਼ਨ (ਪੀ.ਐੱਸ.ਆਈ.ਈ.ਸੀ.) ਨਾਲ ਜੁੜੀਆਂ ਸਮੱਸਿਆਵਾਂ ਦੱਸੀਆਂ।ਇਸ ਬਾਰੇ ਜਵਾਬ ਦਿੰਦਿਆਂ ਸ਼੍ਰੀ ਅਰੋੜਾ ਨੇ ਕਿਹਾ ਕਿ ਜਲਦ ਹੀ ਪੀ.ਐੱਸ.ਆਈ.ਈ.ਸੀ. ਰਾਹੀਂ ਉਦਯੋਗਿਕ ਮਨਜ਼ੂਰੀਆਂ ਆਨਲਾਈਨ ਹੋ ਜਾਣਗੀਆਂ।ਇਸ ਮੌਕੇ ਪੰਜਾਬ ਉਦਯੋਗ ਤੇ ਵਪਾਰ ਵਿਭਾਗ ਦੇ ਮੁੱਖ ਸਕੱਤਰ ਗੁਰਕੀਰਤ ਕਿਰਪਾਲ ਸਿੰਘ ਨੇ ਪੰਜਾਬ ਸਰਕਾਰ ਦੀਆਂ ਉਦਯੋਗ ਸਬੰਧੀ ਨੀਤੀਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

## ਸਰਕਾਰੀ ਹੋਮਿਓਪੈਥਿਕ ਡਿਸਪੈਂਸਰੀ ਦੀ ਕੰਧ ਡਿੱਗੀ, ਮਰੀਜ਼ ਪ੍ਰੇਸ਼ਾਨ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਧੂਰੀ ਦੇ ਸਰਕਾਰੀ ਹਸਪਤਾਲ ਕੰਪਲੈਕਸ ਵਿੱਚ ਸਥਿਤ ਸਰਕਾਰੀ ਹੋਮਿਓਪੈਥਿਕ ਡਿਸਪੈਂਸਰੀ ਦੀ ਇੱਕ ਪਾਸੇ ਦੀ ਕੰਧ ਅਚਾਨਕ ਡਿੱਗ ਪਈ ਹੈ।ਇਸ ਹਾਦਸੇ ਕਾਰਨ ਇੱਥੇ ਦਵਾਈ ਲੈਣ ਆਉਣ ਵਾਲੇ ਮਰੀਜ਼ਾਂ ਤੇ ਸਟਾਫ਼ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਕੰਧ ਡਿੱਗਣ ਕਾਰਨ ਰਸਤਾ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ, ਜਿਸ ਨਾਲ ਮਰੀਜ਼ਾਂ ਦੀ ਆਵਾਜਾਈ ਵਿੱਚ ਵਿਘਨ ਪੈ ਰਿਹਾ ਹੈ।ਡਿਸਪੈਂਸਰੀ ਦੀ ਮੌਜੂਦਾ ਇਮਾਰਤ ਦੀ ਹਾਲਤ ਪਹਿਲਾਂ ਹੀ ਬਹੁਤ ਖਸਤਾ ਹੋ ਚੁੱਕੀ ਸੀ।ਸਥਾਨਕ ਲੋਕਾਂ ਅਨੁਸਾਰ, ਸਰਕਾਰੀ ਹਸਪਤਾਲ ਦੀ ਨਵੀਂ ਇਮਾਰਤ ਦੀ ਉਸਾਰੀ ਹੋਣ ਤੋਂ ਬਾਅਦ ਇਹ ਪੁਰਾਣੀ ਡਿਸਪੈਂਸਰੀ ਕਾਫੀ ਨੀਵੀਂ ਹੋ ਗਈ ਹੈ।ਇਸ ਨੀਵੇਂ ਪੱਧਰ ਕਾਰਨ ਤੇ ਹੁਣ ਕੰਧ ਡਿੱਗਣ ਕਰਕੇ, ਮੀਂਹ ਦਾ ਗੰਦਾ ਪਾਣੀ ਸਿੱਧਾ ਡਿਸਪੈਂਸਰੀ ਦੇ ਅੰਦਰ ਦਾਖ਼ਲ ਹੋ ਗਿਆ ਹੈ।ਡਿਸਪੈਂਸਰੀ ਵਿੱਚ ਮੌਜੂਦ ਸਟਾਫ਼ ਤੇ ਮਰੀਜ਼ਾਂ ਨੇ ਦੱਸਿਆ ਕਿ ਇਮਾਰਤ ਦੀ ਮੁਰੰਮਤ ਨਾ ਹੋਣ ਕਾਰਨ ਕਿਸੇ ਵੇਲੇ ਵੀ ਕੋਈ ਵੱਡਾ ਹਾਦਸਾ ਵਾਪਰ ਸਕਦਾ ਹੈ।ਕੰਧ ਡਿੱਗਣ ਨਾਲ ਸੁਰੱਖਿਆ ਨੂੰ ਲੈ ਕੇ ਵੀ ਸਵਾਲ ਖੜ੍ਹੇ ਹੋ ਗਏ ਹਨ।ਇਲਾਕਾ ਨਿਵਾਸੀਆਂ ਨੇ ਸਿਹਤ ਵਿਭਾਗ ਤੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਇਸ ਖਸਤਾ ਹਾਲਤ ਇਮਾਰਤ ਦੀ ਤੁਰੰਤ ਮੁਰੰਮਤ ਕਰਵਾਈ ਜਾਵੇ ਤੇ ਡਿੱਗੀ ਹੋਈ ਕੰਧ ਨੂੰ ਦੁਬਾਰਾ ਬਣਾਇਆ ਜਾਵੇ ਤਾਂ ਜੋ ਮਰੀਜ਼ਾਂ ਨੂੰ ਖੱਜਲ-ਖੁਆਰ ਹੋਣ ਤੋਂ ਬਚਾਇਆ ਜਾ ਸਕੇ।

## ਦੇਵ ਸਮਾਜ ਕਾਲਜ ਦੀਆਂ ਵਿਦਿਆਰਥਣਾਂ ਨੇ ਨਤੀਜਿਆਂ 'ਚ ਉੱਚ ਸਥਾਨ ਹਾਸਲ ਕੀਤੇ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਦੀਆਂ ਵਿਦਿਆਰਥਣਾਂ ਨੇ ਇਕ ਵਾਰ ਫਿਰ ਅਕਾਦਮਿਕ ਖੇਤਰ ਵਿੱਚ ਕਾਮਯਾਬੀ ਦੇ ਨਵੇਂ ਮਾਪਦੰਡ ਸਥਾਪਤ ਕੀਤੇ ਹਨ। ਕਾਲਜ ਦੇ ਐੱਮ ਐੱਸ ਸੀ ਮੈਥੇਮੈਟਿਕਸ ਪਹਿਲੇ ਸਮੈਸਟਰ ਦੇ ਨਤੀਜਿਆਂ ਵਿਚ ਵਿਦਿਆਰਥਣਾਂ ਨੇ ਯੂਨੀਵਰਸਿਟੀ ਪੱਧਰ 'ਤੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸਰਵੋਤਮ ਸਥਾਨ ਹਾਸਲ ਕੀਤੇ ਹਨ। ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਨੇ ਇਸ ਖ਼ੁਸ਼ੀ ਦੇ ਮੌਕੇ ਵਿਦਿਆਰਥਣਾਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਢੇਰ ਸਾਰੀਆਂ ਮੁਬਾਰਕਾਂ ਦਿੰਦਿਆਂ ਕਿਹਾ ਕਿ ਇਹ ਵਿਦਿਆਰਥਣਾਂ ਦੂਜਿਆਂ ਲਈ ਪ੍ਰੇਰਨਾ ਸਰੋਤ ਹਨ। ਡਾ. ਨਿਸ਼ਾਂਤ ਜੁਨੇਜਾ ਮੁਖੀ ਪੋਸਟ ਗ੍ਰੈਜੂਏਟ ਮੈਥੇਮੈਟਿਕਸ ਵਿਭਾਗ ਨੇ ਦੱਸਿਆ ਕਿ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਨਤੀਜਿਆਂ ਵਿੱਚੋਂ ਵਿਦਿਆਰਥਣ ਹਰਮਨਦੀਪ ਕੌਰ ਨੇ 92.20 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚ ਤੀਜਾ ਸਥਾਨ ਹਾਸਲ ਕੀਤਾ ਤੇ ਕਾਲਜ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਤਮੰਨਾ ਨੇ 91.20 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਯੂਨੀਵਰਸਿਟੀ ਵਿੱਚ ਪੰਜਵਾਂ ਸਥਾਨ ਤੇ ਕਾਲਜ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਇਸ਼ਾ ਸ਼ਰਮਾ ਨੇ 89.20 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਤੀਜਾ ਸਥਾਨ ਹਾਸਲ ਕੀਤਾ। ਇਹ ਪ੍ਰਾਪਤੀਆਂ ਕਾਲਜ ਲਈ ਮਾਣ ਤੇ ਗੌਰਵ ਦਾ ਪ੍ਰਤੀਕ ਹਨ। ਕਾਲਜ ਦੇ ਸਮੂਹ ਸਾਹਿਬਾਨ ਨੇ ਵਿਦਿਆਰਥਣਾਂ ਦੀ ਇਸ ਸ਼ਾਨਦਾਰ ਉਪਲਬੱਧੀ 'ਤੇ ਖ਼ੁਸ਼ੀ ਪ੍ਰਗਟ ਕਰਦੇ ਹੋਏ ਉਨ੍ਹਾਂ ਨੂੰ ਵਧਾਈ ਦਿੱਤੀ।

## ਬਾਘਾ ਪੁਰਾਣਾ ਇਕਾਈ ਦੇ ਪੈਨਸ਼ਨਰ ਜਲੰਧਰ ਕਨਵੈਨਸ਼ਨ 'ਚ ਕਰਨਗੇ ਭਰਵੀਂ ਸ਼ਮੂਲੀਅਤ : ਸੁਖਮੰਦਰ ਸਿੰਘ

### ਡੀ ਏ ਸਬੰਧੀ ਹਾਈ ਕੋਰਟ ਦੇ ਫੈਸਲੇ ਦਾ ਸਵਾਗਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ ਸਬ ਡਵੀਜ਼ਨ ਬਾਘਾ ਪੁਰਾਣਾ ਦੀ ਮਹੀਨਾਵਾਰ ਮੀਟਿੰਗ ਨਗਰ ਕਮੇਟੀ ਦੇ ਦਫ਼ਤਰ ਵਿੱਚ ਗੁਰਜੰਟ ਸਿੰਘ ਸੰਘਾ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦਾ ਸੰਚਾਲਨ ਸਬ ਡਵੀਜ਼ਨ ਸਕੱਤਰ ਅਮਰਜੀਤ ਸਿੰਘ ਮਾਣੂਕੇ ਨੇ ਬਾ-ਖੂਬੀ ਨਿਭਾਇਆ।ਮੀਟਿੰਗ ਵਿੱਚ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਦੱਸਿਆ ਕਿ ਡੀ ਏ ਸਬੰਧੀ, ਜੋ ਹਾਈ ਕੋਰਟ ਨੇ ਮੁਲਾਜ਼ਮਾਂ ਪੈਨਸ਼ਨਰਾਂ ਦੇ ਹੱਕ ਵਿੱਚ ਇੱਕ ਇਤਿਹਾਸਕ ਫੈਸਲਾ ਕਰਕੇ ਬਹੁਤ ਵੱਡੀ ਰਾਹਤ ਪ੍ਰਦਾਨ ਕੀਤੀ ਹੈ, ਜਿਸ ਨਾਲ ਸੱਤ ਲੱਖ ਤੋਂ ਉੱਪਰ ਮੁਲਾਜ਼ਮਾਂ, ਪੈਨਸ਼ਨਰਾਂ ਨੂੰ ਪਿਛਲੇ ਤਿੰਨ ਸਾਲ ਤੋਂ ਰੁਕਿਆ ਹੋਇਆ 16% ਡੀ ਏ ਮਿਲਣ ਲਈ ਰਾਹ ਪੱਧਰਾ ਹੋ ਗਿਆ ਹੈ। ਉਨ੍ਹਾਂ ਪੈਨਸ਼ਨਰਾਂ ਨੂੰ ਚੌਕਸ ਰਹਿਣ ਲਈ ਕਿਹਾ ਕਿ ਜੇ ਸਰਕਾਰ ਦੀ ਨੀਅਤ ਵਿੱਚ ਕੁੱਝ ਖੋਟ ਜਾਪਿਆ ਤਾਂ ਉਹ ਸੰਘਰਸ਼ ਲਈ ਤਿਆਰ ਰਹਿਣ।ਵੱਖ ਵੱਖ ਬੁਲਾਰਿਆਂ ਸਰਬ ਮਾਸਟਰ ਨਾਹਰ ਸਿੰਘ, ਪਰਮਜੀਤ ਸਿੰਘ ਰਖਰਾ, ਸਤਿੰਦਰ ਪਾਲ ਸਿੰਘ ਸਾਹੋਕੇ, ਪ੍ਰਿੰਸੀਪਲ ਮਨਮੋਹਣ ਸਿੰਘ ਘੋਲੀਆ ਕਲਾਂ, ਗੁਰਦੇਵ ਸਿੰਘ ਲੰਡੇ, ਰਘਬੀਰ ਸਿੰਘ ਲੰਗੇਆਣਾ ਨੇ 17 ਮਈ ਨੂੰ ਜਲੰਧਰ ਵਿਖੇ ਹੋਣ ਵਾਲੀ ਕਨਵੈਨਸ਼ਨ ਵਿੱਚ ਭਰਵੀਂ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ।ਉਨ੍ਹਾਂ ਸਮੂਹ ਪੈਨਸ਼ਨਰਾ ਨੂੰ ਸਾਂਝੇ ਫਰੰਟ ਦੇ ਫੈਸਲੇ ਮੁਤਾਬਕ ਮਜ਼ਦੂਰ ਦਿਹਾੜੇ 'ਤੇ ਪਹਿਲੀ ਮਈ ਨੂੰ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਕਿਰਤ ਕਾਨੂੰਨਾਂ ਵਿੱਚ ਕੀਤੀਆਂ ਸੋਧਾਂ ਖ਼ਿਲਾਫ਼ ਆਵਾਜ਼ ਬੁਲੰਦ ਕਰਨ ਲਈ ਮਈ ਦਿਨ ਦੇ ਸਮਾਗਮਾਂ 'ਚ ਪਹੁੰਚਣ ਦਾ ਸੱਦਾ ਦਿੱਤਾ, ਜਿਸ ਸਬੰਧੀ 12 ਅਪ੍ਰੈਲ ਨੂੰ ਮੋਗਾ ਰੋਡ ਤੇ ਬਿਜਲੀ ਘਰ ਬਾਘਾ ਪੁਰਾਣਾ ਵਿੱਚ 11 ਵਜੇ ਹੋ ਰਹੀ ਮੀਟਿੰਗ ਵਿੱਚ ਵੀ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ।ਮੀਟਿੰਗ ਵਿੱਚ ਸਦੀਵੀ ਵਿਛੋੜਾ ਦੇ ਗਏ ਗੁਰਜੰਟ ਸਿੰਘ ਲੋਪੋ, ਰਜਿੰਦਰ ਸਿੰਘ ਢੁੱਡੀਕੇ, ਤਜਿੰਦਰ ਸਿੰਘ ਸਪੁੱਤਰ ਇੰਦਰਜੀਤ ਸਿੰਘ ਮੋਗਾ, ਪ੍ਰਿੰਸੀਪਲ ਗੁਰਦੇਵ ਸਿੰਘ, ਜਗਦੀਸ਼ ਸਿੰਘ, ਗੁਰਮੇਲ ਕੌਰ ਨੱਥੂਵਾਲਾ, ਗਿਆਨ ਸਿੰਘ ਸਮਾਧ ਭਾਈ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪੈਨਸ਼ਨਰ ਆਗੂ ਤੇ ਸਰਗਰਮ ਵਰਕਰ ਸ਼ਾਮਲ ਹੋਏ।

## ਘਰ ਦੇ ਬਾਹਰੋਂ ਐਕਟਿਵਾ ਚੋਰੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ ਵਿਖੇ ਘਰ ਦੇ ਬਾਹਰੋਂ ਇੱਕ ਵਿਅਕਤੀ ਦੀ ਐਕਟਿਵਾ ਸਕੂਟਰੀ ਚੋਰੀ ਹੋਣ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ।

ਪੁਲਸ ਨੂੰ ਦਿੱਤੇ ਬਿਆਨਾਂ ਵਿਚ ਅਜੇ ਜਿੰਦਲ ਪੁੱਤਰ ਮੋਹਨ ਲਾਲ ਜਿੰਦਲ ਵਾਸੀ ਕ੍ਰਿਸ਼ਨ ਨਿਵਾਸ ਫਿਰੋਜ਼ਪੁਰ ਸਿਟੀ ਨੇੜੇ ਸਦਰ ਪੁਲਸ ਸਟੇਸ਼ਨ ਨੇ ਦੱਸਿਆ ਕਿ ਬੀਤੇ ਦਿਨ ਸਵੇਰੇ 2.30 ਤੋਂ 3.30 ਵਜੇ ਤੱਕ ਐਕਟਿਵਾ ਨੰਬਰ ਪੀਬੀ 05 ਏਡੀ 4025 ਖੜੀ ਕੀਤੀ ਸੀ, ਜਿਸ ਨੂੰ ਕੋਈ ਅਣਪਛਾਤਾ ਵਿਅਕਤੀ ਚੋਰੀ ਕਰਕੇ ਲੈ ਗਿਆ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਦੇਵ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## 105 ਲਾਭਪਾਤਰੀਆਂ ਨੂੰ ਮਾਲਕਾਨਾ ਹੱਕ ਦੇ ਸਰਟੀਫਿਕੇਟ ਵੰਡੇ

### ਸਰਕਾਰ ਦਾ ਉਦੇਸ਼ ਸੂਬੇ ਦੇ ਹਰੇਕ ਵਰਗ ਨੂੰ ਉੱਚਾ ਚੁੱਕਣਾ : ਓ.ਐੱਸ.ਡੀ. ਸੁਖਵੀਰ ਸਿੰਘ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਪੰਜਾਬ ਸਰਕਾਰ ਵੱਲੋਂ ਪਿੰਡਾਂ ਵਿੱਚ ਲਾਲ ਲਕੀਰ ਦੇ ਅੰਦਰ ਰਹਿ ਰਹੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਕਾਨੂੰਨੀ ਮਾਲਕਾਨਾ ਹੱਕ ਪ੍ਰਦਾਨ ਕਰਨ ਲਈ ਚਲਾਈ ਜਾ ਰਹੀ 'ਮੇਰਾ ਘਰ ਮੇਰੇ ਨਾਮ' ਸਕੀਮ ਤਹਿਤ ਧੂਰੀ ਦੇ ਪਿੰਡ ਦੁਗਨੀ ਵਿਖੇ ਇੱਕ ਸਮਾਗਮ ਕਰਵਾਇਆ ਗਿਆ।ਇਸ ਮੌਕੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ 105 ਲਾਭਪਾਤਰੀ ਪਰਿਵਾਰਾਂ ਨੂੰ ਉਨ੍ਹਾਂ ਦੇ ਘਰਾਂ ਦੇ ਮਾਲਕਾਨਾ ਹੱਕਾਂ ਦੇ ਸਰਟੀਫਿਕੇਟ ਸੌਂਪੇ।ਸਮਾਗਮ ਦੌਰਾਨ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਵੀ ਹਾਜ਼ਰ ਰਹੇ।ਸਮਾਗਮ ਨੂੰ ਸੰਬੋਧਨ ਕਰਦਿਆਂ ਓ.ਐੱਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਆਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਕਈ ਪਰਿਵਾਰ ਪਿਛਲੇ ਕਈ ਦਹਾਕਿਆਂ ਤੋਂ ਆਪਣੇ ਘਰਾਂ ਵਿੱਚ ਰਹਿ ਰਹੇ ਸਨ, ਪਰ ਉਨ੍ਹਾਂ ਕੋਲ ਕੋਈ ਵੀ ਕਾਨੂੰਨੀ ਦਸਤਾਵੇਜ਼ ਜਾਂ ਮਾਲਕਾਨਾ ਹੱਕ ਨਹੀਂ ਸੀ।ਇਸ ਕਾਰਨ ਉਨ੍ਹਾਂ ਨੂੰ ਬੈਂਕ ਲੋਨ ਲੈਣ ਜਾਂ ਘਰ ਵੇਚਣ-ਖ਼੍ਰੀਦਣ ਵੇਲੇ ਵੱਡੀਆਂ ਦਿੱਕਤਾਂ ਆਉਂਦੀਆਂ ਸਨ।ਉਨ੍ਹਾਂ ਕਿਹਾ ਕਿ 'ਮੇਰਾ ਘਰ ਮੇਰੇ ਨਾਮ' ਯੋਜਨਾ ਅਜਿਹੇ ਲੋਕਾਂ ਲਈ ਕਿਸੇ ਵਰਦਾਨ ਤੋਂ ਘੱਟ ਨਹੀਂ ਹੈ।ਉਨ੍ਹਾਂ ਕਿਹਾ ਕਿ ਇਸ ਸਕੀਮ ਰਾਹੀਂ ਹੁਣ ਗਰੀਬ ਤੇ ਮੱਧਵਰਗੀ ਪਰਿਵਾਰਾਂ ਨੂੰ ਆਪਣੇ ਘਰ ਦਾ ਪੂਰਾ ਹੱਕ ਮਿਲ ਗਿਆ ਹੈ, ਜਿਸ ਨਾਲ ਉਨ੍ਹਾਂ ਦੀ ਸਮਾਜਿਕ ਤੇ ਆਰਥਿਕ ਸੁਰੱਖਿਆ ਮਜ਼ਬੂਤ ਹੋਈ ਹੈ।ਇਸ ਮੌਕੇ ਐੱਸ.ਡੀ.ਐੱਮ. ਡਾ. ਇਸਮਤ ਵਿਜੇ ਸਿੰਘ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਪਾਰਦਰਸ਼ੀ ਤਰੀਕੇ ਨਾਲ ਸਰਵੇ ਮੁਕੰਮਲ ਕਰਕੇ ਇਹ ਸਰਟੀਫਿਕੇਟ ਤਿਆਰ ਕੀਤੇ ਗਏ ਹਨ ਤਾਂ ਜੋ ਹਰ ਯੋਗ ਵਿਅਕਤੀ ਨੂੰ ਇਸ ਦਾ ਲਾਭ ਮਿਲ ਸਕੇ।

## ਅਨੰਨਿਆ ਦਾ ਡਾਇਮੰਡ ਜੁਬਲੀ ਰੀਯੂਨੀਅਨ ਬੈਚ ਵੱਲੋਂ ਸਨਮਾਨ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਪਬਲਿਕ ਸਕੂਲ ਨਾਭਾ ਦੇ 1963 ਤੇ 1964 ਬੈਚਾਂ ਦੇ ਡਾਇਮੰਡ ਜੁਬਲੀ ਰੀਯੂਨੀਅਨ ਦੀ ਮੇਜ਼ਬਾਨੀ ਕੀਤੀ, ਜਿਸ ਵਿੱਚ ਉਨ੍ਹਾਂ ਬੈਚਾਂ ਦੇ ਪੁਰਾਣੇ ਵਿਦਿਆਰਥੀ ਇੱਕਠੇ ਹੋਏ ਤੇ ਆਪਣੇ ਸਕੂਲ ਸਮੇਂ ਦੀਆਂ ਪੁਰਾਣਈਆਂ ਯਾਦਾਂ ਤਾਜ਼ੀਆਂ ਕੀਤੀਆ।ਆਉਣ ਵਾਲੇ ਸਮੂਹ ਵਿੱਚ ਉੱਘੇ ਵਿਦਿਆਰਥੀ ਸ਼ਾਮਲ ਸਨ, ਜਿਵੇਂ ਕਿ ਵਾਈਸ ਐਡਮਿਰਲ ਜੇ. ਐੱਸ. ਬੇਦੀ, (ਸੇਵਾਮੁਕਤ), ਕਰਨਲ ਐੱਨ ਐੱਨ ਡੋਗਰਾ (ਸੇਵਾਮੁਕਤ), ਲੈਫਟੀਨੈਂਟ ਜਨਰਲ ਓ. ਪੀ. ਨੰਦਰਾਜੋਗ, (ਸੇਵਾਮੁਕਤ), ਬੀ. ਐੱਸ. ਨਈਅਰ, ਮੇਜਰ ਜਨਰਲ ਸੁਰੇਸ਼ਵਰ ਤਿਵਾੜੀ (ਸੇਵਾਮੁਕਤ), ਵਿੰਗ ਕਮਾਂਡਰ ਕੇ. ਐੱਨ. ਬਾਂਸਲ (ਸੇਵਾਮੁਕਤ), ਗੁਰਿੰਦਰ ਸਿੰਘ ਧਨੋਆ ਆਈਪੀਐੱਸ (ਸੇਵਾਮੁਕਤ), ਵਿੰਗ ਕਮਾਂਡਰ ਰਵਿੰਦਰ ਖੰਨਾ (ਸੇਵਾਮੁਕਤ), ਅਨਿਲ ਲੂਥਰਾ, ਬ੍ਰਿਗੇਡੀਅਰ ਜੇ. ਐੱਸ. ਸੰਧੂ (ਸੇਵਾਮੁਕਤ), ਲੈਫਟੀਨੈਂਟ ਜਨਰਲ ਟੀ. ਕੇ. ਸਪਰੂ (ਸੇਵਾਮੁਕਤ) ਤੇ ਹਰਪ੍ਰੀਤ ਸਿੱਧੂ ਆਦਿ ਸ਼ਾਮਲ ਹੋਏ।ਇਸ ਮੌਕੇ ਪੀਪੀਐੱਸ ਦੀ ਸਾਬਕਾ ਵਿਦਿਆਰਥਣ ਅਨੰਨਿਆ ਸ਼ਰਮਾ ਨੂੰ ਹਾਲ ਹੀ ਵਿੱਚ ਯੂਪੀਐੱਸਸੀ ਸਿਵਲ ਸੇਵਾਵਾਂ ਪ੍ਰੀਖਿਆ 2025 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 13ਵਾਂ ਰੈਂਕ ਪ੍ਰਾਪਤ ਕਰਨ ਵਜੋਂ ਸਨਮਾਨਤ ਕੀਤਾ। ਪੀਪੀਐੱਸ ਨਾਭਾ ਦੇ ਨਾਲ ਅਨੰਨਿਆ ਸ਼ਰਮਾ ਨੇ ਆਪਣੀ ਬਾਕੀ ਸਕੂਲੀ ਪੜ੍ਹਾਈ ਇੰਦੌਰ ਦੇ ਡੇਲੀ ਕਾਲਜ ਤੋਂ ਕੀਤੀ ਤੇ ਆਪਣੀ ਗ੍ਰੈਜੂਏਸ਼ਨ ਹਿੰਦੂ ਕਾਲਜ, ਦਿੱਲੀ ਯੂਨੀਵਰਸਿਟੀ ਤੋਂ ਕੀਤੀ।ਉਹ ਡਾ. ਡੀ. ਸੀ. ਸ਼ਰਮਾ ਦੀ ਸਪੁੱਤਰੀ ਹਨ, ਜੋ ਕਿ ਪੰਜਾਬ ਪਬਲਿਕ ਸਕੂਲ ਨਾਭਾ ਦੇ ਮੌਜੂਦਾ ਹੈੱਡਮਾਸਟਰ ਹਨ। ਇਕੱਠ ਨੂੰ ਸੰਬੋਧਨ ਕਰਦੇ ਹੋਏ, ਹੈੱਡਮਾਸਟਰ ਨੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਸ਼ਾਨਦਾਰ ਸਾਬਕਾ ਵਿਦਿਆਰਥੀਆਂ ਤੇ ਅਨੰਨਿਆ ਸ਼ਰਮਾ ਦੀ ਮਿਸਾਲੀ ਪ੍ਰਾਪਤੀ ਤੋਂ ਪ੍ਰੇਰਣਾ ਲੈ ਕੇ ਦੇਸ਼ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣ।

## ਡੀ ਬੀ ਯੂ 'ਚ ਉੱਦਮਤਾ ਤੇ ਵਪਾਰ ਮਾਡਲ ਕੈਨਵਸ 'ਤੇ ਵਰਕਸ਼ਾਪ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ ਵੱਲੋਂ 'ਆਪਣੇ ਅੰਦਰ ਦੇ ਉੱਦਮੀ ਦੀ ਖੋਜ ਕਰੋ 'ਬਿਜ਼ਨੈੱਸ ਮਾਡਲ ਕੈਨਵਸ (ਬੀ ਐੱਮ ਸੀ) ਤੇ ਬਿਜ਼ਨੈੱਸ ਮਾਡਲ ਫਿੱਟ' ਸਿਰਲੇਖ ਹੇਠ ਇੱਕ ਰੋਜ਼ਾ ਵਰਕਸ਼ਾਪ ਕਾਰਵਾਈ ਗਈ।ਇਹ ਪ੍ਰੋਗਰਾਮ ਸੰਸਥਾ ਦੇ ਇਨੋਵੇਸ਼ਨ ਕੌਂਸਲ ਦੇ ਸਹਿਯੋਗ ਨਾਲ ਬਿਜ਼ਨੈੱਸ ਮੈਨੇਜਮੈਂਟ ਤੇ ਕਾਮਰਸ ਵਿਭਾਗ ਦੁਆਰਾ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਤੇ ਫੈਕਲਟੀ ਮੈਂਬਰਾਂ ਨੇ ਉਤਸ਼ਾਹੀ ਭਾਗੀਦਾਰੀ ਕੀਤੀ।ਇਹ ਸੈਸ਼ਨ ਮੁੱਖ ਤੌਰ 'ਤੇ ਸਟਾਰਟਅੱਪਸ ਤੇ ਮੌਜੂਦਾ ਉੱਦਮਾਂ ਲਈ ਵਪਾਰਕ ਰਣਨੀਤੀਆਂ ਨੂੰ ਡਿਜ਼ਾਈਨ, ਵਿਸ਼ਲੇਸ਼ਣ ਤੇ ਸੁਧਾਰ ਕਰਨ ਲਈ ਬਿਜ਼ਨੈੱਸ ਮਾਡਲ ਕੈਨਵਸ ਨੂੰ ਸਮਝਣ ਤੇ ਲਾਗੂ ਕਰਨ 'ਤੇ ਕੇਂਦ੍ਰਿਤ ਸੀ।ਇਸ ਸਮਾਗਮ ਦੀ ਸ਼ੁਰੂਆਤ ਡਾ. ਤਵਨੀਤ ਕੇ ਗੀਨ ਦੇ ਸਵਾਗਤੀ ਭਾਸ਼ਣ ਨਾਲ ਹੋਈ।ਇਸ ਮੌਕੇ ਮਾਨਯੋਗ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾ. ਤਜਿੰਦਰ ਕੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ, ਡਾ. ਜੀ. ਐੱਸ. ਬੱਤਰਾ ਤੇ ਡਾ. ਗੁਰਵਿੰਦਰ ਪਾਲ ਸਿੰਘ ਵਿਸ਼ੇਸ਼ ਮਹਿਮਾਨਾਂ ਵਜੋਂ ਸ਼ਾਮਲ ਹੋਏ।ਇਸ ਵਰਕਸ਼ਾਪ ਦੇ ਮੁੱਖ ਬੁਲਾਰੇ ਇੱਕ ਪ੍ਰਸਿੱਧ ਪ੍ਰੋਫੈਸਰ ਤੇ ਦੇਸ਼ ਭਗਤ ਯੂਨੀਵਰਸਿਟੀ ਦੀ ਸਾਬਕਾ ਵਾਈਸ ਚਾਂਸਲਰ ਡਾ. ਸ਼ਾਲਿਨੀ ਗੁਪਤਾ ਨੇ ਨਵੀਨਤਾ, ਮੁੱਲ ਸਿਰਜਣ ਤੇ ਬਾਜ਼ਾਰ ਦੀਆਂ ਮੰਗਾਂ ਦੇ ਨਾਲ ਵਪਾਰਕ ਵਿਚਾਰਾਂ ਨੂੰ ਇਕਸਾਰ ਕਰਨ ਬਾਰੇ ਮੁੱਲਵਾਨ ਨੁਕਤੇ ਸਾਂਝੇ ਕੀਤੇ।ਆਪਣੇ ਸੰਬੋਧਨ ਵਿੱਚ ਚਾਂਸਲਰ ਡਾ. ਜ਼ੋਰਾ ਸਿੰਘ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਤੇ ਵਿਦਿਆਰਥੀਆਂ ਵਿੱਚ ਨਵੀਨਤਾ ਤੇ ਉੱਦਮੀ ਹੁਨਰਾਂ ਨੂੰ ਉਤਸ਼ਾਹਤ ਕਰਨ ਵਿੱਚ ਅਜਿਹੇ ਪ੍ਰੋਗਰਾਮਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ।ਪ੍ਰੋਗਰਾਮ ਦੀ ਸਮਾਪਤੀ ਬਿਜ਼ਨੈੱਸ ਮੈਨੇਜਮੈਂਟ ਤੇ ਕਾਮਰਸ ਵਿਭਾਗ ਦੀ ਡਾਇਰੈਕਟਰ ਡਾ. ਨਿਧੀ ਗੁਪਤਾ ਦੇ ਧੰਨਵਾਦ ਮਤੇ ਨਾਲ ਹੋਇਆ।

## ਕੈਬਨਿਟ ਮੰਤਰੀ ਅਰੋੜਾ ਵੱਲੋਂ ਕ੍ਰਿਸ਼ਨਾ ਦੇਵੀ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਸੁਨਾਮ ਦੇ ਪ੍ਰਸਿੱਧ ਸਿੰਗਲਾ ਪਰਿਵਾਰ ਦੀ ਮਾਤਾ ਸ਼੍ਰੀਮਤੀ ਕ੍ਰਿਸ਼ਨਾ ਦੇਵੀ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਪਰਿਵਾਰ ਨਾਲ ਦੁੱਖ ਸਾਂਝਾ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੀਡੀਆ ਕਰਮੀ ਰਾਜੀਵ ਸਿੰਗਲਾ ਤੇ ਕਾਰੋਬਾਰੀ ਰੁਪੇਸ਼ ਸਿੰਗਲਾ ਦੀ ਮਾਤਾ ਸ਼੍ਰੀਮਤੀ ਕ੍ਰਿਸ਼ਨਾ ਦੇਵੀ ਦਾ ਦੇਹਾਂਤ ਸਿਰਫ਼ ਸਿੰਗਲਾ ਪਰਿਵਾਰ ਹੀ ਨਹੀਂ, ਸਗੋਂ ਪੂਰੇ ਇਲਾਕੇ ਲਈ ਇੱਕ ਵੱਡਾ ਤੇ ਅਪੂਰਣਯੋਗ ਘਾਟਾ ਹੈ।ਉਨ੍ਹਾਂ ਕਿਹਾ ਕਿ ਮਾਤਾ ਕ੍ਰਿਸ਼ਨਾ ਦੇਵੀ ਨੇ ਆਪਣੇ ਜੀਵਨ ਦੌਰਾਨ ਸਾਦਗੀ, ਸੇਵਾ ਤੇ ਮਨੁੱਖਤਾ ਦੇ ਉੱਚੇ ਆਦਰਸ਼ਾਂ ਨੂੰ ਅਪਣਾਇਆ ਤੇ ਆਪਣੇ ਪਰਵਾਰ ਨੂੰ ਵੀ ਇਨ੍ਹਾਂ ਹੀ ਮੁੱਲਾਂ ਨਾਲ ਜੋੜਿਆ।ਕੈਬਨਿਟ ਮੰਤਰੀ ਨੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਵਿੱਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਤੇ ਦੁੱਖ ਦੀ ਇਸ ਘੜੀ ਵਿੱਚ ਪਰਿਵਾਰ ਨੂੰ ਹੌਸਲਾ, ਧੀਰਜ ਤੇ ਤਾਕਤ ਬਖ਼ਸ਼ੇ।ਉਨ੍ਹਾਂ ਕਿਹਾ ਕਿ ਇਸ ਦੁੱਖ ਭਰੀ ਘੜੀ ਵਿੱਚ ਉਹ ਸਿੰਗਲਾ ਪਰਿਵਾਰ ਦੇ ਨਾਲ ਖੜ੍ਹੇ ਹਨ ਤੇ ਪਰਿਵਾਰ ਦੇ ਦੁੱਖ ਵਿੱਚ ਸ਼ਾਮਲ ਹਨ।ਇਸ ਮੌਕੇ ਜਤਿੰਦਰ ਜੈਨ, ਮੁਕੇਸ਼ ਜੁਨੇਜਾ, ਰਵੀ ਕਮਲ ਗੋਇਲ, ਸੰਦੀਪ ਜਿੰਦਲ, ਮਨਪ੍ਰੀਤ ਸਿੰਗਲਾ, ਹਰਚੰਦ ਭੁੱਲਰ, ਸਰਬਜੀਤ ਧਾਲੀਵਾਲ, ਯਸ਼ ਪਾਲ ਮੰਗਲਾ, ਰਾਕੇਸ਼ ਗਾਗੀ, ਰਾਕੇਸ਼ ਸ਼ਰਮਾ ਅਤੇ ਅਜੈ ਜਿੰਦਲ ਵਲੋਂ ਵੀ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ।

## ਅਧਿਕਾਰ ਸੰਘਰਸ਼ ਪਾਰਟੀ ਨੂੰ ਪੂਰੇ ਪੰਜਾਬ 'ਚ ਮਿਲ ਰਿਹੈ ਭਰਵਾਂ ਹੁੰਗਾਰਾ : ਧਾਲੀਵਾਲ



**ਮਮਦੋਟ (ਜਸਬੀਰ ਸਿੰਘ ਕੰਬੋਜ)**-ਅਧਿਕਾਰ ਸੰਘਰਸ਼ ਪਾਰਟੀ ਨੂੰ ਪੂਰੇ ਪੰਜਾਬ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਤੇ ਪੰਜਾਬ ਵਿੱਚ ਆਉਣ ਵਾਲਾ ਸਮਾਂ ਲੋਕਾਂ ਦੇ ਮੂਲ ਅਧਿਕਾਰਾਂ ਵਾਸਤੇ ਲੜਣ ਵਾਲੀ ਅਧਿਕਾਰ ਸੰਘਰਸ਼ ਪਾਰਟੀ ਦਾ ਹੀ ਹੋਵੇਗਾ, ਕਿਉਂਕਿ ਪੰਜਾਬ ਵਿੱਚ ਵਾਰੀ ਵਾਰੀ ਰਾਜ ਕਰ ਰਹੀਆਂ ਪਾਰਟੀਆਂ ਤੋਂ ਲੋਕਬੁਰੀ ਤਰਾਂ ਅੱਕ ਚੁੱਕੇ ਹਨ।ਇਸ ਗੱਲ ਦਾ ਪ੍ਰਗਟਾਵਾਂ ਅਧਿਕਾਰ ਸੰਘਰਸ਼ ਪਾਰਟੀ ਦੀ ਸੀਨੀਅਰ ਵਾਇਸ ਪ੍ਰਧਾਨ ਪੰਜਾਬ ਸਤਿੰਦਰ ਕੌਰ ਧਾਲੀਵਾਲ ਨੇ ਮੀਡੀਆ ਨਾਲ ਗੱਲਬਾਤ ਦੌਰਾਨ ਕੀਤਾ।ਸ਼੍ਰੀਮਤੀ ਧਾਲੀਵਾਲ ਨੇ ਕਿਹਾ ਕਿ ਪੰਜਾਬ ਵਿੱਚ 2027 ਵਿੱਚ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ 'ਤੇ 8ਵੀਂ ਪਾਸ ਔਰਤਾਂ ਨੂੰ ਹਰ ਸਾਲ ਇੱਕ ਲੱਖ ਸਰਕਾਰੀ ਨੌਕਰੀਆਂ ਦਿੱਤੀਆਂ ਜਾਣਗੀਆਂ।ਧਾਲੀਵਾਲ ਨੇ ਕਿਹਾ ਪਾਰਟੀ ਦੀ ਮਜ਼ਬੂਤੀ ਲਈ ਪਿੰਡਾਂ ਤੇ ਕਸਬਿਆਂ ਵਿੱਚ ਲੋਕਾਂ ਨੂੰ ਜਾਗਰੂਕ ਕਰਨ ਲਈ ਕੇਡਰ ਕੈਂਪ ਲਾਏ ਜਾ ਰਹੇ ਹਨ ਤੇ ਵਿਸ਼ੇਸ਼ ਤੌਰ 'ਤੇ ਮਹਿਲਾਵਾਂ ਨੂੰ ਚੇਤਨ ਕੀਤਾ ਜਾ ਰਿਹਾ ਹੈ ਤਾਂ ਕਿ ਔਰਤ ਵਰਗ ਨੂੰ ਵੀ ਬਰਾਬਰ ਦੇ ਹੱਕ ਹਕੂਕ ਮਿਲ ਸਕਣ।ਸੀਨੀਅਰ ਉਪ ਪ੍ਰਧਾਨ ਧਾਲੀਵਾਲ ਨੇ ਕਿਹਾ ਕਿ ਅਸਪਾ ਦੀ ਸਰਕਾਰ ਬਣਨ ਤੇ ਬਜ਼ੁਰਗਾਂ, ਵਿਧਵਾਵਾਂ ਤੇ ਅੰਗਹੀਣਾਂ ਨੂੰ 5100 ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦਿੱਤੀ ਜਾਵੇਗੀ, ਗਰੀਬ ਪਰਿਵਾਰਾਂ ਦੀਆਂ ਲੜਕੀਆਂ ਦੇ ਵਿਆਹ ਤੇ ਸ਼ਗਨ ਸਕੀਮ ਤਹਿਤ ਇੱਕ ਲੱਖ ਇਕਵੰਜਾ ਹਜ਼ਾਰ ਰੁਪਏ ਦੀ ਰਾਸ਼ੀ ਵਿਆਹ ਤੋਂ ਇਕ ਮਹੀਨਾ ਪਹਿਲਾਂ ਸੰਬੰਧਿਤ ਪਰਿਵਾਰ ਦੇ ਖਾਤੇ ਵਿੱਚ ਆਨਲਾਈਨ ਜਮ੍ਹਾਂ ਕਰਵਾ ਦਿੱਤੀ ਜਾਵੇਗੀ।ਸਤਿੰਦਰ ਕੌਰ ਧਾਲੀਵਾਲ ਨੇ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਦੀ ਹਾਈਕਮਾਂਡ ਨੇ ਕੁੱਝ ਹਮ ਖਿਆਲੀ ਰਾਜਨੀਤਕ ਪਾਰਟੀਆਂ ਤੇ ਸਮਾਜਿਕ ਜਥੇਬੰਦੀਆਂ ਨਾਲ ਰਾਬਤਾ ਕਾਇਮ ਕੀਤਾ ਹੋਇਆ ਹੈ ਤਾਂ ਕਿ ਇਕ ਪ੍ਰਭਾਵਸ਼ਾਲੀ ਗਠਜੋੜ ਬਣਾਕੇ ਰਵਾਇਤੀ ਪਾਰਟੀਆਂ ਨੂੰ ਟੱਕਰ ਦਿੱਤੀ ਜਾ ਸਕੇ।ਧਾਲੀਵਾਲ ਨੇ ਦੱਸਿਆ ਕਿ ਹੋਣ ਵਾਲਾ ਸੰਭਾਵੀ ਰਾਜਸੀ ਗੱਠਜੋੜ ਗਰੀਬ ਲੋਕਾਂ ਲਈ ਵਰਦਾਨ ਸਾਬਿਤ ਹੋਵੇਗਾ।ਸੀਨੀਅਰ ਉਪ ਪ੍ਰਧਾਨ ਪੰਜਾਬ ਧਾਲੀਵਾਲ ਨੇ ਕਿਹਾ ਔਰਤਾਂ ਨੂੰ ਰਾਜਨੀਤਕ ਪ੍ਰਤੀਨਿਧਤਾ ਦੇਣ ਲਈ 35 ਪ੍ਰਤੀਸ਼ਤ ਵਿਧਾਨ ਸਭਾ ਦੀਆਂ ਟਿਕਟਾਂ ਦਿੱਤੀਆਂ ਜਾਣਗੀਆਂ।ਇਸ ਮੌਕੇ ਚੰਦਨਪ੍ਰੀਤ ਕੌਰ ਅਲਕਾ ਹਲਕਾ ਇੰਚਾਰਜ ਜ਼ੀਰਾ, ਸਿਮਰਜੀਤ ਕੌਰ ਕੁਮਗਰ ਬਲਾਕ ਪ੍ਰਧਾਨ ਘੱਲ ਖੁਰਦ, ਗੁਰਚਰਨ ਸਿੰਘ ਕੁਮਗਰ ਜ਼ਿਲ੍ਹਾ ਉਪ ਪ੍ਰਧਾਨ ਤੇ ਰਾਜ ਕੁਮਾਰ ਜ਼ਿਲ੍ਹਾ ਸਕੱਤਰ ਫਿਰੋਜ਼ਪੁਰ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਬਿਜਲੀ ਮੁਲਾਜ਼ਮਾਂ ਤੇ ...

ਰਕਮ ਉਪਰ 12 ਪ੍ਰਤੀਸ਼ਤ ਵਿਆਜ ਦੀ ਜਬਰੀ ਵਸੂਲੀ ਕਰਨ ਦੇ ਪੱਤਰ ਜਾਰੀ ਕਰਕੇ ਕਾਮਿਆਂ ਨੂੰ ਪਰੇਸ਼ਾਨ ਕੀਤਾ ਜਾ ਰਿਹਾ ਹੈ ਪਰ ਮੁਲਾਜ਼ਮ ਵਿਰੋਧੀ ਪਾਲਿਸੀ ਵਿੱਚ ਬਣਦੀ ਸੋਧ ਨਹੀਂ ਕੀਤੀ ਜਾ ਰਹੀ, ਸੋਧੇ ਸਕੇਲ ਲਾਗੂ ਹੋਣ ਤੋਂ ਬਾਅਦ ਤਰੱਕੀ ਪਾ ਰਹੇ ਕਾਮਿਆਂ ਨੂੰ ਪੇ ਬੈਂਡ ਤੋਂ ਬਿਨਾਂ ਤਨਖਾਹ ਦਿੱਤੀ ਜਾ ਰਹੀ ਹੈ, ਗਰਿੱਡ ਸਟਾਫ, ਜੇ ਈ ਕੇਡਰ ਅਤੇ ਫੀਲਡ ਸਟਾਫ ਦੀਆਂ ਮੁਸ਼ਕਲਾਂ ਦਾ ਹੱਲ ਜਾਣਬੁੱਝ ਕੇ ਨਹੀਂ ਕੀਤਾ ਜਾ ਰਿਹਾ, ਆਨੇ ਬਹਾਨੇ ਕਰਮਚਾਰੀਆਂ ਦੀਆਂ ਸਿਆਸੀ ਅਧਾਰ 'ਤੇ ਕੀਤੀਆਂ ਨਜਾਇਜ਼ ਬਦਲੀਆਂ ਰੱਦ ਨਹੀਂ ਕੀਤੀਆਂ ਗਈਆਂ, ਵੱਖ ਵੱਖ ਸੀ ਆਰ ਏ ਰਾਹੀਂ ਭਰਤੀ ਲਾਈਨਮੈਨ/ਐਸ ਐਸ ਏ ਕਰਮਚਾਰੀਆਂ ਦੇ ਕੰਟਰੈਕਟ ਸਮੇਂ ਦਾ ਲਾਭ ਨਾ ਦੇ ਕੇ ਮੁਲਾਜ਼ਮ ਵਰਗ ਨਾਲ ਧੱਕੇਸ਼ਾਹੀ ਕੀਤੀ ਜਾ ਰਹੀ ਹੈ, ਪੈਨਸ਼ਨਰਾਂ ਦੀ ਵਿਕਾਸ ਟੈਕਸ ਦੇ ਨਾਂ 'ਤੇ ਹਰੇਕ ਮਹੀਨੇ ਧੱਕੇ ਨਾਲ 200 ਰੁਪਏ ਦੀ ਕੀਤੀ ਜਾ ਰਹੀ ਕਟੌਤੀ ਬੰਦ ਨਹੀਂ ਕੀਤੀ ਜਾ ਰਹੀ, ਨਵੀਂ ਰੈਗੂਲਰ ਭਰਤੀ ਕਰਨ ਦੀ ਬਜਾਏ ਸੇਵਾ ਮੁਕਤ ਕਰਮਚਾਰੀਆਂ ਨੂੰ ਮੁੜ ਠੇਕੇ 'ਤੇ ਰੱਖਿਆ ਜਾ ਰਿਹਾ ਹੈ। ਇਸੇ ਤਰ੍ਹਾਂ ਏ ਈ ਦੀ ਡਿਗਰੀ ਹੋਲਡਰ ਕੋਟੇ ਵਿੱਚ ਵਾਧੇ ਦੀ ਮੰਗ ਲਾਗੂ ਕਰਨ, ਭੱਤਿਆਂ ਵਿੱਚ ਵਾਧਾ ਕਰਨ, ਪਾਵਰਕਾਮ ਅਤੇ ਟ੍ਰਾਂਸਕੋ ਦੀਆਂ ਮਹਿਕਮਾਨਾ ਇਮਾਰਤਾਂ ਦੀ ਤਰਸਯੋਗ ਹਾਲਤ ਵਿੱਚ ਸੁਧਾਰ ਕਰਨ, ਦਫਤਰੀ ਕਰਮਚਾਰੀਆਂ ਲਈ ਵਾਤਾਵਰਣ ਦੇ ਅਨਕੂਲ ਦਫਤਰਾਂ ਵਿੱਚ ਬੈਠਣ ਦਾ, ਪੀਣ ਵਾਲੇ ਪਾਣੀ ਦਾ ਅਤੇ ਮਹਿਲਾ ਕਰਮਚਾਰੀਆਂ ਲਈ ਵੱਖਰੇ ਵਾਸ਼ਰੂਮਾਂ ਦਾ ਢੁਕਵਾਂ ਪ੍ਰਬੰਧ ਕਰਨ ਆਦਿ ਮੰਗਾਂ ਵੱਲ ਮੈਨੇਜਮੈਂਟ ਧਿਆਨ ਨਹੀਂ ਦੇ ਰਹੀ । ਜਿਸ ਦੇ ਰੋਸ ਵਜੋਂ ਬਿਜਲੀ ਕਰਮਚਾਰੀਆਂ ਵੱਲੋਂ 11 ਅਪਰੈਲ ਤੋਂ 25 ਅਪਰੈਲ ਤੱਕ ਵਰਕ ਟੂ ਰੂਲ ਅਨੁਸਾਰ ਸਿਰਫ ਆਪਣੀ ਬਣਦੀ ਡਿਊਟੀ ਕਰਨ ਉਪਰੰਤ ਮਈ ਦੇ ਦੂਸਰੇ ਹਫਤੇ ਮੰਗਾਂ ਦੀ ਪ੍ਰਾਪਤੀ ਲਈ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ ਸੂਬਾ ਪੱਧਰੀ ਰੋਸ ਧਰਨਾ ਦੇ ਕੇ ਰੋਹ ਭਰਪੂਰ ਮੁਜ਼ਾਹਰਾ ਕੀਤਾ ਜਾਵੇਗਾ । ਆਗੂਆਂ ਨੇ ਕਿਹਾ ਕਿ ਬਿਜਲੀ ਕਾਮੇ ਅਤੇ ਪੈਨਸ਼ਨਰ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੀਆਂ ਗਿੱਦੜ ਭਬਕੀਆਂ ਦੀ ਪ੍ਰਵਾਹ ਕੀਤੇ ਬਗੈਰ ਕੀਤੀ ਵਾਅਦਾ ਖਿਲਾਫ਼ੀ ਵਿਰੁੱਧ ਸੰਘਰਸ਼ ਨੂੰ ਤਿੱਖਾ ਕਰਨ ਲਈ ਬਿਜਲੀ ਕਾਮੇ ਜੂਨ ਦੇ ਦੂਸਰੇ ਹਫਤੇ ਦੋ ਰੋਜ਼ਾ ਮੁਕੰਮਲ ਹੜਤਾਲ ਕਰਕੇ ਪਾਵਰ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਦੇ ਮੁਲਾਜ਼ਮ ਅਤੇ ਪੈਨਸ਼ਨਰ ਵਿਰੋਧੀ ਰੁੱਖੇ ਰਵੱਈਏ ਖਿਲਾਫ਼ ਚਲ ਰਹੇ ਸੰਘਰਸ਼ ਨੂੰ ਤੇਜ਼ ਕੀਤਾ ਜਾਵੇਗਾ । ਰੋਸ ਧਰਨੇ ਦੇ ਅਖੀਰ 'ਤੇ ਮੈਨੇਜਮੈਂਟ ਦੇ ਅੱਖੜ ਰਵੱਈਏ ਖਿਲਾਫ਼ ਧਰਨਾਕਾਰੀਆਂ ਨੇ ਰੋਹ ਵਿੱਚ ਆ ਕੇ ਬਿਜਲੀ ਮੰਤਰੀ ਸੰਜੀਵ ਅਰੋੜਾ ਅਤੇ ਸੀ ਐਮ ਡੀ ਬਸੰਤ ਗਰਗ ਆਈ ਏ ਐਸ ਦੀ ਪਾਵਰਕਾਮ ਦੇ ਦਫਤਰ ਵਿੱਚ ਆਮਦ 'ਤੇ ਮੁੱਖ ਦਫ਼ਤਰ ਦੇ ਗੇਟਾਂ 'ਤੇ ਜ਼ੋਰਦਾਰ ਨਾਅਰੇਬਾਜ਼ੀ ਕਰਕੇ ਕੀਤੇ ਪ੍ਰਦਰਸ਼ਨ ਤੋਂ ਉਤਪੰਨ ਹੋਈ ਸਥਿਤੀ ਦੇ ਮੱਦੇਨਜ਼ਰ ਜਥੇਬੰਦੀਆਂ ਨੂੰ 16 ਅਪਰੈਲ ਨੂੰ ਉਦਯੋਗ ਭਵਨ ਚੰਡੀਗੜ੍ਹ ਬਿਜਲੀ ਮੰਤਰੀ ਦੀ ਪ੍ਰਧਾਨਗੀ ਹੇਠ ਮੁਲਾਜ਼ਮ ਅਤੇ ਪੈਨਸ਼ਨਰ ਮਸਲਿਆਂ ਦੇ ਹੱਲ ਲਈ ਮੀਟਿੰਗ ਕਰਨ ਦਾ ਲਿਖਤੀ ਸੱਦਾ ਪੱਤਰ ਦੇਣ 'ਤੇ ਧਰਨਾਕਾਰੀਆਂ ਨੇ ਪ੍ਰਦਰਸ਼ਨ ਖਤਮ ਕਰ ਦਿੱਤਾ।

### 155 ਲੱਖ ਟਨ ਚੌਲ...

ਗਿਆ ਹੈ ਕਿ ਜੇਕਰ ਈ ਪੀ ਐੱਫ ਅਧਿਕਾਰੀਆਂ ਦੁਆਰਾ ਕੋਈ ਦੇਣਦਾਰੀ ਨਿਰਧਾਰਤ ਕੀਤੀ ਜਾਂਦੀ ਹੈ, ਤਾਂ ਆੜ੍ਹਤੀਏ ਇਸਨੂੰ ਪੂਰਾ ਕਰਨਗੇ। ਉਨ੍ਹਾਂ ਜ਼ੋਰ ਦੇ ਕੇ ਕਿਹਾ, ਇਸ ਲਈ ਈ ਪੀ ਐੱਫ ਦੇ ਹਿਸਾਬ ਨਾਲ ਲੇਬਰ ਚਾਰਜ ਦਾ 30 ਫ਼ੀਸਦ ਆਪਣੇ ਕੋਲ ਰੱਖਣਾ ਕਿਸੇ ਵੀ ਢੰਗ ਨਾਲ ਸਹੀ ਨਹੀਂ ਹੈ। ਕੇਂਦਰੀ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਐਫਸੀਆਈ ਨੂੰ ਰਾਜ ਏਜੰਸੀਆਂ ਵਾਂਗ ਹਲਫੀਆ ਬਿਆਨ ਲੈ ਕੇ ਭੁਗਤਾਨ ਜਾਰੀ ਕਰਨ ਲਈ ਨਿਰਦੇਸ਼ ਦੇਣ।

## ਵਿਧਾਇਕ ਜੌੜਾਮਾਜਰਾ ਦੀ ਕੋਠੀ ਅੱਗੇ ਲੱਗਾ ਧਰਨਾ ਸਮਾਪਤ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਬਾਬਾ ਬੰਦਾ ਸਿੰਘ ਬਹਾਦਰ ਚੌਕ ਸਮਾਣਾ ਵਿੱਚ ਲੱਗੇ ਹੋਏ ਧਰਨੇ ਦੌਰਾਨ ਇੱਕ ਕਿਸਾਨ ਦੀ ਮੌਤ ਹੋਣ ਦੇ ਰੋਸ 'ਚ ਕਿਸਾਨ ਜਥੇਬੰਦੀਆਂ ਨੇ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਦੀ ਰਿਹਾਇਸ਼ ਅੱਗੇ ਧਰਨਾ ਲਗਾ ਦਿੱਤਾ ਸੀ, ਜਿਸ ਵਿੱਚ ਕਿਸਾਨ ਜਥੇਬੰਦੀਆਂ ਨੇ ਪੰਜਾਬ ਸਰਕਾਰ ਤੋਂ ਮ੍ਰਿਤਕ ਪਰਿਵਾਰ ਲਈ ਵੱਖ ਵੱਖ ਤਰ੍ਹਾਂ ਦੀ ਸਹਾਇਤਾ ਮੰਗੀ ਸੀ।ਵਿਧਾਇਕ ਜੌੜਾਮਾਜਰਾ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਅੱਜ ਇਹ ਧਰਨਾ ਚੁਕਵਾ ਦਿੱਤਾ ਹੈ। ਪਿਛਲੇ ਦਿਨੀਂ ਧਰਨੇ ਦੌਰਾਨ ਮੋਰਚੇ ਵਿੱਚ ਸ਼ਾਮਲ ਬਜ਼ੁਰਗ ਕਿਸਾਨ ਗੋਬਿੰਦ ਸਿੰਘ (70 ਸਾਲ) ਪਿੰਡ ਚੱਠਾ ਨਨਹੇੜਾ ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ।ਕਿਸਾਨ ਆਗੂਆਂ ਨੇ ਮ੍ਰਿਤਕ ਕਿਸਾਨ ਦੇ ਪਰਿਵਾਰ ਲਈ ਮਦਦ ਦੀ ਮੰਗ ਕੀਤੀ ਸੀ।ਵਿਧਾਇਕ ਦੀ ਰਿਹਾਇਸ਼ ਅੱਗੇ ਲੱਗੇ ਧਰਨੇ ਨੂੰ ਸਮਾਪਤ ਕਰਵਾਉਂਦਿਆਂ ਵਿਧਾਇਕ ਚੇਤਨ ਸਿੰਘ ਨੇ ਮੁੱਖ ਮੰਤਰੀ ਰਿਲੀਫ਼ ਫੰਡ ਤੋਂ 5 ਲੱਖ ਰੁਪਏ ਦਾ ਚੈੱਕ ਮ੍ਰਿਤਕ ਕਿਸਾਨ ਦੇ ਪਰਿਵਾਰ ਨੂੰ ਦਿੱਤਾ।ਉਨ੍ਹਾਂ ਪਰਿਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਤੇ ਕਰਜ਼ਾ ਮਾਫ ਕਰਨ ਦਾ ਐਲਾਨ ਵੀ ਕੀਤਾ।ਧਰਨੇ ਦੌਰਾਨ ਐੱਸ.ਡੀ.ਐੱਮ. ਰਿਚਾ ਗੋਇਲ, ਡੀ.ਐੱਸ.ਪੀ. ਫਤਹਿ ਸਿੰਘ ਬਰਾੜ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਦੇਵ ਸਿੰਘ ਟਿਵਾਣਾ ਤੇ ਕਿਸਾਨ ਜਥੇਬੰਦੀਆਂ ਦੇ ਆਗੂ ਹਾਜ਼ਰ ਰਹੇ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਨਿੱਜਰਪੁਰਾ ਟੋਲ ਪਲਾਜ਼ੇ 'ਤੇ ਕਿਸਾਨਾਂ ਵੱਲੋਂ ਵਿਰੋਧ ਪ੍ਰਦਰਸ਼ਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਿਕ ਦੇ ਸੱਦੇ ਤੇ ਕਿਸਾਨ ਸੰਘਰਸ਼ ਕਮੇਟੀ ਪੰਜਾਬ ਕੋਟ ਬੁੱਢਾ ਪੰਜਾਬ



ਕਿਸਾਨ ਮਜ਼ਦੂਰ ਯੂਨੀਅਨ ਨੌਜਵਾਨ ਸੰਘਰਸ਼ ਕਮੇਟੀ ਬੀਕੇਯੂ ਮਝੈਲ ਦੇ ਆਗੂਆਂ ਵੱਲੋਂ 4 ਘੰਟੇ ਵਾਸਤੇ ਟੋਲ ਪਲਾਜ਼ਾ ਫ੍ਰੀ ਕੀਤਾ ਗਿਆ ਜਿਸ ਦੀ ਅਗਵਾਈ ਸੂਬਾ ਆਗੂ ਸਰਬਜੀਤ ਸਿੰਘ ਰਾਮਪੁਰਾ, ਹੀਰਾ ਸਿੰਘ ਮਝੈਲ, ਨਰਿੰਦਰ ਪਾਲ ਸਿੰਘ ਭੰਗੂ, ਬਲਦੇਵ ਸਿੰਘ ਕਲੇਰ, ਮੰਗਲ ਸਿੰਘ ਰਾਮਪੁਰਾ ਕੀਤੀ। ਇਸ ਮੌਕੇ ਕਿਸਾਨ ਆਗੂਆਂ ਬੋਲਦਿਆਂ ਕਿਹਾ ਕਿ ਪਿਛਲੇ ਦਿਨੀਂ ਹੋਏ ਭਾਰਤ ਅਮਰੀਕਾ ਕਰ ਮੁਕਤ ਵਪਾਰ ਸਮਝੌਤੇ ਦਾ ਦੱਬ ਕੇ ਵਿਰੋਧ ਕਰਦੇ ਹਾਂ। ਆਗੂ ਇੰਦਰਜੀਤ ਸਿੰਘ ਕੋਟ ਬੁੱਢਾ, ਸੁਖਜੀਤ ਸਿੰਘ ਹਰਦੋ ਝੰਡੇ, ਬਚਿੱਤਰ ਸਿੰਘ ਕੋਟਲਾ, ਗੁਰਸੇਵਕ ਸਿੰਘ ਧਾਰੀਵਾਲ, ਗੁਰ ਸਾਹਿਬ ਸਿੰਘ ਚਾਟੀ ਵਿੰਡ ਨੇ ਕਿਹਾ ਕਿ ਭਾਰਤ ਅਮਰੀਕਾ ਡੀਲ ਨਾਲ ਭਾਰਤ ਦੀ ਕਿਸਾਨੀ ਅਤੇ ਸਹਾਇਕ ਧੰਦੇ ਜਿਵੇਂ ਮੱਛੀ ਪਾਲਕ, ਡੇਅਰੀ ਫਾਰਮਿੰਗ ਬਰਬਾਦ ਹੋ ਜਾਣਗੇ। ਕਿਸਾਨ ਪਹਿਲਾਂ ਹੀ ਮੰਦਹਾਲੀ ਦੀ ਜ਼ਿੰਦਗੀ ਜੀ ਰਹੇ ਹਨ। ਪਿਛਲੇ ਦਿਨੀਂ ਪੰਜਾਬ ਵਿੱਚ ਹੋਈ ਗੜੇਮਾਰੀ ਦੌਰਾਨ ਕਿਸਾਨਾਂ ਦਾ ਵੱਡਾ ਨੁਕਸਾਨ ਹੋਇਆ। ਸਰਕਾਰ ਭਰਭਾਈ ਕਰੇ। ਅੱਗੇ ਤੋਂ ਫਸਲੀ ਬੀਮਾ ਯੋਜਨਾ ਸ਼ੁਰੂ ਕਰੇ ਸਰਕਾਰ। ਕਿਸਾਨੀ ਅੰਦੋਲਨ ਦੀਆਂ ਰਹਿੰਦੀਆਂ ਮੰਗਾਂ 'ਤੇ ਸਰਕਾਰ ਗੌਰ ਕਰੇ, ਕਾਰਪੋਰੇਟ ਸੈਕਟਰ ਨੂੰ ਦਿੱਤੀਆਂ ਜਾ ਰਹੀਆਂ ਸਬਸਿਡੀਆਂ ਦੀ ਤਰਜ਼ 'ਤੇ ਕਿਸਾਨਾ ਨੂੰ ਕਰਜ਼ਾ ਮੁਕਤ ਕਰੇ। ਇਨ੍ਹਾਂ ਸਾਰੀਆਂ ਮੰਗਾਂ ਨੂੰ ਲੈ ਕੇ ਨਿੱਜਰਪੁਰਾ ਟੋਲ ਪਲਾਜ਼ੇ ਤੇ ਭਾਰਤ ਸਰਕਾਰ ਤੇ ਪੰਜਾਬ ਸਰਕਾਰ ਦੇ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਆਗੂਆਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਮੋਰਚੇ ਵੱਲੋਂ ਆਇਆ ਪ੍ਰੋਗਰਾਮ ਲਾਗੂ ਕਰਕੇ ਸਰਕਾਰ ਖਿਲਾਫ ਅੰਦੋਲਨ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਭੇਜ ਸਿੰਘ, ਸੋਨੂ ਮਾਹਲ, ਦਵਿੰਦਰ ਸਿੰਘ ਫਿਰੋਜ਼ਪੁਰ, ਜੀ. ਐੱਸ. ਰੰਧਾਵਾ. ਕੁਲਦੀਪ ਸਿੰਘ ਚਵਿੰਡਾ, ਤਰਸੇਮ ਸਿੰਘ ਚਾਚੋਵਾਲੀ, ਬਲਵੰਤ ਸਿੰਘ ਪੰਡੋਰੀ, ਅੰਗਰੇਜ਼ ਸਿੰਘ ਚਾਟੀਵਿੰਡ, ਮੇਜਰ ਸਿੰਘ ਰਾਮਪੁਰਾ, ਸਤਨਾਮ ਸਿੰਘ ਜੰਡਿਆਲਾ, ਹਰਪ੍ਰੀਤ ਸਿੰਘ ਪੰਡੋਰੀ, ਰੁਪਿੰਦਰਜੀਤ ਸਿੰਘ ਸੁਲਤਾਨਵਿੰਡ, ਪ੍ਰਗਟ ਸਿੰਘ, ਹਰਕਵਲ ਸਿੰਘ ਹਰਪਾਲ ਸਿੰਘ ਆਗੂਆਂ ਨੇ ਸੰਬੋਧਨ ਕੀਤਾ।

# ਮੁੰਡੀਆਂ ਨੇ ਤਹਿਸੀਲਦਾਰਾਂ ਤੇ ਨਾਇਬ ਤਹਿਸੀਲਦਾਰਾਂ ਨੂੰ ਤਰੱਕੀ ਪੱਤਰ ਸੌਂਪੇ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਮਾਲ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਪੰਜਾਬ ਭਵਨ ਵਿਖੇ ਨਵੇਂ ਤਰੱਕੀ ਪ੍ਰਾਪਤ ਮਾਲ ਅਧਿਕਾਰੀਆਂ ਨੂੰ ਤਰੱਕੀ ਪੱਤਰ ਸੌਂਪੇ।

ਮਾਲ ਮੰਤਰੀ ਨੇ ਸੀਨੀਆਰਤਾ ਦੇ ਆਧਾਰ 'ਤੇ ਤਰੱਕੀ ਪ੍ਰਾਪਤ ਕਰਨ ਵਾਲੇ 14 ਤਹਿਸੀਲਦਾਰਾਂ ਤੇ 13 ਨਾਇਬ ਤਹਿਸੀਲਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਤਰੱਕੀਆਂ ਸੂਬੇ ਵਿੱਚ ਮਾਲ ਪ੍ਰਸ਼ਾਸਨ ਨੂੰ ਹੋਰ ਮਜ਼ਬੂਤ ਬਣਾਉਣ ਸਣੇ ਅਧਿਕਾਰੀਆਂ ਦੀ ਲਗਨ ਤੇ ਸਾਲਾਂ ਦੀ ਸੇਵਾ ਦਾ ਬਣਦਾ ਹੱਕ ਹਨ।

# ਲੁੱਟ-ਖੋਹ ਕਰਨ ਵਾਲੇ ਗਰੋਹ ਤੋਂ 10 ਮੋਬਾਇਲ ਤੇ 2 ਚਾਕੂ ਬਰਾਮਦ

**ਅੰਮ੍ਰਿਤਸਰ (ਵਿਜੇ ਸ਼ਰਮਾ)**- ਸਪੈਸ਼ਲ ਡੀ.ਜੀ.ਪੀ. ਰੇਲਵੇਜ਼ ਪੰਜਾਬ ਦੀਆਂ ਹਦਾਇਤਾਂ ਮੁਤਾਬਿਕ ਜੀ.ਆਰ.ਪੀ ਅੰਮ੍ਰਿਤਸਰ ਵੱਲੋਂ ਰੇਲਵੇ ਸਟੇਸ਼ਨ ਅੰਮ੍ਰਿਤਸਰ ਅਤੇ ਰੇਲਗੱਡੀਆਂ ਵਿੱਚ ਯਾਤਰੀਆਂ ਕੋਲੋਂ ਕੀਮਤੀ ਸਮਾਨ ਅਤੇ ਮੋਬਾਇਲ ਫੋਨਾਂ ਆਦਿ ਦੀ ਚੋਰੀ/ਖੋਹ ਕਰਨ ਵਾਲੇ ਅਨਸਰਾਂ ਖਿਲਾਫ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਇਸੇ ਲੜੀ ਦੇ ਤਹਿਤ 8 ਅਪ੍ਰੈਲ ਨੂੰ ਐਸ ਆਈ ਜਗਦੀਸ਼ ਸਿੰਘ ਏ ਆਈ ਜੀ ਸਮੇਤ ਜੀ.ਆਰ.ਪੀ ਅਤੇ ਆਰ ਪੀ ਐਫ ਸਟਾਫ ਚੈਕਿੰਗ ਕਰ ਰਹੇ ਸੀ ਤਾਂ ਉਹਨਾਂ ਨੂੰ ਸੂਚਨਾ ਮਿਲੀ ਕਿ ਭੰਡਾਰੀ ਪੁਲ ਦੇ ਥੱਲੇ ਚੋਰੀ/ਲੁੱਟ ਖੋਹ ਦੀ ਵਾਰਦਾਤ ਕਰਨ ਵਾਲਾ ਗਰੋਹ ਮੌਜੂਦ ਹੈ ਜੋ ਚੋਰੀ ਅਤੇ ਲੁੱਟ ਖੋਹ ਦੀਆਂ ਵਾਰਦਾਤਾਂ ਨੂੰ ਅੰਜਾਮ ਦੇਣ ਲਈ ਸਲਾਹ ਮਸ਼ਵਰਾ ਕਰ ਰਹੇ ਹਨ। ਇਸ 'ਤੇ ਐਸ ਆਈ ਜਗਦੀਸ਼ ਸਿੰਘ ਨੇ ਪੁਲਸ ਪਾਰਟੀ ਦੀਆਂ ਦੋ ਟੀਮਾਂ ਬਣਾ ਕੇ ਉਕਤ ਗਰੋਹ ਦੇ ਮੈਂਬਰਾਂ ਨੂੰ ਘੇਰਾ ਪਾ ਕੇ ਕਾਬੂ ਕੀਤਾ ਜਿਨ੍ਹਾਂ ਦੀ ਤਲਾਸ਼ੀ ਲੈਣ 'ਤੇ ਹਰਪ੍ਰੀਤ ਸਿੰਘ ਉਰਫ ਹੈਪੀ ਪੁੱਤਰ ਲਖਵਿੰਦਰ ਸਿੰਘ ਉਕਤ ਦੀ ਪਹਿਨੀ ਹੋਈ ਪੈਂਟ ਦੀ ਸੱਜੀ ਜੇਬ ਵਿੱਚੋਂ ਇੱਕ ਚਾਕੂ ਕਮਾਨੀਦਾਰ ਅਤੇ ਚੋਰੀ ਦੇ ਦੋ ਮੋਬਾਇਲ ਫੋਨ ਬ੍ਰਾਮਦ ਹੋਏ। ਮਨਦੀਪ ਕੁਮਾਰ ਉਰਫ ਨਿੱਕਾ ਪੁੱਤਰ ਲੇਟ ਨੰਦ ਲਾਲ ਉਕਤ ਦੀ ਪਹਿਨੀ ਹੋਈ ਪੈਂਟ ਦੀ ਸੱਜੀ ਜੇਬ ਵਿੱਚੋਂ ਇੱਕ ਚਾਕੂ ਕਮਾਨੀਦਾਰ ਅਤੇ ਚੋਰੀ/ਖੋਹ ਕੀਤੇ ਦੋ ਮੋਬਾਇਲ ਫੋਨ ਬ੍ਰਾਮਦ ਹੋਏ। ਦਿਲਬਾਗ ਸਿੰਘ ਉਰਫ ਜਾਨੀ ਪੁੱਤਰ ਗਿਆਨ ਸਿੰਘ ਉਕਤ ਦੀ ਪਹਿਨੀ ਪੈਂਟ



ਦੀ ਜੇਬ ਵਿੱਚੋਂ ਚੋਰੀ/ਖੋਹ ਕੀਤੇ ਤਿੰਨ ਮੋਬਾਇਲ ਫੋਨ ਬ੍ਰਾਮਦ ਹੋਏ। ਅਕਾਸ਼ ਪੁੱਤਰ ਰਾਕੇਸ਼ ਉਕਤ ਲਿਖਤ ਦੀ ਪੈਂਟ ਦੀਆਂ ਜੇਬਾਂ ਵਿੱਚੋਂ ਚੋਰੀ/ਖੋਹ ਕੀਤੇ ਤਿੰਨ ਮੋਬਾਇਲ ਫੋਨ ਬ੍ਰਾਮਦ ਹੋਏ। ਐਸ ਐਚ ਓ ਸੁਖਵਿੰਦਰ ਸਿੰਘ ਸਰਾਂ ਨੇ ਦੱਸਿਆ ਕਿ ਪਿਛਲੇ ਕੁੱਝ ਸਮੇਂ ਤੋਂ ਰੇਲ ਗੱਡੀਆਂ ਅਤੇ ਰੇਲਵੇ ਸਟੇਸ਼ਨ 'ਤੇ ਚੋਰੀ/ਖੋਹ ਕਰਨ ਵਾਲਾ ਗਰੋਹ ਸਰਗਰਮ ਸੀ ਜਿਸ ਨੂੰ ਕਾਬੂ ਕਰਨ ਵਾਸਤੇ ਦਿਨ ਰਾਤ ਨੂੰ ਸਪੈਸ਼ਲ ਟੀਮਾਂ ਬਣਾ ਕੇ ਨਾਕੇ ਲਗਾਏ ਗਏ। ਜਿਸ ਵਿੱਚ ਸਫਲਤਾ ਹਾਸਲ ਕਰਦੇ ਹੋਏ ਉਕਤ ਗਰੋਹ ਨੂੰ ਕਾਬੂ ਕਰਨ ਵਿੱਚ ਕਾਮਯਾਬ ਹੋਏ ਹਾਂ।

# ਕਾਮਰੇਡ ਜੁਗਿੰਦਰ ਸਿੰਘ ਰਾਮਪੁਰ ਨਰੋਤਮਪੁਰ ਦਾ ਦਿਹਾਂਤ

ਖਡੂਰ ਸਾਹਿਬ (ਨਜ਼ਸ)-ਕਾਮਰੇਡ ਜੁਗਿੰਦਰ ਸਿੰਘ ਰਾਮਪੁਰ ਨਰੋਤਮਪੁਰ ਦਾ ਪਿਛਲੇ ਦਿਨੀਂ ਦਿਹਾਂਤ ਹੋ ਗਿਆ ਅਤੇ ਉਹ ਆਪਣੇ ਪਿੱਛੇ ਆਪਣੀ ਧਰਮ ਪਤਨੀ ਬਲਜੀਤ ਕੌਰ, ਦੋ ਲੜਕੇ ਤਰਸੇਮ ਸਿੰਘ, ਗੁਰਮੇਜ ਸਿੰਘ ਅਤੇ ਤਿੰਨ ਲੜਕੀਆਂ ਛੱਡ ਗਏ ਹਨ।ਉਨ੍ਹਾਂ ਨਮਿੱਤ ਰੱਖਵਾਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਇਸ ਮੌਕੇ ਰਾਗੀ ਸਿੰਘਾਂ ਨੇ ਵੈਰਾਗਮਈ ਕੀਰਤਨ ਗਾਇਨ ਕੀਤਾ।ਜੁਗਿੰਦਰ ਸਿੰਘ ਲੰਮਾ ਸਮਾਂ ਸੀ. ਪੀ. ਆਈ. ਬਲਾਕ ਖਡੂਰ ਸਾਹਿਬ ਦੇ ਮੈਂਬਰ ਰਹੇ।ਉਹ ਕੁੱਲ ਹਿੰਦ ਕਿਸਾਨ ਸਭਾ ਦੇ ਸਰਗਰਮ ਮੈਂਬਰ ਸਨ।ਉਨ੍ਹਾਂ ਨੂੰ ਨਾਮੁਰਾਦ ਬਿਮਾਰੀ ਅਧਰੰਗ ਦਾ ਅਟੈਕ ਹੋਣ ਨਾਲ ਲੰਬਾ ਸਮਾਂ ਬੈੱਡ 'ਤੇ ਗੁਜ਼ਾਰਨਾ ਪਿਆ।ਘਰ ਵਾਲਿਆਂ ਨੇ ਪੂਰਾ ਇਲਾਜ ਕਰਾਉਣ ਦੇ ਅੰਤਿਮ ਸਾਹਾਂ ਤੱਕ ਯਤਨ ਜਾਰੀ ਰੱਖੇ ਪਰ ਆਖਿਰ ਜਨ ਘਾਤਕ ਬਿਮਾਰੀ ਨੇ ਉਨ੍ਹਾਂ ਨੂੰ ਨਿਗਲ ਲਿਆ।ਕਾਮਰੇਡ ਜੋਗਿੰਦਰ ਸਿੰਘ ਨੇ 2010 'ਚ ਕਾਮਰੇਡ ਸਵਰਨ ਨਾਗੋਕੇ ਅਤੇ ਗੁਰਦਿਆਲ ਸਿੰਘ ਖਡੂਰ ਸਾਹਿਬ ਨਾਲ ਪਾਰਟੀ ਅੰਦੋਲਨ ਦੌਰਾਨ 8 ਦਿਨ ਅੰਮ੍ਰਿਤਸਰ ਜੇਲ ਵੀ ਕੱਟੀ ਸੀ।ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰੇਤ ਮੈਂਬਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਜ਼ਿਲ੍ਹਾ ਸਹਾਇਕ ਸਕੱਤਰ ਗੁਰਦਿਆਲ ਸਿੰਘ ਖਡੂਰ ਸਾਹਿਬ, ਬਲਾਕ ਸਕੱਤਰ ਬਲਜੀਤ ਸਿੰਘ ਫਤਿਆਬਾਦ, ਆਮ ਆਦਮੀ ਪਾਰਟੀ ਹਲਕਾ ਬਾਬਾ ਬਕਾਲਾ ਤੋਂ ਵਿਧਾਇਕ ਦਲਬੀਰ ਸਿੰਘ ਟੌਂਗ, ਨਰੋਤਮਪੁਰ ਦੇ ਸਰਪੰਚ ਰਾਜਬੀਰ ਸਿੰਘ, ਚਰਨ ਸਿੰਘ ਜਲਾਲਾਬਾਦ, ਦਰਸ਼ਨ ਸਿੰਘ ਬਿਹਾਰੀਪੁਰ ਸਮੇਤ ਇਲਾਕਾ ਨਿਵਾਸੀ ਅਤੇ ਪਰਿਵਾਰਕ ਮੈਂਬਰ ਪੀੜਤ ਪਰਿਵਾਰ ਨਾਲ ਅਫਸੋਸ ਕਰਨ ਤੇ ਸਵਰਗੀ ਕਾਮਰੇਡ ਜੁਗਿੰਦਰ ਸਿੰਘ ਨੂੰ ਸ਼ਰਧਾਂਜਲੀ ਅਰਪਿਤ ਕਰਨ ਲਈ ਪਹੁੰਚੇ।



# ਸੇਂਟ ਸੋਵਰੇਨ ਕਾਨਵੈਂਟ ਸਕੂਲ ਚਵਿੰਡਾ ਦੇਵੀ ਦੇ ਬੱਚਿਆਂ ਨੇ ਜਿੱਤੇ ਮੈਡਲ



**ਚਵਿੰਡਾ ਦੇਵੀ (ਖ਼ੁਸ਼ਹਾਲ ਸੁੰਦਰ)**- ਸੇਂਟ ਸੋਵਰੇਨ ਕਾਨਵੈਂਟ ਸਕੂਲ ਚਵਿੰਡਾ ਦੇਵੀ ਦੇ ਬੱਚੇ ਜਿੱਥੇ ਵਿੱਦਿਅਕ ਖੇਤਰ ਵਿੱਚ ਮੱਲਾਂ ਮਾਰ ਰਹੇ ਹਨ ਉੱਥੇ ਉਹ ਵੱਖ- ਵੱਖ ਗਤੀਵਿਧੀਆਂ ਵਿੱਚ ਭਾਗ ਲੈ ਕੇ ਆਪਣੇ ਮਾਤਾ -ਪਿਤਾ ਅਤੇ ਸਕੂਲ ਦਾ ਨਾਂ ਰੋਸ਼ਨ ਕਰ ਰਹੇ ਹਨ। ਸਾਲ 2025 ਵਿੱਚ ਆਲ ਇੰਡੀਆ ਆਰਟ ਐਂਡ ਪਰਫੋਰਮੈਂਸ ਕੰਪਟੀਸ਼ਨ ਰੰਗ ਜੋ ਕਿ ਨਵੰਬਰ ਮਹੀਨੇ ਵਿੱਚ ਕਰਵਾਇਆ ਗਿਆ ਸੀ, ਇਸ ਵਿੱਚ ਬੱਚਿਆਂ ਨੇ ਆਰਟ ਅਤੇ ਲੇਖ ਲੇਖਣ ਵਿੱਚ ਭਾਗ ਲੈ ਕੇ 24 ਮੈਡਲ ਜਿੱਤ ਕੇ ਸਕੂਲ ਦੀ ਝੋਲੀ ਪਾਏ। ਆਰਟ ਵਿੱਚੋਂ ਵਿਦਿਆਰਥੀਆਂ ਨੇ 21 ਮੈਡਲ ਅਤੇ ਲੇਖ ਲੇਖਣ ਚੋਂ 3 ਮੈਡਲ ਜਿੱਤ ਕੇ ਸਕੂਲ ਦਾ ਨਾਂ ਰੋਸ਼ਨ ਕੀਤਾ। ਇਹ ਗਤੀਵਿਧੀ ਅਧਿਆਪਕਾ ਬਲਜੀਤ ਕੌਰ ਅਤੇ ਮੈਡਮ ਹਰਦੀਸ਼ ਕੌਰ ਦੀ ਅਗਵਾਈ ਹੇਠ ਕਰਵਾਈ ਗਈ। ਇਸ ਮੌਕੇ ਸਕੂਲ ਦੇ ਚੇਅਰਮੈਨ ਅਸ਼ਵਨੀ ਕਪੂਰ ਅਤੇ ਐੱਮ.ਡੀ ਕੋਮਲ ਕਪੂਰ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਇਆਂ ਪੜ੍ਹਾਈ ਦੇ ਨਾਲ ਨਾਲ ਵੱਖ-ਵੱਖ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕਰਦਿਆਂ ਹੋਇਆਂ ਭਵਿੱਖ ਵਿੱਚ ਵਿਦਿਆਰਥੀਆਂ ਨੂੰ ਹੋਰ ਤਰੱਕੀ ਕਰਨ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਸੇਂਟ ਸੋਵਰਨ ਕਾਨਵੈਂਟ ਸਕੂਲ ਦੇ ਪ੍ਰਿੰਸੀਪਲ ਨਿਤੀਕਾ ਸੇਠੀ , ਕੋਆਰਡੀਨੇਟਰ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

# ਬਾਬਾ ਬੁੱਢਾ ਕਾਲਜ ਦਾ ਬੀ ਸੀ ਏ/ਬੀ ਐੱਸ ਸੀ (ਆਈ ਟੀ) ਦਾ ਨਤੀਜਾ ਰਿਹਾ ਮਾਣਮੱਤਾ

**ਝਬਾਲ (ਮੱਖਣ ਮਨੋਜ)**- ਸੇਵਾ ਦੇ ਪੁੰਜ ਬਾਬਾ ਖੜਕ ਸਿੰਘ ਵੱਲੋਂ ਸਥਾਪਿਤ ਅਤੇ ਬਾਬਾ ਸੰਤੋਖ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੇ ਬਾਬਾ ਬੁੱਢਾ ਕਾਲਜ ਦੇ ਬੀ.ਸੀ.ਏ./ ਬੀ.ਐਸ.ਸੀ. (ਆਈ.ਟੀ.) ਪਹਿਲੇ ਸਮੈਸਟਰ ਦੀ ਪ੍ਰੀਖਿਆ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਨਤੀਜਾ ਐਲਾਨਿਆ ਗਿਆ ਜਿਸ ਵਿਚ ਕਾਲਜ ਦੀ ਪਾਸ ਪ੍ਰਤੀਸ਼ਿਤ ਸੌ ਫੀਸਦੀ ਰਹੀ। ਕਾਲਜ ਦੀ ਬੀ.ਸੀ.ਏ. ਕਲਾਸ ਦੀ ਵਿਦਿਆਰਥਣ ਅਵਨੀਤ ਕੌਰ ਨੇ 74.5% ਨਾਲ ਕਾਲਜ ਵਿਚੋਂ ਪਹਿਲਾ ਸਥਾਨ ਹਾਸਲ ਕੀਤਾ, ਕਮਲਪ੍ਰੀਤ ਕੌਰ ਨੇ 73% ਨਾਲ ਦੂਸਰਾ ਅਤੇ ਸੁਮਨਪ੍ਰੀਤ ਕੌਰ ਨੇ 70% ਨਾਲ ਤੀਸਰਾ ਸਥਾਨ ਹਾਸਲ ਕੀਤਾ। ਕਾਲਜ ਦੀ ਬੀ.ਐਸ.ਸੀ. (ਆਈ.ਟੀ.) ਕਲਾਸ ਦੀ ਵਿਦਿਆਰਥਣ ਸ਼ੁਭਰੀਤ ਕੌਰ ਨੇ 76.5% ਨਾਲ ਕਾਲਜ ਵਿਚੋਂ ਪਹਿਲਾ ਸਥਾਨ ਹਾਸਲ ਕੀਤਾ, ਕਿਰਨਜੀਤ ਕੌਰ ਨੇ 68.7% ਨਾਲ ਦੂਸਰਾ ਅਤੇ ਦਮਨਜੋਤ ਕੌਰ ਨੇ 65% ਨਾਲ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਕਰਨਜੀਤ ਸਿੰਘ ਬੇਦੀ ਨੇ ਪਾਸ ਹੋਏ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਅਤੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ । ਉਨ੍ਹਾਂ ਕੰਪਿਊਟਰ ਵਿਭਾਗ ਦੇ ਪ੍ਰੋਫੈਸਰ ਡਾ. ਅਮਰਬੀਰ ਸਿੰਘ ਅਤੇ ਪ੍ਰੋ. ਚੰਦਪ੍ਰੀਤ ਕੌਰ ਵੱਲੋਂ ਕੀਤੀ ਗਈ ਮਿਹਨਤ ਦੀ ਸ਼ਲਾਘਾ ਕੀਤੀ ਅਤੇ ਸਾਰੇ ਵਿਦਿਆਰਥੀਆਂ ਨੂੰ ਸਖਤ ਮਿਹਨਤ ਕਰਕੇ ਚੰਗੇ ਨਤੀਜੇ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ । ਇਸ ਮੌਕੇ ਡਾ. ਅਮਰਬੀਰ ਸਿੰਘ (ਪ੍ਰੋ. ਕੰਪਿਊਟਰ ਸਾਇੰਸ) ਨੇ ਕਿਹਾ ਕਿ ਕਾਲਜ ਵਿਖੇ



ਪਿਛਲੇ ਸਾਲਾਂ ਤੋਂ ਵਿਦਿਆਰਥੀਆਂ ਦੀ ਗਿਣਤੀ ਵਿਚ ਭਾਰੀ ਵਾਧਾ ਹੋਇਆ ਹੈ, ਇਸ ਲਈ ਕਾਲਜ ਵਿਖੇ ਬੀ.ਸੀ.ਏ. ਕਲਾਸ ਦੀਆਂ ਸੀਟਾਂ 40 ਤੋਂ ਵਧਾ ਕੇ 80 ਕੀਤੀਆਂ ਜਾ ਰਹੀਆਂ ਹਨ ਤਾਂ ਜੋ ਇਲਾਕੇ ਦੇ ਵਿਦਿਆਰਥੀ ਬਾਬਾ ਬੁੱਢਾ ਕਾਲਜ ਵਿਖੇ ਘੱਟ ਫੀਸਾਂ ਵਿਚ ਗੁਣਵੱਤਾ ਭਰੀ ਵਿੱਦਿਆ ਦਾ ਲਾਭ ਪ੍ਰਾਪਤ ਕਰ ਸਕਣ। ਇਸ ਮੌਕੇ ਡਾ. ਅਮਰਬੀਰ ਸਿੰਘ, ਪ੍ਰੋ. ਸੁਖਪਾਲ ਕੌਰ, ਪ੍ਰੋ. ਇੰਦਰਜੀਤ ਸਿੰਘ, ਪ੍ਰੋ. ਸੁਰਿੰਦਰ ਸਿੰਘ, ਪ੍ਰੋ. ਚੰਦਪ੍ਰੀਤ ਕੌਰ, ਸੁਪਰਡੈਂਟ ਤਜਿੰਦਰਜੀਤ ਸਿੰਘ, ਸੁਖਬੀਰ ਸਿੰਘ ਆਦਿ ਹਾਜ਼ਰ ਸਨ।

# ਵਿਧਾਨ ਸਭਾ ਹਲਕਾ ਭੋਆ ਦੇ ਤਿੰਨ ਪਰਿਵਾਰਾਂ ਨੂੰ ਦਿੱਤੀ ਸਰਕਾਰੀ ਵਿੱਤੀ ਸਹਾਇਤਾ

**ਪਠਾਨਕੋਟ, (ਦਵਿੰਦਰ ਸਿੰਘ)**- ਸ੍ਰੀ ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਵਿਧਾਨ ਸਭਾ ਹਲਕਾ ਭੋਆ ਦੇ ਵੱਖ-ਵੱਖ ਪਿੰਡਾਂ ਦੇ ਤਿੰਨ ਪਰਿਵਾਰਾਂ ਨੂੰ ਆਰਥਿਕ ਤੌਰ ਤੇ ਸਹਾਇਤਾ ਪ੍ਰਦਾਨ ਕੀਤੀ ਗਈ।ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਤੋਂ ਇਲਾਵਾ ਉਨ੍ਹਾਂ ਦੀ ਧਰਮ ਪਤਨੀ ਸਰਪੰਚ ਪਿੰਡ ਕਟਾਰੂ ਚੱਕ ਉਰਮਿਲਾ ਦੇਵੀ ਅਤੇ ਸਪੁੱਤਰ ਰੋਬਿਨ ਤੋਂ ਇਲਾਵਾ ਹੋਰ ਵੀ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਹਾਜ਼ਰ ਸਨ।ਜ਼ਿਕਰਯੋਗ ਹੈ ਕਿ ਵਿਧਾਨ ਸਭਾ ਹਲਕਾ ਭੋਆ ਦੇ ਅਧੀਨ ਆਉਂਦੇ ਪਿੰਡ ਬਲਸੂਆ ਤੋਂ ਯੋਗ ਰਾਜ ਦੇ ਪਰਿਵਾਰ ਦੀ ਪੰਜਾਹ ਹਜ਼ਾਰ ਰੁਪਏ ਦੀ ਮਾਲੀ ਸਹਾਇਤਾ ਕੀਤੀ ਗਈ। ਇਸ ਤੋਂ ਇਲਾਵਾ ਪਿੰਡ ਨਰਾਇਣਪੁਰ ਅਤੇ ਮਾਂਝ ਦੇ ਲੋੜਵੰਦ ਪਰਿਵਾਰਾ ਦੀ 50000-50000 ਰੁਪਏ ਦੀ ਮਦਦ ਕੀਤੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਪੰਜਾਬ ਸਰਕਾਰ ਹਰ ਲੋੜਵੰਦ ਪਰਿਵਾਰ ਦੇ ਨਾਲ ਮੋਢੇ ਨਾਲ ਮੋਢਾ ਲਾ ਕੇ ਖੜੀ ਹੈ ਅਤੇ ਹਰ ਤਰ੍ਹਾਂ ਦੀ ਸੰਭਵ ਸਹਾਇਤਾ ਲੋੜਵੰਦ ਪਰਿਵਾਰਾਂ ਦੀ ਭਵਿੱਖ ਅੰਦਰ ਵੀ ਕਰਦੇ ਰਹਿਣਗੇ। ਉਹਨਾਂ ਕਿਹਾ ਕਿ ਅੱਜ ਜਿਨਾਂ ਪਰਿਵਾਰਾਂ ਨੂੰ ਵਿੱਤੀ ਸਹਾਇਤਾ ਦਿੱਤੀ ਗਈ ਹੈ ਇਹਨਾਂ ਪਰਿਵਾਰਾਂ ਨੂੰ ਘਰ ਨਿਰਮਾਣ ਦੇ ਲਈ ਰਾਸ਼ੀ ਭੇਂਟ ਕੀਤੀ ਗਈ ਹੈ ਅਤੇ ਭਵਿੱਖ ਅੰਦਰ ਹੋਰ ਵੀ ਸਹਾਇਤਾ ਦਿੱਤੀ ਜਾਵੇਗੀ।



# ਖਾਲਸੇ ਦਾ ਸਥਾਪਨਾ ਦਿਵਸ ਤੇ ਜਲ੍ਹਿਆਂਵਾਲੇ ਬਾਗ ਦੇ ਸ਼ਹੀਦੀ ਸਾਕੇ 'ਤੇ ਸੈਮੀਨਾਰ 13 ਨੂੰ : ਪੰਡੋਰੀ, ਰਟੌਲ

**ਤਰਨਤਾਰਨ (ਪ੍ਰਿਤਪਾਲ ਸਿੰਘ)**- ਖਾਲਸੇ ਦੀ ਸਥਾਪਨਾ ਦਿਵਸ, ਜਲ੍ਹਿਆਂਵਾਲੇ ਬਾਗ ਦੇ ਸਾਕੇ ਦੀ ਯਾਦ 'ਚ ਅਤੇ ਸਮੇਂ ਦੀਆਂ ਹਾਕਮ ਸਰਕਾਰਾਂ ਨਾਲ ਕਾਰਪਰੇਟ ਪੱਖੀ ਰੋਲ ਵਿਸ਼ੇ 'ਤੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਵੱਲੋਂ ਸੈਮੀਨਾਰ 13 ਅਪ੍ਰੈਲ ਨੂੰ ਤਰਨ ਤਰਨ ਵਿਖੇ ਕੀਤਾ ਜਾਵੇਗਾ।ਇਹ ਜਾਣਕਾਰੀ ਪਾਰਟੀ ਦੀ ਤਹਿਸੀਲ ਸਕੱਤਰ ਬਲਦੇਵ ਸਿੰਘ ਪੰਡੋਰੀ ਅਤੇ ਮਨਰੇਗਾ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਰਿੰਦਰ ਸਿੰਘ ਰਟੌਲ ਨੇ ਇਕ ਪ੍ਰੈੱਸ ਬਿਆਨ ਰਾਹੀਂ ਦਿੱਤੀ।ਇਨ੍ਹਾਂ ਆਗੂਆਂ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਦੇਸ਼ ਅੰਦਰ ਲੁੱਟ ਕਰਨ ਦੀਆਂ ਖੁੱਲ੍ਹੀਆਂ ਛੁੱਟੀਆਂ ਦੇ ਰਹੀਆਂ ਹਨ ਅਤੇ ਦੇਸ਼ ਦੀ ਕੀਮਤੀ ਵਸੀਲਿਆਂ ਨੂੰ ਕੌਡੀਆਂ ਦੇ ਭਾਅ ਵੇਚਿਆ ਜਾ ਰਿਹਾ।ਉਨ੍ਹਾਂ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰ ਜਲ੍ਹਿਆਂਵਾਲੇ ਬਾਗ ਦੀ ਸ਼ਹੀਦਾਂ ਦੀਆਂ ਕੁਰਬਾਨੀਆਂ ਨੂੰ ਮਿੱਟੀ ਵਿੱਚ ਮਿਲਾ ਰਹੀਆਂ ਹਨ ਅਤੇ ਬਰਤਾਨਵੀ ਸਰਕਾਰਾਂ ਨਾਲ ਸਾਂਝਾ ਪਾ ਰਹੀਆਂ ਹਨ।ਪੰਜਾਬ ਦੀ ਭਗਵੰਤ ਮਾਨ ਦੇ ਸਰਕਾਰ ਵੀ ਕੇਂਦਰ ਸਰਕਾਰ ਦੀਆਂ ਨੀਤੀਆਂ 'ਤੇ ਚੱਲ ਰਹੀ ਹੈ ਅਤੇ ਆਪਣੇ ਆਪ ਨੂੰ ਇਨਕਲਾਬੀ ਪਾਰਟੀ ਦੱਸ ਰਹੀ ਹੈ ਜੋ ਕਿ ਭਗਵੰਤ ਮਾਨ ਦੀਆਂ ਨੀਤੀਆਂ ਸਾਡੇ ਗੁਰੂਆਂ, ਦੇਸ਼ ਭਗਤਾਂ, ਭਗਤ ਸਰਾਭਿਆਂ ਦੀ ਸੋਚ ਤੋਂ ਕੋਹਾਂ ਦੂਰ ਹਨ।ਇਸ ਸੈਮੀਨਾਰ ਨੂੰ ਪਾਰਟੀ ਦੇ ਸੂਬਾਈ ਸਕੱਤਰ ਪਰਗਟ ਸਿੰਘ ਜਾਮਾਰਾਏ ਸੰਬੋਧਨ ਕਰਨਗੇ।



# ਦਸਮੇਸ਼ ਪਰਿਵਾਰ ਇੰਟਰਨੈਸ਼ਨਲ ਸਕੂਲ ਐਮਾ ਕਲਾਂ ਵਿਖੇ ਵਿੱਦਿਅਕ ਸੈਸ਼ਨ ਦਾ ਆਗਾਜ਼



**ਝਬਾਲ (ਹਰਜਿੰਦਰ ਸਿੰਘ ਸੋਨੀ)**- ਦਸਮੇਸ਼ ਪਰਿਵਾਰ ਇੰਟਰਨੈਸ਼ਨਲ ਸਕੂਲ ਐਮਾ ਕਲਾਂ ਵਿਖੇ ਨਵੇਂ ਵਿੱਦਿਅਕ ਸਾਲ 2026-27 ਦੀ ਸ਼ੁਰੂਆਤ ਕਰਨ ਲਈ ਸਕੂਲ ਵਿੱਚ ਸਥਿਤ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ।ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਗੁਰੂ ਸਾਹਿਬ ਤੋਂ ਬਖਸ਼ਿਸ਼ ਲੈਣ ਲਈ ਸ਼ਬਦ ਕੀਰਤਨ ਕੀਤਾ ਗਿਆ। ਉਪ੍ਰੰਤ ਗ੍ਰੰਥੀ ਸਿੰਘ ਵੱਲੋਂ ਦਸਮੇਸ਼ ਪਰਿਵਾਰ ਗਰੁੱਪ ਆਫ ਸਕੂਲਜ਼ ਦੇ ਅਧੀਨ ਚੱਲ ਰਹੇ ਸਕੂਲਾਂ ਅਤੇ ਬੱਚਿਆਂ ਦੀ ਚੜ੍ਹਦੀ ਕਲਾ ਦੀ ਅਰਦਾਸ ਕੀਤੀ ਗਈ।ਇਸ ਮੌਕੇ ਸਕੂਲ ਦੇ ਚੇਅਰਮੈਨ ਜਸਵੰਤ ਸਿੰਘ ਨੇ ਬੋਲਦਿਆਂ ਕਿਹਾ ਕਿ ਇਸ ਵਿੱਦਿਅਕ ਸਾਲ ਦੀ ਸ਼ੁਰੂਆਤ ਤੁਹਾਡੇ ਜੀਵਨ ਸਾਲ ਦੀ ਸ਼ੁਰੂਆਤ ਹੈ।ਇਹ ਸਾਲ ਦੁਬਾਰਾ ਤੁਹਾਡੀ ਜ਼ਿੰਦਗੀ ਵਿੱਚ ਨਹੀਂ ਆਵੇਗਾ।ਇਸ ਸਾਲ ਵਿੱਚ ਤੁਸੀਂ ਆਪਣਾ ਇੱਕ ਲਕਸ਼ ਲੈ ਕੇ ਚੱਲਣਾ ਕਿ ਅਸੀਂ ਇਸ ਸਾਲ ਆਪਣੀ ਪੜ੍ਹਾਈ ਵਿੱਚ ਆਪਣੇ ਗਿਆਨ ਵਿੱਚ ਕਿੰਨਾ ਵਾਧਾ ਕਰਨਾ ਹੈ।ਇਸ ਲਈ ਰੁਜ਼ਾਨਾ ਦੇ ਜੀਵਨ ਜੀਣ ਲਈ ਇੱਕ ਸਮਾਂ ਸੂਚੀ ਲਾਜ਼ਮੀ ਹੈ।ਰੋਜ਼ਾਨਾ ਪ੍ਰੈਕਟਿਸ ਜ਼ਰੂਰੀ ਹੈ, ਜੋ ਇਨਸਾਨ ਕਿਸੇ ਵੀ ਖੇਤਰ ਵਿੱਚ ਚਾਹੇ ਉਹ ਵਿਦਿਅਕ ਹੋਵੇ ਚਾਹੇ ਸਪੋਰਟਸ ਜਾਂ ਕੋਈ ਹੋਰ ਖੇਤਰ ਹੋਵੇ ਹਰ ਇੱਕ ਵਿੱਚ ਪ੍ਰੈਕਟਿਸ ਜਰੂਰੀ ਹੈ, ਤਾਂ ਹੀ ਤੁਸੀਂ ਆਪਣੇ ਮੁਕਾਮ ਹਾਸਿਲ ਕਰ ਸਕਦੇ ਹੋ।ਇਸ ਮੌਕੇ ਸਕੂਲ ਦੇ ਡਾਇਰੈਕਟਰ ਮੈਡਮ ਰੁਪਿੰਦਰ ਕੌਰ ਨੇ ਕਿਹਾ ਕਿ ਤੁਸੀਂ ਇਸ ਸਾਲ ਵਿੱਚ ਇੱਕ ਸੋਚ ਬਣਾਓ ਕਿ ਮੈਂ ਆਪਣੇ ਜੀਵਨ ਵਿੱਚ ਇਸ ਚੰਗੇ ਕੰਮ ਨੂੰ ਕਰਨਾ ਹੈ।ਇਸ ਲਈ ਆਪਣਾ ਮਾਰਗ ਦਰਸ਼ਨ ਚੁਣੋ, ਉਸ ਦੇ ਜੀਵਨ ਬਾਰੇ ਪੜ੍ਹੋ।ਦੱਸੇ ਮਾਰਗ ਦਰਸ਼ਨ 'ਤੇ ਚਲੋ ਤੇ ਸਫਲਤਾ ਜ਼ਰੂਰ ਇੱਕ ਦਿਨ ਤੁਹਾਨੂੰ ਮਿਲੇਗੀ।ਇਸ ਮੌਕੇ ਸਮੂਹ ਸਟਾਫ ਅਤੇ ਬੱਚੇ ਹਾਜ਼ਰ ਸਨ।

# ਸਹਿਕਾਰੀ ਖੰਡ ਮਿੱਲ ਸ਼ੇਰੋਂ ਦੀ ਮਾਲਕੀ ਬਦਲਣ ਵਿਰੁੱਧ ਕਿਸਾਨਾਂ ਵੱਲੋਂ ਸੰਘਰਸ਼ ਵਿੱਢਣ ਦਾ ਐਲਾਨ

**ਵਲਟੋਹਾ (ਰਣਜੀਤ ਸਿੰਘ)**-ਕਿਰਤੀ ਕਿਸਾਨ ਯੂਨੀਅਨ ਜ਼ਿਲ੍ਹਾ ਤਰਨ ਤਾਰਨ ਵੱਲੋਂ ਪਿੰਡ ਸਰਹਾਲੀ ਖੁਰਦ ਵਿਖੇ ਇਕੱਠ ਕਰਕੇ ਕਿਰਤੀ ਕਿਸਾਨ ਯੂਨੀਅਨ ਦੇ ਸੂਬਾਈ ਫੈਸਲੇ ਅਨੁਸਾਰ ਨਵੀਂ ਮੈਂਬਰਸ਼ਿਪ ਕਰਕੇ ਨਵੇਂ ਸਿਰੇ ਤੋਂ ਪਿੰਡ ਇਕਾਈਆਂ ਦਾ ਗਠਨ ਕਰਨ ਦਾ ਜੋ ਸਿਲਸਿਲਾ ਚਲ ਰਿਹਾ ਹੈ ਉਸੇ ਤਹਿਤ ਪਿੰਡ ਸਰਹਾਲੀ ਖੁਰਦ ਜ਼ਿਲ੍ਹਾ ਤਰਨ ਤਾਰਨ ਵਿੱਚ ਮੈਂਬਰਾਂ ਦਾ ਇਕੱਠ ਕਰਕੇ ਇਕਾਈ ਦਾ ਗਠਨ ਕੀਤਾ।ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਨਛੱਤਰ ਸਿੰਘ ਪੰਨੂ ਤੇ ਗੁਰਪ੍ਰਤਾਪ ਸਿੰਘ ਨੇ ਕਿਹਾ ਕਿਰਤੀ ਕਿਸਾਨ ਯੂਨੀਅਨ ਪੰਜਾਬ ਦੀਆਂ ਮੰਗਾਂ ਜਿਨ੍ਹਾਂ ਵਿੱਚ ਪੰਜਾਬ ਦੇ ਪਾਣੀਆਂ ਦਾ ਮਸਲਾ, ਪੰਜਾਬ ਦੀ ਖੇਤੀ ਨੀਤੀ ਤਿਆਰ ਕਰਨਾ, ਹਰ ਘਰ ਪੀਣ ਵਾਲਾ ਪਾਣੀ ਅਤੇ ਹਰ ਖੇਤ ਤੱਕ ਨਹਿਰੀ ਪਾਣੀ ਪੁੱਜਦਾ ਕਰਨਾ ਅਤੇ ਪੰਜਾਬ ਦੇ ਪਾਣੀਆਂ ਦਾ ਰਿਪੇਰੀਅਨ ਸਿਧਾਂਤਾਂ ਅਨੁਸਾਰ ਫੈਸਲਾ ਕਰਨਾ ਅਤੇ ਕੇਂਦਰ ਸਰਕਾਰ ਵੱਲੋਂ ਲਿਆਂਦੇ ਜਾ ਰਹੇ ਬਿਜਲੀ ਬਿੱਲ, 2025, ਬੀਜ ਸੋਧ ਬਿੱਲ ਅਤੇ ਅਮਰੀਕਾ ਭਾਰਤ ਮੁਕਤ ਵਪਾਰ ਸਮਝੌਤੇ ਆਦਿ ਦਾ ਡੱਟਵਾਂ ਵਿਰੋਧ ਕੀਤਾ ਜਾਵੇਗਾ।ਨੇਤਾਵਾਂ ਨੇ ਪੰਜਾਬ ਸਰਕਾਰ ਦੀਆਂ ਕਿਸਾਨ, ਮਜ਼ਦੂਰ, ਮੁਲਾਜ਼ਮ ਵਿਰੋਧੀ ਨੀਤੀਆਂ ਦੀ ਸਖਤ ਨਿੰਦਾ ਕੀਤੀ ਅਤੇ ਕਿਹਾ ਕਿ ਸਰਕਾਰੀ ਜਾਇਦਾਦਾਂ ਵੇਚਣ ਦਾ ਵਿਰੋਧ ਕੀਤਾ ਜਾਵੇਗਾ।ਸਹਿਕਾਰੀ ਖੰਡ ਮਿੱਲ ਸ਼ੇਰੋਂ ਦੀ ਮਾਲਕੀ ਬਦਲਣ ਵਿਰੁੱਧ ਚੱਲ ਰਹੇ ਸੰਘਰਸ਼ ਵਿੱਚ ਕਿਰਤੀ ਕਿਸਾਨ ਯੂਨੀਅਨ ਅੱਗੇ ਹੋਕੇ ਸੰਘਰਸ਼ ਵਿੱਚ ਸ਼ਾਮਲ ਹੋਵੇਗੀ।10 ਅਪਰੈਲ ਦੀ ਖੰਡ ਮਿੱਲ ਸ਼ੇਰੋਂ ਸਬੰਧੀ ਸੰਯੁਕਤ ਕਿਸਾਨ ਮੋਰਚਾ ਜਿਲਾ ਤਰਨਤਾਰਨ ਦੀ ਜ਼ਿਲ੍ਹਾ ਮੀਟਿੰਗ ਵਿੱਚ ਕਿਰਤੀ ਕਿਸਾਨ ਯੂਨੀਅਨ ਡੱਟ ਕੇ ਸ਼ਮੂਲੀਅਤ ਕਰੇਗੀ।ਮੀਟਿੰਗ ਵਿੱਚ ਸਰਬਸੰਮਤੀ ਨਾਲ ਹੇਠ ਲਿਖੇ ਅਨੁਸਾਰ ਪਿੰਡ ਇਕਾਈ ਦੀ ਕਮੇਟੀ ਦੀ ਚੋਣ ਕੀਤੀ ਗਈ ਜਿਸ ਅਨੁਸਾਰ ਪ੍ਰਧਾਨ ਵਜੋਂ ਅੰਗਰੇਜ਼ ਸਿੰਘ, ਮੀਤ ਪ੍ਰਧਾਨ ਵਿਰਸਾ ਸਿੰਘ, ਨਾਜਰ ਸਿੰਘ, ਜਰਨਲ ਸਕੱਤਰ ਸੁਖਚੈਨ ਸਿੰਘ, ਖਜ਼ਾਨਚੀ ਤਰਸੇਮ ਸਿੰਘ ਫੌਜੀ ਅਤੇ ਸੁਖਦੇਵ ਸਿੰਘ ਮੈਂਬਰ, ਜਥੇਬੰਦਕ ਸਕੱਤਰ ਪੂਰਨ ਸਿੰਘ ਗਿੱਲ, ਪ੍ਰੈੱਸ ਸਕੱਤਰ ਤਰਸੇਮ ਸਿੰਘ ਚੁਣੇ ਗਏ।ਇਸ ਇਸ ਤੋਂ ਇਲਾਵਾ ਇਕ 17 ਮੈਂਬਰੀ ਕਮੇਟੀ ਚੁਣੀ ਗਈ ਜਿਸ ਵਿੱਚ ਮਨਜਿੰਦਰ ਸਿੰਘ ਵੈਦ ,ਤਾਰਾ ਸਿੰਘ ,ਮੁਖਤਾਰ ਸਿੰਘ, ਜਸਬੀਰ ਸਿੰਘ ਭਿੱਟੇ, ਗੁਰਵਿੰਦਰ ਸਿੰਘ ਗਿੰਦਰ, ਗੁਰਮੁਖ ਸਿੰਘ, ਨਿੰਦਰ ਸਿੰਘ, ਹਰਦੇਵ ਸਿੰਘ, ਦਵਿੰਦਰ ਸਿੰਘ ਬੂਰਾ, ਭਾਗ ਸਿੰਘ ਦੁਬਈ, ਮੋਹਨ ਸਿੰਘ, ਬਲਵਿੰਦਰ ਸਿੰਘ, ਬਲਦੇਵ ਸਿੰਘ ਗੁਰੂ, ਪੂਰਨ ਸਿੰਘ ਗਿੱਲ, ਸਤਨਾਮ ਸਿੰਘ, ਨਿਰੰਕਾਰ ਸਿੰਘ ਅਤੇ ਕਸ਼ਮੀਰ ਸਿੰਘ ਆਦਿ ਕਾਰਜਕਾਰੀ ਮੈਂਬਰ ਚੁਣੇ ਗਏ।



# ਦਸਮੇਸ਼ ਕਾਲਜ ਫਾਰ ਵਿਮੈੱਨ ਦਾ ਬੀ.ਕਾਮ ਭਾਗ-3 ਦਾ ਨਤੀਜਾ ਸ਼ਾਨਦਾਰ



**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਕਾਲਜ ਫ਼ਾਰ ਵਿਮੈਨ ਮਹਿਤਾ ਚੌਂਕ ਦੀਆਂ ਵਿਦਿਆਰਥਣਾਂ ਦਾ ਬੀ.ਕਾਮ ਭਾਗ ਤੀਜਾ ਦਾ ਨਤੀਜਾ ਸ਼ਾਨਦਾਰ ਰਿਹਾ। ਵਿਦਿਆਰਥਣਾਂ ਦੀ ਮਿਹਨਤ ਸਦਕਾ ਬੀ.ਕਾਮ ਸਮੈਸਟਰ ਤੀਸਰਾ ਦਾ ਨਤੀਜਾ 100 ਫੀਸਦੀ ਰਿਹਾ। ਜਿਸ ਵਿੱਚ ਬੀ.ਕਾਮ ਦੀ ਸੁਖਨਪ੍ਰੀਤ ਕੌਰ, ਰਵਨੀਤ ਕੌਰ, ਗਗਨਦੀਪ ਕੌਰ ਅਤੇ ਅਵਨਪ੍ਰੀਤ ਕੌਰ ਨੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਮੁਸਕਾਨਪ੍ਰੀਤ ਕੌਰ, ਫ਼ਰਨਜੀਤ ਕੌਰ, ਕੁਲਜੀਤ ਕੌਰ, ਹਸਨਦੀਪ ਕੌਰ, ਪਵਨਦੀਪ ਕੌਰ, ਪ੍ਰਭਜੋਤ ਕੌਰ ਅਤੇ ਨਵਦੀਪ ਕੌਰ ਅਤੇ ਇੰਦਰਪ੍ਰੀਤ ਕੌਰ ਨੇ ਵਧੀਆ ਅੰਕ ਹਾਸਲ ਕਰਕੇ ਕਾਲਜ ਅਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ। ਇਸ ਮੌਕੇ ਕਾਲਜ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਖੁਸ਼ੀ ਜ਼ਾਹਰ ਕਰਦਿਆਂ ਵਿਦਿਆਰਥਣਾਂ ਦੇ ਨਾਲ-ਨਾਲ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥਣਾਂ ਨੂੰ ਉਹਨਾਂ ਦੇ ਆਉਣ ਵਾਲੇ ਭਵਿੱਖ ਵਿੱਚ ਇਸੇ ਤਰ੍ਹਾਂ ਮਿਹਨਤ ਕਰਕੇ ਕਾਮਯਾਬੀ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ। ਇਸ ਹੌਸਲਾ ਅਫ਼ਜ਼ਾਈ ਮੌਕੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਦੇ ਨਾਲ ਪ੍ਰਿੰਸੀਪਲ ਗੁਰਬੀਰ ਕੌਰ, ਡਾਇਰੈਕਟਰ ਹਰਪ੍ਰੀਤ ਕੌਰ, ਕੋਆਰਡੀਨੇਟਰ ਰਵਿੰਦਰ ਕੌਰ ਅਤੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।

# ਖ਼ਾਲਸਾ ਸਾਜਨਾ ਦਿਵਸ ਮਨਾਉਣ ਲਈ ਭਾਰਤੀ ਸਿੱਖ ਸੰਗਤ ਦਾ ਜਥਾ ਪਾਕਿਸਤਾਨ ਪੁੱਜਾ

**ਅਟਾਰੀ, (ਸਤਬੀਰ ਸਿੰਘ ਭੀਲ)**- ਖ਼ਾਲਸਾ ਸਾਜਨਾ ਦਿਵਸ ਮਨਾਉਣ ਲਈ ਪੂਰੇ ਭਾਰਤ ਤੋਂ ਸਿੱਖ ਸੰਗਤ ਦਾ ਜਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਸੁਰਜੀਤ ਸਿੰਘ ਤੁਗਲਵਾਲ ਤੇ ਪਰਮਜੀਤ ਸਿੰਘ ਝੰਡੋਕ ਦਿੱਲੀ ਦੀ ਅਗਵਾਈ ਹੇਠ ਅਟਾਰੀ-ਵਾਹਗਾ ਸਰਹੱਦ ਰਸਤੇ ਪਾਕਿਸਤਾਨ ਪੁੱਜਾ।ਵਾਹਗਾ ਸਰਹੱਦ ਦੀ ਜ਼ੀਰੋ ਲਾਈਨ 'ਤੇ ਪੁੱਜਣ 'ਤੇ ਸੰਗਤ ਦਾ ਗੁਲਦਸਤਿਆਂ ਅਤੇ ਗਲਾਂ 'ਚ ਤਾਜ਼ਾ ਫੁੱਲਾਂ ਦੇ ਹਾਰ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ।ਸਵਾਗਤ ਕਰਨ ਵਾਲਿਆਂ 'ਚ ਲਹਿੰਦੇ ਪੰਜਾਬ ਦੇ ਮੰਤਰੀ, ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਰਮੇਸ਼ ਸਿੰਘ ਅਰੋੜਾ, ਜਨਰਲ ਸਕੱਤਰ ਬੀਬੀ ਸਤਵੰਤ ਕੌਰ, ਡਾ. ਮਾਹੀਪਾਲ ਸਿੰਘ ਲਾਹੌਰ, ਪਾਕਿਸਤਾਨ ਵਕਫ਼ ਬੋਰਡ ਦੇ ਸਕੱਤਰ ਫਰਾਂਸ ਅੱਬਾਸ, ਸਾਬਕਾ ਪ੍ਰਧਾਨ ਸਤਵੰਤ ਸਿੰਘ ਪੰਜਾ ਸਾਹਿਬ ਸਮੇਤ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਪਾਕਿਸਤਾਨੀ ਸਿੱਖ ਅਤੇ ਪਾਕਿਸਤਾਨ ਵਕਫ਼ ਬੋਰਡ ਦੇ ਅਧਿਕਾਰੀ ਸ਼ਾਮਲ ਸਨ।ਜਥੇ 'ਚ ਸ਼ਾਮਲ ਸ਼ਰਧਾਲੂ ਪਾਕਿਸਤਾਨ ਸਥਿਤ ਇਤਿਹਾਸਕ ਗੁਰਧਾਮਾਂ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਹਸਨ ਅਬਦਾਲ, ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ, ਗੁਰਦੁਆਰਾ ਸ੍ਰੀ ਡੇਹਰਾ ਸਾਹਿਬ ਲਾਹੌਰ ਅਤੇ ਹੋਰ ਗੁਰੂ ਘਰਾਂ ਦੇ ਦਰਸ਼ਨ ਕਰਨਗੇ।ਜਥੇ ਦੇ ਆਗੂਆਂ ਨੇ ਕਿਹਾ ਕਿ ਖ਼ਾਲਸਾ ਸਾਜਨਾ ਦਿਵਸ ਸਮੁੱਚੀ ਮਨੁੱਖਤਾ ਲਈ ਸੱਚ, ਨਿਆਂ ਤੇ ਬਰਾਬਰੀ ਦਾ ਪ੍ਰਤੀਕ ਹੈ।ਪਾਕਿਸਤਾਨ ਸਰਕਾਰ ਤੇ ਕਮੇਟੀ ਵੱਲੋਂ ਕੀਤੇ ਪ੍ਰਬੰਧਾਂ ਦੀ ਸ਼ਲਾਘਾ ਕੀਤੀ ਗਈ।



# ਨਰਸਿੰਗ ਦੇ ਵਿਦਿਆਰਥੀਆਂ ਵੱਲੋਂ ਫਲਾਵਰ ਸ਼ੋਅ 'ਚ ਸ਼ਾਨਦਾਰ ਸਥਾਨ ਹਾਸਲ




**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖ਼ਾਲਸਾ ਕਾਲਜ ਆਫ਼ ਨਰਸਿੰਗ ਦੇ ਵਿਦਿਆਰਥੀਆਂ ਨੇ ਖ਼ਾਲਸਾ ਕਾਲਜ ਦੇ ਬੋਟਨੀ ਵਿਭਾਗ ਵੱਲੋਂ ਕਰਵਾਏ ਗਏ ਫ਼ਲਾਵਰ ਸ਼ੋਅ ਦੌਰਾਨ ਸ਼ਾਨਦਾਰ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਬੰਧੀ ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਉਕਤ ਪ੍ਰੋਗਰਾਮ ਮੌਕੇ ਕਾਲਜ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਅਣਗਿਣਤ ਇਨਾਮ ਵੀ ਹਾਸਲ ਕੀਤੇ ਹਨ। ਉਨ੍ਹਾਂ ਕਿਹਾ ਕਿ ਇਸ ਸ਼ੋਅ 'ਚ ਵਿਦਿਆਰਥੀਆਂ ਨੇ ਅਸਿਸਟੈਂਟ ਪ੍ਰੋਫ਼ੈਸਰ ਕਵਲਜੀਤ ਕੌਰ ਅਤੇ ਨਰਸਿੰਗ ਟਿਊਟਰ ਲਵਪ੍ਰੀਤ ਕੌਰ ਦੀ ਅਗਵਾਈ ਹੇਠ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਉਕਤ ਮੁਕਾਬਲੇ ਦੌਰਾਨ ਇੰਸਟੀਟਿਊਸ਼ਨਲ ਕੈਟੇਗਰੀ 'ਚ ਕਾਲਜ ਪਹਿਲੇ ਸਥਾਨ 'ਤੇ ਰਿਹਾ ਅਤੇ ਸਕੂਲੈਂਟ, ਕੈਕਟਸ ਅਤੇ ਬੋਨਸਾਈ ਕੈਟੇਗਰੀ 'ਚ ਦੂਜਾ ਸਥਾਨ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਪੋਸਟਰ ਮੁਕਾਬਲੇ 'ਚ ਆਈਮਨਜੀਤ ਕੌਰ ਨੇ ਦੂਜਾ ਸਥਾਨ ਹਾਸਲ ਕਰਕੇ ਕਾਲਜ ਦਾ ਮਾਣ ਵਧਾਇਆ ਜਦਕਿ ਇਸ਼ਮੀਤ ਕੌਰ ਅਤੇ ਮਹਿਕਪ੍ਰੀਤ ਕੌਰ ਨੇ ਫਲਾਵਰ ਅਰੇਂਜਮੈਂਟ 'ਚ ਦੂਸਰਾ ਅਤੇ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਉਨ੍ਹਾਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਭਵਿੱਖ 'ਚ ਹੋਰ ਮੱਲਾਂ ਮਾਰਨ ਲਈ ਉਤਸ਼ਾਹਿਤ ਕੀਤਾ।

# ਕਟਾਰੂਚੱਕ ਵੱਲੋਂ ਮਲਿਕਪੁਰ ਵਿਖੇ ਗਲੀ ਦੇ ਨਿਰਮਾਣ ਕਾਰਜ ਦਾ ਉਦਘਾਟਨ

ਪਠਾਨਕੋਟ, (ਦਵਿੰਦਰ ਸਿੰਘ)-ਵਿਧਾਨ ਸਭਾ ਹਲਕਾ ਭੋਆ ਦੇ ਅਧੀਨ ਮਲਿਕਪੁਰ ਵਿਖੇ ਸ਼ਮਸ਼ਾਨਘਾਟ ਤੋਂ ਡਿੱਬਰੀ ਬਾਬੇ ਵਾਲੀ ਗਲੀ ਦਾ ਨਿਰਮਾਣ ਕਾਰਜ ਸ਼ੁਰੂ ਕਰਵਾਇਆ ਗਿਆ।ਕੈਬਨਿਟ ਮੰਤਰੀ ਪੰਜਾਬ ਸ਼੍ਰੀ ਲਾਲ ਚੰਦ ਕਟਾਰੂਚੱਕ ਵੱਲੋਂ ਰਿਬਨ ਕੱਟ ਕੇ ਅਤੇ ਨੀਂਹ ਪੱਥਰ ਤੋਂ ਪਰਦਾ ਹਟਾ ਕੇ ਗਲੀ ਦੇ ਨਿਰਮਾਣ ਕਾਰਜ ਦਾ ਉਦਘਾਟਨ ਕੀਤਾ ਗਿਆ।ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਕੈਲਾਸ਼ਪਤੀ, ਬਲਜਿੰਦਰ ਕੌਰ ਮਹਿਲਾ ਇੰਚਾਰਜ ਵਿਧਾਨ ਸਭਾ ਹਲਕਾ ਭੋਆ, ਤਕਬੀਰ ਸਿੰਘ ਬੱਲੂ, ਅਮਨ, ਸਰਵਣ, ਅਮਰਜੀਤ ਸਿੰਘ ਜੀਤੂ ਅਤੇ ਹੋਰ ਆਮ ਆਦਮੀ ਪਾਰਟੀ ਦੇ ਕਾਰਜਕਰਤਾ ਅਤੇ ਅਹੁਦੇਦਾਰ ਹਾਜ਼ਰ ਸਨ।ਜ਼ਿਕਰਯੋਗ ਹੈ ਕਿ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਮਲਿਕਪੁਰ ਦੇ ਵਾਰਡ ਨੰਬਰ 44 ਵਿੱਚ ਕੈਬਨਿਟ ਮੰਤਰੀ ਪੰਜਾਬ ਸ਼੍ਰੀ ਲਾਲ ਚੰਦ ਕਟਾਰੂਚੱਕ ਵੱਲੋਂ ਇੱਕ ਨਵੀਂ ਗਲੀ ਦੇ ਨਿਰਮਾਣ ਕਾਰਜ ਦਾ ਸ਼ੁਭਾਰੰਭ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਕਟਾਰੂਚੱਕ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਹਲਕਾ ਭੋਆ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਦੀ ਲੜੀ ਦੇ ਤਹਿਤ ਇਹ ਪ੍ਰੋਜੈਕਟ ਵੀ ਇੱਕ ਮਹੱਤਵਪੂਰਨ ਕੜੀ ਹੈ।ਉਨ੍ਹਾਂ ਦੱਸਿਆ ਕਿ ਮਲਿਕਪੁਰ ਵਿਖੇ ਲਗਭਗ 20 ਲੱਖ ਰੁਪਏ ਦੀ ਲਾਗਤ ਨਾਲ ਇਸ ਗਲੀ ਦਾ ਨਿਰਮਾਣ ਕੀਤਾ ਜਾਣਾ ਹੈ ਜਿਸ ਦੀ ਚੌੜਾਈ ਕਰੀਬ 15 ਫੁੱਟ ਅਤੇ ਲੰਬਾਈ ਲਗਭਗ 1500 ਫੁੱਟ ਹੋਵੇਗੀ। ਪਹਿਲਾਂ ਇਹ ਰਸਤਾ ਕੱਚਾ ਹੋਣ ਕਾਰਨ, ਖ਼ਾਸ ਕਰਕੇ ਬਰਸਾਤ ਦੇ ਮੌਸਮ ਵਿੱਚ ਸੰਗਤਾਂ ਨੂੰ ਆਉਣ-ਜਾਣ ਵਿੱਚ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਉਨ੍ਹਾਂ ਕਿਹਾ ਕਿ ਵਿਧਾਨ ਸਭਾ ਹਲਕਾ ਭੋਆ ਦੇ ਅੰਦਰ ਇਸ ਸਮੇਂ ਕਰੀਬ 200 ਕਰੋੜ ਰੁਪਏ ਦੀ ਲਾਗਤ ਨਾਲ ਸੜਕਾਂ ਦੇ ਨਿਰਮਾਣ ਕਾਰਜ ਜਾਰੀ ਹਨ ਅਤੇ ਆਉਣ ਵਾਲੇ ਕੁਝ ਮਹੀਨਿਆਂ ਵਿੱਚ ਇਹ ਸੜਕਾਂ ਲੋਕਾਂ ਨੂੰ ਵੱਡੀ ਸਹੂਲਤ ਪ੍ਰਦਾਨ ਕਰਨਗੀਆਂ।



# ਗੁਰੂ ਹਰਿਕ੍ਰਿਸ਼ਨ ਸਕੂਲ 'ਚ ਮਨਾਇਆ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਝਬਾਲ ਵਿਖੇ 9 ਅਪ੍ਰੈਲ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਵੇਰ ਦੀ ਸਭਾ ਵਿੱਚ ਬੱਚਿਆਂ ਵੱਲੋਂ ਹਰ-ਜਸ ਕੀਰਤਨ ਗਾਇਨ ਕੀਤਾ ਗਿਆ ਅਤੇ ਮੈਡਮ ਨਿਰਮਲਜੀਤ ਕੌਰ ਵੱਲੋਂ ਗੁਰੂ ਸਾਹਿਬ ਜੀ ਦੀ ਜੀਵਨੀ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਤੋਂ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ। ਸਕੂਲ ਦੇ ਮੈਂਬਰ ਇੰਚਾਰਜ ਮਨਜੀਤ ਸਿੰਘ ਢਿੱਲੋਂ, ਆਦਰਸ਼ਪਿੰਦਰ ਸਿੰਘ ਮਾਨ, ਅਜੀਤਪਾਲ ਸਿੰਘ ਅਨੇਜਾ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਦੇ ਦੱਸੇ ਹੋਏ ਮਾਰਗ 'ਤੇ ਚੱਲਣ ਲਈ ਉਤਸਾ ਕਰਦਿਆਂ ਗੁਰਸਿੱਖੀ ਵਾਲਾ ਜੀਵਨ ਜਿਉਣ ਲਈ ਪ੍ਰੇਰਿਤ ਕੀਤਾ। ਇਸ ਸਮੇਂ ਸਕੂਲ ਦਾ ਸਮੂਹ ਸਟਾਫ਼ ਹਾਜ਼ਰ ਸੀ।



# ਭਾਗੋਵਾਲ ਵਿਖੇ ਮੰਡਾਰ ਬਰਾਦਰੀ ਦਾ ਸਲਾਨਾ ਮੇਲਾ 13 ਨੂੰ

**ਬਟਾਲਾ (ਤਰਲੋਕ ਬੱਗਾ)**- ਮੰਡਾਰ ਬਰਾਦਰੀ ਵਲੋਂ ਹਰ ਸਾਲ ਦੀ ਤਰਾਂ ਇਸ ਵਾਰ ਵੀ ਸਲਾਨਾ ਮੇਲਾ ਮਿਤੀ 13 ਅਪ੍ਰੈਲ ਨੂੰ ਪਿੰਡ ਭਾਗੋਵਾਲ ਤਹਿਸੀਲ ਬਟਾਲਾ ਜ਼ਿਲ੍ਹਾ ਗੁਰਦਾਸਪੁਰ ਵਿਖੇ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਅਮਨ ਸ਼ਰਮਾ ਨੇ ਦੱਸਿਆ ਕਿ ਮੇਲੇ ਦੀਆਂ ਤਿਆਰੀਆਂ ਚੱਲ ਰਹੀਆਂ ਹਨ ਅਤੇ ਸਮੂਹ ਇਲਾਕਾ ਨਿਵਾਸੀਆਂ ਨੂੰ ਇਸ ਧਾਰਮਿਕ ਸਮਾਗਮ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਜਾ ਰਿਹਾ ਹੈ। ਪ੍ਰੋਗਰਾਮ ਦੀ ਸ਼ੁਰੂਆਤ ਸਵੇਰੇ 9 ਵਜੇ ਝੰਡੇ ਦੀ ਰਸਮ ਨਾਲ ਹੋਵੇਗੀ, ਦੁਪਹਿਰ ਵਿਸ਼ਾਲ ਲੰਗਰ ਲਗਾਇਆ ਜਾਵੇਗਾ।

# ਕੈਬਨਿਟ ਮੰਤਰੀ ਕਟਾਰੂਚੱਕ ਨੇ ਨਵ-ਵਰਸ਼ ਸੰਵਤ ਸਮਾਗਮ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ

**ਪਠਾਨਕੋਟ, (ਦਵਿੰਦਰ ਸਿੰਘ)**- ਪੰਜਾਬ ਸਰਕਾਰ ਵੱਲੋਂ ਹਿੰਦੂ ਨਵ-ਵਰਸ਼ ਸੰਵਤ ਦੇ ਸੂਬਾ ਪੱਧਰੀ ਸਮਾਗਮ ਦਾ ਆਯੋਜਨ ਜ਼ਿਲ੍ਹਾ ਪਠਾਨਕੋਟ ਵਿੱਚ ਕੀਤਾ ਜਾ ਰਿਹਾ ਹੈ।ਇਸ ਮਹੱਤਵਪੂਰਨ ਸਮਾਗਮ ਨੂੰ ਧਿਆਨ ਵਿੱਚ ਰੱਖਦਿਆਂ ਰਾਮਲੀਲਾ ਗਰਾਊਂਡ ਪਠਾਨਕੋਟ ਵਿਖੇ ਵਿਆਪਕ ਪੱਧਰ 'ਤੇ ਤਿਆਰੀਆਂ ਜਾਰੀ ਹਨ।ਕੈਬਨਿਟ ਮੰਤਰੀ ਪੰਜਾਬ ਵੱਲੋਂ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮਿਲ ਕੇ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲਿਆ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ. ਪੱਲਵੀ ਡਿਪਟੀ ਕਮਿਸ਼ਨਰ ਪਠਾਨਕੋਟ, ਦਲਜਿੰਦਰ ਸਿੰਘ ਢਿੱਲੋ ਐੱਸਐੱਸਪੀ ਪਠਾਨਕੋਟ, ਰੋਹਿਤ ਸਿਆਲ ਉਪ ਮਾਝਾ ਜ਼ੋਨ ਇੰਚਾਰਜ ਯੁੱਧ ਨਸ਼ਿਆਂ ਵਿਰੁੱਧ, ਭੁਪਿੰਦਰ ਸਿੰਘ ਮੈਂਬਰ ਜ਼ਿਲ੍ਹਾ ਪਰਿਸ਼ਦ, ਸਤੀਸ਼ ਮਹਿੰਦਰੂ ਚੇਅਰਮੈਨ ਦਾ ਹਿੰਦੂ ਕੋਆਪਰੇਟਿਵ ਬੈਂਕ ਪਠਾਨਕੋਟ, ਪਰਮਪ੍ਰੀਤ ਸਿੰਘ ਗੋਰਾਇਆ ਤਹਿਸੀਲਦਾਰ ਪਠਾਨਕੋਟ, ਮਨੋਜ ਠਾਕੁਰ ਐੱਸਪੀ ਪਠਾਨਕੋਟ ਅਤੇ ਹੋਰ ਸੰਬੰਧਿਤ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਅਤੇ ਕਾਰਜਕਰਤਾ ਵੀ ਹਾਜ਼ਰ ਸਨ।ਇਸ ਮੌਕੇ ਕੈਬਨਿਟ ਮੰਤਰੀ ਪੰਜਾਬ ਰਾਮਲੀਲਾ ਗਰਾਊਂਡ ਵਿਖੇ ਪਹੁੰਚੇ ਜਿੱਥੇ ਉਨ੍ਹਾਂ ਵੱਖ-ਵੱਖ ਪ੍ਰਬੰਧਾਂ ਜਿਵੇਂ ਕਿ ਸਟੇਜ ਸੈੱਟਅੱਪ, ਸੁਰੱਖਿਆ ਪ੍ਰਬੰਧ, ਬੈਠਕ ਵਿਵਸਥਾ ਅਤੇ ਹੋਰ ਸੁਵਿਧਾਵਾਂ ਦੀ ਜਾਂਚ ਕੀਤੀ।ਇਸ ਮੌਕੇ ਜਾਣਕਾਰੀ ਦਿੰਦਿਆਂ ਸ਼੍ਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ 12 ਅਪ੍ਰੈਲ ਨੂੰ ਮਨਾਏ ਜਾਣ ਵਾਲੇ ਹਿੰਦੂ ਨਵੇਂ ਵਰ੍ਹੇ ਦੇ ਇਸ ਵਿਸ਼ੇਸ਼ ਸਮਾਗਮ ਵਿੱਚ ਦੇਸ਼ ਦੀਆਂ ਪ੍ਰਮੁੱਖ ਹਸਤੀਆਂ ਸ਼ਾਮਲ ਹੋਣਗੀਆਂ।ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਸੀਨੀਅਰ ਆਗੂ ਮਨੀਸ਼ ਸਿਸੋਦੀਆ ਇਸ ਮੌਕੇ ਪਠਾਨਕੋਟ ਪਹੁੰਚਣਗੇ।ਉਨ੍ਹਾਂ ਕਿਹਾ ਕਿ ਹਿੰਦੂ ਸੰਸਕ੍ਰਿਤੀ ਅਨੁਸਾਰ ਨਵਾਂ ਵਰ੍ਹਾ ਇੱਕ ਪਵਿੱਤਰ ਅਤੇ ਸ਼ੁਭ ਅਵਸਰ ਹੁੰਦਾ ਹੈ, ਜਿਸ ਨੂੰ ਹਰ ਧਰਮ ਅਤੇ ਵਰਗ ਦੇ ਲੋਕ ਵੱਡੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਉਂਦੇ ਹਨ।ਇਸ ਮੌਕੇ ਮੰਦਰ ਵਿੱਚ ਪੂਜਾ-ਅਰਚਨਾ ਵੀ ਕੀਤੀ ਜਾਵੇਗੀ ਅਤੇ ਲੋਕਾਂ ਨਾਲ ਖੁਸ਼ੀਆਂ ਸਾਂਝੀਆਂ ਕੀਤੀਆਂ ਜਾਣਗੀਆਂ। ਉਨ੍ਹਾਂ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਸਮਾਗਮ ਦੌਰਾਨ ਕਿਸੇ ਵੀ ਤਰ੍ਹਾਂ ਦੀ ਕਮੀ ਨਾ ਰਹੇ ਅਤੇ ਸਾਰੀਆਂ ਤਿਆਰੀਆਂ ਸਮੇਂ ਸਿਰ ਮੁਕੰਮਲ ਕੀਤੀਆਂ ਜਾਣ।ਸਮਾਗਮ ਦੌਰਾਨ ਦੇਸ਼ ਅਤੇ ਪੰਜਾਬ ਦੀ ਤਰੱਕੀ ਲਈ ਅਰਦਾਸ ਵੀ ਕੀਤੀ ਜਾਵੇਗੀ।



# ਫੁੱਲਾਂ ਦੀ ਰਹਿੰਦ-ਖੂੰਹਦ ਦੀ ਰੀਸਾਈਕਲਿੰਗ ਵਿਸ਼ੇ 'ਤੇ ਕਰਵਾਈ ਤਿੰਨ ਰੋਜ਼ਾ ਵਰਕਸ਼ਾਪ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਖਾਲਸਾ ਕਾਲਜ ਦੇ ਜ਼ੂਆਲੋਜੀ ਵਿਗਿਆਨ ਵਿਭਾਗ ਵੱਲੋਂ 'ਅਗਰਬੱਤੀ ਬਣਾਉਣ ਲਈ ਫੁੱਲਾਂ ਦੀ ਰਹਿੰਦ-ਖੂੰਹਦ ਦੀ ਰੀਸਾਈਕਲਿੰਗ' ਵਿਸ਼ੇ 'ਤੇ ਵਾਤਾਵਰਣ ਸੂਚਨਾ ਜਾਗਰੂਕਤਾ ਸਮਰੱਥਾ ਨਿਰਮਾਣ ਪ੍ਰੋਗਰਾਮ (ਈ. ਆਈ. ਏ. ਸੀ. ਪੀ.), ਪੰਜਾਬ ਅਤੇ ਪੰਜਾਬ ਰਾਜ ਵਿਗਿਆਨ ਅਤੇ ਤਕਨਾਲੋਜੀ ਪ੍ਰੀਸ਼ਦ (ਪੀ. ਐੱਸ. ਸੀ. ਐੱਸ. ਟੀ.), ਚੰਡੀਗੜ੍ਹ ਦੇ ਸਹਿਯੋਗ ਨਾਲ ਤਿੰਨ ਰੋਜ਼ਾ ਵਰਕਸ਼ਾਪ ਕਰਵਾਈ ਗਈ। ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਨਿਰਦੇਸ਼ਾਂ 'ਤੇ ਕਰਵਾਈ ਗਈ ਉਕਤ ਵਰਕਸ਼ਾਪ ਦਾ ਉਦੇਸ਼ ਹੁਨਰ ਵਿਕਾਸ ਰਾਹੀਂ ਵਿੱਤੀ ਤੌਰ 'ਤੇ ਕਮਜ਼ੋਰ ਵਰਗ ਦੀਆਂ ਔਰਤਾਂ ਨੂੰ ਸਸ਼ਕਤ ਬਣਾਉਣਾ ਅਤੇ ਧਾਰਮਿਕ ਅਤੇ ਸਮਾਜਿਕ ਗਤੀਵਿਧੀਆਂ ਤੋਂ ਪੈਦਾ ਹੋਣ ਵਾਲੇ ਫੁੱਲਾਂ ਦੀ ਰਹਿੰਦ-ਖੂੰਹਦ ਦੀ ਪ੍ਰਭਾਵਸ਼ਾਲੀ ਵਰਤੋਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਅਗਰਬੱਤੀ ਵਰਗੇ ਮੁੱਲ-ਵਰਧਿਤ ਉਤਪਾਦਾਂ 'ਚ ਬਦਲਣਾ ਸੀ। ਇਸ ਸਬੰਧੀ ਪ੍ਰਿੰ: ਡਾ. ਰੰਧਾਵਾ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸ ਪਹਿਲਕਦਮੀ ਦੇ ਲਾਭਪਾਤਰੀ ਸਮਾਜ ਦੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੀਆਂ ਔਰਤਾਂ ਸਨ ਜਿਨ੍ਹਾਂ ਨੇ ਸਵੈ-ਰੁਜ਼ਗਾਰ ਅਤੇ ਵਿੱਤੀ ਸੁਤੰਤਰਤਾ ਦਾ ਸਮਰਥਨ ਕਰਨ ਲਈ ਵਿਹਾਰਕ ਹੁਨਰ ਅਤੇ ਗਿਆਨ ਪ੍ਰਾਪਤ ਕੀਤਾ। ਉਨ੍ਹਾਂ ਕਿਹਾ ਕਿ ਇਹ ਵਰਕਸ਼ਾਪ ਤਿੰਨ ਦਿਨਾਂ ਤੱਕ ਵਿਹਾਰਕ ਸੈਸ਼ਨਾਂ, ਪ੍ਰਦਰਸ਼ਨਾਂ ਅਤੇ ਇੰਟਰਐਕਟਿਵ ਵਿਚਾਰ-ਵਟਾਂਦਰੇ ਦੇ ਨਾਲ ਜਾਰੀ ਰਹੀ ਜਿਸਦਾ ਉਦੇਸ਼ ਟਿਕਾਊ ਉੱਦਮਤਾ ਅਤੇ ਰਹਿੰਦ-ਖੂੰਹਦ ਪ੍ਰਬੰਧਨ ਅਭਿਆਸਾਂ ਨੂੰ ਉਤਸ਼ਾਹਿਤ ਕਰਨਾ ਸੀ। ਇਸ ਤੋਂ ਪਹਿਲਾਂ ਡਾ. ਅਮਨਦੀਪ ਸਿੰਘ ਨੇ ਆਏ ਮਹਿਮਾਨਾਂ ਅਤੇ ਭਾਗੀਦਾਰਾਂ ਦਾ ਸਵਾਗਤ ਕਰਦਿਆਂ ਕਮਿਊਨਿਟੀ ਆਊਟਰੀਚ ਅਤੇ ਟਿਕਾਊ ਵਿਕਾਸ ਪ੍ਰਤੀ ਵਿਭਾਗ ਦੀ ਵਚਨਬੱਧਤਾ ਬਾਰੇ ਗੱਲਬਾਤ ਕੀਤੀ। ਇਸ ਮੌਕੇ ਮਾਹਿਰ ਡਾ. ਰਾਜਨ ਸ਼ਰਮਾ ਅਤੇ ਸ੍ਰੀਮਤੀ ਮਿੰਨੀ ਸ਼ਰਮਾ ਨੇ ਮੰਦਿਰ ਅਤੇ ਘਰੇਲੂ ਫੁੱਲਾਂ ਦੀ ਰਹਿੰਦ-ਖੂੰਹਦ ਨੂੰ ਅਗਰਬੱਤੀ 'ਚ ਬਦਲਣ ਲਈ ਵਿਹਾਰਕ ਸਿਖਲਾਈ ਪ੍ਰਦਾਨ ਕੀਤੀ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਆਏ ਮਹਿਮਾਨਾਂ ਨਾਲ ਮਿਲ ਕੇ ਵਿਦਿਆਰਥੀਆਂ ਨੂੰ ਵਰਕਸ਼ਾਪ ਦੇ ਸਫਲਤਾਪੂਰਵਕ ਸੰਪੂਰਨ ਹੋਣ ਦੇ ਸਨਮਾਨ 'ਚ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ। ਇਸ ਮੌਕੇ ਜ਼ੁਆਲੋਜੀ ਵਿਭਾਗ ਮੁਖੀ ਡਾ. ਜਸਵਿੰਦਰ ਸਿੰਘ ਨੇ ਆਏ ਸਮੂਹ ਮਹਿਮਾਨਾਂ ਅਤੇ ਵਿਦਿਆਰਥੀਆਂ ਦਾ ਉਨ੍ਹਾਂ ਦੀ ਕੀਮਤੀ ਮੌਜੂਦਗੀ ਅਤੇ ਵਧੇਰੇ ਟਿਕਾਊ ਸਮਾਜ ਲਈ ਨਵੀਨਤਾ ਅਤੇ ਰਹਿੰਦ-ਖੂੰਹਦ ਪ੍ਰਬੰਧਨ 'ਤੇ ਆਪਣੇ ਵਿਚਾਰਸ਼ੀਲ ਦ੍ਰਿਸ਼ਟੀਕੋਣ ਸਾਂਝੇ ਕਰਨ ਲਈ ਧੰਨਵਾਦ ਕੀਤਾ।



# ਫਿਲੌਰ ਦੀਆਂ ਮੰਡੀਆਂ 'ਚ ਕਣਕ ਦੀ ਨਵੀਂ ਫਸਲ ਆਉਣੀ ਸ਼ੁਰੂ



**ਫਿਲੌਰ (ਨਿਰਮਲ)**- ਫਿਲੌਰ ਦਾਣਾ ਮੰਡੀ ਅਤੇ ਇਸ ਦੀਆਂ ਸਹਾਇਕ ਮੰਡੀਆਂ ਅੱਪਰਾ, ਲਸਾੜਾ, ਮੁਠੱਡਾ, ਤੇਹਿੰਗ ਆਦੀ ਵਿੱਚ ਕਣਕ ਦੀ ਨਵੀਂ ਫਸਲ ਆਉਣੀ ਸ਼ੁਰੂ ਹੋ ਗਈ ਸੀ ਜੋ ਮੀਂਹ ਕਾਰਨ ਰੁਕ ਗਈ। ਮੰਡੀ ਦੇ ਇੰਸਪੈਕਟਰ ਨਿਰਮਲ ਸਿੰਘ ਨੇ ਦੱਸਿਆ ਕਿ ਨਵੀਂ ਕਣਕ ਜੋ ਮੰਡੀਆਂ ਵਿੱਚ ਆ ਰਹੀ ਹੈ ਮੀਂਹ ਕਾਰਨ ਨਮੀ 15% ਤੋਂ 16% ਤੱਕ ਆ ਰਹੀ ਹੈ ਜੋ ਸਰਕਾਰੀ ਖਰੀਦ ਵਿੱਚ ਰੁਕਾਵਟ ਬਣੀ ਹੋਈ ਹੈ। ਅਸੀਂ 12% ਤੱਕ ਨਵੀਂ ਵਾਲੀ ਕਣਕ ਖਰੀਦ ਰਹੇ ਹਾਂ।

# ਆਰਥਕ ਸਵਾਰਥ

ਭਾਰਤ 'ਚ ਚਰਚਾ ਹੈ ਕਿ ਅਮਰੀਕਾ ਨੇ ਹੀ ਪਾਕਿਸਤਾਨ ਨੂੰ ਈਰਾਨ ਤੇ ਉਸ ਵਿਚਾਲੇ ਸਾਲਸ ਦੀ ਭੂਮਿਕਾ ਨਿਭਾਉਣ ਲਈ ਕਿਹਾ। ਜੋ ਵੀ ਹੋਵੇ, ਜੰਗ ਵਿੱਚ ਤਬਾਹੀ ਈਰਾਨ ਦੀ ਹੋ ਰਹੀ ਸੀ, ਪਰ ਅਮਰੀਕਾ ਕਿਸੇ ਤਰ੍ਹਾਂ ਹੁਣ ਜੰਗ ਵਿੱਚੋਂ ਨਿਕਲਣ ਲਈ ਬੇਤਾਬ ਸੀ, ਜਿਸ ਵਿੱਚ ਇਜ਼ਰਾਈਲ ਨੇ ਉਸ ਨੂੰ ਘਸੀਟ ਲਿਆ ਸੀ। ਅਮਰੀਕਾ ਤੇ ਯੂਰਪ ਵਿੱਚ ਜੰਗ ਦਾ ਵਿਰੋਧ ਵਧਦਾ ਜਾ ਰਿਹਾ ਸੀ। ਨਾਟੋ ਦੇ ਹੋਰ ਮੈਂਬਰ ਦੇਸ਼ਾਂ ਵਿੱਚੋਂ ਕੋਈ ਵੀ ਅਮਰੀਕਾ ਦੇ ਵਾਰ-ਵਾਰ ਕਹਿਣ ਤੇ ਧਮਕੀ ਦੇਣ ਦੇ ਬਾਵਜੂਦ ਜੰਗ ਵਿੱਚ ਉਸ ਦਾ ਸਾਥ ਦੇਣ ਲਈ ਤਿਆਰ ਨਹੀਂ ਹੋਇਆ। ਬਦਹਵਾਸੀ ਵਿੱਚ ਟਰੰਪ ਨੇ ਆਪਣੇ ਰਵਾਇਤੀ ਨਾਟੋ ਸਹਿਯੋਗੀਆਂ ਨੂੰ ਗਾਲ੍ਹਾਂ ਵੀ ਕੱਢ ਦਿੱਤੀਆਂ, ਪਰ ਉਸ ਦਾ ਉਲਟ ਅਸਰ ਹੋਇਆ। ਜੰਗ ਕਾਰਨ ਅਮਰੀਕਾ 'ਤੇ ਆਰਥਕ ਦਬਾਅ ਵਧਦਾ ਜਾ ਰਿਹਾ ਹੈ। ਸਿਰਫ ਵਪਾਰ ਦੀ ਭਾਸ਼ਾ ਸਮਝਣ ਵਾਲਾ ਅਮਰੀਕਾ ਮਾਲੀ ਘਾਟਾ ਬਰਦਾਸ਼ਤ ਕਰਨ ਦੀ ਹਾਲਤ ਵਿੱਚ ਨਹੀਂ ਹੈ। ਇਸ ਲਈ ਜੰਗ ਦਾ ਬੰਦ ਹੋਣਾ ਉਸ ਲਈ ਨਿਹਾਇਤ ਜ਼ਰੂਰੀ ਹੈ। ਟਰੰਪ ਨੇ ਬੰਬਾਰੀ ਦੌਰਾਨ ਦਾਅਵੇ ਕੀਤੇ ਕਿ ਈਰਾਨ ਦੀ ਫੌਜੀ ਤਾਕਤ ਖਤਮ ਹੋ ਗਈ ਹੈ, ਪਰ ਈਰਾਨ ਨੇ ਜਿਸ ਤਰ੍ਹਾਂ ਇਜ਼ਰਾਈਲ ਦੇ ਕਿਲ੍ਹੇ ਵਿੱਚ ਸੰਨ੍ਹ ਲਾਈ ਅਤੇ ਖਿੱਤੇ ਵਿੱਚ ਅਮਰੀਕੀ ਅੱਡਿਆਂ ਨੂੰ ਭੰਨਿਆ, ਉਸ ਨੇ ਟਰੰਪ ਨੂੰ ਜੰਗਬੰਦੀ ਦੀ ਸੁਰ ਕੱਢਣ ਲਈ ਮਜਬੂਰ ਕਰ ਦਿੱਤਾ।

ਅਮਰੀਕਾ ਤੋਂ ਸਭ ਪੁੱਛ ਰਹੇ ਹਨ ਕਿ ਈਰਾਨ ਖਿਲਾਫ ਜੰਗ ਦਾ ਮਕਸਦ ਕੀ ਸੀ? ਈਰਾਨ ਅਮਰੀਕਾ ਲਈ ਖਤਰਾ ਨਹੀਂ ਹੈ। ਉਹ ਇਜ਼ਰਾਈਲ ਲਈ ਖਤਰਾ ਹੈ, ਕਿਉਂਕਿ ਇਜ਼ਰਾਈਲ ਖੁਦ ਪੂਰੇ ਖਿੱਤੇ 'ਤੇ ਕਬਜ਼ਾ ਜਮਾਉਣ ਲਈ ਹਰ ਦੇਸ਼ ਨੂੰ ਹੜੱਪਣਾ ਚਾਹੁੰਦਾ ਹੈ। ਈਰਾਨ ਠੀਕ ਕਹਿ ਰਿਹਾ ਹੈ ਕਿ ਸਵਾਲ ਜੰਗਬੰਦੀ ਦਾ ਨਹੀਂ, ਜੰਗ ਕਦੇ ਵੀ ਨਾ ਹੋਵੇ, ਇਸ ਦਾ ਹੈ। ਇਸ ਦੀ ਗਰੰਟੀ ਕੌਣ ਦੇਵੇਗਾ? ਦੁਨੀਆ ਵਿੱਚ ਅਜਿਹੀ ਕੋਈ ਨੈਤਿਕ ਸ਼ਕਤੀ ਨਹੀਂ, ਜਿਹੜੀ ਸਥਾਈ ਅਮਨ ਲਈ ਪਹਿਲ ਕਰਨ ਦਾ ਸਾਹਸ ਕਰ ਸਕੇ। ਕਦੇ ਦੁਨੀਆ ਵਿੱਚ ਆਪਣੀ ਨੈਤਿਕ ਆਵਾਜ਼ ਦੇ ਕਾਰਨ ਸੁਣੇ ਜਾਣ ਵਾਲੇ ਭਾਰਤ ਦੀ ਬੋਲਤੀ ਬੰਦ ਹੈ। ਉਸ ਦੀ ਸਰਕਾਰ ਨੇ ਦਿਖਾ ਦਿੱਤਾ ਹੈ ਕਿ ਉਹ ਉਸ ਦੇ ਨਾਲ ਹੀ ਖੜ੍ਹੀ ਹੋ ਸਕਦੀ ਹੈ, ਜੋ ਤਾਕਤਵਰ ਹੈ, ਕਿਉਂਕਿ ਉਹ ਤਾਕਤ ਦੀ ਪੂਜਾ ਕਰਦੀ ਹੈ। ਇਸ ਜੰਗ ਤੋਂ ਐਨ ਪਹਿਲਾਂ ਇਜ਼ਰਾਈਲ ਤੋਂ ਸਨਮਾਨ ਕਰਵਾ ਕੇ ਪੁੱਜੇ ਭਾਰਤ ਕੋਲ ਕਹਿਣ ਨੂੰ ਕੁਝ ਨਹੀਂ। ਆਪਣੀ ਨੈਤਿਕ ਨਾਅਹਿਲੀਅਤ ਨੂੰ ਉਹ ਇਹ ਕਹਿ ਕੇ ਜਾਇਜ਼ ਠਹਿਰਾ ਰਿਹਾ ਹੈ ਕਿ ਉਹ ਇਸ ਪਚੜੇ ਵਿੱਚ ਪੈਣਾ ਨਹੀਂ ਚਾਹੁੰਦਾ ਅਤੇ ਉਸ ਨੂੰ ਆਪਣੇ ਆਰਥਕ ਹਿੱਤਾਂ ਨਾਲ ਮਤਲਬ ਹੈ। ਇਹ ਬਾਕੀ ਦੁਨੀਆ ਵੀ ਕਹਿ ਰਹੀ ਹੈ, ਜੇ ਸਪੇਨ ਵਰਗੇ ਇੱਕ-ਅੱਧੇ ਦੇਸ਼ ਨੂੰ ਛੱਡ ਦੇਈਏ। ਹੁਣ ਸਾਰੇ ਦੇਸ਼ ਜੰਗਬੰਦੀ ਚਾਹੁੰਦੇ ਹਨ, ਕਿਉਂਕਿ ਜੰਗ ਜਾਰੀ ਰਹਿਣ ਨਾਲ ਉਨ੍ਹਾਂ 'ਤੇ ਆਰਥਕ ਦਬਾਅ ਵਧ ਰਿਹਾ ਹੈ। ਖੁਦ ਨੂੰ ਸਭਿਆ ਕਹਿਣ ਵਾਲੇ ਦੇਸ਼ਾਂ ਲਈ ਸ਼ਰਮ ਦੀ ਗੱਲ ਹੈ ਕਿ ਜੰਗ ਦੇ ਪਹਿਲੇ ਦਿਨ ਹੀ ਅਮਰੀਕੀ ਤੇ ਇਜ਼ਰਾਈਲ ਹਮਲਿਆਂ ਵਿੱਚ ਮਾਰੀਆਂ ਗਈਆਂ 153 ਸਕੂਲੀ ਬੱਚੀਆਂ ਦਾ ਖੂਨ ਉਨ੍ਹਾਂ ਨੂੰ ਝੰਜੋੜ ਨਹੀਂ ਸਕਿਆ, ਪਰ ਹੁਣ ਆਰਥਕ ਸਵਾਰਥ ਉਨ੍ਹਾਂ ਨੂੰ ਮਨੁੱਖਤਾ ਦੀ ਯਾਦ ਦਿਵਾ ਰਿਹਾ ਹੈ।

## ਪਾਠਕ-ਸੱਥ

### ਜਨਮ ਸਰਟੀਫਿਕੇਟ ਲਈ ਖੱਜਲ ਹੁੰਦੇ ਲੋਕ

ਪੁਰਾਣੇ ਸਮਿਆਂ ਵਿੱਚ ਬਹੁਤੇ ਲੰਬੜਦਾਰ ਅਨਪੜ੍ਹ ਹੁੰਦੇ ਸਨ ਤੇ ਅੰਗੂਠਾ ਛਾਪ ਚੌਕੀਦਾਰ ਪਿੰਡ ਦਾ ਮੁਢਲਾ ਸਰਕਾਰੀ ਸੇਵਾਦਾਰ ਸੀ। ਉਹ ਪਿੰਡ ਵਿਚ ਤੁਰਿਆ ਫਿਰਦਾ ਤੇ ਪੇਂਡੂ ਲੋਕਾਂ ਨੂੰ ਗਲੀਆਂ-ਮੁਹੱਲਿਆਂ ਵਿਚ ਪੁੱਛਦਾ ਰਹਿੰਦਾ ਕਿ ਕਿਹਦੇ ਘਰ ਨਿਆਣਾ ਜੰਮਿਆ ਹੈ। ਫਿਰ ਰਫ ਜਿਹੀ ਕਾਪੀ ਉੱਤੇ ਟੁੱਟੇ-ਫੁੱਟੇ ਅੱਖਰਾਂ ਵਿਚ ਕਿਸੇ ਕੋਲ਼ੋਂ ਨੋਟ ਕਰਵਾ ਲੈਂਦਾ। ਉਨ੍ਹਾਂ ਦਿਨਾਂ ਵਿਚ ਸ਼ਹਿਰ ਤੱਕ ਪੈਦਲ ਤੁਰ ਕੇ ਜਾਣ ਦਾ ਜ਼ਮਾਨਾ ਸੀ। ਕੱਚੇ ਰਸਤੇ ਹੁੰਦੇ ਸਨ। ਜਾਣ-ਆਉਣ ਦੇ ਸਾਧਨ ਨਹੀਂ ਸਨ।ਫਿਰ ਉਹ ਚੌਕੀਦਾਰ ਰੋਜ਼ ਨਹੀਂ, ਕਦੇ ਕਦੇ ਹੀ ਕਈ ਦਿਨਾਂ ਬਾਅਦ ਪੈਦਲ ਤੁਰ ਕੇ ਥਾਣੇ ਜਾਂਦਾ ਤੇ ਘੱਟ ਹੀ ਪੜ੍ਹੇ ਮੁਨਸ਼ੀ ਨੂੰ ਸੁਣੀ ਸੁਣਾਈ ਇਤਲਾਹ ਦੇ ਆਉਂਦਾ ਸੀ ਤੇ ਉਹ ਵਾਲਾ ਥਾਣੇ ਦਾ ਮੁਣਸ਼ੀ ਵੀ ਬਹੁਤ ਪੜ੍ਹਿਆ-ਲਿਖਿਆ ਨਹੀਂ ਸੀ ਹੁੰਦਾ। ਉਹ ਮੁਨਸ਼ੀ ਅੱਗੋਂ ਨਾਵਾਂ ਦੇ ਸਪੈਲਿੰਗ ਗਲਤ ਮਲਤ ਲਿਖ ਕੇ ਸਿਵਲ ਸਰਜਨ ਦੇ ਦਫਤਰ ਨੂੰ ਕੋਈ ਲਿਸਟ ਜਿਹੀ ਬਣਾ ਕੇ ਤੋਰ ਦਿੰਦਾ। ਇੰਝ ਰਜਿਸਟਰ ਵਿੱਚ ਅੱਟੇ ਸੱਟੇ ਲਿਖੀ ਡੇਟ ਦੇ ਨਾਲ ਕਦੀ ਜਨਮ ਲੈਣ ਵਾਲੇ ਦੇ, ਕਦੇ ਜਨਮ ਦੇਣ ਵਾਲੇ ਮਾਂ ਪਿਉ ਦੇ ਸਪੈਲਿੰਗ ਗਲਤ ਮਲਤ ਹੀ ਉਸ ਰਜਿਸਟਰ ਵਿੱਚ ਚੜ੍ਹ ਜਾਂਦੇ।

ਸਾਲਾਂ ਬਾਅਦ ਜਦੋਂ ਕਿਤੇ ਜਨਮ ਦਿਨ ਦੀ ਲੋੜ ਪੈਂਦੀ ਤਾਂ ਬਹੁਤਿਆਂ ਨੂੰ ਨਾਟ ਫਾਊਂਡ ਦਾ ਸਰਟੀਫਿਕੇਟ ਮਿਲ ਜਾਂਦਾ।ਚੌਕੀਦਾਰ ਦੀ ਬੇਸਮਝੀ ਕਾਰਨ ਕਿਸੇ ਦਾ ਨਿਆਣਾ ਕਿਸੇ ਹੋਰ ਪਿਓ ਦੇ ਨਾਂਅ ਵੀ ਚੜ੍ਹ ਜਾਂਦਾ ਸੀ।ਰਜਿਸਟਰ ਨਾਲ ਏਨੇ ਸਾਲਾਂ ਵਿੱਚ ਕਈਆਂ ਨੇ ਛੇੜ-ਛਾੜ ਵੀ ਕੀਤੀ ਹੁੰਦੀ ਸੀ। ਕਈ ਜਗ੍ਹਾ ਕਟਿੰਗ ਹੋਈ ਹੁੰਦੀ।

ਉਹ ਮੋਟਾ ਸਾਰਾ ਰਜਿਸਟਰ ਉੱਖੜ ਗਿਆ ਹੁੰਦਾ ਜਾਂ ਪਿਆ ਪਿਆ ਖਸਤਾ ਹਾਲਤ ਵਿੱਚ ਹੋਣ ਕਰਕੇ ਗਰ ਜਾਂਦਾ। ਉਸ ਰਜਿਸਟਰ ਦਾ ਕੁਝ ਹਿੱਸਾ ਸਿਉਂਕ ਨੇ ਖਾ ਲਿਆ ਹੁੰਦਾ ਸੀ।ਕੁਝ ਵਰਕੇ ਪਾਟ ਗਏ ਹੁੰਦੇ।ਵਿਚਾਰੇ ਲੋਕ ਦਰੁਸਤੀਆਂ ਕਰਵਾਉਂਦੇ ਫਿਰਦੇ।ਅਦਾਲਤਾਂ ਵਿਚ ਝਗੜੇ ਚੱਲ ਰਹੇ ਹੁੰਦੇ।ਕਿਸੇ ਦੀ ਮੌਤ ਦੀ ਤਰੀਕ ਦਾ ਝਗੜਾ। ਕਿਸੇ ਦੀ ਜਨਮ ਤਰੀਕ ਦਾ ਤੇ ਕਿਸੇ ਦੀ ਬਲਦੀਅਤ ਦਾ ਝਗੜਾ ਵੀ ਚੱਲਦਾ ਰਹਿੰਦਾ। ਸਿਸਟਮ ਵਿੱਚ ਵੇਲੇ ਸਿਰ ਸੁਧਾਰ ਹੋਣਾ ਚਾਹੀਦਾ ਸੀ, ਪਰ ਬਹੁਤ ਦੇਰ ਕਰ ਦਿੱਤੀ ਗਈ।

ਮੈਂ ਪੰਜਤਾਲੀ-ਛਿਆਲੀ ਸਾਲ ਪਹਿਲਾਂ ਜਦੋਂ ਵਕਾਲਤ ਸ਼ੁਰੂ ਕੀਤੀ ਤਾਂ ਅਦਾਲਤ ਵਿੱਚ ਕਿਸੇ ਦਾ ਕੋਈ ਕੇਸ ਚੱਲਦਾ ਸੀ। ਕੇਸ ਵਿੱਚ ਅਵਾਜ਼ ਪੈਂਦੀ ਸੀ ਵਕੀਲ ਸਿੰਘ ਬਨਾਮ ਵਕੀਲ ਸਿੰਘ। ਇਤਫ਼ਾਕ ਨਾਲ ਦੋਵਾਂ ਦੇ ਨਾਂਅ ਵੀ ਮਿਲਦੇ ਸਨ ਤੇ ਬਾਪ ਦੇ ਨਾਮ ਵੀ ਤੇ ਸ਼ਾਇਦ ਦਾਦਿਆਂ ਦੇ ਨਾਮ ਵੀ। ਦਿਲਚਸਪ ਗੱਲ ਇਹ ਵੀ ਕਿ ਉਨ੍ਹਾ ਦੇ ਮਾਪੇ ਵੀ ਪਿੱਛੋਂ ਪਾਕਿਸਤਾਨ ਤੋਂ ਇੱਕੋ ਜ਼ਿਲ੍ਹੇ ਵਿਚੋਂ ਤੇ ਇੱਕੋ ਪਿੰਡ 'ਚੋਂ ਉੱਠ ਕੇ ਮੁਲਕ ਦੀ ਤਕਸੀਮ ਵੇਲੇ ਆਏ ਸਨ। ਅਦਾਲਤ ਵਲੋਂ ਉਨ੍ਹਾ ਨੂੰ ਦਸਤਾਵੇਜ਼ ਪੇਸ਼ ਕਰਨ ਦੀ ਹਦਾਇਤ ਹੋਈ ਤਾਂ ਬਹੁਤੇ ਦਸਤਾਵੇਜ਼ ਤਾਂ ਪਾਕਿਸਤਾਨ ਵਿਚ ਹੀ ਰਹਿ ਗਏ ਸਨ।ਲੋੜ ਹੈ ਜਨਮ ਜਾਂ ਮੌਤ ਦੀ ਤਰੀਕ ਲਿਖਵਾਉਣ ਵੇਲੇ ਚੁਕੰਨੇ ਰਹੀਏ।

-ਰਘਵੀਰ ਸਿੰਘ ਟੇਰਕਿਆਣਾ ਐਡਵੋਕੇਟ ਹੁਸ਼ਿਆਰਪੁਰ, 9814173402

ਕੁੱਲ ਹਿੰਦ ਕਿਸਾਨ ਸਭਾ ਦੀ 90ਵੀਂ ਵਰ੍ਹੇਗੰਢ ਮੌਕੇ

# ਬ੍ਰਿਟਿਸ਼ ਸਾਮਰਾਜ ਤੋਂ ਹੁਣ ਦੇ ਸਾਮਰਾਜ ਤੱਕ ਕਿਸਾਨੀ ਸੰਘਰਸ਼



ਬਲਕਾਰ ਸਿੰਘ ਵਲਟੋਹਾ

ਅੱਜ ਸਿਜਦਾ ਕਰਦੇ ਹਾਂ ਉਹਨਾਂ ਮਹਾਨ ਯੋਧਿਆਂ ਨੂੰ, ਜਿਨ੍ਹਾਂ ਨੇ ਬ੍ਰਿਟਿਸ਼ ਸਾਮਰਾਜ ਦੇ ਦੌਰ ਵਿੱਚ ਭਾਰਤ ਵਰਗੇ ਮਹਾਨ ਖਿੱਤੇ ਵਿੱਚ ਖਿੱਲਰੀ-ਪੁੱਲਰੀ ਕਿਸਾਨੀ ਲਹਿਰ ਨੂੰ ਇੱਕ-ਮੁੱਠ ਕਰਨ ਲਈ ਵੱਡੇ ਯਤਨ ਕੀਤੇ ਅਤੇ ਉਹਨਾਂ ਨੂੰ ਸਾਰਥਕ ਬਣਾਇਆ। ਅੱਜ ਤੋਂ ਨੱਬੇ ਸਾਲ ਪਹਿਲਾਂ ਇਹ ਗੱਲ 11 ਅਪ੍ਰੈਲ 1936 ਦੀ ਹੈ, ਜਦੋਂ ਭਾਰਤ ਦੇ ਅਹਿਮ ਸ਼ਹਿਰ ਲਖਨਊ ਵਿਖੇ ਇਹਨਾਂ ਬਹਾਦਰ ਸੰਤ ਸਿਪਾਹੀਆਂ ਦੀ ਕੋਸ਼ਿਸ਼ ਸਦਕਾ ਕੁਲ ਹਿੰਦ ਕਿਸਾਨ ਸਭਾ All India Kisan Sabha ਬਣਾਈ ਗਈ। ਇਸ ਦਿਨ ਇੱਥੇ ਹੋਈ ਕਾਨਫਰੰਸ ਵਿੱਚ ਜਿਨ੍ਹਾਂ ਨੇ ਮੋਹਰੀ ਰੋਲ ਅਦਾ ਕੀਤਾ, ਉਹ ਸੱਚਮੁੱਚ ਜਿੱਥੇ ਆਪ ਬਹੁਤ ਉੱਚ ਪਾਏ ਦੇ ਆਗੂ ਤੇ ਇਨਸਾਨ ਸਨ, ਉੱਥੇ ਉਹਨਾਂ ਦੇ ਇਸ ਇਕੱਠ ਵਿੱਚ ਹਿੰਦੁਸਤਾਨ ਦੀ ਧਰਮ ਨਿਰਪੱਖਤਾ ਦੀ ਇੱਕ ਵਿਸ਼ਾਲ ਦਿੱਖ ਆਪ-ਮੁਹਾਰੇ ਸਾਹਮਣੇ ਆ ਜਾਂਦੀ ਹੈ। ਇਹਨਾਂ ਮੂਹਰਲਿਆਂ ਵਿੱਚ ਸੁਆਮੀ ਸਹਿਜਾ ਨੰਦ ਸਰਸਵਤੀ ਬਿਹਾਰ ਤੋਂ, ਐਨ ਜੀ ਰੰਗਾ ਆਂਧਰਾ ਤੋਂ, ਬਿੰਦੂ ਲਾਲ ਯਾਗਨੀਕ ਗੁਜਰਾਤ ਤੋਂ, ਮੋਹਨ ਲਾਲ ਗੌਤਮ ਤੇ ਕੇ. ਐੱਮ. ਅਸ਼ਰਫ ਯੂ ਪੀ ਤੋਂ ਸੋਹਣ ਸਿੰਘ ਜੋਸ਼ ਅਤੇ ਅਹਿਮਦ ਦੀਨ ਪੰਜਾਬ ਤੋਂ, ਕਮਲ ਸਰਕਾਰ ਅਤੇ ਸੁਧੀਨ ਪ੍ਰਮਾਣਿਕ ਬੰਗਾਲ ਤੋਂ, ਜੈ ਪ੍ਰਕਾਸ਼ ਨਰਾਇਣ ਅਤੇ ਆਰ. ਐੱਮ. ਲੋਹੀਆ ਵੀ ਸ਼ਾਮਲ ਸਨ। ਇਹ ਸਾਰੇ ਆਪੋ-ਆਪਣੇ ਰਾਜਾਂ, ਖਿੱਤਿਆਂ ਵਿੱਚ ਕਿਸਾਨਾਂ ਦੀ ਅਗਵਾਈ ਵੱਖ-ਵੱਖ ਕਿਸਾਨ ਸਭਾਵਾਂ ਦੇ ਨਾਂਅ ਥੱਲੇ ਕਰਦਿਆਂ ਸਥਾਨਕ ਸੰਘਰਸ਼ ਲੜ ਰਹੇ ਸਨ, ਪਰ ਉਸ ਵੇਲੇ ਲੋੜ ਸੀ ਸਮੁੱਚੇ ਬ੍ਰਿਟਿਸ਼ ਸਾਮਰਾਜ ਵਿਰੁੱਧ ਜ਼ੋਰਦਾਰ ਸੰਘਰਸ਼ ਲੜਦਿਆਂ ਅਤੇ ਬ੍ਰਿਟਿਸ਼ ਸਾਮਰਾਜ ਨੂੰ ਇਸ ਦੇਸ਼ 'ਚੋਂ ਭਜਾ ਕੇ ਇੱਕ ਵਧੀਆ ਖੇਤੀਬਾੜੀ ਪ੍ਰਬੰਧ ਸਿਰਜਣ ਦੀ, ਜਿਸ ਵਿੱਚ ਬਰਾਬਰਤਾ ਅਹਿਮ ਹੋਵੇ, ਦੀ ਤਾਂਘ ਇਹਨਾਂ ਯੋਧਿਆਂ ਦੇ ਅੰਦਰ ਸੀ।

ਬ੍ਰਿਟਿਸ਼ ਸਾਮਰਾਜ ਨੇ ਭਾਰਤ ਦੀ ਹਾਲਤ ਕੀ ਬਣਾ ਦਿੱਤੀ ਸੀ? ਇਹ ਸਭ ਤੋਂ ਵੱਧ ਸਿਧਾਂਤਕ ਤੌਰ 'ਤੇ ਜਾਨਣਾ ਹੋਵੇ ਤਾਂ ਦੁਨੀਆ ਦੇ ਮਹਾਨ ਫਿਲਾਸਫਰ ਅਤੇ ਪੂੰਜੀਵਾਦ ਦੇ ਸਭ ਤੋਂ ਵੱਡੇ ਪੜਚੋਲਕ ਕਾਰਲ ਮਾਰਕਸ ਵੱਲੋਂ ਲਿਖੀਆਂ ਲਿਖਤਾਂ ਬ੍ਰਿਟਿਸ਼ ਰੂਲ ਇਨ ਇੰਡੀਆ ਵਿੱਚ ਭਾਰਤ ਬਾਰੇ ਬਾਖੂਬੀ ਚਿਤਰਿਆ ਗਿਆ ਹੈ। ਉਹ ਕਹਿੰਦੇ ਹਨ ਕਿ ਸਭ ਸਿਵਲ ਜੰਗਾਂ, ਹਮਲੇ, ਇਨਕਲਾਬ, ਜਿੱਤਾਂ, ਅਕਾਲ, ਅਣਕਿਆਸੇ ਰੂਪ ਵਿੱਚ ਗੁੰਝਲਦਾਰ, ਇੱਕ ਤੋਂ ਬਾਅਦ ਇੱਕ ਭਾਰਤ ਵਿੱਚ ਇਹ ਐਕਸ਼ਨ, ਜਿਵੇਂ ਵੀ ਮਰਜ਼ੀ ਦਿਸਣ, ਪਰ ਉਹ ਇਸ ਦੀ ਸਤਹਾ ਤੋਂ ਵਧੇਰੇ ਡੂੰਘੇਰੇ ਨਹੀਂ ਗਏ ਸਨ। ਇੰਗਲੈਂਡ ਨੇ ਭਾਰਤੀ ਸਮਾਜ ਦੇ ਸਮੁੱਚੇ ਚੌਖਟੇ ਨੂੰ ਬੁਰੀ ਤਰ੍ਹਾਂ ਖੇਰੂੰ-ਖੇਰੂੰ ਕਰ ਦਿੱਤਾ ਹੈ, ਜਿਸ ਦਾ ਕਿ ਮੁੜ ਇਕੱਠੇ ਹੋਣ ਦਾ ਕੋਈ ਲੱਛਣ ਅਜੇ ਨੇੜੇ-ਤੇੜੇ ਵੀ ਨਹੀਂ ਦਿਸ ਰਿਹਾ। ਨਵੇਂ ਦੀ ਪ੍ਰਾਪਤੀ ਹੋਏ ਬਿਨਾਂ, ਪੁਰਾਣੇ ਸੰਸਾਰ ਦਾ ਗਵਾਚ ਜਾਣਾ ਭਾਰਤ ਦੀ ਮੌਜੂਦਾ ਮੁਸੀਬਤ ਨੂੰ ਇੱਕ ਖਾਸ ਕਿਸਮ ਦੀ ਦਿਲਗੀਰੀ ਪ੍ਰਦਾਨ ਕਰਦਾ ਹੈ। ਬਰਤਾਨੀਆ ਬਸਤੀਵਾਦੀ ਭਾਰਤ ਨੂੰ ਹਿੰਦੁਸਤਾਨ ਤੋਂ ਵੱਖ ਕਰਦਾ ਹੈ। ਇਸ ਦੀਆਂ ਸਭ ਪੁਰਾਤਨ ਪਰੰਪਰਾਵਾਂ ਨਾਲੋਂ ਅਤੇ ਇਸ ਦੇ ਸਮੁੱਚੇ ਪਿਛਲੇ ਇਤਿਹਾਸ ਨਾਲੋਂ ਈਸਟ ਇੰਡੀਆ ਕੰਪਨੀ ਬ੍ਰਿਟਿਸ਼ ਵਪਾਰੀਆਂ ਅਤੇ ਪੂੰਜੀਪਤੀਆਂ ਦੀ ਇੱਕ ਵੱਡੀ ਜਥੇਬੰਦੀ ਨੇ ਭਾਰਤ ਨਾਲ ਇੱਕ ਵਪਾਰਕ ਵਸਤੂਆਂ ਦੀ ਮੰਡੀ ਵਜੋਂ ਵਿਵਹਾਰ ਕੀਤਾ ਹੈ। ਇਸ ਦੀ ਵਰਤੋਂ ਕੀਤੀ ਹੈ ਅਤੇ ਬਿਨਾਂ ਕਿਸੇ ਨਿਵੇਸ਼ ਕੀਤਿਆਂ ਤੇ ਬਿਨਾਂ ਭੁਗਤਾਨ ਕੀਤਿਆਂ ਕੱਚਾ ਮਾਲ ਲੈਣ ਲਈ ਕਿਸਾਨੀ ਦੀ ਲੁੱਟ-ਖਸੁੱਟ ਦੇ ਜਗੀਰੂ ਢੰਗ-ਤਰੀਕਿਆਂ ਨੂੰ ਤਿੱਖਾ ਕੀਤਾ। ਵਪਾਰ ਅਤੇ ਭੋਇੰ 'ਤੇ ਟੈਕਸ ਲਗਾ ਕੇ ਉਹਨਾਂ ਨੂੰ ਲਾਭ ਵਜੋਂ ਪ੍ਰਾਪਤ ਕੀਤਾ।ਜਿਵੇਂ-ਜਿਵੇਂ ਬਸਤੀਵਾਦ ਦੀ ਤਰੱਕੀ ਹੋਈ, ਬਰਤਾਨਵੀ ਸਾਮਰਾਜ ਨੇ ਭਾਰਤੀ ਉਤਪਾਦਕਾਂ ਦੀ ਮੰਡੀ ਨੂੰ ਫਿਰ ਖਤਮ ਕਰਦੇ ਹੋਏ ਭਾਰਤੀ ਵਸਤਾਂ ਦੀ ਬਰਾਮਦ ਨੂੰ ਬਰਤਾਨੀਆ ਵਿੱਚ ਬਣੀਆਂ ਤਿਆਰ ਵਸਤਾਂ ਦੀ ਦਰਾਮਦ ਨਾਲ ਤਬਦੀਲ ਕਰ ਦਿੱਤਾ। ਪੁਰਾਤਨ ਪਿੰਡ ਅਧਾਰਤ ਢਾਂਚੇ ਦੇ ਟੁੱਟ ਜਾਣ ਨਾਲ ਉਤਪਾਦਕ ਸ਼ਕਤੀਆਂ ਵਿੱਚ ਸੁਧਾਰ ਤਾਂ ਹੋਇਆ, ਪਰ ਕੰਗਾਲੀ ਅਤੇ ਬਸਤੀਵਾਦੀ ਲੁੱਟ-ਖਸੁੱਟ, ਅਕਾਲ ਅਤੇ ਮਹਾਮਾਰੀਆਂ ਕਾਰਨ ਪੈਦਾ ਹੋਈਆਂ ਦੁਸ਼ਵਾਰੀਆਂ ਅਤੇ ਕਰੋੜਾਂ ਲੋਕਾਂ ਦੀਆਂ ਹੋਈਆਂ ਮੌਤਾਂ 'ਤੇ ਗੋਰਿਆਂ ਨੇ ਕੋਈ ਪਛਤਾਵਾ ਨਹੀਂ ਕੀਤਾ।

ਇਸੇ ਤਰ੍ਹਾਂ 1857 ਦੇ ਆਜ਼ਾਦੀ ਸੰਘਰਸ਼ ਤੋਂ ਪਹਿਲਾਂ ਵੀ ਭਾਰਤ ਅੰਦਰ ਬਹੁਤ ਸਾਰੇ ਕਿਸਾਨੀ ਤੇ ਕਬਾਇਲੀ ਲੋਕਾਂ ਦੇ ਅੰਦੋਲਨ ਹੋਏ। 1770 ਤੋਂ 1820 ਤੱਕ ਫ਼ਕੀਰ ਤੇ ਸੰਨਿਆਸੀ ਬਗਾਵਤਾਂ, 1804 ਤੋਂ 1860 ਤੱਕ ਇੰਡੀਗੋ ਬਗਾਵਤ, 1855 ਤੋਂ 57 ਕਬੀਲਾ ਬਗਾਵਤਾਂ, ਸੰਥਾਲ ਬਗਾਵਤ 1899 1900, ਮੁੰਡਾ ਬਗਾਵਤ, ਗਾਰੋ ਬਗਾਵਤਾਂ, ਭੀਲ ਕਬੀਲੇ ਦੀ ਬਗਾਵਤ ਆਦਿ।ਇਸੇ ਤਰ੍ਹਾਂ ਹੋਰ ਲਹਿਰਾਂ ਵੀ ਥਾਂ ਪਰ ਥਾਂ ਚੱਲਦੀਆਂ ਰਹੀਆਂ। ਵੀਹਵੀਂ ਸਦੀ ਦੇ ਸ਼ੁਰੂਆਤੀ ਦੌਰ ਤੋਂ ਅੱਗੇ ਕਈ ਲਹਿਰਾਂ ਵੱਖ-ਵੱਖ ਇਲਾਕਿਆਂ ਵਿੱਚ ਚੱਲੀਆਂ। ਜਿਹਦੇ ਵਿੱਚ ਮਾਪਲਾ ਲਹਿਰ, ਖਿਲਾਫਤ ਲਹਿਰ, ਰੇਸ਼ਮੀ ਰੁਮਾਲ ਲਹਿਰ, ਪਰਜਾ ਮੰਡਲ ਲਹਿਰ ਅਤੇ ਪਗੜੀ ਸੰਭਾਲ ਜੱਟਾ ਲਹਿਰ ਵਰਗੀਆਂ ਲਹਿਰਾਂ ਖਾਸ ਨਾਮਣੇ ਵਾਲੀਆਂ ਹਨ। ਜਿਨ੍ਹਾਂ ਸਮੇਂ-ਸਮੇਂ ਬ੍ਰਿਟਿਸ਼ ਹਕੂਮਤ ਨੂੰ ਝੁਕਣ ਲਈ ਮਜਬੂਰ ਕੀਤਾ, ਪਰ ਕਿਉਂਕਿ ਦੇਸ਼ ਬਹੁਤ ਵੱਡਾ ਸੀ। ਵੱਖ-ਵੱਖ ਸੱਭਿਆਚਾਰ ਤੇ ਬੋਲੀਆਂ ਦਾ ਮਾਲਕ ਸੀ। ਇਸ ਕਰਕੇ ਇੱਥੇ ਇੱਕਮੁੱਠ ਕਿਸਾਨ ਲਹਿਰ ਦਾ ਹੋਣਾ ਬਹੁਤ ਜ਼ਰੂਰੀ ਸੀ, ਜਿਸ ਦੀ ਪੂਰਤੀ ਉਪਰੋਕਤ ਮਹਾਨ ਕਿਸਾਨ ਆਗੂਆਂ ਨੇ 11 ਅਪ੍ਰੈਲ 1936 ਨੂੰ ਪੂਰੀ ਕਰ ਦਿੱਤੀ।

ਇੱਥੇ ਇਹ ਗੱਲ ਵੀ ਨੋਟ ਕਰਨ ਵਾਲੀ ਹੈ ਕਿ ਦੇਸ਼ ਅੰਦਰ ਬਹੁਤ ਸਾਰੀਆਂ ਕਿਸਾਨੀ ਲਹਿਰਾਂ ਅਤੇ ਵਿਦਰੋਹ ਪੜ੍ਹਨ, ਸਮਝਣ ਦੀ ਅੱਜ ਵੱਡੀ ਲੋੜ ਹੈ ਕਿ ਜਦੋਂ ਜਗੀਰਦਾਰਾਂ ਦੇ ਜ਼ੁਲਮਾਂ ਦੀ ਕੋਈ ਹੱਦ ਨਾ ਰਹੀ, ਸ਼ੋਸ਼ਣ ਹੱਦਾਂ ਬੰਨੇ ਟੱਪ ਗਿਆ ਅਤੇ ਗੁੰਡਾਗਰਦੀ ਨੇ ਧੀ-ਭੈਣ 'ਤੇ ਹੱਥ ਚੁੱਕ ਲਏ ਤਾਂ ਲੋਕਾਂ ਦਾ ਸ਼ਾਂਤ ਪਿਆ ਖੂਨ ਫਿਰ ਇੱਕ ਉਬਾਲੇ ਦੇ ਰੂਪ ਵਿੱਚ ਕਈ ਵਾਰ ਸਾਹਮਣੇ ਆਉਂਦਾ ਰਿਹਾ। ਕੂਕਾ ਲਹਿਰ ਮਾਲ ਬਾਰ ਅੰਦਰ ਮੋਪਲਾ ਵਿਦਰੋਹ, ਦੱਖਣ ਅੰਦਰ ਦੰਗੇ, ਸੰਥਾਲ ਤੇ ਇੰਡੀਗੋ ਬਗਾਵਤਾਂ ਇਹਨਾਂ ਸਭ ਪਿੱਛੇ ਕਿਸੇ ਨਾ ਕਿਸੇ ਰੂਪ ਵਿੱਚ ਕਿਸਾਨੀ ਸ਼ਾਮਲ ਸੀ ਅਤੇ ਜਿਨ੍ਹਾਂ ਦਾ ਰਾਜਸੀ ਚਰਿੱਤਰ ਸੀ ਤੇ ਜਥੇਬੰਦਕ ਵੀ ਸਨ, ਭਾਵੇਂ ਉਹ ਆਰਜ਼ੀ ਸਨ, ਪਰ ਕੋਈ ਨਾ ਕੋਈ ਉਹਨਾਂ ਦਾ ਮਹਾਂ ਮੰਤਰ ਸੀ।ਕੁਝ ਲਹਿਰਾਂ ਕਈ ਵਾਰ ਹੇਠਾਂ ਤੱਕ ਪ੍ਰਭਾਵਿਤ ਹੋ ਕੇ ਅੱਗੇ ਵਧਦੀਆਂ ਰਹੀਆਂ।

ਸਭ ਤੋਂ ਵੱਡਾ ਅਸਰ ਜਿਸ ਗੱਲ ਨੇ ਪਾਇਆ, ਉਹ ਸੀ ਰੂਸੀ ਇਨਕਲਾਬ। ਜਦੋਂ ਦੁਨੀਆ ਵਿੱਚ ਇੱਕ ਮਜ਼ਦੂਰ ਕਿਸਾਨ ਦਾ ਰਾਜ ਬਣਨ ਦੀ ਗੱਲ ਤੁਰੀ ਤਾਂ ਉਸ ਦਾ ਅਸਰ ਭਾਰਤ ਦੇ ਆਜ਼ਾਦੀ ਸੰਗਰਾਮੀਆਂ ਦੇ ਇੱਕ ਵੱਡੇ ਹਿੱਸੇ 'ਤੇ ਪਿਆ। ਬੰਗਾਲ, ਯੂ ਪੀ, ਬਿਹਾਰ, ਪੰਜਾਬ ਆਦਿ ਅਨੇਕਾਂ ਥਾਵਾਂ 'ਤੇ ਕਿਸਾਨੀ ਅੰਦੋਲਨ ਇਸ ਇਨਕਲਾਬ ਤੋਂ ਬਾਅਦ ਇਨਕਲਾਬੀ ਰੂਪ ਨਾਲ ਸ਼ੁਰੂ ਹੋਣ ਲੱਗ ਪਏ। ਅਸਲੀਅਤ ਵਿੱਚ ਇਸੇ ਸੋਚ ਦੇ ਮਾਲਕ ਆਗੂਆਂ ਨੇ ਹੀ ਸਾਰੀ ਕਿਸਾਨ ਲਹਿਰ ਨੂੰ ਇੱਕ ਮੁੱਠ ਕਰਕੇ ਕੁੱਲ ਹਿੰਦ ਕਿਸਾਨ ਸਭਾ ਦੀ ਬੁਨਿਆਦ ਰੱਖੀ। ਇਹ ਉਹ ਸਮਾਂ ਸੀ ਜਦੋਂ ਆਜ਼ਾਦੀ ਦੀ ਲਹਿਰ ਅਤੇ ਕਿਸਾਨ-ਮਜ਼ਦੂਰ ਲਹਿਰਾਂ ਸਭ ਇੱਕ-ਮਿੱਕ ਹੋ ਰਹੀਆਂ ਸਨ, ਕਿਉਂਕਿ ਆਮ ਲੋਕਾਂ ਵਿੱਚ ਇਸ ਗੱਲ ਦਾ ਵਿਸ਼ਵਾਸ ਸੀ ਕਿ ਅੰਗਰੇਜ਼ ਸਾਮਰਾਜ ਦੇ ਦੇਸ਼ ਛੱਡ ਜਾਣ ਮਗਰੋਂ ਸਾਡੇ ਮਿਹਨਤਕਸ਼ ਲੋਕ ਪਹਿਲਾਂ ਨਾਲੋਂ ਕਿਤੇ ਵੱਧ ਖੁਸ਼ਹਾਲ ਅਤੇ ਬਰਾਬਰੀ ਵਾਲਾ ਰੁਤਬਾ ਹਾਸਿਲ ਕਰਨਗੇ। ਆਜ਼ਾਦੀ ਮਿਲਣ ਉਪਰੰਤ ਅਜਿਹਾ ਬਹੁਤਾ ਕੁਝ ਨਾ ਦਿਸਿਆ।ਰਜਵਾੜਾਸ਼ਾਹੀ ਤੇ ਜਗੀਰਦਾਰੀ ਸਿਸਟਮ ਜੋ ਕਾਇਮ ਰੱਖਦਿਆਂ ਅੰਗਰੇਜ਼ ਹਕੂਮਤ ਨੇ ਆਪਣੇ ਲਾਭ ਲਈ ਵਰਤਿਆ ਸੀ, ਨੂੰ ਉਸੇ ਤਰ੍ਹਾਂ ਜਿੰਦਾ ਛੱਡ ਦਿੱਤਾ ਗਿਆ, ਪਰ ਉਸ ਵੇਲੇ ਦੇ ਕਿਸਾਨ ਆਗੂਆਂ ਜੋ ਕੁੱਲ ਹਿੰਦ ਕਿਸਾਨ ਸਭਾ ਦੀ ਅਗਵਾਈ ਕਰ ਰਹੇ ਸਨ, ਇਹ ਕਦਾਚਿੱਤ ਵੀ ਮਨਜ਼ੂਰ ਨਹੀਂ ਸੀ। ਇਸ ਕਰਕੇ ਉਹਨਾਂ ਪੈਪਸੂ ਦੀ ਲਹਿਰ ਹੋਵੇ ਜਾਂ ਤਿਲੰਗਾਨਾ ਦਾ ਯੁੱਧ ਹੋਵੇ ਜਾਂ ਦੇਸ਼ ਦੇ ਹੋਰ ਹਿੱਸਿਆਂ ਵਿਦਰੋਹ ਖੜਾ ਕਰ ਦਿੱਤਾ ਤੇ ਆਵਾਜ਼ ਚੁੱਕੀ ਕਿ ਜ਼ਮੀਨ ਹਲ ਵਾਹਕ ਦੀ। ਜ਼ਮੀਨ ਲੋਕਾਂ ਵਿੱਚ ਬਰਾਬਰ ਵੰਡੀ ਜਾਵੇ। ਰਜਵਾੜਾਸ਼ਾਹੀ ਤੇ ਜਗੀਰਦਾਰੀ ਖਤਮ ਕੀਤੀ ਜਾਵੇ।ਇਹਨਾਂ ਵੱਡੇ ਅੰਦੋਲਨਾਂ ਨੇ ਰੰਗ ਵਿਖਾਇਆ। ਪੰਜਾਬ ਦੇ ਮਾਲਵਾ ਖੇਤਰ ਵਿੱਚ ਲੱਖਾਂ ਏਕੜ ਜ਼ਮੀਨ ਲੋਕਾਂ ਵਿੱਚ ਵੰਡੀ ਗਈ। ਰਾਜੇ ਜਗੀਰਦਾਰ ਜ਼ਮੀਨ ਤੋਂ ਪਾਸੇ ਕਰ ਦਿੱਤੇ ਗਏ।ਇਸੇ ਤਰ੍ਹਾਂ ਦੇਸ਼ ਦੇ ਹੋਰ ਹਿੱਸਿਆਂ ਵਿੱਚ ਵੀ ਕਾਫੀ ਵੱਡੇ ਪੱਧਰ 'ਤੇ ਇਹ ਕੰਮ ਕਰਨ ਲਈ ਸਮੇਂ ਦੀ ਸਰਕਾਰ ਨੂੰ ਮਜਬੂਰ ਹੋਣਾ ਪਿਆ। ਪਰ ਫਿਰ ਵੀ ਉਹ ਕੁਝ ਨਾ ਹੋਇਆ ਜੋ ਇਹਨਾਂ ਯੋਧਿਆਂ ਨੇ ਚਿਤਵਿਆ ਸੀ। ਚਾਹੀਦਾ ਤਾਂ ਇਹ ਸੀ ਕਿ ਆਜ਼ਾਦੀ ਮਿਲਣ ਉਪਰੰਤ ਜ਼ਮੀਨ ਦੀ ਬਰਾਬਰ ਵੰਡ ਕਰਕੇ ਸਾਂਝੀ, ਸਹਿਕਾਰੀ ਜਾਂ ਸਹਿਯੋਗੀ ਖੇਤੀ ਦਾ ਰਾਹ ਕੱਢਿਆ ਜਾਂਦਾ ਅਤੇ ਨਵੀਂ ਤਕਨੀਕ ਨਾਲ ਖੇਤੀ ਉਪਜਾਂ ਨਾਲ ਦੇਸ਼ ਨੂੰ ਮਾਲਾ ਮਾਲ ਕੀਤਾ ਜਾਂਦਾ ਤੇ ਦੇਸ਼ ਦਾ ਕਿਸਾਨ ਕੋਈ ਤਕੜਾ-ਮਾੜਾ ਨਾ ਅਖਵਾਉਂਦਾ। ਸਗੋਂ ਬਰਾਬਰ ਦੀ ਹਿੱਸੇਦਾਰੀ ਨਾਲ ਸੋਹਣੇ ਸਮਾਜ ਦਾ ਸਿਰਜਕ ਹੁੰਦਾ, ਪਰ ਕਿਉਂਕਿ ਮੋਟੇ ਤੌਰ ਤੇ ਸਾਡੇ ਦੇਸ਼ ਦਾ ਰਾਜ ਪ੍ਰਬੰਧ ਪੂੰਜੀਵਾਦ ਦਾ ਹਾਮੀ ਸੀ। ਇਸ ਕਰਕੇ ਜ਼ਮੀਨ ਨਿੱਜੀ ਟੋਟਿਆਂ ਵਿੱਚ ਲੋਕਾਂ ਦੇ ਹਿੱਸੇ ਘੱਟ ਜਾਂ ਵੱਧ ਆਏ। ਗਰੀਬ ਲੋਕਾਂ ਤੋਂ ਧਨਾਢ ਲੋਕ ਮੁੜ ਜ਼ਮੀਨ ਹਾਸਲ ਕਰਨ ਵਿੱਚ ਬਹੁਤੀਆਂ ਥਾਵਾਂ 'ਤੇ ਕਈ ਢੰਗਾਂ ਨਾਲ ਸਫਲ ਹੋਏ, ਪਰ ਫਿਰ ਵੀ ਪੂੰਜੀਵਾਦ ਦੀ ਨਵੀਂ ਤਰੱਕੀ ਨਾਲ ਦੇਸ਼ ਦੇ ਅੰਨ ਭੰਡਾਰ ਵਿੱਚ ਵਾਧਾ ਵੀ ਹੋਇਆ ਅਤੇ ਕਿਸਾਨੀ ਦੇ ਇੱਕ ਹਿੱਸੇ ਨੂੰ ਕੁੱਝ ਲਾਭ ਵੀ ਮਿਲਿਆ। ਕੁੱਲ ਮਿਲਾ ਕੇ ਅੱਗੇ ਨਾਲੋਂ ਵੱਧ ਪਰ ਬਣਦੇ ਤੋਂ ਬਹੁਤ ਘੱਟ ਲੋਕਾਂ ਨੂੰ ਹਾਸਲ ਹੋਇਆ। ਕੁੱਲ ਹਿੰਦ ਕਿਸਾਨ ਸਭਾ ਨੇ ਲਗਾਤਾਰ ਸੰਘਰਸ਼ ਜਾਰੀ ਰੱਖੇ। ਆਜ਼ਾਦੀ ਤੋਂ ਬਾਅਦ ਜੇ ਪੰਜਾਬ ਦੀ ਗੱਲ ਕਰੀਏ ਤਾਂ ਖੁਸ਼ਹੈਸੀਅਤ ਟੈਕਸ ਵਿਰੁੱਧ ਵੱਡਾ ਅੰਦੋਲਨ ਹੋਇਆ। ਇਸੇ ਤਰ੍ਹਾਂ ਬਿਹਾਰ ਵਿੱਚ ਜਿੱਥੇ ਜਗੀਰਦਾਰੀ ਲੰਮਾ ਸਮਾਂ ਭਾਰੂ ਰਹੀ, ਉੱਥੇ ਲਗਾਤਾਰ ਸੰਘਰਸ਼ ਚੱਲਦੇ ਰਹੇ। ਅੱਜ ਸਾਨੂੰ ਕੁੱਲ ਹਿੰਦ ਕਿਸਾਨ ਸਭਾ ਦੇ ਉਨ੍ਹਾਂ ਮਹਾਨ ਲੀਡਰਾਂ ਤੋਂ ਵੱਡੇ ਸਬਕ ਲੈਣ ਦੀ ਲੋੜ ਹੈ, ਜਿਨ੍ਹਾਂ ਸਾਨੂੰ ਸਬਰ, ਕੁਰਬਾਨੀ ਅਤੇ ਜਥੇਬੰਦੀ ਲਈ ਸਬਕ ਤੇ ਸੇਧਾਂ ਜੋ ਦਿੱਤੀਆਂ, ਨੂੰ ਵਾਰ-ਵਾਰ ਦੁਹਰਾਉਂਦਿਆਂ ਅੱਗੇ ਵਧਣਾ ਚਾਹੀਦਾ ਹੈ।

ਭਾਵੇਂ ਅਸੀਂ ਪਿਛਲੇ ਸਮੇਂ 'ਚ ਮੋਦੀ ਸਰਕਾਰ ਵੱਲੋਂ ਕਾਰਪੋਰੇਟ ਪੱਖੀ ਲਿਆਂਦੇ ਗਏ ਮਾਰੂ ਕਾਨੂੰਨ ਵਾਪਸ ਕਰਾਉਣ ਵਿੱਚ ਸਫਲ ਹੋਏ ਹਾਂ, ਇਹ ਸਫਲਤਾ ਦਾ ਸਿਹਰਾ ਵੀ ਇੱਕ ਸਾਂਝਾ ਵਿਸ਼ਾਲ ਦੇਸ਼-ਵਿਆਪੀ ਸੰਘਰਸ਼ ਸੀ, ਪਰ ਫਿਰ ਵੀ ਸਾਡੇ ਦੇਸ਼ ਦੀਆਂ ਕਿਸਾਨ ਲਹਿਰਾਂ ਵੱਖ-ਵੱਖ ਥਾਵਾਂ 'ਤੇ ਵੱਖ-ਵੱਖ ਢੰਗਾਂ ਨਾਲ ਵੰਡੀਆਂ ਦਿਖਾਈ ਦਿੰਦੀਆਂ ਹਨ। ਅੱਜ ਇਹ ਗੱਲ ਵੀ ਨੋਟ ਕਰਨ ਵਾਲੀ ਹੈ ਕਿ 1964-65 ਵਿੱਚ ਕੁੱਲ ਹਿੰਦ ਕਿਸਾਨ ਸਭਾ ਦੋ ਹਿੱਸਿਆਂ ਵਿੱਚ ਵੰਡੀ ਗਈ। ਵੱਖ ਹੋਈ ਕਿਸਾਨ ਸਭਾ ਨੇ ਵੀ ਇਹੋ ਨਾਂਅ ਹੀ ਰੱਖਿਆ, ਜੋ ਅੱਜ ਵੀ ਜਾਰੀ ਹੈ। ਇਹਨਾਂ ਵਿੱਚੋਂ ਹੋਰ ਅੱਗੇ ਕਈ ਕਿਸਾਨ ਸਭਾਵਾਂ ਵੱਖ ਹੋਈਆਂ, ਜਿਸ ਨਾਲ ਦੇਸ਼ ਦੀ ਇੱਕ ਕਿਸਾਨ ਲਹਿਰ ਨੂੰ ਵੱਡੀ ਸੱਟ ਵੱਜੀ ਹੈ। ਮੁੜ 1936 ਦਾ ਵੇਲਾ ਯਾਦ ਕਰਕੇ ਕਿਸਾਨ ਸਭਾ ਦੀ ਲੀਡਰਸ਼ਿਪ ਨੂੰ ਉਹਨਾਂ ਦੇਸ਼ ਭਗਤਾਂ ਦੀ ਭਾਵਨਾ ਅਨੁਸਾਰ ਹੀ ਕਿਸਾਨ ਲਹਿਰ ਨੂੰ ਇੱਕ ਕਰਨ ਲਈ ਸਬਰ, ਸੰਤੋਖ ਤੇ ਤਿਆਗ ਵਿਖਾਉਣਾ ਸਮੇਂ ਦੀ ਲੋੜ ਹੈ। ਅੱਜ ਪਿਛਲੇ ਕਿਸੇ ਵੀ ਸਮੇਂ ਨਾਲੋਂ ਵੱਧ ਸੂਝਮਈ ਕਿਸਾਨ ਸੰਘਰਸ਼ ਦੀ ਲੋੜ ਹੈ, ਕਿਉਂਕਿ ਸਾਡਾ ਦੁਸ਼ਮਣ ਅੱਜ ਵਿਸ਼ਵ ਵਿਆਪੀ ਕਾਰਪੋਰੇਟ ਜਗਤ ਹੈ। ਜੋ ਹਰ ਤਰ੍ਹਾਂ ਦੇ ਹੱਥਕੰਡੇ ਵਰਤ ਕੇ ਭਾਰਤ ਵਰਗੇ ਦੇਸ਼ ਦੀ ਜ਼ਮੀਨ ਨੂੰ ਹਥਿਆਉਣਾ ਚਾਹੁੰਦਾ ਹੈ, ਕਿਉਂਕਿ ਜਿੱਥੇ 12 ਮਹੀਨੇ 30 ਦਿਨ ਖੇਤੀ ਕੀਤੀ ਜਾ ਸਕਦੀ ਹੈ ਅਤੇ ਇੱਥੋਂ ਦੇ ਵੰਨ-ਸੁਵੰਨੇ ਮੌਸਮ, ਵੰਨ-ਸੁਵੰਨੀਆ ਫਸਲਾਂ, ਸਬਜ਼ੀਆਂ, ਫਲ-ਫਰੂਟ ਮਨੁੱਖਤਾ ਦੀ ਝੋਲੀ ਪਾ ਸਕਦੇ ਹਨ, ਜਿਸ ਤੋਂ ਕਾਰਪੋਰੇਟ ਘਰਾਣੇ ਵੱਡੇ ਮੁਨਾਫਿਆਂ ਦੀ ਆਸ ਲਾਈ ਬੈਠੇ ਹਨ। ਆਓ 1936 ਵਾਲੇ ਉਹਨਾਂ ਮਹਾਨ ਯੋਧਿਆਂ ਅੱਗੇ ਸਿਰ ਝੁਕਾਉਂਦਿਆਂ ਮੁੜ ਪ੍ਰਣ ਕਰੀਏ ਕਿ ਅਸੀਂ ਕਿਸਾਨੀ ਤੇ ਪੇਂਡੂ ਮਜ਼ਦੂਰਾਂ-ਮਜ਼ਦੂਰਾਂ ਦੀ ਜ਼ਿੰਦਗੀ ਨੂੰ ਖੁਸ਼ਹਾਲ ਤੇ ਬਰਾਬਰ ਵੇਖਣ ਲਈ ਮੁੜ ਵਿਗਿਆਨਕ ਸਮਾਜਵਾਦ ਵਾਲਾ ਸੰਘਰਸ਼ ਵਿੱਢਾਂਗੇ ਤਾਂ ਕਿ ਅੱਜ ਦੇ ਅਤਿ-ਆਧੁਨਿਕ ਮਸ਼ੀਨਰੀ ਯੁੱਗ ਵਿੱਚ ਅਸੀਂ ਪੈਦਾਵਾਰ ਵੀ ਰੱਜ ਕੇ ਕਰ ਸਕੀਏ, ਲੋਕਾਂ ਨੂੰ ਵੀ ਰੱਜ ਕੇ ਖਾਣ-ਹੰਡਾਉਣ ਨੂੰ ਵੀ ਮਿਲੇ ਤੇ ਸਾਡੇ ਕੋਲ ਮਸ਼ੀਨਰੀ ਨਾਲ ਮਿਲਿਆ ਵਿਹਲਾ ਸਮਾਂ ਸਾਡੇ ਪਰਵਾਰ ਤੇ ਸਾਡੀ ਜ਼ਿੰਦਗੀ ਦੀ ਖੁਸ਼ਹਾਲੀ ਦੇ ਕੰਮ ਆਵੇ।

# ਸੰਪਰਕ : 81465-55075

# ਭਾਰਤ 'ਚ ਦੋ ਭਾਰਤ !

**ਜਗਮੇਲ ਸਿੰਘ**

ਅਮੀਰ-ਗਰੀਬ 'ਚ ਪਾੜਾ ਅੰਗਰੇਜ਼ੀ ਰਾਜ ਤੋਂ ਤੁਰਿਆ ਆਉਂਦੈ। ਅਮੀਰ ਹੋਰ ਅਮੀਰ, ਗਰੀਬ ਹੋਰ ਗਰੀਬ।ਸਰਕਾਰਾਂ ਬਦਲਦੀਆਂ ਰਹੀਆਂ।ਗਰੀਬੀ ਹਟਾਓ ਦੇ ਪ੍ਰੋਗਰਾਮ ਬਣਦੇ ਰਹੇ। ਬਦਲਾਅ ਦੇ ਝੰਡੇ ਵੀ ਝੁਲਾਏ।ਪਾੜੇ ਦਾ ਰੁਖ਼ ਨਾ ਬਦਲਿਆ। ਨਾ ਰੁਕਿਆ, ਨਾ ਘਟਿਆ।ਉਲਟਾ ਨਿੱਤ ਦਿਨ ਵਧਦਾ ਹੀ ਜਾਂਦੈ।ਮੋਦੀ ਰਾਜ ਵਿੱਚ ਹੋਰ ਵਧਿਆ। ਹੁਰੁਨ ਇੰਡੀਆ ਰਿੱਚ ਲਿਸਟ ਨੇ ਪਾੜੇ ਦਾ ਕਰੂਪ ਚੇਹਰਾ ਦਿਖਾਇਆ। ਸਭ ਤੋਂ ਅਮੀਰ 1 ਫੀਸਦੀ ਕੋਲ ਕੁੱਲ ਕੌਮੀ ਦੌਲਤ ਦਾ 40.5 ਫੀਸਦੀ। ਇਹਦੇ ਉਲਟ ਸਭ ਤੋਂ ਗਰੀਬ 50 ਫੀਸਦੀ ਵਸੋਂ ਕੋਲ ਸਿਰਫ਼ 3 ਫੀਸਦੀ। ਭਾਰਤ ਦੇ ਨੀਤੀ ਆਯੋਗ ਦੀ ਰਿਪੋਰਟ ਵੀ ਘੱਟ ਨਹੀਂ, 'ਸਭ ਬਰਾਬਰ' ਦੇ ਪਰਖਚੇ ਉਡਾਉਂਦੀ ਐ।ਦਿਨ ਮਗਰੋਂ ਛਿਪਦੈ, ਅਮੀਰ ਦੀ ਤਿਜੌਰੀ ਵਿਚ 2700 ਕਰੋੜ ਪਹਿਲਾਂ ਆ ਡਿੱਗਦਾ। ਗ਼ਰੀਬ ਸਾਰਾ ਦਿਨ ਮਰ-ਖਪ ਕੇ ਦੋ ਡੰਗ ਦੀ ਰੋਟੀ ਨ੍ਹੀਂ ਕਮਾ ਪਾਉਂਦੈ। ਸਰਕਾਰੀ ਅੰਕੜਾ 80 ਕਰੋੜ ਲੋਕਾਂ ਦਾ, ਸਰਕਾਰੀ ਰਾਸ਼ਨ 'ਤੇ ਨਿਰਭਰਤਾ। ਵਿੱਤੀ ਜਵਾਬਦੇਹੀ ਕੇਂਦਰ ਦੱਸਦੈ, 2019 ਤੋਂ 2025 ਦੌਰਾਨ ਮੁਲਕ ਦੇ 5 ਸਭ ਤੋਂ ਵੱਧ ਅਮੀਰਾਂ ਦੀ ਦੌਲਤ 400 ਫੀਸਦੀ ਵਧੀ। ਔਕਸਫੈਮ ਨੇ 1688 ਉੱਪਰਲੇ ਅਮੀਰਾਂ ਬਾਰੇ ਲਿਖਿਆ।166 ਲੱਖ ਕਰੋੜ ਤੋਂ ਵੀ ਵੱਧ ਦੇ ਮਾਲਕ ਐ।ਯਾਨਿ ਮੁਲਕ ਦੀ ਕੁੱਲ ਘਰੇਲੂ ਪੈਦਾਵਾਰ ਦੇ ਅੱਧ ਬਰਾਬਰ।ਹੁਰੁਨ ਇੰਡੀਆ ਦੀ ਰਿੱਚ ਲਿਸਟ -2024 ਵਿੱਚ 1539 ਅਮੀਰਾਂ ਦਾ ਨਾਂਅ ਬੋਲਦੈ।'ਕੱਲੇ-'ਕੱਲੇ ਕੋਲ ਹਜ਼ਾਰ-ਹਜ਼ਾਰ ਕਰੋੜ ਤੋਂ ਵੱਧ ਦੀ ਦੌਲਤ ਐ। ਪਿਛਲੇ ਪੰਜ ਸਾਲਾਂ ਵਿੱਚ ਗੌਤਮ ਅਡਾਨੀ ਦੀ ਦੌਲਤ ਦੇ ਢੇਰਾਂ ਵਿਚ ਵਾਧਾ। ਪੂਰਾ ਬਾਰਾਂ ਗੁਣਾ, 7 ਅਰਬ ਡਾਲਰ ਤੋਂ 84 ਅਰਬ ਡਾਲਰ।ਮੁਕੇਸ਼ ਅੰਬਾਨੀ ਕਿਹੜਾ ਘੱਟ ਐ, 83 ਅਰਬ ਡਾਲਰ ਦਾ ਮਾਲਕ ਹੈ। ਅਰਬਾਂ-ਖਰਬਾਂ ਦੇ ਮਾਲਕ ਹੋਰ ਵੀ ਹੈਗੇ।



ਅੰਕੜਿਆਂ ਦਾ ਗਣਿਤ, ਰਾਜ ਦੀ ਸਿਆਸਤ।ਸਭ ਜੱਗ ਜ਼ਾਹਰ। ਜੀਹਦਾ ਰਾਜ, ਉਸੇ ਦੇ ਭਾਗ।ਰਾਜ ਅਮੀਰਾਂ ਦਾ।ਟਾਟੇ ਬਾਟਿਆਂ ਦਾ, ਅਡਾਨੀਆਂ, ਅੰਬਾਨੀਆਂ ਦਾ।ਸਰਕਾਰਾਂ ਉਹਨਾਂ ਦੀਆਂ ਪ੍ਰਤੀਨਿਧ। ਵਿਧੀ ਵਿਧਾਨ ਉਹਨਾਂ ਦਾ ਵਲਿਆ ਵਗਲ। ਨੀਤੀਆਂ ਕਾਨੂੰਨਾਂ ਦੀ ਕੀ ਮਜਾਲ ਕਿ ਉਹਨਾਂ ਦਾ ਹਿਤ ਨਾ ਪੂਰਨ। ਪਿੰਡ ਤੋਂ ਲੈ ਕੇ ਰਾਜਧਾਨੀ ਤੱਕ, ਪੰਚਾਇਤ ਤੋਂ ਲੈ ਕੇ ਪਾਰਲੀਮੈਂਟ ਤੱਕ, ਅਮੀਰਾਂ ਦੀ ਹੀ ਪੁੱਗਦੀ ਆ, ਚੱਲਦੀ ਆ। ਪਾੜਾ, ਲਾਗੂ ਕੀਤੀਆਂ ਜਾ ਰਹੀਆਂ ਅਮੀਰਾਂ ਪੱਖੀ ਨੀਤੀਆਂ ਵਿੱਚ ਪਿਐ। ਬਦਲ-ਬਦਲ ਬਣੀਆਂ ਸਭਨਾਂ ਸਰਕਾਰਾਂ ਨੇ ਉਹਨਾਂ ਦੇ ਹਿੱਤ ਪਾਲੇ। ਉਹਨਾਂ ਨੂੰ ਪਹਿਲਾਂ ਲੱਖਾਂ ਕਰੋੜਾਂ ਦੇ ਕਰਜ਼ੇ, ਫ਼ਿਰ ਕਰਜ਼ੇ 'ਤੇ ਕਾਟੀਆਂ, ਮੁਆਫ਼ੀਆਂ। ਭਾਜਪਾ ਸਰਕਾਰ ਦੀ ਰੋਕੜ ਬੋਲੇ-11 ਸਾਲਾਂ ਵਿੱਚ 19.6 ਲੱਖ ਕਰੋੜ ਦੀਆਂ ਮਾਫੀਆਂ।ਉਹਨਾਂ ਨੂੰ ਕੌਡੀਆਂ ਦੇ ਭਾਅ ਜ਼ਮੀਨਾਂ, ਜੰਗਲ, ਪਹਾੜ, ਖਣਿਜ, ਬੰਦਰਗਾਹਾਂ, ਰੇਲਾਂ, ਸੜਕਾਂ, ਹਵਾਈ ਅੱਡੇ, ਟੈਕਸਾਂ ਵਿੱਚ ਛੋਟਾਂ ਤੇ ਆਫ਼ਤਾਂ ਸਮੇਂ ਲੋਕ ਲੁੱਟਣ ਦੇ ਮੌਕਿਆਂ ਦੇ ਗੱਫ਼ੇ। ਜਿਵੇਂ ਹਾਰਮੋਨਜ਼ ਦਾ ਇੱਕੋ ਟੀਕਾ ਕੱਦੂਆਂ ਦਾ ਕੱਦ ਵਧਾ ਦਿੰਦੈ। ਇਵੇਂ ਸਰਕਾਰੀ ਨੀਤੀਆਂ ਦਾ ਅਸਰ, ਅਮੀਰਾਂ ਦੇ ਮਹਿਲੀਂ, ਦੌਲਤਾਂ ਦੇ ਢੇਰਾਂ ਦੇ ਢੇਰ। ਗਰੀਬਾਂ ਦੇ ਘਰੀਂ, ਨੇਰ੍ਹ ਹੀ ਨੇਰ੍ਹ।

ਇਹ ਪਾੜਾ ਘਟਣਾ ਚਾਹੀਦੈ, ਘਟ ਸਕਦਾ। ਜੇ ਸਰਕਾਰਾਂ ਉਹਨਾਂ ਮੂਹਰੇ ਸਰਕਾਰੀ ਖ਼ਜ਼ਾਨਾ ਪਰੋਸਣਾ ਬੰਦ ਕਰਨ। ਉਹਨਾਂ ਦੇ ਕਰਜ਼ੇ ਮੁਆਫ਼ ਕਰਨਾ ਬੰਦ ਕਰਨ। ਟੈਕਸਾਂ ਵਿੱਚ ਛੋਟਾਂ, ਰਿਆਇਤਾਂ ਦੇਣੀਆਂ ਬੰਦ ਕਰਨ। ਸਭ ਤਰ੍ਹਾਂ ਦੇ ਟੈਕਸ ਉਗਰਾਹੁਣ।ਜੇ ਸਰਕਾਰਾਂ ਗਰੀਬ ਮਜ਼ਦੂਰਾਂ, ਕਿਸਾਨਾਂ ਨੂੰ ਕਰਜ਼ੇ ਮੁਹੱਈਆ ਕਰਨ। ਕਰਜ਼ੇ ਘੱਟ ਵਿਆਜ ਤੇ ਲੰਮੀ ਮਿਆਦ ਦੇ ਹੋਣ। ਸਭਨਾਂ ਨੂੰ ਸਮਰੱਥਾ ਮੂਜਬ ਰੁਜ਼ਗਾਰ ਦੇਣ।ਇਸ ਦੇ ਨਾਲ ਹੀ ਜ਼ਮੀਨੀ ਸੁਧਾਰ ਹੋਣ। ਰੁਜ਼ਗਾਰ ਮੁਖੀ ਸਨਅਤਾਂ ਲਾਈਆਂ ਜਾਣ।

ਫੌਰੀ ਤੌਰ 'ਤੇ ਆਹ ਜਿਹੜੇ 1688 ਅਮੀਰਾਂ ਕੋਲ ਦੌਲਤ ਆ 166 ਲੱਖ ਕਰੋੜ, ਇਹਦੇ 'ਤੇ 6 ਫੀਸਦੀ ਦੌਲਤ ਟੈਕਸ ਲੱਗਜੇ। ਦਸ ਸਾਢੇ ਦਸ ਲੱਖ ਕਰੋੜ ਸਾਲਾਨਾ ਸਰਕਾਰੀ ਖਜ਼ਾਨੇ ਵਿਚ ਆ ਸਕਦਾ।ਇਹ ਪੈਸਾ ਸਿਖਿਆ ਤੇ ਸਿਹਤ 'ਤੇ ਲੱਗ ਸਕਦੈ। ਕੁੱਲ ਬਜਟ ਵਿਚੋਂ 1-1 ਫੀਸਦੀ ਹੋਰ ਵੱਧ ਰਕਮ ਦਿੱਤੀ ਜਾ ਸਕਦੀ ਐ। ਸਾਰੇ ਬਜ਼ੁਰਗਾਂ ਨੂੰ ਹਰ ਮਹੀਨੇ 12 ਹਜ਼ਾਰ ਰੁਪਏ ਪੈਨਸ਼ਨ ਦਿੱਤੀ ਜਾ ਸਕਦੀ ਐ। ਹੁਰੁਨ ਇੰਡੀਆ ਵੈੱਲਥ ਰਿਪੋਰਟ-2019 ਅਨੁਸਾਰ ਮੁਲਕ ਦੇ ਅਮੀਰਾਂ ਵਿੱਚੋਂ 953 ਕੋਲ ਪ੍ਰਤੀ ਵਿਅਕਤੀ 5278 ਕਰੋੜ ਰੁਪਏ ਬਣਦੇ ਹਨ ਤੇ ਇਹ 953 ਅਮੀਰ, ਆਬਾਦੀ ਦਾ ਸਿਰਫ਼ 0.0004 ਫੀਸਦੀ ਬਣਦੇ ਹਨ।ਜੇ ਇਹਨਾਂ ਉੱਤੇ 4 ਫੀਸਦੀ ਦੀ ਦਰ ਨਾਲ ਪੂੰਜੀ ਟੈਕਸ ਲੱਗੇ ਤਾਂ 7.6 ਲੱਖ ਕਰੋੜ ਬਣਦੇ ਹਨ।

ਗੌਤਮ ਅਡਾਨੀ ਦੀ ਸੰਪਤੀ 2019-2025 ਦਰਮਿਆਨ 625 ਫੀਸਦੀ ਵਧੀ ਹੈ।84 ਅਰਬ ਡਾਲਰ। 2 ਫੀਸਦੀ ਦੌਲਤ ਟੈਕਸ ਲਾਉਣ ਨਾਲ ਪੂਰੇ ਦੇਸ਼ ਵਿੱਚ ਦੋ ਸਾਲ ਮੁਢਲੀਆਂ ਸਿਹਤ ਸਹੂਲਤਾਂ ਮੁਫ਼ਤ ਦਿੱਤੀਆਂ ਜਾ ਸਕਦੀਆਂ ਹਨ। ਪ੍ਰਦੂਸ਼ਣ ਦੀ ਮਾਰ ਹੇਠ ਆਏ 8 ਕਰੋੜ ਪਰਵਾਰਾਂ ਨੂੰ ਹਵਾ ਸ਼ੁੱਧ ਕਰਨ ਵਾਲੀਆਂ ਮਸ਼ੀਨਾਂ (Air Purifiers) ਮੁਫ਼ਤ ਦਿੱਤੀਆਂ ਜਾ ਸਕਦੀਆਂ ਹਨ।

ਇਹਦੇ ਲਈ ਲੋਕਾਂ ਖ਼ਾਸ ਕਰਕੇ ਗਰੀਬਾਂ, ਮਜ਼ਦੂਰਾਂ, ਕਿਸਾਨਾਂ ਨੂੰ ਸੰਗਠਿਤ ਹੋਣਾ ਚਾਹੀਦਾ। ਬਣਦੀਆਂ ਮੰਗਾਂ ਉਠਾਉਣੀਆਂ ਚਾਹੀਦੀਆਂ। ਮੰਗਾਂ ਦੀ ਪ੍ਰਾਪਤੀ ਲਈ ਆਵਾਜ਼ ਉਠਾਉਣੀ ਚਾਹੀਦੀ ਆ। ਸੰਘਰਸ਼ ਕਰਦੇ ਹਿੱਸਿਆਂ ਨਾਲ ਸਾਂਝ ਵਧਾਉਣੀ ਚਾਹੀਦੀ ਆ। ਇਉਂ ਹੀ ਮਿਟ ਸਕਦੈ ਏਹ ਪਾੜਾ। ਖ਼ੁਸ਼ਹਾਲ ਹੋ ਸਕੂ ਲੋਕਾਈ।

# ਸੰਪਰਕ : 94172-24822

# ਅਖੌਤੀ ਤਰੱਕੀ ! ਉਜਾੜੇ ਵੱਲ ਵਧਦਾ ਪੈਰ



ਗੁਰਪ੍ਰੀਤ

ਜਲਵਾਯੂ ਪਰਿਵਰਤਨ ਦੇ ਕਾਰਨ ਇਸ ਵੇਲੇ ਭਾਰਤ ਅਤੇ ਦੁਨੀਆ ਦੇ ਬਹੁਤ ਸਾਰੇ ਮੁਲਕ ਵੱਖ-ਵੱਖ ਸਮੱਸਿਆਵਾਂ ਦੇ ਨਾਲ ਜੂਝ ਰਹੇ ਨੇ। ਕਈ ਜਗਾਵਾਂ 'ਤੇ ਸੋਕਾ ਹੈ ਅਤੇ ਕਈ ਜਗਾਵਾਂ 'ਤੇ ਹੜ੍ਹ ਏਨੇ ਜ਼ਿਆਦਾ ਆ ਚੁੱਕੇ ਨੇ ਕਿ ਕੋਈ ਕਹਿਣ ਦੀ ਹੱਦ ਨਹੀਂ। ਕਿਤੇ ਗਰਮੀ ਏਨੀ ਜ਼ਿਆਦਾ ਪੈ ਰਹੀ ਹੈ ਕਿ ਲੋਕ ਮਰ ਰਹੇ ਨੇ, ਪਰ ਸਵਾਲ ਇਸ ਵਿਚਾਲੇ ਇਹ ਹੈ ਕਿ ਇਹ ਸਭ ਕੁਝ ਹੋ ਕਿਉਂ ਰਿਹਾ? ਵੈਸੇ, ਜਲਵਾਯੂ ਪਰਿਵਰਤਨ ਦੇ ਕਾਰਨ ਪਿਛਲੇ ਕੁਝ ਸਮੇਂ ਦੌਰਾਨ ਦੁਨੀਆਂ ਦੇ ਕਈ ਮੁਲਕਾਂ ਵਿੱਚ ਤਬਾਹੀ ਮਚੀ ਹੈ। ਇਸ ਦੇ ਸਭ ਤੋਂ ਵੱਡੇ ਕਾਰਨ ਜਿਹੜੇ ਸਾਹਮਣੇ ਆਏ ਨੇ, ਉਹ ਅਖੌਤੀ ਤਰੱਕੀ ਹੈ।

ਕਿਸੇ ਵੀ ਮੁਲਕ ਨੂੰ ਵਿਕਾਸ ਦੇ ਨਾਂਅ 'ਤੇ ਫ਼ੈਕਟਰੀ, ਕਾਰਖ਼ਾਨੇ ਅਤੇ ਸੜਕਾਂ ਤੋਂ ਇਲਾਵਾ ਮਾਲ ਉਸਾਰੇ ਜਾਂਦੇ ਨੇ, ਤਾਂ ਉਸ ਵੇਲੇ ਜਿੱਥੇ ਖੇਤੀ ਦਾ ਰਕਬਾ ਖਤਮ ਕਰ ਦਿੱਤਾ ਜਾਂਦਾ ਹੈ, ਉੱਥੇ ਹੀ ਦੂਜੇ ਪਾਸੇ ਉੱਥੇ ਲਗਾਏ ਰੁੱਖਾਂ ਨੂੰ ਵੀ ਖਤਮ ਕਰ ਦਿੱਤਾ ਜਾਂਦਾ ਹੈ, ਜਿਸ ਦੇ ਕਾਰਨ ਧਰਤੀ ਹੇਠਲੀ ਪਰਤ ਅਤੇ ਸਾਹ ਲੈਣ ਦੀ ਪ੍ਰਕਿਰਿਆ ਵਿੱਚ ਅਚਾਨਕ ਬਦਲਾਅ ਆ ਜਾਂਦਾ ਹੈ, ਜਿਸ ਦੇ ਕਾਰਨ ਪਹਾੜੀ ਰਾਜਾਂ ਵਿੱਚ ਲੈਂਡਸਲਾਈਡ ਵਰਗੀਆਂ ਘਟਨਾਵਾਂ ਵਾਪਰਦੀਆਂ ਨੇ।

ਜਦੋਂ ਪਹਾੜਾਂ ਨੂੰ ਕੱਟ ਕੇ ਉਥੇ ਨਵੇਂ ਰਸਤੇ ਬਣਾਏ ਗਏ, ਨਾਲ ਹੀ ਹਰੇ-ਭਰੇ ਰੁੱਖਾਂ ਨੂੰ ਕੱਟ-ਵੱਢ ਦਿੱਤਾ ਗਿਆ। ਉਦੋਂ ਹੀ ਹੜ੍ਹਾਂ ਵਰਗੀਆਂ ਕਰੋਪੀਆਂ ਦਾ ਮਨੁੱਖ ਨੂੰ ਸਾਹਮਣਾ ਕਰਨਾ ਪਿਆ। ਇਹ ਸਭ ਕੁੱਝ ਉਨ੍ਹਾਂ ਕੁਝ ਕੁ ਕਾਰਪੋਰੇਟ ਘਰਾਣਿਆਂ ਨੂੰ ਫਾਇਦਾ ਪਹੁੰਚਾਉਣ ਵਾਸਤੇ ਹਾਕਮਾਂ ਵੱਲੋਂ ਕੀਤਾ ਗਿਆ, ਜਿਨ੍ਹਾਂ ਨੇ ਹੁਣ ਤੱਕ ਮੁਲਕ ਦੇ ਨਾਲ ਧਰੋਹ ਹੀ ਕਮਾਇਆ ਹੈ।

ਬੇਸ਼ੱਕ ਦੇਸ਼ ਦੇ ਬਹੁਤੇ ਸੂਬਿਆਂ ਵਿੱਚ ਸਰਕਾਰ ਦੀ ਇਸ ਚਾਲ ਦੇ ਵਿਰੁੱਧ ਲੋਕਾਈ ਆਵਾਜ਼ ਬੁਲੰਦ ਹੋਣ ਤੋਂ ਬਾਅਦ ਸਰਕਾਰ ਨੂੰ ਆਪਣਾ ਫ਼ੈਸਲਾ ਬਦਲਣਾ ਪਿਆ ਅਤੇ ਕੋਰਟ ਵਿੱਚ ਸਰਕਾਰ ਨੇ ਆਖ ਦਿੱਤਾ ਕਿ ਅਰਾਵਲੀ ਪਰਬਤਾਂ ਨੂੰ ਹੁਣ ਕੱਟਿਆ-ਵੱਢਿਆ ਨਹੀਂ ਜਾਵੇਗਾ, ਪਰ ਸਵਾਲ ਇਹ ਹੈ ਕਿ ਇੱਕ ਵਾਰ ਤਾਂ ਸਰਕਾਰ ਨੇ ਆਪਣੀ ਆਰੀ ਰੋਕ ਦਿੱਤੀ, ਪਰ ਅਗਲੇ ਸਮੇਂ ਵਿੱਚ ਕੀ ਕੁਝ ਹੁੰਦਾ ਹੈ, ਇਹ ਤਾਂ ਵਕਤ ਹੀ ਦੱਸੇਗਾ ਅਤੇ ਹੋ ਸਕਦਾ ਹੈ ਇਸੇ ਕਾਂਟ-ਛਾਂਟ ਵਾਲੀ ਸਕੀਮ ਨੂੰ ਮੁੜ ਬਹਾਲ ਕਰਕੇ ਚੋਰੀ-ਛੁਪੇ ਪਹਾੜ ਉਡਾ ਦਿੱਤੇ ਜਾਣ।

ਵੈਸੇ, ਪਹਾੜਾਂ ਨੂੰ ਕੱਟ ਕੇ ਉਥੇ ਨਜਾਇਜ਼ ਮਾਈਨਿੰਗ ਕਰਨ ਵਾਲੇ ਮਾਫੀਆ ਨੂੰ ਹਮੇਸ਼ਾ ਸੱਤਾ ਧਿਰ ਦੀ ਹੀ ਸ਼ਹਿ ਹੁੰਦੀ ਹੈ, ਜਿਸ ਦੇ ਕਾਰਨ ਜਿੱਥੇ ਦਰਿਆਵਾਂ ਦਾ ਨਾਸ ਵੱਜਦਾ ਹੈ, ਉੱਥੇ ਹੀ ਦੂਜੇ ਪਾਸੇ ਮਾਈਨਿੰਗ ਦੇ ਕਾਰਨ ਧਰਤੀ ਖੋਖਲੀ ਹੋ ਜਾਂਦੀ ਹੈ, ਜਿਸ ਦੇ ਕਾਰਨ ਹੜ੍ਹਾਂ ਦਾ ਖਤਰਾ ਵਧ ਜਾਂਦਾ ਹੈ। ਰੁੱਖਾਂ ਦੇ ਸੁੱਕਣ ਦੇ ਨਾਲ-ਨਾਲ ਰੁੱਖਾਂ ਦੀ ਇੱਕ ਜਗ੍ਹਾ ਤੋਂ ਦੂਜੀ ਜਗ੍ਹਾ ਕੀਤੀ ਗਈ ਤਬਦੀਲੀ ਨੇ, ਕਿਸ ਤਰ੍ਹਾਂ ਸੈਂਕੜੇ ਰੁੱਖਾਂ ਨੂੰ ਖ਼ਤਮ ਕਰ ਦਿੱਤਾ, ਇਸ ਬਾਰੇ ਕੇਂਦਰ ਸਰਕਾਰ ਨੇ ਇੱਕ ਰਿਪੋਰਟ ਲੋਕ ਸਭਾ ਵਿੱਚ ਪੇਸ਼ ਕੀਤੀ ਹੈ।

ਕੇਂਦਰ ਸਰਕਾਰ ਦੁਆਰਾ ਸਾਂਝੀ ਕੀਤੀ ਗਈ ਇੱਕ ਜਾਣਕਾਰੀ ਦੇ ਮੁਤਾਬਕ ਰੁੱਖਾਂ ਨੂੰ ਇੱਕ ਜਗ੍ਹਾ ਤੋਂ ਦੂਜੀ ਜਗ੍ਹਾ 'ਤੇ ਤਬਦੀਲ ਕਰਨ ਵਿੱਚ ਜਿੱਥੇ ਖਾਸੀ ਪਰੇਸ਼ਾਨੀ ਆਉਂਦੀ ਹੈ, ਉੱਥੇ ਹੀ ਦੂਜੇ ਪਾਸੇ ਕਈ ਰੁੱਖ ਖਤਮ ਵੀ ਹੋ ਜਾਂਦੇ ਨੇ। 2 ਅਪ੍ਰੈਲ 2026 ਨੂੰ ਕੇਂਦਰ ਸਰਕਾਰ ਨੇ ਲੋਕ ਸਭਾ ਵਿੱਚ ਜਾਣਕਾਰੀ ਦਿੱਤੀ ਕਿ ਸੈਂਟਰਲ ਵਿਸਟਾ ਪ੍ਰੀਡਿਵੈੱਲਪਮੈਂਟ ਪ੍ਰੋਜੈਕਟ ਲਈ ਲਗਾਏ ਗਏ ਰੁੱਖਾਂ ਵਿੱਚੋਂ ਵੱਡੀ ਗਿਣਤੀ ਵਿੱਚ ਰੁੱਖ ਬਚ ਹੀ ਨਹੀਂ ਸਕੇ। ਜਾਣਕਾਰੀ ਦੇ ਅਨੁਸਾਰ 3500 ਤੋਂ ਵੱਧ ਰੁੱਖ ਇੱਕ ਜਗ੍ਹਾ ਤੋਂ ਦੂਜੀ ਜਗ੍ਹਾ 'ਤੇ ਤਬਦੀਲ ਕੀਤੇ ਗਏ ਸਨ, ਜਿਨ੍ਹਾਂ ਵਿੱਚੋਂ 1500 ਤੋਂ ਵੱਧ ਰੁੱਖ ਇੱਕ ਜਗ੍ਹਾ ਤੋਂ ਦੂਜੀ ਜਗ੍ਹਾ ਟਰਾਂਸਪਲਾਂਟੇਸ਼ਨ ਕਰਨ ਤੋਂ ਬਾਅਦ ਖਤਮ ਹੋ ਗਏ।

ਰਿਹਾਇਸ਼ੀ ਅਤੇ ਸ਼ਹਿਰੀ ਮਾਮਲਿਆਂ ਦੇ ਰਾਜ ਮੰਤਰੀ ਤੋਖਨ ਸਾਹੂ ਨੇ ਕਿਹਾ ਕਿ ਇਹ ਰੁੱਖ ਪ੍ਰੋਜੈਕਟ ਸਾਈਟ ਦੇ ਵੱਖ-ਵੱਖ ਹਿੱਸਿਆਂ ਤੋਂ ਹਟਾ ਦਿੱਤੇ ਗਏ ਸਨ ਅਤੇ ਕਿਤੇ ਹੋਰ ਲਗਾਏ ਗਏ ਸਨ, ਜਿਨ੍ਹਾਂ ਵਿੱਚ ਸਭ ਤੋਂ ਵੱਧ ਰੁੱਖ 1,734 ਕਾਰਤਵਯ ਭਵਨ 1, 2, ਅਤੇ 3 ਦੇ ਨਿਰਮਾਣ ਸਥਾਨਾਂ ਤੋਂ ਹਟਾਏ ਗਏ ਸਨ। ਇਸ ਤੋਂ ਇਲਾਵਾ 402 ਰੁੱਖ ਨਵੇਂ ਸੰਸਦ ਭਵਨ ਕੰਪਲੈਕਸ ਤੋਂ, 390 ਉਪ ਰਾਸ਼ਟਰਪਤੀ ਦੇ ਐਨਕਲੇਵ ਤੋਂ ਅਤੇ 143 ਪ੍ਰਧਾਨ ਮੰਤਰੀ ਦਫਤਰ ਅਤੇ ਨਿਵਾਸ ਪ੍ਰੋਜੈਕਟ ਸਾਈਟ ਤੋਂ ਤਬਦੀਲ ਕੀਤੇ ਗਏ ਸਨ।

ਕੇਂਦਰ ਸਰਕਾਰ ਨੇ ਲੋਕ ਸਭਾ ਵਿੱਚ ਦੱਸਿਆ ਕਿ ਸਾਲ 2023-24 ਤੋਂ 2025-26 ਦੇ ਵਿਚਕਾਰ ਰੁੱਖਾਂ ਨੂੰ ਦੂਜੀ ਥਾਂ ਲਗਾਉਣ ਅਤੇ ਨਵੇਂ ਬੂਟੇ ਲਗਾਉਣ 'ਤੇ ਕੁੱਲ 5.29 ਕਰੋੜ ਰੁੱਖ ਖ਼ਰਚ ਕੀਤੇ ਗਏ ਹਨ। ਰੁੱਖਾਂ ਦੀ ਕਟਾਈ ਦੀ ਭਰਪਾਈ ਲਈ ਬਦਰਪੁਰ ਸਥਿਤ ਐੱਨ ਟੀ ਪੀ ਸੀ ਈਕੋ ਪਾਰਕ ਵਿੱਚ 24,450 ਅਤੇ ਘਿਟੋਰਨੀ ਖੇਤਰ ਵਿੱਚ 1,730 ਪੌਦੇ ਰੋਪੇ ਗਏ ਹਨ।

ਇਹ ਧਿਆਨ ਦੇਣ ਯੋਗ ਹੈ ਕਿ ਰਿਹਾਇਸ਼ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰਾਲੇ ਨੇ 2019 ਵਿੱਚ ਕੇਂਦਰੀ ਲੋਕ ਨਿਰਮਾਣ ਵਿਭਾਗ ਰਾਹੀਂ ਸੈਂਟਰਲ ਵਿਸਟਾ ਪ੍ਰੋਜੈਕਟ ਸ਼ੁਰੂ ਕੀਤਾ ਸੀ। ਇਸ ਵਿਆਪਕ ਯੋਜਨਾ ਦੇ ਤਹਿਤ ਇੱਕ ਨਵੀਂ ਸੰਸਦ ਭਵਨ, ਇੱਕ ਉਪ ਰਾਸ਼ਟਰਪਤੀ ਦਾ ਐਨਕਲੇਵ, ਇੱਕ ਕਾਰਜਕਾਰੀ ਐਨਕਲੇਵ (ਪ੍ਰਧਾਨ ਮੰਤਰੀ ਦਫ਼ਤਰ ਅਤੇ ਨਿਵਾਸ ਸਮੇਤ) ਅਤੇ 10 ਨਵੀਆਂ ਦਫਤਰੀ ਇਮਾਰਤਾਂ ਬਣਾਉਣ ਦੀਆਂ ਯੋਜਨਾਵਾਂ ਹਨ, ਜਿਨ੍ਹਾਂ ਨੂੰ ਸਮੂਹਿਕ ਤੌਰ 'ਤੇ 'ਕਾਮਨ ਸੈਂਟਰਲ ਸਕੱਤਰੇਤ' (ਕਰਤਾਵਯ ਭਵਨ) ਵਜੋਂ ਜਾਣਿਆ ਜਾਂਦਾ ਹੈ।

ਵੈਸੇ ਵੇਖਿਆ ਜਾਵੇ ਤਾਂ ਇਹ ਤਾਂ ਸਿਰਫ ਉਹ ਰਿਪੋਰਟ ਹੈ, ਜਿਹੜੀ ਕੇਂਦਰ ਸਰਕਾਰ ਨੇ ਇੱਕ ਲਿਖਤੀ ਜਵਾਬ ਵਿੱਚ ਲੋਕ ਸਭਾ ਵਿੱਚ ਦਿੱਤੀ, ਜਦੋਂ ਕਿ ਅਸਲੀਅਤ ਤਾਂ ਇਸ ਤੋਂ ਕਿਤੇ ਅੱਗੇ ਹੈ। ਭਾਰਤ ਦੇ ਵੱਖ-ਵੱਖ ਹਿੱਸਿਆਂ ਵਿੱਚ ਇਸ ਵੇਲੇ ਵੱਡੇ ਪੱਧਰ 'ਤੇ ਰੁੱਖਾਂ ਦੀ ਕਟਾਈ ਹੋ ਰਹੀ ਹੈ, ਜਿਨ੍ਹਾਂ ਦਾ ਕੋਈ ਹਿਸਾਬ ਨਹੀਂ। ਭਾਵੇਂ ਹੀ ਸੁਪਰੀਮ ਕੋਰਟ ਅਤੇ ਹਾਈ ਕੋਰਟਾਂ ਦੇ ਵੱਲੋਂ ਸਮੇਂ-ਸਮੇਂ 'ਤੇ ਰੁੱਖ ਕੱਟਣ ਵਾਲਿਆਂ ਨੂੰ ਝਾੜ ਪਾਈ ਜਾਂਦੀ ਹੈ ਅਤੇ ਇਸ ਦੇ ਨਾਲ ਹੀ ਸਰਕਾਰਾਂ ਨੂੰ ਨੋਟਿਸ ਜਾਰੀ ਕਰਕੇ ਜਵਾਬ-ਤਲਬੀ ਕੀਤੀ ਜਾਂਦੀ ਹੈ, ਪਰ ਇਸ ਦਾ ਅਸਰ ਕਿਧਰੇ ਵੀ ਵੇਖਣ ਨੂੰ ਨਹੀਂ ਮਿਲ ਰਿਹਾ।

ਅਦਾਲਤਾਂ ਦੇ ਹੁਕਮਾਂ ਨੂੰ ਜਿੱਥੇ ਛਿੱਕੇ ਟੰਗਿਆ ਜਾ ਰਿਹਾ ਹੈ, ਉਥੇ ਹੀ ਦੂਜੇ ਪਾਸੇ ਰੁੱਖਾਂ ਦੀ ਵੱਡੇ ਪੱਧਰ 'ਤੇ ਕੀਤੀ ਜਾ ਰਹੀ ਕਟਾਈ ਅਤੇ ਕੁਝ ਰੁੱਖਾਂ ਨੂੰ ਵਿਕਾਸ ਦੇ ਨਾਂਅ 'ਤੇ ਅਤੇ ਹਾਈਵੇ ਬਣਾਉਣ ਦੇ ਨਾਮ 'ਤੇ ਕੱਟਿਆ-ਵੱਢਿਆ ਜਾ ਰਿਹਾ ਹੈ, ਜਿਸ ਦੇ ਕਾਰਨ ਜਿੱਥੇ ਵਾਤਾਵਰਨ ਵਿੱਚ ਬਹੁਤ ਜ਼ਿਆਦਾ ਤਬਦੀਲੀ ਆ ਰਹੀ ਹੈ ਅਤੇ ਇਸ ਦਾ ਅਸਰ ਤਾਪਮਾਨ ਉੱਪਰ ਵੀ ਪੈ ਰਿਹਾ ਹੈ। ਤਾਪਮਾਨ ਵਿੱਚ ਤਬਦੀਲੀ ਦੇ ਨਾਲ-ਨਾਲ ਪੰਜਾਬ ਸਮੇਤ ਕਈ ਸੂਬਿਆਂ ਵਿੱਚ ਪਾਣੀ ਦਾ ਪੱਧਰ ਨੀਵਾਂ ਹੋ ਰਿਹਾ ਹੈ ਅਤੇ ਕੁਝ ਥਾਵਾਂ 'ਤੇ ਪਾਣੀ ਪ੍ਰਦੂਸ਼ਤ ਹੋਣ ਦੀਆਂ ਰਿਪੋਰਟਾਂ ਦਰਜ ਕੀਤੀਆਂ ਗਈਆਂ ਹਨ।

ਲੋੜ ਹੈ ਇੱਕ ਚੰਗੀ ਨੀਤੀ ਬਣਾਉਣ ਦੀ, ਇਸ ਲਈ ਪੜ੍ਹੇ-ਲਿਖੇ ਨੌਜਵਾਨਾਂ ਨੂੰ ਅੱਗੇ ਆਉਣਾ ਪਵੇਗਾ, ਤਾਂ ਹੀ ਸਾਡੇ ਵਾਤਾਵਰਨ ਨੂੰ ਬਚਾਇਆ ਜਾ ਸਕਦਾ ਹੈ, ਨਹੀਂ ਤਾਂ ਉਹ ਵੇਲਾ ਦੂਰ ਨਹੀਂ, ਜਦੋਂ ਅਸੀਂ ਪਾਣੀ ਨੂੰ ਵੀ ਤਰਸਾਂਗੇ ਅਤੇ ਅਨਾਜ ਲਈ ਜ਼ਮੀਨਾਂ ਨੂੰ ਵੀ। ਬਾਕੀ, ਦੇਖਦੇ ਹਾਂ ਕਿ ਅਗਲੇ ਸਮੇਂ ਦੇ ਵਿੱਚ ਕੀ ਕੁਝ ਹੁੰਦਾ ਹੈ?

# ਸੰਪਰਕ : 95698-20314

# ਨਰੇਗਾ ਮਜ਼ਦੂਰਾਂ ਦੀ 100 ਦਿਨ ਦੀ ਗਾਰੰਟੀ ਉਜ਼ਰਤ ਜਾਂ ਬੇਰੁਜ਼ਗਾਰੀ ਭੱਤੇ ਦੇ ਰੂਪ 'ਚ ਪੂਰੀ ਕੀਤੀ ਜਾਵੇ : ਖੋਸਾ, ਭੋਲਾ, ਦੌਲਤਪੁਰਾ



**ਮੋਗਾ (ਇਕਬਾਲ ਸਿੰਘ ਖਹਿਰਾ)**

ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ (ਰਜਿ:) ਦੇ ਸੱਦੇ 'ਤੇ ਮੋਗਾ ਵਿਖੇ ਡਿਪਟੀ ਕਮਿਸ਼ਨਰ ਦੇ ਦਫ਼ਤਰ ਅੱਗੇ ਧਰਨਾ ਦਿੱਤਾ ਗਿਆ।ਇਸ ਮੌਕੇ ਜ਼ਿਲ੍ਹੇ ਦੇ ਵੱਖ ਵੱਖ ਕੋਨਿਆਂ ਤੋਂ ਮਜ਼ਦੂਰ ਇਸ ਧਰਨੇ ਵਿੱਚ ਸ਼ਾਮਲ ਹੋਏ।ਸੂਬਾ ਜਨਰਲ ਸਕੱਤਰ ਜਗਸੀਰ ਖੋਸਾ, ਜ਼ਿਲ੍ਹਾ ਸਲਾਹਕਾਰ ਕਾਮਰੇਡ ਕੁਲਦੀਪ ਸਿੰਘ ਭੋਲਾ ਤੇ ਜ਼ਿਲ੍ਹਾ ਪ੍ਰਧਾਨ ਸ਼ੇਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਨਰੇਗਾ ਮਜ਼ਦੂਰਾਂ ਦਾ ਭਲਾ ਨਰੇਗਾ ਐਕਟ ਦੇ ਵਾਧੇ ਵਿੱਚ ਹੈ, ਜਦੋਂ ਕਿ ਸਰਮਾਏਦਾਰੀ ਨੀਤੀਆਂ 'ਤੇ ਚੱਲਣ ਵਾਲੀਆਂ ਸਰਕਾਰਾਂ ਇਸ ਨੂੰ ਨਕਾਰਾ ਕਰਨ ਦੀ ਮਨਸ਼ਾ ਰੱਖਦੀਆਂ ਹਨ।ਪੰਜਾਬ ਦੇ ਚੇਤਨ ਮਜ਼ਦੂਰ ਸਰਕਾਰਾਂ ਦੀਆਂ ਅਜਿਹੀਆਂ ਚਾਲਾਂ ਨੂੰ ਕਾਮਯਾਬ ਨਹੀਂ ਹੋਣ ਦੇਣਗੇ।ਉਨ੍ਹਾਂ ਕਿਹਾ ਕਿ ਨਰੇਗਾ (ਐਕਟ) ਤਹਿਤ ਪਿੰਡਾਂ ਦੇ ਮਜ਼ਦੂਰਾਂ ਨੂੰ ਕੰਮ ਮੰਗਣ 'ਤੇ 100 ਦਿਨਾਂ ਦੀ ਗਾਰੰਟੀ ਹੈ, ਪਰ ਕੰਮ ਦੀ ਮੰਗ ਦੀਆਂ ਰਸੀਦਾਂ ਨਾ ਜਾਰੀ ਕਰਨ ਕਾਰਨ ਨਰੇਗਾ ਮਜ਼ਦੂਰਾਂ ਦੀ ਕੰਮ ਗਾਰੰਟੀ ਨੂੰ ਢਾਹ ਲੱਗਦੀ ਹੈ।ਇਸ ਲਈ ਨਰੇਗਾ ਮਜ਼ਦੂਰਾਂ ਨੂੰ ਕੰਮ ਦੀਆਂ ਅਰਜ਼ੀਆਂ ਦੀ ਰਸੀਦ ਹਾਸਲ ਕਰਨ ਦੀ ਮਹੱਤਤਾ ਨੂੰ ਸਮਝਣਾ ਤੇ ਅਮਲ ਕਰਵਾਉਣਾ ਸਮੇਂ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਜਿਹੜੇ ਮਜ਼ਦੂਰਾਂ ਨੂੰ ਪਿਛਲੇ ਸਾਲ 2025-26 ਦੌਰਾਨ ਕੰਮ ਦੀ ਮੰਗ ਕਰਨ ਦੇ ਬਾਵਜੂਦ ਕੰਮ ਨਹੀਂ ਮਿਲਿਆ, ਉਨ੍ਹਾਂ ਨੂੰ ਤਰੁੰਤ ਬੇਰੁਜ਼ਗਾਰੀ ਭੱਤਾ ਜਾਰੀ ਕੀਤਾ ਜਾਵੇ।ਪਿਛਲੇ ਸਮੇਂ ਸਮੇਂ ਵਿੱਚ ਕੀਤੇ ਕੰਮ ਦੀ ਉਜ਼ਰਤ ਤੁਰੰਤ ਸਮੇਤ ਮੁਆਵਜ਼ਾ ਜਾਰੀ ਕੀਤੀ ਜਾਵੇ।

ਆਗੂਆਂ ਨੇ ਦੱਸਿਆ ਕਿ ਨਰੇਗਾ ਐਕਟ ਮੁਤਾਬਿਕ ਨਰੇਗਾ ਮੇਟਾਂ ਨੂੰ ਵੇਜ਼ਰੇਟ ਸੈਮੀਸਕਿਲਡ ਵਾਲੀ ਮਿਲਣੀ ਹੈ, ਜੋ ਕਿ ਨਰੇਗਾ ਫੰਡ ਦੇ 40% ਮਟੀਰੀਅਲ ਵਾਲੇ ਹਿੱਸੇ ਤੋਂ ਉਜ਼ਰਤ ਦੇਣੀ ਹੈ, ਪਰ ਉਨ੍ਹਾਂ ਨੂੰ ਅਣਸਕਿਲਡ (ਲੇਬਰ) ਵਾਲੀ ਦਿਹਾੜੀ ਹੀ ਦਿੱਤੀ ਜਾਂਦੀ ਹੈ ਤੇ ਇਹ ਅਣਸਕਿਲਡ ਲੇਬਰ ਦੇ ਖਾਤੇ ਨੂੰ ਖੋਰਾ ਲਾਉਂਦੀ ਹੈ।ਮੇਟ ਦੀ ਉਜ਼ਰਤ ਕਿਸੇ ਵੀ ਸੂਰਤ ਵਿੱਚ ਅਣਸਕਿਲਡ ਹਿੱਸੇ ਵਿੱਚੋਂ ਪਾਉਣੀ ਬੰਦ ਕੀਤੀ ਜਾਵੇ, ਜੋ ਕਿ ਨਰੇਗਾ ਐਕਟ ਦੀ ਸ਼ਰੇਆਮ ਉਲੰਘਣਾ ਹੈ।ਆਗੂਆਂ ਨੇ ਕਿਹਾ ਕਿ ਪਿਛਲੇ ਸਮੇਂ ਤੋਂ ਜਿਹੜੀ ਆਨ ਲਾਈਨ ਹਾਜ਼ਰੀ ਅੱਜ ਕੱਲ੍ਹ, ਇਕੱਲੇ-ਇਕੱਲੇ ਵਿਅਕਤੀ ਦਾ ਚਿਹਰਾ ਸਕੈਨ ਕਰਕੇ ਲੱਗ ਰਹੀ ਹੈ, ਉਹ ਲੇਬਰ ਤੇ ਮੇਟਾਂ ਲਈ ਮੁਸੀਬਤ ਬਣ ਰਹੀ ਹੈ, ਕਿਉਂਕਿ ਇਸ ਵਿੱਚ ਬਹੁਤ ਸਾਰੇ ਲੋਕਾਂ ਦੀ ਹਾਜ਼ਰੀ ਨਹੀਂ ਲੱਗ ਰਹੀ।ਉਨ੍ਹਾਂ ਕਿਹਾ ਕਿ ਹਾਜ਼ਰੀ ਪਹਿਲਾਂ ਵਾਂਗ ਮਸਟਰੋਲ 'ਤੇ ਹੀ ਲਾਈ ਜਾਵੇ।ਨਰੇਗਾ ਕਾਮਿਆਂ ਦੇ ਹੱਕਾਂ ਦੀ ਰਾਖੀ ਲਈ ਘੋਲ ਤੇਜ਼ ਕੀਤਾ ਜਾਵੇ, ਨਰੇਗਾ ਫੰਡ ਦੀ 60% ਰਾਸ਼ੀ ਜੋ ਨਰੇਗਾ ਲੇਬਰ ਲਈ ਰਾਖਵੀਂ ਹੈ, ਉਹ ਕੇਵਲ ਅਣਸਕਿਲਡ ਉਜ਼ਰਤਾਂ ਲਈ ਵਰਤੀ ਜਾਏ।ਮੇਟ ਨੂੰ ਪੂਰੀ ਉਜ਼ਰਤ ਸੈਮੀਸਕਿਲਡ ਰੇਟ ਜੋ 40% ਹਿੱਸੇ ਵਿਚੋਂ ਦਿੱਤਾ ਜਾਣਾ ਹੈ, ਇਸ 'ਤੇ ਅਮਲ ਕੀਤਾ ਜਾਵੇ, ਜਿੱਥੇ ਇਸ ਦਾ ਉਲੰਘਣ ਹੋਇਆਂ ਉੱਥੇ ਇਸ ਦੀ ਰਿਕਵਰੀ ਕੀਤੀ ਜਾਵੇ ਤੇ ਦੋਸ਼ੀ ਖਿਲਾਫ ਕਾਰਵਾਈ ਕੀਤੀ ਜਾਵੇ।ਮੇਟ ਦੀ ਜ਼ਿੰਮੇਵਾਰੀ ਤੇ ਹੱਕਾਂ ਦੇ ਪ੍ਰਚਾਰ ਬੋਰਡ ਲਾਏ ਜਾਣ।ਉਜ਼ਰਤਾਂ ਦਾ ਭੁਗਤਾਨ ਨਰੇਗਾ ਨਿਯਮਾਂ ਅਨੁਸਾਰ 15 ਦਿਨਾਂ ਵਿੱਚ ਹੋਣਾ ਯਕੀਨੀ ਬਣਾਇਆ ਜਾਵੇ, ਲੇਟ ਹੋਣ ਦੀ ਸੂਰਤ ਵਿੱਚ ਹਰਜਾਨੇ ਦੀ ਭਰਪਾਈ (ਸਵਾਇਆ ਤੇ ਡੂਢਾ) ਸਮੇਤ ਉਜ਼ਰਤ ਦਿੱਤੀ ਜਾਵੇ।ਕੇਂਦਰ ਸਰਕਾਰ ਵੱਲੋਂ ਨਵਾਂ ਲਿਆਂਦਾ ਕਾਨੂੰਨ ਵਿਕਸਤ ਭਾਰਤ : ਗਰੰਟੀ ਫਾਰ ਰੁਜ਼ਗਾਰ ਤੇ ਆਜੀਵਿਕਾ ਮਿਸ਼ਨ (ਗ੍ਰਾਮੀਣ) ਵਾਪਸ ਲਿਆ ਜਾਵੇ।ਇਸ ਤੋਂ ਇਲਾਵਾ ਧਰਨੇ ਨੇ ਮੰਗ ਕੀਤੀ ਕਿ ਨਰੇਗਾ ਮਜ਼ਦੂਰਾਂ ਦੀ ਦਿਹਾੜੀ 1000 ਰੁਪਏ ਕੀਤੀ ਜਾਵੇ, ਦਿਨਾਂ ਦੀ ਗਾਰੰਟੀ 200 ਦਿਨ ਕੀਤੀ ਜਾਵੇ, ਨਰੇਗਾ ਕੰਮ 'ਤੇ ਮੌਤ ਜਾਂ ਪੂਰਨ ਅਪੰਗਤਾ ਦੀ ਸੂਰਤ ਵਿੱਚ ਐਕਸਗਰੇਸ਼ੀਆ ਗ੍ਰਾਂਟ 25000 ਤੋਂ ਵਧਾ ਕੇ 5 ਲੱਖ ਕੀਤੀ ਜਾਵੇ।ਇਸ ਉਪਰੰਤ ਕਾਫੀ ਸਮਾਂ ਉਡੀਕ ਤੋਂ ਬਾਅਦ ਜਦੋਂ ਕੋਈ ਅਧਿਕਾਰੀ ਮੰਗ ਪੱਤਰ ਲੈਣ ਨਾ ਆਇਆ ਤਾਂ ਨਰੇਗਾ ਮਜ਼ਦੂਰ ਰੋਸ ਵਜੋਂ ਵੱਲੋਂ ਗੇਟ ਟੱਪ ਕੇ ਕੰਪਲੈਕਸ ਅੰਦਰ ਦਾਖਲ ਹੋ ਗਏ।ਇਸ ਤੋਂ ਬਾਅਦ ਨਾਅਰੇਬਾਜ਼ੀ ਦੌਰਾਨ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਤਹਿਸੀਲਦਾਰ ਲਖਵਿੰਦਰ ਸਿੰਘ ਨੇ ਨਰੇਗਾ ਆਗੂਆਂ ਤੋਂ ਮੰਗ ਪੱਤਰ ਲਿਆ ਤੇ ਇੱਕ ਹਫ਼ਤੇ ਦੇ ਅੰਦਰ ਡਿਪਟੀ ਕਮਿਸ਼ਨਰ ਨਾਲ ਮੀਟਿੰਗ ਕਰਵਾ ਕੇ ਮਸਲਾ ਹੱਲ ਕਰਵਾਉਣ ਦਾ ਭਰੋਸਾ ਦਿੱਤਾ।ਸਟੇਜ ਦੀ ਕਾਰਵਾਈ ਸਵਰਾਜ ਸਿੰਘ ਢੁੱਡੀਕੇ ਨੇ ਚਲਾਈ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਮਹਿੰਦਰ ਸਿੰਘ ਧੂੜਕੋਟ, ਗੁਰਦਿੱਤ ਸਿੰਘ ਦੀਨਾ, ਬਿੰਦਰ ਕੌਰ ਗਲੋਟੀ, ਕਮਲੇਸ਼ ਸਿੰਘ, ਕਰਮਵੀਰ ਕੌਰ ਬੱਧਨੀ, ਇੰਦਰਜੀਤ ਦੀਨਾ, ਬੋਹੜ ਸਿੰਘ ਬੁੱਟਰ ਆਦਿ ਆਗੂਆਂ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਜਬਰਜੰਗ ਸਿੰਘ ਮਹੇਸ਼ਰੀ, ਪੂਜਾ ਖੋਸਾ, ਬਿੰਦਰ ਸਿੰਘ ਝੰਡੇਆਣਾ, ਸੰਦੀਪ ਕੌਰ ਹਾਜ਼ਰ ਸਨ।

# ਸੰਯੁਕਤ ਕਿਸਾਨ ਮੋਰਚੇ ਵੱਲੋਂ ਮੰਗਾਂ ਨੂੰ ਲੈ ਕੇ ਜਲਦ ਵਿੱਢਿਆ ਜਾਵੇਗਾ ਤਿੱਖਾ ਸੰਘਰਸ਼ : ਰਕੇਸ਼ ਟਕੈਤ

■ ਜੇਕਰ ਕੇਂਦਰ ਸਰਕਾਰ ਧਨਾਢਾਂ ਦਾ ਕਰਜ਼ਾ ਮਾਫ ਕਰ ਸਕਦੀ ਹੈ ਤਾਂ ਫਿਰ ਕਿਸਾਨਾਂ ਦਾ ਕਿਉਂ ਨਹੀਂ : ਡਾ. ਪਿਆਰੇ ਲਾਲ ਗਰਗ ■ ਬੀ ਕੇ ਯੂ ਲੱਖੋਵਾਲ ਵੱਲੋਂ ਭਗਤ ਧੰਨਾ ਜੱਟ ਦੇ ਜਨਮ ਦਿਹਾੜੇ ਨੂੰ ਸਮਰਪਤ ਸੂਬਾ ਪੱਧਰੀ ਵਿਚਾਰ ਗੋਸ਼ਟੀ



**ਮੋਗਾ (ਇਕਬਾਲ ਸਿੰਘ ਖਹਿਰਾ)**

ਦੇਸ਼ ਦੀ ਡੁੱਬਦੀ ਕਿਸਾਨੀ ਨੂੰ ਧਿਆਨ ਵਿੱਚ ਰੱਖਦੇ ਹੋਏ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਮੋਗਾ ਵਿਖੇ ਭਗਤ ਧੰਨਾ ਜੱਟ ਜੀ ਦੇ ਜਨਮ ਦਿਹਾੜੇ ਨੂੰ ਸਮਰਪਤ ਭਾਰਤੀ ਸੂਬਾ ਪੱਧਰੀ ਕਿਸਾਨੀ ਕਿਸਾਨ ਬੁੱਧੀਜੀਵੀ ਵਿਚਾਰ ਗੋਸ਼ਟੀ ਕਰਵਾਈ।ਇਸ ਵਿਚਾਰ ਗੋਸ਼ਟੀ ਭਾਰਤੀ ਕਿਸਾਨ ਯੂਨੀਅਨ ਦੇ ਰਾਸ਼ਟਰੀ ਬੁਲਾਰੇ ਰਿਕੇਸ਼ ਟਿਕੈਤ, ਬੁੱਧੀਜੀਵੀ ਡਾ. ਪਿਆਰੇ ਲਾਲ ਗਰਗ, ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਸੂਬਾ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਤੇ ਅਵਤਾਰ ਸਿੰਘ ਮਹਿਲੋ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਜਿਹੀਆਂ ਵਿਚਾਰ ਗੋਸ਼ਟੀਆਂ ਜੋ ਲੋਕਾਂ ਨੂੰ ਸੰਘਰਸ਼ ਕਰਨ 'ਚ ਸਹਾਈ ਹੁੰਦੀਆਂ ਹਨ ਤੇ ਉਨ੍ਹਾਂ ਦਾ ਮਾਰਗਦਰਸ਼ਨ ਕਰਦੀਆਂ ਹਨ।ਰਕੇਸ਼ ਟਕੈਤ ਨੇ ਜਿੱਥੇ ਅਮਰੀਕਾ ਸੰਧੀ ਨੂੰ ਕਿਸਾਨ ਵਿਰੋਧੀ ਦੱਸਿਆ, ਉੱਥੇ ਹੀ ਕਿਸਾਨਾਂ ਦੀ ਨੁਕਸਾਨੀ ਗਈ ਫਸਲ ਨੂੰ ਮੁਆਵਜ਼ਾ ਦੇਣ ਦੀ ਮੰਗ ਵੀ ਕੀਤੀ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੁਆਵਜ਼ਾ ਦੇਣਾ ਕੋਈ ਭੀਖ ਨਹੀਂ, ਬਲਕਿ ਉਨ੍ਹਾਂ ਦਾ ਹੱਕ ਹੈ ਤਾਂ ਜੋ ਦੇਸ਼ ਦਾ ਢਿੱਡ ਭਰਨ ਵਾਲੀ ਕਿਸਾਨੀ ਨੂੰ ਉਭਾਰਿਆ ਜਾ ਸਕੇ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਕਿਸਾਨੀ ਮੰਗਾਂ ਮੰਨਣ ਦੇ ਬਾਵਜੂਦ ਕਿਸਾਨਾਂ ਨਾਲ ਕੀਤੇ ਵਾਅਦੇ ਤੋਂ ਧਰੋਹ ਕੀਤਾ ਹੈ, ਪਰ ਕਿਸਾਨ ਜਲਦ ਹੀ ਇਕੱਠੇ ਹੋ ਕੇ ਮੁੜ ਤੋਂ ਕਿਸਾਨੀ ਮੰਗਾਂ ਨੂੰ ਲੈ ਕੇ ਤਿੱਖਾ ਸੰਘਰਸ਼ ਵਿੱਢਣਗੇ।

ਇਸ ਮੌਕੇ ਡਾਕਟਰ ਪਿਆਰੇ ਲਾਲ ਗਰਗ ਨੇ ਕਿਹਾ ਕਿ ਜੇ ਦੇਸ਼ ਦੇ ਧਨਾਢਾਂ ਦਾ ਕਰਜ਼ਾ ਮਾਫ ਕੀਤਾ ਜਾ ਸਕਦਾ ਹੈ ਤਾਂ ਫਿਰ ਕਿਸਾਨ ਦਾ ਕਿਉਂ ਨਹੀਂ? ਉਨ੍ਹਾਂ ਕਿਹਾ ਕਿ ਧਨਾਢ ਆਪਣੇ ਵਪਾਰ ਦੀ ਕੋਈ ਵੀ ਵਸਤ ਦਾ ਮੁੱਲ ਆਪ ਤੈਅ ਕਰਦੇ ਹਨ, ਪਰ ਸਾਡੇ ਦੇਸ਼ ਦੇ ਕਿਸਾਨਾਂ ਦੀ ਤਰਾਸਦੀ ਹੈ ਕਿ ਉਹੀ ਧਨਾਢ ਸਾਡੀ ਫਸਲ ਦਾ ਵੀ ਮੁੱਲ ਆਪ ਤੈਅ ਕਰਦੇ ਹਨ ਤੇ ਸਾਨੂੰ ਨਿਗੂਣਾ ਜਿਹਾ ਮੁੱਲ ਦੇ ਕੇ ਲੁੱਟ ਦਾ ਸ਼ਿਕਾਰ ਬਣਾਉਂਦੇ ਹਨ, ਜੋ ਦੇਸ਼ ਲਈ ਅਤਿਅੰਤ ਮੰਦਭਾਗਾ ਹੈ। ਆਗੂਆਂ ਨੇ ਕਿਹਾ ਹੈ ਕਿ ਜੋ ਗੜੇਮਾਰੀ ਨਾਲ ਨੁਕਸਾਨ ਹੋਇਆ, ਉਸ ਦਾ ਸਰਕਾਰ ਪ੍ਰਤੀ ਏਕੜ 50,000 ਮੁਆਵਜ਼ਾ ਦੇਵੇ, ਸਰਕਾਰ ਹਰੇਕ ਘਰ ਨੂੰ ਪੀਣ ਵਾਲਾ ਸ਼ੁੱਧ ਪਾਣੀ ਮੁਹਈਆ ਕਰਾਏ ਤੇ ਹਰੇਕ ਖੇਤ ਤੱਕ ਨਹਿਰੀ ਪਾਣੀ ਪਹੁੰਚਦਾ ਕਰੇ। ਦਰਿਆਵਾਂ ਦੇ ਸਾਰੇ ਬੰਨ੍ਹ ਪੱਕੇ ਕੀਤੇ ਜਾਣ ਤੇ ਰੀਚਾਰਜ ਪੁਆਇੰਟ ਬਣਾਏ ਜਾਣ, ਜੋ ਸਰਕਾਰ ਜ਼ਮੀਨ ਰਿਕੁਾਇਰ ਕਰ ਰਹੀ ਹੈ, ਆਪਣੇ ਕੰਮਾਂ ਵਿੱਚ ਵਰਤਣ ਲਈ ਇਨ੍ਹਾਂ ਕਿਸਾਨਾਂ ਨੂੰ ਢੁੱਕਵਾਂ ਮੁਆਵਜ਼ਾ ਦਿੱਤਾ ਜਾਵੇ, ਸਰਕਾਰ ਖਸਖਸ ਦੀ ਖੇਤੀ ਤੇ ਪੋਸਤ ਦੇ ਠੇਕੇ ਖੋਲ੍ਹੇ ਤਾਂ ਕਿ ਦੂਜਿਆਂ ਨਸ਼ਿਆਂ ਤੋਂ ਸਾਡੀ ਜਵਾਨੀ ਨੂੰ ਬਚਾਇਆ ਜਾ ਸਕੇ। ਕਿਸਾਨਾਂ ਦੇ ਸਾਰੇ ਕਾਰਜ਼ੇ 'ਤੇ ਲਕੀਰ ਫੇਰੀ ਜਾਵੇ, ਐੱਮ.ਐੱਸ.ਪੀ. ਕਾਨੂੰਨੀ ਗਰੰਟੀ ਦਿੱਤੀ ਜਾਵੇ, ਨਾਲ ਹੀ ਕੋਆਪ੍ਰੇਟਿਵ ਬੈਂਕਾਂ ਤੇ ਲੈਂਡ ਮਾਰਕਾ ਬੈਂਕਾਂ ਦੀ ਵਨ ਟਾਈਮ ਸੈਟਲਮੈਂਟ ਲਾਗੂ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਕੇਂਦਰ ਵੱਲੋਂ ਬਿਜਲੀ ਸੋਧ ਬਿੱਲ 2025 ਤੇ ਬੀਜ ਬਿੱਲ 4 ਲੇਬਰ ਕਾਨੂੰਨ ਅਤੇ ਜੋ ਮਨਰੇਗਾ ਦਾ ਨਾਂ ਬਦਲੀ ਕੀਤਾ, ਇਹ ਸਾਰਾ ਕੁਝ ਸਰਕਾਰਾਂ ਬੰਦ ਕਰੇ। ਇਸ ਵਿਚਾਰ ਗੋਸ਼ਟੀ ਮੌਕੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ, ਮੀਡੀਆ ਇੰਚਾਰਜ ਬਲਕਰਨ ਸਿੰਘ ਢਿੱਲੋਂ, ਸੂਬਾ ਆਗੂ ਪ੍ਰੀਤਮ ਸਿੰਘ ਬਾਘਾ ਪੁਰਾਣਾ, ਹਰਮਿੰਦਰ ਸਿੰਘ ਖਹਿਰਾ, ਬਲਦੇਵ ਸਿੰਘ ਪੂਨੀਆ ਜਸਵੰਤ ਸਿੰਘ, ਸਰੂਪ ਸਿੰਘ ਰਾਮਾ, ਮੰਦਰਜੀਤ ਸਿੰਘ ਮਨਾਵਾਂ, ਸਾਰੇ ਜ਼ਿਲ੍ਹਾ ਪ੍ਰਧਾਨ, ਮੁਖਤਿਆਰ ਸਿੰਘ ਦੀਨਾ ਸਾਹਿਬ, ਇਕਬਾਲ ਸਿੰਘ ਗਲੋਟੀ, ਗੁਰਜੰਟ ਸਿੰਘ ਗਗੜਾ, ਸੂਰਤ ਸਿੰਘ ਕਾਦਰ ਵਾਲਾ, ਸਾਬ ਸਿੰਘ ਬੋਗੇਵਾਲਾ ਮੋਹਨ ਸਿੰਘ ਜੀਂਦੜਾ, ਗੁਲਜਾਰ ਸਿੰਘ ਘੱਲ, ਹਰਨੇਕ ਸਿੰਘ ਫਤਿਹਗੜ੍ਹ, ਕਿਰਨਪਾਲ ਸਿੰਘ ਸੋਢੀ, ਸਿਮਰਜੀਤ ਸਿੰਘ ਘੁੱਦੂਵਾਲਾ, ਨਿਰਮਲ ਸਿੰਘ ਝੰਡੂਕੇ, ਨਿਰਮਲ ਸਿੰਘ ਪਾਲ ਮਾਜਰਾ, ਗੁਰਪ੍ਰੀਤ ਸਿੰਘ ਸਾਬ ਆਣਾ, ਅਵਤਾਰ ਗੁਰਦੇਵ ਸਿੰਘ ਬਾਘਾ ਪੁਰਾਣਾ, ਸਤਿੰਦਰ ਪਾਲ ਸਿੰਘ ਧਾਲੀਵਾਲ, ਪਿਛੋਰਾ ਸਿੰਘ ਮੁੰਡੀ ਜਮਾਲ, ਜਸਵੀਰ ਸਿੰਘ ਸੈਦੋਕੇ, ਲਖਵਿੰਦਰ ਸਿੰਘ ਰੌਲੀ, ਹਰਜੀਤ ਸਿੰਘ ਸੋਢੀ, ਨਿਰਮਲ ਸਿੰਘ ਭੁੱਲਰ, ਤੋਂ ਇਲਾਵਾ ਹਜ਼ਾਰਾਂ ਦੀ ਗਿਣਤੀ ਵਿੱਚ ਸਮੁੱਚੇ ਪੰਜਾਬ ਦੇ ਜ਼ਿਲ੍ਹਾ ਤੇ ਬਲਾਕਾਂ ਦੇ ਕਿਸਾਨ ਆਗੂ ਸ਼ਾਮਲ ਹੋਏ।

## ਕਾਤਰਾਂ

### ਕੰਵਲਪ੍ਰੀਤ ਕੌਰ ਨੇ ਕਮਿਸ਼ਨਰ ਵਜੋਂ ਸੰਭਾਲਿਆ ਅਹੁਦਾ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**-2007 ਬੈਚ ਦੀ ਸੀਨੀਅਰ ਆਈ.ਏ.ਐੱਸ. ਅਧਿਕਾਰੀ ਮੈਡਮ ਕੰਵਲਪ੍ਰੀਤ ਕੌਰ ਬਰਾੜ ਨੇ ਡਵੀਜ਼ਨਲ ਕਮਿਸ਼ਨਰ ਫ਼ਰੀਦਕੋਟ ਵਜੋਂ ਆਪਣਾ ਕਾਰਜਭਾਰ ਸੰਭਾਲ ਲਿਆ ਹੈ।ਦਫ਼ਤਰ ਪਹੁੰਚਣ 'ਤੇ ਪੰਜਾਬ ਪੁਲਸ ਦੀ ਟੁਕੜੀ ਵੱਲੋਂ ਉਨ੍ਹਾਂ ਨੂੰ 'ਗਾਰਡ ਆਫ਼ ਆਨਰ' ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਫ਼ਰੀਦਕੋਟ ਦੀ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਤੇ ਐੱਸ.ਡੀ.ਐੱਮ. ਪੁਨੀਤ ਸ਼ਰਮਾ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।ਅਹੁਦਾ ਸੰਭਾਲਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੈਡਮ ਬਰਾੜ ਨੇ ਆਪਣੀਆਂ ਪ੍ਰਾਥਮਿਕਤਾਵਾਂ ਸਪੱਸ਼ਟ ਕੀਤੀਆਂ।ਉਨ੍ਹਾਂ ਕਿਹਾ ਕਿ ਲੋਕ ਭਲਾਈ ਸਰਕਾਰ ਦੀਆਂ ਸਕੀਮਾਂ ਨੂੰ ਹੇਠਲੇ ਪੱਧਰ ਤੱਕ ਪਹੁੰਚਾਉਣਾ ਤੇ ਹਰ ਯੋਗ ਲਾਭਪਾਤਰੀ ਨੂੰ ਉਸ ਦਾ ਹੱਕ ਦਿਵਾਉਣਾ ਉਨ੍ਹਾਂ ਦਾ ਮੁੱਖ ਉਦੇਸ਼ ਹੈ।ਇਸ ਮੌਕੇ ਡਵੀਜ਼ਨਲ ਕਮਿਸ਼ਨਰ ਦਫ਼ਤਰ ਦੇ ਸਮੂਹ ਸੀਨੀਅਰ ਅਧਿਕਾਰੀ ਤੇ ਕਰਮਚਾਰੀ ਵੀ ਹਾਜ਼ਰ ਸਨ, ਜਿਨ੍ਹਾਂ ਨੇ ਨਵੇਂ ਕਮਿਸ਼ਨਰ ਦਾ ਨਿੱਘਾ ਸਵਾਗਤ ਕੀਤਾ।

### ਅੱਜ ਬਿਜਲੀ ਬੰਦ ਰਹੇਗੀ

**ਭੀਖੀ (ਗੁਰਿੰਦਰ ਸਿੰਘ ਔਲਖ)**-66 ਕੇ ਵੀ ਗਰਿਡ ਮੱਤੀ ਤੋਂ ਚਲਦੇ 11 ਕੇ ਵੀ ਮੌਜੋ ਯੂ ਪੀ ਐੱਸ ਫੀਡਰ ਜ਼ਰੂਰੀ ਦੇ ਚਲਦਿਆਂ 11 ਅਪ੍ਰੈਲ ਨੂੰ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।ਇਹ ਜਾਣਕਾਰੀ ਇੰਜੀਨੀਅਰ ਜਗਜੀਵਨ ਸਿੰਘ ਤੇ ਜੇ ਈ ਮੱਖਣ ਲਾਲ ਨੇ ਦਿੱਤੀ।

### 106 ਗ੍ਰਾਮ ਹੈਰੋਇਨ ਤੇ ਲੱਖਾਂ ਦੀ ਡਰੱਗ ਮਨੀ ਸਮੇਤ 2 ਕਾਬੂ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ) : ਐਸ.ਐਸ.ਪੀ. ਡਾ. ਪ੍ਰਗਿਆ ਜੈਨ ਦੇ ਨਿਰਦੇਸ਼ਾਂ ਹੇਠ ਜ਼ਿਲ੍ਹੇ ਵਿੱਚ ਚਲਾਈ ਜਾ ਰਹੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਸੀ.ਆਈ.ਏ. ਸਟਾਫ ਜੈਤੋ ਨੇ ਦੋ ਨਸ਼ਾ ਤਸਕਰਾਂ ਨੂੰ ਭਾਰੀ ਮਾਤਰਾ ਵਿੱਚ ਹੈਰੋਇਨ ਤੇ ਡਰੱਗ ਮਨੀ ਸਮੇਤ ਗ੍ਰਿਫ਼ਤਾਰ ਕੀਤਾ।ਸ੍ਰੀ ਇਕਬਾਲ ਸਿੰਘ ਡੀ.ਐੱਸ.ਪੀ. (ਸਬ-ਡਵੀਜ਼ਨ) ਜੈਤੋ ਨੇ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਇਹ ਕਾਰਵਾਈ ਸ੍ਰੀ ਜੋਗੇਸ਼ਵਰ ਸਿੰਘ ਗੋਰਾਇਆ, ਐੱਸ.ਪੀ. (ਇਨਵੈਸਟੀਗੇਸ਼ਨ) ਦੀ ਰਹਿਨੁਮਾਈ ਹੇਠ ਅਮਲ ਵਿੱਚ ਲਿਆਂਦੀ ਗਈ ਹੈ।ਪੁਲਸ ਅਨੁਸਾਰ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਅਨਿਤ (ਵਾਸੀ ਫਿਰੋਜ਼ਪੁਰ) ਤੇ ਹਰਪ੍ਰੀਤ ਸਿੰਘ ਉਰਫ਼ ਲਵੀ (ਵਾਸੀ ਜੈਤੋ, ਫਰੀਦਕੋਟ) ਵਜੋਂ ਹੋਈ ਹੈ।ਪੁਲਸ ਪਾਰਟੀ ਨੇ ਇਨ੍ਹਾਂ ਪਾਸੋਂ 106 ਗ੍ਰਾਮ ਹੈਰੋਇਨ, 1 ਲੱਖ 17 ਹਜ਼ਾਰ ਰੁਪਏ (ਡਰੱਗ ਮਨੀ), ਇੱਕ ਮੋਬਾਇਲ ਫ਼ੋਨ ਤੇ ਇੱਕ ਮੋਟਰਸਾਈਕਲ ਬਰਾਮਦ ਕੀਤਾ ਹੈ।ਥਾਣਾ ਜੈਤੋ ਵਿਖੇ ਇਨ੍ਹਾਂ ਖ਼ਿਲਾਫ਼ ਮੁਕੱਦਮਾ ਨੰਬਰ 75 ਦਰਜ ਕਰ ਲਿਆ ਹੈ।

# ਮਾਊਂਟ ਇੰਟਰਨੈਸ਼ਨਲ ਸਕੂਲ 'ਚ ਵਰਲਡ ਹੈਲਥ ਡੇ ਮਨਾਇਆ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਬੀਤੇ ਦਿਨੀਂ ਮਾਊਂਟ ਇੰਟਰਨੈਸ਼ਨਲ ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਦੀ ਅਗਵਾਈ ਹੇਠ ਸਕੂਲ ਵਿੱਚ ਵਰਲਡ ਹੈਲਥ ਡੇ ਮਨਾਇਆ ਗਿਆ।ਸਕੂਲ ਦੇ ਸਾਇੰਸ ਟੀਚਰਜ਼ ਲਵਪ੍ਰੀਤ ਕੌਰ, ਸ਼ਵਿੰਦਰ ਕੌਰ ਤੇ ਪ੍ਰਿਆ ਵੱਲੋਂ ਹੈਲਥ ਨਾਲ ਸੰਬੰਧਤ ਇੱਕ ਪੀਪੀਟੀ ਤਿਆਰ ਕਰਕੇ ਸਮਾਰਟ ਬੋਰਡ ਉੱਪਰ ਬੱਚਿਆਂ ਨੂੰ ਦਿਖਾਈ ਗਈ।ਇਸ ਮੌਕੇ ਵਿਦਿਆਰਥੀਆਂ ਨੂੰ ਫੋਨ ਦੀ ਲਗਾਤਾਰ ਵਰਤੋਂ ਤੇ ਜੰਕ ਫੂਡ ਦੇ ਨੁਕਸਾਨਾਂ ਬਾਰੇ ਜਾਗਰੂਕ ਕੀਤਾ ਗਿਆ ਅਤੇ ਸਿਹਤਮੰਦ ਖੁਰਾਕ ਬਾਰੇ ਵੀ ਚਰਚਾ ਕੀਤੀ ਗਈ।ਇਸ ਮੌਕੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਅੱਜ ਦੇ ਡਿਜੀਟਲ ਯੁੱਗ ਵਿੱਚ ਬੱਚੇ ਲਗਾਤਾਰ ਮੋਬਾਇਲ ਫੋਨ 'ਤੇ ਰਹਿੰਦੇ ਹਨ ਤੇ ਜੰਕ ਫੂਡ ਵੱਲ ਆਕਰਸ਼ਿਤ ਹੋ ਰਹੇ ਹਨ, ਜੋ ਉਨ੍ਹਾਂ ਦੀ ਸਰੀਰਕ ਤੇ ਮਾਨਸਿਕ ਸਿਹਤ ਲਈ ਬਹੁਤ ਨੁਕਸਾਨਦੇਹ ਹੈ।ਉਨ੍ਹਾਂ ਨੇ ਬੱਚਿਆਂ ਨੂੰ ਸਿਹਤਮੰਦ ਆਦਤਾਂ ਅਪਣਾਉਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਨੇ ਕਿਹਾ ਕਿ ਮਾਊਂਟ ਇੰਟਰਨੈਸ਼ਨਲ ਸਕੂਲ ਆਪਣੇ ਵਿਦਿਆਰਥੀਆਂ ਨੂੰ ਸਿਹਤਮੰਦ ਤੇ ਜਾਗਰੂਕ ਨਾਗਰਿਕ ਬਣਾਉਣ ਲਈ ਹਮੇਸ਼ਾ ਪ੍ਰਤੀਬੱਧ ਹੈ।ਉਨ੍ਹਾ ਵਿਦਿਆਰਥੀਆਂ ਨੂੰ ਫੋਨ ਤੇ ਜੰਕ ਫੂਡ ਤੋਂ ਦੂਰ ਰਹਿਣ ਲਈ ਕਿਹਾ।ਇਸ ਮੌਕੇ ਪ੍ਰਿੰਸੀਪਲ ਪਰਮਿੰਦਰ ਕੌਰ ਨੇ ਬੱਚਿਆਂ ਨੂੰ ਕਸਰਤ ਤੇ ਯੋਗਾ ਕਰਕੇ ਸਿਹਤਮੰਦ ਰਹਿਣ ਲਈ ਕਿਹਾ।ਇਸ ਮੌਕੇ ਕਿਡਜ਼ੀ ਪ੍ਰੀ ਸਕੂਲ ਦੇ ਡਾਇਰੈਕਟਰ ਮੈਡਮ ਸੁਧਾ ਮਹਿਤਾ ਨੇ ਬੱਚਿਆਂ ਦੀ ਸਿਹਤ ਨੂੰ ਤਰਜੀਹ ਦਿੰਦੇ ਹੋਏ ਕਿਹਾ ਕਿ ਸਿਹਤਮੰਦ ਰਹਿਣ ਲਈ ਫੋਨ ਵਰਤੋਂ ਘਟਾਓ, ਖਾਸ ਕਰਕੇ ਰਾਤ ਨੂੰ ਜੰਕ ਫੂਡ ਤੋਂ ਦੂਰ ਰਹੋ।ਰੋਜ਼ ਫਲ, ਸਬਜ਼ੀਆਂ, ਦਾਲਾਂ ਤੇ ਪਾਣੀ ਵਧੇਰੇ ਲਓ।ਇਸ ਮੌਕੇ ਸਮੂਹ ਸਟਾਫ ਹਾਜ਼ਰ ਸੀ।

# ਕੰਮ ਜਾਂ ਬੇਰੁਜ਼ਗਾਰੀ ਭੱਤਾ ਨਾ ਦਿੱਤਾ ਤਾਂ ਸੰਘਰਸ਼ ਨੂੰ ਪ੍ਰਚੰਡ ਕਰਾਂਗੇ : ਗਦਾਈਆ

■ ਸੰਕੇਤਕ ਧਰਨੇ ਉਪਰੰਤ ਏ ਡੀ ਸੀ ਨੂੰ ਸੌਂਪਿਆ ਮੰਗ ਪੱਤਰ



**ਪਟਿਆਲਾ (ਰਜਿੰਦਰ ਸਿੰਘ ਬਿੰਦ)**

ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਰਜਿ: ਏਟਕ ਦੀ ਅਗਵਾਈ 'ਚ ਪੰਜਾਬ ਭਰ ਵਿੱਚ ਨਰੇਗਾ 2005 ਤਹਿਤ ਪਿਛਲੇ ਸਾਲ 2025 'ਚ ਵੱਖ ਵੱਖ ਜ਼ਿਲ੍ਹਿਆਂ ਦੇ ਕਾਮਿਆਂ ਨੇ ਕੰਮ ਦੀ ਮੰਗ ਕੀਤੀ ਸੀ, ਕਿਰਤੀ ਵਿਰੋਧੀ ਇਨ੍ਹਾਂ ਢੀਠ ਸਰਕਾਰਾਂ ਨੇ ਇਨ੍ਹਾਂ ਪੇਂਡੂ ਨਰੇਗਾ ਕਾਮਿਆਂ ਨੂੰ ਨਾ ਕੰਮ ਦਿੱਤਾ, ਨਾ ਹੀ ਬੇਰੁਜ਼ਗਾਰੀ ਭੱਤੇ ਲਈ ਅਰਜ਼ੀਆਂ ਦਰਜ ਕੀਤੀਆਂ। ਇਸ ਕਰਕੇ ਇਹ ਪੇਂਡੂ ਕਿਰਤੀ ਪਸ਼ੂਆਂ ਤੋਂ ਵੀ ਭੈੜੀ ਜ਼ਿੰਦਗੀ ਜਿਉਣ ਲਈ ਮਜਬੂਰ ਹਨ। ਪਿਛਲੇ 10 ਮਹੀਨਿਆਂ ਤੋਂ ਪੰਜਾਬ ਦੇ ਨਰੇਗਾ ਕਾਮਿਆਂ ਨੂੰ ਕੰਮ ਨਹੀਂ ਦਿੱਤਾ ਗਿਆ, ਨਰੇਗਾ ਕਿਰਤੀ ਇਹ ਮਹੀਨਿਆਂ ਵਿੱਚ ਵਾਰ ਵਾਰ ਬੀ ਡੀ ਪੀ ਓ ਦਫ਼ਤਰਾਂ ਦੇ ਚੱਕਰ ਮਾਰ ਮਾਰ ਹੰਭ ਗਏ। ਅੱਜ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਦੀ ਅਗਵਾਈ ਵਿੱਚ ਸੈਂਕੜੇ ਨਰੇਗਾ ਕਾਮਿਆਂ ਨੇ ਏ ਡੀ ਸੀ ਦਫ਼ਤਰ ਪਟਿਆਲਾ ਵਿਖੇ ਸੰਕੇਤਕ ਧਰਨਾ ਦਿੱਤਾ ਤੇ ਏ ਡੀ ਸੀ ਸ੍ਰ ਦਮਨਜੀਤ ਸਿੰਘ ਨੂੰ ਮੰਗ ਪੱਤਰ ਵੀ ਦਿੱਤਾ ਤੇ ਪਿਛਲੇ ਸਮੇਂ ਕੰਮ ਨਾ ਮਿਲਣ ਤੇ ਬੇਰੁਜ਼ਗਾਰੀ ਭੱਤੇ ਦੀਆਂ ਅਰਜ਼ੀਆਂ ਦਰਜ ਕਰਵਾ ਕੇ ਰਸੀਦਾਂ ਪ੍ਰਾਪਤ ਕੀਤੀਆਂ। ਇਸ ਸਮੇਂ ਇਨ੍ਹਾਂ ਕਾਮਿਆਂ ਨਾਲ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ, ਜ਼ਿਲ੍ਹਾ ਪ੍ਰਧਾਨ ਬਲਜੀਤ ਕੌਰ ਗਦਾਈਆ, ਭਿੰਦਰ ਸਿੰਘ ਗਦਾਈਆ, ਬੱਗਾ ਸਿੰਘ ਗਲਵੱਟੀ, ਮਨਪ੍ਰੀਤ ਕੌਰ ਕਿਸ਼ਨਗੜ੍ਹ, ਜਗਜੀਤ ਸਿੰਘ ਗਦਾਈਆ ਸ਼ਾਮਲ ਸਨ।

ਇਸ ਸਮੇਂ ਕਾਮਿਆਂ ਨੂੰ ਸੰਬੋਧਨ ਕਰਦਿਆਂ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਏਟਕ ਦੇ ਸੂਬਾ ਪ੍ਰਧਾਨ ਕਾਮਰੇਡ ਕਸ਼ਮੀਰ ਸਿੰਘ ਗਦਾਈਆ ਨੇ ਕਿਹਾ ਕਿ ਕੇਂਦਰ ਦੀ ਮੋਦੀ ਹਕੂਮਤ ਤੇ ਪੰਜਾਬ ਦੀ ਮਾਨ ਸਰਕਾਰ ਨੇ ਪਿੰਡਾਂ ਦੇ ਹਾਸ਼ੀਏ 'ਤੇ ਧੱਕ ਦਿੱਤੇ ਇਨ੍ਹਾਂ ਲੋਕਾਂ ਦੀਆਂ ਮੁਸ਼ਕਲਾਂ ਵੱਲ ਧਿਆਨ ਨਹੀਂ ਦਿੱਤਾ, ਸਾਨੂੰ ਇਨ੍ਹਾਂ ਲੋਕ ਦੋਖੀ ਸਰਕਾਰਾਂ ਤੋਂ ਤਵੱਕੋ ਵੀ ਕਰਨੀ ਨਹੀਂ ਚਾਹੀਦੀ, ਇਨ੍ਹਾਂ ਸਰਕਾਰਾਂ ਦੇ ਚੱਲਦਿਆਂ ਕਿਰਤੀ ਲੋਕਾਂ ਨੂੰ ਆਪਣੀਆਂ ਜਥੇਬੰਦੀਆਂ ਨੂੰ ਮਜ਼ਬੂਤ ਕਰਨਾ ਹੋਵੇਗਾ। ਕਿਰਤੀ ਆਗੂ ਨੇ ਕਿਹਾ ਕਿ ਜੇਕਰ ਨਰੇਗਾ ਕਾਮਿਆਂ ਨੂੰ ਕੰਮ ਜਾਂ ਬੇਰੁਜ਼ਗਾਰੀ ਭੱਤਾ ਨਾ ਦਿੱਤਾ ਤਾਂ ਅਸੀਂ ਨਰੇਗਾ 'ਚ ਹੋਰ ਕੰਮ ਕਰਦੀਆਂ ਜਥੇਬੰਦੀਆਂ ਨੂੰ ਨਾਲ ਲੈ ਕੇ ਸੰਘਰਸ਼ ਨੂੰ ਤਿੱਖਾ ਕਰਾਂਗੇ ਤੇ ਪੰਜਾਬ ਭਰ 'ਚ ਮੋਦੀ ਹਕੂਮਤ ਤੇ ਪੰਜਾਬ ਸਰਕਾਰ ਦੇ ਪੁਤਲੇ ਫੂਕਣ ਤੋਂ ਵੀ ਗੁਰੇਜ਼ ਨਹੀਂ ਕੀਤਾ ਜਾਵੇਗਾ।

# ਅਮਨ ਅਰੋੜਾ ਨੇ ਤੁੰਗਾਂ ਤੇ ਉੱਭਾਵਾਲ ਨੂੰ ਵਿਕਾਸ ਕਰਜਾਂ ਲਈ ਗ੍ਰਾਂਟਾਂ ਦੇ ਚੈੱਕ ਵੰਡੇ



**ਸੰਗਰੂਰ (ਪ੍ਰਵੀਨ ਸਿੰਘ)**

ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਤਹਿਤ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਹਲਕੇ ਦੇ ਪਿੰਡ ਤੁੰਗਾਂ ਤੇ ਉੱਭਾਵਾਲ ਵਿਖੇ ਕੁੱਲ 75.06 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਵੱਖ-ਵੱਖ ਵਿਕਾਸ ਕਾਰਜਾਂ ਨੂੰ ਲੋਕ ਅਰਪਿਤ ਕੀਤਾ ਅਤੇ ਕਈ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਨੂੰ ਗ੍ਰਾਂਟਾਂ ਦੇ ਚੈੱਕ ਵੀ ਵੰਡੇ।

ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੀ ਬੁਨਿਆਦੀ ਢਾਂਚਾਗਤ ਸੁਵਿਧਾਵਾਂ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਤੇ ਹਰ ਪਿੰਡ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਸਿੱਖਿਆ, ਖੇਡਾਂ ਤੇ ਸਮਾਜਿਕ ਢਾਂਚੇ ਦੇ ਵਿਕਾਸ 'ਤੇ ਖਾਸ ਧਿਆਨ ਦਿੱਤਾ ਜਾ ਰਿਹਾ ਹੈ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਵਧੀਆ ਮੌਕੇ ਪ੍ਰਦਾਨ ਕੀਤੇ ਜਾ ਸਕਣ।

ਪਿੰਡ ਤੁੰਗਾਂ ਵਿਖੇ ਕੈਬਨਿਟ ਮੰਤਰੀ ਨੇ 32.56 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਸਕੂਲ ਦੇ ਨਵੇਂ ਕਮਰੇ ਲੋਕ ਅਰਪਿਤ ਕੀਤੇ।ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਸਮਾਜਿਕ ਤੇ ਧਾਰਮਿਕ ਸੰਸਥਾਵਾਂ ਨੂੰ ਵੀ ਗ੍ਰਾਂਟਾਂ ਦੇ ਚੈੱਕ ਵੰਡੇ ਗਏ। ਇਸੇ ਤਰ੍ਹਾਂ ਉੱਭਾਵਾਲ ਵਿਖੇ ਸੀਨੀਅਰ ਸੈਕੰਡਰੀ ਸਕੂਲ ਵਿੱਚ 32 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਕਮਰੇ ਲੋਕ ਅਰਪਣ ਕੀਤੇ ਗਏ।ਇਸ ਮੌਕੇ ਉਨ੍ਹਾਂ ਸਟੇਡੀਅਮ ਨੇੜੇ ਸ਼ੈੱਡ ਤਿਆਰ ਕਰਨ ਲਈ 2.50 ਲੱਖ ਦੀ ਗ੍ਰਾਂਟ ਦਾ ਚੈੱਕ ਪੰਚਾਇਤ ਨੂੰ ਸੌਂਪਿਆ।ਉਨ੍ਹਾਂ ਵੱਲੋਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਸਰਕਾਰੀ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਲੈਣ ਤੇ ਆਪਣੇ ਪਿੰਡਾਂ ਦੇ ਵਿਕਾਸ ਵਿੱਚ ਸਹਿਯੋਗ ਦੇਣ।ਇਸ ਮੌਕੇ ਪਤਵੰਤੇ ਵਿਅਕਤੀ, ਪੰਚਾਇਤ ਮੈਂਬਰ ਤੇ ਇਲਾਕਾ ਵਾਸੀ ਹਾਜ਼ਰ ਸਨ।

# ਮਿਊਂਸਪਲ ਚੋਣਾਂ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਹਲਕਾ ਸੁਨਾਮ ਦੀ ਅਹਿਮ ਮੀਟਿੰਗ

**ਸੁਨਾਮ ਉਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**



ਵਿਨਰਜੀਤ ਸਿੰਘ ਖਡਿਆਲ ਦੀ ਪ੍ਰਧਾਨਗੀ ਹੇਠ ਸ਼੍ਰੋਮਣੀ ਅਕਾਲੀ ਦਲ ਹਲਕਾ ਸੁਨਾਮ ਵੱਲੋਂ ਆਉਣ ਵਾਲੀਆਂ ਮਿਊਂਸਪਲ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਇੱਕ ਅਹਿਮ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਇਲਾਕੇ ਦੇ ਕਈ ਮੋਹਤਵਰ ਸੱਜਣਾਂ ਤੇ ਪਾਰਟੀ ਵਰਕਰਾਂ ਨੇ ਸ਼ਿਰਕਤ ਕੀਤੀ।ਮੀਟਿੰਗ ਦੌਰਾਨ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਸਾਹਿਬ ਵੱਲੋਂ ਦਿੱਤੇ ਗਏ ਪ੍ਰੋਗਰਾਮਾਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਹਾਜ਼ਰ ਸੱਜਣਾਂ ਵੱਲੋਂ ਆਪਣੇ-ਆਪਣੇ ਕੀਮਤੀ ਸੁਝਾਅ ਦਿੱਤੇ ਗਏ, ਜਿਨ੍ਹਾਂ ਨੂੰ ਆਉਣ ਵਾਲੇ ਸਮੇਂ ਵਿੱਚ ਲਾਗੂ ਕਰਨ ਲਈ ਯੋਜਨਾਬੱਧ ਤਰੀਕੇ ਨਾਲ ਅੱਗੇ ਵਧਣ 'ਤੇ ਵੀ ਸਹਿਮਤੀ ਬਣੀ।ਇਸ ਮੌਕੇ ਇੰਜ. ਵਿਨਰਜੀਤ ਸਿੰਘ ਖਡਿਆਲ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਲਈ ਜ਼ਮੀਨੀ ਪੱਧਰ 'ਤੇ ਕੰਮ ਕਰਨਾ ਬਹੁਤ ਜ਼ਰੂਰੀ ਹੈ ਤੇ ਹਰ ਵਰਕਰ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਹਲਕਾ ਸੁਨਾਮ ਦੀ ਟੀਮ ਪਾਰਟੀ ਦੇ ਹਰ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਪੂਰੀ ਤਨਦੇਹੀ ਨਾਲ ਕੰਮ ਕਰੇਗੀ।ਮਿਊਂਸਪਲ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਪਾਰਟੀ ਵੱਲੋਂ ਸਕਰੀਨਿੰਗ ਕਮੇਟੀ ਦਾ ਗਠਨ ਕੀਤਾ ਕੀਤਾ ਜਾਵੇਗਾ।ਇਸ ਕਮੇਟੀ ਦਾ ਮੁੱਖ ਉਦੇਸ਼ ਚੋਣਾਂ ਲਈ ਯੋਗ ਤੇ ਇਮਾਨਦਾਰ ਉਮੀਦਵਾਰਾਂ ਦੀ ਚੋਣ ਕਰਨਾ ਹੈ।ਕਮੇਟੀ ਉਮੀਦਵਾਰਾਂ ਦੇ ਕਿਰਦਾਰ, ਪਾਰਟੀ ਪ੍ਰਤੀ ਵਫਾਦਾਰੀ ਤੇ ਇਲਾਕੇ ਵਿੱਚ ਉਨ੍ਹਾਂ ਦੀ ਲੋਕਪ੍ਰਿਯਤਾ ਦਾ ਧਿਆਨ ਨਾਲ ਮੁਲਾਂਕਨ ਕਰੇਗੀ।ਪਾਰਟੀ ਆਗੂਆਂ ਨੇ ਦੱਸਿਆ ਕਿ ਟਿਕਟਾਂ ਦੀ ਵੰਡ ਸਕਰੀਨਿੰਗ ਕਮੇਟੀ ਦੀ ਸਿਫਾਰਸ਼ਾਂ ਦੇ ਆਧਾਰ 'ਤੇ ਕੀਤੀ ਜਾਵੇਗੀ, ਤਾਂ ਜੋ ਸਾਫ-ਸੁਥਰੀ ਛਵੀ ਵਾਲੇ ਉਮੀਦਵਾਰਾਂ ਨੂੰ ਹੀ ਮੌਕਾ ਮਿਲ ਸਕੇ।ਇਸ ਨਾਲ ਚੋਣ ਪ੍ਰਕਿਰਿਆ ਨੂੰ ਪਾਰਦਰਸ਼ੀ ਤੇ ਨਿਰਪੱਖ ਬਣਾਉਣ ਵਿੱਚ ਮਦਦ ਮਿਲੇਗੀ।ਇਸ ਤੋਂ ਇਲਾਵਾ ਮੀਟਿੰਗ ਦੌਰਾਨ ਪਾਰਟੀ ਨੂੰ ਗਰਾਊਂਡ ਲੈਵਲ 'ਤੇ ਹੋਰ ਮਜ਼ਬੂਤ ਬਣਾਉਣ ਲਈ ਵੀ ਵਿਚਾਰ-ਵਟਾਂਦਰਾ ਕੀਤਾ ਗਿਆ।ਵਰਕਰਾਂ ਨੂੰ ਹਦਾਇਤ ਕੀਤੀ ਗਈ ਕਿ ਉਹ ਲੋਕਾਂ ਨਾਲ ਜੁੜੇ ਰਹਿਣ, ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਤੇ ਹੱਲ ਕਰਨ ਲਈ ਅੱਗੇ ਆਉਣ, ਤਾਂ ਜੋ ਪਾਰਟੀ ਦੀ ਪਕੜ ਹੋਰ ਮਜ਼ਬੂਤ ਹੋ ਸਕੇ।ਮੀਟਿੰਗ ਦੇ ਅੰਤ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਆਉਣ ਵਾਲੀਆਂ ਚੋਣਾਂ ਨੂੰ ਪੂਰੀ ਤਿਆਰੀ ਤੇ ਇਕਜੁੱਟਤਾ ਨਾਲ ਲੜਿਆ ਜਾਵੇਗਾ।ਇਸ ਮੌਕੇ ਹਾਜ਼ਰ ਰਵਿੰਦਰ ਸਿੰਘ ਚੀਮਾ, ਪਰਮਿੰਦਰ ਕੌਰ ਬਰਾੜ ਪ੍ਰਧਾਨ ਨਗਰ ਕੌਂਸਲ, ਕਮਲਜੀਤ ਸਿੰਘ ਬਰਾੜ, ਬਲਵਿੰਦਰ ਸਿੰਘ ਅਕਬਰਪੁਰ, ਸਰਕਲ ਪ੍ਰਧਾਨ ਦਰਸ਼ਨ ਸਿੰਘ, ਦਰਸ਼ਨ ਸਿੰਘ ਉਪਲੀ, ਪਰਮਜੀਤ ਸਿੰਘ ਨਿੱਕਾ, ਰਾਜਵਿੰਦਰ ਸਿੰਘ, ਸਤਿਗੁਰੂ ਸਿੰਘ, ਗੁਰਦੀਪ ਸਿੰਘ, ਬਲਵੀਰ ਸਿੰਘ, ਰੰਗੀ ਸਿੰਘ, ਦਿਲਬਾਗ ਸਿੰਘ, ਚਮਕੌਰ ਸਿੰਘ, ਸੁਖਵਿੰਦਰ ਸਿੰਘ, ਭਜਨ ਸਿੰਘ, ਹਰਦੇਵ ਸਿੰਘ, ਸਰਪੰਚ ਸੁਖਵਿੰਦਰ ਸਿੰਘ ਚਹਿਲ, ਰਣਜੀਤ ਸਿੰਘ ਕੂਕਾ ਮੀਤ ਪ੍ਰਧਾਨ, ਗੁਰਮੀਤ ਸਿੰਘ ਲੱਲੀ, ਜਸਵਿੰਦਰ ਸਿੰਘ , ਨਰਿੰਦਰ ਸਿੰਘ ਨੰਦੂ, ਕਾਂਤੀ ਬਾਬਾ, ਬਿੱਲਾ ਰੰਧਾਵਾ, ਹਾਕਮ ਸਿੰਘ, ਹਰਬੰਸ ਸਿੰਘ, ਜਗਦੇਵ ਸਿੰਘ ਦੁਲਟ, ਨਿਰਵੈਰ ਸਿੰਘ ਚੱਠੇ ਸੇਖਵਾਂ, ਚਮਕੌਰ ਸਿੰਘ, ਅੰਗਰੇਜ਼ ਸਿੰਘ, ਹਮੀਰ ਸਿੰਘ, ਸੁਖਦੇਵ ਸਿੰਘ, ਹਰਭਜਨ ਸਿੰਘ ਜਖੇਪਲ, ਸਤਿਨਾਮ ਸਿੰਘ ਸ਼ੇਰੋ, ਅਵਤਾਰ ਸਿੰਘ ਸ਼ੇਰੋ, ਮਨਜੀਤ ਕੌਰ ਸੁਨਾਮ ਜੀਵਨ ਸਿੰਘ, ਹਰਦੀਪ ਸਿੰਘ, ਕੁਲਦੀਪ ਸਿੰਘ ਸੰਘੇਗੜੀ, ਪਰਮਿੰਦਰ ਸਿੰਘ, ਜਗਦੀਪ ਸਿੰਘ, ਹਰਦੀਪ ਸਿੰਘ ਨਮੋਲ ਮੇਜਰ ਸਿੰਘ ਤੋਂ ਇਲਾਵਾ ਹੋਰ ਵੀ ਅਕਾਲੀ ਆਗੂ ਹਾਜ਼ਰ ਸਨ।

# ਕੰਪਿਊਟਰ ਅਧਿਆਪਕ ਅੱਜ ਕਰਨਗੇ ਮੁੱਖ ਮੰਤਰੀ ਦੀ ਰਿਹਾਇਸ਼ ਦਾ ਘਿਰਾਓ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਦੇ ਹਜ਼ਾਰਾਂ ਕੰਪਿਊਟਰ ਅਧਿਆਪਕਾਂ ਨੇ ਸਰਕਾਰ ਦੇ ਝੂਠੇ ਵਾਅਦਿਆਂ ਤੇ ਲਗਾਤਾਰ ਹੋ ਰਹੀ ਅਣਦੇਖੀ ਵਿਰੁੱਧ ਆਰ-ਪਾਰ ਦੀ ਲੜਾਈ ਦਾ ਐਲਾਨ ਕਰ ਦਿੱਤਾ ਹੈ। ਕੰਪਿਊਟਰ ਟੀਚਰਜ਼ ਯੂਨੀਅਨ ਪੰਜਾਬ ਵੱਲੋਂ ਲਏ ਗਏ ਫੈਸਲੇ ਅਨੁਸਾਰ 11 ਅਪ੍ਰੈਲ ਨੂੰ ਮੁੱਖ ਮੰਤਰੀ ਦੀ ਸੰਗਰੂਰ ਰਿਹਾਇਸ਼ ਦਾ ਘਿਰਾਓ ਕੀਤਾ ਜਾਵੇਗਾ। ਪੰਜਾਬ ਦੇ 6640 ਕੰਪਿਊਟਰ ਅਧਿਆਪਕਾਂ ਨੂੰ 2 ਦਸੰਬਰ 2010 ਵਿੱਚ ਰਾਜਪਾਲ ਦੀ ਪ੍ਰਵਾਨਗੀ ਨਾਲ ਪੰਜਾਬ ਸਰਕਾਰ ਵੱਲੋਂ ਜਾਰੀ ਰੈਗੂਲਰ ਨੋਟੀਫਿਕੇਸ਼ਨ ਤੇ 2011 ਵਿੱਚ ਰੈਗੂਲਰ ਨਿਯੁਕਤੀ ਪੱਤਰ ਮਿਲਣ ਦੇ ਬਾਵਜੂਦ ਸੋਸਾਇਟੀ ਦੇ ਨਾਂ 'ਤੇ ਗੁੰਮਰਾਹ ਕੀਤਾ ਜਾ ਰਿਹਾ ਹੈ। ਮਾਣਯੋਗ ਹਾਈਕੋਰਟ ਵਿਚ ਕੰਪਿਊਟਰ ਅਧਿਆਪਕਾਂ ਦੇ ਹੱਕ ਵਿੱਚ ਫੈਸਲਾ ਆਉਣ ਦੇ ਬਾਵਜੂਦ ਪੰਜਾਬ ਸਰਕਾਰ ਉਸ ਨੂੰ ਲਾਗੂ ਕਰਨ ਦੀ ਥਾਂ ਸੁਪਰੀਮ ਕੋਰਟ ਚਲੀ ਗਈ ਹੈ ਅਤੇ ਕੰਪਿਊਟਰ ਅਧਿਆਪਕਾਂ ਦੀਆਂ ਹੱਕੀ ਮੰਗਾਂ ਨੂੰ ਲਾਗੂ ਕਰਨ ਤੋਂ ਭੱਜ ਰਹੀ ਹੈ। ਇਸ ਸਬੰਧੀ ਅੱਜ ਕੰਪਿਊਟਰ ਟੀਚਰਜ਼ ਯੂਨੀਅਨ ਜ਼ਿਲ੍ਹਾ ਇਕਾਈ ਫਿਰੋਜ਼ਪੁਰ ਦੀ ਇਕ ਅਹਿਮ ਮੀਟਿੰਗ ਸੂਬਾ ਆਗੂ ਹਰਜੀਤ ਸਿੰਘ ਸੰਧੂ ਤੇ ਜ਼ਿਲ੍ਹਾ ਪ੍ਰਧਾਨ ਦਵਿੰਦਰ ਸਿੰਘ ਸੰਧੂ ਦੀ ਅਗਵਾਈ ਵਿੱਚ ਫਿਰੋਜ਼ਪੁਰ ਵਿਖੇ ਹੋਈ, ਜਿਸ ਵਿੱਚ ਆਗੂਆਂ ਨੇ ਦੱਸਿਆ ਕਿ ਸਰਕਾਰ ਸਿਰਫ਼ ਵੋਟਾਂ ਵੇਲੇ ਵਾਅਦੇ ਕਰਦੀ ਹੈ, ਪਰ ਅਮਲੀ ਰੂਪ ਵਿੱਚ ਹਮੇਸ਼ਾ ਉਨ੍ਹਾਂ ਨੂੰ ਲਾਗੂ ਕਰਨ ਤੋਂ ਭੱਜ ਜਾਂਦੀ ਹੈ। 6640 ਕੰਪਿਊਟਰ ਅਧਿਆਪਕ ਪਿਛਲੇ 21 ਸਾਲਾਂ ਤੋਂ ਸਰਕਾਰੀ ਸਕੂਲਾਂ ਵਿਚ ਪੂਰੀ ਤਨਦੇਹੀ ਨਾਲ ਆਪਣੀ ਸੇਵਾ ਨਿਭਾ ਰਹੇ ਹਨ, ਪਰ ਰੈਗੂਲਰ ਨੋਟੀਫਿਕੇਸ਼ਨ ਅਤੇ ਨਿਯੁਕਤੀ ਪੱਤਰਾਂ ਨੂੰ ਅੱਜ ਤੱਕ ਕਿਸੇ ਵੀ ਸਰਕਾਰ ਨੇ ਇਨ ਬਿੰਨ ਲਾਗੂ ਨਹੀਂ ਕੀਤਾ ਹੈ। ਅਧਿਆਪਕਾਂ ਨੇ ਸਪੱਸ਼ਟ ਕੀਤਾ ਹੈ ਕਿ ਜਦੋਂ ਤੱਕ 2 ਦਸੰਬਰ 2010 ਦਾ ਨੋਟੀਫਿਕੇਸ਼ਨ, ਚੋਣ ਮੈਨੀਫੈਸਟੋ ਵਿੱਚ ਕੀਤਾ ਵਾਅਦਾ ਤੇ 15 ਸਤੰਬਰ 2022 ਨੂੰ ਸਿੱਖਿਆ ਮੰਤਰੀ ਵੱਲੋਂ ਕੀਤਾ ਅਧਿਕਾਰਤ ਐਲਾਨ ਇੰਨ-ਬਿੰਨ ਲਾਗੂ ਨਹੀਂ ਹੁੰਦਾ, ਸੰਘਰਸ਼ ਜਾਰੀ ਰਹੇਗਾ।

# ਸਪੀਕਰ ਸੰਧਵਾਂ ਵੱਲੋਂ ਕੋਟਕਪੂਰਾ ਦੇ ਵੱਖ-ਵੱਖ ਵਾਰਡਾਂ 'ਚ ਭਰਵੀਆਂ ਮਿਲਣੀਆਂ

ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਚਾਰ ਸਾਲਾਂ 'ਚ ਕੀਤੇ ਇਤਿਹਾਸਕ ਫੈਸਲੇ : ਸੰਧਵਾਂ



**ਫ਼ਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜਾ/ਰਛਪਾਲ ਭੁੱਲਰ)**-ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ ਦੀ ਖੁਸ਼ੀ ਵਿੱਚ ਚਲਾਈ ਜਾ ਰਹੀ ਸ਼ਾਨਦਾਰ 4 ਸਾਲ ਭਗਵੰਤ ਮਾਨ ਦੇ ਨਾਲ ਮੁਹਿੰਮ ਤਹਿਤ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਕੋਟਕਪੂਰਾ ਦੇ ਵੱਖ-ਵੱਖ ਵਾਰਡਾਂ ਦਾ ਦੌਰਾ ਕੀਤਾ।ਇਸ ਦੌਰਾਨ ਉਨ੍ਹਾਂ ਵਾਰਡ ਨੰਬਰ 16 (ਗਲੀ ਨੰਬਰ 1), ਵਾਰਡ ਨੰਬਰ 9 ਤੇ ਵਾਰਡ ਨੰਬਰ 15 ਵਿੱਚ ਸ਼ਹਿਰ ਨਿਵਾਸੀਆਂ ਨਾਲ ਭਰਵੀਆਂ ਮਿਲਣੀਆਂ ਕੀਤੀਆਂ ਤੇ ਸਰਕਾਰ ਦੀਆਂ ਉਪਲਬਧੀਆਂ ਬਾਰੇ ਚਰਚਾ ਕੀਤੀ।ਇਨ੍ਹਾਂ ਜਨਤਕ ਮਿਲਣੀਆਂ ਦੌਰਾਨ ਸੰਬੋਧਨ ਕਰਦਿਆਂ ਸਪੀਕਰ ਸੰਧਵਾਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਪਿਛਲੇ ਚਾਰ ਸਾਲਾਂ ਦੌਰਾਨ ਪੰਜਾਬ ਵਿੱਚ ਸਿਆਸਤ ਦੀ ਦਿਸ਼ਾ ਬਦਲੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਨੇ ਸਿਰਫ਼ ਖੋਖਲੇ ਐਲਾਨ ਨਹੀਂ ਕੀਤੇ, ਸਗੋਂ ਹਰ ਯੋਜਨਾ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਕੇ ਆਮ ਆਦਮੀ ਤੱਕ ਪਹੁੰਚਾਇਆ ਹੈ।ਸਪੀਕਰ ਨੇ ਸਰਕਾਰ ਦੀਆਂ ਚਾਰ ਸਾਲਾਂ ਦੀਆਂ ਮੁੱਖ ਉਪਲਬਧੀਆਂ ਦਾ ਵੇਰਵਾ ਸਾਂਝਾ ਕਰਦਿਆਂ ਕਿਹਾ ਕਿ 'ਆਪ' ਸਰਕਾਰ ਆਪਣੇ ਚਾਰ ਸਾਲਾਂ ਦਾ ਪੂਰਾ ਹਿਸਾਬ-ਕਿਤਾਬ ਲੋਕਾਂ ਦੇ ਸਾਹਮਣੇ ਰੱਖ ਰਹੀ ਹੈ।ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਕੋਲ ਨਾ ਕੋਈ ਲਾਰਾ ਹੈ ਤੇ ਨਾ ਹੀ ਕੋਈ ਬਹਾਨਾ, ਸਾਡਾ ਇੱਕੋ-ਇੱਕ ਮਕਸਦ ਲੋਕਾਂ ਦੀ ਸੇਵਾ ਕਰਨਾ ਹੈ।ਇਸ ਮੌਕੇ ਉਨ੍ਹਾਂ ਨਾਲ ਸਥਾਨਕ ਆਗੂ, ਵਾਰਡ ਨੁਮਾਇੰਦੇ ਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ, ਜਿਨ੍ਹਾਂ ਨੇ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਦੀ ਸ਼ਲਾਘਾ ਕੀਤੀ।

# ਸੰਵਿਧਾਨ ਦੀ ਰਾਖੀ ਨਾਲ ਹੀ ਬਾਬਾ ਸਾਹਿਬ ਦੇ ਸੁਪਨਿਆਂ ਨੂੰ ਸਾਕਾਰ ਕੀਤਾ ਜਾ ਸਕਦੈ : ਚੌਹਾਨ/ਵੇਦ ਪ੍ਰਕਾਸ਼

*15 ਦੀ ਮਾਨਸਾ ਕਨਵੈਨਸ਼ਨ ਸੰਬੰਧੀ ਕੀਤੀ ਮੀਟਿੰਗ*



**ਬੁਢਲਾਡਾ (ਅਸ਼ੋਕ ਲਾਕੜਾ)**-ਕੇਂਦਰ ਦੀ ਮੋਦੀ ਸਰਕਾਰ ਵੱਲੋਂ ਧੜਾਧੜ ਲੋਕ ਵਿਰੋਧੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ, ਸੰਵਿਧਾਨ ਨੂੰ ਕਮਜ਼ੋਰ ਕਰਕੇ ਸੋਧ ਦੇ ਨਾਂਅ ਹੇਠ ਨਵੇਂ ਕਿਰਤ ਵਿਰੋਧੀ ਕਾਨੂੰਨ ਬਣਾਏ ਜਾ ਰਹੇ ਹਨ।ਸੰਵਿਧਾਨ ਦੀ ਰਾਖੀ ਨਾਲ ਹੀ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਦੇ ਸੁਪਨਿਆਂ ਨੂੰ ਸਾਕਾਰ ਕੀਤਾ ਜਾ ਸਕਦਾ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਖੇਤ ਮਜ਼ਦੂਰ ਸਭਾ ਦੇ ਸੂਬਾਈ ਆਗੂ ਕਾਮਰੇਡ ਕ੍ਰਿਸ਼ਨ ਸਿੰਘ ਚੌਹਾਨ ਤੇ ਏਟਕ ਦੇ ਆਗੂ ਕਾਮਰੇਡ ਵੇਦ ਪ੍ਰਕਾਸ਼ ਬੁਢਲਾਡਾ ਨੇ 15 ਅਪ੍ਰੈਲ ਨੂੰ ਸੰਵਿਧਾਨ ਨਿਰਮਾਤਾ ਤੇ ਭਾਰਤ ਰਤਨ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਦੇ 135ਵੇਂ ਜਨਮ ਦਿਵਸ ਨੂੰ ਸਮਰਪਤ ਹੋਣ ਵਾਲੀ ਮਾਨਸਾ ਕਨਵੈਨਸ਼ਨ ਸਬੰਧੀ ਬੁਢਲਾਡਾ ਲੀਡਰਸ਼ਿਪ ਦੀ ਮੀਟਿੰਗ ਮੌਕੇ ਸੰਬੋਧਨ ਕਰਦਿਆਂ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਚਾਰ ਲੇਬਰ ਕੋਡ, ਨਵੇਂ ਬਣੇ ਬੀ ਵੀ ਜੀ ਰਾਮ ਜੀ ਸਮੇਤ ਕੰਮ ਦਿਹਾੜੀ ਸਮਾ 8 ਤੋਂ 12 ਘੰਟੇ ਕਰਨ ਲਈ ਮੋਦੀ ਸਰਕਾਰ ਨੇ ਸਮੁੱਚੇ ਕਿਰਤੀਆਂ ਨਾਲ ਵੱਡਾ ਧੋਖਾ ਕੀਤਾ ਹੈ।ਖੇਤ ਮਜ਼ਦੂਰ ਸਭਾ ਦੇ ਸਾਥੀ ਸੀਤਾਰਾਮ ਗੋਬਿੰਦਪੁਰਾ ਤੇ ਏਟਕ ਆਗੂ ਕਾਮਰੇਡ ਜਗਸੀਰ ਸਿੰਘ ਰਾਏਕੇ ਨੇ ਮਜ਼ਦੂਰ ਵਿਰੋਧੀ ਨੀਤੀਆਂ ਖ਼ਿਲਾਫ਼ ਚੇਤਨ ਕਰਨ ਲਈ ਲਾਮਬੰਦ ਹੋਣਾ ਸਮੇਂ ਦੀ ਲੋੜ ਹੈ।ਉਨ੍ਹਾਂ 15 ਅਪ੍ਰੈਲ ਨੂੰ ਮਾਨਸਾ ਵਿਖੇ ਹੋਣ ਵਾਲੀ ਕਨਵੈਨਸ਼ਨ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਆਗੂਆਂ ਨੇ ਕਿਹਾ ਕਿ ਕਨਵੈਨਸ਼ਨ ਮੌਕੇ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਤੇ ਹਰਦੇਵ ਸਿੰਘ ਅਰਸ਼ੀ ਵਿਸ਼ੇਸ਼ ਤੌਰ 'ਤੇ ਚਰਚਾ ਕਰਨਗੇ।ਮੀਟਿੰਗ ਦੌਰਾਨ ਹੋਰਨਾਂ ਤੋਂ ਇਲਾਵਾ ਹਰਦਿਆਲ ਸਿੰਘ ਬੁਢਲਾਡਾ, ਮਾਸਟਰ ਰਘੂ ਨਾਥ ਸਿੰਗਲਾ, ਲਾਲ ਚੰਦ ਬੁਢਲਾਡਾ, ਝੰਡਾ ਸਿੰਘ, ਗਰੀਬ ਸਿੰਘ ਬੱਛੋਆਣਾ, ਗੁਰਦੇਵ ਬੱਛੋਆਣਾ ਆਦਿ ਹਾਜ਼ਰ ਸਨ।

# ਭਾਜਪਾ ਸਰਕਾਰ ਦਾ ਪ੍ਰਸਤਾਵਿਤ ਰੇਲਵੇ ਪ੍ਰੋਜੈਕਟ ਉਜਾੜੇਗਾ ਕਈ ਪਿੰਡਾਂ ਦੇ ਕਿਸਾਨਾਂ ਨੂੰ

■ ਸੌ ਤੋਂ ਵੱਧ ਪ੍ਰਸਤਾਵਿਤ ਉੱਚੇ ਤੇ ਜ਼ਮੀਨਦੋਜ਼ ਰੇਲਵੇ ਪੁਲਾਂ ਨੇ ਕਿਸਾਨਾਂ ਦੇ ਸਾਹ ਸੂਤੇ ■ ਤਖਤ ਸਾਹਿਬ ਨੂੰ ਰੇਲਵੇ ਨਾਲ ਜੋੜਨ ਦੇ ਨਾਂ 'ਤੇ ਭਾਜਪਾ ਖੇਡਣ ਜਾ ਰਹੀ ਹੈ ਧਾਰਮਿਕ ਪੱਤਾ ■ ਕਿਸਾਨਾਂ ਕਿਹਾ ; ਉਕਤ ਪ੍ਰੋਜੈਕਟ ਬੇਲੋੜਾ, ਲਾਗਲੇ ਬੰਗੀ ਕਲਾਂ ਰੇਲਵੇ ਸਟੇਸ਼ਨ ਨੂੰ ਤਖਤ ਸਾਹਿਬ ਨਾਲ ਜੋੜੋ

**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬ ਦੇ ਲੱਕੋਂ ਜੁੜਵੇਂ ਮਾਨਸਾ ਤੇ ਬਠਿੰਡਾ ਜ਼ਿਲ੍ਹਿਆਂ ਦੇ ਲਗਭਗ ਡੇਢ ਦਰਜਨ ਪਿੰਡਾਂ ਵਿੱਚੋਂ ਦੀ ਨਵਾਂ ਰੇਲਵੇ ਟਰੈਕ ਵਿਛਾ ਕੇ ਤਖਤ ਸ੍ਰੀ ਦਮਦਮਾ ਸਾਹਿਬ ਨੂੰ ਰੇਲਵੇ ਨਾਲ ਜੋੜਨ ਦੇ ਸਿਆਸੀ ਜੁਗਾੜ ਦੀਆਂ ਗੱਲਾਂ ਤਾਂ ਭਾਵੇਂ ਇੱਕ ਦਹਾਕੇ ਤੋਂ ਵੀ ਵੱਧ ਸਮੇਂ ਤੋਂ ਚਲਦੀਆਂ ਆ ਰਹੀਆਂ ਹਨ, ਪਰ ਪਿਛਲੇ ਦਿਨੀਂ ਭਾਰਤ ਦੇ ਰੇਲਵੇ ਰਾਜ ਮੰਤਰੀ ਸ੍ਰ. ਨਵਦੀਪ ਸਿੰਘ ਬਿੱਟੂ ਵੱਲੋਂ ਬਠਿੰਡਾ ਵਿੱਚ ਇੱਕ ਪ੍ਰੈੱਸ ਕਾਨਫਰੰਸ ਕਰਦਿਆਂ ਇਸ ਪ੍ਰੋਜੈਕਟ ਨੂੰ ਜਲਦੀ ਸ਼ੁਰੂ ਕੀਤੇ ਜਾਣ ਦੇ ਐਲਾਨ ਨਾਲ ਦੋਵਾਂ ਜ਼ਿਲ੍ਹਿਆਂ ਦੇ ਸੰਬੰਧਤ ਕਿਸਾਨਾਂ ਦੀ ਨਾ ਸਿਰਫ ਨੀਂਦ ਉੱਡ ਪੁੱਡ ਗਈ ਹੈ, ਸਗੋਂ ਉਹ ਭਾਰੀ ਪ੍ਰੇਸ਼ਾਨੀ ਵਿੱਚ ਪਏ ਨਜ਼ਰੀਂ ਪੈ ਰਹੇ ਹਨ।

ਉਕਤ ਨਵਾਂ ਰੇਲਵੇ ਟਰੈਕ ਵਿਛ ਜਾਣ ਦੀ ਸੂਰਤ ਵਿੱਚ ਆਪਣੇ ਪੁੱਤਾਂ ਤੋਂ ਪਿਆਰੇ ਖੇਤਾਂ (ਜ਼ਮੀਨਾਂ) ਦੀਆਂ ਕਾਤਰਾਂ ਹੋ ਜਾਣ ਤੋਂ ਘਬਰਾਏ ਦੋਵਾਂ ਜ਼ਿਲ੍ਹਿਆਂ ਦੇ 15 ਤੋਂ ਵੱਧ ਪਿੰਡਾਂ ਦੇ ਪੀੜਤ ਕਿਸਾਨਾਂ ਦੇ ਇੱਥੇ ਹੋਏ ਇੱਕ ਪ੍ਰਭਾਵਸ਼ਾਲੀ ਇਕੱਠ ਵਿੱਚ ਪੀੜਤ ਕਿਸਾਨ ਬੁਲਾਰਿਆਂ ਨੇ ਕਿਹਾ ਕਿ ਉਹ ਕਿਸੇ ਵੀ ਕੀਮਤ ਤੇ ਆਪਣੀਆਂ ਕੀਮਤੀ ਜ਼ਮੀਨਾਂ ਇਸ ਬੇਲੋੜੇ ਪ੍ਰੋਜੈਕਟ ਲਈ ਨਹੀਂ ਦੇਣਗੇ।ਜ਼ਿਕਰਯੋਗ ਹੈ ਕਿ ਪ੍ਰਸਤਾਵਿਤ ਰੇਲ ਪ੍ਰੋਜੈਕਟ, ਜਿਸ ਨੂੰ ਨੇਪਰੇ ਚਾੜ੍ਹਨ ਲਈ ਕੇਂਦਰ ਸਰਕਾਰ ਵੱਲੋਂ ਪਿਛਲੇ ਦਿਨਾਂ ਤੋਂ ਕਾਫੀ ਦਿਲਚਸਪੀ ਵਿਖਾਈ ਜਾ ਰਹੀ ਹੈ, ਬਠਿੰਡਾ ਜ਼ਿਲ੍ਹੇ ਦੇ ਪਿੰਡ ਬੰਗੀ ਕਲਾਂ ਤੋਂ ਲੈ ਕੇ ਮਾਨਸਾ ਜ਼ਿਲ੍ਹੇ ਦੇ ਪਿੰਡ ਸੱਦਾ ਸਿੰਘ ਵਾਲਾ ਤੱਕ ਰੇਲਵੇ ਟਰੈਕ ਬਣਨ ਨਾਲ ਪੂਰਾ ਹੋਣਾ ਹੈ।ਸਰਕਾਰੀ ਐਲਾਨ ਅਨੁਸਾਰ ਇਸ ਵਿੱਚ ਲਗਭਗ ਪੰਜ ਦਰਜਨ ਓਵਰ ਬ੍ਰਿਜ ਤੇ ਇੰਨੇ ਹੀ ਅੰਡਰ ਬ੍ਰਿਜ ਅਰਥਾਤ ਜ਼ਮੀਨ ਦੋਜ਼ ਪੁਲ ਉਸਾਰੇ ਜਾਣ ਦੀ ਤਜਵੀਜ਼ ਹੈ।



ਉਕਤ ਦੋਵਾਂ ਜ਼ਿਲ੍ਹਿਆਂ ਦੇ ਲੋਕ ਖਾਸ ਕਰ ਜ਼ਮੀਨਾਂ ਜਾਣ ਦੀ ਵਜ੍ਹਾ ਕਰਕੇ ਪ੍ਰਭਾਵਿਤ ਹੋਣ ਵਾਲੇ ਪੀੜਤ ਕਿਸਾਨਾਂ ਨੂੰ ਖਦਸ਼ਾ ਵੱਢ ਵੱਢ ਖਾ ਰਿਹਾ ਹੈ ਕਿ ਉਨ੍ਹਾਂ ਦੇ ਖੇਤਾਂ ਨੂੰ ਰੇਲਵੇ ਟਰੈਕ ਰਾਹੀਂ ਵਿਚਾਲਿਓਂ ਕੱਟੇ ਤੇ ਵੰਡੇ ਜਾਣ ਪਿੱਛੋਂ ਉਨ੍ਹਾਂ ਦੇ ਬਾਕੀ ਬਚੇ ਜ਼ਮੀਨੀ ਟੁਕੜਿਆਂ ਦੀ ਵੈਲਿਊ ਕੀਮਤ ਤਾਂ ਘਟੇਗੀ ਹੀ, ਨਾਲ ਨਾਲ ਉੱਚੇ ਰੇਲ ਟਰੈਕ ਦੇ ਚਲਦਿਆਂ ਭਾਰੀ ਬਾਰਿਸ਼ਾਂ ਦੇ ਪਾਣੀਆਂ ਵੱਲੋਂ ਮਚਾਈ ਜਾਣ ਵਾਲੀ ਉਥਲ ਪੁੱਥਲ ਤੇ ਖੇਤਾਂ ਵਿੱਚ ਜਾਣ ਲਈ ਲਾਂਘਿਆਂ ਨੂੰ ਲੈ ਕੇ ਉਪਜੀ ਚਿੰਤਾ ਕਿਸਾਨ ਚਿਹਰਿਆਂ ਤੋਂ ਆਬ ਉਡਾ ਕੇ ਲੈ ਗਈ ਨਜ਼ਰੀਂ ਪੈ ਰਹੀ ਹੈ।

ਇੱਥੇ ਹੋਏ ਇਕੱਠ ਵਿੱਚ ਵੱਡੀ ਗਿਣਤੀ ਪੀੜਤ ਕਿਸਾਨਾਂ ਨੇ ਸਰਕਾਰਾਂ ਅੱਗੇ ਗੁਹਾਰ ਲਗਾਉਂਦਿਆਂ ਤਖਤ ਸਾਹਿਬ ਨੂੰ ਰੇਲਵੇ ਨਾਲ ਜੋੜਨ ਦਾ ਇੱਕ ਵਧੀਆ ਫਾਰਮੂਲਾ (ਸੁਝਾ) ਪੇਸ਼ ਕਰਦਿਆਂ ਕਿਹਾ ਕਿ ਉਕਤ ਰੇਲਵੇ ਪ੍ਰੋਜੈਕਟ ਜਿਹੜਾ 1300 ਕਰੋੜ ਤੋਂ ਵੱਧ ਸਰਮਾਇਆ ਖਰਚ ਕੇ ਹੋਂਦ ਵਿੱਚ ਲਿਆਂਦਾ ਜਾ ਰਿਹਾ ਹੈ, ਦੀ ਥਾਂ ਇੱਥੋਂ ਤਖਤ ਸਾਹਿਬ ਤੋਂ ਲਾਗੇ ਪੈਂਦੇ ਪਿੰਡ ਬੰਗੀ ਕਲਾਂ ਦੇ ਰੇਲਵੇ ਸਟੇਸ਼ਨ ਨੂੰ ਹੀ ਤਖਤ ਸ੍ਰੀ ਦਮਦਮਾ ਸਾਹਿਬ ਦਾ ਨਾਂ ਕਿਉਂ ਨਹੀਂ ਦੇ ਦਿੱਤਾ ਜਾਂਦਾ।ਕਿਸਾਨਾਂ ਨੇ ਕਿਹਾ ਕਿ ਅਜਿਹਾ ਹੋਣ ਦੀ ਸੂਰਤ ਵਿੱਚ ਜਿੱਥੇ 15 ਤੋਂ ਵੱਧ ਪਿੰਡਾਂ ਦੇ ਕਿਸਾਨ ਉਜਾੜੇ ਤੋਂ ਬਚਣਗੇ, ਉੱਥੇ 1300 ਕਰੋੜ ਰੁਪਏ ਦੇ ਮੁਕਾਬਲਤਨ ਨਿਗੂਣੇ ਖਰਚੇ ਨਾਲ ਹੀ ਸਿੱਖਾਂ ਦੇ ਇਸ ਪੰਜਵੇਂ ਤਖਤ ਦੀ ਆਭਾ ਵਧਾਈ ਜਾ ਸਕਦੀ ਹੈ।ਕਿਸਾਨਾਂ ਨੇ ਕਿਹਾ ਕਿ ਤਖਤ ਸ੍ਰੀ ਦਮਦਮਾ ਸਾਹਿਬ ਤੋਂ ਪਿੰਡ ਬੰਗੀ ਕਲਾਂ ਵਾਲੇ ਰੇਲਵੇ ਸਟੇਸ਼ਨ, ਜਿਹੜਾ ਬਠਿੰਡਾ-ਰਵਾੜੀ ਰੇਲਵੇ ਲਾਈਨ ਉੱਪਰ ਸਥਿਤ ਹੈ ਅਤੇ ਜਿਸ ਰਸਤਿਓਂ ਬਾਜਾਂ ਵਾਲੇ ਗੁਰੂ ਤਲਵੰਡੀ ਸਾਬੋ ਪਹੁੰਚੇ ਸਨ, ਤੱਕ ਦੇ ਕੇਵਲ ਅੱਠ-ਦਸ ਕਿਲੋਮੀਟਰ ਰਸਤੇ ਦਾ ਸੁੰਦਰੀਕਰਨ ਕਰਕੇ ਕਿਉਂ ਸਿੱਖਾਂ ਦੇ ਪੰਜਵੇਂ ਤਖਤ ਤੇ ਸਿੱਖ ਕੌਮ ਨੂੰ ਮਾਣ ਦਿੰਦਿਆਂ ਉਸ ਦੇ ਸਨਮਾਨ ਵਿੱਚ ਵਾਧਾ ਨਹੀਂ ਕੀਤਾ ਜਾ ਸਕਦਾ?

ਇਕੱਠ ਵਿੱਚ ਆਏ ਉਕਤ ਪਿੰਡਾਂ ਦੇ ਇੱਕ ਬਜ਼ੁਰਗ ਪੀੜਤ ਕਿਸਾਨ, ਜੋ ਕਾਫੀ ਤਾਲੀਮ ਵਾਲੇ ਵੀ ਜਾਪਦੇ ਸਨ, ਨੇ ਇਹ ਕਹਿੰਦਿਆਂ ਇੱਕ ਤਰ੍ਹਾਂ ਨਾਲ ਗੱਲ ਸਿਰੇ ਹੀ ਲਾ ਦਿੱਤੀ ਕਿ ਜੇਕਰ ਕੇਂਦਰ ਸਰਕਾਰ ਰੇਲਵੇ ਟਰੈਕ ਲਈ ਕਿਸਾਨਾਂ ਦੀਆਂ ਜਬਰੀ ਜ਼ਮੀਨਾਂ ਖੋਹ ਕੇ ਤਖਤ ਸਾਹਿਬ ਦੇ ਨਾਂ ਉੱਪਰ ਸਿੱਖਾਂ ਦੀਆਂ ਵੋਟਾਂ ਲੈਣ ਲਈ ਧਾਰਮਿਕ ਪੱਤਾ ਖੇਡ ਹੀ ਰਹੀ ਹੈ ਤਾਂ ਇਸ ਤਖਤ ਨੂੰ ਰੇਲ ਦੀ ਥਾਂ ਇੱਥੇ ਹਵਾਈ ਅੱਡਾ ਬਣਾ ਕੇ ਸਾਰੀ ਦੁਨੀਆਂ ਨਾਲ ਕਿਉਂ ਨਹੀਂ ਜੋੜ ਦਿੱਤਾ ਜਾਂਦਾ।ਉਕਤ ਬਜ਼ੁਰਗ ਕਿਸਾਨ ਨੇ ਕਿਹਾ ਕਿ ਜਦੋਂ ਕਿ ਬਾਕੀ ਚਾਰ ਤਖਤ ਤਾਂ ਫਿਰ ਹਵਾਈ ਸੇਵਾ ਨਾਲ ਵੀ ਜੁੜੇ ਹੋਏ ਹਨ, ਤਦ ਫਿਰ ਸ੍ਰੀ ਦਮਦਮਾ ਸਾਹਿਬ ਕਿਉਂ ਨਹੀਂ?

ਇਸੇ ਇਕੱਠ ਵਿੱਚ ਆਪਣੀ ਰਾਏ ਰੱਖਦਿਆਂ ਗੁਰਦੁਆਰਾ ਬੁੰਗਾ ਮਸਤੂਆਣਾ ਸਾਹਿਬ ਦੇ ਮੁਖੀ ਬਾਬਾ ਕਾਕਾ ਸਿੰਘ ਨੇ ਕਿਹਾ ਕਿ ਜੇਕਰ ਸਰਕਾਰਾਂ ਪੀੜਤ ਕਿਸਾਨੀ ਦੀ ਬਾਂਹ ਫੜਦਿਆਂ ਕਿਸਾਨਾਂ ਵੱਲੋਂ ਵੱਡੀ ਪੱਧਰ ਉੱਪਰ ਸੁਝਾਏ ਜਾ ਰਹੇ ਇਸ ਫਾਰਮੂਲੇ ਉੱਪਰ ਅਮਲ ਕਰਦੀਆਂ ਹਨ ਤਾਂ ਸ਼ਰਧਾਲੂਆਂ ਦੀ ਸਹੂਲਤ ਲਈ ਬੰਗੀ ਕਲਾਂ ਰੇਲਵੇ ਸਟੇਸ਼ਨ ਤੋਂ ਤਖਤ ਸ੍ਰੀ ਦਮਦਮਾ ਸਾਹਿਬ ਤੱਕ ਦੋ ਬੱਸਾਂ ਵੀ ਉਹ ਆਪਣੀ ਸੰਸਥਾ ਵੱਲੋਂ ਲਾਉਣ ਲਈ ਤਿਆਰ ਹਨ।ਸੁਚੇਤ ਲੋਕਾਂ ਦਾ ਮੰਨਣਾ ਹੈ ਕਿ ਤਜਵੀਜ਼-ਸ਼ੁਦਾ ਉਕਤ ਰੇਲਵੇ ਪ੍ਰੋਜੈਕਟ, ਜਿਸ ਨੂੰ ਉਭਾਰ ਕੇ ਲਾਗੂ ਕਰਦਿਆਂ ਭਾਜਪਾ ਸਰਕਾਰ ਪੰਜਾਬ ਦੇ ਸਿੱਖ ਮਨਾਂ ਵਿੱਚ ਆਪਣੀ ਥਾਂ ਬਣਾਉਣਾ ਲੋਚਦੀ ਹੈ, ਕਿਸਾਨਾਂ ਦਾ ਬੇ-ਕਿਰਕ ਉਜਾੜਾ ਕਰਕੇ ਉਸ ਦੀ ਇਹ ਚਾਲ ਉਸ ਨੂੰ ਸਿਆਸੀ ਤੌਰ 'ਤੇ ਮਹਿੰਗੀ ਵੀ ਪੈ ਸਕਦੀ ਹੈ।ਇਸ ਦੇ ਉਲਟ ਜੇਕਰ ਉਹ ਕਿਸਾਨਾਂ ਦੇ ਠੋਸ ਸੁਝਾਵਾਂ ਅਨੁਸਾਰ ਸਿਆਣਪ ਵਰਤ ਗਈ ਤਾਂ ਉਸ ਦੇ ਵੱਡੀ ਪੱਧਰ ਉੱਪਰ ਸਿੱਖਾਂ ਦੀ ਵਾਹ-ਵਾਹ ਖੱਟ ਜਾਣ ਦੀ ਸੰਭਾਵਨਾ ਤੋਂ ਵੀ ਇਨਕਾਰ ਨਹੀਂ ਕੀਤਾ ਜਾ ਸਕਦਾ।

### ਨਾਬਾਲਿਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ 'ਚ 3 ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਮਦੋਟ ਵਿਖੇ ਨਾਬਾਲਿਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਲਿਜਾਣ ਦੇ ਦੋਸ਼ ਵਿੱਚ ਥਾਣਾ ਮਮਦੋਟ ਪੁਲਸ ਨੇ ਤਿੰਨ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਨਾਬਾਲਿਗ ਲੜਕੀ ਦੀ ਮਾਂ ਨੇ ਦੱਸਿਆ ਕਿ ਉਸ ਦੀ ਨਾਬਾਲਿਗ ਲੜਕੀ ਉਮਰ 17 ਸਾਲ ਜੋ ਮਮਦੋਟ ਵਿਖੇ ਪਾਰਲਰ ਦਾ ਕੰਮ ਸਿੱਖਦੀ ਸੀ, ਜੋ ਰੋਜ਼ ਦੀ ਤਰ੍ਹਾਂ ਆਪਣੇ ਕੰਮ ਤੇ ਮਮਦੋਟ ਆਉਂਦੀ ਸੀ। ਲੜਕੀ ਦੀ ਮਾਂ ਨੇ ਦੱਸਿਆ ਕਿ ਇਸ ਦੇ ਰਿਸ਼ਤੇ ਬਾਰੇ ਇਕ ਸਾਲ ਪਹਿਲਾਂ ਕੁਲਦੀਪ ਸਿੰਘ ਪੁੱਤਰ ਪ੍ਰੇਮ ਸਿੰਘ ਨਾਲ ਗੱਲ ਚੱਲੀ ਸੀ, ਪਰ ਕੁਝ ਕਾਰਨਾਂ ਕਰਕੇ ਇਹ ਰਿਸ਼ਤਾ ਨਹੀਂ ਕੀਤਾ ਸੀ। ਬੀਤੀ 14 ਮਾਰਚ 2026 ਨੂੰ ਉਸ ਦੀ ਲੜਕੀ ਕੰਮ 'ਤੇ ਗਈ ਸੀ, ਪਰ ਸ਼ਾਮ ਨੂੰ ਘਰ ਵਾਪਸ ਨਹੀਂ ਆਈ ਤਾਂ ਉਸ ਦੀ ਭੈਣ ਨੇ ਦੱਸਿਆ ਕਿ ਉਸ ਦੀ ਲੜਕੀ ਅੱਜ ਕੰਮ 'ਤੇ ਗਈ ਸੀ ਤੇ ਵਾਪਸ ਘਰ ਨਹੀਂ ਆਈ। ਲੜਕੀ ਦੀ ਮਾਂ ਨੇ ਦੱਸਿਆ ਕਿ ਉਨ੍ਹਾਂ ਨੇ ਲੜਕੀ ਦੀ ਕਾਫੀ ਭਾਲ ਕੀਤੀ, ਪਰ ਕਿਤੇ ਨਹੀਂ ਮਿਲੀ, ਪਰ ਉਨ੍ਹਾਂ ਨੂੰ ਹੁਣ ਪਤਾ ਲੱਗਿਆ ਹੈ ਕਿ ਉਸ ਦੀ ਲੜਕੀ ਨੂੰ ਕੁਲਦੀਪ ਸਿੰਘ ਵਿਆਹ ਦਾ ਝਾਂਸਾ ਦੇ ਕੇ ਵਰਗਲਾ ਕੇ ਲੈ ਗਿਆ ਹੈ। ਉਸ ਦੀ ਲੜਕੀ ਨੂੰ ਲੈ ਕੇ ਜਾਣ ਸਬੰਧੀ ਕੁਲਦੀਪ ਸਿੰਘ ਦੀ ਮਾਤਾ ਸਰੋਜ ਰਾਣੀ ਤੇ ਪਿਤਾ ਪ੍ਰੇਮ ਸਿੰਘ ਦੀ ਸ਼ਮੂਲੀਅਤ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

## ਐੱਜ ਵੈੱਲਫ਼ੇਅਰ ਫਾਊਂਡੇਸ਼ਨ ਨੇ ਬੇਨੜਾ ਸਕੂਲ 'ਚ ਸਟੇਸ਼ਨਰੀ ਵੰਡੀ



**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਇਲਾਕੇ ਦੀ ਇਮੀਗਰੇਸ਼ਨ ਸੰਸਥਾ ਦਿ ਐੱਜ ਓਵਰਸੀਜ਼ ਕੰਸਲਟੈਂਟ ਦੀ ਸਮਾਜ ਸੇਵੀ ਸੰਸਥਾ ਦਿ ਐੱਜ ਵੈੱਲਫ਼ੇਅਰ ਫਾਊਂਡੇਸ਼ਨ ਵੱਲੋਂ ਫਾਊਂਡੇਸ਼ਨ ਦੇ ਮੋਢੀ ਮੈਂਬਰ ਜਗਸੀਰ ਸਿੰਘ ਜੱਗੀ ਢੀਂਡਸਾ ਦੀ ਰਹਿਨੁਮਾਈ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਬੇਨੜਾ ਵਿਖੇ ਲੋੜਵੰਦ ਤੇ ਹੋਣਹਾਰ ਵਿਦਿਆਰਥੀਆਂ ਨੂੰ ਸਟੇਸ਼ਨਰੀ ਤੇ ਹੋਰ ਜ਼ਰੂਰੀ ਵਸਤਾਂ ਭੇਟ ਕੀਤੀਆਂ ਗਈਆਂ।ਸਮਾਗਮ ਦੌਰਾਨ ਫਾਊਂਡੇਸ਼ਨ ਦੀ ਟੀਮ ਵੱਲੋਂ ਬੱਚਿਆਂ ਨੂੰ ਸਿੱਖਿਆ ਸਮੱਗਰੀ ਵੰਡੀ ਗਈ ਤਾਂ ਜੋ ਆਰਥਿਕ ਤੰਗੀ ਕਿਸੇ ਵੀ ਬੱਚੇ ਦੀ ਪੜ੍ਹਾਈ ਵਿੱਚ ਰੁਕਾਵਟ ਨਾ ਬਣ ਸਕੇ।ਇਸ ਦੇ ਨਾਲ ਹੀ ਪਿਛਲੇ ਸਾਲਾਂ ਵਿੱਚ ਅਕਾਦਮਿਕ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਵਿਸ਼ੇਸ਼ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ।ਫਾਊਂਡਰ ਜਗਸੀਰ ਸਿੰਘ ਜੱਗੀ ਢੀਂਡਸਾ ਨੇ ਆਪਣੇ ਸੰਦੇਸ਼ ਵਿੱਚ ਦੁਹਰਾਇਆ ਕਿ ਉਨ੍ਹਾਂ ਦੀ ਸੰਸਥਾ ਦਾ ਮੁੱਖ ਉਦੇਸ਼ ਸਮਾਜ ਦੇ ਪੱਛੜੇ ਵਰਗਾਂ ਦਾ ਜੀਵਨ ਪੱਧਰ ਉੱਚਾ ਚੁੱਕਣਾ ਹੈ ਤੇ ਅਜਿਹੇ ਪਰਉਪਕਾਰੀ ਕਾਰਜ ਨਿਰੰਤਰ ਜਾਰੀ ਰਹਿਣਗੇ।ਟੀਮ ਦੇ ਪ੍ਰਮੁੱਖ ਮੈਂਬਰਾਂ ਗੀਤਇੰਦਰ ਕੌਰ ਢੀਂਡਸਾ, ਮੱਖਣ ਸਿੰਘ ਸ਼ੇਰਗਿੱਲ, ਦਲਜੀਤ ਸਿੰਘ ਤੇ ਹਰਸ ਧਾਂਦਰਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਿਆ ਹੀ ਸਫ਼ਲਤਾ ਦੀ ਕੁੰਜੀ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਭਰੋਸਾ ਦਿਵਾਇਆ ਕਿ ਫਾਊਂਡੇਸ਼ਨ ਭਵਿੱਖ ਵਿੱਚ ਵੀ ਉਨ੍ਹਾਂ ਦੀ ਉੱਚ ਸਿੱਖਿਆ ਤੇ ਹੋਰ ਲੋੜਾਂ ਲਈ ਹਰ ਸੰਭਵ ਮਦਦ ਕਰਦੀ ਰਹੇਗੀ।ਸਕੂਲ ਪ੍ਰਬੰਧਕਾਂ ਨੇ ਫਾਊਂਡੇਸ਼ਨ ਦੇ ਇਸ ਨਿੱਘੇ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਅੰਤ ਵਿੱਚ ਸਮੂਹ ਸਟਾਫ਼ ਵੱਲੋਂ ਦਿ ਐੱਜ ਵੈੱਲਫ਼ੇਅਰ ਫਾਊਂਡੇਸ਼ਨ ਦੀ ਪੂਰੀ ਟੀਮ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

## ਸਿਵਲ ਸੁਸਾਇਟੀ ਵੱਲੋਂ ਡੀ ਐੱਮ ਕਾਲਜ ਸੰਸਥਾਵਾਂ ਨੂੰ ਬਚਾਉਣ ਦਾ ਹੋਕਾ

■ ਸ਼ਹਿਰ 'ਚ ਪੈਂਫਲਿਟ ਵੰਡ ਕੇ ਲੋਕਾਂ ਤੋਂ ਮੰਗਿਆ ਸਹਿਯੋਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਡੀ ਐੱਮ ਕਾਲਜ ਮੈਨੇਜਿੰਗ ਕਮੇਟੀ ਅਧੀਨ ਚਲਦੀਆਂ ਮੋਗਾ ਸ਼ਹਿਰ ਦੀਆਂ ਪੰਜ ਸਿਰਮੌਰ ਸਿੱਖਿਆ ਸੰਸਥਾਵਾਂ ਨੂੰ ਬਚਾਉਣ ਲਈ ਸਿਵਲ ਸੁਸਾਇਟੀ ਮੋਗਾ ਵੱਲੋਂ ਵਿੱਢੇ ਗਏ ਸੰਘਰਸ਼ ਦੀ ਕੜੀ ਵਜੋਂ ਅੱਜ ਸਿਵਲ ਸੁਸਾਇਟੀ ਮੈਂਬਰਾਂ ਨੇ ਮੋਗਾ ਦੇ ਮੇਨ ਬਾਜ਼ਾਰ ਤੇ ਵੱਖ ਵੱਖ ਚੌਕਾਂ ਵਿੱਚ ਖੜ ਕੇ ਲੋਕਾਂ ਨੂੰ ਸਿੱਖਿਆ ਸੰਸਥਾਵਾਂ ਬਚਾਉਣ ਲਈ ਅੱਗੇ ਆਉਣ ਦਾ ਸੁਨੇਹਾ ਦਿੱਤਾ ਤੇ ਜਾਗਰੂਕਤਾ ਪੈਂਫਲਿਟ ਵੰਡੇ।ਇਸ ਸਬੰਧੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਡਵਾਈਜ਼ਰ ਅਜੇ ਗੋਰਾ ਸੂਦ, ਪ੍ਰਜ਼ੀਡੀਅਮ ਮੈਂਬਰ ਮਹਿੰਦਰ ਪਾਲ ਲੂੰਬਾ, ਅਮਰਜੀਤ ਸਿੰਘ ਜੱਸਲ ਤੇ ਬਲਵਿੰਦਰ ਸਿੰਘ ਰੋਡੇ ਨੇ ਦੱਸਿਆ ਕਿ ਆਰੀਆ ਪ੍ਰਤੀਨਿਧੀ ਸਭਾ ਦੇ ਦੋ ਧੜਿਆਂ ਸਮੇਤ ਤਿੰਨ ਧੜਿਆਂ ਵੱਲੋਂ ਇਨ੍ਹਾਂ ਸਿੱਖਿਆ ਸੰਸਥਾਵਾਂ ਨੂੰ ਜੰਗ ਦਾ ਮੈਦਾਨ ਬਣਾ ਕੇ ਪੁਲਸ, ਪਾਵਰ ਤੇ ਗੁੰਡਿਆਂ ਦੀ ਮਦਦ ਨਾਲ ਕਬਜ਼ੇ ਕੀਤੇ ਜਾ ਰਹੇ ਹਨ।ਇਨ੍ਹਾਂ ਧਿਰਾਂ ਵੱਲੋਂ ਕੀਤੀ ਗਈ ਅਦਾਲਤੀ ਚਾਰਾਜੋਈ ਕਾਰਨ ਬਹੁਤ ਸਾਰੇ ਮਾਮਲੇ ਕੋਰਟ ਵਿੱਚ ਲੰਬਿਤ ਹਨ ਤੇ ਇਨ੍ਹਾਂ ਸੰਸਥਾਵਾਂ ਦੇ ਬੈਂਕ ਖਾਤੇ ਫਰੀਜ਼ ਹਨ, ਜਿਸ ਕਾਰਨ ਸੰਸਥਾਵਾਂ ਦਾ ਵਾਧਾ ਵਿਕਾਸ ਪਿਛਲੇ ਕਈ ਸਾਲਾਂ ਤੋਂ ਰੁਕਿਆ ਹੋਇਆ ਹੈ ਤੇ ਵਿਦਿਆਰਥੀਆਂ ਦੀ ਪੜ੍ਹਾਈ ਵੀ ਪ੍ਰਭਾਵਿਤ ਹੋ ਰਹੀ ਹੈ।ਗੁੰਡਾਗਰਦੀ ਵਾਲਾ ਮਾਹੌਲ ਦੇਖ ਵਿਦਿਆਰਥੀਆਂ ਦੇ ਮਨਾਂ 'ਤੇ ਮਾੜੇ ਪ੍ਰਭਾਵ ਪੈ ਰਹੇ ਹਨ।ਇਸ ਲਈ ਸਿਵਲ ਸੁਸਾਇਟੀ ਮੋਗਾ ਨੇ ਉਕਤ ਤਿੰਨਾਂ ਧਿਰਾਂ ਨੂੰ ਇੱਕ ਮਹੀਨੇ ਦੇ ਸਮੇਂ ਅੰਦਰ ਮਿਲ ਬੈਠ ਕੇ ਆਪਣੇ ਝਗੜੇ ਨਿਬੇੜਨ ਤੇ ਅਦਾਲਤੀ ਕੇਸ ਵਾਪਸ ਲੈਣ ਦੀ ਅਪੀਲ ਕੀਤੀ ਹੈ।ਜੇਕਰ ਉਹ ਅਜਿਹਾ ਨਹੀਂ ਕਰਨਗੇ ਤਾਂ ਆਮ ਲੋਕਾਂ ਦੀ ਮਦਦ ਨਾਲ ਸ਼ਾਂਤਮਈ ਤਰੀਕੇ ਨਾਲ ਸੰਘਰਸ਼ ਵਿੱਢ ਕੇ ਅਜਿਹਾ ਕਰਨ ਲਈ ਮਜਬੂਰ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਰਾਏ ਬਹਾਦਰ ਡਾ. ਮਥੁਰਾ ਦਾਸ ਪਾਹਵਾ ਨੇ ਆਪਣੀ ਦੂਰ ਅੰਦੇਸ਼ੀ ਸੋਚ ਨਾਲ ਇਨ੍ਹਾਂ ਸੰਸਥਾਵਾਂ ਦੀ ਸਥਾਪਨਾ ਕੀਤੀ ਸੀ, ਜੋ ਅੱਜ ਮੱਧਵਰਗੀ ਲੋਕਾਂ ਲਈ ਸਿੱਖਿਆ ਦਾ ਸਸਤਾ ਤੇ ਭਰੋਸੇਯੋਗ ਕੇਂਦਰ ਹਨ ਪਰ ਕੁੱਝ ਮੁੱਠੀ ਭਰ ਲੋਕਾਂ ਦੇ ਨਿੱਜ ਦੀ ਲੜਾਈ ਇਨ੍ਹਾਂ ਸਿੱਖਿਆ ਸੰਸਥਾਵਾਂ ਨੂੰ ਸਾਡੇ ਤੋਂ ਖੋਹਣ 'ਤੇ ਤੁਲੀ ਹੋਈ ਹੈ, ਜੋ ਅਸੀਂ ਕਦੇ ਬਰਦਾਸ਼ਤ ਨਹੀਂ ਕਰਾਂਗੇ।ਉਨ੍ਹਾਂ ਆਮ ਲੋਕਾਂ ਨੂੰ ਇਸ ਲੜਾਈ ਵਿੱਚ ਸਾਥ ਦੇਣ ਦੀ ਅਪੀਲ ਕਰਦਿਆਂ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਦੇ ਹਿੱਸੇ ਦੀ ਸਿੱਖਿਆ ਨੂੰ ਬਚਾਉਣ ਲਈ ਅੱਗੇ ਆਉਣਾ ਹੀ ਪਵੇਗਾ।ਇਸ ਮੌਕੇ ਉਕਤ ਤੋਂ ਇਲਾਵਾ ਜਨਰਲ ਸਕੱਤਰ ਪ੍ਰਿਤਪਾਲ ਸਿੰਘ ਗਿੱਲ, ਦਫਤਰ ਸਕੱਤਰ ਸ਼ਿਵਸ਼ਰਨ ਸਿੰਘ, ਹਰਭਜਨ ਸਿੰਘ ਬਹੋਨਾ, ਤਰਸੇਮ ਸਿੰਘ, ਸੁਭਾਸ਼ ਚੰਦਰ, ਅਕਬਰ ਚੜਿੱਕ, ਕੰਵਲਜੀਤ ਮਹੇਸਰੀ, ਗੁਰਚਰਨ ਸਿੰਘ ਰਾਜੂ, ਤੇਜਾ ਸਿੰਘ ਬਰਾੜ ਅਤੇ ਮਲਵਿੰਦਰ ਸਿੰਘ ਗਰੇਵਾਲ ਆਦਿ ਹਾਜ਼ਰ ਸਨ।

**AXIS BANK LTD.** ਐਕਸਿਸ ਬੈਂਕ ਲਿਮਟਿਡ, ਰਿਟੇਲ ਐਸੇਟ ਸੈਂਟਰ : ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਨੇੜੇ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਕਬਜ਼ਾ ਨੋਟਿਸ ਅੰਤਿਕਾ-IV [ਰੂਲ-8(1)] (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ 1. ਮੈਸਰਜ਼ ਸ੍ਰੀ ਗਣੇਸ਼ ਇੰਟਰਪ੍ਰਾਈਜ਼ਿਜ਼ ਰਾਹੀਂ ਇਸ ਦੇ ਮਾਲਕ ਸ੍ਰੀ ਵਿਸ਼ਾਲ ਸ਼ਰਮਾ 2. ਸ੍ਰੀ ਵਿਸ਼ਾਲ ਸ਼ਰਮਾ 3. ਸ੍ਰੀਮਤੀ ਮੋਹਿਨੀ ਸ਼ਰਮਾ 4. ਮੈਸਰਜ਼ ਏ ਐਂਡ ਐੱਸ ਇੰਟਰਪ੍ਰਾਈਜ਼ਿਜ਼ ਰਾਹੀਂ ਇਸ ਦੇ ਭਾਈਵਾਲਾਂ ਸ੍ਰੀਮਤੀ ਮੋਹਿਨੀ ਸ਼ਰਮਾ ਅਤੇ ਚੰਦਰਕਾਂਤਾ ਨੂੰ ਨੋਟਿਸ 'ਚ ਦਰਸਾਈ ਬਕਾਇਆ ਰਕਮ ਰੁਪਏ 1,28,71,447/- (ਇੱਕ ਕਰੋੜ ਅਠਾਈ ਲੱਖ ਇਕੱਤਰ ਹਜ਼ਾਰ ਚਾਰ ਸੌ ਸੰਤਾਲੀ ਰੁਪਏ ਕੇਵਲ) ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਅਦਾਇਗੀ ਕਰਨ ਲਈ 29/11/2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13(4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 8 ਅਪ੍ਰੈਲ 2026 ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ/ਗਰੰਟਰ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ ਦੇਣ ਐਕਸਿਸ ਬੈਂਕ ਲਿਮਟਿਡ ਨੂੰ ਰਕਮ ਰੁਪਏ 1,28,71,447/- ਇਸ ਰਕਮ 'ਤੇ ਵਿਆਜ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਕਰਜ਼ਦਾਰ ਦਾ ਧਿਆਨ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਉਪਲੱਬਧ ਸਮੇਂ ਦੇ ਸੰਬੰਧ 'ਚ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਪ੍ਰਤੀ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ**

ਵਪਾਰਕ ਗੁਡਾਊਨ ਪਲਾਟ ਰਕਬਾ 250 ਵਰਗ ਗਜ਼, ਪਿੰਡ ਭਵਾਤ, ਐੱਮ ਸੀ ਜ਼ੀਰਕਪੁਰ ਦੇ ਅਧੀਨ ਜ਼ਮੀਨ ਖੱਤਾ ਨੰ. 891/923, ਖਸਰਾ ਨੰ. 14//9 (9-0), 12/1 (0-16), 12/2 (7-4), 13(8-0), ਟੁਕੜੇ 4, ਕੁੱਲ ਜ਼ਮੀਨ 25 ਕਨਾਲ 0 ਮਰਲੇ 75/4500 ਹਿੱਸਾ ਜੋ ਕਿ 8 ਮਰਲੇ 3 ਸਰਸਾਈ ਜ਼ਮੀਨ (ਅੰਦਾਜ਼ਨ 22 ਫੁੱਟ 6 ਇੰਚ ਚੌੜਾਈ x 100 ਫੁੱਟ ਲੰਬਾਈ + 250 ਵਰਗ ਗਜ਼) ਐੱਮ ਸੀ ਜ਼ੀਰਕਪੁਰ ਅਧੀਨ, ਹੱਦਬਸਤ ਨੰ. 234 ਨਾਲ ਸੰਬੰਧਤ ਸਭ ਕੁੱਝ। ਸਬ ਤਹਿਸੀਲ ਜ਼ੀਰਕਪੁਰ, ਜ਼ਿਲ੍ਹਾ ਐੱਸ ਏ ਐੱਸ ਨਗਰ, ਜਮ੍ਹਾਂਬੰਦੀ ਸਾਲ 2017-2018, ਸਾਹਮਣੇ : ਸੜਕ, ਪਿਛਲੇ ਪਾਸੇ : ਸੰਨ ਫਾਰਮਾ ਕੰਪਨੀ ਦਾ ਵੇਅਰ ਹਾਊਸ, ਸੱਜੇ : ਪਲਾਟ ਅਗਰਵਾਲ ਜੀ, ਦੱਖਣ : ਰੋਹਤੇਸ਼ ਕੋਠਾਰੀ

ਮਿਤੀ : 11.04.2026, ਸਥਾਨ : ਜ਼ੀਰਕਪੁਰ ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

## ਚੋਰੀ ਦੇ ਮੋਟਰਸਾਈਕਲ ਸਮੇਤ ਕਾਬੂ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਮਾੜੇ ਅਨਸਰਾਂ ਖਿਲਾਫ ਚਲਾਈ ਗਈ ਮੁਹਿੰਮ ਤਹਿਤ ਨਿਹਾਲ ਸਿੰਘ ਵਾਲਾ ਪੁਲਿਸ ਨੇ ਚੋਰੀ ਦੇ ਮੋਟਰਸਾਈਕਲ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਇਸ ਸਬੰਧੀ ਥਾਣਾ ਨਿਹਾਲ ਸਿੰਘ ਵਾਲਾ ਦੇ ਮੁੱਖ ਅਫ਼ਸਰ ਰਾਜ ਸਿੰਘ ਨੇ ਦੱਸਿਆ ਕਿ ਹੌਲਦਾਰ ਸਿਕੰਦਰ ਸਿੰਘ ਪੁਲਿਸ ਪਾਰਟੀ ਸਮੇਤ ਦੇਰ ਸ਼ਾਮ ਨੂੰ ਦਾਣਾ ਮੰਡੀ ਵਿੱਚ ਗਸ਼ਤ ਕਰਨ ਜਾ ਰਹੇ ਸੀ ਤਾਂ ਉਨ੍ਹਾਂ ਨੂੰ ਕਿਸੇ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਰਾਜਾ ਸਿੰਘ ਨਿਵਾਸੀ ਮਨੋਹਰ ਬਸਤੀ ਨਿਹਾਲ ਸਿੰਘ ਵਾਲਾ ਮੋਟਰਸਾਈਕਲ ਚੋਰੀ ਕਰ ਕੇ ਅੱਗੇ ਵੇਚਦੇ ਸਨ, ਅੱਜ ਵੀ ਉਹ ਦਾਣਾ ਮੰਡੀ ਨਿਹਾਲ ਸਿੰਘ ਵਾਲਾ ਵਿੱਚ ਖੜ੍ਹਾ ਕਰਕੇ ਗਾਹਕਾਂ ਦੀ ਉਡੀਕ ਕਰ ਰਿਹਾ, ਜਿਸ ਕੋਲ ਚੋਰੀ ਦਾਂ ਬਿਨਾਂ ਨੰਬਰੀ ਮੋਟਰਸਾਈਕਲ ਹੈ, ਜਿਸ 'ਤੇ ਪੁਲਸ ਪਾਰਟੀ ਵੱਲੋਂ ਦੱਸੀ ਗਈ ਜਗ੍ਹਾ 'ਤੇ ਛਾਪਾ ਮਾਰ ਕੇ ਰਾਜਾ ਸਿੰਘ ਨੂੰ ਚੋਰੀ ਦੇ ਬਿਨਾਂ ਨੰਬਰੀ ਮੋਟਰਸਾਈਕਲ ਸਮੇਤ ਕਾਬੂ ਕੀਤਾ ਗਿਆ, ਜਿਸ ਖਿਲਾਫ਼ ਥਾਣਾ ਨਿਹਾਲ ਸਿੰਘ ਵਾਲਾ ਵਿਖੇ ਮੁਕੱਦਮਾ ਦਰਜ ਕਰਕੇ ਦੋਸ਼ੀ ਨੂੰ ਗ੍ਰਿਫਤਾਰ ਕਰ ਲਿਆ ਹੈ, ਜਿਸ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਇੱਕ ਦਿਨ ਦਾ ਪੁਲਸ ਰਿਮਾਂਡ ਹਾਸਲ ਕਰ ਲਿਆ ਹੈ, ਜਿਸ ਪਾਸੋਂ ਹੋਰ ਪੁੱਛ ਗਿੱਛ ਕੀਤੀ ਜਾਵੇਗੀ।

## ਬਾਰਸ਼ਾਂ ਕਾਰਨ ਫਸਲਾਂ ਦੇ ਹੋਏ ਨੁਕਸਾਨ ਦਾ ਤੁਰੰਤ ਮੁਆਵਜ਼ਾ ਦਿੱਤਾ ਜਾਵੇ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬੀਤੇ ਕੁਝ ਦਿਨ ਪਹਿਲੇ ਪੰਜਾਬ ਦੇ ਬਠਿੰਡਾ, ਮਾਨਸਾ, ਮੋਗਾ, ਅੰਮ੍ਰਿਤਸਰ, ਤਰਨਤਾਰਨ, ਗੁਰਦਾਸਪੁਰ, ਹੁਸ਼ਿਆਰਪੁਰ ਆਦਿ ਜ਼ਿਲ੍ਹਿਆਂ ਵਿੱਚ ਬਾਰਸ਼ਾਂ ਤੇ ਗੜੇ ਪੈਣ ਕਾਰਨ ਜ਼ਿਮੀਂਦਾਰਾਂ ਵੱਲੋਂ ਆਪਣੀ ਕਣਕ ਦੀ ਫ਼ਸਲ ਜੋ ਪੱਕੀ ਖੜ੍ਹੀ ਸੀ ਤੇ ਥੋੜ੍ਹੇ ਸਮੇਂ ਵਿੱਚ ਵਾਢੀ ਹੋਣ ਵਾਲੀ ਸੀ, ਉਸ ਦਾ ਵੱਡੇ ਪੱਧਰ 'ਤੇ ਨੁਕਸਾਨ ਹੋਇਆ ਹੈ, ਜਿਸ ਕਾਰਨ ਵੱਡੀ ਗਿਣਤੀ ਵਿਚ ਜ਼ਿਮੀਂਦਾਰ ਪਰਵਾਰਾਂ ਨੂੰ ਮਾਲੀ ਨੁਕਸਾਨ ਹੋਣ ਦੇ ਨਾਲ-ਨਾਲ ਦਿਮਾਗੀ ਤੌਰ 'ਤੇ ਵੀ ਵੱਡਾ ਨੁਕਸਾਨ ਹੋਇਆ ਹੈ।ਇਸ ਲਈ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਪੰਜਾਬ ਦੀ ਭਗਵੰਤ ਸਿੰਘ ਮਾਨ ਸਰਕਾਰ ਨੂੰ ਇਸ ਗੰਭੀਰ ਵਿਸ਼ੇ ਉੱਤੇ ਉਚੇਚੇ ਤੌਰ 'ਤੇ ਇਹ ਗੁਜ਼ਾਰਿਸ਼ ਕਰਨੀ ਚਾਹੇਗੀ ਕਿ ਪੀੜਤ ਕਿਸਾਨਾਂ ਦੀਆਂ ਹੋਈਆਂ ਫਸਲ ਦੇ ਨੁਕਸਾਨ ਦਾ ਤੁਰੰਤ ਗਿਰਦਾਵਰੀਆਂ ਕਰਵਾ ਕੇ ਜੋ ਉਨ੍ਹਾਂ ਦੇ ਮੁਆਵਜ਼ੇ ਦੀ ਰਕਮ ਬਣਦੀ ਹੈ, ਉਸ ਦਾ ਤੁਰੰਤ ਭੁਗਤਾਨ ਕਰਨ ਦਾ ਪ੍ਰਬੰਧ ਕੀਤਾ ਜਾਵੇ, ਤਾਂ ਕਿ ਬਹੁਤ ਹੀ ਮਿਹਨਤ ਉਪਰੰਤ ਆਪਣੀਆਂ ਫਸਲਾਂ ਪੈਦਾ ਕਰਨ ਵਾਲੇ ਕਿਸਾਨਾਂ ਨੂੰ ਆਪਣੀ ਅਗਲੇਰੀ ਫਸਲ ਦੀ ਬਿਜਾਈ ਤੇ ਸੇਵਾ ਸੰਭਾਲ ਲਈ ਆਰਥਿਕ ਮਦਦ ਸਰਕਾਰ ਵੱਲੋਂ ਮਿਲ ਸਕੇ।ਇਹ ਅਪੀਲ ਸ੍ਰ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬਾਰਸ਼ਾਂ ਤੇ ਗੜਿਆਂ ਕਾਰਨ ਪੰਜਾਬ ਦੇ ਕਈ ਜ਼ਿਲ੍ਹਿਆਂ ਵਿੱਚ ਫਸਲਾਂ ਦੇ ਹੋਏ ਵੱਡੇ ਨੁਕਸਾਨ ਦੀ ਗੱਲ ਕਰਦੇ ਹੋਏ ਕੀਤੀ।ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਪੰਜਾਬ ਸਰਕਾਰ ਬੀਤੇ ਸਮੇਂ ਵਿੱਚ ਕਿਸਾਨਾਂ ਵੱਲੋਂ ਵੱਡੀ ਮਾਤਰਾ ਵਿੱਚ ਆਰਥਿਕ ਨੁਕਸਾਨ ਹੋਣ ਦੀ ਬਦੌਲਤ ਖੁਦਕਸ਼ੀਆਂ ਕਰਨ ਦੇ ਰੁਝਾਨ ਨੂੰ ਮੁੱਖ ਰੱਖ ਕੇ ਨੁਕਸਾਨੀ ਗਈ ਫਸਲ ਦੇ ਮੁਆਵਜ਼ੇ ਦਾ ਪਹਿਲ ਦੇ ਆਧਾਰ 'ਤੇ ਭੁਗਤਾਨ ਕਰਨ ਦਾ ਪ੍ਰਬੰਧ ਕਰ ਦੇਵੇਗੀ।

## ਬਲਾਕ ਸੰਮਤੀ ਦੇ ਚੇਅਰਮੈਨ ਰਣਜੋਧ ਸਿੰਘ ਤੇ ਵਾਈਸ ਚੇਅਰਪਰਸਨ ਮਨਪ੍ਰੀਤ ਕੌਰ ਨੇ ਅਹੁਦਾ ਸੰਭਾਲਿਆ

■ ਮੁੱਖ ਮੰਤਰੀ ਨੇ ਵਲੰਟੀਅਰਾਂ ਨੂੰ ਅਹੁਦੇ ਦੇ ਕੇ ਮਾਣ ਬਖ਼ਸ਼ਿਆ : ਸੁਖਵੀਰ ਸਿੰਘ



**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ ਸੱਗੂ, ਬਿੰਨੀ ਗਰਗ)**-ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਦੀ ਮੌਜੂਦਗੀ ਵਿੱਚ ਬਲਾਕ ਸੰਮਤੀ ਧੂਰੀ ਦੇ ਚੇਅਰਮੈਨ ਰਣਜੋਧ ਸਿੰਘ ਤੇ ਵਾਈਸ ਚੇਅਰਪਰਸਨ ਮਨਪ੍ਰੀਤ ਕੌਰ ਨੇ ਬੀ.ਡੀ.ਪੀ.ਓ. ਦਫ਼ਤਰ ਧੂਰੀ ਵਿਖੇ ਆਪਣਾ ਅਹੁਦਾ ਸੰਭਾਲਿਆ।ਇਸ ਮੌਕੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਾਰਟੀ ਵੱਲੋਂ ਆਪ ਵਲੰਟੀਅਰਾਂ ਤੇ ਮਿਹਨਤੀ ਵਰਕਰਾਂ ਨੂੰ ਅੱਗੇ ਲਿਆਂਦਾ ਜਾ ਰਿਹਾ ਹੈ ਤੇ ਉਨ੍ਹਾਂ ਨੂੰ ਜ਼ਿੰਮੇਵਾਰੀਆਂ ਦੇ ਕੇ ਸਨਮਾਨਤ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਹ ਕਦਮ ਲੋਕਤੰਤਰ ਦੀ ਅਸਲ ਰੂਹ ਨੂੰ ਮਜ਼ਬੂਤ ਕਰਦਾ ਹੈ ਤੇ ਆਮ ਲੋਕਾਂ ਦੀ ਭਾਗੀਦਾਰੀ ਨੂੰ ਵਧਾਉਂਦਾ ਹੈ।ਉਨ੍ਹਾਂ ਨਵੀਂ ਚੁਣੀ ਲੀਡਰਸ਼ਿਪ ਨੂੰ ਵਧਾਈ ਦਿੰਦਿਆਂ ਭਰੋਸਾ ਦਿੱਤਾ ਕਿ ਸਰਕਾਰ ਵੱਲੋਂ ਹਰ ਪੱਧਰ 'ਤੇ ਪੂਰਾ ਸਹਿਯੋਗ ਦਿੱਤਾ ਜਾਵੇਗਾ ਤਾਂ ਜੋ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਸਕੇ।ਇਸ ਮੌਕੇ ਨਵ-ਨਿਯੁਕਤ ਚੇਅਰਮੈਨ ਰਣਜੋਧ ਸਿੰਘ ਨੇ ਕਿਹਾ ਕਿ ਉਹ ਧੂਰੀ ਬਲਾਕ ਦੇ ਹਰ ਪਿੰਡ ਤੇ ਹਰ ਵਰਗ ਦੇ ਵਿਕਾਸ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਨਗੇ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਬੁਨਿਆਦੀ ਸਹੂਲਤਾਂ ਦੀ ਮਜ਼ਬੂਤੀ, ਪਿੰਡਾਂ ਦੀ ਬਿਹਤਰੀ, ਸਫਾਈ ਪ੍ਰਬੰਧ ਤੇ ਨੌਜਵਾਨਾਂ ਲਈ ਮੌਕੇ ਪੈਦਾ ਕਰਨਾ ਉਨ੍ਹਾਂ ਦੀਆਂ ਪਹਿਲੀਆਂ ਤਰਜੀਹਾਂ ਵਿੱਚ ਸ਼ਾਮਲ ਹੋਵੇਗਾ।ਉਨ੍ਹਾਂ ਇਹ ਵੀ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਤੁਰੰਤ ਸੁਣਨਾ ਤੇ ਉਨ੍ਹਾਂ ਦਾ ਹੱਲ ਕਰਨਾ ਉਹ ਆਪਣਾ ਫਰਜ਼ ਸਮਝਦੇ ਹਨ ਤੇ ਧੂਰੀ ਬਲਾਕ ਨੂੰ ਤਰੱਕੀ ਦੀਆਂ ਨਵੀਆਂ ਲੀਹਾਂ 'ਤੇ ਲਿਜਾਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।ਇਸ ਮੌਕੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ, ਪਰਮਜੀਤ ਸਿੰਘ, ਸਤਿੰਦਰ ਸਿੰਘ ਚੱਠਾ, ਰਮਨਦੀਪ ਸਿੰਘ, ਬੀ.ਡੀ.ਪੀ.ਓ. ਸੁਖਵਿੰਦਰ ਸਿੰਘ, ਐਡਵੋਕੇਟ ਹੈਪੀ ਗਰਗ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਰਛਪਾਲ ਸਿੰਘ ਭੁੱਲਰਹੇੜੀ, ਅਮਰਦੀਪ ਸਿੰਘ ਧਾਂਦਰਾ ਵੀ ਮੌਜੂਦ ਸਨ।

**Capital Small Finance Bank Ltd.**
HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦੇ ਅਧਿਕਾਰਤ ਅਫਸਰ ਵਜੋਂ ਸਕਿਉਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ, 2002 (2002 ਦਾ 54) ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰਾਂ 1. ਸ੍ਰੀ ਸੁਖਵਿੰਦਰ ਸਿੰਘ ਪੁੱਤਰ ਸ੍ਰੀ ਅਮਰੀਕ ਸਿੰਘ ਵਾਸੀ ਮਕਾਨ ਨੰ. ਬੀ ਐਕਸ-1357, ਗਲੀ ਨੰ. 10, ਅਜੀਤ ਨਗਰ, ਜਲੰਧਰ, ਪੰਜਾਬ-144004 2. ਸ੍ਰੀਮਤੀ ਹਰਪ੍ਰੀਤ ਕੌਰ ਪਤਨੀ ਸੁਖਵਿੰਦਰ ਸਿੰਘ ਵਾਸੀ ਮਕਾਨ ਨੰ. ਬੀ ਐਕਸ-1357, ਗਲੀ ਨੰ. 10, ਅਜੀਤ ਨਗਰ, ਇੰਡਸਟ੍ਰੀਅਲ ਟਾਊਨ, ਜਲੰਧਰ, ਪੰਜਾਬ-144004 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 3. ਸ੍ਰੀ ਵਿਕਾਸ ਪੁੱਤਰ ਸ੍ਰੀ ਅਸ਼ੋਕ ਕੁਮਾਰ ਵਾਸੀ ਮਕਾਨ ਨੰ. 421, ਗੋਪਾਲ ਨਗਰ, ਜਲੰਧਰ, ਪੰਜਾਬ-144008 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ ਦੀ ਮਿਤੀ ਨੂੰ ਬਕਾਇਆ ਰਕਮ ਐੱਚ ਐੱਲ-1/013611000697 'ਚ ਰੁਪਏ 15,76,604.82 ਅਤੇ ਐੱਚ ਐੱਲ-2/013611000935 'ਚ ਰੁਪਏ 5,71,143.10 ਉਕਤ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਮੋੜਨ 'ਚ ਮਿਤੀ 12.01.2026 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ ਅਤੇ ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਗਿਆ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ ਸੰਕੇਤਕ ਕਬਜ਼ਾ ਹਾਸਲ ਕਰ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਕਰਜ਼ਦਾਰਾਂ ਅਤੇ ਗਰੰਟਰ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਸੰਬੰਧੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਨਾਲ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਦੀ ਐੱਚ ਐੱਲ-1/013611000697 'ਚ ਰੁਪਏ 15,76,604.82 ਅਤੇ ਐੱਚ ਐੱਲ-2/013611000935 'ਚ ਰੁਪਏ 5,71,143.10/- ਸਮੇਤ 01.01.2026 ਤੋਂ ਭਵਿੱਖੀ ਵਿਆਜ ਦੇ ਵਸੂਲ ਕੀਤੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 2020-21/186/1/7451 ਮਿਤੀ 01.01.2021 ਅਨੁਸਾਰ ਸ੍ਰੀਮਤੀ ਹਰਪ੍ਰੀਤ ਕੌਰ ਪਤਨੀ ਸੁਖਵਿੰਦਰ ਸਿੰਘ ਦੀ ਮਾਲਕੀ ਵਾਲੀ ਜਾਇਦਾਦ ਰਕਬਾ 2 ਮਰਲੇ 103 ਵਰਗ ਫੁੱਟ, ਅਜੀਤ ਨਗਰ ਵਿਖੇ ਸਥਿਤ, ਜਲੰਧਰ ਨਾਲ ਸੰਬੰਧਤ ਸਭ ਕੁੱਝ।

ਮਿਤੀ : 10.04.2026, ਸਥਾਨ : ਜਲੰਧਰ ਸਹੀ/- (ਅਧਿਕਾਰਤ ਅਫਸਰ)

## ਧਾਰਮਿਕ ਰਸਮਾਂ ਤੇ ਕਬੱਡੀ ਮੁਕਾਬਲਿਆਂ ਨਾਲ ਸਜੇਗਾ ਬਾਬਾ ਸਰੂਪ ਦਾਸ ਜੀ ਦਾ ਜੋੜ ਮੇਲਾ : ਬਾਬਾ ਰਾਜਾ ਮਹੰਤ



**ਜਲਾਲਾਬਾਦ (ਬਲਵਿੰਦਰ ਸਿੰਘ, ਜੀਤ ਕੁਮਾਰ, ਰਣਬੀਰ ਕੌਰ ਢਾਬਾਂ)**-ਧੰਨ ਧੰਨ ਬਾਬਾ ਸਰੂਪ ਦਾਸ ਜੀ ਦੇ ਪਵਿੱਤਰ ਅਸਥਾਨ 'ਤੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵਿਸਾਖੀ ਦੇ ਪਵਿੱਤਰ ਤਿਉਹਾਰ ਮੌਕੇ 14 ਅਪ੍ਰੈਲ ਨੂੰ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ, ਉਤਸ਼ਾਹ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਗੱਦੀ ਨਸ਼ੀਨ ਬਾਬਾ ਰਾਜਾ ਮਹੰਤ ਜੀ ਨੇ ਦੱਸਿਆ ਕਿ ਮੇਲੇ ਦੀਆਂ ਤਿਆਰੀਆਂ ਜ਼ੋਰਾਂ-ਸ਼ੋਰਾਂ ਨਾਲ ਚੱਲ ਰਹੀਆਂ ਹਨ ਤੇ ਇਲਾਕੇ ਦੇ ਨਾਲ-ਨਾਲ ਦੂਰ-ਦੁਰਾਡੇ ਤੋਂ ਆਉਣ ਵਾਲੀਆਂ ਸੰਗਤਾਂ ਵਿੱਚ ਵੀ ਖਾਸਾ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮੇਲੇ ਦੀ ਸ਼ੁਰੂਆਤ ਧਾਰਮਿਕ ਰਸਮਾਂ ਨਾਲ ਕੀਤੀ ਜਾਵੇਗੀ ਤੇ ਰੱਖੇ ਗਏ ਪਾਠ ਦੇ ਭੋਗ ਬੜੀ ਸ਼ਰਧਾ ਤੇ ਮਰਿਆਦਾ ਨਾਲ ਪਾਏ ਜਾਣਗੇ।ਇਸ ਦੌਰਾਨ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਾਮ ਬਾਣੀ ਨਾਲ ਜੋੜਿਆ ਜਾਵੇਗਾ, ਜਿਸ ਨਾਲ ਪੂਰਾ ਮਾਹੌਲ ਭਗਤੀ ਰਸ ਵਿੱਚ ਰੰਗਿਆ ਹੋਇਆ ਨਜ਼ਰ ਆਵੇਗਾ। ਸੰਗਤਾਂ ਵੱਲੋਂ ਵੱਡੀ ਗਿਣਤੀ ਵਿੱਚ ਹਾਜ਼ਰੀ ਭਰ ਕੇ ਅਸ਼ੀਰਵਾਦ ਪ੍ਰਾਪਤ ਕੀਤਾ ਜਾਵੇਗਾ।ਮੇਲੇ ਨੂੰ ਹੋਰ ਵੀ ਰੌਣਕਮਈ ਬਣਾਉਣ ਲਈ ਨੌਜਵਾਨਾਂ ਦੀ ਖਾਸ ਮੰਗ 'ਤੇ ਕਬੱਡੀ ਦੇ ਰੋਮਾਂਚਕ ਮੁਕਾਬਲੇ ਵੀ ਕਰਵਾਏ ਜਾਣਗੇ।ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਪਿੰਡਾਂ ਤੇ ਇਲਾਕਿਆਂ ਦੀਆਂ ਟੀਮਾਂ ਭਾਗ ਲੈਣਗੀਆਂ ਤੇ ਆਪਣੇ ਖੇਡ ਕੌਸ਼ਲ ਦਾ ਪ੍ਰਦਰਸ਼ਨ ਕਰਨਗੀਆਂ।ਜਿੱਤਣ ਵਾਲੀਆਂ ਟੀਮਾਂ ਨੂੰ ਇਨਾਮ ਦੇ ਕੇ ਸਨਮਾਨਤ ਵੀ ਕੀਤਾ ਜਾਵੇਗਾ, ਜਿਸ ਨਾਲ ਨੌਜਵਾਨਾਂ ਵਿੱਚ ਖੇਡਾਂ ਪ੍ਰਤੀ ਹੋਰ ਜ਼ਿਆਦਾ ਰੁਚੀ ਪੈਦਾ ਹੋਵੇਗੀ।ਇਸ ਤੋਂ ਇਲਾਵਾ, ਮੇਲੇ ਵਿੱਚ ਆਉਣ ਵਾਲੀ ਸੰਗਤ ਲਈ ਪੂਰੇ ਦਿਨ ਗੁਰੂ ਘਰ ਦਾ ਅਟੁੱਟ ਲੰਗਰ ਵਰਤਾਇਆ ਜਾਵੇਗਾ।ਸੇਵਾਦਾਰ ਨਿਸ਼ਕਾਮ ਭਾਵਨਾ ਨਾਲ ਲੰਗਰ ਦੀ ਸੇਵਾ ਨਿਭਾਉਣਗੇ ਅਤੇ ਹਰ ਆਉਣ ਵਾਲੇ ਸ਼ਰਧਾਲੂ ਦੀ ਭਰਪੂਰ ਸੇਵਾ ਕੀਤੀ ਜਾਵੇਗੀ।ਬਾਬਾ ਜੀ ਨੇ ਦੱਸਿਆ ਕਿ ਮੇਲੇ ਦੌਰਾਨ ਸੁਰੱਖਿਆ ਤੇ ਸਹੂਲਤਾਂ ਦੇ ਪੂਰੇ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਸੰਗਤਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

## ਕੈਬਨਿਟ ਮੰਤਰੀ ਮੁੰਡੀਆਂ ਨੇ ਸਾਹਨੇਵਾਲ 'ਚ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ

■ ਸਟੀਲ ਕਵਰ ਸ਼ੈੱਡ ਦਾ ਵੀ ਕੀਤਾ ਉਦਘਾਟਨ



**ਲੁਧਿਆਣਾ (ਰਾਜ ਸਿੰਗਲਾ)**

ਵਿਧਾਨ ਸਭਾ ਹਲਕਾ ਸਾਹਨੇਵਾਲ ਦੇ ਵਿਧਾਇਕ ਤੇ ਪੰਜਾਬ ਦੇ ਮਾਲ, ਮੁੜ ਵਸੇਬਾ ਤੇ ਆਫ਼ਤ ਪ੍ਰਬੰਧਨ, ਜਲ ਸਪਲਾਈ ਤੇ ਸੈਨੀਟੇਸ਼ਨ, ਹਾਊਸਿੰਗ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਸਾਹਨੇਵਾਲ ਦੀ ਅਨਾਜ ਮੰਡੀ ਵਿੱਚ ਕਣਕ ਦੀ ਖ਼ਰੀਦ ਸ਼ੁਰੂ ਕਰਵਾਈ।ਉਨ੍ਹਾਂ ਕਿਸਾਨ ਵੀਰਾਂ ਨੂੰ ਮੁਬਾਰਕਬਾਦ ਦਿੰਦਿਆਂ ਸਫਲ ਸੀਜ਼ਨ ਦੀ ਵੀ ਕਾਮਨਾ ਕੀਤੀ।

ਇਸ ਮੌਕੇ ਉਨ੍ਹਾਂ ਦੇ ਨਾਲ ਮਾਰਕੀਟ ਕਮੇਟੀ ਸਾਹਨੇਵਾਲ ਦੇ ਚੇਅਰਮੈਨ ਹੇਮਰਾਜ ਰਾਜੀ ਵੀ ਮੌਜੂਦ ਸਨ।ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਅਧਿਕਾਰੀਆਂ ਨੂੰ ਕਿਸਾਨਾਂ ਦੀ ਸਖ਼ਤ ਮਿਹਨਤ ਨਾਲ ਪੈਦਾ ਕੀਤੀ ਉਪਜ ਦੀ ਤੁਰੰਤ ਖ਼ਰੀਦ ਤੇ ਲਿਫਟਿੰਗ ਨੂੰ ਯਕੀਨੀ ਬਣਾਉਣ ਲਈ ਕਿਹਾ।ਉਨ੍ਹਾਂ ਕਿਹਾ ਕਿ ਕਿਸਾਨ ਭਰਾਵਾਂ ਨੂੰ ਅਨਾਜ ਮੰਡੀਆਂ 'ਚ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਤੇ ਪੰਜਾਬ ਸਰਕਾਰ ਫ਼ਸਲ ਦਾ ਇੱਕ-ਇੱਕ ਦਾਣਾ ਖਰੀਦਣ ਲਈ ਵਚਨਬੱਧ ਹੈ।ਕੈਬਨਿਟ ਮੰਤਰੀ ਮੁੰਡੀਆਂ ਨੇ ਕਿਹਾ ਕਿ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

ਮਾਰਕੀਟ ਕਮੇਟੀ ਸਾਹਨੇਵਾਲ ਦੇ ਚੇਅਰਮੈਨ ਹੇਮਰਾਜ ਰਾਜੀ ਨੇ ਦੱਸਿਆ ਕਿ ਮਾਰਕੀਟ ਕਮੇਟੀ ਸਾਹਨੇਵਾਲ ਅਧੀਨ ਆਉਂਦੀਆਂ ਅਨਾਜ ਮੰਡੀਆਂ ਵਿੱਚ ਕਿਸਾਨਾਂ ਲਈ ਛਾਂ, ਪਾਣੀ ਆਦਿ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਕਿਸਾਨਾਂ ਨੂੰ ਅਨਾਜ ਮੰਡੀਆਂ ਵਿੱਚ ਕਿਸੇ ਤਰ੍ਹਾਂ ਦੀ ਮੁਸ਼ਕਲ ਪੇਸ਼ ਨਾ ਆਵੇ।ਬਾਅਦ ਵਿੱਚ, ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ ਨਵੀਂ ਦਾਣਾ ਮੰਡੀ, ਸਾਹਨੇਵਾਲ ਵਿਖੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਦੇ ਯਤਨਾਂ ਸਦਕਾ, 93.44 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਸਟੀਲ ਕਵਰ ਸ਼ੈੱਡ ਦਾ ਉਦਘਾਟਨ ਵੀ ਕੀਤਾ ਗਿਆ।

## ਐਡਵੋਕੇਟ ਸ਼ਾਹੀ ਦੇ ਕਹਾਣੀ ਸੰਗ੍ਰਹਿ 'ਝਰੀਟਾਂ' 'ਤੇ ਗੋਸ਼ਟੀ ਅੱਜ

**ਸਮਰਾਲਾ (ਸੁਰਜੀਤ ਸਿੰਘ)**-ਪੰਜਾਬ ਕਲਾ ਪ੍ਰੀਸ਼ਦ ਚੰਡੀਗੜ੍ਹ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਪੰਜਾਬ ਤੇ ਲੇਖਕ ਮੰਚ (ਰਜਿ:) ਸਮਰਾਲਾ ਦੇ ਸਹਿਯੋਗ ਨਾਲ ਐਡਵੋਕੇਟ ਦਲਜੀਤ ਸ਼ਾਹੀ ਦੇ ਕਹਾਣੀ ਸੰਗ੍ਰਹਿ 'ਝਰੀਟਾਂ' ਉੱਪਰ ਵਿਚਾਰ ਗੋਸ਼ਟੀ 11 ਅਪ੍ਰੈਲ ਨੂੰ 2 ਵਜੇ ਭ੍ਰਿਸ਼ਟਾਚਾਰ ਵਿਰੋਧੀ ਫਰੰਟ ਦੇ ਦਫਤਰ ਵਿਖੇ ਕੀਤੀ ਜਾਵੇਗੀ।ਮੰਚ ਦੇ ਸਰਪ੍ਰਸਤ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਉੱਘੇ ਕਹਾਣੀਕਾਰ ਜਸਵੀਰ ਰਾਣਾ ਮੁੱਖ ਵਕਤਾ ਹੋਣਗੇ ਤੇ ਵੀਚਾਰ ਚਰਚਾ ਨੂੰ ਉੱਘੇ ਕਹਾਣੀਕਾਰ ਜਤਿੰਦਰ ਹਾਂਸ, ਤੇਲੂ ਰਾਮ ਕੁਹਾੜਾ, ਮੁਖਤਿਆਰ ਸਿੰਘ ਖੰਨਾ, ਅਜਮੇਰ ਸਿੱਧੂ ਤੇ ਨਾਵਲਕਾਰ ਰਾਮ ਸਰੂਪ ਰਿਖੀ ਅੱਗੇ ਤੋਰਨਗੇ।ਪ੍ਰਿੰਸੀਪਲ ਬੈਨੀਪਾਲ ਨੇ ਲੇਖਕਾਂ ਤੇ ਸਾਹਿਤ ਪ੍ਰੇਮੀਆਂ ਨੂੰ ਸਮਾਰੋਹ ਦਾ ਹਿੱਸਾ ਬਣਨ ਦੀ ਅਪੀਲ ਕੀਤੀ।

**DEBTS RECOVERY TRIBUNAL CHANDIGARH (DRT 3)**
**GROUND FLOOR, SCO 33-34-35, SECTOR 17-A, CHANDIGARH – 160017**

ਮੁਕੱਦਮਾ ਨੰ. ਓ ਏ/177/2024 ਈ ਐਕਸ ਐੱਚ ਨੰ.29697

**ਕਰਜ਼ਾ ਵਸੂਲੀ ਟ੍ਰਿਬਿਊਨਲ (ਅਮਲ) ਰੂਲਜ਼, 1993 ਦੇ ਨਿਯਮ 5 ਦੇ ਸਬ-ਨਿਯਮ (2-ਏ) ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਤਹਿਤ ਸੰਮਨ**

**ਐੱਚ ਡੀ ਐੱਫ ਸੀ ਬੈਂਕ ਬਨਾਮ ਮੈਸਰਜ਼ ਸਿਟੀ ਸੈਂਟਰ ਤੇ ਹੋਰ**

ਸੇਵਾ 'ਚ

(1) ਮੈਸ. ਸਿਟੀ ਸੈਂਟਰ ਇੱਕ ਮਾਲਕਾਨਾ ਫਰਮ ਰਾਹੀਂ ਇਸ ਦੇ ਇਕਮਾਤਰ ਮਾਲਕ ਸ੍ਰੀ ਵਿਕਰਾਂਤ ਸਿੰਘ ਬਿਜ਼ਨਸ ਦਾ ਸਥਾਨ ਦੁਕਾਨ ਨੰ. 9, ਨੇੜੇ ਪੀ ਐੱਨ ਬੀ ਬੈਂਕ, ਕਾਲਜ ਰੋਡ, ਲਾਰਡ ਕ੍ਰਿਸ਼ਨਾ ਮਾਰਕਿਟ, ਰੂਪਨਗਰ ਪੰਜਾਬ।

(2) ਸ੍ਰੀ ਵਿਕਰਾਂਤ ਸਿੰਘ ਪੁੱਤਰ ਸੁਖਵਿੰਦਰ ਸਿੰਘ (ਮਾਲਕ/ਗਰੰਟਰ) ਵਾਸੀ ਮਕਾਨ ਨੰ. 548, ਗ਼ੈਲ ਸਿੰਘ ਨਗਰ, ਰੋਪੜ, ਰੂਪਨਗਰ, ਪੰਜਾਬ।

(3) ਸੁਖਵਿੰਦਰ ਸਿੰਘ ਪੁੱਤਰ ਬਲਵੰਤ ਸਿੰਘ (ਗਰੰਟਰ/ਰਹਿਣਕਾਰ) ਵਾਸੀ ਮਕਾਨ ਨੰ. 548, ਗ਼ੈਲ ਸਿੰਘ ਨਗਰ, ਰੋਪੜ, ਰੂਪਨਗਰ ਪੰਜਾਬ।

**ਸੰਮਨ**

ਜਦੋਂ ਕਿ ਓ ਏ/177/2024 ਮਾਣਯੋਗ ਪ੍ਰਜ਼ਾਇਡਿੰਗ ਅਫਸਰ/ਰਜਿਸਟਰਾਰ ਸਨਮੁੱਖ 10.02.2026 ਨੂੰ ਸੂਚੀਬੱਧ ਕੀਤਾ ਗਿਆ ਸੀ।

ਜਦੋਂ ਕਿ ਤੁਹਾਡੇ ਵਿਰੁੱਧ ਰੁਪਏ 46,48,920/- ਦੀ ਕਰਜ਼ਾ ਵਸੂਲੀ ਲਈ ਉਕਤ ਅਰਜ਼ੀ 'ਤੇ ਐਕਟ ਦੇ ਸੈਕਸ਼ਨ 19 (4) (ਓ ਏ) ਤਹਿਤ (ਅਰਜ਼ੀ ਸਮੇਤ ਦਸਤਾਵੇਜ਼ਾਂ ਆਦਿ ਦੀਆਂ ਨਕਲਾਂ, ਨੱਥੀ) ਇਹ ਮਾਣਯੋਗ ਟ੍ਰਿਬਿਊਨਲ ਸੰਮਨ/ਨੋਟਿਸ ਜਾਰੀ ਕਰਨ ਦੀ ਖੁਸ਼ੀ ਪ੍ਰਾਪਤ ਕਰ ਰਿਹਾ ਹੈ।

ਐਕਟ ਦੇ ਸੈਕਸ਼ਨ 19 ਦੇ ਸਬ-ਸੈਕਸ਼ਨ (4) ਦੇ ਅਨੁਸਾਰ, ਜਵਾਬਦੇਹਾਂ ਨੂੰ ਹੇਠਾਂ ਦਰਸਾਏ ਨਿਰਦੇਸ਼ ਦਿੱਤੇ ਜਾਂਦੇ ਹਨ :

(i) ਸੰਮਨ ਪ੍ਰਾਪਤੀ ਤੋਂ 30 ਦਿਨਾਂ ਦੇ ਅੰਦਰ ਕਾਰਨ ਦੱਸਿਆ ਜਾਵੇ ਕਿ ਦਿੱਤੀ ਗਈ ਰਾਹਤ ਮਨਜ਼ੂਰ ਕਿਉਂ ਨਾ ਕੀਤੀ ਜਾਵੇ।

(ii) ਅਸਲ ਅਰਜ਼ੀ ਦੇ ਲੜੀ ਨੰ. 3 ਏ ਅਧੀਨ ਬਿਨੈਕਾਰ ਵੱਲੋਂ ਦਰਸਾਈਆਂ ਗਈਆਂ ਜਾਇਦਾਦਾਂ ਅਤੇ ਐੱਸਟਸ ਤੋਂ ਇਲਾਵਾ ਹੋਰ ਜਾਇਦਾਦਾਂ ਜਾਂ ਐੱਸਟਸ ਦੇ ਵੇਰਵਿਆਂ ਦਾ ਖੁਲਾਸਾ ਕਰਨਾ।

(iii) ਅਸਲ ਅਰਜ਼ੀ ਦੇ ਲੜੀ ਨੰ. 3 ਏ ਤਹਿਤ ਖੁਲਾਸਾ ਕੀਤੇ ਗਏ ਸਕਿਉਰਡ ਐੱਸਟਸ ਜਾਂ ਅਜਿਹੇ ਹੋਰ ਐੱਸਟਸ, ਲੰਬਿਤ ਸੁਣਵਾਈ ਅਤੇ ਜਾਇਦਾਦਾਂ ਦੀ ਕੁਰਕੀ ਲਈ ਅਰਜ਼ੀ ਦੇ ਨਿਪਟਾਰੇ ਸੰਬੰਧੀ ਤੁਹਾਡੇ 'ਤੇ ਪਾਬੰਦੀ ਹੈ।

(iv) ਜਿਹੜੀ ਸਕਿਉਰਟੀ 'ਤੇ ਹਿੱਤ ਲਾਗੂ ਹਨ ਜਾਂ ਹੋਰ ਐੱਸਟਸ ਅਤੇ ਅਸਲ ਅਰਜ਼ੀ ਦੇ ਲੜੀ ਨੰ. 3 ਏ 'ਚ ਖੁਲਾਸਾ ਕੀਤੀਆਂ ਗਈਆਂ ਜਾਇਦਾਦਾਂ ਟ੍ਰਿਬਿਊਨਲ ਦੀ ਅਗਾਊਂ ਮਨਜ਼ੂਰੀ ਤੋਂ ਬਿਨਾਂ, ਬਿਜ਼ਨਸ ਦੇ ਸਧਾਰਨ ਕੋਰਸ ਤੋਂ ਇਲਾਵਾ ਤੁਸੀਂ ਵਿਕਰੀ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਤਬਦੀਲ ਨਹੀਂ ਕਰ ਸਕਦੇ।

(v) ਸਕਿਉਰਡ ਐੱਸਟਸ ਦੀ ਵਿਕਰੀ ਜਾਂ ਬਿਜ਼ਨਸ ਦੇ ਸਧਾਰਨ ਕੋਰਸ 'ਚ ਹੋਰ ਐੱਸਟਸ ਅਤੇ ਜਾਇਦਾਦਾਂ ਅਤੇ ਅਜਿਹੇ ਐੱਸਟਸ 'ਤੇ ਸਕਿਉਰਟੀ ਰੱਖਦੇ ਬੈਂਕ ਜਾਂ ਵਿੱਤੀ ਸੰਗਠਨਾਂ ਦੇ ਖਾਤਿਆਂ 'ਚ ਵਿਕਰੀ ਰਾਹੀਂ ਜਮ੍ਹਾਂ ਅਜਿਹੀ ਆਮਦਨ ਸਾਕਾਰ ਵਿਕਰੀ ਆਮਦਨ ਦਾ ਹਿਸਾਬ ਦੇਣ ਲਈ ਤੁਸੀਂ ਜਵਾਬਦੇਹ ਹੋਵੋਗੇ।

ਤੁਹਾਨੂੰ ਲਿਖਤੀ ਬਿਆਨ ਸਮੇਤ ਬਿਨੈਕਾਰ ਨੂੰ ਉਸ ਦੀ ਨਕਲ ਦੇਣ ਦਾਇਰ ਕਰਨ ਨਾਲ ਰਜਿਸਟਰਾਰ ਦੇ ਸਨਮੁੱਖ 06-05-2026 ਨੂੰ ਸਵੇਰੇ 10.30 ਵਜੇ ਪੇਸ਼ ਹੋਣ ਦੇ ਵੀ ਨਿਰਦੇਸ਼ ਦਿੱਤੇ ਜਾਂਦੇ ਹਨ। ਅਸਫਲ ਰਹਿਣ 'ਤੇ ਅਰਜ਼ੀ 'ਤੇ ਸੁਣਵਾਈ ਕੀਤੀ ਜਾਵੇਗੀ ਅਤੇ ਤੁਹਾਡੀ ਗੈਰ-ਹਾਜ਼ਰੀ 'ਚ ਫੈਸਲਾ ਦੇ ਦਿੱਤਾ ਜਾਵੇਗਾ।

ਮੇਰੇ ਦਸਤਖਤਾਂ ਤੇ ਟ੍ਰਿਬਿਊਨਲ ਦੀ ਮੋਹਰ ਨਾਲ 11-02-2026 ਨੂੰ ਜਾਰੀ ਕੀਤਾ ਗਿਆ।

ਸੰਮਨ ਜਾਰੀ ਕਰਨ ਵਾਲੇ ਅਧਿਕਾਰਤ ਅਫਸਰ ਦੇ ਦਸਤਖਤ

## ਗੱਡੀ 'ਚ ਛੁੱਟਿਆ ਕੀਮਤੀ ਲੈਪਟਾਪ ਯਾਤਰੀ ਨੂੰ ਕਰਵਾਇਆ ਵਾਪਸ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਰਤੀ ਰੇਲਵੇ ਦੇ ਫਿਰੋਜ਼ਪੁਰ ਮੰਡਲ ਨੇ ਯਾਤਰੀਆਂ ਦੀ ਸੇਵਾ ਤੇ ਉਨ੍ਹਾਂ ਦੇ ਸਾਮਾਨ ਦੀ ਸੁਰੱਖਿਆ ਲਈ ਉਨ੍ਹਾਂ ਦੀ ਮੁੱਖ ਤਰਜੀਹ ਹੈ।ਅੰਮ੍ਰਿਤਸਰ ਸਟੇਸ਼ਨ 'ਤੇ ਤੈਨਾਤ ਟਿਕਟ ਚੈਕਿੰਗ ਸਟਾਫ ਦੀ ਚੌਕਸੀ ਤੇ ਇਮਾਨਦਾਰੀ ਸਦਕਾ ਇਕ ਯਾਤਰੀ ਦਾ ਰੇਲ ਗੱਡੀ ਵਿੱਚ ਭੁੱਲਿਆ ਹੋਇਆ ਕੀਮਤੀ ਲੈਪਟਾਪ ਸੁਰੱਖਿਅਤ ਰੂਪ ਵਿੱਚ ਉਸ ਨੂੰ ਵਾਪਸ ਸੌਂਪ ਦਿੱਤਾ ਗਿਆ ਹੈ। 8 ਅਪ੍ਰੈਲ 2026 ਨੂੰ ਇਕ ਯਾਤਰੀ ਗੱਡੀ ਨੰਬਰ 12926 ਪੱਛਮ ਸੁਪਰਫਾਸਟ ਐਕਸਪ੍ਰੈੱਸ ਵਿੱਚ ਸਫਰ ਕਰ ਰਿਹਾ ਸੀ। ਆਪਣੀ ਮੰਜ਼ਲ 'ਤੇ ਉਤਰਦੇ ਸਮੇਂ ਉਹ ਜਲਦਬਾਜ਼ੀ ਵਿੱਚ ਆਪਣਾ ਬੈਗ ਰੇਲ ਗੱਡੀ ਵਿਚ ਹੀ ਭੁੱਲ ਗਿਆ, ਜਿਸ ਵਿੱਚ ਉਸ ਦਾ ਬਹੁਤ ਹੀ ਕੀਮਤੀ ਲੈਪਟਾਪ ਸੀ। ਜਦੋਂ ਯਾਤਰੀ ਨੂੰ ਪਤਾ ਲੱਗਾ ਤਾਂ ਉਸ ਨੇ ਤੁਰੰਤ ਰੇਲਵੇ ਦੀ ਸਹਾਇਤਾ ਪ੍ਰਣਾਲੀ 'ਰੇਲ ਮਦਦ' ਰਾਹੀਂ ਆਪਣੀ ਸ਼ਿਕਾਇਤ ਦਰਜ ਕਰਵਾਈ। ਰੇਲਵੇ ਸਟਾਫ ਨੂੰ ਸ਼ਿਕਾਇਤ ਮਿਲਦੇ ਹੀ ਵਪਾਰਕ ਕੰਟਰੋਲ ਫਿਰੋਜ਼ਪੁਰ ਨੇ ਡਿਊਟੀ 'ਤੇ ਮੌਜੂਦ ਸਟਾਫ ਨੂੰ ਸੂਚਿਤ ਕੀਤਾ। ਅੰਮ੍ਰਿਤਸਰ ਸਟੇਸ਼ਨ ਦੇ ਟਿਕਟ ਚੈਕਿੰਗ ਸਟਾਫ ਪਲਵਿੰਦਰ ਸਿੰਘ ਤੇ ਸੌਰਵ ਵਰਮਾ ਨੇ ਗੁਆਚੇ ਲੈਪਟਾਪ ਦੀ ਭਾਲ ਸ਼ੁਰੂ ਕਰ ਦਿੱਤੀ। ਆਪਣੀ ਡਿਊਟੀ ਪ੍ਰਤੀ ਸੰਜੀਦਗੀ ਦਿਖਾਉਂਦੇ ਹੋਏ, ਉਨ੍ਹਾਂ ਨੇ ਸਖ਼ਤ ਮਿਹਨਤ ਤੋਂ ਬਾਅਦ ਲੈਪਟਾਪ ਵਾਲਾ ਬੈਗ ਲੱਭ ਲਿਆ। ਸੁਰੱਖਿਅਤ ਵਾਪਸੀ ਲੈਪਟਾਪ ਮਿਲਣ ਤੋਂ ਬਾਅਦ ਰੇਲਵੇ ਸਟਾਫ ਨੇ ਨਿਯਮਾਂ ਅਨੁਸਾਰ ਕਾਰਵਾਈ ਕਰਦੇ ਹੋਏ ਚੰਡੀਗੜ੍ਹ ਰੇਲਵੇ ਸਟੇਸ਼ਨ ਵਿਖੇ ਰੇਲਵੇ ਸੁਰੱਖਿਆ ਬਲ ਦੀ ਮੌਜੂਦਗੀ ਵਿੱਚ ਯਾਤਰੀ ਨੂੰ ਬੁਲਾਇਆ। ਸਾਰੀ ਪੜਤਾਲ ਮੁਕੰਮਲ ਕਰਨ ਉਪਰੰਤ ਲੈਪਟਾਪ ਸੁਰੱਖਿਅਤ ਰੂਪ ਵਿੱਚ ਉਸ ਦੇ ਅਸਲੀ ਮਾਲਕ ਨੂੰ ਸੌਂਪ ਦਿੱਤਾ ਗਿਆ। ਆਪਣਾ ਕੀਮਤੀ ਸਾਮਾਨ ਵਾਪਸ ਪਾ ਕੇ ਯਾਤਰੀ ਨੇ ਰੇਲਵੇ ਸਟਾਫ ਦੀ ਇਮਾਨਦਾਰੀ ਲਈ ਤਹਿ ਦਿਲੋਂ ਧੰਨਵਾਦ ਕੀਤਾ। ਫਿਰੋਜ਼ਪੁਰ ਮੰਡਲ ਦੇ ਅਧਿਕਾਰੀਆਂ ਨੇ ਇਸ ਸਬੰਧੀ ਗੱਲ ਕਰਦਿਆਂ ਕਿਹਾ ਕਿ ਰੇਲਵੇ ਆਪਣੇ ਯਾਤਰੀਆਂ ਦੀ ਸਹੂਲਤ ਤੇ ਸੁਰੱਖਿਆ ਲਈ ਹਮੇਸ਼ਾ ਵਚਨਬੱਧ ਹੈ। ਪਲਵਿੰਦਰ ਸਿੰਘ ਤੇ ਸੌਰਵ ਵਰਮਾ ਵਰਗੇ ਕਰਮਚਾਰੀ ਰੇਲਵੇ ਵਿਭਾਗ ਦਾ ਮਾਣ ਹਨ, ਜਿਨ੍ਹਾਂ ਦੀ ਸੇਵਾ ਭਾਵਨਾ ਦੂਜੇ ਮੁਲਾਜ਼ਮਾਂ ਲਈ ਵੀ ਪ੍ਰੇਰਣਾ ਸਰੋਤ ਹੈ।

## ਬਾਬਾ ਗੁਰਦਿਆਲ ਸਿੰਘ ਦੀ ਬਰਸੀ ਸ਼ਰਧਾ ਨਾਲ ਮਨਾਈ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸੰਤ ਬਾਬਾ ਗੁਰਦਿਆਲ ਸਿੰਘ ਜੀ ਦੀ ਸਾਲਾਨਾ ਬਰਸੀ ਇਤਿਹਾਸਕ ਗੁਰਦਆਰਾ ਸ੍ਰੀ ਕ੍ਰਿਪਾਨ ਭੇਟ ਸਾਹਿਬ ਵਿਖੇ ਗੁਰੂ ਘਰ ਦੇ ਮੁੱਖ ਸੇਵਾਦਾਰ ਜਥੇ. ਸਰਵਣ ਸਿੰਘ ਰਸਾਲਦਾਰ ਦੀ ਅਗਵਾਈ ਵਿੱਚ ਸੰਗਤਾਂ ਵੱਲੋਂ ਬੜੀ ਸ਼ਰਧਾ ਨਾਲ ਮਨਾਈ ਗਈ। ਅੱਜ ਗੁਰੂ ਘਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਸਵਾ ਮਹੀਨੇ ਤੋਂ ਜੋ ਲੜੀ ਚੱਲ ਰਹੀ ਸੀ, ਉਸ ਦੇ ਭੋਗ ਪਾਏ ਗਏ ਉਪਰੰਤ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਸਮਾਗਮ ਦੇ ਸ਼ੁਰੂ ਵਿੱਚ ਹਜ਼ੂਰੀ ਰਾਗੀ ਭਾਈ ਜਸਦੇਵ ਸਿੰਘ, ਬਾਬਾ ਬਲਦੇਵ ਸਿੰਘ ਰਾੜਾ ਸਾਹਿਬ ਵਾਲਿਆਂ ਨੇ ਰਸਮਈ ਕੀਰਤਨ ਕੀਤਾ ਤੇ ਦਿਲਬਾਗ ਸਿੰਘ ਵਲਟੋਹਾ ਨੇ ਕਵੀਸ਼ਰੀ ਪੇਸ਼ ਕੀਤੀ। ਸਮਾਗਮ ਵਿੱਚ ਉਚੇਚੇ ਤੌਰ 'ਤੇ ਪੁੱਜੇ ਅੰਤਰਰਾਸ਼ਟਰੀ ਕਵੀਸ਼ਰੀ ਜੱਥਾ ਭਾਈ ਗੁਰਮੁਖ ਸਿੰਘ ਐੱਮ. ਏ. ਨੇ ਸਾਥੀ ਦਲਜੀਤ ਸਿੰਘ ਸੇਖਵਾਂ, ਰਣਜੀਤ ਸਿੰਘ ਚੀਮਾ, ਜੁਗਰਾਜ ਸਿੰਘ ਨਾਲ ਮਿਲ ਕੇ ਸ਼ਹੀਦ ਬਾਬਾ ਤਾਰਾ ਸਿੰਘ ਦਾ ਪ੍ਰਸੰਗ ਸੁਣਾਇਆ ਤੇ ਸੰਗਤਾਂ ਨੂੰ ਉਚੇਚੇ ਤੌਰ 'ਤੇ 'ਮੈਂ ਹੈਰਾਨ ਹਾਂ ਗੁਜਰੀ ਦੇ ਸੋਹਲ ਚੰਨਾ, ਨੀਂਦ ਸੂਲਾਂ 'ਤੇ ਕਿਸ ਤਰ੍ਹਾਂ ਆਈ ਤੈਨੂੰ' ਪੇਸ਼ ਕਰਕੇ ਸੰਗਤਾਂ ਵਿਚ ਜੋਸ਼ ਭਰ ਦਿੱਤਾ। ਜਥੇਦਾਰ ਬਾਬਾ ਸਰਵਣ ਸਿੰਘ ਨੇ ਦੱਸਿਆ ਕਿ 14 ਅਪ੍ਰੈਲ ਨੂੰ ਅਖੰਡ ਪਾਠ ਸਾਹਿਬ ਦੀ ਲੜੀ ਦੇ ਭੋਗ ਪਾਉਣ ਉਪਰੰਤ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ। ਸਟੇਜ ਦੀ ਕਾਰਵਾਈ ਡਾਇਰੈਕਟਰ ਗੁਰਮੁਖ ਦੀਪ ਨੇ ਚਲਾਈ।

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂ ਵਾਲੇ, ਜਥੇਦਾਰ ਸਵਰਨਜੀਤ ਸਿੰਘ ਮੁਖੀ ਮਿਸਲ ਸ਼ਹੀਦਾਂ ਤਰਨਾ ਦਲ, ਮੈਨੇਜਰ ਜਸਵੀਰ ਸਿੰਘ ਮੰਗਲੀ, ਬਾਬਾ ਮੋਹਣ ਸਿੰਘ, ਕਥਾਵਾਚਕ ਇਕਨਾਮ ਸਿੰਘ, ਬਾਬਾ ਅਨੋਖ ਸਿੰਘ, ਨੰਬਰਦਾਰ ਗੁਰਨਾਮ ਸਿੰਘ ਨਾਗਰਾ, ਜਸਦੇਵ ਸਿੰਘ ਬਿੱਟੂ, ਸੁਰਜੀਤ ਸਿੰਘ ਮਾਂਗਟ, ਗੁਰਨਾਮ ਸਿੰਘ ਖਾਲਸਾ, ਜਸਵਿੰਦਰ ਸਿੰਘ ਜੋਇਆ, ਬੀਬੀ ਗੁਰਪ੍ਰੀਤ ਕੌਰ ਝੱਜ, ਦਲਜੀਤ ਕੌਰ ਲੋਟੇ, ਰਛਪਾਲ ਕੌਰ ਬਾਲਿਓਂ ਮੌਜੂਦ ਸਨ। ਸਮਾਗਮ ਤੋਂ ਬਾਅਦ ਜਿੱਥੇ ਜੁਝਾਰੂ ਸਿੰਘਾਂ ਨੇ ਗੱਤਕਾਬਾਜ਼ੀ ਦੇ ਜੌਹਰ ਦਿਖਾਏ। ਆਈਆਂ ਸੰਗਤਾਂ ਲਈ ਅਤੁੱਟ ਲੰਗਰ ਵੀ ਵਰਤਾਇਆ ਗਿਆ।

## ਡੀ ਐੱਮ ਕਾਲਜ ਦਾ ਬੀ. ਐੱਡ ਤੀਜੇ ਸਮੈਸਟਰ ਦਾ ਨਤੀਜਾ ਸ਼ਾਨਦਾਰ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸੰਬੰਧਤ ਡੀ. ਐੱਮ. ਕਾਲਜ ਆਫ ਐਜੂਕੇਸ਼ਨ ਕਰਾੜਵਾਲਾ ਦੇ ਬੀ. ਐੱਡ ਤੀਜੇ ਸਮੈਸਟਰ ਦੇ ਨਤੀਜਿਆਂ ਵਿੱਚ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ ਰਿਹਾ।ਪ੍ਰਾਪਤ ਜਾਣਕਾਰੀ ਅਨੁਸਾਰ ਜਗਪਿੰਦਰ ਸਿੰਘ ਮਾਨ ਨੇ 94 ਫੀਸਦੀ ਅੰਕ ਹਾਸਲ ਕਰ ਪਹਿਲਾ, ਹਰਮਨ ਕੌਰ ਤੇ ਤਾਨੀਆ ਨੇ 92 ਫੀਸਦੀ ਨਾਲ ਦੂਜਾ, ਰੁਪਿੰਦਰ ਕੌਰ ਤੇ ਸੰਦੀਪ ਕੌਰ ਨੇ 91 ਫੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਿਲ ਕੀਤਾ ਅਤੇ ਨਾਲ ਹੀ ਸਾਰੇ ਵਿਦਿਆਰਥੀਆਂ ਨੇ 90 ਫੀਸਦੀ ਅੰਕ ਪ੍ਰਾਪਤ ਕੀਤੇ। ਆਖਿਰ ਵਿੱਚ ਕਾਲਜ ਦੇ ਚੇਅਰਮੈਨ ਇੰਜੀ. ਅਵਤਾਰ ਸਿੰਘ ਢਿੱਲੋਂ ਨੇ ਚੰਗੇ ਨਤੀਜਿਆਂ ਪ੍ਰਤੀ ਖੁਸ਼ੀ ਜ਼ਾਹਰ ਕਰਦੇ ਹੋਏ ਪਹਿਲੀ ਪੁਜ਼ੀਸ਼ਨ ਪ੍ਰਾਪਤ ਕਰਨ ਵਾਲੇ ਆਪਣੇ ਭਾਣਜੇ ਜਗਪਿੰਦਰ ਸਿੰਘ ਮਾਨ ਸਮੇਤ ਸਾਰੇ ਵਿਦਿਆਰਥੀਆਂ ਵਿੱਚ ਆਪਣਾਪਨ ਜ਼ਾਹਰ ਕਰਦੇ ਹੋਏ ਉਨ੍ਹਾਂ ਨੂੰ ਭਵਿੱਖ ਵਿੱਚ ਸਮਾਜ ਪ੍ਰਤੀ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਆ।

ਇਸ ਮੌਕੇ ਕਾਲਜ ਦੇ ਪ੍ਰਿੰਸੀਪਲ, ਸਬੰਧਤ ਸਟਾਫ ਤੇ ਵਿਦਿਆਰਥੀਆਂ ਦੇ ਮਾਤਾ-ਪਿਤਾ ਵੀ ਹਾਜ਼ਰ ਸਨ।

**THE KARUR VYSYA BANK LIMITED**
KVB Karur Vysya Bank — Smart way to bank
OMC / RA & PB Division, 3rd Floor, Building No.6
Pusa Road, Opposite to Metro Pillar No.80
Karolbagh, New Delhi-110005.

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**
**ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ [ਰੂਲ 8(1)] ਅਧੀਨ ਜਾਰੀ**

ਜਦੋਂ ਕਿ ਨਿਮਨ ਹਸਤਾਖਰੀ ਨੇ ਦਾ ਕਰੂਰ ਵਿਆਸਿਆ ਬੈਂਕ ਲਿਮਟਿਡ ਦਾ ਅਧਿਕਾਰਤ ਅਫ਼ਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟ੍ਰਕਸ਼ਨ ਆਫ ਫਾਇਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ਼ ਸਕਿਉਰਿਟੀ ਇੰਟਰੈਸਟ (ਦੂਜਾ) ਐਕਟ 2002 (2002 ਦਾ 54 ਐਕਟ) ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ (1) ਸ੍ਰੀ ਮੋਹਿਤ ਵਾਲੀਆ ਪੁੱਤਰ ਕ੍ਰਿਸ਼ਨ ਸਿੰਘ ਵਾਲੀਆ, ਵਾਸੀ ਵਿਲਾ ਨੰ. 31, ਮੈਟਰੋਕਿੰਗਜ਼ ਕੋਰਟ, ਐਸ ਐਸ ਕਲੋਨੀ ਨਾਭਾ, ਜ਼ੀਰਕਪੁਰ-140603, ਜ਼ਿਲ੍ਹਾ ਐਸ ਏ ਐਸ ਨਗਰ (ਮੁਹਾਲੀ), ਪੰਜਾਬ ਰਾਜ, ਨਾਲ ਹੀ ਰਿਹਾਇਸ਼ੀ ਵਿਲਾ ਨੰ. 32, ਮੈਟਰੋ ਸਪੈਨਿਸ਼ ਵਿਲਾ/ਕਿੰਗਜ਼ ਕੋਰਟ ਖੇਵਟ/ਖਤੌਨੀ ਨੰ. 190/235, 190/240, ਖਸਰਾ ਨੰ. 188/2/1 (1-7), 188/2/2(2-8), 181 (3-14), ਟੁਕੜੇ 3, ਐਸ ਐਸ ਕਲੋਨੀ, ਪਿੰਡ ਨਾਭਾ, ਤਹਿਸੀਲ ਡੇਰਾ ਬੱਸੀ, ਜ਼ੀਰਕਪੁਰ-140603, ਜ਼ਿਲ੍ਹਾ ਐਸ ਏ ਐਸ ਨਗਰ, ਮੁਹਾਲੀ, ਪੰਜਾਬ ਰਾਜ (2) ਸ੍ਰੀਮਤੀ ਇੰਦੂ ਵਾਲੀਆ ਪਤਨੀ ਸ੍ਰੀ ਮੋਹਿਤ ਵਾਲੀਆ ਵਾਸੀ ਵਿਲਾ ਨੰ. 31 ਮੈਟਰੋ ਕਿੰਗਜ਼ ਕੋਰਟ, ਐਸ ਐਸ ਕਲੋਨੀ, ਨਾਭਾ, ਜ਼ੀਰਕਪੁਰ-140603, ਜ਼ਿਲ੍ਹਾ ਐਸ ਏ ਐਸ ਨਗਰ (ਮੁਹਾਲੀ) ਪੰਜਾਬ ਰਾਜ, ਨਾਲ ਹੀ ਰਿਹਾਇਸ਼ੀ ਵਿਲਾ ਨੰ. 32, ਮੈਟਰੋ ਸਪੈਨਿਸ਼ ਵਿਲਾ/ਕਿੰਗਜ਼ ਕੋਰਟ, ਖੇਵਟ/ਖਤੌਨੀ ਨੰ. 190/235,190/240, ਖਸਰਾ ਨੰ. 188/2/1 (1-7), 188/2/2 (2-8), 181 (3-14) ਟੁਕੜੇ 3, ਐਸ ਐਸ ਕਲੋਨੀ, ਪਿੰਡ ਨਾਭਾ, ਤਹਿਸੀਲ ਡੇਰਾ ਬੱਸੀ, ਜ਼ੀਰਕਪੁਰ-140603,ਜ਼ਿਲ੍ਹਾ ਐਸ ਏ ਐਸ ਨਗਰ, ਮੁਹਾਲੀ, ਪੰਜਾਬ ਰਾਜ (3) ਮੈਸ. ਲਿਓਮ ਇੰਟਰਨੈਸ਼ਨਲ, ਇਕ ਮਾਲਕਾਨਾ ਕਨਸਰਨ, ਜਿਸ ਦਾ ਬਿਜ਼ਨਸ ਮਕਾਨ ਨੰ. 7-8 ਵਿਖੇ, ਦੂਜੀ ਮੰਜ਼ਲ, ਜ਼ੀਰਕਪੁਰ ਪਿੰਡ, ਅੰਬਾਲਾ-ਚੰਡੀਗੜ੍ਹ ਰੋਡ, ਜ਼ੀਰਕਪੁਰ-140603, ਐਸ ਏ ਐਸ ਨਗਰ, ਪੰਜਾਬ ਰਾਜ, ਇਸ ਦੇ ਮਾਲਕ ਸ੍ਰੀ ਮੋਹਿਤ ਵਾਲੀਆ ਦੀ ਪ੍ਰਤੀਨਿਧਤਾ ਨਾਲ ਹੀ: ਰਿਹਾਇਸ਼ੀ ਵਿਲਾ ਨੰ. 31 ਅਤੇ 32, ਮੈਟਰੋ ਸਪੈਨਿਸ਼ ਵਿਲਾ/ਕਿੰਗਜ਼ ਕੋਰਟ, ਖੇਵਟ/ਖਤੌਨੀ ਨੰ. 190/235, 190/240, ਖਸਰਾ ਨੰ. 188/2/1 (1-7), 188/2/2 (2-8), 181 (3-14), ਟੁਕੜੇ 3, ਐਸ ਐਸ ਕਲੋਨੀ ਪਿੰਡ ਨਾਭਾ, ਤਹਿਸੀਲ ਡੇਰਾ ਬੱਸੀ, ਜ਼ੀਰਕਪੁਰ-140603, ਜ਼ਿਲ੍ਹਾ ਐਸ ਏ ਐਸ ਨਗਰ, ਮੁਹਾਲੀ ਪੰਜਾਬ ਰਾਜ ਨੂੰ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 (ਸੱਠ) ਦਿਨਾਂ ਦੇ ਅੰਦਰ-ਅੰਦਰ 14/11/2025 ਨੋਟਿਸ 'ਚ ਦਰਸਾਈ ਰਕਮ ਰੁਪਏ 3,09,80,616.76 (ਤਿੰਨ ਕਰੋੜ ਨੌਂ ਲੱਖ ਅੱਸੀ ਹਜ਼ਾਰ ਛੇ ਸੌ ਸੋਲਾਂ ਰੁਪਏ ਅਤੇ ਛਿਹੱਤਰ ਪੈਸੇ ਕੇਵਲ) (ਕਰਜ਼ਾ ਖਾਤਾ ਨੰ. 2135754000000341, 2135773000000166, 2135754000000332, 2135773000000172 ਤਹਿਤ) ਵਾਪਸ ਮੋੜਨ ਲਈ ਮਿਤੀ 15/11/2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ/ਗਰੰਟਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਸਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ 09-04-2026 ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰ/ਗਰੰਟਰ ਖਾਸ ਕਰਕੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦਾਂ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ ਮੈਸ. ਦਾ ਕਰੂਰ ਵਿਆਸਿਆ ਬੈਂਕ ਲਿਮਟਿਡ ਨੂੰ ਮਿਤੀ 05-04-2026 ਨੂੰ ਰਕਮ ਰੁਪਏ 3,16,71,699.88 (ਤਿੰਨ ਕਰੋੜ ਸੋਲਾਂ ਲੱਖ ਇਕੱਤਰ ਹਜ਼ਾਰ ਛੇ ਸੌ ਨੜਿਨਵੇ ਰੁਪਏ ਅਠਾਸੀ ਪੈਸੇ ਕੇਵਲ) ਅਤੇ ਮਿਤੀ 06/04/2026 ਤੋਂ ਰਕਮ ਦੀ ਅਦਾਇਗੀ ਮਿਤੀ ਤੋਂ ਵਿਆਜ ਸਹਿਤ ਦੇਣਦਾਰੀ ਦਾ ਵਿਸ਼ਾ ਹੋਵੇਗੀ (ਇਸ ਨਾਲ ਸੰਬੰਧਤ ਕਰਜ਼ਾ ਖਾਤਾ ਨੰ. ਹਨ 2135754000000341, 21357-73000000166, 2135754000000332, 2135773000000172)

ਕਰਜ਼ਦਾਰ ਦਾ ਧਿਆਨ ਸਕਿਉਰਡ ਐੱਸਟੱਸ ਦੇ ਪੁਨਰ ਗ੍ਰਹਿਣ ਲਈ ਉਪਲਬਧ ਸਮੇਂ ਦੇ ਸੰਬੰਧ 'ਚ ਐਕਟ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਸਾਰਣੀ-ਏ
(ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ)

ਜਾਇਦਾਦ ਨੰ. 1:- ਰਿਹਾਇਸ਼ੀ ਵਿਲਾ ਨੰ, 31, ਜ਼ਮੀਨੀ ਖੇਤਰ ਰਕਬਾ 105.77 ਵਰਗ ਗਜ਼ 'ਤੇ "ਮੈਟਰੋ ਸਪੈਨਿਸ਼ ਵਿਲਾ/ਕਿੰਗਜ਼ ਕੋਰਟ" ਵਜੋਂ ਜਾਣੇ ਜਾਂਦੇ ਪ੍ਰੋਜੈਕਟ 'ਚ ਸਥਿਤ ਖੇਵਟ/ਖਤੌਨੀ ਨੰ. 190/235, 190/240, ਖਸਰਾ ਨੰ. 188/2/1(1-7), 188/2/2(2-8), 181(3-14) ਟੁਕੜੇ 3, ਕੁਲ ਜ਼ਮੀਨ ਰਕਬਾ 7 ਬਿਘੇ 9 ਬਿਸਵੇ, 0 ਬਿਘਾ 2 ਬਿਸਵੇ 2-1/4 ਬਿਸਵਾਸੀ ਰਕਬੇ ਦਾ 169/11920 ਹਿੱਸਾ, ਐੱਸ ਐੱਸ ਕਲੋਨੀ, ਪਿੰਡ ਨਾਭਾ, ਤਹਿਸੀਲ ਡੇਰਾ ਬੱਸੀ, ਐੱਮ ਸੀ ਜ਼ੀਰਕਪੁਰ-140603, ਜ਼ਿਲ੍ਹਾ ਐੱਸ ਏ ਐੱਸ ਨਗਰ, ਮੁਹਾਲੀ, ਪੰਜਾਬ ਰਾਜ (ਹੱਦਬਸਤ ਨੰ. 290) ਅਤੇ ਸਾਈਟ ਅਨੁਸਾਰ ਹੱਦਾਂ :- ਉੱਤਰ : ਵਿਲਾ ਨੰ. 32, ਦੱਖਣ: ਵਿਲਾ ਨੰ. 30, ਪੂਰਬ: ਮਾਲਵਾ ਹੋਮਜ਼, ਪੱਛਮ: ਰੋਡ ਨਾਲ ਸੰਬੰਧਤ ਸਭ ਕੁਝ।

ਜਾਇਦਾਦ ਨੰ. 2: ਰਿਹਾਇਸ਼ੀ ਵਿਲਾ ਨੰ. 32 ਜ਼ਮੀਨੀ ਖੇਤਰ ਰਕਬਾ 105.77 ਵਰਗ ਗਜ਼ 'ਤੇ, "ਮੈਟਰੋ ਸਪੈਨਿਸ਼ ਵਿਲਾ/ਕਿੰਗਜ਼ ਕੋਰਟ" ਪ੍ਰੋਜੈਕਟ 'ਚ ਸਥਿਤ, ਖੇਵਟ/ਖਤੌਨੀ ਨੰ. 190/235, 190/240, ਖਸਰਾ ਨੰ. 188/2/1 (1-7), 188/2/2(2-8), 181(3-14) ਟੁਕੜੇ 3, ਕੁਲ ਜ਼ਮੀਨੀ ਖੇਤਰ ਰਕਬਾ 7 ਬਿਘੇ 9 ਬਿਸਵੇ, 0 ਬਿਘੇ 2 ਬਿਸਵੇ 2-1/4 ਬਿਸਵਾਸੀ ਦਾ 169/11920 ਹਿੱਸਾ, ਐੱਸ ਐੱਸ ਕਲੋਨੀ, ਪਿੰਡ ਨਾਭਾ, ਤਹਿਸੀਲ ਡੇਰਾਬੱਸੀ, ਐੱਮ ਸੀ ਜ਼ੀਰਕਪੁਰ-140603, ਜ਼ਿਲ੍ਹਾ ਐੱਸ ਏ ਐੱਸ ਨਗਰ, ਮੁਹਾਲੀ, ਪੰਜਾਬ ਰਾਜ (ਹੱਦਬਸਤ ਨੰ. 290) ਅਤੇ ਹੱਦਾਂ ਸਾਈਟ ਅਨੁਸਾਰ ਉੱਤਰ : ਵਿਲਾ ਨੰ. 33, ਦੱਖਣ: ਵਿਲਾ ਨੰ. 31, ਪੂਰਬ : ਮਾਲਵਾ ਹੋਮਜ਼, ਪੱਛਮ : ਸੜਕ ਨਾਲ ਸੰਬੰਧਤ ਸਭ ਕੁੱਝ।

ਸਥਾਨ: ਨਵੀਂ ਦਿੱਲੀ ਅਧਿਕਾਰਤ ਅਫਸਰ
ਮਿਤੀ : 09.04.2026 ਦਾ ਕਰੂਰ ਵਿਆਸਿਆ ਬੈਂਕ ਲਿਮਟਿਡ

## ਜ਼ਿਲ੍ਹਾ ਪ੍ਰੈੱਸ ਕਲੱਬ ਫਰੀਦਕੋਟ ਦੀ ਨਵੀਂ ਟੀਮ ਦਾ ਗਠਨ

### ਜਸਵੰਤ ਸਿੰਘ ਪੁਰਬਾ ਚੇਅਰਮੈਨ ਤੇ ਤਰਸੇਮ ਚਾਨਣਾ ਜਨਰਲ ਸਕੱਤਰ ਨਿਯੁਕਤ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਜ਼ਿਲ੍ਹਾ ਪ੍ਰੈੱਸ ਕਲੱਬ (ਪ੍ਰਿੰਟ ਮੀਡੀਆ) ਫਰੀਦਕੋਟ ਦੀ ਇੱਕ ਅਹਿਮ ਮੀਟਿੰਗ ਹੋਈ, ਜਿਸ ਵਿੱਚ ਸੰਸਥਾ ਦੀ ਮਜ਼ਬੂਤੀ ਤੇ ਪੱਤਰਕਾਰਾਂ ਦੇ ਹਿੱਤਾਂ ਦੀ ਰਾਖੀ ਲਈ ਨਵੀਂ ਕਾਰਜਕਾਰਨੀ ਦਾ ਐਲਾਨ ਕੀਤਾ ਗਿਆ।ਇਸ ਮੌਕੇ ਕਲੱਬ ਦੇ ਨਵ-ਨਿਯੁਕਤ ਪ੍ਰਧਾਨ ਅਮਿਤ ਕਾਵੀਆ ਨੇ ਆਪਣੇ ਸੰਵਿਧਾਨਕ ਅਧਿਕਾਰਾਂ ਦੀ ਵਰਤੋਂ ਕਰਦਿਆਂ ਨਵੀਂ ਟੀਮ ਦੇ ਮੈਂਬਰਾਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ।ਇਸ ਮੌਕੇ ਕਲੱਬ ਦੀ ਬਿਹਤਰੀ ਲਈ ਸਰਬਸੰਮਤੀ ਨਾਲ ਅਹੁਦੇਦਾਰਾਂ ਦੀ ਚੋਣ ਕੀਤੀ ਗਈ, ਜਿਸ 'ਚ ਚੇਅਰਮੈਨ ਜਸਵੰਤ ਸਿੰਘ ਪੁਰਬਾ, ਵਾਈਸ ਚੇਅਰਮੈਨ ਨਰਿੰਦਰ ਬੈਰੜ, ਸਰਪ੍ਰਸਤ ਸਤੀਸ਼ ਬਾਗੀ, ਸੀਨੀਅਰ ਵਾਈਸ ਪ੍ਰਧਾਨ ਪਰਵਿੰਦਰ ਸਿੰਘ ਅਰੋੜਾ, ਵਾਈਸ ਪ੍ਰਧਾਨ ਜਤਿੰਦਰ ਕੁਮਾਰ ਤੇ ਹਰਪ੍ਰੀਤ ਚਾਨਾ, ਜਨਰਲ ਸਕੱਤਰ ਤਰਸੇਮ ਚਾਨਣਾ, ਸੰਗਠਨ ਸਕੱਤਰ ਪ੍ਰਦੀਪ ਚਾਵਲਾ, ਸਕੱਤਰ ਐਲਿਗਜੈਂਡਰ ਡਿਸੂਜ਼ਾ, ਕੈਸ਼ੀਅਰ ਪਰਦੀਪ ਗਰਗ, ਪੀ.ਆਰ.ਓ. ਅਜੇ ਮਨਚੰਦਾ, ਕਾਨੂੰਨੀ ਸਲਾਹਕਾਰ ਜਗਦੀਸ਼ ਸਹਿਗਲ, ਸਲਾਹਕਾਰ ਹਰਮਿੰਦਰ ਸਿੰਘ ਮਿੰਧਾ ਤੇ ਰਾਮ ਕ੍ਰਿਸ਼ਨ ਅਤੇ ਪ੍ਰੋਜੈਕਟ ਇੰਚਾਰਜ ਰਣਜੀਤ ਸਿੱਧੂ ਚੁਣੇ ਗਏ।ਇਸ ਮੌਕੇ ਸੰਬੋਧਨ ਕਰਦਿਆਂ ਪ੍ਰਧਾਨ ਅਮਿਤ ਕਾਵੀਆ ਨੇ ਕਿਹਾ ਕਿ ਕਲੱਬ ਦਾ ਮੁੱਖ ਉਦੇਸ਼ ਪੱਤਰਕਾਰ ਭਾਈਚਾਰੇ ਨੂੰ ਦਰਪੇਸ਼ ਮੁਸ਼ਕਲਾਂ ਦਾ ਹੱਲ ਕਰਨਾ ਤੇ ਉਨ੍ਹਾਂ ਦੇ ਹੱਕਾਂ ਲਈ ਮਜ਼ਬੂਤੀ ਨਾਲ ਖੜ੍ਹਨਾ ਹੈ।ਉਨ੍ਹਾਂ ਕਿਹਾ ਕਿ ਅਸੀਂ ਜਲਦੀ ਹੀ ਪੱਤਰਕਾਰਾਂ ਦੀ ਭਲਾਈ ਲਈ ਇੱਕ ਵਿਸ਼ੇਸ਼ ਪ੍ਰੋਗਰਾਮ ਜਾਰੀ ਕਰਾਂਗੇ ਤੇ ਆਉਣ ਵਾਲੇ ਸਮੇਂ ਵਿੱਚ ਕਈ ਅਹਿਮ ਪ੍ਰੋਜੈਕਟ ਉਲੀਕੇ ਜਾਣਗੇ।ਨਵੀਂ ਟੀਮ ਦੇ ਸਮੂਹ ਅਹੁਦੇਦਾਰਾਂ ਨੇ ਵਿਸ਼ਵਾਸ ਦਿਵਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਣਗੇ ਤਾਂ ਜੋ ਪੱਤਰਕਾਰਾਂ ਦੀ ਆਵਾਜ਼ ਨੂੰ ਹੋਰ ਬੁਲੰਦ ਕੀਤਾ ਜਾ ਸਕੇ।

## ਵਰਲਡ ਕੈਂਸਰ ਕੇਅਰ ਚੈਰੀਟੇਬਲ ਸੁਸਾਇਟੀ ਵੱਲੋਂ ਚਨਾਰਥਲ ਕਲਾਂ 'ਚ ਕੈਂਪ

■ ਵਿਧਾਇਕ ਰਾਏ ਨੇ ਕੀਤਾ ਕੈਂਪ ਦਾ ਉਦਘਾਟਨ




**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਰਲਡ ਕੈਂਸਰ ਕੇਅਰ ਚੈਰੀਟੇਬਲ ਸੁਸਾਇਟੀ ਪੰਜਾਬ ਵੱਲੋਂ ਪਿੰਡ ਚਨਾਰਥਲ ਕਲਾਂ ਵਿਖੇ ਸਿਹਤ ਕੈਂਸਰ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ 'ਚ ਪਹੁੰਚਣ ਵਾਲੇ ਲੋਕਾਂ ਦੀ ਮੁਫਤ ਵਿੱਚ ਜਾਂਚ ਕੀਤੀ ਗਈ।ਇਸ ਤੋਂ ਇਲਾਵਾ ਮਹਿੰਗੇ ਮਹਿੰਗੇ ਟੈਸਟ ਵੀ ਬਿਲਕੁਲ ਮੁਫਤ ਵਿੱਚ ਕੀਤੇ ਗਏ।ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਲਖਬੀਰ ਸਿੰਘ ਰਾਏ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਕੇ ਕੈਂਪ ਦਾ ਉਦਘਾਟਨ ਕੀਤਾ।ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਸੰਸਥਾ ਦਾ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ।ਅਜਿਹੇ ਕੈਂਪਾਂ ਨਾਲ ਅਸੀਂ ਲੋਕਾਂ ਨੂੰ ਜਾਗਰੂਕ ਕਰ ਸਕਦੇ ਹਾਂ ਤਾਂ ਜੋ ਉਹ ਕੈਂਸਰ ਵਰਗੀ ਭਿਆਨਕ ਬਿਮਾਰੀ ਤੋਂ ਬਚਣ ਲਈ ਸ਼ੁਰੂਆਤੀ ਲੱਛਣਾਂ ਵਿੱਚ ਹੀ ਆਪਣਾ ਇਲਾਜ ਕਰਵਾ ਸਕਣ।ਇਨ੍ਹਾਂ ਕੈਂਪਾਂ ਦੌਰਾਨ ਮੂੰਹ ਦਾ ਕੈਂਸਰ, ਗਲੇ ਦਾ ਕੈਂਸਰ, ਔਰਤਾਂ ਦੀ ਛਾਤੀ ਦਾ ਕੈਂਸਰ, ਗਦੂਦ ਦਾ ਕੈਂਸਰ ਆਦਿ ਦੇ ਟੈਸਟ ਬਿਲਕੁਲ ਮੁਫਤ ਵਿੱਚ ਕੀਤੇ ਜਾਂਦੇ ਹਨ।ਆਉਣ ਵਾਲੇ ਦਿਨਾਂ ਵਿੱਚ ਹਲਕੇ ਦੇ ਹੋਰ ਪਿੰਡਾਂ ਵਿੱਚ ਵੀ ਅਜਿਹੇ ਕੈਂਪ ਲਗਾਏ ਜਾਣਗੇ ਤਾਂ ਜੋ ਆਮ ਲੋਕਾਂ ਨੂੰ ਕੈਂਸਰ ਵਰਗੀ ਬਿਮਾਰੀ ਪ੍ਰਤੀ ਜਾਗਰੂਕ ਕੀਤਾ ਜਾ ਸਕੇ।ਇਸ ਮੌਕੇ ਪਿੰਡ ਦੇ ਸਰਪੰਚ ਰਾਜਦੀਪ ਰਾਜੂ ਨੇ ਦੱਸਿਆ ਕਿ ਕੈਂਪ ਦੌਰਾਨ 310 ਦੇ ਕਰੀਬ ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਤੇ ਉਨ੍ਹਾਂ ਦੇ ਸਾਰੇ ਟੈਸਟ ਮੁਫਤ ਕੀਤੇ ਗਏ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐੱਸ ਐੱਮ ਓ ਡਾ. ਸੁਰਿੰਦਰ ਸਿੰਘ, ਦਿਲਪ੍ਰੀਤ ਸਿੰਘ ਭੱਟੀ, ਗੁਰਪ੍ਰੀਤ ਸਿੰਘ ਭਿੰਡਰ, ਕੁਲਵੰਤ ਸਿੰਘ, ਕੁਲਬੀਰ ਸਿੰਘ, ਭੁਪਿੰਦਰ ਸਿੰਘ, ਸਵਰਨਜੀਤ ਸਿੰਘ ਪ੍ਰਧਾਨ ਕੋਆਪਰੇਟਿਵ ਸੁਸਾਇਟੀ ਚਨਾਰਥਲ ਕਲਾਂ, ਡਾ. ਬਲਜਿੰਦਰ ਸਿੰਘ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਭਜਨ ਸਿੰਘ ਮੈਂਬਰ ਬਲਾਕ ਸੰਮਤੀ, ਅੰਮ੍ਰਿਤ ਪਾਲ ਸਿੰਘ, ਬੌਬੀ ਪੰਚ, ਸਰਪੰਚ ਗੁਰਬਾਜ ਸਿੰਘ ਰਾਜੂ ਸਰਪੰਚ ਚਨਾਰਥਲ ਖੁਰਦ, ਭੁਪਿੰਦਰ ਸਿੰਘ, ਭਜਨ ਸਿੰਘ, ਸਰਬਜੀਤ ਸਿੰਘ ਸਰਬੀ, ਸਰਪੰਚ ਅਰਸ਼ਦੀਪ ਸਿੰਘ, ਸਰਪੰਚ ਹਰਜਿੰਦਰ ਸਿੰਘ ਪੰਡਰਾਲੀ, ਪੰਚ ਨਾਜਰ ਸਿੰਘ ਆਦਿ ਹਾਜ਼ਰ ਸਨ।

**Bank of India BOI** — AJITGARH BRANCH, SCF 54, PHASE 5, DISTT. S.A.S. NAGAR, PUNJAB

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਅਧੀਨ ਡਿਮਾਂਡ ਨੋਟਿਸ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਵਰਨਣ ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਨੇ ਬੈਂਕ ਕੋਲੋਂ ਪ੍ਰਾਪਤ ਕੀਤੀ ਕਰਜ਼ਾ ਸਹੂਲਤ ਦੀ ਵਿਆਜ ਸਹਿਤ ਮੂਲ ਰਕਮ ਅਤੇ ਵਿਆਜ ਦੀ ਅਦਾਇਗੀ ਕਰਨ ਵਿੱਚ ਉਲੰਘਣਾ ਕੀਤੀ ਹੈ ਅਤੇ ਕਰਜ਼ੇ ਨੂੰ ਨਾਨ-ਪ੍ਰਫਾਰਮਿੰਗ ਐੱਸਟਸ (ਐੱਨ ਪੀ ਏ) ਵਜੋਂ ਵਰਗੀਕ੍ਰਿਤ ਕੀਤਾ ਜਾ ਚੁੱਕਾ ਹੈ। ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਅਧੀਨ ਨੋਟਿਸ ਉਨ੍ਹਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤੇ 'ਤੇ ਭੇਜੇ ਸਨ, ਪਰ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ। ਅਜਿਹੇ ਵਿੱਚ ਉਨ੍ਹਾਂ ਨੂੰ ਇਸ ਪਬਲਿਕ ਨੋਟਿਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ।

| ਐੱਨ ਪੀ ਏ ਦਾ ਨਾਂਅ | ਐੱਸਟ ਦਾ ਵੇਰਵਾ | ਐੱਨ ਪੀ ਏ ਦੀ ਮਿਤੀ / ਨੋਟਿਸ ਦੀ ਮਿਤੀ | ਬਕਾਇਆ ਰਕਮ |
| --- | --- | --- | --- |
| ਸ੍ਰੀ ਵਿਰੇਨ ਚੰਦਨ ਪੁੱਤਰ ਧਨੇਂਦਰ ਚੰਦਨ, ਮਕਾਨ ਨੰ. 1692, ਸੈਕਟਰ 22 ਬੀ, ਚੰਡੀਗੜ੍ਹ-160022 (ਕਰਜ਼ਦਾਰ | ਚਾਰ ਪਹੀਆ ਔਡੀ ਏ 4 40 ਟੀ ਐੱਫ ਐੱਸ ਆਈ-ਟੈਕਨਾਲੋਜੀ, ਰਜਿਸਟ੍ਰੇਸ਼ਨ ਨੰ. ਸੀ ਐੱਚ 01 ਸੀ ਐੱਸ 6800, ਚੈਸੀਜ਼ ਨੰ. ਡਬਲਯੂ ਏ ਯੂ ਜ਼ੈੱਡ ਈ ਪੀ ਐੱਫ 49 ਪੀ ਵਾਈ 701138, ਇੰਜਣ ਨੰ. ਡੀ ਐੱਮ ਐੱਸ 165975 ਵਿਰੇਨ ਚੰਦਨ ਪੁੱਤਰ ਧਨੇਂਦਰ ਚੰਦਨ ਦੇ ਨਾਂਅ ਰਜਿਸਟਰਡ ਦੀ ਹਾਈਪੋਥੇਕੇਸ਼ਨ। | 20.03.2026 / 08.04.2026 | ਰੁਪਏ 31,62,806/- (ਨੋਟਿਸ ਦੀ ਮਿਤੀ ਤੱਕ ਇਕਰਾਰ ਮੁਤਾਬਕ ਬਕਾਇਆ) ਸਮੇਤ ਇਸ 'ਤੇ 8.10% ਦੀ ਦਰ 'ਤੇ ਭਵਿੱਖੀ ਵਿਆਜ ਸ਼ਾਮਲ ਮਹੀਨਾਵਾਰ ਬਕਾਇਆ ਅਤੇ ਬੈਂਕ ਦੁਆਰਾ ਸਹਿਣ ਕੀਤੇ ਗਏ ਚਾਰਜਿਜ਼, ਖਰਚੇ ਅਤੇ ਸਾਰੀਆਂ ਲਾਗਤਾਂ। |

ਨੋਟਿਸ ਦੀ ਬਦਲਵੀਂ ਸੇਵਾ ਲਈ ਕਦਮ ਚੁੱਕੇ ਗਏ ਹਨ। ਉਪਰੋਕਤ ਕਰਜ਼ਦਾਰਾਂ ਅਤੇ/ਜਾਂ ਉਨ੍ਹਾਂ ਦੇ ਗਰੰਟਰਾਂ (ਜਿੱਥੇ ਲਾਗੂਯੋਗ ਹੋਵੇ) ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਰਾਸ਼ੀ ਦੀ ਅਦਾਇਗੀ ਕਰ ਦੇਣ ਦਾ ਸੱਦਾ ਦਿੱਤਾ ਜਾਂਦਾ ਹੈ। ਅਸਫਲ ਰਹਿਣ ਦੀ ਸੂਰਤ ਵਿੱਚ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਇਸ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੇ ਕਦਮ ਚੁੱਕੇ ਜਾਣਗੇ।

ਮਿਤੀ : 08.04.2026, ਸਥਾਨ : ਅਜੀਤਗੜ੍ਹ ਅਧਿਕਾਰਤ ਅਫਸਰ, ਬੈਂਕ ਆਫ ਇੰਡੀਆ

## ਸ਼੍ਰੋਮਣੀ ਅਕਾਲੀ ਦਲ ਦੀ ਮੀਟਿੰਗ

**ਨੂਰਮਹਿਲ/ ਬਿਲਗਾ (ਬਾਲ ਕ੍ਰਿਸ਼ਨ ਬਾਲੀ, ਵਿਜੈ ਕੁਮਾਰ)**- ਹਲਕਾ ਨਕੋਦਰ ਦੇ ਕੋਆਰਡੀਨੇਟਰ ਐਡਵੋਕੇਟ ਰਾਜ ਕਮਲ ਸਿੰਘ ਭੁੱਲਰ ਵੱਲੋਂ ਇੱਕ ਬਿਲਗਾ ਵਿਖੇ ਪ੍ਰੈੱਸ ਕਾਨਫਰਸ ਕੀਤੀ ਗਈ ਜਿਸ ਵਿੱਚ ਉਹਨਾਂ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਲਕਾ ਇੰਚਾਰਜਾਂ ਦੀ ਮੀਟਿੰਗ ਸੱਦੀ ਗਈ ਜਿਸ ਵਿੱਚ ਐਡਵੋਕੇਟ ਰਾਜ ਕਮਲ ਸਿੰਘ ਭੁੱਲਰ ਵੱਲੋਂ ਵੀ ਵਿੱਚ ਸ਼ਮੂਲੀਅਤ ਕੀਤੀ ਅਤੇ ਬਾਦਲ ਵੱਲੋਂ ਦਿੱਤੇ ਗਏ ਉਦੇਸ਼ ਕਿ ਜੋ ਗੜੇਮਾਰੀ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਹੋਈ ਹੈ ਪ੍ਰਭਾਵਿਤ ਖੇਤਰਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਪ੍ਰਭਾਵਿਤ ਇਲਾਕੇ ਵਿੱਚ ਰਾਹਤ ਸਮੱਗਰੀ ਦੇਣ ਲਈ ਕਿਹਾ, ਜਿਸ ਦੇ ਤਹਿਤ ਹਰ ਹਲਕਾ ਵੱਲੋਂ 300 ਕੁਇੰਟਲ ਕਣਕ ਤੇ ਵੱਧ ਤੋਂ ਵੱਧ ਤੂੜੀ ਦੀ ਸਹਾਇਤਾ ਪ੍ਰਭਾਵਿਤ ਖੇਤਰਾਂ ਵਿੱਚ ਪਹਿਚਾਣ ਦੀ ਗੱਲ ਆਖੀ । ਉਹਨਾਂ ਨੇ ਪ੍ਰੈੱਸ ਵਾਰਤਾਲਾਪ ਵਿੱਚ ਉਹਨਾਂ ਨੇ ਪੁਨਰ ਸਰਜੀਤ ਵੱਲੋਂ ਨਕੋਦਰ ਵਿਖੇ ਦਫਤਰ ਦੇ ਉਦਘਾਟਨ ਕਾਰਡ ਉੱਪਰ ਗੁਰਪ੍ਰਤਾਪ ਸਿੰਘ ਵਡਾਲਾ ਵੱਲੋਂ ਲਿਖੇ ਗਏ ਸ਼੍ਰੋਮਣੀ ਅਕਾਲੀ ਦਲ ਦਾ ਦਫਤਰ ਉਦਘਾਟਨ ਤੇ ਉਂਗਲੀ ਚੁੱਕਦਿਆਂ ਉਨਾਂ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਕੇਵਲ ਇੱਕੋ ਹੀ ਪਾਰਟੀ ਹੈ ਜਿਸ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਹਨ । ਇਸ ਮੌਕੇ ਤੇ ਉਹਨਾਂ ਦੇ ਨਾਲ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੀਤ ਪ੍ਰਧਾਨ ਜਥੇਦਾਰ ਬਲਦੇਵ ਸਿੰਘ ਕਲਿਆਣ ਡੂੰਗਰ ਸਿੰਘ ਭੁੱਲਰ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਬਿਲਗਾ ਪਰਵਿੰਦਰ ਸਿੰਘ ਸ਼ਾਮਪੁਰ ਬਿਲਗਾ ਸ਼ਹਿਰੀ ਦੇ ਸਰਕਲ ਪ੍ਰਧਾਨ ਪਿਆਰਾ ਸਿੰਘ ਕੈਥ ਜਥੇਦਾਰ ਮੇਜਰ ਸਿੰਘ ਔਜਲਾ ਸਰਕਲ ਪ੍ਰਧਾਨ ਐਸਸੀ ਵਿੰਗ ਹਰਬੰਸ ਸਿੰਘ ਦਰਦੀ ਪਿਆਰਾ ਸਿੰਘ ਸੰਘੇੜਾ ਸ਼੍ਰੋਮਣੀ ਅਕਾਲੀ ਦਲ ਐਸਸੀ ਵਿੰਗ ਦੇ ਪੰਜਾਬ ਦੇ ਮੀਤ ਪ੍ਰਧਾਨ ਸਰਪੰਚ ਪ੍ਰੀਤਮ ਸਿੰਘ ਬੁਰਜ ਹਸਨ ਐਸੀ ਵਿੰਗ ਦੇ ਪੰਜਾਬ ਦੇ ਪ੍ਰਚਾਰਕ ਸਕੱਤਰ ਜਥੇਦਾਰ ਗੁਰਨਾਮ ਸਿੰਘ ਬਿਲਗਾ ਜਥੇਦਾਰ ਅਵਤਾਰ ਸਿੰਘ ਔਜਲਾ ਜਥੇਦਾਰ ਜਗਤਾਰ ਸਿੰਘ ਮੱਟੂ ਜੀ ਅਤੇ ਹੋਰ ਵੀ ਅਨੇਕਾਂ ਸ਼੍ਰੋਮਣੀ ਅਕਾਲੀ ਦਲ ਦੀਆਂ ਪ੍ਰਮੁੱਖ ਸ਼ਖ਼ਸ਼ੀਅਤਾਂ ਹਾਜ਼ਰ ਸਨ।



## ਸੈਂਕੜੇ ਸਨਾਤਨੀਆਂ ਨੂੰ ਸ਼ਿਵ ਸੈਨਾ ਪੰਜਾਬ ਨਾਲ ਜੋੜਿਆ ਜਾਵੇਗਾ : ਮਿੱਕੀ ਪੰਡਿਤ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਨਸ਼ਿਆਂ ਜਿਹੀਆਂ ਅਲਾਮਤਾਂ ਵਿੱਚ ਗਰਦ ਹੁੰਦੀ ਜਾ ਰਹੀ ਨੌਜਵਾਨ ਪੀੜੀ ਨੂੰ ਨਸ਼ਿਆਂ ਤੋਂ ਦੂਰ ਕਰਨ ਅਤੇ ਆਪਣੀ ਪੰਜਾਬੀ ਸੱਭਿਅਤਾ ਨਾਲ ਜੋੜਨ ਲਈ ਸ਼ਿਵ ਸੈਨਾ ਪੰਜਾਬ ਦੇ ਉਤਰੀ ਭਾਰਤ ਪ੍ਰਧਾਨ ਮਿੱਕੀ ਪੰਡਿਤ ਦੀ ਅਗਵਾਈ ਵਿੱਚ ਪੰਜਾਬ ਭਰ ਵਿੱਚ ਇੱਕ ਮੁਹਿਮ ਚਲਾਈ ਗਈ ਹੈ। ਇਸ ਮੁਹਿੰਮ ਨੂੰ ਹੋਰ ਤੇਜ਼ ਕਰਨ ਤੇ ਇਸ ਦਾ ਵਿਸਥਾਰ ਕਰਨ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਮਿੱਕੀ ਪੰਡਿਤ ਦੀ ਅਗਵਾਈ ਵਿੱਚ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ। ਮੀਟਿੰਗ 'ਚ ਸ਼ਾਮਿਲ ਸ਼ਿਵ ਸੈਨਾ ਦੇ ਦੋਆਬਾ ਪ੍ਰਧਾਨ ਸ਼ਿਵਮ ਵੈਦ, ਜ਼ਿਲਾ ਚੇਅਰਮੈਨ ਵਿਕਾਸ ਜਸਰਾ, ਬੇਟ ਏਰੀਆ ਪ੍ਰਧਾਨ ਤੇ ਜਲੰਧਰ ਯੁਵਾ ਇਨਚਾਰਜ ਗਗਨ ਪਰੋਜ, ਹਿੰਦੂ ਨੇਤਾ ਗਿੰਦਾ ਪਰੋਜ, ਸਨਾਤਨ ਧਰਮ ਸਭਾ ਕਲੋਈਆਂ ਦੇ ਪ੍ਰਧਾਨ ਆਕਾਸ਼ ਰਾਣਾ, ਹਿੰਦੂ ਨੇਤਾ ਹਰਜੀਤ ਸਿੰਘ ਬਘੇਲ, ਯੁਵਾ ਨੇਤਾ ਸੁਧਾਂਸ਼ੂ ਮਲਹੋਤਰਾ, ਯੁਵਾ ਨੇਤਾ ਜਿੰਦਰ ਬਨਿਆਲ ਅਤੇ ਗੌਰਵ ਤੋਂ ਇਲਾਵਾ ਹੋਰ ਸ਼ਿਵ ਸੈਨਾ ਵਰਕਰਾਂ ਨੇ ਇਸ ਮੁਹਿਮ ਨੂੰ ਤੇਜ਼ ਕਰਨ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ।ਹਾਜ਼ਰ ਇਕੱਠ ਨੂੰ ਸੰਬੋਧਨ ਕਰਦੇ ਹੋਏ ਮਿੱਕੀ ਪੰਡਿਤ ਨੇ ਕਿਹਾ ਕਿ ਇਸੇ ਮੁਹਿਮ ਤਹਿਤ ਨਜ਼ਦੀਕ ਚਗੀਠੀ ਚੌਂਕ ਲੱਡੇਵਾਲੀ ਰੋਡ ਜਲੰਧਰ ਵਿਖੇ 12 ਅਪ੍ਰੈਲ ਦਿਨ ਐਤਵਾਰ ਨੂੰ ਇੱਕ ਵਿਸ਼ਾਲ ਸਮਾਰੋਹ ਦਾ ਆਯੋਜਨ ਕੀਤਾ ਜਾ ਰਿਹਾ ਹੈ ਜਿਸ ਵਿੱਚ ਲਾਡੀ ਹੀਰ ਦੀ ਅਗਵਾਈ ਵਿੱਚ ਸੈਂਕੜੇ ਸਨਾਤਨੀ ਹਿੰਦੂ ਸ਼ਿਵ ਸੈਨਾ ਪੰਜਾਬ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਇਸ ਸਮਾਰੋਹ ਵਿੱਚ ਸ਼ਿਵ ਸੈਨਾ ਪੰਜਾਬ ਦੇ ਰਾਸ਼ਟਰੀ ਪ੍ਰਧਾਨ ਸੰਜੀਵ ਘਨੌਲੀ, ਹਿੰਦੂ ਜਾਗੋ ਕੋਰ ਕਮੇਟੀ ਅਤੇ ਸ਼ਿਵ ਸੈਨਾ ਰਾਸ਼ਟਰੀ ਚੇਅਰਮੈਨ ਰਜੀਵ ਟੰਡਨ ਤੋਂ ਇਲਾਵਾ ਪੰਜਾਬ ਭਰ ਦੇ ਹਿੰਦੂ ਸੰਗਠਨਾਂ ਦੇ ਉੱਘੇ ਨੇਤਾ ਸ਼ਾਮਿਲ ਹੋ ਰਹੇ ਹਨ। ਮਿੱਕੀ ਪੰਡਿਤ ਨੇ ਕਿਹਾ ਕਿ ਸ਼ਿਵ ਸੈਨਾ ਪੰਜਾਬ ਦਾ ਅਸਲ ਮਕਸਦ ਹਿੰਦੂਆਂ ਨੂੰ ਇੱਕ ਸਟੇਜ ਤੇ ਇਕੱਠਾ ਕਰਕੇ ਉਨ੍ਹਾਂ ਨੂੰ ਜਾਗ੍ਰਿਤ ਕਰਨਾ ਹੈ।



## ਮਾਤਾ ਊਧਮ ਕੌਰ ਨਮਿਤ ਅੰਤਿਮ ਅਰਦਾਸ 'ਚ ਸੰਤ ਮਹਾਂਪੁਰਸ਼, ਸਮਾਜਿਕ, ਰਾਜਨੀਤਕ ਸ਼ਖਸੀਅਤਾਂ ਹੋਈਆਂ ਸ਼ਾਮਿਲ

**ਹੁਸ਼ਿਆਰਪੁਰ (ਓ ਪੀ ਰਾਣਾ)**- ਆਦਿ ਧਰਮ ਸੰਤ ਸਮਾਜ ਦੇ ਰਾਸ਼ਟਰੀ ਪ੍ਰਧਾਨ ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ. ਮੀਤ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ ਦੇ ਸਤਿਕਾਰਯੋਗ ਮਾਤਾ ਊਧਮ ਕੌਰ ਦੀ ਅੰਤਿਮ ਅਰਦਾਸ ਮੌਕੇ ਪਿੰਡ ਤੇਹਿੰਗ (ਫਿਲੌਰ ) ਵਿਖੇ ਵਿਸ਼ਾਲ ਸ਼ਰਧਾਂਜਲੀ ਸਮਾਗਮ ਹੋਇਆ।ਸ੍ਰੀ ਸਹਿਜ ਪਾਠ ਦੇ ਭੋਗ ਤੋਂ ਉਪਰੰਤ ਕੀਰਤਨ ਦੇ ਦੀਵਾਨ ਸਜਾਏ ਗਏ ਜਿਸ ਵਿੱਚ ਸੰਤਾਂ, ਮਹਾਂਪੁਰਸ਼ਾਂ, ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਅਤੇ ਪੰਜਾਬ ਦੀਆਂ ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਸਖਸ਼ੀਅਤਾਂ ਵਲੋਂ ਮਾਤਾ ਊਧਮ ਕੌਰ ਨੂੰ ਸ਼ਰਧਾਂਜਲੀਆਂ ਭੇਟ ਕੀਤੀਆਂ। ਸ਼ਰਧਾਂਜਲੀ ਸਮਾਗਮ ਵਿੱਚ ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ, ਸੰਤ ਇੰਦਰ ਦਾਸ ਸੇਖੈ ਜਨਰਲ ਸਕੱਤਰ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਸਤਵਿੰਦਰ ਹੀਰਾ ਰਾਸ਼ਟਰੀ ਪ੍ਰਧਾਨ ਆਲ ਇੰਡੀਆ ਆਦਿ ਧਰਮ ਮਿਸ਼ਨ, ਸੰਤ ਰਾਮ ਸੇਵਕ ਹਰੀਪੁਰ ਖਾਲਸਾ, ਸੰਤ ਬਲਵੀਰ ਦਾਸ ਸਾਹਰੀ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਧਰਮਪਾਲ ਸ਼ੇਰਗੜ, ਸੰਤ ਮਨਜੀਤ ਦਾਸ ਵਿਛੋਹੀ, ਸੰਤ ਮੇਜਰ ਦਾਸ ਹਲੂਵਾਲ, ਸੰਤ ਸਰਬਜੀਤ ਸਿੰਘ ਲੜੋਆ, ਸੰਤ ਅਸ਼ੋਕ ਕੁਮਾਰ ਜਲੰਧਰ, ਸੰਤ ਜਸਵਿੰਦਰ ਸਿੰਘ ਖੇਰੜ, ਸੰਤ ਬੀਬੀ ਰੇਸ਼ਮ ਕੌਰ ਕਮਾਲਪੁਰ, ਸੰਤ ਬੀਬੀ ਪੂਨਮ ਹੀਰਾ ਆਦਿ ਸੰਤਾਂ ਮਹਾਂਪੁਰਸ਼ਾਂ ਤੇ ਮਿਸ਼ਨਰੀ ਗਾਇਕ ਵਿੱਕੀ ਬਹਾਦਰ ਕੇ ਨੇ ਕੀਰਤਨ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਾਮਬਾਣੀ ਨਾਲ ਨਿਹਾਲ ਕੀਤਾ ਤੇ ਵਿਛੜੀ ਆਤਮਾ ਨੂੰ ਸ਼ਰਧਾ ਸੁਮਨ ਭੇਟ ਕੀਤੇ। ਸੰਤ ਸਰਵਣ ਦਾਸ ਵਲੋਂ ਧਾਰਮਿਕ, ਸਮਾਜਿਕ ਤੇ ਰਾਜਨੀਤਕ ਸਖਸ਼ੀਅਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਵ. ਮਾਤਾ ਊਧਮ ਕੌਰ ਦੇ ਸਪੁੱਤਰ ਕੁਲਦੀਪ ਕੁਮਾਰ ਮੱਲ, ਦਲਜੀਤ ਕੁਮਾਰ ਮੱਲ ਇੰਗਲੈਂਡ, ਪਰਮਿੰਦਰ ਮੱਲ, ਬਬਲੂ ਮੱਲ, ਮਾਹੀ ਮੱਲ, ਸੰਦੀਪ ਸਿੰਘ ਖਾਲਸਾ, ਲਖਵਿੰਦਰ ਮੱਲ ਇੰਗਲੈਂਡ, ਹਰਦੀਪ ਸਿੰਘ ਹੈਪੀ, ਸੰਤ ਗੁਲਸ਼ਨ ਸਿੰਘ, ਵਿਧਾਇਕ ਮਦਨ ਲਾਲ ਬੱਗਾ ਦੇ ਸਪੁੱਤਰ ਅਮਨ ਬੱਗਾ ਕੌਂਸਲਰ, ਲੰਬੜਦਾਰ ਬੀਰ ਚੰਦ ਸੁਰੀਲਾ, ਪ੍ਰਵੀਨ ਬੰਗਾ ਬਸਪਾ ਆਗੂ, ਅਵਤਾਰ ਸਿੰਘ ਦਰੀਆਪੁਰ, ਗਿਆਨੀ ਪਰਮਜੀਤ ਸਿੰਘ, ਗਿਆਨੀ ਦਲਜੀਤ ਸਿੰਘ, ਸਰਬਜੀਤ ਸਿੰਘ, ਕਿਰਤੀ ਸਿੰਘ, ਪਰਮਿੰਦਰ ਕੁਮਾਰ, ਗਿਆਨੀ ਮੱਖਣ ਸਿੰਘ ਛੋਕਰ, ਕਾਹਨ ਸਿੰਘ ਲੁਧਿਆਣਾ, ਨਰਿੰਦਰਪਾਲ ਖੇਤਾਨ, ਕਮਲ ਜਨਾਗਲ ਤੇ ਭਾਰੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।



## .ਗ਼ਜ਼ਲ 'ਇਸ਼ਕ ਦਾ ਰੁੱਖ' ਨੂੰ ਭਰਵਾਂ ਹੁੰਗਾਰਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬੀ ਸੰਗੀਤ ਜਗਤ ਵਿੱਚ ਚਰਚਿਤ ਗ਼ਜ਼ਲ ਗਾਇਕ ਸੁਨੀਲ ਡੋਗਰਾ ਦੀ ਗਾਈ ਗ਼ਜ਼ਲ ਇਸ਼ਕ ਦਾ ਰੁੱਖ ਰਿਲੀਜ਼ ਹੋਈ ਹੈ, ਜਿਸ ਨੂੰ ਸਰੋਤਿਆਂ ਵੱਲੋਂ ਭਰਵਾਂ ਹੁੰਗਾਰਾ ਮਿਲ਼ ਰਿਹਾ ਹੈ। ਉੱਘੇ ਸ਼ਾਇਰ ਵਿੰਦਰ ਮਾਝੀ ਦੀ ਲਿਖੀ ਇਹ ਗ਼ਜ਼ਲ ਉਨ੍ਹਾਂ ਦੇ ਆਫੀਸ਼ੀਅਲ ਚੈਨਲ ਰਾਹੀਂ ਸੁਣਨ ਵਾਲਿਆਂ ਦੀ ਗਿਣਤੀ ਮਿਲਿਅਨ ਤੋਂ ਉੱਤੇ ਦੱਸੀ ਜਾ ਰਹੀ ਹੈ। ਲੇਖਕ ਦੇ ਲਿਖੇ ਸ਼ਬਦ ਦਰਦ, ਮੁਹੱਬਤ ਤੇ ਤੜਪ ਦੇ ਸੁਮੇਲ ਨੂੰ ਵਿਅਕਤ ਕਰਦੇ ਹਨ, ਜੋ ਕਿਸੇ ਵੀ ਗ਼ਜ਼ਲ ਦੀ ਅਸਲ ਰੂਹ ਹੁੰਦੇ ਹਨ। ਗ਼ਜ਼ਲਗੋ ਵਿੰਦਰ ਮਾਂਝੀ ਨੇ ਦੱਸਿਆ ਕਿ ਇਸ ਗ਼ਜ਼ਲ ਨੂੰ ਸੰਗੀਤਕ ਧੁਨਾਂ ਵਿੱਚ ਹਰਜੇਸ਼ ਬਿੱਟੂ ਨੇ ਪਰੋਇਆ ਹੈ। ਵੀਡੀਓ ਵਿੱਚ ਮੁੱਖ ਭੂਮਿਕਾ ਪਰਵੀਨ ਬਾਣੀ, ਸਨੇਹਾ ਜੈਸਵਾਲ ਤੇ ਮਲਕੀਤ ਸੈਣੀ ਨੇ ਨਿਭਾਈ ਹੈ ਤੇ ਇਸ ਨੂੰ ਦੀਪ ਫ੍ਰੇਮਜ਼ (ਡੀ ਓ ਪੀ) ਨੇ ਫਿਲਮਾਇਆ ਹੈ। ਉਨ੍ਹਾਂ ਦੱਸਿਆ ਕਿ ਗ਼ਜ਼ਲਗੋ ਸਿਰੀ ਰਾਮ ਅਰਸ਼, ਰਣਜੀਤ ਸਿੰਘ ਧੂਰੀ, ਮੈਡਮ ਜਤਿੰਦਰ ਕੌਰ ਚੰਦੀ, ਕੀਰਤ ਪੰਨੂ ਤੇ ਮਨਪ੍ਰੀਤ ਕੌਰ ਦੇ ਅਸ਼ੀਰਵਾਦ ਸਦਕਾ ਹੀ ਇਹ ਕਾਰਜ ਸੰਪੂਰਨ ਹੋਇਆ ਹੈ। ਉਨ੍ਹਾਂ ਲਖਵਿੰਦਰ ਸਿੰਘ ਦਾ ਵਿਸ਼ੇਸ਼ ਧੰਨਵਾਦ ਕਰਦਿਆਂ ਕਿਹਾ ਕਿ ਸਰੋਤਿਆਂ ਵੱਲੋਂ ਉਨ੍ਹਾਂ ਦੀਆਂ ਪਹਿਲੀਆਂ ਗ਼ਜ਼ਲਾਂ ਵਾਂਗ ਇਸ ਗ਼ਜ਼ਲ ਨੂੰ ਵੀ ਪੂਰਾ ਸਹਿਯੋਗ ਤੇ ਪਿਆਰ ਮਿਲ ਰਿਹਾ ਹੈ।

## ਸਰਕਾਰੀ ਐਲੀਮੈਂਟਰੀ ਸਕੂਲ ਰੇੜੂ ਪੱਤੀ ਸਨਮਾਨਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੀਤੇ ਦਿਨ ਸਰਕਾਰੀ ਐਲੀਮੈਂਟਰੀ ਸਕੂਲ ਰੇੜੂਪੱਤੀ ਨੂੰ ਉੱਤਮ ਅਧਿਆਪਨ ਵਿਧੀ ਲਈ ਸਿੱਖਿਆ ਸਕੱਤਰ ਸੋਨਾਲੀ ਗਿਰੀ ਅਤੇ ਡਾਇਰੈਕਟਰ ਐਸ ਸੀ ਈ ਆਰ ਟੀ ਕਿਰਨ ਸ਼ਰਮਾ ਵੱਲੋਂ



ਸਕੂਲ ਮੁਖੀ ਜਸਵੀਰ ਸਿੰਘ ਤਲਵਾੜਾ ਨੂੰ ਚੰਡੀਗੜ ਦੇ ਸੈਕਟਰ 35 ਦੇ ਮਿਉਂਸੀਪਲ ਭਵਨ ਵਿਖੇ ਆਯੋਜਿਤ ਵਿਸ਼ੇਸ਼ ਸਮਾਗਮ ਵਿੱਚ ਸਨਮਾਨਤ ਕੀਤਾ ਗਿਆ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਸਿੱਖਿਆ ਮੰਤਰੀ ਹਰਜੋਤ ਬੈਂਸ ਤੇ ਵਿਸ਼ੇਸ਼ ਮਹਿਮਾਨ ਮਨੀਸ਼ ਸਿਸੋਦਿਆ ਸਨ।ਜ਼ਿਕਰਯੋਗ ਹੈ ਕਿ ਸੈਸ਼ਨ 2025 -26 ਦੌਰਾਨ ਪੰਜਾਬ ਸਕੂਲ ਸਿੱਖਿਆ ਵਿਭਾਗ ਵੱਲੋਂ ਆਪਣੇ ਪੱਧਰ ਤੋਂ ਪਿੱਛੜ ਚੁੱਕੇ ਬੱਚਿਆਂ ਲਈ ਜਮਾਤ ਤੀਜੀ ਤੋਂ ਪੰਜਵੀਂ ਤੱਕ ਦੇ ਵਿਦਿਆਰਥੀਆਂ ਲਈ ਮਿਸ਼ਨ ਸਮਰੱਥ 3.0 ਪੂਰੇ ਪੰਜਾਬ ਵਿੱਚ ਚਲਾਇਆ ਗਿਆ ਸੀ।ਜਿਸਦੇ ਤਹਿਤ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਦਾ ਮੁਲਾਂਕਣ ਕੀਤਾ ਗਿਆ ਜਿਸ ਵਿੱਚ ਸਰਕਾਰੀ ਐਲੀਮੈਂਟਰੀ ਸਕੂਲ ਰੇੜੂਪੱਤੀ ਦੇ ਬੱਚਿਆਂ ਦੇ ਨਤੀਜੇ ਸ਼ਾਨਦਾਰ ਰਹੇ। ਇਸ ਸ਼ਾਨਦਾਰ ਨਤੀਜਿਆਂ ਪਿੱਛੇ ਅਧਿਆਪਕਾਂ ਦੇ ਅਧਿਆਪਨ ਦੀ ਪਰਖ ਕਰਨ ਲਈ ਸਿੱਖਿਆ ਵਿਭਾਗ ਵੱਲੋਂ ਚੰਡੀਗੜ ਤੋਂ ਵਿਸ਼ੇਸ਼ ਟੀਮ ਭੇਜੀ ਗਈ ਜਿਸ ਦੀ ਲੜੀ ਤਹਿਤ ਪੂਰੇ ਪੰਜਾਬ ਦੇ ਸਕੂਲਾਂ ਵਿੱਚੋਂ ਕੇਵਲ 38 ਸਕੂਲ ਚੁਣੇ ਗਏ।ਇਨ੍ਹਾਂ 38 ਸਕੂਲਾਂ ਵਲੋਂ ਅਪਣਾਈਆਂ ਜਾ ਰਹੀਆਂ ਅਧਿਆਪਨ ਵਿਧੀਆਂ ਨੂੰ ਇੱਕ ਕਿਤਾਬਚੇ ਦਾ ਰੂਪ ਦਿੱਤਾ ਗਿਆ ਤਾਂ ਕਿ ਇਹਨਾਂ ਵਿਧੀਆਂ ਦਾ ਲਾਭ ਪੂਰੇ ਪੰਜਾਬ ਦੇ ਅਧਿਆਪਕ ਅਤੇ ਬੱਚੇ ਉਠਾ ਸਕਣ। ਬਲਾਕ ਕਮਾਹੀ ਦੇਵੀ ਦੇ ਬੀ ਐਨ ਓ ਅਮਿਤ ਰਾਣਾ ਨੇ ਕਿਹਾ ਕਿ ਰੇੜੂਪੱਤੀ ਦੀ ਇਸ ਸ਼ਾਨਮੱਤੀ ਪ੍ਰਾਪਤੀ ਤੇ ਪੂਰੇ ਬਲਾਕ ਨੂੰ ਮਾਣ ਹੈ ।ਸਕੂਲ ਮੁਖੀ ਜਸਵੀਰ ਸਿੰਘ ਨੇ ਕਿਹਾ ਕਿ ਸਕੂਲ ਦੀ ਇਸ ਪ੍ਰਾਪਤੀ ਪਿੱਛੇ ਸਕੂਲ ਦੇ ਅਧਿਆਪਕ ਚਮਨ ਲਾਲ, ਸਰੋਜ ਕੁਮਾਰੀ, ਭੁਬਨੇਸ਼ਵਰੀ ਦੇਵੀ, ਮਹਿਕ ਅਤੇ ਰੁਪਾਲੀ ਦੀ ਸਖ਼ਤ ਮਿਹਨਤ ਹੈ।ਐਸ ਐਮ ਸੀ ਕਮੇਟੀ ਚੇਅਰਮੈਨ ਅੰਜਨਾ ਦੇਵੀ ਤੇ ਸਰਪੰਚ ਨਰਿੰਦਰ ਕੁਮਾਰ ਤੇ ਪੰਚ ਰੀਟਾ ਰਾਣੀ ਨੇ ਸਕੂਲ ਮੁਖੀ ਤੇ ਸਟਾਫ ਨੂੰ ਨਿਵੇਕਲੀ ਪ੍ਰਾਪਤੀ ਲਈ ਵਧਾਈ ਦਿੱਤੀ ।

## 'ਅਕਾਲੀ ਦਲ ਵਾਰਿਸ ਪੰਜਾਬ ਦੇ' ਦੀ ਇਕੱਤਰਤਾ



**ਅੱਡਾ ਸਰਾਂ (ਜਸਵੀਰ ਕਾਜਲ)**- ਅਕਾਲੀ ਦਲ ਵਾਰਿਸ ਪੰਜਾਬ ਦੀ ਵਿਸ਼ੇਸ਼ ਇਕੱਤਰਤਾ ਅੱਡਾ ਸਰਾਂ ਪਿੰਡ ਕੰਧਾਲਾ ਜੱਟਾਂ ਵਿਖੇ ਹੋਈ। ਪਾਰਟੀ ਦੇ ਸਰਪ੍ਰਸਤ ਪ੍ਰਧਾਨ ਮੈਂਬਰ ਪਾਰਲੀਮੈਂਟ ਅੰਮ੍ਰਿਤਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਅਵਤਾਰ ਸਿੰਘ ਸ਼ੇਖੋਂ ਤੇ ਸੂਬਾ ਆਗੂ ਪਰਮਜੀਤ ਸਿੰਘ ਜੌਹਲ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਦੌਰਾਨ ਵੱਖ ਵੱਖ ਪਿੰਡਾਂ ਤੋਂ ਇਕੱਤਰ ਹੋਏ ਵਰਕਰਾਂ ਨੂੰ ਪਾਰਟੀ ਦੀ ਮਜਬੂਤੀ ਲਈ ਲਾਮਬੰਦ ਕੀਤਾ ਗਿਆ। ਇਸ ਮੀਟਿੰਗ ਦੌਰਾਨ ਸੰਬੋਧਨ ਕਰਦੇ ਹੋਏ ਜਿਲਾ ਪ੍ਰਧਾਨ ਅਵਤਾਰ ਸਿੰਘ ਸੇਖੋਂ ਅਤੇ ਸੂਬਾਈ ਆਗੂ ਪਰਮਜੀਤ ਸਿੰਘ ਜੌਹਲ ਨੇ ਕਿਹਾ ਕਿ ਪਾਰਟੀ ਦੇ ਏਜੰਡੇ ਮੁਤਾਬਕ ਨੌਜਵਾਨਾਂ ਨੂੰ ਨਸ਼ਿਆਂ ਪਤਿਤ ਪੁਣੇ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਲਿਜਾ ਕੇ ਪਾਰਟੀ ਦੀ ਵਿਚਾਰਧਾਰਾ ਨਾਲ ਜੋੜਿਆ ਜਾਵੇਗਾ ਤਾਂ ਜੋ ਲਗਾਤਾਰ ਨਸ਼ਿਆਂ ਦੇ ਦਲਦਲ ਵਿੱਚ ਹੋ ਕੇ ਖਤਮ ਹੋ ਰਹੀ ਪੰਜਾਬ ਦੀ ਨੌਜਵਾਨੀ ਨੂੰ ਬਚਾਇਆ ਜਾ ਸਕੇ ਅਤੇ ਨੌਜਵਾਨਾਂ ਦੇ ਹੱਕ ਵਿੱਚ ਆਵਾਜ਼ ਬੁਲੰਦ ਕੀਤੀ ਜਾਵੇ । ਉਕਤ ਆਗੂਆਂ ਨੇ ਹੋਰ ਕਿਹਾ ਹੈ ਕਿ ਬੀਤੇ ਸਮੇਂ ਵਿੱਚ ਪਾਰਟੀ ਵੱਲੋਂ ਵੱਡੀ ਪੱਧਰ ਤੇ ਜਿੱਥੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਚੋਂ ਕੱਢਿਆ ਗਿਆ ਹੈ ਤੇ ਇਹ ਮਿਸ਼ਨ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਹੀ ਜਾਰੀ ਰਹੇ। ਇਸ ਮੌਕੇ ਉਨਾਂ ਹੋਰ ਕਹਿ ਕੇ ਸੂਬਾ ਪੰਜਾਬ ਵਿੱਚ ਲੰਬਾ ਸਮਾਂ ਰਾਜ ਕਰ ਚੁੱਕੀਆਂ ਵੱਖ ਵੱਖ ਪਾਰਟੀਆਂ ਨੇ ਹੁਣ ਤੱਕ ਪੰਜਾਬ ਨੂੰ ਕੁਛ ਨਹੀਂ ਦਿੱਤਾ ਜਿਸ ਕਾਰਨ ਲੋਕਾਂ ਦਾ ਇਹਨਾਂ ਪਾਰਟੀਆਂ ਤੋਂ ਮੋਹ ਭੰਗ ਹੋ ਚੁੱਕਾ ਹੈ। ਹਾਜ਼ਰ ਪਾਰਟੀ ਵਰਕਰਾਂ ਨੂੰ ਖਾਲਸਾ ਪੰਥ ਦੇ ਸਾਜਨਾ ਦਿਵਸ ਮੌਕੇ 14 ਅਪ੍ਰੈਲ ਨੂੰ ਤਲਵੰਡੀ ਸਾਬੋ ਹੋਣ ਵਾਲੇ ਪੰਥਕ ਇਕੱਠ ਲਈ ਲਾਮਬੰਦ ਕੀਤਾ ਗਿਆ ਉੱਥੇ ਹੀ ਪਾਰਟੀ ਵਿੱਚ ਸ਼ਾਮਿਲ ਹੋਏ ਜਸਵਿੰਦਰ ਸਿੰਘ ਚੌਹਾਨ , ਹਰਮਨ ਸਿੰਘ ਥਿਆੜਾ, ਸੁਰਤੀ ਰਾਮ, ਮਨਪ੍ਰੀਤ ਰਾਮਪੁਰ ਦਾ ਸਵਾਗਤ ਕੀਤਾ ਗਿਆ ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਦੀਪ ਸੱਧਰ, ਵਿਸ਼ਾਲ ਪੰਡਿਤ, ਲਾਡੀ ਮੁਕੇਰੀਆਂ, ਕੁਲਦੀਪ ਦਸੂਹਾ, ਅਮਰੀਕ ਜਲੋਟਾ, ਸੁਖਜੀਤ ਆਦਿ ਵੀ ਹਾਜ਼ਰ ਸਨ।

## ਖ਼ੂਨਦਾਨ ਤੇ ਫ੍ਰੀ ਮੈਡੀਸਨ ਕੈਂਪ 16 ਨੂੰ

**ਬਲਾਚੌਰ/ਪੋਜੇਵਾਲ(ਜਸਵਿੰਦਰ ਬੈਂਸ, ਰਾਮ ਲਾਲ)**- ਡਾ. ਬੀ ਆਰ ਅੰਬੇਡਕਰ ਵੈਲਫੇਅਰ ਕਮੇਟੀ ਬਲਾਚੌਰ ਵੱਲੋਂ ਡਾ. ਭੀਮ ਰਾਓ ਅੰਬੇਡਕਰ ਦੇ 135ਵੇਂ ਜਨਮ ਉਤਸਵ ਨੂੰ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਕਮੇਟੀ ਵੱਲੋਂ ਸੂਰੀ ਹਸਪਤਾਲ ਦੇ ਵਿਸ਼ੇਸ਼ ਸਹਿਯੋਗ ਨਾਲ ਪਹਿਲਾ ਖ਼ੂਨਦਾਨ ਕੈਂਪ ਅਤੇ ਫ੍ਰੀ ਮੈਡੀਸਨ ਕੈਂਪ 16 ਅਪ੍ਰੈਲ ਨੂੰ ਸਵੇਰੇ 10:00 ਵਜੇ ਤੋਂ ਦੁਪਹਿਰ 02:00 ਵਜੇ ਤੱਕ ਸਥਾਨ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਵੈਲਫੇਅਰ ਕਮੇਟੀ ਸਾਹਮਣੇ ਬਾਬਾ ਬਲਰਾਜ ਕਾਲਜ, ਭੱਦੀ ਰੋਡ, ਬਲਾਚੌਰ ਵਿੱਚ ਲਗਾਇਆ ਜਾ ਰਿਹਾ ਹੈ। ਇਸ ਸਮਾਗਮ ਵਿੱਚ ਅਜੈ ਕੁਮਾਰ ਮੰਗੂਪੁਰ ਅਤੇ ਪੀ. ਪੀ. ਅਰੋੜਾ ਵਿਸ਼ੇਸ਼ ਤੌਰ 'ਤੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਤੇ ਖ਼ੂਨਦਾਨੀਆਂ ਦੀ ਹੌਸਲਾ ਅਫਜ਼ਾਈ ਕਰਨਗੇ।ਕਮੇਟੀ ਦੇ ਮੈਂਬਰਾਂ ਨੇ ਦੱਸਿਆ ਕਿ ਇਹ ਕੈਂਪ ਮਾਨਵਤਾ ਦੀ ਸੇਵਾ ਨੂੰ ਸਮਰਪਿਤ ਹੈ। ਸੂਰੀ ਹਸਪਤਾਲ ਦੀ ਟੀਮ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਜਾਵੇਗੀ ਅਤੇ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਵੀ ਦਿੱਤੀਆਂ ਜਾਣਗੀਆਂ।ਇਸ ਮੌਕੇ ਤੇ ਰਾਣੀ ਵਿਜੇ ਪ੍ਰਧਾਨ, ਦਿਨੇਸ਼ ਕੁਮਾਰ ਕੈਸ਼ੀਅਰ, ਹਰਪ੍ਰੀਤ ਹੈਰੀ ਵਾਇਸ ਪ੍ਰਧਾਨ, ਸੋਮ ਨਾਥ ਤੱਕਲਾ ਜਨਰਲ ਸਕੱਤਰ ਨੇ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਖ਼ੂਨਦਾਨ ਕਰਨ।

## ਪੰਜਾਬ ਸੀਵਰੇਜ ਬੋਰਡ ਦੇ ਕਰਮਚਾਰੀਆਂ ਵੱਲੋਂ ਰੋਸ ਪ੍ਰਦਰਸ਼ਨ

**ਫਿਲੌਰ (ਹਰਜਿੰਦਰ ਕੌਰ ਚਾਹਲ)**- ਪੰਜਾਬ ਵ/ਸ ਅਤੇ ਸੀਵਰੇਜ ਬੋਰਡ ਉਪ ਮੰਡਲ, ਫਿਲੌਰ ਦੇ ਕਰਮਚਾਰੀ ਵੱਲੋਂ ਆਪਣੀਆਂ ਹੱਕੀ ਮੰਗਾਂ ਸਬੰਧੀ ਰੋਸ ਧਰਨਾ ਦਿੱਤਾ। ਇਸ ਮੌਕੇ ਆਗੂਆਂ ਸੰਬੋਧਨ ਕਰਦਿਆਂ ਕਿਹਾ ਕਿ ਸਾਡੀਆਂ ਹੱਕੀ ਮੰਗਾਂ ਜਿਨ੍ਹਾਂ ਚ ਪਿਛਲੇ 10 ਤੋਂ 15 ਸਾਲਾਂ ਤੋਂ ਕੰਮ ਕਰ ਰਹੇ ਹਾਂ ਅਤੇ ਸਾਡੇ ਤੋਂ ਸਾਡੀ ਪੋਸਟ ਤੋਂ ਜਿਆਦਾ ਕੰਮ ਲਿਆ ਜਾਂਦਾ ਹੈ। ਸਾਨੂੰ ਠੇਕੇਦਾਰ ਜਲੰਧਰ ਵਲੋਂ ਸਮੇਂ ਸਿਰ ਤਨਖਾਹ ਨਹੀਂ ਦਿੱਤੀ ਜਾਂਦੀ ਹੈ ਤੇ ਨਾ ਹੀ ਖਾਤੇ ਵਿੱਚ ਪਾਈ ਜਾਂਦੀ ਹੈ ਤੇ ਨਾ ਹੀ ਸਾਡਾ ਈ ਪੀ ਐੱਫ ਫੰਡ ਹਰ ਮਹੀਨੇ ਖਾਤੇ ਵਿੱਚ ਜਮ੍ਹਾ ਕੀਤਾ ਜਾਂਦਾ ਹੈ।ਇਸ ਤੋਂ ਇਲਾਵਾ ਪਿਛਲਾ ਬਕਾਇਆ ਜੋ ਈ ਦੁਆਰਾ ਨਹੀ ਦਿੱਤਾ ਜਾ ਰਿਹਾ ਅਤੇ ਨਾ ਹੀ ਉਨਾਂ ਵਲੋਂ ਸਮੇਂ ਸਿਰ ਬਿੱਲ ਬਣਾਇਆ ਜਾਂਦਾ ਹੈ।ਸਾਡੇ ਤੋਂ ਸਮੇਂ ਤੋਂ ਵੱਧ ਕੰਮ ਲੈਣ ਤੋਂ ਬਾਅਦ ਵੀ ਸਾਡੀ ਛੁੱਟੀ ਦੇ ਪੈਸੇ ਕੱਟੇ ਜਾਂਦੇ ਹਨ।ਉਹਨਾਂ ਮੰਗ ਕੀਤੀ ਕਿ ਸਮੇਂ ਸਿਰ ਤਨਖਾਹ ਸਾਡੇ ਬੈਂਕ ਦੇ ਖਾਤੇ ਵਿੱਚ ਪਾਈ ਜਾਵੇ ਤੇ ਸਾਨੂੰ ਡੀ ਸੀ ਰੇਟ ਤੇ ਕੀਤਾ ਜਾਵੇ। ਉਨ੍ਹਾਂ ਮੰਗ ਕੀਤੀ ਕਿ ਸਾਡੀਆਂ ਹੱਕੀ ਮੰਗਾਂ ਜਲਦ ਪੂਰੀਆਂ ਕੀਤੀਆਂ ਜਾਣ।ਇਸ ਮੌਕੇ ਹਾਜ਼ਰ ਅਜੈ, ਅਮਿਤ, ਹਰਮੇਸ਼, ਵਿਸ਼ਾਲ, ਸੁਨੀਲ, ਅਸ਼ੋਕ, ਪਵਨ, ਮੋਹਨ ਲਾਲ ਤੇ ਹੋਰ ਹਾਜ਼ਰ ਸਨ।



## ਖੇਤੀ ਮਸ਼ੀਨਾਂ 'ਤੇ ਸਬਸਿਡੀ ਪ੍ਰਾਪਤ ਕਰਨ ਲਈ ਕਿਸਾਨ ਦੇਣ ਬਿਨੈ ਪੱਤਰ : ਮੁੱਖ ਖੇਤੀਬਾੜੀ ਅਫਸਰ



**ਮੁਹਾਲੀ (ਗੁਰਜੀਤ ਬਿੱਲਾ)**- ਮੁੱਖ ਖੇਤੀਬਾੜੀ ਅਫ਼ਸਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਡਾ. ਸੁਖਜਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਪਿਛਲੇ ਸਾਲ ਜ਼ਿਲ੍ਹਾ ਐੱਸ ਏ ਐਸ ਨਗਰ ਵੱਲੋਂ ਫਸਲਾਂ ਦੀ ਰਹਿੰਦ-ਖੂੰਹਦ ਸਾੜਨ ਦੀਆਂ ਘਟਨਾਵਾਂ ਵਿੱਚ ਸਾਲ 2023 ਤੋਂ ਨਿਰੰਤਰ ਕਮੀ ਦਰਜ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਇਹ ਜ਼ਿਲ੍ਹੇ ਅੰਦਰ ਕਿਸਾਨਾਂ ਵੱਲੋਂ ਦਿੱਤੇ ਸਹਿਯੋਗ, ਸਬਸਿਡੀ 'ਤੇ ਮੁਹੱਈਆ ਕਰਵਾਈਆ ਤਕਰੀਬਨ 1600 ਤੋਂ ਵੱਧ ਖੇਤੀ ਮਸ਼ੀਨਾਂ ਕਾਰਨ ਤੇ ਖੇਤੀਬਾੜੀ ਵਿਭਾਗ ਵੱਲੋਂ ਵੱਡੇ ਪੱਧਰ ਤੇ ਚਲਾਏ ਜਾਗਰੂਕਤਾ ਅਭਿਆਨ ਕਾਰਨ ਹੀ ਸੰਭਵ ਹੋ ਸਕਿਆ ਹੈ।ਇਸੇ ਲੜੀ ਵਿੱਚ ਪੰਜਾਬ ਸਰਕਾਰ ਵੱਲੋਂ ਫਸਲਾਂ ਦੀ ਰਹਿੰਦ-ਖੂੰਹਦ ਜਿਵੇਂ ਝੋਨੇ ਦੀ ਪਰਾਲੀ ਆਦਿ ਦੀ ਸੰਭਾਲ ਕਰਨ ਵਿੱਚ ਸਹਾਈ ਖੇਤੀਬਾੜੀ ਮਸ਼ੀਨਾਂ ਉੱਤੇ ਇਸ ਸਾਲ ਵੀ ਸਬਸਿਡੀ ਮੁਹੱਈਆ ਕਰਵਾਈ ਜਾ ਰਹੀ ਹੈ। ਖੇਤੀ ਮਸ਼ੀਨਰੀ 'ਤੇ ਸਬਸਿਡੀ ਲਈ ਜ਼ਿਲ੍ਹੇ ਦੇ ਕਿਸਾਨਾਂ ਪਾਸੋਂ ਬਿਨੈ-ਪੱਤਰਾਂ ਦੀ ਮੰਗ ਕੀਤੀ ਗਈ ਹੈ।

## ਭਾਰਤੀਯ ਯੋਗ ਸੰਸਥਾਨ ਦਾ ਸਥਾਪਨਾ ਦਿਵਸ ਮਨਾਇਆ

**ਰੂਪਨਗਰ (ਰਜਿੰਦਰ ਸੈਣੀ)**- ਭਾਰਤੀਯ ਯੋਗ ਸੰਸਥਾਨ (ਰਜਿ.) ਦੀ ਜ਼ਿਲ੍ਹਾ ਇਕਾਈ ਰੂਪਨਗਰ ਦੀ ਗਿਆਨੀ ਜੈਲ ਸਿੰਘ ਨਗਰ ਦੇ ਮੁੱਖ ਪਾਰਕ ਵਿੱਚ ਚਲ ਰਹੀ ਕਲਾਸ ਵੱਲੋਂ ਸੰਸਥਾਨ ਦਾ 60ਵਾਂ ਸਥਾਪਨਾ ਦਿਵਸ ਮਨਾਇਆ ਗਿਆ।ਸੰਸਥਾਨ ਦੀ ਜ਼ਿਲ੍ਹਾ ਇਕਾਈ ਦੇ ਸਕੱਤਰ ਰਾਜਿੰਦਰ ਸੈਣੀ ਨੇ ਸਾਧਕਾ ਨੂੰ ਸਥਾਪਨਾ ਦਿਵਸ ਦੀ ਵਧਾਈ ਦਿੰਦੇ ਹੋਏ ਦੱਸਿਆ ਕਿ ਭਾਰਤ ਦੀ ਪੁਰਾਤਨ ਸਭਿਆਤਾ ਯੋਗ ਦੀ ਮਹਤੱਤਾ ਦੇ ਪਰਸਾਰ ਤੇ ਪ੍ਰਚਾਰ ਲਈ ਸਵਰਗੀ ਪ੍ਰਕਾਸ਼ ਲਾਲ ਵਲੋਂ 10 ਅਪ੍ਰੈਲ, 1967 ਨੂੰ ਰੋਹਣੀ ਦਿੱਲੀ ਵਿੱਚ ਯੋਗ ਕੇਂਦਰ ਅਰੰਭ ਕੀਤਾ ਗਿਆ ਸੀ ਤੇ ਅੱਜ ਦੇਸ਼ ਵਿਦੇਸ਼ ਵਿੱਚ 4000 ਤੋਂ ਵੱਧ ਕੇਂਦਰਾਂ ਰਾਹੀ ਹਜ਼ਾਰਾਂ ਦੀ ਗਿਣਤੀ ਵਿੱਚ ਲੋਕੀ ਇਕ ਸਿਹਤਮੰਦ ਜੀਵਨ ਬਤੀਤ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਯੋਗ ਸਿਹਤਮੰਦ ਜੀਵਨ ਦਾ ਅਜਿਹਾ ਮਾਰਗ ਹੈ। ਅਸੀ ਯੋਗ ਰਾਹੀ ਆਪਣੀ ਸਰੀਰਕ ਸ਼ਕਤੀ ਨੂੰ ਜਾਗਰੂਕ ਕਰਕੇ ਅਨੇਕਾ ਰੋਗਾ ਦਾ ਬਿਨ੍ਹਾ ਦਵਾਈਆ ਇਲਾਜ਼ ਕਰ ਸਕਦੇ ਹਨ। ਸਮੂਹ ਮੈਂਬਰਾ ਨੇ ਸਵਰਗੀ ਪ੍ਰਕਾਸ਼ ਲਾਲ ਵਲੋਂ ਅਰੰਭ ਕੀਤੇ ਇਸ ਯੋਗ ਦੇ ਮਹਾਨ ਵਿਰਸੇ ਦੀ ਦੇਣ ਦਾ ਧੰਨਵਾਦ ਕੀਤਾ ਗਿਆ ਅਤੇ ਲੋਕਾ ਨੂੰ ਆਪਣੇ ਜੀਵਨ ਜਿਉਣ ਦੀ ਕਲਾ ਨੂੰ ਬੇਹਤਰ ਬਣਾਉਣ ਲਈ ਯੋਗ ਅਪਣਾਉਣ ਦੀ ਅਪੀਲ ਕੀਤੀ। ਸ੍ਰੀ ਸੈਣੀ ਨੇ ਦੱਸਿਆ ਕਿ ਜ਼ਿਲ੍ਹਾ ਇਕਾਈ ਰੂਪਨਗਰ ਵਲੋਂ ਜ਼ਿਲ੍ਹਾ ਪ੍ਰਧਾਨ ਕੁਸਮ ਸ਼ਰਮਾ ਦੀ ਅਗਵਾਈ ਵਿੱਚ ਸ਼ਹਿਰ ਅੰਦਰ ਵੱਖ ਵੱਖ ਥਾਵਾ ਤੇ ਹਰ ਰੋਜ਼ ਸਵੇਰੇ ਸ਼ਾਮ ਮੁਫਤ ਯੋਗ ਦੀਆ ਚਲਾਈਆ ਜਾ ਰਹੀਆ ਹਨ। ਇਸ ਮੌਕੇ 'ਤੇ ਵਿਸ਼ੇਸ਼ ਤੌਰ ਤੇ ਕੇ. ਐਲ. ਕਪੂਰ, ਜਗਦੇਵ ਸਿੰਘ, ਡੀ. ਕੇ. ਸ਼ਰਮਾ, ਗੁਰਮੱਖ ਸਿੰਘ, ਰਾਜਿੰਦਰ ਕੌਰ ਬਿੰਦਰਾ, ਤਰਵਿੰਦਰ ਕੌਰ ਬਿੰਦਰਾ, ਸੁੱਖਪ੍ਰੀਤ ਕੌਰ ਆਦਿ ਹਾਜ਼ਰ ਸਨ।



## ਕਹਾਣੀਕਾਰ ਜਰਨੈਲ ਸਿੰਘ ਕਨੇਡਾ ਦੀ ਕਹਾਣੀ ਸਿਰਜਣ ਪ੍ਰਕਿਰਿਆ 'ਤੇ ਸਮਾਗਮ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਪੰਜਾਬੀ ਸਾਹਿਤ ਸਭਾ ਹੁਸ਼ਿਆਰਪੁਰ ਨੇ ਜ਼ਿਲ੍ਹਾ ਭਾਸ਼ਾ ਦਫਤਰ ਹੁਸ਼ਿਆਰਪੁਰ ਦੇ ਸਹਿਯੋਗ ਨਾਲ ਡਿਜੀਟਲ ਲਾਇਬ੍ਰੇਰੀ ਹੁਸ਼ਿਆਰਪੁਰ ਵਿਖੇ ਜਰਨੈਲ ਸਿੰਘ ਕਨੇਡਾ ਦੀ ਕਹਾਣੀ ਸਿਰਜਣ ਪ੍ਰਕਿਰਿਆ 'ਤੇ ਸ਼ਾਇਰ ਸੁਰਿੰਦਰ ਕੰਗਵੀ ਦੀ ਪ੍ਰਧਾਨਗੀ ਹੇਠ ਸਮਾਗਮ ਕਰਵਾਇਆ ਗਿਆ। ਆਏ ਹੋਏ ਸਾਹਿਤਕਾਰਾਂ ਤੇ ਸਾਹਿਤ ਪ੍ਰੇਮੀਆਂ ਲਈ ਜੀ ਆਇਆਂ ਸ਼ਬਦ ਆਖਦਿਆਂ ਡਾ. ਜਸਵੰਤ ਰਾਏ ਖੋਜ ਅਫ਼ਸਰ ਨੇ ਡਾ. ਰਣਜੀਤ ਸਿੰਘ ਬਾਜਵਾ ਲੋਕਧਾਰਾ ਵਿਗਿਆਨੀ, ਤ੍ਰਿਪਤਾ ਕੇ ਸਿੰਘ ਦੇ ਜੇਠ ਗੁਰਚਰਨ ਸਿੰਘ ਤੇ ਵੱਡੇ ਜੇਠ ਦੇ ਸਪੁਤਰ ਸੁਖਵਿੰਦਰ ਸਿੰਘ ਦੇ ਸਦੀਵੀ ਵਿਛੋੜੇ 'ਤੇ ਸ਼ੋਕ ਮਤਾ ਪੜ੍ਹਿਆ ਅਤੇ ਮੈਂਬਰਾਂ ਨੇ ਵਿਛੜੀਆਂ ਰੂਹਾਂ ਦੇ ਪਰਵਾਰਕ ਮੈਂਬਰਾਂ ਨਾਲ ਸੰਵੇਦਨਾ ਪ੍ਰਗਟ ਕੀਤੀ। ਉਪਰੰਤ ਕਹਾਣੀਕਾਰ ਜਰਨੈਲ ਸਿੰਘ ਦੇ ਜੀਵਨ ਤੇ ਲਿਖਤਾਂ ਨਾਲ ਤੁਆਰਫ਼ ਕਰਾਉਂਦਿਆਂ ਕਿਹਾ ਕਿ ਆਮ ਪਰਿਵਾਰ 'ਚੋਂ ਉੱਠੇ ਜਰਨੈਲ ਸਿੰਘ ਨੂੰ ਪੜ੍ਹਨ ਤੇ ਕਿਤਾਬਾਂ ਨਾਲ ਮੁਹੱਬਤ ਕਰਨ ਦੀ ਖਿਚ ਲੇਖਕ ਬਣਨ ਵਿੱਚ ਸਹਾਈ ਹੋਈ। ਛੇ ਮੌਲਿਕ ਤੇ ਇੱਕ ਸੰਪਾਦਿਤ ਕਹਾਣੀ ਸੰਗ੍ਰਹਿਆਂ ਤੋਂ ਇਲਾਵਾ ਇਨ੍ਹਾਂ ਦੀ ਕਲਮ ਸਵੈਜੀਵਨੀ ਵੀ ਲਿਖ ਚੁੱਕੀ ਹੈ। ਭਾਸ਼ਾ ਵਿਭਾਗ ਦੇ ਸ਼ਰੋਮਣੀ ਪਰਵਾਸੀ ਸਾਹਿਤਕਾਰ ਪੁਰਸਕਾਰ 2011, ਕਾਲੇ ਵਰਕੇ ਕਹਾਣੀ ਸੰਗ੍ਰਹਿ ਬਦਲੇ 25000 ਡਾਲਰ ਦਾ ਢਾਹਾਂ ਐਵਾਰਡ ਤੋਂ



ਇਲਾਵਾ ਹੋਰ ਵੀ ਅਨੇਕਾਂ ਸਨਮਾਨ ਉਨ੍ਹਾਂ ਦੀ ਝੋਲੀ ਪਏ ਹਨ। ਜਰਨੈਲ ਸਿੰਘ ਨੇ ਕਿਹਾ ਕਿ ਮੇਰੇ ਪਹਿਲੇ ਤਿੰਨ ਕਹਾਣੀ ਸੰਗ੍ਰਹਿਆਂ ਵਿੱਚ ਕਿਸਾਨੀ ਤੇ ਫੌਜੀ ਜੀਵਨ ਦੇ ਨਜਾ ਨਾਲ ਰਿਸ਼ਤਿਆਂ ਦੀ ਟੁੱਟ ਭੱਜ ਤੇ ਬਾਅਦ ਦੀਆਂ ਕਹਾਣੀਆਂ ਵਿੱਚ ਕਨੇਡਾ ਵਸਦੇ ਪੰਜਾਬੀਆਂ ਦੀਆਂ ਤਕਲੀਫ਼ਾਂ, ਪੀੜ੍ਹੀ ਪਾੜੇ, ਸਭਿਆਚਾਰਕ ਤਣਾਓ, ਟਕਰਾਓ ਦਾ ਗਲਪੀਕਰਨ ਮਿਲਦਾ ਹੈ। ਉਪਰੰਤ ਡਾ. ਕਰਮਜੀਤ ਸਿੰਘ, ਡਾ. ਸ਼ਮਸ਼ੇਰ ਮੋਹੀ, ਡਾ. ਹਰਪ੍ਰੀਤ ਸਿੰਘ, ਡਾ. ਦਰਸ਼ਨ ਸਿੰਘ, ਕੁਲਤਾਰ ਸਿੰਘ ਕੁਲਤਾਰ, ਸਤੀਸ਼ ਕੁਮਾਰ, ਡਾ. ਕੁਲਦੀਪ ਸਿੰਘ ਵੱਲੋਂ ਪੁੱਛੇ ਗਏ ਸਵਾਲਾਂ ਦੇ ਬੜੇ ਪ੍ਰਭਾਸ਼ਾਲੀ ਤੇ ਸੰਜੀਦਗੀ ਨਾਲ ਜਵਾਬ ਦਿੱਤੇ। ਇਸ ਤੋਂ ਬਾਅਦ ਕਰਵਾਏ ਗਏ ਕਵੀ ਦਰਬਾਰ ਵਿੱਚ ਹਾਜ਼ਰ ਕਵੀਆਂ ਮਦਨ ਵੀਰਾ, ਤੀਰਥ ਚੰਦ ਸਰੋਆ, ਜਸਵੰਤ ਸਿੰਘ, ਹਰਦਿਆਲ ਹੁਸ਼ਿਆਰਪੁਰੀ, ਰਜਿੰਦਰ ਸਚਦੇਵਾ, ਅਸ਼ੋਕ ਪੁਰੀ, ਰਾਜ ਕੁਮਾਰ ਘਾਸੀਪੁਰੀਆ, ਰਬਿੰਦਰ ਸ਼ਰਮਾ, ਰਵੀ ਸਿੰਘ, ਲਖਵਿੰਦਰ ਰਾਮ, ਸ਼ਸ਼ੀ ਕੁਮਾਰ, ਜਗਮੋਹਨ ਸਿੰਘ, ਕਰਮਜੀਤ ਸਿੰਘ, ਹਰਜੀਤ ਸਿੰਘ ਨੇ ਆਪਣੀਆਂ ਸੱਜਰੀਆਂ ਰਚਨਾਵਾਂ ਨਾਲ ਹਾਜ਼ਰੀ ਲੁਆ ਕੇ ਸਮਾਗਮ ਨੂੰ ਚਰਮ ਸੀਮਾ 'ਤੇ ਪਹੁੰਚਾ ਦਿੱਤਾ।ਧੰਨਵਾਦੀ ਸ਼ਬਦ ਪ੍ਰਧਾਨ ਸੁਰਿੰਦਰ ਕੰਗਵੀ ਨੇ ਆਪਣੀਆਂ ਸਾਹਿਤਕ ਟਿੱਪਣੀਆਂ ਰਾਹੀਂ ਭਾਵਪੂਰਤ ਢੰਗ ਨਾਲ ਆਖੇ। ਸਟੇਜ ਦੀ ਕਾਰਵਾਈ ਡਾ. ਜਸਵੰਤ ਰਾਏ ਨੇ ਬਾਖੂਬੀ ਨਿਭਾਈ।

## ਜ਼ਿਲਾ ਸਿੱਖਿਆ ਅਫਸਰ ਐਲੀਮੈਂਟਰੀ ਵੱਲੋਂ ਸਕੂਲ ਅਚਨਚੇਤ ਨਿਰੀਖਣ

**ਅੱਡਾ ਸਰਾਂ (ਜਸਵੀਰ ਕਾਜਲ)**- ਜਿਲਾ ਸਿੱਖਿਆ ਅਫਸਰ ਐਲੀਮੈਂਟਰੀ ਹਰਜਿੰਦਰ ਕੌਰ ਵੱਲੋਂ ਸਰਕਾਰੀ ਐਲੀਮੈਂਟਰੀ ਸਕੂਲ ਨੰਗਲ ਫਰੀਦ ਦਾ ਅੱਜ ਅਚਨਚੇਤ ਹੀ ਨਿਰੀਖਣ ਕੀਤਾ ਗਿਆ। ਸੈਂਟਰ ਹੈਡ ਟੀਚਰ ਗੁਰਜੀਤ ਸਿੰਘ, ਸਕੂਲ ਮੁਖੀ ਗੁਰਦੀਪ ਸਿੰਘ, ਸਰਪੰਚ ਜਤਿੰਦਰ ਪਾਲ ਸਿੰਘ, ਸਾਬਕਾ ਸਰਪੰਚ ਰਵਿੰਦਰ ਸਿੰਘ, ਪ੍ਰਵਾਸੀ ਭਾਰਤੀ ਅਮਰੀਕ ਸਿੰਘ ਟਿਵਾਣਾ ਦੀ ਹਾਜ਼ਰੀ ਵਿੱਚ ਅਚਨਚੇਤ ਹੀ ਕੀਤੇ ਗਏ ਨਿਰੀਖਣ ਦੌਰਾਨ ਜਿਲਾ ਸਿੱਖਿਆ ਅਫਸਰ ਹਰਜਿੰਦਰ ਕੌਰ ਨੇ ਸਕੂਲ ਵਿੱਚ ਮਿਡ ਡੇ ਮੀਲ, ਮਿਸ਼ਨ ਸਮਰੱਥ ਤਹਿਤ ਬੱਚਿਆਂ ਦੇ ਪੱਧਰ ਦੀ ਜਾਂਚ ਕਰਨ ਦੇ ਨਾਲ-ਨਾਲ ਬੱਚਿਆਂ ਦੇ ਮਾਪਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲੇ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸੀ ਐੱਚ ਟੀ ਘੋੜਾਵਾਹਾ ਗੁਰਜੀਤ ਸਿੰਘ ਤੇ ਸਕੂਲ ਮੁਖੀ ਗੁਰਦੀਪ ਸਿੰਘ ਨੇ ਸਕੂਲ ਦੀਆਂ ਵੱਖ ਵੱਖ ਸਮੱਸਿਆਵਾਂ ਅਤੇ ਲੋੜਾਂ ਤੋਂ ਜਾਣੂ ਕਰਵਾਇਆ। ਇਸ ਮੌਕੇ ਮਲਕੀਤ ਸਿੰਘ, ਪਰਮਜੀਤ ਸਿੰਘ ਵੀ ਹਾਜ਼ਰ ਸਨ।



## ਮਹਿੰਦਰਪਾਲ ਸਿੰਘ ਟੂਰਨਾ ਦੂਸਰੀ ਵਾਰ ਪ੍ਰਧਾਨ ਨਿਯੁਕਤ

**ਮਹਿਤਪੁਰ (ਰਾਜਾ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਬਲਾਕ ਪ੍ਰਧਾਨਾਂ ਦੀ ਸੂਚੀ ਜਾਰੀ ਕੀਤੀ ਗਈ, ਜਿਸ ਵਿੱਚ ਪੰਜਾਬ ਦੇ ਵੱਖ ਵੱਖ ਬਲਾਕਾਂ ਤੋਂ ਨਵੇਂ ਬਲਾਕ ਪ੍ਰਧਾਨਾਂ ਦੀ ਚੋਣ ਕੀਤੀ ਗਈ । ਜਿਸ ਵਿੱਚ ਮਹਿਤਪੁਰ ਦੇ ਸੀਨੀਅਰ ਕਾਂਗਰਸੀ ਆਗੂ ਕੌਂਸਲਰ ਮਹਿੰਦਰਪਾਲ ਸਿੰਘ ਟੂਰਨਾ ਜਿਹਨਾਂ ਨੂੰ ਦੂਸਰੀ ਵਾਰ ਬਲਾਕ ਮਹਿਤਪੁਰ ਦਾ ਪ੍ਰਧਾਨ ਲਗਾਇਆ ਗਿਆ। ਜਿਸ ਨਾਲ ਮਹਿਤਪੁਰ ਦੇ ਕਾਂਗਰਸੀ ਵਰਕਰਾਂ ਅਤੇ ਕਾਂਗਰਸ ਪਾਰਟੀ ਨਾਲ ਸੰਬੰਧਿਤ ਲੋਕਾਂ ਵਿੱਚ ਖੁਸ਼ੀ ਦੀ ਲਹਿਰ ਛਾ ਗਈ। ਮਹਿੰਦਰਪਾਲ ਸਿੰਘ ਟੂਰਨਾ ਨੂੰ ਇਲਾਕੇ ਦੇ ਵੱਖ ਵੱਖ ਲੋਕਾਂ ਵੱਲੋਂ ਉਹਨਾਂ ਦੇ ਦਫ਼ਤਰ ਵਿਖੇ ਪਹੁੰਚ ਕੇ ਵਧਾਈ ਦਿੱਤੀ ਗਈ ਅਤੇ ਸਨਮਾਨਤ ਕੀਤਾ ਗਿਆ। ਇਸ ਸਬੰਧੀ ਗੱਲਬਾਤ ਕਰਦਿਆਂ ਮਹਿੰਦਰਪਾਲ ਸਿੰਘ ਟੂਰਨਾ ਨੇ ਕਿਹਾ ਕਿ ਕਾਂਗਰਸ ਪਾਰਟੀ ਦੀ ਹਾਈ ਕਮਾਂਡ ਵੱਲੋਂ ਜੋ ਵੀ ਜਿੰਮੇਵਾਰੀ ਦਿੱਤੀ ਗਈ ਹੈ ਉਸ ਨੂੰ ਤਨਦੇਹੀ ਨਾਲ ਨਿਭਾਇਆ ਜਾਵੇਗਾ ਅਤੇ ਹਲਕਾ ਸ਼ਾਹਕੋਟ ਦੇ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨਾਲ ਵਿਚਾਰ ਵਟਾਂਦਰਾ ਕਰਕੇ ਬਲਾਕ ਮਹਿਤਪੁਰ ਦੇ ਵਿਕਾਸ ਲਈ ਦਿਨ ਦੁੱਗਣੀ ਰਾਤ ਚੁੱਗਣੀ ਤਰੱਕੀ ਲਈ ਕੰਮ ਕੀਤਾ ਜਾਵੇਗਾ। ਅੰਤ ਵਿੱਚ ਉਹਨਾਂ ਪੰਜਾਬ ਦੇ ਪ੍ਰਧਾਨ ਰਾਜਾ ਵੜਿੰਗ ਅਤੇ ਹਲਕਾ ਸ਼ਾਹਕੋਟ ਦੇ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਲੋਕ ਸਭਾ ਮੈਂਬਰ ਚਰਨਜੀਤ ਸਿੰਘ ਚੰਨੀ ਦਾ ਧੰਨਵਾਦ ਕੀਤਾ।ਇਸ ਮੌਕੇ ਪ੍ਰਸ਼ਤਮ ਲਾਲ, ਕਸ਼ਮੀਰੀ ਲਾਲ, ਰਾਜ ਕੁਮਾਰ ਜੱਗਾ, ਪਰਮਜੀਤ ਸਿੰਘ ਪੰਮਾ, ਬਿਸ਼ੰਬਰ ਨਾਥ, ਸਰਬਜੀਤ ਸਿੰਘ, ਗੁਰਨਾਮ ਸਿੰਘ, ਸੰਤੋਖ ਸਿੰਘ, ਅਰਵਿੰਦਰ ਸਿੰਘ ਚੀਮਾ, ਬੱਗਾ ਘੁੰਮਣ ਆਦਿ ਹਾਜ਼ਰ ਸਨ।



## ਸੀ ਟੀ ਗਰੁੱਪ ਨੇ ਫਾਰਮਾਕੋਵਿਜੀਲੈਂਸ ਲੀਡਰਸ਼ਿਪ ਸਿਮਪੋਜ਼ੀਅਮ-2026 ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ ਇੰਸਟੀਟਿਊਸ਼ਨਜ਼, ਸ਼ਾਹਪੁਰ ਕੈਂਪਸ ਵਿੱਚ ਮਨਜੀਤ ਕੌਰ ਆਡੀਟੋਰੀਅਮ ਵਿਖੇ ਫਾਰਮਾਕੋਵਿਜਿਲੈਂਸ ਲੀਡਰਸ਼ਿਪ ਸਿਮਪੋਜ਼ਿਅਮ 2026 ਦਾ ਸਫਲ ਆਯੋਜਨ ਕੀਤਾ ਗਿਆ। ਦਵਾਈ ਸੁਰੱਖਿਆ ਦਾ ਭਵਿੱਖ: ਉਦਯੋਗਿਕ ਪ੍ਰਥਾਵਾਂ, ਨਿਯਮਕ ਢਾਂਚੇ, ਨਵੀਨਤਾ ਅਤੇ ਕਰੀਅਰ ਮਾਰਗ ਵਿਸ਼ੇ 'ਤੇ ਆਧਾਰਿਤ ਇਸ ਸਿਮਪੋਜ਼ਿਅਮ ਨੇ ਅਕਾਦਮਿਕ ਅਤੇ ਫਾਰਮਾ ਉਦਯੋਗ ਦੇ ਪ੍ਰਮੁੱਖ ਵਿਸ਼ੇਸ਼ਗਿਆਨਾਂ ਨੂੰ ਇਕੱਠਾ ਕਰਦੇ ਹੋਏ ਨਵੀਆਂ ਰੁਝਾਨਾਂ ਤੇ ਸਰਵੋਤਮ ਪ੍ਰਥਾਵਾਂ 'ਤੇ ਗੰਭੀਰ ਚਰਚਾ ਲਈ ਮੰਚ ਪ੍ਰਦਾਨ ਕੀਤਾ।ਇਸ ਸਮਾਗਮ ਵਿੱਚ 1000 ਤੋਂ ਵੱਧ ਭਾਗੀਦਾਰਾਂ, 100 ਤੋਂ ਜ਼ਿਆਦਾ ਪੋਸਟਰ ਪ੍ਰਸਤੁਤਕਾਰਾਂ ਅਤੇ 50 ਬਾਹਰੀ ਡੈਲੀਗੇਟਾਂ ਦੀ ਉਤਸ਼ਾਹਪੂਰਣ ਭਾਗੀਦਾਰੀ ਨੇ ਇਸਨੂੰ ਗਿਆਨ ਸਾਂਝਾ ਕਰਨ, ਅਕਾਦਮਿਕ ਸੰਵਾਦ ਅਤੇ ਪੇਸ਼ੇਵਰ ਨੈੱਟਵਰਕਿੰਗ ਲਈ ਪ੍ਰੇਰਕ ਮੰਚ ਬਣਾਇਆ।ਸਿਮਪੋਜ਼ਿਯਮ ਦੌਰਾਨ ਪ੍ਰਸਿੱਧ ਸੰਸਥਾਵਾਂ ਅਤੇ ਫਾਰਮਾਸਿਊਟਿਕਲ ਸੰਗਠਨਾਂ ਤੋਂ ਆਏ ਮਾਹਿਰਾਂ ਨੇ ਆਪਣੇ ਵਿਚਾਰ ਸਾਂਝੇ ਕੀਤੇ। ਇਨ੍ਹਾਂ ਵਿੱਚ ਡਾ. ਪ੍ਰਮਿਲ ਤਿਵਾਰੀ, ਡਾ. ਨਿਤਿਸ਼ ਗੋਇਲ, ਡਾ. ਹਿਮਾਂਸ਼ੂ ਭਟਨਾਗਰ, ਸੁਨੀਲ ਵਰਮਾ, ਕੈਮੀ ਗੋਇਲ ਤੇ ਡਾ. ਅਮਨਦੀਪ ਕੌਰ ਸ਼ਾਮਲ ਸਨ।ਇਸ ਮੌਕੇ 'ਤੇ ਸੀ ਟੀ ਗਰੁੱਪ ਦੇ ਪ੍ਰਮੁੱਖ ਅਧਿਕਾਰੀ ਪ੍ਰੋ. (ਡਾ.) ਮਨਬੀਰ ਸਿੰਘ, ਡਾ. ਸ਼ਿਵ ਕੁਮਾਰ ਤੇ ਡਾ. ਸੰਗਰਾਮ ਸਿੰਘ ਵੀ ਮੌਜੂਦ ਰਹੇ। ਸਮਾਗਮ ਦਾ ਮੁੱਖ ਆਕਰਸ਼ਣ ਪੋਸਟਰ ਮੁਕਾਬਲਾ ਰਿਹਾ, ਜਿਸ ਵਿੱਚ ਤਿੰਨ ਵਰਗਾਂ ਹੇਠਾਂ 100 ਤੋਂ ਵੱਧ ਐਂਟਰੀਆਂ ਪ੍ਰਾਪਤ ਹੋਈਆਂ।ਰੀਅਲ ਵਰਲਡ ਫਾਰਮਾਕੋਵਿਜਿਲੈਂਸ ਵਿੱਚ ਚਾਹਤ ਪਹਿਲੇ, ਡੌਲੀ ਦੂਜੇ ਅਤੇ ਲਿਪਸਾ ਤੀਜੇ ਸਥਾਨ 'ਤੇ ਰਹੇ।ਕਲਿਨਿਕਲ ਰਿਸਰਚ ਕੇਸ ਸਟਡੀਜ਼ ਵਿੱਚ ਅਭਿਸ਼ੇਕ ਗਿਰੀ ਪਹਿਲੇ, ਸਰਿਤਾ ਦੂਜੇ ਅਤੇ ਦੀਪਿਕਾ ਤੀਜੇ ਸਥਾਨ 'ਤੇ ਰਹੇ।ਡਰੱਗ ਡਿਸਕਵਰੀ ਐਂਡ ਡਿਵੈਲਪਮੈਂਟ ਵਿੱਚ ਪਾਰਥ ਪਹਿਲੇ, ਗੁਰਜੋਤ ਦੂਜੇ ਤੇ ਤਮਨਪ੍ਰੀਤ ਕੌਰ ਤੀਜੇ ਸਥਾਨ 'ਤੇ ਰਹੇ।



## ਨਸ਼ੇ ਦੀ ਓਵਰਡੋਜ਼ ਨਾਲ ਦੋ ਨੌਜਵਾਨਾਂ ਦੀ ਮੌਤ

**ਕਪੂਰਥਲਾ (ਮਨਜੀਤ ਮਾਨ)**- ਥਾਣਾ ਢਿਲਵਾਂ ਦੇ ਅਧੀਨ ਆਉਂਦੇ ਪਿੰਡ ਰਾਏਪੁਰ ਅਰਾਈਆਂ ਵਿੱਚ ਨਸ਼ੇ ਨੇ ਦੋ ਘਰਾਂ ਵਿੱਚ ਸੱਥਰ ਵਿਛਾ ਦਿੱਤੇ ਹਨ ਜਿੱਥੇ ਇੱਕੋ ਦਿਨ ਚਿੱਟੇ ਦੀ ਓਵਰਡੋਜ ਕਾਰਨ ਦੋ ਨੌਜਵਾਨਾਂ ਦੀ ਮੌਤ ਹੋਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਦਰਸ਼ਨ ਸਿੰਘ ਪੁਤਰ ਫੌਜਾ ਸਿੰਘ ਨੇ ਦੱਸਿਆ ਕਿ ਬਲਬੀਰ ਸਿੰਘ ਬਿੱਲਾ (35) ਪੁਤਰ ਸਤਪਾਲ ਸਿੰਘ ਨਸ਼ੇ ਕਰਨ ਦਾ ਆਦੀ ਸੀ ਤੇ ਮਾਂ ਪਿਉ ਤੇ ਭਰਾ ਦੀ ਪਹਿਲਾ ਹੀ ਮੌਤ ਹੋ ਚੁੱਕੀ ਹੈ ਤੇ ਇਸ ਦੀ ਭੈਣ ਵਿਆਹੀ ਹੋਈ ਹੈ ਤੇ ਹੁਣ ਘਰ ਵਿੱਚ ਇਕੱਲਾ ਹੀ ਰਹਿੰਦਾ ਸੀ। ਜਦੋਂ ਇਸ ਦਾ ਸਾਥੀ ਉਸ ਨੂੰ ਕੰਮ ਤੇ ਨਾਲ ਲੈ ਕੇ ਜਾਣ ਲਈ ਆਇਆ ਤਾਂ ਇਸ ਨੇ ਦਰਵਾਜ਼ਾ ਨਹੀਂ ਖੋਲਿਆ, ਤਾਂ ਇਸ ਦੇ ਦੋਸਤ ਨੇ ਕੰਧ ਟੱਪ ਕੇ ਅੰਦਰ ਵੇਖਿਆ ਤਾਂ ਇਸ ਦੀ ਲਾਸ਼ ਰਸੋਈ ਵਿੱਚ ਪਈ ਸੀ ਤੇ ਨੇੜੇ ਹੀ ਸਰਿੰਜਾਂ ਅਤੇ ਕੁਝ ਪੁੜੀਆਂ ਪਈਆਂ ਹੋਈਆਂ ਸਨ ਤੇ ਫੇਰ ਇਸ ਨੂੰ ਚੁੱਕ ਕੇ ਰਸੋਈ 'ਚੋਂ ਬਾਹਰ ਲਿਆਂਦਾ । ਇਸੇ ਤਰਾਂ ਘਟਨਾ ਤੋ ਕੁਝ ਘੰਟੇ ਬਾਅਦ ਹੀ ਇਕ ਹੋਰ ਨੌਜਵਾਨ ਨਸ਼ਿਆ ਦੀ ਭੇਟ ਚੜ ਗਿਆ। ਜਾਣਕਾਰੀ ਦਿੰਦਿਆ ਪਿੰਡ ਦੇ ਮੁਹਤਬਰ ਸਟੀਫਨ ਕਾਲਾ ਨੇ ਦੱਸਿਆ ਕਿ ਫੋਨ ਆਇਆ ਕਿ ਸ਼ੈਲੀ ਪੁੱਤਰ ਹੰਸ ਰਾਜ ਪਿੰਡ ਦੇ ਟਿੱਬੀ ਪੀਰ ਵਾਲੇ ਪਾਸੇ ਟੀਕਾ ਲਾਕੇ ਬੇਹੋਸ਼ ਪਿਆ ਇਸ ਦੇ ਘਰ ਨੂੰ ਸੂਚਿਤ ਕਰੋ। ਇਸ ਦੌਰਾਨ ਉਕਤ ਨੌਜਵਾਨ ਨੂੰ ਸੁਭਾਨਪੁਰ ਹਸਪਤਾਲ ਲਿਜਾਇਆ ਗਿਆ ਜਿਥੇ ਡਿਊਟੀ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਇਸ ਮਾਮਲੇ ਤੋਂ ਬਾਅਦ ਪਿੰਡ ਵਾਸੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਲੋਕਾਂ ਨੇ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਖ਼ਿਲਾਫ਼ ਨਾਰਾਜ਼ਗੀ ਜ਼ਾਹਿਰ ਕਰਦੇ ਹੋਏ ਕਿਹਾ ਕਿ ਇਲਾਕੇ ਵਿੱਚ ਚਿੱਟੇ ਦੀ ਵਿਕਰੀ ਬੇਰੋਕ-ਟੋਕ ਚੱਲ ਰਹੀ ਹੈ, ਜਿਸ ਕਾਰਨ ਨੌਜਵਾਨ ਪੀੜ੍ਹੀ ਬਰਬਾਦ ਹੋ ਰਹੀ ਹੈ।ਪਿੰਡ ਦੇ ਵਸਨੀਕਾਂ ਨੇ ਮੰਗ ਕੀਤੀ ਹੈ ਕਿ ਨਸ਼ਾ ਵੇਚਣ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਇਲਾਕੇ ਵਿੱਚ ਚੱਲ ਰਹੇ ਨਸ਼ੇ ਦੇ ਗੋਰਖਧੰਦੇ ਨੂੰ ਤੁਰੰਤ ਬੰਦ ਕੀਤਾ ਜਾਵੇ।

## ਸ਼ਹਾਬਪੁਰ ਵਿਖੇ ਇਨਕਲਾਬੀ ਨਾਟਕ 13 ਨੂੰ



**ਬੰਗਾ (ਅਵਤਾਰ ਕਲੇਰ)**- ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ-ਲੈਨਿਨਵਾਦੀ ) ਨਿਊ ਡੈਮੋਕਰੇਸੀ ਵੱਲੋਂ 13 ਅਪ੍ਰੈਲ ਨੂੰ ਦਿਨ ਸਮੇਂ ਪਿੰਡ ਸ਼ਹਾਬਪੁਰ ਵਿਖੇ ਇਨਕਲਾਬੀ ਨਾਟਕ ਕਰਵਾਏ ਜਾ ਰਹੇ ਹਨ।ਇਸ ਸਬੰਧੀ ਸ਼ਹੀਦ ਮਾਸਟਰ ਗਿਆਨ ਸਿੰਘ ਸੰਘਾ ਦੀ ਯਾਦਗਾਰ ਉੱਤੇ ਮੀਟਿੰਗ ਕੀਤੀ ਗਈ।ਮੀਟਿੰਗ ਉਪਰੰਤ ਜਾਣਕਾਰੀ ਦਿੰਦਿਆਂ ਪਾਰਟੀ ਦੇ ਆਗੂ ਕੁਲਵਿੰਦਰ ਸਿੰਘ ਵੜੈਚ ਨੇ ਦੱਸਿਆ ਕਿ ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਦੀ ਨਾਟਕ ਟੀਮ ਨਾਟਕ ਪੇਸ਼ ਕਰੇਗੀ।ਇਹ ਨਾਟਕ ਦਿਨੇ 11 ਵਜੇ ਸ਼ੁਰੂ ਹੋਣਗੇ।ਇਸ ਮੌਕੇ ਪਾਰਟੀ ਆਗੂ ਮੌਜੂਦਾ ਕੌਮੀ ਅਤੇ ਕੌਮਾਂਤਰੀ ਹਾਲਤਾਂ ਉੱਤੇ ਵਿਚਾਰ ਪਰਗਟ ਕਰਨਗੇ।

## ਵਿਸਾਖੀ ਤੇ ਗੁਰਮਤਿ ਸਮਾਗਮ 14 ਨੂੰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਮੌਜੋਮਜਾਰਾ ਠੱਕਰਵਾਲ ਵਿਖੇ ਡੇਰਾ ਸੰਤਪੁਰੀ ਬ੍ਰਹਮ ਗਿਆਨੀ 108 ਸੰਤ ਬਾਬਾ ਦੂਲਾ ਸਿੰਘ ਦੇ ਤੱਪ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਤੇ ਇਲਾਕੇ ਦੇ ਸਹਿਯੋਗ ਨਾਲ ਸਰਬੱਤ ਦੇ ਭੱਲੇ ਲਈ ਮਹਾਨ ਗੁਰਮਤਿ ਸਮਾਗਮ 14 ਅਪ੍ਰੈਲ ਨੂੰ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ, ਸੰਤ ਬਾਬਾ ਗੁਰਪ੍ਰੀਤ ਸਿੰਘ ਗੋਪੀ ਠੱਕਰਵਾਲ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਹਨ। ਇਸ ਮੌਕੇ ਸੰਤ ਬਾਬਾ ਸਰਬਜੀਤ ਸਿੰਘ ਸਾਬੀ, ਸੰਤ ਬਾਬਾ ਗੁਰਪ੍ਰੀਤ ਸਿੰਘ ਗੋਪੀ ਠੱਕਰਵਾਲ ਨੇ ਦੱਸਿਆ ਕਿ ਸਮਾਗਮ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਸੰਤ ਬਾਬਾ ਸਰਬਜੀਤ ਸਿੰਘ ਸਾਬੀ ਠੱਕਰਵਾਲ, ਸੰਤ ਬਾਬਾ ਜਸਵੰਤ ਸਿੰਘ ਖੇੜਾ, ਭਾਈ ਕਰਤਾਰ ਸਿੰਘ ਜਲੰਧਰ, ਭਾਈ ਸਤਨਾਮ ਸਿੰਘ ਸਹਿਗਲ ਭੁੰਗਰਨੀ, ਭਾਈ ਰਣਵੀਰ ਸਿੰਘ ਰਾਣਾ ਆਦਿ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।





ਮੇਹਟੀਆਣਾ (ਜ਼ਿਲ੍ਹਾ ਹੁਸ਼ਿਆਰਪੁਰ) ਦੇ ਪੱਤਰਕਾਰ ਹਰਵਿੰਦਰ ਸਿੰਘ ਭੁੰਗਰਨੀ ਨੇ 37ਵੀਂ ਖੂਨਦਾਨ ਕਰਕੇ ਆਪਣਾ ਜਨਮ ਦਿਨ ਮਨਾਇਆ।

## ਜਸ਼ਨਪ੍ਰੀਤ ਸਿੰਘ ਨੇ ਸ਼ਾਟਪੁਟ 'ਚ ਜਿੱਤਿਆ ਚਾਂਦੀ ਦਾ ਤਮਗਾ

**ਜਲੰਧਰ (ਸ਼ੈਲੀ ਐਲਬਰਟ)**- ਮੇਹਰ ਚੰਦ ਪਾਲੀਟੈਕਨਿਕ ਕਾਲਜ ਜਲੰਧਰ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਦੀ ਸਰਪ੍ਰਸਤੀ ਹੇਠ ਕਾਲਜ ਦੇ



ਵਿਦਿਆਰਥੀਆਂ ਨੇ ਪੀ ਟੀ ਆਈ ਐੱਸ ਐਥਲੈਟਿਕ ਮੀਟ 2025-26 ਵਿੱਚ ਉਤਸ਼ਾਹ ਨਾਲ ਭਾਗ ਲਿਆ। ਇਹ ਮੀਟ ਸੀ ਟੀ ਕਾਲਜ, ਸ਼ਾਹਪੁਰ ਵਿਖੇ 6 ਅਤੇ 7 ਅਪ੍ਰੈਲ 2026 ਨੂੰ ਆਯੋਜਿਤ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਕਾਲਜਾਂ ਦੇ ਖਿਡਾਰੀਆਂ ਨੇ ਆਪਣੇ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਮੌਕੇ ਤੇ ਡਿਪਟੀ ਸਪੋਰਟਸ ਪ੍ਰੈਜ਼ੀਡੈਂਟ ਗਗਨਦੀਪ ਨੇ ਵਿਦਿਆਰਥੀਆਂ ਦੇ ਨਾਲ ਰਹਿੰਦੇ ਹੋਏ ਉਨ੍ਹਾਂ ਨੂੰ ਪ੍ਰੇਰਿਤ ਕੀਤਾ ਤੇ ਪੂਰਾ ਮਾਰਗਦਰਸ਼ਨ ਦਿੱਤਾ। ਵਿਦਿਆਰਥੀਆਂ ਨੇ ਖੇਡਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਾਲਜ ਦਾ ਨਾਂਅ ਰੌਸ਼ਨ ਕੀਤਾ। ਇਸ ਐਥਲੈਟਿਕ ਮੀਟ ਦੌਰਾਨ ਆਟੋਮੋਬਾਈਲ ਬ੍ਰਾਂਚ ਦੇ ਵਿਦਿਆਰਥੀ ਜਸ਼ਨਪ੍ਰੀਤ ਸਿੰਘ ਨੇ ਆਪਣੀ ਮਿਹਨਤ ਅਤੇ ਲਗਨ ਨਾਲ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸ਼ਾਟ ਪੁਟ ਵਿੱਚ ਚਾਂਦੀ ਦਾ ਤਮਗਾ ਜਿੱਤਿਆ, ਜੋ ਕਿ ਕਾਲਜ ਲਈ ਮਾਣ ਦੀ ਗੱਲ ਹੈ। ਸਪੋਰਟਸ ਪ੍ਰੈਜ਼ੀਡੈਂਟ ਵਿਕਰਮਜੀਤ ਸਿੰਘ ਸੰਘੋਤਰਾ ਨੇ ਇਸ ਉਪਲਬਧੀ ਲਈ ਸਾਰੇ ਖਿਡਾਰੀਆਂ ਅਤੇ ਟੀਮ ਇੰਚਾਰਜ ਨੂੰ ਦਿਲੋਂ ਵਧਾਈ ਦਿੱਤੀ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਯਤਨ ਵਿਦਿਆਰਥੀਆਂ ਨੂੰ ਅੱਗੇ ਵਧਣ ਲਈ ਪ੍ਰੇਰਿਤ ਕਰਦੇ ਹਨ।

## ਪ੍ਰੇਮ ਕੌਰ ਨੇ ਮਰਨ ਉਪਰੰਤ ਦਾਨ ਕੀਤੀਆਂ ਆਪਣੀਆਂ ਅੱਖਾਂ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਨਗਰ ਕੌਂਸਲ ਦੇ ਅਧੀਨ ਆਉਂਦੇ ਪਿੰਡ ਸੈਦਪੁਰਾ ਦੀ ਵਸਨੀਕ ਤੇ ਉੱਘੀ ਸਮਾਜ ਸੇਵਿਕਾ ਪ੍ਰੇਮ ਕੌਰ (87), ਪਤਨੀ ਸਵ: ਹੰਸਰਾਜ, ਜੋ ਬੀਤੇ ਦਿਨੀਂ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਪ੍ਰਭੂ ਚਰਨਾਂ ਵਿੱਚ ਜਾ ਬਿਰਾਜੇ ਸਨ, ਉਨ੍ਹਾਂ ਦੇ ਪਰਿਵਾਰ ਵੱਲੋਂ ਇੱਕ ਬੇਹੱਦ ਸ਼ਲਾਘਾਯੋਗ ਫੈਸਲਾ ਲੈਂਦਿਆਂ ਮਰਨ ਉਪਰੰਤ ਉਨ੍ਹਾਂ ਦੀਆਂ ਅੱਖਾਂ ਦਾਨ ਕੀਤੀਆਂ ਗਈਆਂ। ਭਾਰਤ ਵਿਕਾਸ ਪਰਿਸ਼ਦ ਵਿਵੇਕਾਨੰਦ, ਡੇਰਾਬੱਸੀ ਦੇ ਸਹਿਯੋਗ ਨਾਲ ਨੇਪਰੇ ਚੜ੍ਹੇ ਇਸ ਨੇਕ ਕਾਰਜ ਸਦਕਾ ਹੁਣ ਦੋ ਲੋਕਾਂ ਦੇ ਹਨੇਰੇ ਭਰੇ ਜੀਵਨ ਵਿੱਚ ਉਮੀਦ ਦੀ ਨਵੀਂ ਕਿਰਨ ਜਾਗੇਗੀ। ਪ੍ਰੇਮ ਕੌਰ ਦੇ ਦੇਹਾਂਤ ਤੋਂ ਬਾਅਦ ਉਨ੍ਹਾਂ ਦੇ ਬੇਟੇ ਰੌਸ਼ਨ ਲਾਲ ਤੇ ਪੋਤਰੇ ਜਸਪ੍ਰੀਤ ਨੇ ਮਾਨਵਤਾ ਦੀ ਸੇਵਾ ਨੂੰ ਸਰਵਉੱਚ ਰੱਖਦਿਆਂ ਅੱਖਾਂ ਦਾਨ ਕਰਨ ਦੀ ਸਹਿਮਤੀ ਦਿੱਤੀ। ਪਰਵਾਰ ਦੇ ਇਸ ਫੈਸਲੇ ਦੀ ਇਲਾਕੇ ਵਿੱਚ ਭਰਪੂਰ ਸ਼ਲਾਘਾ ਹੋ ਰਹੀ ਹੈ। ਇਸ ਮੌਕੇ ਭਾਰਤ ਵਿਕਾਸ ਪਰਿਸ਼ਦ ਵਿਵੇਕਾਨੰਦ ਇਕਾਈ ਦੇ ਪ੍ਰਧਾਨ ਨਿਤਿਨ ਜਿੰਦਲ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਸਵਰਗੀ ਪ੍ਰੇਮ ਕੌਰ ਨੇ ਆਪਣੀਆਂ ਅੱਖਾਂ ਦਾਨ ਕਰਕੇ ਦੋ ਅੰਧੇਰੇ ਜੀਵਨਾਂ ਨੂੰ ਰੌਸ਼ਨ ਕਰ ਦਿੱਤਾ ਹੈ। ?ਇਸ ਨੇਕ ਕਾਰਜ ਦੌਰਾਨ ਸੰਸਥਾ ਦੇ ਸਕੱਤਰ ਅਸ਼ਵਨੀ ਸ਼ਰਮਾ, ਖਜ਼ਾਨਚੀ ਜੇ ਪੀ, ਬਰਖਾ ਰਾਮ, ਪ੍ਰੈੱਸ ਸਕੱਤਰ ਪਰਮਜੀਤ ਰੰਮੀ ਅਤੇ ਉਪੇਸ਼ ਬੰਸਲ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਤੋਂ ਇਲਾਵਾ ਮਹਿਲਾ ਵਿੰਗ ਦੀ ਪ੍ਰਧਾਨ ਮੀਨੂੰ ਕੁਮਾਰੀ, ਪੂਨਮ ਧੀਮਾਨ ਤੇ ਅਵਿਨਾਸ਼ ਤਿਆਗੀ ਨੇ ਵੀ ਪ੍ਰੇਮ ਕੌਰ ਦੇ ਜੀਵਨ ਅਤੇ ਉਨ੍ਹਾਂ ਦੇ ਸਮਾਜ ਸੇਵੀ ਕੰਮਾਂ ਨੂੰ ਯਾਦ ਕਰਦਿਆਂ ਪਰਿਵਾਰ ਦੇ ਇਸ ਉਦਮ ਦੀ ਪ੍ਰਸ਼ੰਸਾ ਕੀਤੀ।



## ਜਲਾਲਪੁਰ ਦੀ ਸੰਗਤ ਨੇ ਪੀ ਜੀ ਆਈ ਲੰਗਰ ਭੇਜਿਆ



**ਬਲਾਚੌਰ (ਜਸਵਿੰਦਰ ਬੈਂਸ)**- ਵੇਦਾਂਤ ਅਚਾਰਿਆ ਸੁਆਮੀ ਚੇਤਨਾਨੰਦ ਜੀ ਮਹਾਰਾਜ ਦੀ ਪ੍ਰੇਰਨਾ ਸਦਕਾ ਜਲਾਲਪੁਰ ਦੀ ਸੰਗਤ ਨੇ ਪੀ ਜੀ ਆਈ ਲਈ ਲੰਗਰ ਦੀ ਸੇਵਾ ਭੇਜੀ। ਸਤਨਾਮ ਜਲਾਲਪੁਰ ਨੇ ਦੱਸਿਆ ਕਿ ਜਲਾਲਪੁਰ ਦੀ ਸੰਗਤ ਵਲੋਂ ਲਗਾਤਾਰ 13ਵੀਂ ਵਾਰ ਲੰਗਰ ਭੇਜਿਆ ਗਿਆ ਹੈ, ਜਿਸ ਵਿਚ ਪਿੰਡ ਦੀ ਸਾਰੀ ਸੰਗਤ ਨੇ ਮਿਲ ਕੇ ਬੜੇ ਹੀ ਸਤਿਕਾਰ ਅਤੇ ਭਾਵਨਾ ਦੇ ਨਾਲ ਸ਼ਬਦ ਪੜ੍ਹਦੇ ਹੋਏ ਇਹ ਲੰਗਰ ਤਿਆਰ ਕੀਤਾ। ਇਸ ਸੰਸਥਾ ਵੱਲੋਂ ਲਗਾਤਾਰ ਕੀਤੇ ਜਾ ਰਹੇ ਮਾਨਵਤਾ ਦੀ ਸੇਵਾ ਦੇ ਲਈ ਉਪਰਾਲਿਆਂ ਵਿੱਚੋਂ ਇਹ ਇੱਕ ਉੱਤਮ ਉਪਰਾਲਾ ਹੈ,ਜਿਸ ਨਾਲ ਹਰ ਰੋਜ਼ ਪੀ ਜੀ ਆਈ ਵਿੱਚ ਸੈਂਕੜੇ ਮਰੀਜ਼ਾਂ ਅਤੇ ਉਹਨਾਂ ਦੇ ਨਾਲ ਆਏ ਹੋਏ ਪਰਿਵਾਰਿਕ ਮੈਂਬਰਾਂ/ਰਿਸ਼ਤੇਦਾਰਾਂ ਲਈ ਇਹ ਲੰਗਰ ਵਰਦਾਨ ਸਿੱਧ ਹੋ ਰਿਹਾ ਹੈ। ਜ਼ਰੂਰਤਮੰਦ ਲੋਕ ਲੰਗਰ ਛਕਦੇ ਹਨ ਅਤੇ ਮਹਾਰਾਜ ਭੂਰੀ ਵਾਲਿਆਂ ਦੇ ਇਸ ਪਰ-ਉਪਕਾਰ ਲਈ ਧੰਨਵਾਦ ਵੀ ਕਰਦੇ ਹਨ। ਇਸ ਸਮੇਂ ਪਿੰਡ ਦੀ ਸਰਪੰਚ ਬਿਮਲਾ ਚੇਚੀ, ਜਸਬੀਰ ਕੌਰ, ਰਿਟਾਇਰਡ ਡੀ ਐੱਸ ਪੀ ਸ੍ਰੀ ਬਨਾਰਸੀ ਦਾਸ, ਵਿਜੇ ਕੁਮਾਰ ਨੰਬਰਦਾਰ, ਰਾਮ ਲਾਲ ਬਜਾੜ, ਨਸੀਬ ਚੰਦ, ਸੁਰਿੰਦਰ ਪਾਲ, ਭੂਸ਼ਣ ਭਾਟੀਆ, ਉਪਿੰਦਰ ਚੇਚੀ, ਬਲਵੀਰ ਦੇਦੜ, ਰਕੇਸ਼ ਚੇਚੀ, ਮਨੋਹਰ ਲਾਲ, ਵਿਜੇ ਕੁਮਾਰ ਭਾਟੀਆ, ਬਬਲੂ ਚੇਚੀ ਤੋਂ ਇਲਾਵਾ ਬਹੁਤ ਸਾਰੀ ਸੰਗਤ ਹਾਜ਼ਰ ਸੀ। ਸਾਰਿਆਂ ਨੇ ਮੰਗਲਾ ਚਰਨ ਦਾ ਜਾਪ ਕਰਕੇ ਪੀ ਜੀ ਆਈ ਲੰਗਰ ਦੀ ਗੱਡੀ ਨੂੰ ਰਵਾਨਾ ਕੀਤਾ।

## ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ 245 ਕਰੋੜ ਦੀ ਰਾਸ਼ੀ ਜਾਰੀ : ਡਾ. ਬਲਜੀਤ ਕੌਰ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀ ਭਾਈਚਾਰੇ ਦੇ ਵਿਦਿਆਰਥੀਆਂ ਦੀ ਉੱਚ ਸਿੱਖਿਆ ਨੂੰ ਯਕੀਨੀ ਬਣਾਉਣ ਲਈ ਇੱਕ ਹੋਰ ਵੱਡਾ ਕਦਮ ਚੁੱਕਿਆ ਗਿਆ ਹੈ। ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ



ਮੰਤਰੀ ਡਾ. ਬਲਜੀਤ ਕੌਰ ਨੇ ਜਾਣਕਾਰੀ ਦਿੱਤੀ ਕਿ ਵਿੱਤੀ ਸਾਲ 2025-26 ਦੌਰਾਨ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਪੰਜਾਬ ਸਰਕਾਰ ਦੇ ਹਿੱਸੇ ਵਜੋਂ 245 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਜਾ ਚੁੱਕੀ ਹੈ।ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਸਕੀਮ ਤਹਿਤ 2 ਲੱਖ 45 ਹਜ਼ਾਰ ਤੋਂ ਵੱਧ ਯੋਗ ਵਿਦਿਆਰਥੀਆਂ ਦਾ ਡਾਟਾ ਪ੍ਰਾਪਤ ਹੋਇਆ ਹੈ, ਜਿਨ੍ਹਾਂ ਨੂੰ ਇਸ ਰਕਮ ਨਾਲ ਸਿੱਧਾ ਲਾਭ ਮਿਲੇਗਾ। ਉਨ੍ਹਾਂ ਕਿਹਾ ਕਿ ਇਹ ਸਕਾਲਰਸ਼ਿਪ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਲਈ ਵੱਡੀ ਰਾਹਤ ਸਾਬਤ ਹੋ ਰਹੀ ਹੈ ਅਤੇ ਇਸ ਨਾਲ ਹਜ਼ਾਰਾਂ ਪਰਿਵਾਰਾਂ 'ਤੇ ਪੜ੍ਹਾਈ ਦਾ ਵਿੱਤੀ ਬੋਝ ਘਟਿਆ ਹੈ।ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਕੋਸ਼ਿਸ਼ ਹੈ ਕਿ ਕੋਈ ਵੀ ਯੋਗ ਵਿਦਿਆਰਥੀ ਸਿਰਫ ਆਰਥਿਕ ਤੰਗੀ ਕਾਰਨ ਆਪਣੀ ਪੜ੍ਹਾਈ ਤੋਂ ਵਾਂਝਾ ਨਾ ਰਹੇ।

## ਸ਼ੋਭਾ ਯਾਤਰਾ ਦੇ ਸੰਬੰਧ 'ਚ ਜੈ ਕ੍ਰਿਸ਼ਨ ਸਿੰਘ ਰੋੜੀ ਨੂੰ ਦਿੱਤਾ ਸੱਦਾ ਪੱਤਰ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਜੈ ਭੀਮ ਕਾਰਵਾਂ ਚੈਰੀਟੇਬਲ ਸੁਸਾਇਟੀ ਰਜਿ. ਮਾਹਿਲਪੁਰ ਵੱਲੋਂ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਤੇ 14 ਅਪ੍ਰੈਲ ਦਿਨ ਮੰਗਲਵਾਰ ਨੂੰ ਮਾਹਿਲਪੁਰ ਵਿੱਚ 15ਵੀਂ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਸਾਇਟੀ ਦੀ ਪ੍ਰਧਾਨ ਰੇਖਾ ਰਾਣੀ, ਨਿਰਮਲ ਕੌਰ ਬੋਧ ਤੇ ਸੁਖਵਿੰਦਰ ਕੁਮਾਰ ਨੇ ਸਾਂਝੇ ਤੌਰ ਤੇ ਦੱਸਿਆ ਕਿ ਇਹ ਸ਼ੋਭਾ ਯਾਤਰਾ ਗੁ. ਸਤਿਗੁਰੂ ਰਵਿਦਾਸ ਮਹਾਰਾਜ ਬੀ ਡੀ ਓ ਕਾਲੋਨੀ ਮਾਹਿਲਪੁਰ ਤੋਂ ਠੀਕ 11 ਵਜੇ ਰਵਾਨਾ ਹੋਵੇਗੀ। ਇਸ ਤੋਂ ਬਾਅਦ ਫਗਵਾੜਾ ਰੋਡ ਤੋਂ ਹੁੰਦੀ ਹੋਈ ਅੰਬੇਡਕਰ ਨਗਰ ਗੁਰਦੁਆਰਾ ਸਤਿਗੁਰੂ ਰਵਿਦਾਸ ਮਹਾਰਾਜ, ਸਿਵਲ ਹਸਪਤਾਲ ਰੋਡ, ਮੇਨ ਚੌਕ ਮਾਹਿਲਪੁਰ, ਬੱਸ ਸਟੈਂਡ ਹੁਸ਼ਿਆਰਪੁਰ ਰੋਡ, ਗੁ. ਸ਼ਹੀਦਾਂ ਰੋਡ, ਜੇਜੋ ਰੋਡ ਤੋਂ ਹੁੰਦੀ ਹੋਈ ਪਿੰਡ ਖਾਨਪੁਰ ਵਿਖੇ ਪਹੁੰਚੇਗੀ ਤੇ ਇਥੋਂ ਨਿਰਵਾਣੁ ਕੁਟੀਆ ਮਾਹਿਲਪੁਰ ਆ ਕੇ ਸ਼ੋਭਾ ਯਾਤਰਾ ਦੀ ਸਮਾਪਤੀ ਹੋਵੇਗੀ। ਇਸ ਸ਼ੋਭਾ ਯਾਤਰਾ ਵਿੱਚ ਸ਼ਾਮਿਲ ਸੰਗਤਾਂ ਲਈ ਗੁਰਦੁਆਰਾ ਸਤਿਗੁਰੂ ਰਵਿਦਾਸ ਮਹਾਰਾਜ ਬੀ ਡੀ ਓ ਕਾਲੋਨੀ ਮਾਹਿਲਪੁਰ ਦੀ ਪ੍ਰਬੰਧਕ ਕਮੇਟੀ ਤੇ ਸੁਰਿੰਦਰ ਕੌਰ ਐੱਮ ਸੀ,



ਕਿਸਾਨ ਆਗੂ ਤਲਵਿੰਦਰ ਸਿੰਘ ਹੀਰ ਨੰਗਲ ਖਿਡਾਰੀਆਂ, ਗੁਰਮੀਤ ਸਿੰਘ ਲੰਬੜਦਾਰ ਪ੍ਰਧਾਨ ਗੁਰਦੁਆਰਾ ਸਤਿਗੁਰੂ ਰਵਿਦਾਸ ਮਹਾਰਾਜ ਅੰਬੇਡਕਰ ਨਗਰ, ਸੰਧੀ ਕਲਾਥ ਹਾਊਸ, ਬਾਘਾ ਪੇਂਟ ਸਟੋਰ ਬੱਸ ਸਟੈਂਡ ਮਾਹਿਲਪੁਰ ਤੋਂ ਹਰਦੀਪ ਸਿੰਘ ਤੇ ਉਹਨਾਂ ਦਾ ਸਮੁੱਚਾ ਪਰਵਾਰ, ਵਾਰਡ ਨੰਬਰ ਛੇ ਸੱਤ ਧਰਮਸ਼ਾਲਾ ਤੋਂ ਡਾਕਟਰ ਅੰਬੇਡਕਰ ਵੈਲਫੇਅਰ ਸੋਸਾਇਟੀ ਪ੍ਰਧਾਨ ਰੀਨਾ ਰਾਣੀ, ਐੱਮ ਸੀ ਬਲਦੇਵ ਸਿੰਘ ਤੇ ਸੱਤਿਆ ਦੇਵੀ, ਖਾਨਪੁਰ ਤੋਂ ਡਾਕਟਰ ਜਸਵੰਤ ਸਿੰਘ ਬਿੰਦ, ਡਾਕਟਰ ਪ੍ਰਭ ਹੀਰ ਤੇ ਉਹਨਾਂ ਦੀ ਸਮੁੱਚੀ ਟੀਮ ਵਲੋਂ ਸ਼ੋਭਾ ਯਾਤਰਾ ਦਾ ਭਰਵਾਂ ਸੁਵਾਗਤ ਕੀਤਾ ਜਾਵੇਗਾ ਤੇ ਸੰਗਤਾਂ ਲਈ ਵੱਖ ਵੱਖ ਤਰ੍ਹਾਂ ਦੇ ਖਾਣ ਪੀਣ ਦਾ ਪ੍ਰਬੰਧ ਹੋਵੇਗਾ। ਸ਼ੋਭਾ ਯਾਤਰਾ ਦੀ ਸਮਾਪਤੀ ਨਿਰਵਾਣੁ ਕੁਟੀਆ ਮਾਹਿਲਪੁਰ ਵਿਖੇ ਹੋਵੇਗੀ। ਇਸ ਸਮਾਗਮ ਦੇ ਮੁੱਖ ਮਹਿਮਾਨ ਸਰਦਾਰ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਹਲਕਾ ਵਿਧਾਇਕ ਗੜ੍ਹਸ਼ੰਕਰ ਹੋਣਗੇ।ਸੁਸਾਇਟੀ ਮੈਂਬਰਾਂ ਵੱਲੋਂ ਉਨਾਂ ਨੂੰ ਸਮਾਗਮ ਵਿੱਚ ਸ਼ਾਮਿਲ ਹੋਣ ਲਈ ਸੱਦਾ ਪੱਤਰ ਦਿੱਤਾ ਗਿਆ। ਇਸ ਮੌਕੇ ਸ਼ਸ਼ੀ ਬੰਗੜ ਸੀਨੀਅਰ ਮੀਤ ਪ੍ਰਧਾਨ ਨਗਰ ਪੰਚਾਇਤ ਮਾਹਿਲਪੁਰ, ਸੁਰਿੰਦਰ ਕੌਰ ਐਮ.ਸੀ, ਰੇਖਾ ਰਾਣੀ ਪ੍ਰਧਾਨ ਜੈ ਭੀਮ ਕਾਰਵਾਂ, ਮਾਸਟਰ ਜੈ ਰਾਮ ਬਾੜੀਆਂ, ਧਰਮ ਸਿੰਘ ਫੌਜੀ, ਸੁਖਵਿੰਦਰ ਕੁਮਾਰ, ਨਿਰਮਲ ਕੌਰ ਬੋਧ ਹਾਜ਼ਰ ਸਨ।

## ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਦਾ ਪੁਨਰਗਠਨ

**ਜਲੰਧਰ (ਰਾਜੇਸ਼ ਥਾਪਾ)**- ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਜ਼ਿਲ੍ਹਾ ਜਲੰਧਰ -ਕਪੂਰਥਲਾ ਦੀ ਜਨਰਲ ਬਾਡੀ ਮੀਟਿੰਗ ਪੁਸ਼ਪਿੰਦਰ ਕੁਮਾਰ ਵਿਰਦੀ ਦੀ ਪ੍ਰਧਾਨਗੀ ਹੇਠ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਕੀਤੀ ਗਈ।ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਪੀ ਡਬਲਯੂ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਦੇ ਸੂਬਾ ਪ੍ਰਧਾਨ ਮੱਖਣ ਸਿੰਘ ਵਾਹਿਦਪੁਰੀ, ਕੁਲਵੰਤ ਸਿੰਘ ਬਠਿੰਡਾ, ਰਾਜਪਾਲ ਸਿੰਘ ਸੋਈ, ਹਰਜੀਤ ਸਿੰਘ ਮੋਗਾ, ਧਰਮਪਾਲ ਲੋਟ ਪਟਿਆਲਾ ਅਤੇ ਪ ਸ ਸ ਫ ਦੇ ਸੂਬਾ ਜਨਰਲ ਸਕੱਤਰ ਤੀਰਥ ਸਿੰਘ ਬਾਸੀ ਹਾਜ਼ਰ ਹੋਏ। ਮੀਟਿੰਗ ਵਿੱਚ ਪੀ ਡਬਲਯੂ ਡੀ ਕਾਮਿਆਂ ਦੀਆਂ ਮੰਗਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਜਥੇਬੰਦੀ ਦੀ ਬੇਹਤਰੀ ਅਤੇ ਵਿਕਾਸ ਲਈ ਪੀ ਡਬਲਿਯੂ ਡੀ. ਫੀਲਡ ਐਂਡ ਵਰਕਸ਼ਾਪ ਵਰਕਰਜ ਯੂਨੀਅਨ ਜੋਨ



ਜਲੰਧਰ-ਕਪੂਰਥਲਾ ਦਾ ਪੁਨਰਗਠਨ ਕੀਤਾ ਗਿਆ ਜਿਸ ਅਨੁਸਾਰ ਪ੍ਰਧਾਨ ਪੁਸਪਿੰਦਰ ਕੁਮਾਰ ਵਿਰਦੀ, ਚੇਅਰਮੈਨ ਤਰਸੇਮ ਮਾਧੋਪੁਰੀ, ਸੀਨੀਅਰ ਮੀਤ ਪ੍ਰਧਾਨ ਸੰਜੀਵ ਕੁਮਾਰ ਕੌਂਡਲ, ਜਗੀਰ ਸਿੰਘ ਸਹੋਤਾ, ਰਜਿੰਦਰ ਕੁਮਾਰ ਮਹਿਤਪੁਰ, ਪੂਰਨ ਸਿੰਘ ਬਿਲਗਾ, ਮੀਤ ਪ੍ਰਧਾਨ ਕੁਲਬੀਰ ਸਿੰਘ ਸ਼ਾਹਕੋਟ, ਨਰਿੰਦਰ ਸਿੰਘ, ਅਨਿਲ ਕੁਮਾਰ ਨਾਹਰ, ਅੰਗਰੇਜ਼ ਸਿੰਘ, ਬਲਵੀਰ ਸਿੰਘ ਗੁਰਾਇਆ, ਰਜਿੰਦਰ ਥਾਪਰ ਫਗਵਾੜਾ, ਰਾਮ ਬਰਨ, ਰੌਸ਼ਨ ਲਾਲ, ਤਰਲੋਕ ਸਿੰਘ ਕਪੂਰਥਲਾ, ਜਨਰਲ ਸਕੱਤਰ ਅਮਰੀਕ ਸਿੰਘ ਸੇਖੋਂ, ਕੈਸ਼ੀਅਰ ਹਰੀ ਰਾਮ, ਸਹਾਇਕ ਕੈਸ਼ੀਅਰ ਭੁਪਾਲ ਸਿੰਘ, ਓਮ ਪ੍ਰਕਾਸ਼, ਪ੍ਰੈੱਸ ਸਕੱਤਰ ਕਰਮਜੀਤ ਸਿੰਘ ਸੋਨੂ, ਸਹਾਇਕ ਪ੍ਰੈੱਸ ਸਕੱਤਰ ਸਤਵਿੰਦਰ ਸਿੰਘ ਫਿਲੌਰ, ਯੋਗਰਾਜ ਸਿੰਘ, ਧਰਮਿੰਦਰ ਨਕੋਦਰ, ਜੁਆਇੰਟ ਸਕੱਤਰ ਗੋਪਾਲ ਸਿੰਘ ਰਾਵਤ, ਰਾਜਨ ਕੁਮਾਰ, ਜਥੇਬੰਦਕ ਸਕੱਤਰ ਰਘਵੀਰ ਸਿੰਘ, ਸਹਾਇਕ ਜਥੇਬੰਦਕ ਸਕੱਤਰ ਗੁਲਸ਼ਨ ਡਰੇਨਜ, ਰਾਜ ਕੁਮਾਰ ਗੁਰਾਇਆ, ਤਰਸੇਮ ਲਾਲ, ਜਗਤਾਰ ਸਿੰਘ ਆਦਮਪੁਰ, ਪ੍ਰਚਾਰ ਸਕੱਤਰ ਗੁਰਦਿਆਲ ਸਿੰਘ ਲੋਹੀਆਂ, ਸਹਾਇਕ ਪ੍ਰਚਾਰ ਸਕੱਤਰ ਮਨਜਿੰਦਰ ਸਿੰਘ ਤਲਵਣ, ਮਨੋਹਰ ਲਾਲ, ਚਰਨਜੀਤ ਸਿੰਘ ਕਪੂਰਥਲਾ, ਰਾਮ ਬ੍ਰਿਸ਼, ਸੁੱਖਦਿਆਲ ਸ਼ਾਹਕੋਟ, ਸਹਾਇਕ ਸਕੱਤਰ ਸੂਰਜ ਕੁਮਾਰ ਗੁਰਾਇਆ, ਅਮਨਦੀਪ ਨਕੋਦਰ,ਮੇਵਾ ਲਾਲ, ਮਨੋਜ ਕੁਮਾਰ, ਸੁਨੀਲ ਕੁਮਾਰ,ਹਰਵਿੰਦਰ ਸਿੰਘ ਸ਼ਾਹਕੋਟ ਕਿਸ਼ਨ ਚੰਦ ਸਿੰਚਾਈ,ਬਲਵਿੰਦਰ ਸਿੰਘ ਕਪੂਰਥਲਾ, ਸਲਾਹਕਾਰ ਪ੍ਰੇਮ ਲਾਲ ਸੁਲਤਾਨਪੁਰ ਬਣਾਏ ਗਏ।

## 15 ਸਾਲਾਂ ਤੋਂ ਅਧੂਰੀ ਪਈ ਸੜਕ, ਲੋਕ ਪਰੇਸ਼ਾਨ

**ਅਲਾਵਲਪੁਰ (ਮਦਨ ਬੰਗੜ)**- ਜਲੰਧਰ ਤੋਂ ਵਾਇਆ ਧੋਗੜੀ ਅਲਾਵਲਪੁਰ ਤੱਕ ਬਣ ਰਹੀ ਕਰੀਬ 9 ਕਿਲੋਮੀਟਰ ਲੰਬੀ ਸੜਕ ਪਿਛਲੇ 15 ਸਾਲਾਂ ਤੋਂ ਅਧੂਰੀ ਪਈ ਹੈ, ਜਿਸ ਕਾਰਨ ਇਲਾਕੇ ਦੇ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਹੈਰਾਨੀ ਦੀ



ਗੱਲ ਇਹ ਹੈ ਕਿ ਇਸ ਸਮੇਂ ਦੌਰਾਨ ਚਾਰ ਸਰਕਾਰਾਂ ਬਦਲ ਗਈਆਂ, ਪਰ ਸੜਕ ਦਾ ਕੰਮ ਅਜੇ ਵੀ ਪੂਰਾ ਨਹੀਂ ਹੋ ਸਕਿਆ।ਜਾਣਕਾਰੀ ਅਨੁਸਾਰ, ਇਸ ਸੜਕ ਨੂੰ ਲਗਭਗ ਸਾਲ 2010 ਵਿੱਚ ਬਣਾਇਆ ਗਿਆ ਸੀ। ਉਸ ਤੋਂ ਬਾਅਦ ਇਹ ਸੜਕ ਬਣੀ ਨਹੀਂ । ਜਦੋਂ ਤੋਂ ਇਸ ਦਾ ਕੰਮ ਸ਼ੁਰੂ ਕੀਤਾ ਗਿਆ ਹੈ ਅਜੇ ਵੀ ਕੰਮ ਅਧੂਰਾ ਪਿਆ ਹੈ। ਇਸ ਕਾਰਨ ਆਵਾਜਾਈ ਬਹੁਤ ਪ੍ਰਭਾਵਿਤ ਹੋ ਰਹੀ ਹੈ ਤੇ ਲੋਕਾਂ ਨੂੰ ਹਰ ਰੋਜ਼ ਪਰੇਸ਼ਾਨੀਆਂ ਝੱਲਣੀਆਂ ਪੈਂਦੀਆਂ ਹਨ।ਇਲਾਕੇ ਦੇ ਦੁਕਾਨਦਾਰਾਂ ਨੇ ਦੱਸਿਆ ਕਿ ਲੰਮੇ ਸਮੇਂ ਤੋਂ ਚੱਲ ਰਹੇ ਇਸ ਕੰਮ ਕਾਰਨ ਉਹਨਾਂ ਦਾ ਕਾਰੋਬਾਰ ਬਹੁਤ ਪ੍ਰਭਾਵਿਤ ਹੋਇਆ ਹੈ। ਕਈਆਂ ਨੂੰ ਆਪਣੇ ਰੋਜ਼ਗਾਰ ਛੱਡਣ 'ਤੇ ਮਜਬੂਰ ਹੋਣਾ ਪਿਆ, ਜਦਕਿ ਕਈ ਲੋਕਾਂ ਨੇ ਆਪਣਾ ਧੰਦਾ ਹੀ ਬਦਲ ਲਿਆ।ਇਸ ਰੂਟ 'ਤੇ ਚੱਲਣ ਵਾਲੀਆਂ ਚਾਰ ਬੱਸਾਂ ਵੀ ਪਿਛਲੇ ਕਈ ਸਾਲਾਂ ਤੋਂ ਬੰਦ ਪਈਆਂ ਹਨ, ਜਿਸ ਕਾਰਨ ਵਿਦਿਆਰਥੀਆਂ, ਮਜ਼ਦੂਰਾਂ ਅਤੇ ਨੌਕਰੀਪੇਸ਼ਾ ਲੋਕਾਂ ਨੂੰ ਜਲੰਧਰ ਆਉਣ-ਜਾਣ ਵਿੱਚ ਵੱਡੀ ਦਿਕਤ ਆ ਰਹੀ ਹੈ। ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਸਰਫੇਸ ਵਾਟਰ ਟਰੀਟਮੈਂਟ ਪ੍ਰੋਜੈਕਟ ਦੇ ਪਾਈਪ ਲਾਈਨ ਵਿਛਾਉਣ ਦਾ ਕੰਮ ਕਈ ਸਾਲਾਂ ਤੋਂ ਚੱਲ ਰਿਹਾ ਹੈ, ਜੋ ਬਹੁਤ ਧੀਮੀ ਗਤੀ ਨਾਲ ਅੱਗੇ ਵੱਧ ਰਿਹਾ ਹੈ। ਜਿੱਥੇ ਪਾਈਪ ਲਾਈਨ ਪੈ ਚੁੱਕੀ ਹੈ, ਉੱਥੇ ਵੀ ਸੜਕ ਬਣਾਉਣ ਦਾ ਕੰਮ ਬਹੁਤ ਸੁਸਤੀ ਨਾਲ ਕੀਤਾ ਜਾ ਰਿਹਾ ਹੈ। ਇਲਾਕਾ ਵਾਸੀਆਂ ਨੇ ਸੰਬੰਧਤ ਵਿਭਾਗ ਤੋਂ ਮੰਗ ਕੀਤੀ ਹੈ ਕਿ ਇਸ ਸੜਕ ਦਾ ਕੰਮ ਜਲਦੀ ਤੋਂ ਜਲਦੀ ਪੂਰਾ ਕੀਤਾ ਜਾਵੇ।

## ਪੀੜਤ ਕਿਸਾਨਾਂ ਦੀ ਬਾਂਹ ਫੜੇਗਾ ਸ਼੍ਰੋਮਣੀ ਅਕਾਲੀ ਦਲ : ਤਲਵਾੜ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪਾਰਟੀ ਹਮੇਸ਼ਾ ਕਿਸਾਨਾਂ ਦੇ ਹਿੱਤਾਂ ਲਈ ਡਟ ਕੇ ਖੜ੍ਹੀ ਰਹੀ ਹੈ। ਕਿਉਂਕਿ ਸ਼੍ਰੋਮਣੀ ਅਕਾਲੀ ਦਲ ਕਿਸਾਨਾਂ ਦੀ ਆਪਣੀ ਜਥੇਬੰਦੀ ਹੈ, ਇਸ ਲਈ ਅਸੀਂ ਹਰ ਔਖੇ ਸਮੇਂ ਵਿੱਚ ਉਨ੍ਹਾਂ ਦੇ ਨਾਲ ਹਾਂ। ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਹਲਕਾ ਹੁਸ਼ਿਆਰਪੁਰ ਦੇ ਇੰਚਾਰਜ ਤੇ ਕੌਮੀ ਮੀਤ ਪ੍ਰਧਾਨ ਸੰਜੀਵ ਤਲਵਾੜ ਨੇ ਸਰਕਲ ਸਦਰ ਦੀ ਬੈਠਕ ਨੂੰ ਸੰਬੋਧਨ ਕਰਦਿਆਂ ਕੀਤਾ। ਸੰਜੀਵ ਤਲਵਾੜ ਨੇ ਕਿਹਾ, ਸੁਖਬੀਰ ਸਿੰਘ ਬਾਦਲ ਦੇ ਹੁਕਮਾਂ ਅਨੁਸਾਰ ਹੁਸ਼ਿਆਰਪੁਰ ਵਿਧਾਨ ਸਭਾ ਹਲਕਾ ਪੀੜਤ ਕਿਸਾਨਾਂ ਦੀ ਮਦਦ ਵਿੱਚ ਕੋਈ ਕਸਰ ਨਹੀਂ ਛੱਡੇਗਾ। ਸ਼੍ਰੋਮਣੀ ਅਕਾਲੀ ਦਲ ਦੇ ਵਰਕਰਾਂ ਦੇ ਸਹਿਯੋਗ ਨਾਲ 200 ਕੁਇੰਟਲ ਕਣਕ ਇਕੱਠੀ ਕਰਕੇ ਪੀੜਤ ਕਿਸਾਨਾਂ ਤੱਕ ਪਹੁੰਚਾਈ ਜਾਵੇਗੀ। ਉਨ੍ਹਾਂ ਦੱਸਿਆ ਕਿ ਪਹਿਲੀ ਬੈਠਕ ਵਿੱਚ ਹੀ 25 ਕੁਇੰਟਲ ਕਣਕ ਇਕੱਠੀ ਕਰ ਲਈ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਸ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਬੈਠਕ ਨੂੰ ਸਰਕਲ ਜਥੇਦਾਰ ਜਹਾਨਖੇਲਾਂ, ਜਗਤਾਰ ਸਿੰਘ, ਇਕਬਾਲ ਸਿੰਘ ਗੋਪੀ ਅਤੇ ਸਰਕਲ ਸਦਰ ਦੇ ਜਥੇਦਾਰ ਪਰਮਜੀਤ ਸਿੰਘ ਤੇ ਹਰਜੀਤ ਸਿੰਘ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਸਰਕਲ ਸਦਰ ਦੇ ਸਮੂਹ ਅਹੁਦੇਦਾਰ ਅਤੇ ਵਰਕਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ, ਜਿਨ੍ਹਾਂ ਨੇ ਕਿਸਾਨੀ ਸੰਘਰਸ਼ ਤੇ ਮਦਦ ਲਈ ਇੱਕਜੁੱਟ ਹੋਣ ਦਾ ਪ੍ਰਣ ਲਿਆ।

## ਆਨਲਾਈਨ ਹਾਜ਼ਰੀ ਦੇ ਚੱਕਰਾਂ ਨੇ ਚੱਕਰਾਂ 'ਚ ਪਾਏ ਅਧਿਆਪਕ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸੂਬੇ ਦੇ ਸਰਕਾਰੀ ਸਕੂਲਾਂ ਵਿੱਚ ਐੱਮ ਸਟਾਰ ਈ ਪੰਜਾਬ ਰਾਹੀਂ ਲਾਗੂ ਕੀਤੀ ਜਾ ਰਹੀ ਆਨਲਾਈਨ ਹਾਜ਼ਰੀ ਪ੍ਰਣਾਲੀ ਜਿੱਥੇ ਅਧਿਆਪਕਾਂ ਲਈ ਸਿਰਦਰਦ ਬਣਦੀ ਜਾ ਰਹੀ ਹੈ, ਉੱਥੇ ਹੀ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਦਿੱਤੇ ਜਾਣ ਵਾਲੇ ਕੀਮਤੀ ਸਮੇਂ ਨੂੰ ਘਟਾ ਰਹੀ ਹੈ। ਜਿੱਥੇ ਇਸ ਪ੍ਰਣਾਲੀ ਦਾ ਮਕਸਦ ਸਕੂਲਾਂ ਵਿੱਚ ਪਾਰਦਰਸ਼ਤਾ ਅਤੇ ਜਵਾਬਦੇਹੀ ਵਧਾਉਣਾ ਦੱਸਿਆ ਜਾ ਰਿਹਾ ਹੈ, ਉੱਥੇ ਹੀ ਜ਼ਮੀਨੀ ਹਕੀਕਤ ਵਿੱਚ ਅਧਿਆਪਕਾਂ ਨੂੰ ਕਈ ਤਕਨੀਕੀ ਅਤੇ ਪ੍ਰਬੰਧਕੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਦੱਸਿਆ ਕਿ ਐੱਮ ਸਟਾਰ ਈ ਪੰਜਾਬ ਨਾਂਅ ਦੇ ਐਪ ਨੂੰ ਸਿੱਖਿਆ ਵਿਭਾਗ ਨੇ ਹਿਤਾਚੀ ਨਾਂਅ ਦੀ ਨਿੱਜੀ ਕੰਪਨੀ ਨਾਲ ਮਿਲ ਕੇ ਬਣਾਇਆ ਹੈ। ਇਸ ਮੋਬਾਈਲ ਐਪ ਰਾਹੀਂ ਹਰ ਰੋਜ਼ ਨਿਯਤ ਸਮੇਂ ਵਿੱਚ ਹਾਜ਼ਰੀ ਲਗਾਉਣ ਦੀ ਜ਼ਿੰਮੇਵਾਰੀ ਅਧਿਆਪਕਾਂ ਲਈ ਵੱਡੀ ਚੁਣੌਤੀ ਬਣ ਗਈ ਹੈ। ਸਾਰੇ ਸੂਬੇ ਅੰਦਰ ਇੱਕੋ ਸਮੇਂ ਐਪ ਚੱਲਣ ਕਾਰਨ ਸਰਵਰ ਬਿਜ਼ੀ ਹੋ ਜਾਂਦਾ ਹੈ ਤੇ ਹਾਜ਼ਰੀ ਨਹੀਂ ਲੱਗਦੀ, ਜਿਸ ਕਾਰਨ ਉਨ੍ਹਾਂ ਨੂੰ ਮਾਨਸਿਕ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਜੇਕਰ ਅਧਿਆਪਕ ਸਕੂਲ ਵਿੱਚ ਸਮੇਂ ਸਿਰ ਹਾਜ਼ਰ ਹੋ ਜਾਂਦੇ ਹਨ ਤਾਂ ਬਾਅਦ ਵਿੱਚ ਇਹ ਅਧਿਆਪਕਾਂ ਨੂੰ ਆਪਣੇ ਆਪ ਹੀ ਗੈਰ ਹਾਜ਼ਰ ਕਰ ਦਿੰਦਾ ਹੈ ਅਤੇ ਫਿਰ ਤੋਂ ਹਾਜ਼ਰ ਹੋਣ ਲਈ ਮਜ਼ਬੂਰ ਕਰਦਾ ਹੈ। ਅਧਿਆਪਕਾਂ ਨੇ ਦੱਸਿਆ ਕਿ ਪਿੰਡਾਂ ਵਿੱਚ ਇੰਟਰਨੈੱਟ ਦੀ ਗਤੀ ਬਹੁਤ ਹੀ ਧੀਮੀ ਹੈ ਜਾਂ ਕਈ ਵਾਰ ਨੈੱਟਵਰਕ ਹੀ ਉਪਲਬਧ ਨਹੀਂ ਹੁੰਦਾ। ਇਸ ਕਾਰਨ ਅਨੇਕਾਂ ਅਧਿਆਪਕ ਸਮੇਂ ਸਿਰ ਹਾਜ਼ਰੀ ਦਰਜ ਨਹੀਂ ਕਰ ਪਾਉਂਦੇ।

## ਵਿਧਾਇਕ ਨੇ ਪੰਚਾਂ-ਸਰਪੰਚਾਂ ਨੂੰ ਵਿਕਾਸ ਕਾਰਜਾਂ ਲਈ 1 ਕਰੋੜ ਦੇ ਚੈੱਕ ਵੰਡੇ

**ਮੁਹਾਲੀ (ਗੁਰਜੀਤ ਬਿੱਲਾ)**- ਵਿਧਾਨ ਸਭਾ ਹਲਕਾ ਮੋਹਾਲੀ ਦੇ ਸਰਬਪੱਖੀ ਵਿਕਾਸ ਲਈ ਵਚਨਬੱਧਤਾ ਤਹਿਤ ਵਿਧਾਇਕ ਕੁਲਵੰਤ ਸਿੰਘ ਨੇ ਸੈਕਟਰ-79 ਸਥਿਤ ਆਪਣੇ ਦਫ਼ਤਰ ਵਿਖੇ ਜ਼ਿਲ੍ਹਾ ਯੋਜਨਾ ਬੋਰਡ ਦੀ ਚੇਅਰਪਰਸਨ ਇੰਜੀਨੀਅਰ ਪ੍ਰਭਜੋਤ ਕੌਰ ਦੀ ਹਾਜ਼ਰੀ ਵਿੱਚ,



ਪੰਚਾਂ ਅਤੇ ਸਰਪੰਚਾਂ ਨੂੰ ਵਿਕਾਸ ਕਾਰਜਾਂ ਲਈ ਕੁੱਲ 1 ਕਰੋੜ ਰੁਪਏ ਦੇ ਚੈੱਕ ਵੰਡੇ।ਇਹ ਰਕਮ ਪੀ ਐੱਮ 05-ਯੂਨਾਈਟਡ ਫੰਡਜ਼ ਆਫ ਡਿਸਟ੍ਰਿਕਟ ਪਲਾਨਿੰਗ ਕਮੇਟੀ ਦੀ ਸਪੈਸੀਫਿਕ ਸਕੀਮ ਤਹਿਤ ਸਾਲ 2025-26 ਲਈ ਜਾਰੀ ਕੀਤੀ ਗਈ ਹੈ।ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੋਹਾਲੀ ਹਲਕੇ ਵਿੱਚ ਵਿਕਾਸ ਕਾਰਜਾਂ ਲਈ ਫੰਡ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਹਲਕੇ ਵਿੱਚ ਵੱਡੇ ਪੱਧਰ 'ਤੇ ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ, ਸੜਕਾਂ ਦੀ ਮੁਰੰਮਤ ਕੀਤੀ ਜਾ ਰਹੀ ਹੈ ਅਤੇ ਸਕੂਲਾਂ ਵਿੱਚ ਨਵੇਂ ਕਮਰੇ ਬਣਾਏ ਜਾ ਰਹੇ ਹਨ। ਇਸ ਤੋਂ ਇਲਾਵਾ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਕਾਰਡ ਬਣਾਏ ਜਾ ਰਹੇ ਹਨ ਅਤੇ ਮਹਿਲਾਵਾਂ ਲਈ ਵੱਖ-ਵੱਖ ਸਕੀਮਾਂ ਦੀ ਰਜਿਸਟ੍ਰੇਸ਼ਨ ਵੀ ਜਾਰੀ ਹੈ।

## ਹਾਈ ਕੋਰਟ ਵੱਲੋਂ ਜੂਨ ਤੱਕ ਡੀ ਏ ਬਕਾਇਆ ਜਾਰੀ ਕਰਨ ਦੇ ਹੁਕਮਾਂ ਦਾ ਸਵਾਗਤ : ਸਿੱਧੂ



ਮੋਹਾਲੀ (ਗੁਰਜੀਤ ਬਿੱਲਾ)- ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਪੰਜਾਬ ਸਰਕਾਰ ਨੂੰ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਬਕਾਇਆ ਮਹਿੰਗਾਈ ਭੱਤਾ (41) ਨੂੰ ਜੂਨ ਤੱਕ ਜਾਰੀ ਕਰਨ ਦੇ ਹੁਕਮਾਂ ਦਾ ਸਵਾਗਤ ਕੀਤਾ। ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਇਹ ਫੈਸਲਾ ਪੰਜਾਬ ਸਰਕਾਰ ਦੀ ਨਾਕਾਮੀ ਦਾ ਸਪਸ਼ਟ ਸਬੂਤ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਤੁਰੰਤ ਹਾਈ ਕੋਰਟ ਦੇ ਹੁਕਮਾਂ ਦੀ ਪੂਰੀ ਤਰ੍ਹਾਂ ਪਾਲਣਾ ਕਰੇ, ਸਾਰੇ ਬਕਾਇਆ ਰਕਮ ਬਿਨਾਂ ਕਿਸੇ ਹੋਰ ਦੇਰੀ ਦੇ ਜਾਰੀ ਕਰੇ।

## ਵਿਸ਼ਵ ਸਿਹਤ ਦਿਵਸ ਮੌਕੇ ਆਰ ਬੀ ਯੂ 'ਚ ਵਾਕਾਥਨ ਕਰਵਾਇਆ




**ਚੰਡੀਗੜ੍ਹ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ ਦੇ ਐਨ ਐੱਸ ਐੱਸ ਵਿਭਾਗ ਵੱਲੋਂ ਵਿਸ਼ਵ ਸਿਹਤ ਦਿਵਸ ਦੇ ਮੌਕੇ 'ਤੇ ਕਲੀਅਰ ਮੈਡੀ ਬਾਹਰਾ ਹੈਲਥਕੇਅਰ ਹਸਪਤਾਲ ਦੇ ਸਹਿਯੋਗ ਨਾਲ ਇੱਕ ਵਾਕਾਥਨ ਦਾ ਆਯੋਜਨ ਕੀਤਾ ਗਿਆ। ਇਸ ਉਪਰਾਲੇ ਦਾ ਮੁੱਖ ਉਦੇਸ਼ ਲੋਕਾਂ ਵਿੱਚ ਸਿਹਤ ਅਤੇ ਤੰਦਰੁਸਤੀ ਪ੍ਰਤੀ ਜਾਗਰੂਕਤਾ ਫੈਲਾਉਣਾ ਅਤੇ ਸਿਹਤਮੰਦ ਜੀਵਨ ਸ਼ੈਲੀ ਨੂੰ ਉਤਸ਼ਾਹਿਤ ਕਰਨਾ ਸੀ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਆਰਬੀਯੂ ਦੇ ਡਾਇਰੈਕਟਰ ਐਨ ਐੱਸ ਐੱਸ ਪ੍ਰੋ. ਏ ਐੱਸ ਚਾਹਲ ਨੇ ਦੱਸਿਆ ਕਿ ਐੱਨ ਐੱਸ ਐੱਸ ਵਲੰਟੀਅਰਾਂ ਨੇ ਉਤਸ਼ਾਹ ਨਾਲ ਇਸ ਵਾਕਾਥੌਨ ਵਿੱਚ ਭਾਗ ਲਿਆ ਤੇ ਲਗਭਗ 5 ਕਿਲੋਮੀਟਰ ਦੀ ਦੂਰੀ ਤੈਅ ਕੀਤੀ। ਉਨ੍ਹਾਂ ਕਿਹਾ ਕਿ ਇਹ ਰੈਲੀ ਨਿਯਮਿਤ ਨਿਯਮਤ ਸਰੀਰਕ ਗਤੀਵਿਧੀ ਅਤੇ ਸਮੁੱਚੀ ਤੰਦਰੁਸਤੀ ਦੇ ਮਹੱਤਵ ਨੂੰ ਉਜਾਗਰ ਕਰਨ ਲਈ ਇੱਕ ਪ੍ਰਭਾਵਸ਼ਾਲੀ ਮੰਚ ਸਾਬਤ ਹੋਈ।ਪ੍ਰੋਗਰਾਮ ਦੌਰਾਨ ਡਾਕਟਰੀ ਮਾਹਿਰਾਂ ਵੱਲੋਂ ਸਿਹਤ ਸੰਬੰਧੀ ਜਾਗਰੂਕਤਾ ਭਾਸ਼ਣ ਵੀ ਦਿੱਤਾ ਗਿਆ, ਜਿਸ ਵਿੱਚ ਸਰੀਰਕ ਤੰਦਰੁਸਤੀ ਬਣਾਈ ਰੱਖਣ ਅਤੇ ਜੀਵਨ ਸ਼ੈਲੀ ਨਾਲ ਸਬੰਧਤ ਬਿਮਾਰੀਆਂ ਨੂੰ ਰੋਕਣ ਵਿੱਚ ਸੈਰ ਦੀ ਭੂਮਿਕਾ 'ਤੇ ਜ਼ੋਰ ਦਿੱਤਾ ਗਿਆ॥ ਉਨ੍ਹਾਂ ਨੇ ਜੀਵਨ ਸ਼ੈਲੀ ਨਾਲ ਜੁੜੀਆਂ ਬਿਮਾਰੀਆਂ ਤੋਂ ਬਚਾਅ ਲਈ ਨਿਯਮਿਤ ਕਸਰਤ ਅਤੇ ਸਿਹਤਮੰਦ ਆਦਤਾਂ ਅਪਣਾਉਣ ਦੀ ਅਪੀਲ ਕੀਤੀ।ਇਸ ਮੌਕੇ ਕਲੀਅਰ ਮੈਡੀ ਬਾਹਰਾ ਹੈਲਥਕੇਅਰ (ਉੱਤਰੀ ਜ਼ੋਨ) ਦੇ ਕਲੱਸਟਰ ਹੈੱਡ ਵਿਵਾਨ ਸਿੰਘ ਗਿੱਲ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੇ।

## ਹਾਈ ਪਾਵਰਡ ਪਰਚੇਜ਼ ਕਮੇਟੀ ਦੀ ਮੀਟਿੰਗ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਸੂਬੇ ਵਿੱਚ ਵਿਕਾਸ ਕੰਮਾਂ ਨੂੰ ਹੋਰ ਵੱਧ ਗਤੀ ਦੇਣ ਦੀ ਦਿਸ਼ਾ ਵਿੱਚ ਵੱਡਾ ਕਦਮ ਚੁੱਕਦੇ ਹੋਏ ਵੱਖ-ਵੱਖ ਵਿਭਾਗਾਂ ਦੀ ਮਹਤੱਵਪੂਰਣ ਪ੍ਰੋਜੈਕਟਾਂ ਅਤੇ ਖਰੀਦ ਪ੍ਰਕ੍ਰਿਆਵਾਂ ਨੂੰ ਅੰਤਮ ਰੂਪ ਦਿੱਤਾ। ਇਹ ਫੈਸਲਾ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਹਰਿਆਣਾ ਨਿਵਾਸ ਵਿੱਚ ਆਯੋਜਿਤ ਹਾਈ ਪਾਵਰਡ ਪਰਚੇਜ਼ ਕਮੇਟੀ ਦੀ ਮੀਟਿੰਗ ਵਿੱਚ ਕੀਤਾ ਗਿਆ। ਮੀਟਿੰਗ ਵਿੱਚ ਹਰਿਆਣਾ ਪੁਲਿਸ ਹਾਊਸਿੰਗ ਕਾਰਪੋਰੇਸ਼ਨ, ਡੀ ਐੱਚ ਬੀ ਵੀ ਐੱਨ, ਐੱਚ ਐੱਸ ਆਈ ਆਈ ਡੀ ਸੀ, ਪੀ ਡਬਲਿਊ ਡੀ, ਹਰਿਆਣਾ ਏਗਰੋ ਇੰਡਸਟਰੀਜ਼ ਕਾਰਪਰੇਸ਼ਨ ਲਿਮਿਟੇਡ, ਡੀ ਐੱਮ ਈ ਆਰ, ਐੱਫ ਐੱਮ ਡੀ ਏ, ਜੀ ਐੱਮ ਡੀ ਏ, ਸਿੰਚਾਈ ਵਿਭਾਗ ਤੇ ਪੀ ਐੱਚ ਈ ਡੀ ਸਮੇਤ 10 ਤੋਂ ਵੱਧ ਵਿਭਾਗਾਂ ਦੇ ਵੱਖ-ਵੱਖ ਪ੍ਰੋਜੈਕਟਾਂ 'ਤੇ ਕਰੀਬ 1028 ਕਰੋੜ ਰੁਪਏ ਖਰਚ ਕਰਨ ਦੀ ਮਨਜ਼ੂਰੀ ਪ੍ਰਦਾਨ ਕੀਤੀ ਗਈ ਅਤੇ ਬੋਲੀਦਾਤਾਵਾਂ ਨਾਲ ਲੈਗੋਸਇਏਸ਼ਨ ਕਰ ਕੇ ਕਰੀਬ 96 ਕਰੋੜ ਰੁਪਏ ਦੀ ਬਚੱਤ ਕੀਤੀ ਗਈ। ਮੀਟਿੰਗ ਵਿੱਚ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸਰਕਾਰ ਦਾ ਮੁੱਖ ਉਦੇਸ਼ ਸੂਬਾਵਾਸੀਆਂ ਨੂੰ ਬਿਹਤਰ ਅਤੇ ਗੁਣਵੱਤਾਪੂਰਣ ਸਹੂਲਤਾਂ ਉਪਲਬਧ ਕਰਵਾਉਣਾ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਪ੍ਰੋਜੈਕਟਾਂ ਦੀ ਨਿਯਮਤ ਮਾਨੀਟਰਿੰਗ ਯਕੀਨੀ ਕਰਨ, ਤਾਂ ਜੋ ਕੰਮ ਨਿਰਧਾਰਿਤ ਸਮੇਂ ਸੀਮਾ ਵਿੱਚ ਅਤੇ ਗੁਣਵੱਤਾ ਮਾਨਕਾਂ ਅਨੁਰੂਪ ਪੂਰੇ ਹੋ ਸਕਣ। ਮੀਟਿੰਗ ਵਿੱਚ 11 ਮੀਟਰ ਲੰਬੇ ਪੀ ਸੀ ਸੀ ਪੋਲ, ਸਿੰਗਲ ਫੇਸ ਅਤੇ ਥ੍ਰੀ ਫੇਸ ਨੇਟ ਮੀਟਰ ਅਤੇ 25 ਕੇਵੀਏ ਟ੍ਰਾਂਸਫਾਰਮਰਾਂ ਦੀ ਖਰੀਦ ਪ੍ਰਕ੍ਰਿਆ ਨੂੰ ਅੰਤਮ ਰੂਪ ਦਿੱਤਾ ਗਿਆ। ਇਸ ਤੋਂ ਇਲਾਵਾ, ਹਰਿਆਣਾ ਏਗਰੋ ਇੰਡਸਟਰੀਜ਼ ਕਾਰਪੋਰੇਸ਼ਨ ਲਿਮਿਟੇਡ ਦੇ ਹਰ-ਹਿਤ ਰਿਟੇਲ ਪ੍ਰੋਜੈਕਟ ਦੇ ਤਹਿਤ ਪੂਰਕ ਪੋਸ਼ਣ ਪ੍ਰੋਗਰਾਮ ਦੇ ਲਈ 29 ਕਰੋੜ ਰੁਪਏ ਦੀ ਕਮੋਡਿਟੀ ਖਰੀਦ ਨੂੰ ਮੰਜ਼ੂਰੀ ਦਿੱਤੀ ਗਈ।

## ਸਾਲਾਨਾ ਮੇਲਾ ਮਨਾਇਆ



**ਅਲਾਵਲਪੁਰ (ਮਦਨ ਬੰਗੜ)**- ਇਲਾਕੇ ਦੇ ਪ੍ਰਸਿੱਧ ਧਾਰਮਿਕ ਅਸਥਾਨ ਦਰਬਾਰ ਸ਼ਾਹ ਨੂਰਾਨੀ ਮੀਰਾਂ ਦਾਤਾ ਸਰਕਾਰ ਵਿਖੇ ਸਾਲਾਨਾ ਮੇਲਾ ਸ਼ਰਧਾ, ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਮੇਲਾ ਸਮੂਹ ਸ਼ਾਹ ਨੂਰਾਨੀ ਦਰਬਾਰ ਕਮੇਟੀ ਅਤੇ ਸੰਗਤਾਂ ਦੇ ਸਹਿਯੋਗ ਨਾਲ ਦਰਬਾਰ ਦੇ ਮੁੱਖ ਸੇਵਾਦਾਰ ਅਤੇ ਗੱਦੀ ਨਸ਼ੀਨ ਸਾਂਈ ਧੰਨਵੰਤਰੀ ਦੀ ਦੇਖਰੇਖ ਹੇਠ ਕਰਵਾਇਆ ਗਿਆ।

ਮੇਲੇ ਦੌਰਾਨ ਵੱਖ-ਵੱਖ ਧਾਰਮਿਕ ਡੇਰਿਆਂ ਤੋਂ ਸੰਤ, ਮਹੰਤ ਤੇ ਮਹਾਂਪੁਰਸ਼ ਪਹੁੰਚੇ ਅਤੇ ਉਨ੍ਹਾਂ ਨੇ ਸੰਗਤਾਂ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਵੱਖ-ਵੱਖ ਫਨਕਾਰਾਂ ਨੇ ਆਪਣੀ ਕਲਾ ਰਾਹੀਂ ਹਾਜ਼ਰੀ ਲਗਵਾਈ । ਮੇਲੇ ਦੀ ਰੌਣਕ ਵਧਾਉਣ ਲਈ ਪੰਜਾਬ ਦੇ ਮਸ਼ਹੂਰ ਕਲਾਕਾਰ ਪਰਵੇਜ਼ ਆਲਮ ਨੇ ਕਵਾਲੀ ਰਾਹੀਂ ਸੂਫੀਆਨਾ ਰੰਗ ਪੇਸ਼ ਕੀਤਾ। ਇਸ ਤੋਂ ਇਲਾਵਾ ਗਾਇਕ ਕੁਮਾਰ ਰਾਜਨ (ਅਲਾਵਲਪੁਰ), ਗਾਇਕ ਉਂਕਾਰ ਸੰਧੂ ਅਤੇ ਗਾਇਕ ਵਿਨੈ ਕੁਮਾਰ ਨੇ ਵੀ ਆਪਣੀਆਂ ਪੇਸ਼ਕਾਰੀਆਂ ਨਾਲ ਸੰਗਤਾਂ ਨੂੰ ਮੋਹ ਲਿਆ। ਨਕਾਲ ਪਾਰਟੀ ਵੱਲੋਂ ਵਿਸ਼ੇਸ਼ ਪ੍ਰੋਗਰਾਮ ਪੇਸ਼ ਕੀਤਾ ਗਿਆ।ਮੇਲੇ ਦੌਰਾਨ ਦਰਬਾਰ ਵਿੱਚ ਆਈ ਹੋਈ ਸੰਗਤਾਂ ਲਈ ਚਾਹ-ਪਕੌੜੇ ਤੇ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਸਟੇਜ ਸੈਕਟਰੀ ਦੀ ਭੂਮਿਕਾ ਖਲੀ ਵੱਲੋਂ ਬਖੂਬੀ ਨਿਭਾਈ ਗਈ।

## ਸਾਂਝਾ ਕਿਸਾਨ ਮਜ਼ਦੂਰ ਮੋਰਚਾ ਦੀ ਮੀਟਿੰਗ

**ਪੋਜੇਵਾਲ/ਬਲਾਚੌਰ (ਰਾਮ ਲਾਲ/ਜਸਵਿੰਦਰ ਬੈਂਸ)**- ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਦੇ ਟੌਸਾ ਯੂਨਿਟ ਦੀ ਮੀਟਿੰਗ ਸਾਥੀ ਮਨੋਹਰ ਲਾਲ ਅਤੇ ਬੀਬੀ ਸ਼ਸ਼ੀ ਰਾਣਾ ਸਾਬਕਾ ਸਰਪੰਚ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿਚ ਹਵਾ ਪਾਣੀ ਦੇ ਪ੍ਰਦੂਸ਼ਣ, ਮਾਰੂ ਨਸ਼ੇ ਰੋਕਣ, ਸਰਕਾਰੀ ਵਿਦਿਆ ਅਤੇ ਸਿਹਤ ਸੇਵਾਵਾਂ ਤੇ ਖੁੱਲ ਕੇ ਵਿਚਾਰ



ਚਰਚਾ ਹੋਈ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸਾਥੀ ਕਰਨ ਸਿੰਘ ਰਾਣਾ ਸੁਬਾਈ ਜਨਲ ਸਕੱਤਰ ਨੇ ਕਿਹਾ ਕਿ ਉਪਰੋਕਤ ਮੁੱਦਿਆਂ ਤੋਂ ਇਲਾਵਾ ਬਲਾਚੌਰ ਹਲਕੇ ਵਿੱਚ ਗੈਰ ਕਾਨੂੰਨੀ ਮਾਈਨਿੰਗ, ਸਰਕਾਰੀ ਦਫਤਰਾਂ ਵਿੱਚ ਭਰਿਸ਼ਟਾਚਾਰ, ਕਾਨੂੰਨ ਦਾ ਰਾਜ, ਰੋਜ਼ਗਾਰ ਅਤੇ ਅਵਾਰਾ ਪਸ਼ੂਆਂ ਤੇ ਜੰਗਲੀ ਜਾਨਵਰਾਂ ਵੱਲੋਂ ਹੁੰਦਾ ਫਸਲੀ ਉਜਾੜਾ ਵੀ ਮੁੱਖ ਮੁੱਦੇ ਹਨ ਜਿਨਾਂ ਵੱਲ ਪਿਛਲੇ 20 ਸਾਲਾਂ ਤੋਂ ਸਰਕਾਰਾਂ ਨੇ ਧਿਆਨ ਨਹੀਂ ਦਿੱਤਾ। ਉਹਨਾਂ ਹਲਕਾ ਵਿਧਾਇਕ ਤੋਂ ਮੰਗ ਕੀਤੀ ਕਿ ਉਪਰੋਕਤ ਮੁੱਦਿਆਂ ਨੂੰ ਹੱਲ ਕਰਨ ਲਈ ਵਿਸ਼ੇਸ਼ ਧਿਆਨ ਦੇਣ।

## ਮਹਿੰਗਾਈ ਭੱਤਾ ਜਾਰੀ ਕਰਨ ਦੇ ਹੁਕਮ ਨਾਲ ਸਰਕਾਰੀ ਕਰਮਚਾਰੀਆਂ 'ਚ ਖੁਸ਼ੀ ਦੀ ਲਹਿਰ

**ਮੋਹਾਲੀ/ਫਗਵਾੜਾ (ਸੁਰਜੀਤ ਸੁਮਨ, ਡਾ. ਰਮਨ)**- ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵੱਲੋਂ ਪੰਜਾਬ ਸਰਕਾਰ ਨੂੰ ਕਰਮਚਾਰੀਆਂ ਅਤੇ ਪੈਨਸ਼ਨਰਾਂ ਦੇ ਬਕਾਇਆ ਮਹਿੰਗਾਈ ਭੱਤਾ (41) ਜੂਨ ਤੱਕ ਜਾਰੀ ਕਰਨ ਦੇ ਹੁਕਮਾਂ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਇਹ ਦੁੱਖਦਾਈ ਗੱਲ ਹੈ ਕਿ ਕਰਮਚਾਰੀਆਂ, ਜੋ ਰਾਜ ਦੀ ਪ੍ਰਸ਼ਾਸਕੀ ਮਸ਼ੀਨਰੀ ਦੀ ਰੀੜ ਦੀ ਹੱਡੀ ਹਨ, ਨੂੰ ਆਪਣੇ ਹੱਕਾਂ ਲਈ ਅਦਾਲਤਾਂ ਦਾ ਰੁਖ ਕਰਨਾ ਪਿਆ। ਉਨ੍ਹਾਂ ਕਿਹਾ ਕਿ ਸੀਨੀਅਰ ਅਧਿਕਾਰੀਆਂ ਤੇ ਹੇਠਲੇ ਦਰਜੇ ਦੇ ਕਰਮਚਾਰੀਆਂ ਵਿੱਚ ਡੀ ਏ ਦਰਾਂ ਦਾ ਅੰਤਰ ਭੇਦਭਾਵਪੂਰਣ ਹੈ। ਸਰਕਾਰ ਤੁਰੰਤ ਹਾਈ ਕੋਰਟ ਦੇ ਹੁਕਮਾਂ ਦੀ ਪੂਰੀ ਤਰ੍ਹਾਂ ਪਾਲਣਾ ਕਰੇ, ਸਾਰੇ ਬਕਾਇਆ ਰਕਮ ਬਿਨਾਂ ਕਿਸੇ ਹੋਰ ਦੇਰੀ ਦੇ ਜਾਰੀ ਕਰੇ।

## ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਦਿਲਜੋਤ ਦਾ ਸਫਲ ਇਲਾਜ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਸਿਹਤ ਯੋਜਨਾ ਦੀ ਸ਼ੁਰੂਆਤ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਸੀ ਕਿ ਇਲਾਜ ਬਾਰੇ ਸੋਚੋ, ਨਾ ਕਿ ਬਿੱਲ ਬਾਰੇ। ਸਰਕਾਰ ਤੁਹਾਡੇ ਇਲਾਜ ਦਾ ਖ਼ਰਚਾ ਚੁੱਕੇਗੀ। ਅਬੋਹਰ ਵਿੱਚ ਰਸ਼ਪ੍ਰੀਤ ਕੌਰ ਅਤੇ ਭਰਤ ਕੁਮਾਰ ਦੇ ਘਰ ਜੰਮੀ ਚਾਰ ਮਹੀਨੇ ਦੀ ਦਿਲਜੋਤ ਵਰਗੇ



ਪਰਵਾਰਾਂ ਲਈ ਇਹ ਸ਼ਬਦ ਬਹੁਤ ਮਾਇਨੇ ਰੱਖਦੇ ਹਨ।ਦਿਲਜੋਤ ਨੂੰ ਗੰਭੀਰ ਸੰਕਰਮਣ ਅਤੇ ਵੈਂਟ੍ਰਿਕੂਲਰ ਸੈਪਟਲ ਡਿਫੈਕਟ (ਦਿਲ ਵਿੱਚ ਛੇਦ) ਦੀ ਬੀਮਾਰੀ ਪਾਈ ਗਈ, ਜੋ ਜਨਮ ਤੋਂ ਪਹਿਲਾਂ ਹੀ ਵਿਕਸਿਤ ਹੋ ਜਾਂਦੀ ਹੈ। ਉਸ ਦੇ ਮਾਪੇ ਉਸ ਨੂੰ ਇਲਾਜ ਲਈ ਬਠਿੰਡਾ ਲੈ ਗਏ। ਗੰਭੀਰ ਇਲਾਜ ਦਾ ਖਰਚਾ ਬਹੁਤ ਵੱਧ ਸੀ, ਪਰ ਮੁੱਖ ਮੰਤਰੀ ਸਿਹਤ ਯੋਜਨਾ ਉਨ੍ਹਾਂ ਲਈ ਵਰਦਾਨ ਬਣ ਕੇ ਆਈ। ਦਿਲਜੋਤ ਨੂੰ ਵਿਸ਼ੇਸ਼ ਚਿਕਿਤਸਕ ਦੇਖਭਾਲ ਮਿਲੀ, ਜਿਸ ਵਿੱਚ 24 ਘੰਟੇ ਨਿਗਰਾਨੀ ਸ਼ਾਮਲ ਸੀ ਤੇ ਉਸ ਦੇ ਪਰਵਾਰ ਨੂੰ ਇੱਕ ਦਿਨ ਵੀ ਪੈਸਿਆਂ ਦੀ ਚਿੰਤਾ ਨਹੀਂ ਕਰਨੀ ਪਈ।ਭਰਤ ਕੁਮਾਰ, ਜੋ ਅਬੋਹਰ ਵਿੱਚ ਇੱਕ ਛੋਟਾ ਸੈਲੂਨ ਚਲਾਉਂਦੇ ਹਨ, ਨੇ ਕਿਹਾ ਕਿ ਉਸ ਨੂੰ ਡਾਕਟਰਾਂ ਵੱਲੋਂ ਇਹ ਦੱਸਿਆ ਗਿਆ ਸੀ ਕਿ ਉਨ੍ਹਾਂ ਦੀ ਧੀ ਦੇ ਦਿਲ ਵਿੱਚ ਛੇਦ ਹੈ। ਉਨ੍ਹਾਂ ਦੀ ਬੱਚੀ ਦਾ ਇਲਾਜ ਦੋ ਵੱਖ-ਵੱਖ ਹਸਪਤਾਲਾਂ ਵਿੱਚ ਹੋਇਆ ਤੇ ਸਿਹਤ ਕਾਰਡ ਹੇਠ 2.77 ਲੱਖ ਰੁਪਏ ਦਾ ਸਾਰਾ ਖਰਚਾ ਕਵਰ ਹੋ ਗਿਆ।

## ਖਾਲਸਾ ਏਡ ਵੱਲੋਂ 40 ਮਕਾਨਾਂ ਸਮੇਤ ਲਾਇਬ੍ਰੇਰੀਆਂ, ਸਿਲਾਈ ਸੈਂਟਰ ਦੇ ਨਿਰਮਾਣ ਦੀ ਸੇਵਾ ਜਾਰੀ

**ਫਾਜ਼ਿਲਕਾ** : ਫਾਜ਼ਿਲਕਾ ਦੇ ਪਿੰਡ ਸਲੇਮ ਸ਼ਾਹ ਵਿਖੇ ਸੰਤ ਗਰੀਬ ਦਾਸ ਦੇ ਪਵਿੱਤਰ ਅਸਥਾਨ 'ਤੇ ਧਾਰਮਿਕ ਸਮਾਗਮ ਤੇ ਸਲਾਨਾ ਫੰਕਸ਼ਨ ਦੌਰਾਨ ਖਾਲਸਾ ਏਡ ਦੀ ਟੀਮ ਅਤੇ ਖਾਲਸਾ ਏਡ ਦੇ ਸੀਨੀਅਰ ਮੈਂਬਰ ਲਖਵੀਰ ਸਿੰਘ (ਰਿਪਾ) ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਖਾਲਸਾ ਏਡ ਵੱਲੋਂ ਪਿਛਲੇ ਛੇ ਮਹੀਨਿਆਂ ਤੋਂ ਫਾਜ਼ਿਲਕਾ ਜ਼ਿਲ੍ਹੇ ਦੇ



ਪਿੰਡ ਮੁਹਾਰਜਮਸ਼ੇਰ, ਢਾਣੀ ਸੱਦਾ ਸਿੰਘ ਅਤੇ ਗੁਲਾਬਾ ਭੈਣੀ ਵਿੱਚ ਲਗਾਤਾਰ ਸੇਵਾ ਕਾਰਜ ਚੱਲ ਰਹੇ ਹਨ। ਹੜ੍ਹਾਂ ਦੀ ਮਾਰ ਨਾਲ ਪ੍ਰਭਾਵਿਤ ਹੋਏ ਪਰਵਾਰਾਂ ਦੀ ਮਦਦ ਲਈ ਲਗਭਗ 40 ਮਕਾਨ ਤਿਆਰ ਕਰਕੇ ਦਿੱਤੇ ਜਾ ਰਹੇ ਹਨ, ਤਾਂ ਜੋ ਉਹਨਾਂ ਨੂੰ ਮੁੜ ਆਪਣੇ ਪੈਰਾਂ 'ਤੇ ਖੜ੍ਹਾ ਕੀਤਾ ਜਾ ਸਕੇ। ਇਹ ਮਕਾਨ ਸਿਰਫ਼ ਛੱਤ ਹੀ ਨਹੀਂ, ਸਗੋਂ ਇੱਕ ਨਵੀਂ ਉਮੀਦ ਤੇ ਸੁਰੱਖਿਅਤ ਭਵਿੱਖ ਦਾ ਪ੍ਰਤੀਕ ਹਨ।ਇਸ ਤੋਂ ਇਲਾਵਾ, ਇਲਾਕੇ ਦੇ ਆਧਿਆਤਮਿਕ ਅਤੇ ਸਮਾਜਿਕ ਵਿਕਾਸ ਨੂੰ ਧਿਆਨ ਵਿੱਚ ਰੱਖਦਿਆਂ 3 ਗੁਰੂ ਘਰਾਂ ਦੇ ਨਿਰਮਾਣ ਦੀ ਸੇਵਾ ਵੀ ਜਾਰੀ ਹੈ। ਇਹ ਗੁਰੂ ਘਰ ਸੰਗਤ ਲਈ ਆਧਿਆਤਮਿਕ ਕੇਂਦਰ ਬਣਨ ਦੇ ਨਾਲ ਨਾਲ ਸਮਾਜਕ ਇਕਤਾ ਨੂੰ ਵੀ ਮਜ਼ਬੂਤ ਕਰਨਗੇ। ਸਿੱਖਿਆ ਅਤੇ ਰੋਜ਼ਗਾਰ ਨੂੰ ਪ੍ਰੋਤਸਾਹਿਤ ਕਰਨ ਲਈ ਖਾਲਸਾ ਏਡ ਵੱਲੋਂ 2 ਲਾਇਬ੍ਰੇਰੀਆਂ ਅਤੇ 2 ਸਿਲਾਈ ਸੈਂਟਰ ਵੀ ਬਣਾਏ ਜਾ ਰਹੇ ਹਨ। ਇਹ ਸਾਰੇ ਸੇਵਾ ਕਾਰਜ ਜ਼ਿਲ੍ਹਾ ਫ਼ਾਜ਼ਿਲਕਾ ਦੇ ਉਕਤ ਪਿੰਡਾਂ ਵਿੱਚ ਜਾਰੀ ਹਨ। ਸਥਾਨਕ ਵਾਸੀਆਂ ਨੇ ਖਾਲਸਾ ਏਡ ਦੇ ਇਸ ਉਪਰਾਲੇ ਦੀ ਖੂਬ ਸਰਾਹਨਾ ਕੀਤੀ ਤੇ ਕਿਹਾ ਕਿ ਇਹ ਸੇਵਾ ਕਾਰਜ ਉਨ੍ਹਾਂ ਦੀ ਜ਼ਿੰਦਗੀ ਵਿੱਚ ਵੱਡਾ ਬਦਲਾਅ ਲੈ ਕੇ ਆ ਰਹੇ ਹਨ। ਲੋਕਾਂ ਨੇ ਸੰਸਥਾ ਦਾ ਧੰਨਵਾਦ ਕਰਦੇ ਹੋਏ ਇਸ ਤਰ੍ਹਾਂ ਦੇ ਉਪਰਾਲਿਆਂ ਨੂੰ ਜਾਰੀ ਰੱਖਣ ਦੀ ਅਪੀਲ ਕੀਤੀ।ਇਸ ਸਾਰੇ ਪ੍ਰੋਜੈਕਟ ਬਾਰੇ ਜਾਣਕਾਰੀ ਦਿੰਦਿਆਂ ਖਾਲਸਾ ਏਡ ਦੇ ਸੀਨੀਅਰ ਮੈਂਬਰ ਲਖਵੀਰ ਸਿੰਘ (ਰਿਪਾ) ਨੇ ਦੱਸਿਆ ਕਿ ਮਨੁੱਖਤਾ ਦੀ ਸੇਵਾ ਹੀ ਸਾਡਾ ਸਭ ਤੋਂ ਵੱਡਾ ਧਰਮ ਹੈ।

## ਭਾਨ ਮਜਾਰਾ ਵਿਖੇ ਨਾਟਕਾਂ ਨੇ ਦਰਸ਼ਕ ਕੀਲੇ

**ਬੰਗਾ (ਅਵਤਾਰ ਕਲੇਰ)**- ਕਿਰਤੀ ਕਿਸਾਨ ਯੂਨੀਅਨ ਵੱਲੋਂ ਭਾਨ ਮਜਾਰਾ ਵਿਖੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ ਇਨਕਲਾਬੀ ਨਾਟਕ ਕਰਵਾਏ ਗਏ।ਇਹ ਨਾਟਕ ਭਗਤ ਸਿੰਘ ਅਤੇ ਬੁਟਕੇਸ਼ਵਰ ਦੱਤ ਵਲੋਂ 8 ਅਪ੍ਰੈਲ 1929 ਨੂੰ ਦਿੱਲੀ ਦੀ ਕੌਮੀ ਅਸੈਂਬਲੀ ਵਿੱਚ ਸੁੱਟੇ ਗਏ ਦਿਹਾੜੇ ਨੂੰ ਸਮਰਪਿਤ ਸਨ। ਲੋਕ ਕਲਾ ਮੰਚ ਮੰਡੀ ਮੁੱਲਾਂਪੁਰ ਨਾਟਕ ਟੀਮ ਵੱਲੋਂ ਸੁਰਿੰਦਰ ਸ਼ਰਮਾ ਦੀ ਨਿਰਦੇਸ਼ਨਾ ਹੇਠ ਦਵਿੰਦਰ ਦਮਨ ਦਾ ਲਿਖਿਆ ਨਾਟਕ 'ਛਿਪਣ ਤੋਂ ਪਹਿਲਾਂ' ਅਤੇ ਸੁਰਿੰਦਰ ਸ਼ਰਮਾ ਦਾ ਲਿਖਿਆ ਨਾਟਕ 'ਇਹ ਕੇਹੀ ਰੁਤ ਆਈ' ਪੇਸ਼ ਕੀਤੇ ਗਏ। ਛਿਪਣ ਤੋਂ ਪਹਿਲਾਂ ਸ਼ਹੀਦ ਭਗਤ ਸਿੰਘ ਦੇ ਜੇਲ ਦੇ ਦਿਨਾਂ ਨੂੰ ਦਰਸਾਉਂਦਾ ਹੈ ਜਦਕਿ ਇਹ



ਕੇਹੀ ਰੁੱਤ ਆਈ ਨਾਟਕ ਪੰਜਾਬ ਅੰਦਰ ਨਸ਼ਿਆਂ ਨਾਲ ਨੌਜਵਾਨੀ ਦੀ ਬਰਬਾਦੀ ਦੀ ਗੱਲ ਕਰਦਾ ਅਤੇ ਨਸ਼ਿਆਂ ਵਿਰੁੱਧ ਉੱਠ ਖਲੋਣ ਦਾ ਸੁਨੇਹਾ ਦਿੰਦਾ ਹੈ। ਇਹਨਾਂ ਨਾਟਕਾਂ ਦੀ ਪੇਸ਼ਕਾਰੀ ਵੀ ਬਹੁਤ ਵਧੀਆ ਸੀ ਜਿਸਨੇ ਦਰਸ਼ਕਾਂ ਨੂੰ ਆਪਣੇ ਨਾਲ ਨਾਲ ਤੋਰੀ ਰੱਖਿਆ। ਆਗੂਆਂ ਨੇ ਕਿਹਾ ਕਿ ਜਿਸ ਸਾਮਰਾਜਵਾਦ ਨੂੰ ਸ਼ਹੀਦ ਭਗਤ ਸਿੰਘ ਨੇ ਮੁਰਦਾਬਾਦ ਕਿਹਾ ਸੀ ਉਸ ਸਾਮਰਾਜਵਾਦ ਦਾ ਬਹੁਤ ਹੀ ਕਰੂਰ ਰੂਪ ਅੱਜ ਸਾਹਮਣੇ ਆ ਰਿਹਾ ਹੈ ਚਾਹੇ ਉਹ ਐਪਸਟੀਨ ਫਾਈਲਾਂ ਦੇ ਰੂਪ ਵਿੱਚ ਹੋਵੇ ਜਾਂ ਫਿਰ ਅਮਰੀਕਾ ਵੱਲੋਂ ਈਰਾਨ ਉੱਤੇ ਕੀਤੇ ਜਾ ਰਹੇ ਹਮਲਿਆਂ ਦੇ ਰੂਪ ਵਿੱਚ।ਇਸ ਮੌਕੇ ਅਲੀਸ਼ਾ ਕਾਠਗੜ੍ਹ ਨੇ ਇਨਕਲਾਬੀ ਗੀਤ ਪੇਸ਼ ਕੀਤੇ। ਮੰਚ ਸੰਚਾਲਨਾ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਨੇ ਕੀਤੀ।

## ਲਿਵਾਸਾ ਹਸਪਤਾਲ ਵੱਲੋਂ ਮੂਵਮੈਂਟ ਡਿਸਆਰਡਰ ਕਲੀਨਿਕ ਦੀ ਸ਼ੁਰੂਆਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਲਿਵਾਸਾ ਹਸਪਤਾਲ ਹੁਸ਼ਿਆਰਪੁਰ ਨੇ ਮੂਵਮੈਂਟ ਨਾਲ ਸਬੰਧਤ ਨਿਊਰੋਲੋਜੀਕਲ ਵਿਕਾਰਾਂ ਤੋਂ ਪੀੜਤ ਮਰੀਜ਼ਾਂ ਦੇ ਵਿਆਪਕ ਇਲਾਜ ਅਤੇ ਲੰਬੇ ਸਮੇਂ ਦੇ ਪ੍ਰਬੰਧਨ ਲਈ ਇੱਕ ਵਿਸ਼ੇਸ਼ ਮੂਵਮੈਂਟ ਡਿਸਆਰਡਰ ਕਲੀਨਿਕ ਦੀ ਸ਼ੁਰੂਆਤ ਦਾ ਐਲਾਨ ਕੀਤਾ। ਕਲੀਨਿਕ ਦੇ ਲਾਂਚ ਦੇ ਮੌਕੇ 'ਤੇ ਮੀਡੀਆ ਨਾਲ ਗੱਲ ਕਰਦੇ ਹੋਏ, ਸੀਨਅਰ ਸਲਾਹਕਾਰ ਡਾ. ਰਿਦੀਪ ਸੈਕੀਆ ਨੇ ਕਿਹਾ ਕਿ ਜਲਦੀ ਨਿਦਾਨ ਅਤੇ ਸਮੇਂ ਸਿਰ



ਦਖਲਅੰਦਾਜ਼ੀ ਮੂਵਮੈਂਟ ਨਾਲ ਸਬੰਧਤ ਨਿਊਰੋਲੋਜੀਕਲ ਵਿਕਾਰਾਂ ਦੇ ਪ੍ਰਭਾਵਸ਼ਾਲੀ ਪ੍ਰਬੰਧਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਡਾ. ਨੇਹਾ ਰਾਏ, ਸਲਾਹਕਾਰ-ਨਿਊਰੋਸਰਜਰੀ, ਲਿਵਾਸਾ ਹਸਪਤਾਲ, ਹੁਸ਼ਿਆਰਪੁਰ ਨੇ ਕਿਹਾ ਕਿ ਮੂਵਮੈਂਟ ਡਿਸਆਰਡਰ, ਨਿਊਰੋਲੋਜੀਕਲ ਸੰਬੰਧੀ ਸਥਿਤੀਆਂ ਦਾ ਇੱਕ ਸਮੂਹ ਹਨ ਜੋ ਮੂਵਮੈਂਟ ਅਤੇ ਸਪੀਡ ਦੀ ਗੁਣਵੱਤਾ ਨੂੰ ਪ੍ਰਭਾਵਤ ਕਰਦੇ ਹਨ। ਇਹਨਾਂ ਵਿੱਚ ਕੰਬਣੀ, ਡਾਇਸਟੋਨੀਆ ਅਤੇ ਪਾਰਕਿੰਸਨਸ ਬਿਮਾਰੀ ਵਰਗੀਆਂ ਸਥਿਤੀਆਂ ਸ਼ਾਮਲ ਹਨ, ਜੋ ਮਰੀਜ਼ ਦੀ ਆਜ਼ਾਦੀ ਅਤੇ ਜੀਵਨ ਦੀ ਗੁਣਵੱਤਾ ਨੂੰ ਮਹੱਤਵਪੂਰਨ ਤੌਰ 'ਤੇ ਪ੍ਰਭਾਵਤ ਕਰ ਸਕਦੀਆਂ ਹਨ। ਇਸ ਮੌਕੇ ਏ ਜੀ ਐਮ ਬਿਜਨਸ ਡਿਵੈਲਪਮੈਂਟ ਸੁਨੀਸ਼ ਤਾਂਗੜੀ ਨੇ ਕਿਹਾ ਕਿ ਕਲੀਨਿਕ ਦੀ ਇੱਕ ਮੁੱਖ ਵਿਸ਼ੇਸ਼ਤਾ ਪ੍ਰਗਤੀਸ਼ੀਲ ਨਿਊਰੋਲੋਜੀਕਲ ਸੰਬੰਧੀ ਵਿਕਾਰ, ਪਾਰਕਿੰਸਨਸ ਬਿਮਾਰੀ 'ਤੇ ਵਿਸ਼ੇਸ਼ ਧਿਆਨ ਕੇਂਦਰਿਤ ਕਰਨਾ ਹੈ।

## ਸੇਵਾ ਕੇਂਦਰ 'ਚ ਪ੍ਰਬੰਧਾਂ ਦੀ ਕਮੀ ਕਾਰਨ ਲੋਕ ਪਰੇਸ਼ਾਨ



**ਅਲਾਵਲਪੁਰ, (ਮਦਨ ਬੰਗੜ)**- ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਲਈ 1500 ਰੁਪਏ ਦੀ ਸਕੀਮ ਸੰਬੰਧੀ ਆਧਾਰ ਕਾਰਡ ਵਿੱਚ ਸੁਧਾਰ ਤੇ ਜਾਤੀ ਸਰਟੀਫਿਕੇਟ ਬਣਾਉਣ ਲਈ ਮਹਿਲਾਵਾਂ ਖੱਜਲ ਖੁਆਰ ਹੋ ਰਹੀਆਂ ਹਨ । ਅਲਾਵਲਪੁਰ ਦੇ ਸੇਵਾ ਕੇਂਦਰ ਵਿੱਚ ਪ੍ਰਬੰਧਾਂ ਦੀ ਕਮੀ ਸਾਹਮਣੇ ਆਈ ਹੈ। ਸਵੇਰੇ ਤੋਂ ਹੀ ਵੱਡੀ ਗਿਣਤੀ ਵਿੱਚ ਲੋਕ ਇਕੱਠੇ ਹੋ ਜਾਂਦੇ ਹਨ। ਜਾਣਕਾਰੀ ਮੁਤਾਬਕ ਲੋਕ ਸਵੇਰੇ 7 ਵਜੇ ਤੋਂ ਹੀ ਆਪਣੀ ਵਾਰੀ ਲਈ ਖੜੇ ਹੋ ਜਾਂਦੇ ਹਨ , ਪਰ ਸੇਵਾ ਕੇਂਦਰ ਦਾ ਕੰਮ ਸਵੇਰੇ 9 ਵਜੇ ਤੋਂ ਸ਼ੁਰੂ ਹੁੰਦਾ ਹੈ। ਇਸ ਕਾਰਨ ਲੋਕਾਂ ਨੂੰ ਕਰੀਬ ਦੋ ਘੰਟੇ ਤੱਕ ਇੰਤਜ਼ਾਰ ਕਰਨਾ ਪੈਂਦਾ ਹੈ, ਜਿਸ ਨਾਲ ਉਨ੍ਹਾਂ ਵਿੱਚ ਨਾਰਾਜ਼ਗੀ ਦੇਖਣ ਨੂੰ ਮਿਲੀ। ਮੌਕੇ 'ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਨਾ ਤਾਂ ਟੋਕਨ ਸਿਸਟਮ ਦੀ ਕੋਈ ਵਿਵਸਥਾ ਸਹੀ ਢੰਗ ਨਾਲ ਚੱਲ ਰਹੀ ਹੈ ਤੇ ਨਾ ਹੀ ਕਾਊਂਟਰਾਂ ਦੀ ਗਿਣਤੀ ਪੂਰੀ ਹੈ। ਭੀੜ ਕਾਰਨ ਮਹਿਲਾਵਾਂ ਤੇ ਬਜ਼ੁਰਗਾਂ ਨੂੰ ਵਧੇਰੇ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਲੋਕਾਂ ਨੇ ਮੰਗ ਕੀਤੀ ਕਿ ਸੇਵਾ ਕੇਂਦਰ ਸਮੇਂ 'ਤੇ ਖੋਲ੍ਹੇ ਜਾਣ, ਟੋਕਨ ਸਿਸਟਮ ਲਾਗੂ ਕੀਤਾ ਜਾਵੇ, ਹੋਰ ਕਾਊਂਟਰ ਵਧਾਏ ਜਾਣ ਤੇ ਪਿੰਡ ਪੱਧਰ 'ਤੇ ਵੀ ਕੈਂਪ ਲਗਾਏ ਜਾਣ ਤਾਂ ਜੋ ਭੀੜ ਘਟ ਸਕੇ।ਲੋਕਾਂ ਦਾ ਕਹਿਣਾ ਹੈ ਕਿ ਜੇਕਰ ਸਰਕਾਰ ਦੀਆਂ ਸਕੀਮਾਂ ਦਾ ਲਾਭ ਸਹੀ ਤਰੀਕੇ ਨਾਲ ਪਹੁੰਚਾਉਣਾ ਹੈ ਤਾਂ ਪ੍ਰਬੰਧਾਂ ਵਿੱਚ ਸੁਧਾਰ ਲਾਜ਼ਮੀ ਹੈ, ਨਹੀਂ ਤਾਂ ਆਮ ਲੋਕਾਂ ਨੂੰ ਇਸ ਤਰ੍ਹਾਂ ਦੀਆਂ ਪਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈਂਦਾ ਰਹੇਗਾ।

## ਜਲਾਲਪੁਰ ਵੱਲੋਂ ਖੇਡ ਮੈਦਾਨ ਲਈ 1.50 ਲੱਖ ਦੀ ਗਰਾਂਟ ਜਾਰੀ

ਬਲਾਚੌਰ (ਜਸਵਿੰਦਰ ਬੈਂਸ)- ਸਰਕਾਰ ਵੱਲੋਂ ਪਿੰਡਾਂ ਦੇ ਸਰਵਪੱਖੀ ਵਿਕਾਸ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਦੀ ਮੁਹਿੰਮ ਤਹਿਤ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸਤਨਾਮ ਸਿੰਘ ਜਲਾਲਪੁਰ ਨੇ ਪਿੰਡ ਸਿੰਘਪੁਰ ਦਾ ਵਿਸ਼ੇਸ਼ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਪਿੰਡ ਵਿੱਚ ਖੇਡ ਮੈਦਾਨ ਦੀ ਉਸਾਰੀ ਅਤੇ ਸਾਂਭ-ਸੰਭਾਲ ਲਈ ਡੇਢ ਲੱਖ ਰੁਪਏ ਦੀ ਵਿਸ਼ੇਸ਼ ਗਰਾਂਟ ਦਾ ਚੈੱਕ ਪੰਚਾਇਤ ਨੂੰ ਸੌਂਪਿਆ।ਇਸ ਮੌਕੇ ਉਨ੍ਹਾਂ ਦੇ ਨਾਲ ਮਾਰਕੀਟ ਕਮੇਟੀ ਦੇ ਚੇਅਰਮੈਨ ਸੇਠੀ ਉਦਨੋਵਾਲ ਅਤੇ ਆਮ ਆਦਮੀ ਪਾਰਟੀ ਦੇ ਯੂਥ ਆਗੂ ਪ੍ਰਿੰਸ ਚੌਧਰੀ



ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਗਰਾਂਟ ਸੌਂਪਣ ਮੌਕੇ ਚੇਅਰਮੈਨ ਸਤਨਾਮ ਜਲਾਲਪੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਦਾ ਮੁੱਖ ਮਕਸਦ ਪੰਜਾਬ ਦੇ ਗੱਭਰੂਆਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਖੇਡ ਮੈਦਾਨਾਂ ਵੱਲ ਮੋੜਨਾ ਹੈ। ਪਿੰਡ ਦੀ ਪੰਚਾਇਤ ਅਤੇ ਇਲਾਕਾ ਨਿਵਾਸੀਆਂ ਨੇ ਚੇਅਰਮੈਨ ਜਲਾਲਪੁਰ ਦਾ ਨਿੱਘਾ ਸਵਾਗਤ ਕੀਤਾ ਤੇ ਧੰਨਵਾਦ ਕੀਤਾ। ਪ੍ਰੋਗਰਾਮ ਦੌਰਾਨ ਸਰਪੰਚ ਰੂਪ ਲਾਲ, ਕਬੱਡੀ ਪ੍ਰਮੋਟਰ ਓਮੀ ਸਿੰਘਪੁਰ, ਮਦਨ ਲਾਲ ਚੇਚੀ, ਸ਼ੀਸ਼ਨਪਾਲ ਬਿੱਟੂ, ਕੈਪਟਨ ਅਮਰ ਚੰਦ, ਨੰਦ ਲਾਲ, ਅੱਛਰ ਰਾਮ, ਸ਼ਿੰਦਾ ਠੇਕੇਦਾਰ, ਉਕਾਰ ਖੇਪੜ, ਲੱਕੀ ਪ੍ਰਧਾਨ, ਜਸਵੀਰ ਕਾਕੂ, ਭਿੰਦਰ ਠੇਕੇਦਾਰ ਅਤੇ ਰੋਹਿਤ ਫੌਜੀ ਸਮੇਤ ਭਾਰੀ ਗਿਣਤੀ ਵਿੱਚ ਪਿੰਡ ਵਾਸੀ ਅਤੇ ਪਾਰਟੀ ਵਰਕਰ ਹਾਜ਼ਰ ਸਨ।

## ਕੇਂਦਰ ਸਰਕਾਰ ਮਹਿਲਾ ਸਸ਼ਕਤੀਕਰਨ ਤੇ ਆਰਥਿਕ ਵਿਕਾਸ ਲਈ ਕਰ ਰਹੀ ਕੰਮ : ਨਾਇਬ ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਵੱਖ-ਵੱਖ ਸਮਾਜਿਕ ਸੁਰੱਖਿਆ ਯੋਜਨਾਵਾਂ ਤਹਿਤ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਡੀ ਬੀ ਟੀ ਰਾਹੀਂ 1665 ਕਰੋੜ 25 ਲੱਖ ਰੁਪਏ ਦੀ ਰਕਮ ਸਿੱਧੀ ਟ੍ਰਾਂਸਫਰ ਕੀਤੀ ਹੈ। ਇਸ ਵਿੱਚ 'ਦੀਨ ਦਿਆਲ ਲਾਡੋ ਲਕਸ਼ਮੀ' ਯੋਜਨਾ, 15 ਤਰ੍ਹਾਂ ਦੀਆਂ ਸਮਾਜਿਕ ਸੁਰੱਖਿਆ ਪੈਨਸ਼ਨ ਯੋਜਨਾ, ਦਿਆਲੂ ਯੋਜਨਾ ਅਤੇ ਅਨੁਸੂਚਿਤ ਜਾਤੀ ਵਰਗ ਦੇ ਕਿਸਾਨਾਂ ਨੂੰ ਟਰੈਕਟਰ ਸਬਸਿਡੀ ਸ਼ਾਮਲ ਹਨ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਹਰਿਆਣਾ ਨਿਵਾਸ ਵਿਖੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਸੰਕਲਪ ਅਨੁਸਾਰ ਡਬਲ ਇੰਜਣ ਵਾਲੀ ਸਰਕਾਰ ਮਹਿਲਾ ਸਸ਼ਕਤੀਕਰਨ ਤੇ ਉਨ੍ਹਾਂ ਦੇ ਆਰਥਿਕ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ। ਇਸ ਦੌਰਾਨ ਸਮਾਜਿਕ ਨਿਆਂ ਅਤੇ ਅਧਿਕਾਰਤਾ ਮੰਤਰੀ ਕ੍ਰਿਸ਼ਨ ਕੁਮਾਰ ਬੇਦੀ ਵੀ ਮੌਜੂਦ ਸਨ।ਉਨ੍ਹਾਂ ਦੱਸਿਆ ਕਿ ਦੀਨ ਦਿਆਲ ਲਾਡੋ ਲੱਛਮੀ ਯੋਜਨਾ ਦੀ ਛੇਵੀਂ ਕਿਸ਼ਤ ਜਾਰੀ ਕੀਤੀ ਗਈ ਹੈ। ਇਸ ਯੋਜਨਾ ਤਹਿਤ 9 ਲੱਖ 68 ਹਜ਼ਾਰ ਲਾਭਪਾਤਰੀ ਔਰਤਾਂ ਦੇ ਖਾਤਿਆਂ ਵਿੱਚ 203 ਕਰੋੜ 28 ਲੱਖ ਰੁਪਏ ਦੀ ਰਕਮ ਪਾਈ ਗਈ ਹੈ। ਇਸ ਨੂੰ ਮਿਲਾ ਕੇ ਹੁਣ ਤੱਕ 6 ਕਿਸ਼ਤਾਂ ਵਿੱਚ 1,038 ਕਰੋੜ 5 ਲੱਖ ਰੁਪਏ ਦੀ ਰਕਮ ਜਾਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਬਜਟ ਵਿੱਚ ਲਾਡੋ ਲਕਸ਼ਮੀ ਯੋਜਨਾ ਲਈ 6 ਹਜ਼ਾਰ 500 ਕਰੋੜ ਰੁਪਏ ਦਾ ਪ੍ਰਬੰਧ ਵੀ ਕੀਤਾ ਗਿਆ ਹੈ।ਮੁੱਖ ਮੰਤਰੀ ਨੇ ਕਿਹਾ ਕਿ 15 ਤਰ੍ਹਾਂ ਦੀਆਂ ਸਮਾਜਿਕ ਸੁਰੱਖਿਆ ਪੈਨਸ਼ਨ ਯੋਜਨਾਵਾਂ ਤਹਿਤ 1144 ਕਰੋੜ 55 ਲੱਖ ਰੁਪਏ ਦੀ ਰਕਮ ਸਿੱਧੀ 35 ਲੱਖ 55 ਹਜ਼ਾਰ 187 ਲਾਭਪਾਤਰੀਆਂ ਦੇ ਖਾਤਿਆਂ ਵਿੱਚ ਪਾਈ ਗਈ ਹੈ। ਇਨ੍ਹਾਂ ਵਿੱਚ ਬੁਢਾਪਾ ਸਨਮਾਨ ਭੱਤਾ, ਦਿਵਿਆਂਗਜਨ ਭੱਤਾ ਅਤੇ ਹੋਰ ਸਮਾਜਿਕ ਸੁਰੱਖਿਆ ਪੈਨਸ਼ਨਾਂ ਸ਼ਾਮਲ ਹਨ।

## ਵਿਧਾਇਕ ਨੇ ਗਡਕਰੀ ਨੂੰ ਕਲਸੀ ਨਗਰ ਦੀ ਸਮੱਸਿਆ ਹੱਲ ਕਰਨ ਲਈ ਦਿੱਤਾ ਮੰਗ ਪੱਤਰ



**ਫਿਲੌਰ (ਨਿਰਮਲ)**- ਹਲਕਾ ਫਿਲੌਰ ਤੇ ਵਿਧਾਇਕ ਬਿਕਰਮਜੀਤ ਸਿੰਘ ਚੌਧਰੀ ਨੇ ਨਵੀਂ ਦਿੱਲੀ ਵਿੱਚ ਭਾਰਤ ਸਰਕਾਰ ਦੇ ਸੜਕ ਪਰਿਵਹਨ ਅਤੇ ਰਾਜਮਾਰਗ ਮੰਤਰਾਲੇ ਦੇ ਸਕੱਤਰ ਵੀ ਉਮਾ ਸ਼ੰਕਰ ਨਾਲ ਮੁਲਾਕਾਤ ਕਰਕੇ ਫਿਲੌਰ ਦੇ ਕਲਸੀ ਨਗਰ ਵਿੱਚ ਹੋ ਰਹੀ ਤੋੜਫੋੜ ਦੇ ਮਾਮਲੇ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ।ਵਿਧਾਇਕ ਨੇ ਪ੍ਰਭਾਵਿਤ ਪਰਿਵਾਰਾਂ ਦੀ ਚਿੰਤਾ ਪ੍ਰਗਟਾਉਂਦੇ ਹੋਏ ਕੇਂਦਰੀ ਮੰਤਰੀ ਨਿਤਿਨ ਗਡਕਰੀ ਨੂੰ ਸੰਬੋਧਿਤ ਇਕ ਮੰਗ ਪੱਤਰ ਵੀ ਸਕੱਤਰ ਨੂੰ ਸੌਂਪਿਆ ਅਤੇ ਇਸ ਮਾਮਲੇ ਵਿੱਚ ਤੁਰੰਤ ਅਤੇ ਮਨੁੱਖੀ ਦ੍ਰਿਸ਼ਟੀਕੋਣ ਨਾਲ ਹੱਲ ਦੀ ਮੰਗ ਕੀਤੀ।ਵਿਕਰਮਜੀਤ ਸਿੰਘ ਚੌਧਰੀ ਨੇ ਕਲਸੀ ਨਗਰ ਦੇ ਵਸਨੀਕਾਂ ਦੇ ਘਰਾਂ ਤੇ ਰੋਜ਼ਗਾਰ ਦੀ ਰੱਖਿਆ ਲਈ ਆਪਣੀ ਪੂਰੀ ਵਚਨਬੱਧਤਾ ਦੁਹਰਾਈ ਅਤੇ ਨਿਆਂਸੰਗਤ ਹੱਲ ਤੱਕ ਉਨ੍ਹਾਂ ਦੇ ਨਾਲ ਖੜ੍ਹੇ ਰਹਿਣ ਦਾ ਭਰੋਸਾ ਦਿੱਤਾ।

## ਗਾਇਕ ਨੀਲ ਕਮਲ ਨੂੰ ਸਦਮਾ, ਮਾਤਾ ਦਾ ਦਿਹਾਂਤ



**ਮਾਹਿਲਪੁਰ (ਸ਼ਫਰੀ)**- ਮਾਹਿਲਪੁਰ ਨਿਵਾਸੀ ਮਸ਼ਹੂਰ ਗਾਇਕ ਨੀਲ ਕਮਲ ਮਾਹਿਲਪੁਰੀ ਦੀ ਮਾਤਾ ਪ੍ਰਛਿੰਨੀ ਪਤਨੀ ਰਾਮ ਆਸਰਾ ਵਾਸੀ ਮਾਹਿਲਪੁਰ 7 ਅਪ੍ਰੈਲ ਨੂੰ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਪ੍ਰਭੂ ਚਰਨਾਂ ਵਿੱਚ ਜਾ ਬਿਰਾਜੇ ਹਨ। ਉਹਨਾਂ ਦੀ ਉਮਰ 88 ਸਾਲ ਦੀ ਸੀ। ਉਹਨਾਂ ਦੇ ਦੋ ਲੜਕੇ ਅਤੇ ਦੋ ਲੜਕੀਆਂ ਹਨ ਜੋ ਅਮਰੀਕਾ ਵਿੱਚ ਸੈਟਲ ਹਨ। ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਪਾਠ ਦਾ ਭੋਗ 13 ਅਪ੍ਰੈਲ ਨੂੰ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਮਾਹਿਲਪੁਰ ਵਿਖੇ ਪਾਇਆ ਜਾਵੇਗਾ। ਉਹਨਾਂ ਦੇ ਅਕਾਲ ਚਲਾਣੇ ਨਾਲ ਇਲਾਕੇ ਦੀਆਂ ਧਾਰਮਿਕ ਅਤੇ ਰਾਜਨੀਤਿਕ ਸ਼ਖ਼ਸ਼ੀਅਤਾਂ ਵਿੱਚ ਸੋਗ ਦੀ ਲਹਿਰ ਹੈ।

## ਸ਼੍ਰੋਮਣੀ ਰਾਗੀ ਗ੍ਰੰਥੀ ਸਭਾ ਚੋਣ, ਭਾਈ ਸਵਰਨ ਸਿੰਘ ਸੂਬਾ ਪ੍ਰਧਾਨ ਬਣੇ



**ਮੋਗਾ (ਇਕਬਾਲ ਸਿੰਘ ਖਹਿਰਾ)**-ਸ਼੍ਰੋਮਣੀ ਰਾਗੀ ਗ੍ਰੰਥੀ ਸਭਾ ਪੰਜਾਬ ਜ਼ਿਲ੍ਹਾ ਮੋਗਾ ਦੀ ਚੋਣ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਦੱਤ ਰੋਡ ਮੋਗਾ ਵਿਖੇ ਹੋਈ, ਜਿਸ ਵਿੱਚ ਸਰਬਸੰਮਤੀ ਨਾਲ ਪੰਜਾਬ ਪ੍ਰਧਾਨ ਭਾਈ ਸਵਰਨ ਸਿੰਘ, ਜ਼ਿਲ੍ਹਾ ਪ੍ਰਧਾਨ ਗਿਆਨੀ ਸੁਖਵੰਤ ਸਿੰਘ ਕਥਾਵਾਚਕ, ਸ਼ਹਿਰੀ ਪ੍ਰਧਾਨ ਭਾਈ ਇਕਬਾਲ ਸਿੰਘ ਬੁੱਟਰ, ਪ੍ਰੈੱਸ ਸਕੱਤਰ ਭਾਈ ਹਰਜਿੰਦਰ ਸਿੰਘ ਬੱਡੂਵਾਲੀਆ, ਜਨਰਲ ਸਕੱਤਰ ਭਾਈ ਮੰਗਲ ਸਿੰਘ, ਸੀਨੀਅਰ ਮੀਤ ਪ੍ਰਧਾਨ ਭਾਈ ਹਰਜੀਤ ਸਿੰਘ, ਚੇਅਰਮੈਨ ਭਾਈ ਜਗਦੀਪ ਸਿੰਘ ਲੰਗੇਆਣਾ, ਸਟੇਜ ਸੈਕਟਰੀ ਭਾਈ ਸ਼ਿੰਦਰ ਸਿੰਘ, ਮੁੱਖ ਸਲਾਹਕਾਰ ਭਾਈ ਵਜ਼ੀਰ ਸਿੰਘ, ਮੁੱਖ ਬੁਲਾਰਾ ਭਾਈ ਪਰਮਵੀਰ ਸਿੰਘ ਗੋਰਾ, ਖਜ਼ਾਨਚੀ ਭਾਈ ਸੰਤੋਖ ਸਿੰਘ ਰਤਨ, ਵਾਈਸ ਪੰਜਾਬ ਪ੍ਰਧਾਨ ਭਾਈ ਜਗਸੀਰ ਸਿੰਘ, ਜ਼ਿਲ੍ਹਾ ਮੀਤ ਪ੍ਰਧਾਨ ਭਾਈ ਗੁਰਸੇਵਕ ਸਿੰਘ ਨੱਥੂਵਾਲਾ, ਵਾਈਸ ਚੇਅਰਮੈਨ ਭਾਈ ਜਸਵਿੰਦਰ ਸਿੰਘ ਬਾਘਾ ਪੁਰਾਣਾ, ਵਾਈਸ ਸ਼ਹਿਰੀ ਪ੍ਰਧਾਨ ਭਾਈ ਰਣਵੀਰ ਸਿੰਘ ਖੋਸਾ, ਵਾਈਸ ਜਨਰਲ ਸਕੱਤਰ ਭਾਈ ਪਤਵਿੰਦਰ ਸਿੰਘ ਬੁੱਕਣ ਵਾਲਾ, ਸਲਾਹਕਾਰ ਭਾਈ ਹਰਚਰਨ ਸਿੰਘ, ਸਹਾਇਕ ਸਲਾਹਕਾਰ ਭਾਈ ਬਲਵੀਰ ਸਿੰਘ, ਵਾਈਸ ਸਕੱਤਰ ਭਾਈ ਜਸਵੀਰ ਸਿੰਘ, ਬਾਬਾ ਬਚਨ ਸਿੰਘ ਸਹਾਇਕ ਸਕੱਤਰ ਚੁਣੇ ਗਏ। ਇਹ ਚੋਣ ਅਗਲੇ 2 ਸਾਲ ਵਾਸਤੇ ਕੀਤੀ ਗਈ।ਚੁਣੇ ਗਏ ਅਹੁਦੇਦਾਰਾਂ ਨੇ ਆਪੋ ਆਪਣੇ ਅਹੁਦਿਆਂ ਤੋਂ ਜ਼ਿੰਮੇਵਾਰੀ ਨਾਲ ਸੇਵਾਵਾਂ ਨਿਭਾਉਣ ਦਾ ਪ੍ਰਣ ਲਿਆ।ਆਗੂਆਂ ਨੇ ਦੱਸਿਆ ਕਿ ਚੁਣੇ ਗਏ ਅਹੁਦੇਦਾਰਾਂ ਤੇ ਸਮੂਹ ਮੈਂਬਰਾਂ ਦੇ ਆਈ ਕਾਰਡ ਬਣਾ ਕੇ ਦਿੱਤੇ ਜਾਣਗੇ।ਉਨ੍ਹਾਂ ਮੈਂਬਰਾਂ ਨੂੰ ਅਪੀਲ ਕੀਤੀ ਕਿ ਆਪਣੀ ਫੋਟੋ ਤੇ ਅਧਾਰ ਕਾਰਡ ਅਤੇ ਆਪਣਾ ਸਾਲਾਨਾ ਫੰਡ ਸਭਾ ਕੋਲ ਜਮ੍ਹਾਂ ਕਰਵਾਉਣ ਦੀ ਕਿਰਪਾਲਤਾ ਕਰਨ।

# ਸ਼ੁਤਰਾਣਾ 'ਚ 1.45 ਕਰੋੜ ਰੁਪਏ ਦੇ ਸਿੰਚਾਈ ਪ੍ਰਾਜੈਕਟ ਲੋਕ ਅਰਪਣ

■ ਨਹਿਰੀ ਪਾਣੀ ਟੇਲਾਂ ਤੱਕ ਪੁੱਜਦਾ ਕਰਨਾ ਸਰਕਾਰ ਦਾ ਮਕਸਦ : ਬਰਿੰਦਰ ਗੋਇਲ ■ ਭਗਵੰਤ ਮਾਨ ਸਰਕਾਰ ਨੇ ਫੜੀ ਹਲਕੇ ਦੇ ਲੋਕਾਂ ਦੀ ਬਾਂਹ : ਕੁਲਵੰਤ ਸਿੰਘ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸੂਬੇ ਦੇ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਸ਼ੁਤਰਾਣਾ ਹਲਕੇ ਦੇ ਕਿਸਾਨਾਂ ਨੂੰ ਵੱਡਾ ਤੋਹਫ਼ਾ ਦਿੰਦਿਆਂ ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਦੇ ਨਾਲ 1.45 ਕਰੋੜ ਰੁਪਏ ਦੇ ਸਿੰਚਾਈ ਪ੍ਰਾਜੈਕਟ ਲੋਕ ਅਰਪਣ ਕੀਤੇ।ਇਸ ਦੌਰਾਨ ਉਨ੍ਹਾਂ ਹਲਕੇ ਦੇ ਪਿੰਡ ਕੱਲਰ ਭੈਣੀ ਵਿਖੇ 11.87 ਲੱਖ ਰੁਪਏ ਦੀ ਲਾਗਤ ਨਾਲ ਛੱਪੜ ਤੋਂ ਸੋਲਰ ਮੋਟਰ ਰਾਹੀਂ ਸਾਂਝਾ ਜ਼ਮੀਨ ਦੋਜ ਨਾਲੀਆਂ ਰਾਹੀਂ ਸਿੰਚਾਈ ਦੇ ਪ੍ਰੋਜੈਕਟ ਦਾ ਉਦਘਾਟਨ ਕਰਨ ਦੇ ਨਾਲ ਨਾਲ ਪਿੰਡ ਸਧਾਰਨਪੁਰ ਵਿਖੇ 1 ਕਰੋੜ 33.20 ਲੱਖ ਰੁਪਏ ਦੀ ਲਾਗਤ ਵਾਲੇ ਨਹਿਰੀ ਪਾਣੀ ਦੀ ਸੁਚੱਜੀ ਵਰਤੋਂ ਲਈ ਨਹਿਰੀ ਮੋਘਾ (10500 ਖੱਬਾ ਪਾਸਾ) ਤੋਂ ਨਵੇਂ ਉਸਾਰੀ ਕੀਤੇ ਜਾਣ ਵਾਲੇ ਸਾਂਝੇ ਜ਼ਮੀਨ ਦੋਜ਼ ਨਾਲੀਆਂ ਨਾਲ ਸਿੰਚਾਈ ਪ੍ਰਾਜੈਕਟ ਦਾ ਨੀਂਹ ਪੱਥਰ ਵੀ ਰੱਖਿਆ ਹੈ।ਵਿਕਾਸ ਕਾਰਜ ਲੋਕ ਅਰਪਣ ਕਰਨ ਉਪਰੰਤ ਗੱਲਬਾਤ ਦੌਰਾਨ ਜਲ ਸਰੋਤ ਮੰਤਰੀ ਬਰਿੰਦਰ ਗੋਇਲ ਨੇ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਨਾਲ ਕਿਸਾਨਾਂ ਦੀ ਫਸਲ ਦੀ ਪੈਦਾਵਾਰ ਵਿੱਚ ਵੀ ਵਾਧਾ ਹੋਵੇਗਾ ਤੇ ਧਰਤੀ ਹੇਠਲੇ ਪਾਣੀ ਦੀ 20 ਤੋਂ 30 ਪ੍ਰਤੀਸ਼ਤ ਤੱਕ ਬਚਤ ਵੀ ਹੋਵੇਗੀ।ਉਨ੍ਹਾਂ ਦੁਹਰਾਇਆ ਕਿ ਪਾਣੀ ਬਚਾਉਣ ਲਈ ਸੂਬਾ ਸਰਕਾਰ ਵੱਲੋਂ ਅਜਿਹੇ ਪ੍ਰਾਜੈਕਟ ਹਰ ਪਿੰਡ ਵਿੱਚ ਲਗਾਏ ਜਾਣਗੇ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਬਿਹਤਰ ਤੇ ਲੰਬੇ ਸਮੇ ਦੀਆਂ ਸਿੰਚਾਈ ਸਹੂਲਤਾਂ ਪ੍ਰਦਾਨ ਕਰਨ ਲਈ ਧਰਤੀ ਹੇਠਲੇ ਪਾਣੀ ਉੱਪਰ ਨਿਰਭਰਤਾ ਘਟਾਉਣ ਦੇ ਸੰਕਲਪ ਨੂੰ ਪੂਰਾ ਕੀਤਾ ਜਾ ਰਿਹਾ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸੁਨੇਹਾ ਕਿ ਪਾਣੀ ਦੀ ਬੂੰਦ-ਬੂੰਦ ਬਚਾਅ ਕੇ ਖੇਤਾਂ ਨੂੰ ਲਾਈ ਜਾਵੇਗੀ, ਦਾ ਵਚਨ ਕਿਸਾਨਾਂ ਨਾਲ ਸਾਂਝਾ ਕਰਦਿਆਂ ਦੱਸਿਆ ਕਿ ਛੱਪੜਾਂ ਦਾ ਅਜਾਈਂ ਜਾਂਦਾ ਪਾਣੀ ਵੀ ਸਿੰਚਾਈ ਲਈ ਵਰਤਿਆ ਜਾਵੇਗਾ ਤੇ ਦੂਜੇ ਸੂਬਿਆਂ ਨੂੰ ਜਾਂਦਾ ਨਹਿਰੀ ਪਾਣੀ ਟੇਲਾਂ ਤੱਕ ਪੁੱਜਦਾ ਕਰਕੇ ਪਾਣੀ ਦੇ ਨਾਲ-ਨਾਲ ਪੰਜਾਬ ਨੂੰ ਬਚਾਉਣ ਭਗਵੰਤ ਮਾਨ ਸਰਕਾਰ ਦਾ ਮਕਸਦ ਹੈ।

ਇਸ ਮੌਕੇ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਪਿੰਡ ਕੱਲਰ ਭੈਣੀ ਵਿਖੇ ਛੱਪੜ ਤੋਂ ਸੋਲਰ ਮੋਟਰ ਰਾਹੀ ਸਾਂਝਾ ਜ਼ਮੀਨ ਦੋਜ ਨਾਲੀਆਂ ਸਿੰਚਾਈ ਦੇ ਪ੍ਰੋਜੈਕਟ ਅਧੀਨ 35.37 (100 ਏਕੜ) ਹੈਕਟੇਅਰ ਰਕਬਾ ਖੇਤਾਂ ਦੀ ਸਿੰਚਾਈ ਲਈ ਕਵਰ ਕੀਤਾ ਗਿਆ ਹੈ, ਜਿਸ ਨਾਲ 24 ਕਿਸਾਨ ਪਰਵਾਰਾਂ ਨੂੰ ਲਾਭ ਮਿਲੇਗਾ, ਜਦੋਂਕਿ ਪਿੰਡ ਸਧਾਰਨਪੁਰ ਦੇ ਸਿੰਚਾਈ ਪ੍ਰਾਜੈਕਟ ਅਧੀਨ 9 ਕਿਲੋਮੀਟਰ ਪਾਈਪਾਂ ਪਾ ਕੇ 204 ਹੈਕਟੇਅਰ (600 ਏਕੜ ਰਕਬਾ) ਖੇਤਾਂ ਦੀ ਸਿੰਚਾਈ ਲਈ ਕਵਰ ਕੀਤਾ ਗਿਆ ਹੈ, ਜਿਸ ਨਾਲ 41 ਕਿਸਾਨ ਪਰਿਵਾਰਾਂ ਨੂੰ ਲਾਭ ਮਿਲੇਗਾ।

## ਪੰਜਾਬ ਨੰਬਰਦਾਰ ਯੂਨੀਅਨ ਦੇ ਅਹੁਦੇਦਾਰਾਂ ਡੀ ਸੀ ਨੂੰ ਸੌਂਪਿਆ ਮੰਗ ਪੱਤਰ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪੰਜਾਬ ਨੰਬਰਦਾਰ ਐਸੋਸੀਏਸ਼ਨ ਗਾਲਿਬ ਫਿਰੋਜ਼ਪੁਰ ਦੇ ਅਹੁਦੇਦਾਰਾਂ ਨੇ ਨੰਬਰਦਾਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਪੂਰਾ ਕਰਵਾਉਣ ਲਈ ਡੀ. ਸੀ. ਫਿਰੋਜ਼ਪੁਰ ਨੂੰ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ ਮਲਕੀਤ ਸਿੰਘ ਦੀ ਪ੍ਰਧਾਨਗੀ ਹੇਠ ਆਪਣਾ ਮੰਗ ਪੱਤਰ ਸੌਂਪਿਆ। ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ, ਜ਼ਿਲ੍ਹਾ ਪ੍ਰੈੱਸ ਸਕੱਤਰ ਪਰਮਜੀਤ ਸੋਢੀ, ਜ਼ਿਲ੍ਹਾ ਜਨਰਲ ਸਕੱਤਰ ਰਾਜੇਸ਼ ਖੰਨਾ, ਗੁਰਦਰਸ਼ਨ ਸਿੰਘ, ਟਹਿਲ ਸਿੰਘ, ਸੁਰਜੀਤ ਸਿੰਘ, ਹਰਪ੍ਰੀਤ ਸਿੰਘ, ਨਿਹਾਲ ਸਿੰਘ, ਵਜ਼ੀਰ ਆਦਿ ਨੇ ਦੱਸਿਆ ਕਿ ਪੰਜਾਬ ਦੇ ਨੰਬਰਦਾਰ ਸਮਾਜ ਤੇ ਪ੍ਰਸ਼ਾਸਨ ਵਿੱਚ ਇੱਕ ਅਹਿਮ ਕੜੀ ਵਜੋਂ ਆਪਣੀਆਂ ਸੇਵਾਵਾਂ ਦੇ ਰਹੇ ਹਨ, ਪਰ ਨੰਬਰਦਾਰਾਂ ਨੂੰ ਦਿੱਤਾ ਜਾ ਰਿਹਾ ਮਾਣ ਭੱਤਾ ਤੇ ਸਹੂਲਤਾਂ ਬਹੁਤ ਹੀ ਨਾ-ਮਾਤਰ ਹਨ, ਜਿਸ ਦੇ ਚੱਲਦਿਆਂ ਅੱਜ ਉਨ੍ਹਾਂ ਵੱਲੋਂ ਡੀ. ਸੀ. ਫਿਰੋਜ਼ਪੁਰ ਨੂੰ ਪ੍ਰਿੰਸੀਪਲ ਸਕੱਤਰ ਮਾਲ ਵਿਭਾਗ ਪੰਜਾਬ ਸਰਕਾਰ ਦੇ ਨਾਮ 'ਤੇ ਮੰਗ ਪੱਤਰ ਸੌਂਪ ਕੇ ਨੰਬਰਦਾਰਾਂ ਦੇ ਮਾਣ ਭੱਤੇ ਵਿੱਚ ਵਾਧਾ ਕਰਨ, ਨੰਬਰਦਾਰਾਂ ਨੂੰ ਪੰਜਾਬ ਵਿੱਚ ਟੋਲ ਟੈਕਸ ਵਿੱਚ ਛੋਟ ਦੇਣ, ਨੰਬਰਦਾਰ ਦੀ ਮੌਤ ਤੋਂ ਬਾਅਦ ਉਸ ਦੇ ਬੇਟੇ ਨੂੰ ਬਿਨਾਂ ਕਿਸੇ ਸ਼ਰਤ ਨੰਬਰਦਾਰ ਬਣਾਉਣ, ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਅਨੁਸਾਰ ਨੰਬਰਦਾਰਾਂ ਨੂੰ ਤਹਿਸੀਲ ਪੱਧਰ 'ਤੇ ਕੰਮ ਦੇਣ, ਮਾਲ ਵਿਭਾਗ ਦੇ ਨੋਟੀਫਿਕੇਸ਼ਨ ਪੱਤਰ ਅਨੁਸਾਰ ਸ਼ਿਕਾਇਤ ਨਿਵਾਰਣ ਕਮੇਟੀਆਂ ਵਿੱਚ ਨੰਬਰਦਾਰਾਂ ਨੂੰ ਨੁਮਾਇੰਦਗੀ ਦੇਣ ਆਦਿ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਜਲਦ ਹੀ ਮੰਗ ਪੱਤਰ ਵਿੱਚ ਦਰਜ ਮੰਗਾਂ ਨੂੰ ਪੂਰਾ ਨਾ ਕੀਤਾ ਤਾਂ ਉਨ੍ਹਾਂ ਨੂੰ ਮਜਬੂਰ ਹੋ ਕੇ ਸੰਘਰਸ਼ ਦਾ ਰਸਤਾ ਅਪਣਾਉਣਾ ਪਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ।

## ਪ੍ਰਧਾਨ ਮੋਹਿਤ ਕੁੰਦਰਾ ਵੱਲੋਂ ਨਵੀਂ ਜਿਮ ਦਾ ਉਦਘਾਟਨ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਕੁਹਾੜਾ ਰੋਡ 'ਤੇ ਨਵੀਂ ਬਣੀ ਜਿਮ 'ਡਾਇਮੰਡ ਫਿਟਨੈੱਸ' ਦਾ ਮਾਛੀਵਾੜਾ ਨਗਰ ਕੌਂਸਲ ਦੇ ਪ੍ਰਧਾਨ ਮੋਹਿਤ ਕੁੰਦਰਾ ਵੱਲੋਂ ਉਦਘਾਟਨ ਕੀਤਾ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਕੁੰਦਰਾ ਨੇ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਜੋ ਨਵੇਂ ਜਿਮ ਖੁੱਲ੍ਹ ਰਹੇ ਹਨ ਉਹ ਸਮੇਂ ਦੀ ਜ਼ਰੂਰਤ ਹਨ। ਉਨ੍ਹਾਂ ਕਿਹਾ ਕਿ ਸਾਡੀ ਨੌਜਵਾਨ ਪੀੜ੍ਹੀ ਇਨ੍ਹਾਂ ਜਿੰਮਾਂ ਵਿੱਚ ਆ ਕੇ ਕਸਰਤ ਕਰੇ ਤਾਂ ਜੋ ਖੇਡਾਂ ਦੇ ਖੇਤਰ ਵਿੱਚ ਉਹ ਮੱਲਾਂ ਮਾਰ ਸਕਣ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪੁੱਜੇ ਕਾਂਗਰਸ ਦੇ ਜ਼ਿਲ੍ਹਾ ਉਪ ਪ੍ਰਧਾਨ ਕਸਤੂਰੀ ਲਾਲ ਮਿੰਟੂ ਨੇ ਕਿਹਾ ਕਿ ਇਸ ਨਵੀਂ ਜਿਮ ਵਿੱਚ ਅਧੁਨਿਕ ਤਕਨੀਕ ਵਾਲੀਆਂ ਨਵੀਆਂ ਮਸ਼ੀਨਾਂ ਲਗਾਈਆਂ ਗਈਆਂ ਹਨ। ਜਿੰਮ ਦੇ ਮਾਲਕ ਬਲਵਿੰਦਰ ਸਿੰਘ ਪਵਾਤ ਸਕੱਤਰ ਖੇਤੀਬਾੜੀ ਸਭਾ ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਸਾਡਾ ਮੁੱਖ ਉਦੇਸ਼ ਹੈ। ਇਸ ਮੌਕੇ ਬਲਵਿੰਦਰ ਸਿੰਘ ਪਵਾਤ, ਸਾਬਕਾ ਸਰਪੰਚ ਦਵਿੰਦਰ ਸਿੰਘ ਪਵਾਤ, ਸੁਖਜਿੰਦਰ ਸਿੰਘ ਪਵਾਤ ਆਦਿ ਹਾਜ਼ਰ ਸਨ।

## ਕੇਂਦਰ ਫਸਲਾਂ ਦੇ ਨੁਕਸਾਨ ਦਾ ਮੁਲਾਂਕਣ ਕਰਨ ਲਈ ਤੁਰੰਤ ਉੱਚ ਪੱਧਰੀ ਟੀਮ ਭੇਜੇ : ਗੁਰਮੀਤ ਖੁੱਡੀਆਂ



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ੍ਰ. ਗੁਰਮੀਤ ਸਿੰਘ ਖੁੱਡੀਆਂ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਰਾਜ ਵਿੱਚ ਹਾਲ ਹੀ ਵਿੱਚ ਹੋਈ ਭਾਰੀ ਬਾਰਿਸ਼ ਤੇ ਗੜੇਮਾਰੀ ਕਾਰਨ ਕਣਕ ਅਤੇ ਹੋਰ ਹਾੜ੍ਹੀ ਦੀਆਂ ਫਸਲਾਂ ਨੂੰ ਹੋਏ ਨੁਕਸਾਨ ਦਾ ਮੁਲਾਂਕਣ ਕਰਨ ਲਈ ਤੁਰੰਤ ਇੱਕ ਉੱਚ ਪੱਧਰੀ ਟੀਮ ਭੇਜੇ।ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੂੰ ਲਿਖੇ ਇੱਕ ਪੱਤਰ ਵਿੱਚ ਸ੍ਰ. ਗੁਰਮੀਤ ਸਿੰਘ ਖੁੱਡੀਆਂ ਨੇ ਰਾਜ ਵਿੱਚ ਕਣਕ ਦੀਆਂ ਫਸਲਾਂ 'ਤੇ ਹਾਲ ਹੀ ਦੇ ਮਾੜੇ ਮੌਸਮ ਦੇ ਗੰਭੀਰ ਪ੍ਰਭਾਵ ਨੂੰ ਉਜਾਗਰ ਕੀਤਾ, ਜਦੋਂ ਕਿ ਇਹ ਦੱਸਦੇ ਹੋਏ ਕਿ ਮੌਜੂਦਾ ਹਾੜ੍ਹੀ ਸੀਜ਼ਨ ਦੌਰਾਨ 35 ਲੱਖ ਹੈਕਟੇਅਰ ਰਕਬੇ ਵਿੱਚ ਕਣਕ ਦੀ ਬਿਜਾਈ ਕੀਤੀ ਗਈ ਸੀ, ਨੇ ਬੰਪਰ ਝਾੜ ਦਾ ਵਾਅਦਾ ਕੀਤਾ ਸੀ, ਪਰ ਲਗਾਤਾਰ ਬਾਰਿਸ਼ ਤੇ ਗੜੇਮਾਰੀ ਨੇ ਕਾਫ਼ੀ ਨੁਕਸਾਨ ਪਹੁੰਚਾਇਆ ਹੈ, ਜਿਸ ਨਾਲ ਕਿਸਾਨ ਭਾਈਚਾਰੇ ਨੂੰ ਡੂੰਘੀ ਮੁਸੀਬਤ ਵਿੱਚ ਧੱਕ ਦਿੱਤਾ ਹੈ।ਉਨ੍ਹਾਂ ਕਿਹਾ ਕਿ ਨੁਕਸਾਨ ਸਿਰਫ਼ ਕਣਕ ਤੱਕ ਹੀ ਸੀਮਿਤ ਨਹੀਂ ਹੈ, ਫਾਜ਼ਿਲਕਾ, ਫਿਰੋਜ਼ਪੁਰ, ਸ੍ਰੀ ਮੁਕਤਸਰ ਸਾਹਿਬ, ਬਠਿੰਡਾ, ਅੰਮ੍ਰਿਤਸਰ, ਮੋਗਾ ਤੇ ਮਾਨਸਾ ਸਮੇਤ ਕਈ ਜ਼ਿਲ੍ਹਿਆਂ ਵਿੱਚ ਸਬਜ਼ੀਆਂ, ਚਾਰਾ ਤੇ ਹੋਰ ਹਾੜ੍ਹੀ ਦੀਆਂ ਫਸਲਾਂ ਨੂੰ ਵੀ ਨੁਕਸਾਨ ਪਹੁੰਚਿਆ ਹੈ।ਫਸਲਾਂ ਦੇ ਨੁਕਸਾਨ ਨਾਲ ਕਿਸਾਨਾਂ ਦੀ ਰੋਜ਼ੀ-ਰੋਟੀ ਤੇ ਰਾਜ ਦੀ ਖੇਤੀਬਾੜੀ ਆਰਥਿਕਤਾ ਨੂੰ ਖ਼ਤਰਾ ਪੈਦਾ ਹੋ ਰਿਹਾ ਹੈ। ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੰਕਟ ਦਾ ਸਾਹਮਣਾ ਕਰਨ ਲਈ ਕੀਤੇ ਜਾ ਰਹੇ ਯਤਨਾਂ ਦਾ ਵੇਰਵਾ ਦਿੰਦੇ ਹੋਏ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬੇ ਨੇ ਫਸਲਾਂ ਦੇ ਨੁਕਸਾਨ ਦਾ ਮੁਲਾਂਕਣ ਕਰਨ ਲਈ ਪਹਿਲਾਂ ਹੀ ਇੱਕ ਵਿਸ਼ੇਸ਼ ਗਿਰਦਾਵਰੀ ਦੇ ਹੁਕਮ ਦੇ ਦਿੱਤੇ ਹਨ।ਨੁਕਸਾਨ ਦੇ ਪੈਮਾਨੇ ਤੇ ਕਿਸਾਨਾਂ 'ਤੇ ਵਿੱਤੀ ਦਬਾਅ ਨੂੰ ਦੇਖਦੇ ਹੋਏ, ਉਨ੍ਹਾਂ ਕੇਂਦਰ ਤੋਂ ਤੁਰੰਤ ਰਾਹਤ ਤੇ ਮੁਆਵਜ਼ਾ ਮੰਗਿਆ।

## ਚਿੱਟੇ ਤੇ ਨਸ਼ੀਲੀਆਂ ਗੋਲੀਆਂ ਸਮੇਤ ਦੋ ਗ੍ਰਿਫਤਾਰ

**ਦਿੜ੍ਹਬਾ (ਜਸਵੀਰ ਲਾਡੀ)**-ਡੀ.ਐੱਸ.ਪੀ. ਦਿੜ੍ਹਬਾ ਦੇ ਅਧੀਨ ਥਾਣਾ ਛਾਜਲੀ ਦੀ ਪੁਲਸ ਨੇ ਦੋ ਵੱਖ-ਵੱਖ ਮੁਕੱਦਮਿਆਂ ਰਾਹੀਂ 14 ਗ੍ਰਾਮ ਚਿੱਟਾ ਤੇ 150 ਨਸ਼ੀਲੀਆਂ ਗੋਲੀਆਂ ਸਮੇਤ ਦੋ ਵਿਅਕਤੀਆਂ ਨੂੰ ਕਾਬੂ ਕੀਤਾ ਹੈ, ਜਿਸ ਸਬੰਧੀ ਥਾਣਾ ਛਾਜਲੀ ਤੋਂ ਮਿਲੀ ਜਾਣਕਾਰੀ ਅਨੁਸਾਰ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਸਮੇਤ ਪੁਲਸ ਪਾਰਟੀ ਦੇ ਚੈਕਿੰਗ ਤੇ ਗਸ਼ਤ ਸਬੰਧੀ ਜਦੋਂ ਪਿੰਡ ਛਾਜਲੀ ਤੋਂ ਚੱਠਾ ਨਨਹੇੜਾ ਰੋਡ 'ਤੇ ਕਰੀਬ ਇਕ ਕਿਲੋਮੀਟਰ ਅੱਗੇ ਪੁੱਜੇ ਤਾਂ ਦੁਪਹਿਰ 1 ਵਜੇ ਉਪਰੰਤ ਪਿੰਡ ਚੱਠਾ ਨਨਹੇੜਾ ਸ਼ੈੱਡ ਤੋਂ ਇੱਕ 22-23 ਸਾਲ ਦਾ ਨੌਜਵਾਨ ਪੁਲਸ ਦੀ ਗੱਡੀ ਦੇਖ ਕੇ ਪਹਿਨੀ ਹੋਈ ਕੈਪਰੀ ਦੀ ਜੇਬ ਵਿੱਚੋਂ ਇੱਕ ਲਿਫਾਫੀ ਪਾਰਦਰਸ਼ੀ ਕੱਢ ਕੇ ਸੜਕ ਕਿਨਾਰੇ ਸੁੱਟਦਿਆਂ ਖੇਤਾਂ ਵੱਲ ਨੂੰ ਖਿਸਕਣ ਲੱਗ ਗਿਆ, ਜਿਸ ਨੂੰ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਾਬੂ ਕਰਕੇ ਨਾਮ ਪਤਾ ਪੁੱਛਿਆ ਤਾਂ ਉਸ ਨੇ ਆਪਣਾ ਨਾਮ ਅਮਨਦੀਪ ਸਿੰਘ ਉਰਫ ਗੱਗੀ, ਜਸਵੰਤ ਸਿੰਘ ਵਾਸੀ ਧਾਲੀਵਾਲ ਪੱਤੀ ਛਾਜਲੀ ਦੱਸਿਆ। ਕੈਪਰੀ ਦੀ ਜੇਬ ਵਿੱਚੋਂ ਸੁੱਟੀ ਹੋਈ ਲਿਫਾਫੀ ਨੂੰ ਚੁੱਕ ਕੇ ਚੈੱਕ ਕਰਨ ਉਪਰੰਤ ਉਸ ਵਿੱਚੋਂ 14 ਗ੍ਰਾਮ ਚਿੱਟਾ ਨਸ਼ੀਲਾ ਪਾਊਡਰ ਬਰਾਮਦ ਹੋਇਆ, ਜਿਸ ਨੂੰ ਮੌਕੇ 'ਤੇ ਗ੍ਰਿਫਤਾਰ ਕਰਕੇ ਥਾਣਾ ਛਾਜਲੀ ਵਿਖੇ ਮੁਕੱਦਮਾ ਦਰਜ ਕਰਵਾਇਆ ਤੇ ਦੋਸ਼ੀ ਖਿਲਾਫ ਅਗਲੀ ਕਾਰਵਾਈ ਆਰੰਭ ਦਿੱਤੀ ਗਈ ਹੈ।ਇਸੇ ਤਰ੍ਹਾਂ ਥਾਣਾ ਛਾਜਲੀ ਦੇ ਸਹਾਇਕ ਥਾਣੇਦਾਰ ਗੁਰਦੀਪ ਸਿੰਘ ਗਸ਼ਤ ਤੇ ਚੈਕਿੰਗ ਸਬੰਧੀ ਪਿੰਡ ਛਾਜਲੀ ਤੋਂ ਲਿੰਕ ਰੋਡ ਰਾਮਗੜ੍ਹ ਜਵੰਦੇ ਜਾ ਰਹੇ ਸੀ, ਜਦੋਂ ਪੁਲਸ ਪਾਰਟੀ ਬਾਹੱਦ ਪੁਲ ਡਰੇਨ ਪਿੰਡ ਛਾਜਲੀ ਪੁੱਜੀ ਤਾਂ ਪਿੰਡ ਰਾਮਗੜ੍ਹ ਜਵੰਦੇ ਸਾਇਡ ਤੋਂ ਇੱਕ ਮੋਨਾ ਵਿਅਕਤੀ ਪੈਦਲ ਆ ਰਿਹਾ ਸੀ, ਜੋ ਪੁਲਸ ਪਾਰਟੀ ਦੀ ਗੱਡੀ ਦੇਖ ਕੇ ਪਿੱਛੇ ਮੁੜ ਪਿਆ, ਜਿਸ ਨੂੰ ਕਾਬੂ ਕਰਦਿਆਂ ਰੋਕ ਕੇ ਨਾਮ ਪੱਤਾ ਪੁੱਛਿਆ, ਜਿਸ ਨੇ ਆਪਣਾ ਨਾਮ ਸਤਿਗੁਰ ਸਿੰਘ ਉਰਫ ਸੱਤੀ ਵਾਸੀ ਰਾਮਗੜ੍ਹ ਜਵੰਦੇ ਥਾਣਾ ਛਾਜਲੀ ਦੱਸਿਆ।ਤਲਾਸ਼ੀ ਉਪਰੰਤ ਉਸ ਦੀ ਪਹਿਨੀ ਹੋਈ ਪੈਂਟ ਦੀ ਜੇਬ ਵਿੱਚੋਂ ਇੱਕ ਲਿਫਾਫਾ ਪਲਾਸਟਿਕ ਬਰਾਮਦ ਹੋਇਆ, ਜਿਸ ਵਿੱਚੋਂ 150 ਨਸ਼ੀਲੇ ਕੈਪਸੂਲ ਬਰਾਮਦ ਹੋਏ, ਜਿਸ ਖਿਲਾਫ ਥਾਣਾ ਛਾਜਲੀ ਵਿਖੇ ਪਰਚਾ ਦਰਜ ਕੀਤਾ ਗਿਆ।

## ਹੋਮਿਓਪੈਥਿਕ ਪ੍ਰਣਾਲੀ ਨਾਲ ਗੰਭੀਰ ਬਿਮਾਰੀਆਂ ਦਾ ਹੁੰਦੈ ਸਫਲਤਾਪੂਰਵਕ ਇਲਾਜ : ਡਾ. ਅਮਨਪ੍ਰੀਤ ਕੌਰ



**ਮਲੋਟ (ਓਮ ਪ੍ਰਕਾਸ਼ ਸੇਖੂ)**-ਹੋਮਿਓਪੈਥਿਕ ਪ੍ਰਣਾਲੀ ਨਾਲ ਪੂਰੇ ਦੇਸ਼ ਵਿੱਚ ਗੰਭੀਰ ਬਿਮਾਰੀਆਂ ਦਾ ਇਲਾਜ ਸਸਤੇ ਤੇ ਦਰਦ ਰਹਿਤ ਤਰੀਕੇ ਨਾਲ ਸਫਲਤਾਪੂਰਕ ਹੁੰਦਾ ਹੈ। ਇਹ ਵਿਚਾਰ ਡਾਕਟਰ ਅਮਨਪ੍ਰੀਤ ਕੌਰ ਨੇ ਹੋਮਿਓਪੈਥਿਕ ਦੇ ਬਾਨੀ ਡਾਕਟਰ ਸੈਮੂਅਲ ਹੈਨੀਮੈਨ ਦੇ ਜਨਮ ਦਿਨ ਮੌਕੇ ਪਿੰਡ ਈਨਾ ਖੇੜਾ ਦੀ ਸਰਕਾਰੀ ਡਿਸਪੈਂਸਰੀ ਵਿੱਚ ਆਏ ਹੋਏ ਮਰੀਜ਼ ਤੇ ਪਿੰਡ ਦੇ ਮੋਹਤਬਰ ਲੋਕਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਡਾਕਟਰ ਸੈਮੂਅਲ ਹੈਨੀਮੈਨ ਦਾ ਜਨਮ 10 ਅਪ੍ਰੈਲ 1775 ਨੂੰ ਜਰਮਨੀ ਵਿੱਚ ਹੋਇਆ ਸੀ। ਉਨ੍ਹਾਂ 1796 ਵਿੱਚ ਹੋਮਿਓਪੈਥੀ ਦੀ ਖੋਜ ਕੀਤੀ। ਇਸ ਦੀ ਆਮਦ ਭਾਰਤ ਵਿੱਚ 1810 ਈਸਵੀ ਵਿੱਚ ਹੋਈ ਇਥੋਂ ਤੱਕ ਕਿ ਪੰਜਾਬ ਦੇ ਸ਼ਾਸਕ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦਾ ਇਲਾਜ 1839 ਈਸਵੀ ਵਿੱਚ ਵੀ ਇਸ ਹੋਮਿਓਪੈਥਿਕ ਪ੍ਰਣਾਲੀ ਦੇ ਮਾਹਰ ਡਾਕਟਰ ਜੋਹਨ ਮਾਰਟਨ ਹੋਨੀ ਵਰਗਾਗਰ ਨੇ ਕੀਤਾ ਸੀ, ਜਿਸ ਨਾਲ ਹੋਮਿਓਪੈਥਿਕ ਭਾਰਤ ਦੇਸ਼ ਵਿੱਚ ਵੀ ਮਸ਼ਹੂਰ ਹੋ ਗਿਆ। ਉਨ੍ਹਾਂ ਇਸ ਮੌਕੇ ਆਏ ਹੋਏ ਸਾਰੇ ਪਤਵੰਤੇ ਸੱਜਣ ਤੇ ਮਰੀਜ਼ਾਂ ਨੂੰ ਕਿਹਾ ਕਿ ਤੁਸੀਂ ਹੋਮਿਓਪੈਥਿਕ ਇਲਾਜ ਦੇ ਨਾਲ ਗੰਭੀਰ ਤੋਂ ਗੰਭੀਰ ਬਿਮਾਰੀ ਦਾ ਇਲਾਜ ਵੀ ਕਰਵਾ ਸਕਦੇ ਹੋ। ਇਸ ਮੌਕੇ ਡਿਸਪੈਂਸਰੀ ਦੇ ਫਾਰਮਾਸਿਸਟ ਗੁਰਦੀਪ ਸਿੰਘ ਸਹਿਯੋਗੀ ਰਾਜ ਕੌਰ ਹਾਜ਼ਰ ਸਨ।

## ਐੱਸ ਐੱਮ ਓ ਡਾ. ਸਾਰਿਕਾ ਦਾ ਸਮਾਜ ਸੇਵੀ ਸੰਸਥਾ ਵੱਲੋਂ ਸਨਮਾਨ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਸਿਵਲ ਹਸਪਤਾਲ ਦੀ ਐੱਸ ਐੱਮ ਓ ਡਾ. ਸਾਰਿਕਾ ਨੂੰ ਹਸਪਤਾਲ ਵਿੱਚ ਤਰੱਕੀ ਉਪਰੰਤ ਨਵਾਂ ਅਹੁਦਾ ਸੰਭਾਲਣ 'ਤੇ ਮਾਛੀਵਾੜਾ ਸਾਹਿਬ ਸੋਸ਼ਲ ਵੈੱਲਫੇਅਰ ਸੋਸਾਇਟੀ ਐੱਨ ਜੀ ਓ ਦੇ ਪ੍ਰਧਾਨ ਸ਼ਿਵ ਕੁਮਾਰ ਸ਼ੀਵਲੀ ਦੀ ਅਗਵਾਈ ਵਿੱਚ ਐੱਨ ਜੀ ਓ ਦੇ ਮੈਂਬਰਾਂ ਵੱਲੋਂ ਸਨਮਾਨਤ ਕੀਤਾ ਗਿਆ ਤੇ ਜੀ ਆਇਆਂ ਕਿਹਾ ਗਿਆ।ਇਸ ਵੇਲੇ ਐੱਨ ਜੀ ਓ ਨੇ ਉਨ੍ਹਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਚਿੱਤਰ ਭੇਟ ਕੀਤਾ।ਸ਼ਿਵਲੀ ਨੇ ਕਿਹਾ ਕਿ ਇਹ ਇੱਕ ਐੱਨ ਜੀ ਓ ਦਾ ਫਰਜ਼ ਹੈ ਕਿ ਸ਼ਹਿਰ ਵਿੱਚ ਤਰੱਕੀ ਪ੍ਰਾਪਤ ਕਰਕੇ ਆਏ ਨਵੇਂ ਅਧਿਕਾਰੀ ਦਾ ਸਨਮਾਨ ਕੀਤਾ ਜਾਵੇ।ਇਸ ਮੌਕੇ ਡਾ. ਸਾਰਿਕਾ ਨੇ ਕਿਹਾ ਕਿ ਉਹ ਇਸ ਹਸਪਤਾਲ ਵਿੱਚ ਸਰਕਾਰ ਵੱਲੋਂ ਜਾਰੀ ਕੀਤੇ ਸਿਹਤ ਸਬੰਧੀ ਪੈਰਾਮੀਟਰਜ਼ 'ਤੇ ਡੱਟ ਕੇ ਪਹਿਰਾ ਦੇਣਗੇ।ਉਨ੍ਹਾਂ ਕਿਹਾ ਕਿ ਮਰੀਜ਼ਾਂ ਦੀ ਸਿਹਤ ਸਬੰਧੀ ਮਿਆਰਾਂ ਨੂੰ ਬਰਕਰਾਰ ਰੱਖਿਆ ਜਾਵੇਗਾ।ਇਸ ਮੌਕੇ ਪ੍ਰਧਾਨ ਸ਼ਿਵ ਕੁਮਾਰ ਸ਼ਿਵਲੀ ਤੋਂ ਇਲਾਵਾ ਐੱਨ ਜੀ ਓ ਮੈਂਬਰ ਬਲਵੰਤ ਸਿੰਘ, ਸਤੀਸ਼ ਕੁਮਾਰ ਤੇ ਹਸਪਤਾਲ ਦੇ ਡਾ. ਰਾਵੀ ਕੌਸ਼ਲ, ਡਾ. ਨਵਨੀਤ ਕੌਰ ਤੇ ਡਾ. ਮਾਨਵ ਵੀ ਮੌਜੂਦ ਸਨ।

## ਜੀ ਐੱਚ ਜੀ ਅਕੈਡਮੀ ਵਿਖੇ ਪ੍ਰਸ਼ਨਾਵਲੀ ਗਤੀਵਿਧੀ ਕਰਵਾਈ



**ਜਗਰਾਉਂ (ਅਮਿਤ ਖੰਨਾ)**-ਜੀ ਐੱਚ ਜੀ ਅਕੈਡਮੀ ਜਗਰਾਉਂ ਵਿਖੇ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਦੀ ਅਮੀਰ ਵਿਰਾਸਤ ਤੋਂ ਪ੍ਰੇਰਿਤ ਕਰਨ ਲਈ ਬਾਬਾ ਜੁਝਾਰ ਸਿੰਘ ਦੇ ਜੀਵਨ ਤੇ ਕੁਰਬਾਨੀਆਂ 'ਤੇ ਅਧਾਰਤ ਇੱਕ ਅਰਥਪੂਰਨ ਤੇ ਵਿੱਦਿਅਕ ਪ੍ਰਸ਼ਨਾਵਲੀ ਗਤੀਵਿਧੀ ਕਰਵਾਈ ਗਈ।ਇਸ ਗਤੀਵਿਧੀ ਵਿੱਚ ਤੀਜੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ, ਜਿਨ੍ਹਾਂ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਸਤਿਕਾਰਯੋਗ ਸਾਹਿਬਜ਼ਾਦਿਆਂ ਵਿੱਚੋਂ ਇੱਕ, ਬਾਬਾ ਜੁਝਾਰ ਸਿੰਘ ਜੀ ਦੀ ਬਹਾਦਰੀ, ਕਦਰਾਂ-ਕੀਮਤਾਂ ਤੇ ਸਰਵਉੱਚ ਕੁਰਬਾਨੀ ਨਾਲ ਸਬੰਧਤ ਪ੍ਰਸ਼ਨਾਂ ਦੇ ਉੱਤਰ ਦੇਣ ਵਿੱਚ ਸਰਗਰਮੀ ਨਾਲ ਹਿੱਸਾ ਲਿਆ।ਪ੍ਰਸ਼ਨਾਵਲੀ ਦਾ ਉਦੇਸ਼ ਵਿਦਿਆਰਥੀਆਂ ਦੇ ਸਿੱਖ ਇਤਿਹਾਸ ਬਾਰੇ ਗਿਆਨ ਨੂੰ ਵਧਾਉਣਾ ਤੇ ਹਿੰਮਤ, ਵਿਸ਼ਵਾਸ ਤੇ ਨਿਰਸਵਾਰਥਤਾ ਵਰਗੇ ਨੈਤਿਕ ਮੁੱਲ ਪੈਦਾ ਕਰਨਾ ਸੀ।ਇਹ ਪ੍ਰੋਗਰਾਮ ਵਿਦਿਆਰਥੀਆਂ ਦੀ ਆਲੋਚਨਾਤਮਕ ਸੋਚ ਤੇ ਉਨ੍ਹਾਂ ਦੀਆਂ ਸੱਭਿਆਚਾਰਕ ਜੜ੍ਹਾਂ ਬਾਰੇ ਜਾਗਰੂਕਤਾ ਵਿਕਸਤ ਕਰਨ ਲਈ ਇੱਕ ਪਲੇਟਫਾਰਮ ਵਜੋਂ ਵੀ ਕੰਮ ਕਰਦਾ ਸੀ।ਇਸ ਗਤੀਵਿਧੀ ਵਿੱਚ ਜੁਝਾਰ ਹਾਊਸ ਨੇ ਪਹਿਲਾ, ਅਜੀਤ ਤੇ ਜ਼ੋਰਾਵਰ ਹਾਊਸ ਨੇ ਦੂਜਾ ਤੇ ਫਤਿਹ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਸਕੂਲ ਪ੍ਰਬੰਧਨ ਗੁਰਮੇਲ ਸਿੰਘ ਮੱਲ੍ਹੀ ਤੇ ਪ੍ਰਿੰਸੀਪਲ ਰਮਨਜੋਤ ਕੌਰ ਗਰੇਵਾਲ ਨੇ ਗਤੀਵਿਧੀ ਨੂੰ ਸਫਲਤਾਪੂਰਵਕ ਕਰਨ ਲਈ ਵਿਦਿਆਰਥੀਆਂ ਤੇ ਸਟਾਫ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਜਲਦ ਮੋਗਾ ਜ਼ਿਲ੍ਹੇ ਦੇ ਉਮੀਦਵਾਰਾਂ ਦਾ ਕੀਤਾ ਜਾਵੇਗਾ ਐਲਾਨ : ਰਣਸੀਂਹ

■ ਗੁਰਦੁਆਰਾ ਡਰੋਲੀ ਭਾਈ 'ਚ ਯੂਨਾਇਟਡ ਅਕਾਲੀ ਦਲ ਦੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**

ਯੂਨਾਈਟਡ ਅਕਾਲੀ ਦਲ ਹਲਕਾ ਮੋਗੇ ਦੇ ਅਹੁਦੇਦਾਰਾਂ ਤੇ ਸਰਗਰਮ ਵਰਕਰਾਂ ਦੀ ਮੀਟਿੰਗ ਗੁਰਦੁਆਰਾ ਮਾਤਾ ਦਮੋਦਰੀ ਜੀ ਡਰੋਲੀ ਭਾਈ ਵਿਖੇ ਹੋਈ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਯੂਨਾਈਟਡ ਅਕਾਲੀ ਦਲ ਦੇ ਕਾਰਜਕਾਰੀ ਪ੍ਰਧਾਨ ਜਥੇਦਾਰ ਬੂਟਾ ਸਿੰਘ ਰਣਸੀਂਹ ਨੇ ਅੱਜ ਦੀ ਮੀਟਿੰਗ ਵਿੱਚ ਮੋਗਾ ਹਲਕੇ ਦੇ ਵਰਕਰਾਂ ਦਾ ਭਾਰੀ ਇਕੱਠ ਹੋਣ ਤੇ ਜਥੇਦਾਰ ਬੂਟਾ ਸਿੰਘ ਰਣਸੀਂਹ ਨੇ ਕਿਹਾ ਕਿ ਖਾਲਸਾ ਪੰਥ ਨੂੰ ਇਕੱਤਰ ਕਰਕੇ ਮੋਗਾ ਹਲਕੇ ਦੀਆਂ ਸੰਗਤਾਂ ਨਾਲ ਸਲਾਹ ਕਰਕੇ ਥੋੜ੍ਹੇ ਸਮੇਂ ਵਿੱਚ ਮੋਗੇ ਵਿਧਾਨ ਸਭਾ ਹਲਕੇ ਦਾ ਉਮੀਦਵਾਰ ਐਲਾਨ ਕਰ ਦਿੱਤਾ ਜਾਵੇਗਾ, ਜੋ ਉਮੀਦਵਾਰ ਪਿਛਲੇ ਲੰਮੇ ਸਮੇਂ ਤੋਂ ਪੰਥ ਦੀ ਸੇਵਾ ਕਰਦਾ ਆ ਰਿਹਾ ਤੇ ਹਰ ਸਮੇਂ ਪੰਜਾਬ ਤੇ ਪੰਜਾਬੀਆਂ ਦੀ ਖਾਤਰ ਹਰ ਫਰੰਟ ਦੇ ਅੱਗੇ ਹੋ ਕੇ ਕੰਮ ਕਰਦਾ ਰਿਹਾ ਹੈ ਤੇ ਕਰਦਾ ਰਹੇਗਾ। ਯੂਨਾਈਟਡ ਅਕਾਲੀ ਦਲ ਵੱਲੋਂ ਪਾਸ ਕੀਤੇ ਮਤਿਆਂ ਨੂੰ ਇਕੱਤਰ ਸਿੱਖ ਸੰਗਤਾਂ ਨੇ ਹੱਥ ਖੜੇ ਕਰਕੇ ਪ੍ਰਵਾਨਗੀ ਦਿੱਤੀ।ਇਸ ਮੌਕੇ ਬਾਬਾ ਰੇਸ਼ਮ ਸਿੰਘ ਖੁਖਰਾਣਾ ਤੇ ਦਮਦਮੀ ਟਕਸਾਲ ਜੋਗੇਵਾਲਾ ਤੋਂ ਗਿਆਨੀ ਹਰਪ੍ਰੀਤ ਸਿੰਘ, ਯੂਨਾਈਟਡ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਥੇਦਾਰ ਕਰੋੜ ਸਿੰਘ ਤਲਵੰਡੀ ਭਗੇਰੀਆਂ, ਭਾਈ ਬਲਜੀਤ ਸਿੰਘ ਅਕਾਲੀਆਂ ਵਾਲਾ, ਭਾਈ ਗੁਰਲਾਲ ਸਿੰਘ ਧਰਮਕੋਟ, ਭਾਈ ਹਰਪ੍ਰੀਤ ਸਿੰਘ ਧੱਲੇ ਕੇ, ਭਾਈ ਭੁਪਿੰਦਰ ਸਿੰਘ ਈ ਟੀ ਓ ਮੋਗਾ, ਭਾਈ ਬਲਵਿੰਦਰ ਸਿੰਘ ਭਗਤਾ ਭਾਈ, ਸੰਤ ਬਾਬਾ ਹਰਪ੍ਰੀਤ ਸਿੰਘ ਜੋਗੇਵਾਲਾ, ਸੰਤ ਬਾਬਾ ਰੇਸ਼ਮ ਸਿੰਘ ਖਖਰਾਣਾ ਵਾਲੇ ਨੇ ਸੰਗਤਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ। ਮੀਟਿੰਗ ਵਿੱਚ ਸਰਕਾਰ ਤੋਂ ਮੰਗ ਕੀਤੀ ਗਈ ਕਿ ਬੇਮੌਸਮੀ ਬਾਰਸ਼ ਤੇ ਗੜੇਮਾਰੀ ਨਾਲ ਹੋਏ ਫਸਲਾਂ ਦੇ ਨੁਕਸਾਨ ਦਾ ਕੇਂਦਰ ਤੇ ਪੰਜਾਬ ਸਰਕਾਰ ਤੁਰੰਤ ਕਿਸਾਨਾਂ ਨੂੰ ਮੁਆਵਜ਼ਾ ਦੇਵੇ ਤੇ ਲੰਮੇ ਸਮੇਂ ਤੋਂ ਭਾਈ ਗੁਰਜੀਤ ਸਿੰਘ ਸਮਾਣਾ ਟਾਵਰ ਮੋਰਚਾ ਲੱਗਿਆ ਹੋਇਆ ਹੈ, ਸਰਕਾਰ ਤੁਰੰਤ ਇਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਦੇਵੇ। ਇਸ ਮੀਟਿੰਗ ਵਿੱਚ ਅਵਤਾਰ ਸਿੰਘ ਦੁੱਨੇਕੇ, ਭਾਈ ਮਨੋਹਰ ਸਿੰਘ ਦੁੱਨੇਕੇ, ਦਰਸ਼ਨ ਸਿੰਘ ਦੁੱਨੇਕੇ, ਮੁਖਤਿਆਰ ਸਿੰਘ ਸਵਰਨ ਸਿੰਘ ਦੱਦਾਹੂਰ, ਸੁਰਜੀਤ ਸਿੰਘ ਦੱਦਾਹੂਰ, ਸ਼ਵਿੰਦਰ ਸਿੰਘ ਦੱਦਾਹੂਰ, ਬੁੱਧ ਸਿੰਘ ਘੱਲਕਲਾਂ, ਜਥੇਦਾਰ ਕੁਲਵੰਤ ਸਿੰਘ ਡਰੋਲੀ ਭਾਈ, ਬਲਵਿੰਦਰ ਸਿੰਘ ਡਰੋਲੀ, ਜਥੇਦਾਰ ਕਰਮਜੀਤ ਸਿੰਘ ਡਰੋਲੀ ਭਾਈ ,ਬੂਟਾ ਸਿੰਘ ਚੜਿੱਕ, ਹਰਦੇਵ ਸਿੰਘ ਚੋਟੀਆਂ, ਭਾਈ ਅੰਮ੍ਰਿਤ ਪਾਲ ਸਿੰਘ, ਜਥੇਦਾਰ ਮੰਗਤ ਸਿੰਘ ਮੋਗਾ, ਗੁਰਦੇਵ ਸਿੰਘ ਘਾਰੂ, ਨੌਜਵਾਨ ਆਗੂ ਨਿਰਮਲ ਸਿੰਘ ਖਖਰਾਣਾ, ਦਲਜੀਤ ਸਿੰਘ ਮਹੇਸ਼ਰੀ, ਕੁਲਵੰਤ ਸਿੰਘ ਜੋਗੇਵਾਲਾ, ਵਕੀਲ ਸਿੰਘ ਕਾਲੀਏ ਵਾਲਾ ਪ੍ਰਧਾਨ, ਜਥੇਦਾਰ ਬੂਟਾ ਸਿੰਘ ਮੋਗਾ ਆਦਿ ਸਮੇਤ ਭਾਰੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

## ਸਰਕਾਰ ਦੀ ਪੈਨਸ਼ਨਰ ਵਿਰੋਧੀ ਨੀਤੀ ਖਿਲਾਫ ਸੰਘਰਸ਼ ਤੇਜ਼ ਕੀਤਾ ਜਾਵੇਗਾ : ਮੈਲਡੇ, ਗਗੜਾ, ਮਨਸੂਰਾਂ



**ਮੁੱਲਾਂਪੁਰ ਦਾਖਾ (ਗੁਰਮੇਲ ਮੈਲਡੇ)**-ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਲੁਧਿਆਣਾ ਦੀ ਭਰਵੀਂ ਮੀਟਿੰਗ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਮਨਸੂਰਾਂ ਦੀ ਪ੍ਰਧਾਨਗੀ ਹੇਠ ਹੋਈ। ਜ਼ਿਲ੍ਹਾ ਸੱਕਤਰ ਹਰਜਿੰਦਰ ਸਿੰਘ ਸੀਲੋ ਨੇ ਮੀਟਿੰਗ ਦੇ ਏਜੰਡੇ ਦੀ ਸੰਖੇਪ ਵਿਆਖਿਆ ਕੀਤੀ।ਮੀਟਿਗ ਨੂੰ ਕਰਦੇ ਹੋਏ ਸੂਬਾ ਮੁੱਖ ਸਲਾਹਕਾਰ ਗੁਰਮੇਲ ਸਿੰਘ ਮੈਲਡੇ, ਸੂਬਾਈ ਆਗੂ ਅਵਤਾਰ ਸਿੰਘ ਗਗੜਾ, ਸਵਰਨ ਸਿੰਘ ਹਠੂਰ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਦੇ ਪੈਨਸ਼ਨਰਾਂ ਦੀਆਂ ਮੰਗਾਂ ਮਹਿੰਗਾਈ ਭੱਤਾ 58% ਨਾ ਦੇਣਾ, ਪੈਨਸ਼ਨ ਸੋਧ ਫਾਰਮੂਲਾ 2.59 ਲਾਗੂ ਨਾ ਕਰਨਾ ਤੇ ਮੈਡੀਕਲ ਬਿਲਾਂ ਦੀ ਅਦਾਇਗੀ ਸਮੇਂ ਸਿਰ ਨਾ ਕਰਨਾ ਅਤੇ ਲੜੀਵਾਰ ਤੱਕੜੇ ਸੰਘਰਸ਼ਾਂ ਦੇ ਬਾਬਜੂਦ ਸਰਕਾਰ ਨੇ ਪੈਨਸ਼ਨਰਾਂ ਦੀ ਕੋਈ ਮੰਗ ਨਹੀਂ ਮੰਨੀ ਤੇ ਕਮਿਸ਼ਨ ਦੇ ਬਕਾਏ ਦੀਆਂ ਕਈ ਸਾਲਾਂ ਦੀਆਂ ਕਿਸ਼ਤਾਂ ਬਣਾ ਦਿੱਤੀਆਂ ਹਨ।ਮਾਨਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ 16% ਮਹਿੰਗਾਈ ਭੱਤਾ ਦੇਣ ਸਬੰਧੀ ਚੱਲ ਰਹੇ ਕੇਸ ਦਾ ਫੈਸਲਾ ਕਰਦੇ ਹੋਏ ਲਿਖਿਆ ਹੈ ਕਿ 30 ਜੂਨ ਤੱਕ 16% ਮਹਿੰਗਾਈ ਭੱਤੇ ਦਾ ਬਕਾਇਆ ਦਿੱਤਾ ਜਾਵੇ ਤੇ 42% ਦੀ ਥਾਂ ਇਸ ਨੂੰ 58% ਲਾਗੂ ਕੀਤਾ ਜਾਵੇ, ਪੈਨਸ਼ਨਰਾਂ ਨੇ ਇਸ ਫੈਸਲੇ ਦੀ ਸ਼ਲਾਘਾ ਕੀਤੀ।ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਜੇਕਰ ਸਰਕਾਰ ਹੁਣ ਵੀ ਪੈਨਸ਼ਨਰਾਂ ਨੂੰ ਉਨ੍ਹਾ ਦੇ ਬਣਦੇ ਹੱਕ ਨਹੀਂ ਦੇਵੇਗੀ ਤਾਂ ਸਰਕਾਰ ਦੀਆਂ ਪੈਨਸ਼ਨਰ ਵਿਰੋਧੀ ਨੀਤੀਆਂ ਖਿਲਾਫ ਲਗਾਤਾਰ ਸੰਘਰਸ਼ ਜਾਰੀ ਰੱਖਿਆ ਜਾਵੇਗਾ ਤੇ 1 ਮਈ ਲੇਬਰ ਡੇ 'ਤੇ ਵੱਡੇ ਇੱਕਠ ਕਰਕੇ ਸਰਕਾਰ ਦੀਆਂ ਨੀਤੀਆਂ ਦਾ ਵਿਰੋਧ ਕੀਤਾ ਜਾਵੇਗਾ ਅਤੇ 17 ਮਈ ਨੂੰ ਜਲੰਧਰ ਵਿਖੇ ਵੱਡੀ ਸਾਂਝੀ ਕਨਵੈਨਸ਼ਨ ਕਰਕੇ ਅਗਲੇ ਸਾਂਝੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਮੀਟਿਗ ਨੂੰ ਮਨਜੀਤ ਸਿੰਘ ਗਿੱਲ, ਦਿਲਬਾਗ ਸਿੰਘ, ਪਵਿੱਤਰ ਸਿੰਘ, ਹਰਬੰਸ ਸਿੰਘ ਪੰਧੇਰ ਨੇ ਸੰਬੋਧਨ ਕੀਤਾ।

# ਪੁਲਸ ਅੱਤਿਆਚਾਰਾਂ ਦੇ ਪੀੜਤਾਂ ਨੂੰ ਇਨਸਾਫ਼ ਕਦੋਂ ਦੇਵੋਗੇ ?

■ ਥਾਣਾ ਮੁਖੀ ਰਾਹੀਂ ਮੁੱਖ ਮੰਤਰੀ ਨੂੰ ਭੇਜਿਆ ਮੰਗ ਪੱਤਰ !



**ਜਗਰਾਉਂ (ਅਮਿਤ ਖੰਨਾ)**-ਸਥਾਨਕ ਥਾਣੇ ਮੂਹਰੇ ਧਰਨੇ 'ਤੇ ਬੈਠੇ ਪੁਲਸ ਅੱਤਿਆਚਾਰਾਂ ਦੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਵੱਖ-ਵੱਖ ਇਨਸਾਫ਼ਪਸੰਦ ਜਥੇਬੰਦੀਆਂ ਨੇ ਇਕੱਠੇ ਹੋ ਕੇ ਥਾਣਾ ਮੁਖੀ ਇੰਸਪੈਕਟਰ ਪਰਮਿੰਦਰ ਸਿੰਘ ਰਾਹੀਂ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੇ ਨਾਂਅ ਇੱਕ ਵਿਸ਼ੇਸ਼ ਮੰਗ ਪੱਤਰ ਭੇਜਿਆ ਹੈ।ਪ੍ਰੈੱਸ ਨੂੰ ਜਾਰੀ ਬਿਆਨ ਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਾਧੂ ਸਿੰਘ ਅੱਚਰਵਾਲ, ਜ਼ਿਲ੍ਹਾ ਸਕੱਤਰ, ਬਲਵਿੰਦਰ ਸਿੰਘ ਕੋਠੇ ਪੋਨਾ, ਦਿਹਾਤੀ ਮਜ਼ਦੂਰ ਸਭਾ ਦੇ ਸਕੱਤਰ, ਮਜ਼ਦੂਰ ਸੰਘਰਸ਼ ਕਮੇਟੀ ਦੇ ਪ੍ਰਧਾਨ ਭਰਪੂਰ ਸਿੰਘ ਛੱਜਾਵਾਲ, ਸਤਿਕਾਰ ਕਮੇਟੀ ਦੇ ਪ੍ਰਧਾਨ ਜਸਪ੍ਰੀਤ ਸਿੰਘ ਢੋਲਣ, ਜਬਰ ਵਿਰੋਧੀ ਫਰੰਟ ਪੰਜਾਬ ਦੇ ਪ੍ਰਧਾਨ ਗੁਰਦੇਵ ਸਿੰਘ ਮੁੱਲਾਂਪੁਰ, ਪੇਂਡੂ ਮਜ਼ਦੂਰ ਯੂਨੀਅਨ ਆਗ ਨਿਰਮਲ ਸਿੰਘ ਰਸੂਲਪੁਰ, ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ, ਗੁਰਚਰਨ ਸਿੰਘ ਰਸੂਲਪੁਰ ਨੇ ਦੱਸਿਆ ਕਿ ਮੁੱਖ ਮੰਤਰੀ ਨੂੰ ਭੇਜੇ ਮੰਗ ਪੱਤਰ ਵਿੱਚ ਲਿਖਿਆ ਹੈ ਕਿ ਪੀੜਤ ਪਰਿਵਾਰ ਪਿਛਲੇ ਚਾਰ ਸਾਲਾਂ ਤੋਂ ਜਗਰਾਉਂ ਥਾਣੇ ਮੂਹਰੇ ਧਰਨੇ 'ਤੇ ਬੈਠੇ ਹਨ, ਉੱਚ ਪੱਧਰੀ ਪੜਤਾਲ ਰਿਪੋਰਟਾਂ, ਕਮਿਸ਼ਨਾਂ ਦੇ ਹੁਕਮਾਂ ਦੇ ਬਾਵਜੂਦ ਇਥੋਂ ਤੱਕ ਕਿ ਅੱਤਿਆਚਾਰਾਂ ਦੇ ਦੋਸ਼ੀ ਤੱਤਕਾਲੀ ਥਾਣਾ ਮੁਖੀ ਗੁਰਿੰਦਰ ਸਿੰਘ ਬੱਲ, ਏ ਐੱਸ ਆਈ ਰਾਜਵੀਰ ਸਿੰਘ, ਸਰਪੰਚ ਹਰਜੀਤ ਸਿੰਘ ਤੇ ਪੰਚ ਧਿਆਨ ਸਿੰਘ ਖਿਲਾਫ਼ ਮੁਕੱਦਮਾ ਦਰਜ ਹੋਣ ਦੇ ਬਾਵਜੂਦ ਇਨਸਾਫ਼ ਨਹੀਂ ਮਿਲਿਆ।ਜ਼ਿਕਰਯੋਗ ਹੈ ਕਿ ਤੱਤਕਾਲੀ ਕਥਿਤ ਐੱਸ ਆਈ/ਐੱਸ ਐੱਚ ਓ ਗੁਰਿੰਦਰ ਸਿੰਘ ਬੱਲ ਤੇ ਏ ਐੱਸ ਆਈ ਰਾਜਵੀਰ ਸਿੰਘ ਨੇ ਗਹਿਰੀ ਸਾਜ਼ਿਸ਼ ਰਚ ਕੇ ਪੀੜਤਾ ਮਾਤਾ ਸੁਰਿੰਦਰ ਕੌਰ, ਮਰਹੂਮ ਭੈਣ ਕੁਲਵੰਤ ਕੌਰ ਤੇ ਪੀੜਤਾ ਮਨਪ੍ਰੀਤ ਕੌਰ ਨੂੰ ਨਜਾਇਜ਼ ਹਿਰਾਸਤ ਵਿੱਚ ਰੱਖ ਕੇ ਜਿਨਸੀ ਤਸੀਹੇ ਦਿੱਤੇ ਸਨ ਤੇ ਹੁਣ ਕੁਲਵੰਤ ਕੌਰ ਦੀ ਮੌਤ ਤੋਂ ਬਾਅਦ ਦਰਜ ਕੀਤੇ ਮੁਕੱਦਮੇ ਦੀ ਝੂਠੀ ਤਫ਼ਤੀਸ਼ ਕਰਕੇ ਪੀੜਤਾਂ ਨਾਲ਼ ਘੋਰ ਬੇਇਨਸਾਫ਼ੀ ਕੀਤੀ ਹੈ।ਇਸ ਸਮੇਂ ਧਰਨਾਕਾਰੀ ਕਿਸਾਨ-ਮਜ਼ਦੂਰ ਜਥੇਬੰਦੀਆਂ ਦੇ ਵਫ਼ਦ ਨੂੰ ਥਾਣਾ ਮੁਖੀ ਇੰਸਪੈਕਟਰ ਪਰਮਿੰਦਰ ਸਿੰਘ ਨੇ ਭਰੋਸਾ ਦਿੱਤਾ ਕਿ ਮਾਮਲੇ ਉੱਚ ਪੱਧਰ 'ਤੇ ਵਿਚਾਰ ਅਧੀਨ ਹੈ ਤੇ 'ਪੀੜਤਾਂ' ਨੂੰ ਇਨਸਾਫ਼ ਦਿਵਾਉਣ ਲਈ ਮੰਗ ਪੱਤਰ ਜ਼ਿਲ੍ਹਾ ਦਫ਼ਤਰ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਭੇਜ ਦਿੱਤਾ ਜਾਵੇਗਾ।

## ਵਰਿੰਦਰਪਾਲ ਕਾਂਗਰਸ ਦੇ ਜ਼ਿਲ੍ਹਾ ਸਕੱਤਰ ਨਿਯੁਕਤ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਨਿਹਾਲ ਸਿੰਘ ਵਾਲਾ ਹਲਕੇ ਅਧੀਨ ਪੈਂਦੇ ਪਿੰਡ ਤੋਂ ਵਰਿੰਦਰਪਾਲ ਸਿੰਘ ਬਿਲਾਸਪੁਰ ਨੂੰ ਜ਼ਿਲ੍ਹਾ ਸਕੱਤਰ ਬਣਨ 'ਤੇ ਇਲਾਕੇ ਦੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਮਨਾਇਆ ਗਿਆ। ਪੰਜਾਬ ਪ੍ਰਦੇਸ਼ ਕਾਂਗਰਸ ਪਾਰਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ ਤੇ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦੇ ਹੋਏ ਵਰਿੰਦਰਪਾਲ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜੋ ਜ਼ੁੰਮੇਵਾਰੀ ਮੈਨੂੰ ਦਿੱਤੀ ਗਈ ਹੈ, ਉਸ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣ ਦਾ ਯਤਨ ਕਰਾਂਗਾ ਅਤੇ ਕਾਂਗਰਸ ਪਾਰਟੀ ਲਈ ਦਿਨ-ਰਾਤ ਇੱਕ ਕਰ ਦੇਵਾਂਗਾ।

## ਉਦਯੋਗ ਮੰਤਰੀ ਵੱਲੋਂ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਦਾ ਦੌਰਾ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਪੰਜਾਬ ਦੇ ਉਦਯੋਗਿਕ ਵਿਕਾਸ ਪ੍ਰਤੀ ਆਪਣੀ ਮਜ਼ਬੂਤ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਪੰਜਾਬ ਸਰਕਾਰ ਦੇ ਉਦਯੋਗ ਤੇ ਵਪਾਰ, ਨਿਵੇਸ਼ ਪ੍ਰੋਤਸਾਹਨ, ਬਿਜਲੀ ਤੇ ਸਥਾਨਕ ਸਰਕਾਰਾਂ ਮੰਤਰੀ ਸ੍ਰੀ ਸੰਜੀਵ ਅਰੋੜਾ ਨੇ ਐੱਚਪੀਸੀਐੱਲ-ਮਿੱਤਲ ਐਨਰਜੀ ਲਿਮਿਟਡ (ਐੱਚ ਐੱਮ ਈ ਐੱਲ) ਦੀ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਬਠਿੰਡਾ ਦਾ ਦੌਰਾ ਕੀਤਾ।ਇਸ ਮੌਕੇ ਉਨ੍ਹਾਂ ਰਿਫਾਇਨਰੀ ਦੇ ਵਿਸ਼ਵ-ਪੱਧਰੀ ਢਾਂਚੇ, ਮਜ਼ਬੂਤ ਸੁਰੱਖਿਆ ਸੰਸਕਾਰ ਤੇ ਆਧੁਨਿਕ ਤਕਨੀਕੀ ਪਹਿਲਾਂ ਦੀ ਖੁੱਲ੍ਹ ਕੇ ਸਰਾਹਨਾ ਕੀਤੀ।ਰਿਫਾਇਨਰੀ ਪਹੁੰਚਣ 'ਤੇ ਮੰਤਰੀ ਦਾ ਸਵਾਗਤ ਐੱਚ ਐੱਮ ਈ ਐੱਲ ਦੇ ਐੱਮ ਡੀ ਤੇ ਸੀਈਓ ਸ੍ਰੀ ਪ੍ਰਭ ਦਾਸ ਤੇ ਸੀਨੀਅਰ ਲੀਡਰਸ਼ਿਪ ਟੀਮ ਵੱਲੋਂ ਕੀਤਾ ਗਿਆ।ਦੌਰੇ ਦੌਰਾਨ ਉਨ੍ਹਾਂ ਨੇ ਰਿਫਾਇਨਰੀ ਦੀਆਂ ਮੁੱਖ ਓਪਰੇਸ਼ਨਲ ਯੂਨਿਟਾਂ ਦਾ ਨਿਰੀਖਣ ਕੀਤਾ ਤੇ ਐੱਚਐੱਮਈਐੱਲ ਦੀ ਲੀਡਰਸ਼ਿਪ ਨਾਲ ਵਿਸਥਾਰਪੂਰਵਕ ਚਰਚਾ ਕੀਤੀ।ਇਸ ਦੌਰਾਨ ਉਨ੍ਹਾਂ ਨੂੰ ਇੱਥੇ ਵਰਤੀ ਜਾ ਰਹੀਆਂ ਅਤਿ-ਆਧੁਨਿਕ ਤਕਨੀਕਾਂ ਤੇ ਸਰਵੋਤਮ ਪ੍ਰਬੰਧਕੀ ਪ੍ਰਣਾਲੀਆਂ ਬਾਰੇ ਜਾਣਕਾਰੀ ਦਿੱਤੀ ਗਈ।ਸ੍ਰੀ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰੀ ਭਗਵੰਤ ਮਾਨ ਦੀ ਅਗਵਾਈ ਹੇਠ ਨਵੀਂ ਉਦਯੋਗ ਨੀਤੀ 2026 ਪੰਜਾਬ ਦੇ ਉਦਯੋਗਿਕ ਦ੍ਰਿਸ਼ ਨੂੰ ਨਵੀਂ ਦਿਸ਼ਾ ਦੇਵੇਗੀ ਤੇ ਵੱਡੇ ਪੱਧਰ 'ਤੇ ਨਿਵੇਸ਼ ਨੂੰ ਆਕਰਸ਼ਿਤ ਕਰੇਗੀ।ਮੰਤਰੀ ਨੇ ਐੱਚਐੱਮਈਐੱਲ ਦੇ ਉੱਚ ਸੁਰੱਖਿਆ ਅਤੇ ਕੁਸ਼ਲਤਾ ਮਾਪਦੰਡਾਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਕੰਪਨੀ ਨੇ ਉਦਯੋਗਿਕ ਸੰਚਾਲਨ ਦੇ ਖੇਤਰ ਵਿੱਚ ਇੱਕ ਨਵਾਂ ਮਾਪਦੰਡ ਸਥਾਪਤ ਕੀਤਾ ਹੈ। ਇਸ ਮੌਕੇ ਉਨ੍ਹਾਂ ਰਿਫਾਇਨਰੀ ਵਿੱਚ ਸਥਿਤ ਏਸ਼ੀਆ ਦੇ ਸਭ ਤੋਂ ਵੱਡੇ ਆਟੋਮੈਟਿਕ ਪ੍ਰੋਡਕਟ ਸਟੋਰੇਜ ਵੇਅਰਹਾਊਸ ਦਾ ਵੀ ਦੌਰਾ ਕੀਤਾ, ਜੋ ਲਗਭਗ 1 ਕਿਲੋਮੀਟਰ ਲੰਬਾ ਹੈ ਤੇ 1.5 ਲੱਖ ਟਨ ਪੋਲਿਮਰ ਸਟੋਰ ਕਰਨ ਦੀ ਸਮਰੱਥਾ ਰੱਖਦਾ ਹੈ।ਪੈਟਰੋਕੈਮਿਕਲ ਡਾਊਨਸਟ੍ਰੀਮ ਸੈਕਟਰ ਦੀਆਂ ਵੱਡੀਆਂ ਸੰਭਾਵਨਾਵਾਂ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ ਕਿ ਇਹ ਖੇਤਰ ਨਿਵੇਸ਼, ਰੋਜ਼ਗਾਰ ਸਿਰਜਣਾ ਤੇ ਆਰਥਿਕ ਵਿਕਾਸ ਲਈ ਵਿਸ਼ਾਲ ਮੌਕੇ ਪ੍ਰਦਾਨ ਕਰਦਾ ਹੈ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਐੱਚ ਐੱਮ ਈ ਐੱਲ ਵਰਗੀ ਵਿਸ਼ਵ-ਪੱਧਰੀ ਰਿਫਾਇਨਰੀ ਦੀ ਮੌਜੂਦਗੀ ਸਹਾਇਕ ਤੇ ਅਨੁਸੰਗੀ ਉਦਯੋਗਾਂ ਦੇ ਵਿਕਾਸ ਲਈ ਮਜ਼ਬੂਤ ਆਧਾਰ ਸਾਬਿਤ ਹੋਵੇਗੀ।ਉਨ੍ਹਾਂ ਨੇ ਇਹ ਵੀ ਭਰੋਸਾ ਦਿਵਾਇਆ ਕਿ ਪੰਜਾਬ ਸਰਕਾਰ ਸੂਬੇ ਨੂੰ ਭਾਰਤ ਦੇ ਪ੍ਰਮੁੱਖ ਪੈਟਰੋਕੈਮਿਕਲ ਹੱਬ ਵਜੋਂ ਵਿਕਸਤ ਕਰਨ ਲਈ ਹਰ ਸੰਭਵ ਸਹਿਯੋਗ ਦੇਵੇਗੀ ਤੇ ਡਾਊਨਸਟ੍ਰੀਮ ਉਦਯੋਗਾਂ ਲਈ ਨਿਵੇਸ਼-ਅਨੁਕੂਲ ਵਾਤਾਵਰਣ ਤਿਆਰ ਕੀਤਾ ਜਾਵੇਗਾ।ਅੰਤ ਵਿੱਚ ਐੱਚਐੱਮਈਐੱਲ ਦੀ ਲੀਡਰਸ਼ਿਪ ਨੇ ਮਾਨਯੋਗ ਮੰਤਰੀ ਦਾ ਦੌਰੇ ਲਈ ਧੰਨਵਾਦ ਕਰਦਿਆਂ ਪੰਜਾਬ ਦੇ ਉਦਯੋਗਿਕ ਵਿਕਾਸ ਵਿੱਚ ਆਪਣੀ ਭੂਮਿਕਾ ਨੂੰ ਹੋਰ ਮਜ਼ਬੂਤ ਕਰਨ ਲਈ ਓਪਰੇਸ਼ਨਲ ਐਕਸਲੈਂਸ, ਸੁਰੱਖਿਆ ਤੇ ਸਸਤੇਨਬਿਲਟੀ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ।

# ਇੱਕ ਮਈ ਨੂੰ ਪੰਜਾਬ ਤੇ ਕੇਂਦਰ ਸਰਕਾਰ ਵਿਰੋਧੀ ਦਿਵਸ ਵਜੋਂ ਮਨਾਉਣ ਦਾ ਐਲਾਨ



**ਸੰਗਰੂਰ (ਪ੍ਰਵੀਨ ਸਿੰਘ)**

ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਜ਼ਿਲ੍ਹਾ ਕਨਵੀਨਰਜ਼ ਸੰਗਰੂਰ ਦੀ ਮੀਟਿੰਗ ਸ੍ਰੀ ਰਾਜ ਕੁਮਾਰ ਅਰੋੜਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸੂਬਾਈ ਕਨਵੀਨਰ ਰਣਜੀਤ ਸਿੰਘ ਰਾਣਵਾਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਮੀਟਿੰਗ ਵਿੱਚ ਵੱਖੋ ਵੱਖ ਜਥੇਬੰਦੀਆਂ ਵੱਲੋਂ ਜ਼ਿਲ੍ਹਾ ਕਨਵੀਨਰਜ਼ ਸਾਥੀ ਜਗਦੀਸ਼ ਸ਼ਰਮਾ, ਸਾਥੀ ਅਭਿਨਾਸ਼ ਸ਼ਰਮਾ, ਸਾਥੀ ਮੇਲਾ ਸਿੰਘ ਪੁੰਨਾਂਵਾਲ, ਸਾਥੀ ਭੁਪਿੰਦਰ ਸਿੰਘ ਜੱਸੀ, ਰਾਮ ਕਿਸਨ ਬਡਰੁੱਖਾਂ, ਜਗਦੇਵ ਸਿੰਘ ਚੀਮਾ, ਸੀਤਾ ਰਾਮ ਸ਼ਰਮਾ, ਬਿੱਕਰ ਸਿੰਘ ਸਿਬੀਆ, ਆਰ ਐੱਲ ਪਾਂਧੀ, ਕਸਤੂਰੀ ਲਾਲ ਆਦਿ ਸਾਥੀ ਹਾਜ਼ਰ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਪੰਜਾਬ ਦੇ ਵੱਖ ਵੱਖ ਸਰਕਾਰੀ ਤੇ ਅਰਧ ਸਰਕਾਰੀ ਅਦਾਰਿਆਂ ਵਿੱਚ ਕੰਮ ਕਰਦੇ ਬਹੁਤ ਸਾਰੇ ਮੁਲਾਜ਼ਮਾਂ ਤੇ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੇ ਭਗਵੰਤ ਮਾਨ ਸਰਕਾਰ ਵੱਲੋਂ ਪਿਛਲੇ ਤਿੰਨ ਸਾਲਾਂ ਤੋਂ ਮੁਲਾਜ਼ਮਾਂ ਤੇ ਪੈਨਸ਼ਨਰ ਨੂੰ ਸਾਲ ਵਿੱਚ ਜਨਵਰੀ ਤੇ ਜੁਲਾਈ ਮਹੀਨੇ ਵਿੱਚ ਦੋ ਵਾਰ ਮਿਲਣ ਵਾਲੇ ਮਹਿੰਗਾਈ ਭੱਤੇ ਦੀਆਂ 5 ਕਿਸ਼ਤਾਂ ਨਾ ਦੇਣ ਕਾਰਨ ਅੱਕੇ ਹੋਇਆਂ ਨੇ ਇਨਸਾਫ ਦੀ ਪ੍ਰਾਪਤੀ ਲਈ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵਿੱਚ ਕਈ ਸਿਵਲ ਰਿੱਟ ਪਟੀਸ਼ਨਾਂ ਦਾਇਰ ਕਰਨ 'ਤੇ ਮਜਬੂਰ ਹੋਣਾ ਪਿਆ।ਪਿਛਲੇ ਦਿਨੀਂ 25 ਮਾਰਚ ਨੂੰ ਕਈ ਸਿਵਲ ਰਿੱਟ ਪਟੀਸ਼ਨਾਂ ਵਿੱਚ ਵਿੱਤ ਵਿਭਾਗ, ਪੰਜਾਬ ਸਰਕਾਰ ਦੇ ਵਧੀਕ ਮੁੱਖ ਸਕੱਤਰ ਵੱਲੋਂ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵਿੱਚ ਇੱਕ ਹਲਫੀਆ ਬਿਆਨ ਦਾਖਲ ਕੀਤਾ ਗਿਆ ਸੀ, ਜਿਸ ਵਿੱਚ ਪੰਜਾਬ ਸਰਕਾਰ ਵੱਲੋਂ ਕਿਹਾ ਗਿਆ ਹੈ ਕਿ ਮਹਿੰਗਾਈ ਭੱਤਾ ਦੇਣਾ ਕੋਈ ਕਾਨੂੰਨੀ ਜ਼ਿੰਮੇਵਾਰੀ ਨਹੀਂ, ਸਗੋਂ ਖਜ਼ਾਨੇ ਦੀ ਹਾਲਤ 'ਤੇ ਨਿਰਭਰ ਹੈ। ਦਾਖਲ ਕੀਤੇ ਹਲਫ਼ੀਆ ਬਿਆਨ ਵਿੱਚ ਇਹ ਵੀ ਕਿਹਾ ਗਿਆ ਹੈ ਕਿ ਪੰਜਾਬ ਸਰਕਾਰ ਮੁਲਾਜ਼ਮਾਂ/ਪੈਨਸ਼ਨਰਾਂ ਨੂੰ ਸਾਲ ਵਿੱਚ ਦੋ ਵਾਰ ਤੇ ਕੇਂਦਰ ਸਰਕਾਰ ਦੇ ਪੈਟਰਨ 'ਤੇ ਡੀ ਏ ਦੇਣ ਲਈ ਪਾਬੰਦ ਨਹੀਂ ਹੈ।ਅੱਗੇ ਤੋਂ ਡੀ ਏ ਦੇਣ ਸਬੰਧੀ ਘੋਸ਼ਣਾ ਪੰਜਾਬ ਸਰਕਾਰ ਦੀ ਪਾਲਸੀ 'ਤੇ ਨਿਰਭਰ ਕਰਦੀ ਹੈ।

ਆਗੂਆਂ ਨੇ ਕਿਹਾ ਕਿ 8 ਅਪ੍ਰੈਲ ਨੂੰ ਮਾਨਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋਂ ਕੀਤੇ ਫੈਸਲੇ ਵਿੱਚ ਪੰਜਾਬ ਸਰਕਾਰ ਨੂੰ ਆਦੇਸ਼ ਜਾਰੀ ਕੀਤੇ ਹਨ ਕਿ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਰੋਕੇ 16 ਫੀਸਦੀ ਡੀ ਏ ਦੀ ਬਕਾਏ ਸਮੇਤ 30 ਜੂਨ ਤੱਕ ਅਦਾਇਗੀ ਕੀਤੀ ਜਾਵੇ। ਮੀਟਿੰਗ ਵਿੱਚ ਮਾਨਯੋਗ ਹਾਈ ਕੋਰਟ ਵੱਲੋਂ ਕੀਤੇ ਫੈਸਲੇ ਦਾ ਸਵਾਗਤ ਕੀਤਾ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮਾਨਯੋਗ ਉੱਚ ਅਦਾਲਤ ਵੱਲੋਂ ਕੀਤੇ ਫੈਸਲੇ ਟਾਲ ਮਟੋਲ ਦੀ ਨੀਤੀ ਛੱਡ ਕੇ ਲਾਗੂ ਕੀਤੇ ਜਾਣ ਤੇ ਸਾਰੇ ਬਕਾਏ ਯਕਮੁਸਤ ਦਿੱਤੇ ਜਾਣ।ਆਗੂਆਂ ਨੇ ਕਿਹਾ ਕਿ ਸੂਬਾਈ ਫੈਸਲੇ ਮੁਤਾਬਕ 1 ਮਈ ਨੂੰ ਮਜ਼ਦੂਰ ਦਿਵਸ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਦੇਣ ਦੇ ਨਾਲ ਨਾਲ ਪੰਜਾਬ ਸਰਕਾਰ ਵਿਰੋਧੀ ਦਿਵਸ ਵਜੋਂ ਵੀ ਮਨਾਇਆ ਜਾਵੇਗਾ ਤੇ 17 ਮਈ ਨੂੰ ਜਲੰਧਰ ਰਾਜ ਪੱਧਰੀ ਕਨਵੈਸ਼ਨ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ।

# ਸੀਨੀਅਰ ਸਿਟੀਜ਼ਨ ਭਲਾਈ ਦਫ਼ਤਰ ਦੇ ਨਵੀਨੀਕਰਨ ਲਈ ਮੀਤ ਹੇਅਰ ਤੇ ਨਰਿੰਦਰ ਭਰਾਜ ਵੱਲੋਂ ਗ੍ਰਾਂਟ ਦਾ ਐਲਾਨ





**ਸੰਗਰੂਰ (ਪ੍ਰਵੀਨ ਸਿੰਘ)**-ਸਥਾਨਕ ਸੰਗਰੂਰ ਸੀਨੀਅਰ ਸਿਟੀਜ਼ਨ ਭਲਾਈ ਸੰਸਥਾ ਦੇ ਮੁੱਖ ਦਫ਼ਤਰ ਬਨਾਸਰ ਬਾਗ ਵਿਖੇ ਐਸੋਸੀਏਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਰਾਜ ਕੁਮਾਰ ਅਰੋੜਾ ਵੱਲੋਂ ਕੀਤੇ ਗਏ ਉਪਰਾਲਿਆਂ ਸਦਕਾ ਸੰਗਰੂਰ ਹਲਕੇ ਦੇ ਮੈਂਬਰ ਪਾਰਲੀਮੈਂਟ ਗੁਰਮੀਤ ਸਿੰਘ ਮੀਤ ਹੇਅਰ, ਹਲਕਾ ਵਿਧਾਇਕ ਬੀਬਾ ਨਰਿੰਦਰ ਕੌਰ ਭਰਾਜ, ਡਿਪਟੀ ਕਮਿਸ਼ਨਰ ਸੰਗਰੂਰ ਰਾਹੁਲ ਚਾਬਾ ਆਈ.ਏ.ਐੱਸ, ਐੱਸ.ਐੱਸ.ਪੀ. ਸਰਤਾਜ ਸਿੰਘ ਚਹਿਲ ਆਈ.ਪੀ.ਐੱਸ. ਦਾ ਸੰਸਥਾ ਦੇ ਪ੍ਰਧਾਨ ਡਾ: ਨਰਵਿੰਦਰ ਕੌਸ਼ਲ, ਜਨਰਲ ਸਕੱਤਰ ਜਗਜੀਤ ਸਿੰਘ ਜੱਸਲ, ਸੀਨੀਅਰ ਮੀਤ ਪ੍ਰਧਾਨ ਰਾਜ ਕੁਮਾਰ ਅਰੋੜਾ, ਭੁਪਿੰਦਰ ਸਿੰਘ ਜੱਸੀ, ਨਰਾਤਾ ਰਾਮ ਸਿੰਗਲਾ, ਵਿੱਤ ਸਕੱਤਰ ਸ਼ਕਤੀ ਮਿੱਤਲ, ਨੈਸ਼ਨਲ ਐਵਾਰਡੀ ਮਾਸਟਰ ਸੱਤਦੇਵ ਸ਼ਰਮਾ, ਆਰ.ਐਸ.ਮਦਾਨ, ਵਿਪਨ ਮਲਿਕ, ਸੁਧੀਰ ਵਾਲੀਆ ਤੇ ਹੋਰ ਮੌਜੂਦ ਮੈਂਬਰਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ।ਇਸ ਮੌਕੇ ਸਮਾਗਮ ਵਿੱਚ ਬੋਲਦਿਆਂ ਐੱਮ.ਪੀ. ਮੀਤ ਹੇਅਰ ਨੇ ਕਿਹਾ ਕਿ ਅਜੋਕੇ ਸਮਾਜ ਵਿੱਚ ਜਦੋਂ ਨੈਤਿਕ ਕਦਰਾਂ ਕੀਮਤਾਂ ਵਿੱਚ ਨਿਘਾਰ ਆ ਗਿਆ ਹੈ ਤਾਂ ਸਾਨੂੰ ਆਪਣੇ ਬਜ਼ੁਰਗਾਂ ਤੋਂ ਚੰਗੇ ਸਮਾਜ ਦੀ ਉਸਾਰੀ ਲਈ ਪ੍ਰੇਰਨਾ ਲੈਣੀ ਚਾਹੀਦੀ ਹੈ ਅਤੇ ਉਨ੍ਹਾਂ ਦੀ ਸਾਂਭ ਸੰਭਾਲ ਕਰਨਾ ਸਾਡਾ ਮੁੱਢਲਾ ਫਰਜ਼ ਬਣ ਜਾਂਦਾ ਹੈ।ਸ੍ਰੀ ਮੀਤ ਹੇਅਰ ਨੇ ਬਜ਼ੁਰਗਾਂ ਨੂੰ ਆ ਰਹੀਆਂ ਮੁਸ਼ਕਲਾਂ ਤੇ ਉਨ੍ਹਾਂ ਦੇ ਹੱਲ ਲਈ ਵੀ ਵਿਚਾਰ ਵਿਟਾਂਦਰਾ ਕੀਤਾ ਅਤੇ ਨਾਲ ਹੀ ਸੰਸਥਾ ਦੇ ਵਿਸਥਾਰ ਤੇ ਨਵੀਨੀਕਰਨ ਲਈ ਐੱਮ. ਪੀ. ਫੰਡ ਵਿੱਚੋਂ 5 ਲੱਖ ਰੁਪਏ ਦੇਣ ਦਾ ਐਲਾਨ ਕੀਤਾ।ਸੰਸਥਾ ਦੇ ਜਨਰਲ ਸਕੱਤਰ ਜਗਜੀਤ ਸਿੰਘ ਜੱਸਲ ਵੱਲੋਂ ਕੀਤੇ ਗਏ ਮੰਚ ਸੰਚਾਲਨ ਦੌਰਾਨ ਸੰਸਥਾ ਵੱਲੋਂ ਕੀਤੇ ਜਾ ਰਹੇ ਸਮਾਜ ਸੇਵੀ, ਲੋਕ ਭਲਾਈ ਤੇ ਬਜ਼ੁਰਗਾਂ ਦੇ ਸਤਿਕਾਰ ਲਈ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਜ਼ਿਕਰ ਕੀਤਾ।ਸੰਗਰੂਰ ਹਲਕੇ ਦੀ ਵਿਧਾਇਕਾ ਸ੍ਰੀਮਤੀ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਸੰਗਰੂਰ ਸ਼ਹਿਰ ਦੀ ਇਸ ਸਿਰਮੌਰ ਸੰਸਥਾ ਨੇ ਹਮੇਸ਼ਾ ਹੀ ਮੈਨੂੰ ਆਪਣੀ ਧੀ ਸਮਝ ਕੇ ਪਿਆਰ ਤੇ ਆਸ਼ੀਰਵਾਦ ਦਿੱਤਾ ਹੈ।ਉਨ੍ਹਾਂ ਕਿਹਾ ਕਿ ਮੈਨੂੰ ਪੂਰਨ ਵਿਸ਼ਵਾਸ ਹੈ ਕਿ ਇਨ੍ਹਾਂ ਬਜ਼ੁਰਗਾਂ ਦਾ ਆਸ਼ੀਰਵਾਦ ਤੇ ਹੱਥ ਉਨ੍ਹਾਂ ਦੇ ਸਿਰ 'ਤੇ ਰਹੇਗਾ।ਉਨ੍ਹਾਂ ਸੰਸਥਾ ਦੀ ਬਿਹਤਰੀ, ਵਿਸਥਾਰ ਤੇ ਨਵੀਨੀਕਰਨ ਲਈ 15 ਲੱਖ ਰੁਪਏ ਦੇਣ ਦਾ ਐਲਾਨ ਕੀਤਾ।ਐਸੋਸੀਏਸ਼ਨ ਦੇ ਪ੍ਰਧਾਨ ਡਾ. ਨਰਵਿੰਦਰ ਕੌਸ਼ਲ ਨੇ ਆਈਆਂ ਸਾਰੀਆਂ ਸ਼ਖ਼ਸੀਅਤਾਂ ਨੂੰ ਜੀ.ਆਇਆਂ ਕਿਹਾ ਤੇ ਉਨ੍ਹਾਂ ਦਾ ਸਵਾਗਤ ਕਰਦਿਆਂ ਵਿਸ਼ੇਸ਼ ਧੰਨਵਾਦ ਕੀਤਾ।ਸੰਸਥਾ ਵੱਲੋਂ ਐੱਮ. ਪੀ. ਸ੍ਰੀ ਮੀਤ ਹੇਅਰ ਤੇ ਵਿਧਾਇਕਾ ਨਰਿੰਦਰ ਕੌਰ ਭਰਾਜ, ਡਿਪਟੀ ਕਮਿਸ਼ਨਰ ਸ੍ਰੀ ਰਾਹੁਲ ਚਾਬਾ ਤੇ ਐਸ.ਐਸ.ਪੀ. ਸੰਗਰੂਰ ਸ੍ਰੀ ਸਰਤਾਜ ਸਿੰਘ ਚਹਿਲ ਨੂੰ ਸ਼ਾਨਦਾਰ ਯਾਦਗਾਰੀ ਚਿੰਨ੍ਹ ਤੇ ਸ਼ਾਲ ਭੇਟ ਕਰਕੇ ਤੇ ਫੁੱਲਾਂ ਦੇ ਗੁਲਦਸਤੇ ਦੇ ਕੇ ਸਨਮਾਨਤ ਕੀਤਾ ਗਿਆ।

## ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਨੇ ਸਬਜ਼ੀ ਮੰਡੀ ਵੱਲਾ ਵਿਖੇ ਦਿੱਤਾ ਧਰਨਾ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**

ਸਬਜ਼ੀ ਉਤਪਾਦਕ ਕਿਸਾਨ ਜਥੇਬੰਦੀ ਅੰਮ੍ਰਿਤਸਰ ਵੱਲੋਂ ਸਬਜ਼ੀ ਮੰਡੀ ਵੱਲਾ ਵਿਖੇ ਜ਼ੋਰਦਾਰ ਪ੍ਰਦਰਸ਼ਨ ਕਰਕੇ ਧਰਨਾ ਦਿੱਤਾ ਗਿਆ ।ਇਸ ਧਰਨੇ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਆਗੂਆਂ ਲੱਖਬੀਰ ਸਿੰਘ ਨਿਜਾਮਪੁਰ, ਭੁਪਿੰਦਰ ਸਿੰਘ ਤੀਰਥਪੁਰਾ, ਤਰਸੇਮ ਸਿੰਘ ਨੰਗਲ ਨੇ ਮੰਡੀ ਪ੍ਰਸ਼ਾਸਨ 'ਤੇ ਦੋਸ਼ ਲਾਇਆ ਕਿ ਉਨ੍ਹਾਂ ਦੀ ਸ਼ਹਿ ਤੇ ਮੰਡੀ ਠੇਕੇਦਾਰ ਅਤੇ ਮਾਰਕੀਟ ਕਮੇਟੀ ਦੇ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਸੜਕਾਂ ਤੇ ਨਜਾਇਜ਼ ਕਬਜ਼ੇ ਕੀਤੇ ਹੋਏ ਹਨ ਜਿਸ ਨਾਲ ਕਿਸਾਨਾਂ ਦਾ ਆਪਣੀਆਂ ਸਬਜ਼ੀਆਂ ਮੰਡੀ ਅੰਦਰ ਲੈ ਕੇ ਆਉਣਾ ਮੁਸ਼ਕਲ ਬਣਿਆ ਹੋਇਆ ਹੈ।ਇਸ ਤੋਂ ਇਲਾਵਾ ਠੇਕੇਦਾਰ ਵੱਲੋਂ ਪਾਰਕਿੰਗ ਦੇ ਨਾਮ ਉਪਰ ਲੁੱਟ ਮਚਾਈ ਹੋਈ ਹੈ ਜੋ ਮੰਡੀ ਅੰਦਰ ਦਾਖਲ ਹੋਣ ਵਾਲੇ ਵਹੀਕਲਾਂ ਨੂੰ ਮੰਡੀਕਰਣ ਬੋਰਡ ਦੇ ਅਧਿਕਾਰੀਆਂ ਵੱਲੋਂ ਨਿਰਧਾਰਿਤ ਰੇਟਾਂ ਤੋਂ ਵੱਧ ਮਨਮਰਜ਼ੀ ਨਾਲ ਵਸੂਲ ਕਰਦਾ ਹੈ।ਮੰਡੀ ਅੰਦਰ ਆਉਣ ਵਾਲੇ ਕਿਸਾਨਾਂ ਲਈ ਪੀਣ ਵਾਲੇ ਪਾਣੀ ਅਤੇ ਬਾਥਰੂਮ ਦਾ ਕੋਈ ਪ੍ਰਬੰਧ ਨਹੀਂ ਹੈ।ਮਾਰਕੀਟ ਕਮੇਟੀ ਦੇ ਸਕੱਤਰ ਅਮਨਦੀਪ ਸਿੰਘ ਸੰਧੂ ਨੇ ਇਕੱਠੇ ਹੋਏ ਕਿਸਾਨਾਂ ਨੂੰ ਵਿਸ਼ਵਾਸ਼ ਦਿਵਾਇਆ ਕਿ 15 ਦਿਨਾਂ ਅੰਦਰ ਮੰਡੀ ਅੰਦਰ ਆਉਂਦੀਆਂ ਮੁਸ਼ਕਲਾਂ ਦਾ ਹੱਲ ਕਰ ਦਿੱਤਾ ਜਾਵੇਗਾ।ਇਕੱਠ ਅੰਦਰ ਪ੍ਰਸ਼ਾਸਨ ਵੱਲੋਂ ਐੱਸਐੱਚਓ ਵੱਲਾ ਗੁਰਿੰਦਰ ਸਿੰਘ, ਸਬਜ਼ੀ ਮੰਡੀ ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਚਰਨਜੀਤ ਸਿੰਘ ਬੱਤਰਾ, ਸਕੱਤਰ ਜਤਿੰਦਰ ਖੁਰਾਣਾ, ਹਰਪ੍ਰੀਤ ਸਿੰਘ ਹੈਪੀ ਤੋਂ ਇਲਾਵਾ ਕਿਸਾਨ ਜਥੇਬੰਦੀ ਦੇ ਆਗੂ ਕਰਨੈਲ ਸਿੰਘ ਨਵਾਂ ਪਿੰਡ, ਧਰਮਿੰਦਰ ਸਿੰਘ ਕਿਲਾ, ਮਹਿਲ ਸਿੰਘ, ਪ੍ਰਤਾਪ ਸਿੰਘ ਛਾਪਾ, ਕੁਲਦੀਪ ਸਿੰਘ ਫਤਿਹਪੁਰ, ਗੁਰਮੇਜ ਸਿੰਘ, ਮਲਕੀਤ ਸਿੰਘ ਮੱਖਣਵਿੰਡੀ, ਬਲਵੰਤ ਸਿੰਘ ਤੀਰਥਪੁਰਾ, ਸਤਨਾਮ ਸਿੰਘ ਕਾਲਾ ਨੰਗਲ, ਹਰਜੀਤ ਸਿੰਘ, ਅਮਰਜੀਤ ਸਿੰਘ ਨਿਜ਼ਾਮਪੁਰ, ਮੰਗਲ ਸਿੰਘ ਖਜਾਲਾ, ਸਰਬਜੀਤ ਸਿੰਘ ਭੋਰਸ਼ੀ, ਬਲਵਿੰਦਰ ਸਿੰਘ ਮੀਰਾਂ ਚੱਕ, ਨਵਜਿੰਦਰ ਸਿੰਘ ਬੱਬੂ ਆਦਿ ਹਾਜ਼ਰ ਸਨ।

## ਪੈਟਰੋਲ ਪੰਪਾਂ ਵੱਲੋਂ ਕੈਨੀਆਂ 'ਚ ਡੀਜ਼ਲ ਨਾ ਦੇਣ ਕਰਕੇ ਖਪਤਕਾਰ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**

ਜ਼ਿਲ੍ਹਾ ਗੁਰਦਾਸਪੁਰ ਅੰਦਰ ਪੈਂਦੇ ਕੁਝ ਪੈਟਰੋਲ ਪੰਪ ਮਾਲਕਾਂ ਵੱਲੋਂ ਖਪਤਕਾਰਾਂ ਨੂੰ ਕੈਨੀਆਂ ਵਿੱਚ ਡੀਜ਼ਲ ਨਾ ਪਾਣ ਕਰਕੇ ਖਪਤਕਾਰ ਡਾਢੇ ਪ੍ਰੇਸ਼ਾਨ ਨਜ਼ਰ ਆ ਰਹੇ ਹਨ। ਇਸ ਸਬੰਧੀ ਗੱਲਬਾਤ ਕਰਦੇ ਹੋਏ ਕੁਝ ਖਪਤਕਾਰਾਂ ਨੇ ਦੱਸਿਆ ਕਿ ਉਨ੍ਹਾਂ ਨੇ ਆਪਣੇ ਘਰਾਂ ਅਤੇ ਕੰਮਾਂਕਾਰਾਂ ਲਈ ਜਨਰੇਟਰ ਲਗਾਏ ਹੋਏ ਹਨ ਜਿਨ੍ਹਾਂ ਵਿੱਚ ਉਹ ਕੈਨੀਆਂ ਰਾਹੀਂ ਤੇਲ ਲਿਆ ਕੇ ਭਰਦੇ ਹਨ। ਉਨ੍ਹਾਂ ਦੱਸਿਆ ਕਿ ਪਿਛਲੇ ਦਿਨੀਂ ਅਮਰੀਕਾ ਅਤੇ ਈਰਾਨ ਦੀ ਲੜਾਈ ਲੱਗਣ ਕਰਕੇ ਕੁਝ ਪੈਟਰੋਲ ਪੰਪ ਮਾਲਕਾਂ ਨੇ ਵੱਡੀਆਂ-ਵੱਡੀਆਂ ਟੈਂਕੀਆਂ ਵਿਚ ਤੇਲ ਭਰਵਾਉਣਾ ਸ਼ੁਰੂ ਕਰ ਦਿੱਤਾ ਸੀ, ਜਿਸ ਕਰਕੇ ਤੇਲ ਦੀ ਜਮ੍ਹਾਂਖੋਰੀ ਨੂੰ ਰੋਕਣ ਲਈ ਪੰਪ ਵਾਲਿਆਂ ਨੇ ਤੇਲ ਦੇਣਾ ਬੰਦ ਕੀਤਾ ਸੀ ਪਰ ਕੈਨੀਆਂ ਵਿੱਚ ਤੇਲ ਭਰਵਾਉਣ ਵਾਲੇ ਕਿਸੇ ਤਰ੍ਹਾਂ ਦੀ ਜਮਾਂ ਖੋਰੀ ਨਹੀਂ ਸਕਦੇ। ਇਸ ਲਈ ਉਨ੍ਹਾਂ ਨੂੰ ਕੁਝ ਪੰਪਾਂ ਤੋਂ ਤੇਲ ਨਾ ਮਿਲਣ ਕਰਕੇ ਦੂਰ-ਦੁਰਾਡੇ ਥਾਵਾਂ ਤੋਂ ਤੇਲ ਲਿਆ ਕੇ ਆਪਣੇ ਜਨਰੇਟਰਾਂ ਵਿਚ ਪਾਉਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਉਹ ਆਪਣੇ ਜਨਰੇਟਰਾਂ ਨੂੰ ਚੁੱਕ ਕੇ ਪੈਟਰੋਲ ਪੰਪਾਂ 'ਤੇ ਨਹੀਂ ਲਿਜਾਂ ਸਕਦੇ ਜਿਸ ਕਰਕੇ ਪੰਪਾਂ ਤੋਂ ਤੇਲ ਭਰਵਾਂ ਕੇ ਜਰਨੇਟਰਾਂ ਵਿਚ ਭਰਨਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਹੁਣ ਅਮਰੀਕਾ-ਈਰਾਨ ਦੀ ਲੜਾਈ ਬੰਦ ਹੋ ਚੁੱਕੀ ਹੈ ਪਰ ਫਿਰ ਵੀ ਕੁਝ ਪੰਪ ਮਾਲਕਾਂ ਵਲੋਂ ਕੈਨੀਆਂ ਵਿਚ ਡੀਜ਼ਲ ਨਹੀਂ ਦਿੱਤਾ ਜਾ ਰਿਹਾ। ਉਨ੍ਹਾਂ ਕਿਹਾ ਗੁਰਦਾਸਪੁਰ ਸ਼ਹਿਰ ਦੇ ਕੁਝ ਪੈਟਰੋਲ ਪੰਪਾਂ ਵਲੋਂ ਕੈਨੀਂ ਵਿਚ ਤੇਲ ਪਾਉਣ ਤੋਂ ਸਾਫ ਮਨ੍ਹਾ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਦਿਹਾਤੀ ਖੇਤਰਾਂ ਵਿਚ ਵੀ ਪੈਟਰੋਲ ਪੰਪਾਂ ਵਾਲੇ ਵੀ ਤੇਲ ਕੈਨੀਆਂ ਵਿਚ ਪਾਉਣ ਤੋਂ ਮਨਾਹੀ ਕਰ ਦਿੰਦੇ ਹਨ। ਉਨ੍ਹਾਂ ਕਿਹਾ ਜਨਰੇਟਰਾਂ ਵਿੱਚ ਤੇਲ ਪਾਉਣ ਲਈ ਉਨ੍ਹਾਂ ਨੂੰ ਕਾਫੀ ਮੁਸ਼ਕਿਲ ਪੇਸ਼ ਆ ਰਹੀ ਹੈ।

ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਗਈ ਕੈਨੀਆਂ ਵਿੱਚ ਤੇਲ ਨਾ ਪਾਉਣ ਵਾਲੇ ਪੈਟਰੋਲ ਪੰਪ ਮਾਲਕਾਂ ਨੂੰ ਕੈਨੀਆਂ ਵਿਚ ਤੇਲ ਪਾਉਣ ਦੀਆਂ ਹਦਾਇਤਾਂ ਕੀਤੀਆਂ ਜਾਣ ਤਾਂ ਜੋ ਖਪਤਕਾਰਾਂ ਨੂੰ ਆ ਰਹੀ ਪ੍ਰੇਸ਼ਾਨੀ ਤੋਂ ਰਾਹਤ ਮਿਲ ਸਕੇ। ਉਨ੍ਹਾਂ ਕਿਹਾ ਅਜਿਹਾ ਨਾ ਕਰਲ ਵਾਲੇ ਪੰਪ ਮਾਲਕਾਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।

## ਬਿਜਲੀ ਦਫ਼ਤਰ ਮਜੀਠਾ ਵਿਖੇ ਪਾਵਰਕਾਮ ਪੈਨਸ਼ਨਰਾਂ ਕੀਤਾ ਰੋਸ ਮੁਜ਼ਾਹਰਾ

**ਮਜੀਠਾ (ਸੋਇਮ ਆਨੰਦ)**

ਬਿਜਲੀ ਦਫਤਰ ਕੰਪਲੇਕਸ ਮਜੀਠਾ 'ਚ ਸੂਬਾ ਕਮੇਟੀ ਦੇ ਸੱਦੇ ਤੋਂ ਪੰਜਾਬ ਰਾਜ ਪਾਵਰਕਾਮ/ਟ੍ਰਾਂਸਕੋ ਲਿਮਿਟਿਡ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਪ੍ਰਧਾਨ ਮਹਿੰਦਰ ਸਿੰਘ ਖਹਿਰਾ ਦੀ ਅਗਵਾਈ ਵਿੱਚ ਰੋਸ ਮੁਜ਼ਾਹਰਾ ਕੀਤਾ ਗਿਆ, ਜਿਸ ਵਿੱਚ ਪੈਨਸ਼ਨਰਾਂ ਨੇ ਭਰਵੀਂ ਸ਼ਮੂਲੀਅਤ ਕੀਤੀ।ਮੁਜ਼ਾਹਰੇ ਵਿੱਚ ਸਰਕਲ ਪ੍ਰਧਾਨ ਕਰਮ ਸਿੰਘ ਰਾਜਾਸਾਂਸੀ ਅਤੇ ਸਰਕਲ ਸਕੱਤਰ ਸਵਿੰਦਰਪਾਲ ਮੱਲੋਵਾਲੀ ਵਿਸ਼ੇਸ਼ ਤੌਰ 'ਤੇ ਪਹੁੰਚ।ਬੁਲਾਰੇ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਹਰ ਵਰਗ ਆਪਣੇ ਹੱਕਾਂ ਲਈ ਸੰਘਰਸ਼ ਕਰ ਰਿਹਾ ਹੈ ਤੇ ਸਰਕਾਰਾਂ ਵਲੋਂ ਪੈਨਸ਼ਨਰਜ਼, ਮੁਲਾਜ਼ਮ, ਮਜ਼ਦੂਰ, ਕਿਸਾਨ, ਵਿਦਿਆਰਥੀ, ਪੱਤਰਕਾਰ ਅਤੇ ਛੋਟੇ ਵਪਾਰੀਆਂ ਦੇ ਹੱਕਾਂ ਉਤੇ ਲਗਾਤਾਰ ਹਮਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਵਾਰ ਅਪ੍ਰੈਲ ਮਹੀਨੇ ਵਿਚ ਲਾਈਵ ਸਰਟੀਫਿਕੇਟ ਦੀ ਪ੍ਰਕਿਰਿਆ ਵਿਚ ਵੱਡੀ ਮੁਸ਼ਕਲ ਆ ਰਹੀ ਹੈ।ਬਹੁਤ ਸਾਰੇ ਫੈਮਿਲੀ ਪੈਨਸ਼ਨਰਜ਼ ਕੋਲ ਸਮਾਰਟ ਫੋਨ ਨਹੀਂ ਹਨ ਅਤੇ ਜ਼ਿਆਦਾਤਰ ਅਨਪੜ੍ਹ ਹਨ।ਇਸ ਲਈ ਉਨ੍ਹਾਂ ਨੇ ਮੰਗ ਕੀਤੀ ਹੈ ਕਿ ਪੁਰਾਣੀ ਵਿਧੀ ਅਨੁਸਾਰ ਲਾਈਵ ਸਰਟੀਫਿਕੇਟ ਦੀ ਆਪਸ਼ਨ ਵੀ ਰੱਖੀ ਜਾਵੇ।ਇਸ ਮੁੱਦੇ ਨੂੰ ਲੈ ਕੇ ਐਕਸੀਅਨਾਂ ਨੂੰ ਮੰਗ-ਪੱਤਰ ਦਿੱਤਾ ਗਿਆ।ਸੂਬਾ ਕਮੇਟੀ ਦੇ ਫੈਸਲੇ ਮੁਤਾਬਿਕ 16 ਅਪ੍ਰੈਲ ਤੱਕ ਮੰਡਲ ਪੱਧਰ 'ਤੇ ਰੋਸ ਮੁਜ਼ਾਹਰੇ ਕੀਤੇ ਜਾ ਰਹੇ ਹਨ ਅਤੇ ਮੰਡਲ ਅਫਸਰਾਂ ਨੂੰ ਡਿਜੀਟਲ ਲਾਈਵ ਸਰਟੀਫਿਕੇਟ ਨੂੰ ਲਾਜ਼ਮੀ ਬਣਾਉਣ ਦੀ ਥਾਂ ਆਪਸ਼ਨ ਦੇਣ ਲਈ ਮੰਗ-ਪੱਤਰ ਦਿੱਤੇ ਜਾ ਰਹੇ ਹਨ।ਇਸ ਤੋਂ ਇਲਾਵਾ ਸੂਬਾ



ਵਰਕਿੰਗ ਕਮੇਟੀ ਨੇ 18 ਅਪ੍ਰੈਲ ਨੂੰ ਸ਼ਨੀਵਾਰ ਨੂੰ ਲੁਧਿਆਣਾ ਵਿਖੇ ਬਿਜਲੀ ਮੰਤਰੀ ਦੀ ਰਿਹਾਇਸ਼ ਸਾਹਮਣੇ ਸੂਬਾ ਪੱਧਰੀ ਰੋਸ ਮੁਜ਼ਾਹਰਾ ਕਰਨ ਦਾ ਫੈਸਲਾ ਲਿਆ ਹੈ ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਉਤੇ ਹੋਵੇਗੀ।ਪੈਨਸ਼ਨਰਾਂ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਮੰਗਾਂ ਨਾ ਮੰਨੀਆਂ ਤਾਂ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਇਸ ਮੌਕੇ ਰਾਮ ਲੁਭਾਇਆ ਮਜੀਠਾ, ਜੋਗਿੰਦਰ ਸਿੰਘ ਸੋਹੀ, ਗੁਰਨਾਮ ਸਿੰਘ ਡੱਡੀਆ, ਜਗੀਰ ਸਿੰਘ ਸੋਹੀ, ਰਵੇਲ ਸਿੰਘ ਗੋਸਲ, ਦਲਵਿੰਦਰ ਸਿੰਘ ਸਪਾਰੀਵਿੰਡ ਅਤੇ ਸੁਭਾਸ਼ ਚੰਦਰ ਨੇ ਸੰਬੋਧਨ ਕੀਤਾ।

## ਦੀਪਕ ਭੰਡਾਰੀ ਵੱਲੋਂ ਮਾਨ ਸਰਕਾਰ ਦੇ ਵਿਕਾਸ ਕਾਰਜਾਂ ਦਾ ਲੇਖਾ-ਜੋਖਾ ਪੇਸ਼



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**

ਜ਼ਿਲ੍ਹਾ ਅੰਮ੍ਰਿਤਸਰ ਵਿੱਚ ਪੈਂਦੇ ਪਿੰਡ ਚਵਿੰਡਾ ਦੇਵੀ ਵਿਖੇ ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ ਅਤੇ ਹਲਕਾ ਮਜੀਠਾ ਦੇ ਟ੍ਰੇਡ ਕਮਿਸ਼ਨ ਦੇ ਚੇਅਰਮੈਨ ਦੀਪਕ ਭੰਡਾਰੀ ਦੀ ਅਗਵਾਈ ਹੇਠ ਵਿਸ਼ੇਸ਼ ਮਿਟਿੰਗ ਕੀਤੀ ਗਈ ਜਿਸ ਵਿੱਚ ਆਪ ਆਗੂ ਅਤੇ ਯੂਥ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਫੌਜੀ ਨੇ ਲੋਕਾਂ ਨੂੰ ਆਮ ਆਦਮੀ ਪਾਰਟੀ ਦੇ ਪਿਛਲੇ ਚਾਰ ਸਾਲਾਂ 'ਚ ਕੀਤੇ ਕਾਰਜਾਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ।ਚੇਅਰਮੈਨ ਦੀਪਕ ਭੰਡਾਰੀ ਨੇ ਕਿਹਾ ਪਿਛਲੇ ਚਾਰ ਸਾਲਾਂ ਵਿੱਚ ਆਮ ਆਦਮੀ ਪਾਰਟੀ ਨੇ ਜੋ ਵਾਅਦੇ ਕੀਤੇ ਸਨ ਉਨ੍ਹਾਂ ਨੂੰ ਪੂਰਾ ਕਰਕੇ ਦਿਖਾਇਆ ਹੈ ਨਾ ਕਿ ਦੂਸਰੀਆਂ ਪਾਰਟੀਆਂ ਵਾਂਗ ਹਵਾ ਵਿੱਚ ਤਲਵਾਰਾਂ ਮਾਰੀਆਂ ਹਨ।ਇਸ ਮੌਕੇ ਬਲਾਕ ਪ੍ਰਧਾਨ ਜਗਦੀਸ਼ ਸਿੰਘ ਸ਼ਹਿਜ਼ਾਦਾ ਨੇ ਜਾਣਕਾਰੀ ਦਿੱਤੀ ਕਿ ਹਲਕਾ ਇੰਚਾਰਜ ਤਲਬੀਰ ਸਿੰਘ ਨੇ ਮੀਂਹ ਅਤੇ ਗੜ੍ਹੇਮਾਰੀ ਨਾਲ ਜੋ ਫਸਲਾਂ ਤਬਾਹ ਹੋਈਆਂ ਸਨ ਉਨ੍ਹਾਂ ਕਿਸਾਨਾਂ ਦੀਆਂ ਮੰਗਾਂ ਨੂੰ ਸੁਣਿਆ ਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰਕੇ ਪ੍ਰਭਾਵਿਤ ਕਿਸਾਨਾਂ ਨੂੰ ਜਲਦੀ ਤੋਂ ਜਲਦੀ ਮੁਆਵਜ਼ਾ ਦਿਵਾਉਣ ਲਈ ਵੀ ਕਿਹਾ ਹੈ।ਇਸ ਮੀਟਿੰਗ 'ਚ ਸਾਬਕਾ ਸਰਪੰਚ ਸਵਰਨਜੀਤ ਸਿੰਘ, ਵਿਕਰਮ ਭੰਡਾਰੀ, ਸਵਰਨ ਸਿੰਘ ਐੱਸ. ਐੱਸ, ਸਾਬਕਾ ਸਰਪੰਚ ਮਾਸਟਰ ਗੰਗਾ ਸਿੰਘ, ਜਸਪਾਲ ਸਰਮਾਂ, ਬਲਾਕ ਸੰਮਤੀ ਮੈਂਬਰ ਜੰਗ ਸਿੰਘ ਜੰਗੀ, ਸੀਨੀਅਰ ਆਪ ਆਗੂ ਭੋਲਾ ਸਿੰਘ, ਟਿੰਕੂ ਸੁੰਦਰ, ਜਗਦੀਸ਼ ਸਿੰਘ (ਸੈਕਟਰੀ), ਸੀਨੀਅਰ ਪਤਰਕਾਰ ਸ. ਮੁਖਤਾਰ ਸਿੰਘ, ਕੁਲਦੀਪ ਸਿੰਘ, ਬੱਗੀ ਸਿੰਘ, ਕਿਰਤ ਸਿੰਘ, ਸ਼ਿੰਦਾ ਟੇਲਰ, ਆਪ ਆਗੂ ਭਰਤ ਸੁੰਦਰ, ਸ਼ਿੰਦਾ ਐੱਸ. ਐੱਸ, ਕਰਨਬੀਰ ਸਿੰਘ, ਕਿਸ਼ਨ ਬਾਵਾ ਆਦਿ ਹਾਜ਼ਰ ਸਨ।

## ਬਾਬਾ ਸੋਹਣ ਸਿੰਘ ਭਕਨਾ ਦੇ ਨਾਂਅ 'ਤੇ ਖੇਡ ਸਟੇਡੀਅਮ ਬਣਾਉਣ ਦੀ ਮੰਗ

**ਅਟਾਰੀ (ਸਤਬੀਰ ਭੀਲ)**

ਪਿੰਡ ਭਕਨਾ ਕਲਾਂ ਵਿਖੇ ਬਾਬਾ ਭਕਨਾ ਯਾਦਗਾਰੀ ਫਾਊਂਡੇਸ਼ਨ (ਰਜਿ.) ਦੇ ਪ੍ਰਧਾਨ ਜਸਬੀਰ ਸਿੰਘ ਗਿੱਲ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਗਦਰ ਪਾਰਟੀ ਦੇ ਪ੍ਰਧਾਨ ਅਤੇ ਮਹਾਨ ਦੇਸ਼ ਭਗਤ ਬਾਬਾ ਸੋਹਣ ਸਿੰਘ ਭਕਨਾ ਦੇ ਨਾਂਅ 'ਤੇ ਪਿੰਡ 'ਚ ਅਤਿ-ਆਧੁਨਿਕ ਖੇਡ ਸਟੇਡੀਅਮ ਬਣਾਇਆ ਜਾਵੇ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਜਸਬੀਰ ਸਿੰਘ ਗਿੱਲ ਨੇ ਕਿਹਾ ਕਿ ਬਾਬਾ ਸੋਹਣ ਸਿੰਘ ਭਕਨਾ ਨੇ ਦੇਸ਼ ਦੀ ਆਜ਼ਾਦੀ ਲਈ ਆਪਣੀ ਸਾਰੀ ਜਵਾਨੀ ਕਾਲੇ ਪਾਣੀ ਦੀਆਂ ਜੇਲ੍ਹਾਂ 'ਚ ਕੱਟ ਦਿੱਤੀ।ਉਨ੍ਹਾਂ ਦੀ ਕੁਰਬਾਨੀ ਨੂੰ ਸਹੀ ਸ਼ਰਧਾਂਜਲੀ ਇਹੀ ਹੋਵੇਗੀ ਕਿ ਨਵੀਂ ਪੀੜ੍ਹੀ ਨੂੰ ਖੇਡਾਂ ਨਾਲ ਜੋੜ ਕੇ ਨਸ਼ਿਆਂ ਤੋਂ ਦੂਰ ਰੱਖਿਆ ਜਾਣਾ ਚਾਹੀਦਾ ਹੈ ਤੇ ਸਟੇਡੀਅਮ ਵਿੱਚ 400 ਮੀਟਰ ਟਰੈਕ, ਹਾਕੀ-ਫੁੱਟਬਾਲ ਗਰਾਊਂਡ, ਇਨਡੋਰ ਹਾਲ ਤੇ ਜਿਮ ਬਣ ਸਕਦਾ ਹੈ।ਇਸ ਨਾਲ ਭਕਨਾ ਕਲਾਂ ਸਮੇਤ ਆਸ-ਪਾਸ ਦੇ 20-25 ਪਿੰਡਾਂ ਦੇ ਨੌਜਵਾਨਾਂ ਨੂੰ ਫਾਇਦਾ ਹੋਵੇਗਾ।ਜਸਬੀਰ ਸਿੰਘ ਗਿੱਲ ਨੇ ਕਿਹਾ ਕਿ ਉਹ ਇਸ ਸਬੰਧੀ ਜਲਦ ਹੀ ਖੇਡ ਮੰਤਰੀ ਤੇ ਹਲਕਾ ਵਿਧਾਇਕ ਨੂੰ ਮੰਗ-ਪੱਤਰ ਸੌਂਪਣਗੇ।ਪਿੰਡ ਵਾਸੀਆਂ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਅਤੇ ਸਕੂਲ ਸਟਾਫ ਨੇ ਵੀ ਇਸ ਮੰਗ ਦਾ ਸਮਰਥਨ ਕੀਤਾ ਹੈ।ਉਨ੍ਹਾਂ ਅੱਗੇ ਕਿਹਾ ਕਿ ਬਾਬਾ ਸੋਹਣ ਸਿੰਘ ਭਕਨਾ ਦਾ ਜੀਵਨ ਨੌਜਵਾਨਾਂ ਲਈ ਚਾਨਣ ਮੁਨਾਰਾ ਹੈ। ਜੇ ਸਟੇਡੀਅਮ ਬਣਦਾ ਹੈ ਤਾਂ ਹਰ ਸਾਲ ਇੱਥੇ ਬਾਬਾ ਸੋਹਣ ਸਿੰਘ ਯਾਦਗਾਰੀ ਖੇਡ ਮੇਲਾ ਕਰਵਾਇਆ ਜਾਵੇਗਾ।ਇਸ ਮੌਕੇ ਮੰਗ ਕੀਤੀ ਗਈ ਕਿ ਸਟੇਡੀਅਮ ਦਾ ਨਾਂਅ ਦੇਸ਼ ਭਗਤ ਬਾਬਾ ਸੋਹਣ ਸਿੰਘ ਭਕਨਾ ਖੇਡ



ਸਟੇਡੀਅਮ ਰੱਖਿਆ ਜਾਵੇ, ਕੌਮੀ ਪੱਧਰ ਦੇ ਕੋਚ ਤਾਇਨਾਤ ਕੀਤੇ ਜਾਣ, ਲਾਇਬ੍ਰੇਰੀ 'ਚ ਗਦਰ ਲਹਿਰ ਦਾ ਸਾਹਿਤ ਰੱਖਿਆ ਜਾਵੇ ਅਤੇ ਹਰ ਸਾਲ 4 ਜਨਵਰੀ ਨੂੰ ਬਾਬਾ ਜੀ ਦੇ ਜਨਮ ਦਿਹਾੜੇ 'ਤੇ ਖੇਡ ਮੁਕਾਬਲੇ ਹੋਣ। ਪਿੰਡ ਦੇ ਸਰਪੰਚ ਤੇ ਮੋਹਤਬਰਾਂ ਨੇ ਵੀ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਦੇਸ਼ ਭਗਤ ਦੀ ਜਨਮ ਭੂਮੀ ਨੂੰ ਬਣਦਾ ਮਾਣ-ਸਤਿਕਾਰ ਜ਼ਰੂਰ ਦਿੱਤਾ ਜਾਵੇ।

## ਧਾਰਮਿਕ ਸਮਾਗਮ ਸੰਸਕ੍ਰਿਤੀ ਨਾਲ ਜੁੜਨ ਲਈ ਪ੍ਰੇਰਿਤ ਕਰਦੇ : ਚੁੱਘ

**ਛੇਹਰਟਾ, (ਮਨੋਜ ਕੁਮਾਰ)**-ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਨੇ ਸ਼੍ਰੀ ਆਤਮਾਨੰਦ ਆਸ਼ਰਮ ਵਿਸ਼ਵਨਾਥ ਮੰਦਰ, ਰੂਪ ਨਗਰ ਗੇਟ, ਭਗਤਾਂਵਾਲਾ ਵਿਖੇ ਹੋ ਰਹੀ ਸ਼੍ਰੀਮਦ ਭਾਗਵਤ ਕਥਾ ਦੇ ਪਵਿੱਤਰ ਮੌਕੇ ਪੁੱਜ ਕੇ ਮੱਥਾ ਟੇਕਿਆ।



ਇਸ ਦੌਰਾਨ ਚੁੱਘ ਨੇ ਦੇਸ਼ ਤੇ ਸੂਬੇ ਵਿਚ ਖੁਸ਼ਹਾਲੀ, ਸ਼ਾਂਤੀ ਤੇ ਤਰੱਕੀ ਲਈ ਪ੍ਰਾਰਥਨਾ ਕੀਤੀ ਅਤੇ ਸੰਤਾਂ- ਮਹਾਂਪੁਰਸ਼ਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਮੌਜੂਦ ਸ਼ਰਧਾਲੂਆਂ ਨੂੰ ਸੰਬੋਧਨ ਕਰਦਿਆਂ ਚੁੱਘ ਨੇ ਕਿਹਾ ਕਿ ਅਜਿਹੇ ਸਮਾਗਮ ਸਮਾਜ ਵਿਚ ਨੈਤਿਕ ਕਦਰਾਂ-ਕੀਮਤਾਂ ਸਥਾਪਤ ਕਰਦੇ ਹਨ ਅਤੇ ਨਵੀਂ ਪੀੜ੍ਹੀ ਨੂੰ ਆਪਣੀ ਸੰਸਕ੍ਰਿਤੀ ਨਾਲ ਜੁੜਨ ਲਈ ਪ੍ਰੇਰਿਤ ਕਰਦੇ ਹਨ। ਚੁੱਘ ਨੇ ਕਿਹਾ ਕਿ ਅੱਜ ਦੇ ਸਮੇਂ ਵਿਚ ਜਦੋਂ ਸਮਾਜ ਬਹੁਤ ਸਾਰੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ, ਅਜਿਹੇ ਧਾਰਮਿਕ ਤੇ ਅਧਿਆਤਮਿਕ ਪ੍ਰੋਗਰਾਮ ਲੋਕਾਂ ਦੇ ਜੀਵਨ ਵਿਚ ਸਕਾਰਾਤਮਕ ਊਰਜਾ, ਸੰਤੁਲਨ ਤੇ ਅੰਦਰੂਨੀ ਸ਼ਾਂਤੀ ਪੈਦਾ ਕਰਦੇ ਹਨ। ਚੁੱਘ ਨੇ ਅੱਗੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਹਮੇਸ਼ਾ ਸਮਾਜ ਦੇ ਹਰ ਵਰਗ ਨਾਲ ਖੜ੍ਹੀ ਰਹੀ ਹੈ ਅਤੇ ਦੇਸ਼ ਦੀਆਂ ਸੱਭਿਆਚਾਰਕ ਤੇ ਅਧਿਆਤਮਿਕ ਪਰੰਪਰਾਵਾਂ ਨੂੰ ਸੁਰੱਖਿਅਤ ਰੱਖਣ ਅਤੇ ਮਜ਼ਬੂਤ ਕਰਨ ਲਈ ਲਗਾਤਾਰ ਯਤਨਸ਼ੀਲ ਹੈ। ਇਸ ਮੌਕੇ ਵੱਡੀ ਗਿਣਤੀ ਵਿਚ ਸ਼ਰਧਾਲੂ, ਪਤਵੰਤੇ ਤੇ ਪ੍ਰਬੰਧਕ ਮੌਜੂਦ ਸਨ।

## ਪੰਜਾਬ ਫਾਰਮੇਸੀ ਕੌਂਸਲ ਦੀ ਜਨਰਲ ਬਾਡੀ ਮੀਟਿੰਗ

**ਮੁਹਾਲੀ (ਗੁਰਜੀਤ ਬਿੱਲਾ)**- ਦਫ਼ਤਰ ਪੰਜਾਬ ਫਾਰਮੇਸੀ ਕੌਂਸਲ ਮੁਹਾਲੀ ਦੀ ਜਨਰਲ ਬਾਡੀ ਮੀਟਿੰਗ ਸੁਸ਼ੀਲ ਕੁਮਾਰ ਬਾਂਸਲ, ਪ੍ਰਧਾਨ, ਪੰਜਾਬ ਫਾਰਮੇਸੀ ਕੌਂਸਲ ਦੀ ਅਗਵਾਈ ਹੇਠ ਕੀਤੀ ਗਈ, ਜਿਸ ਵਿੱਚ ਕੌਂਸਲ ਨਾਲ ਸੰਬੰਧਤ ਵੱਖ-ਵੱਖ ਮਾਮਲਿਆਂ ਸਬੰਧੀ ਅਤੇ ਸੂਬੇ ਦੇ ਫਾਰਮਾਸਿਸਟਾਂ ਅਤੇ ਫਾਰਮੇਸੀ ਪੇਸ਼ੇ ਦੀ ਭਲਾਈ ਸਬੰਧੀ ਚਰਚਾ ਕੀਤੀ ਗਈ। ਮੀਟਿੰਗ ਵਿੱਚ ਫਾਰਮੇਸੀ ਕੌਂਸਲ ਆਫ਼ ਇੰਡੀਆ-ਫਾਰਮੇਸੀ ਪ੍ਰੈਕਟਿਸ ਰੈਗੂਲੇਸ਼ਨ 2015, ਜਨ ਵਿਸ਼ਵਾਸ ਐਕਟ 2023 ਅਤੇ ਹੋਰ ਕਈ ਵਿਸ਼ਿਆਂ ਤੇ ਚਰਚਾ ਕੀਤੀ ਗਈ, ਜਿਸ ਨਾਲ ਸੂਬੇ ਦੇ ਫਾਰਮੇਸੀ ਪੇਸ਼ੇ ਵਿੱਚ ਵਧੇਰੇ ਸੁਧਾਰ ਆਵੇ ਅਤੇ ਨਾਲ ਹੀ ਫਾਰਮਾਸਿਸਟਾਂ ਨੂੰ ਰਜਿਸਟਰੇਸ਼ਨ ਲਈ ਅਪਲਾਈ ਕਰਨ ਵਿੱਚ ਤੇ ਰਜਿਸਟਰੇਸ਼ਨ ਨਾਲ ਸੰਬੰਧਤ ਹੋਰ ਸੇਵਾਵਾਂ ਲੈਣ ਵਿੱਚ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੀਟਿੰਗ ਵਿੱਚ ਸ੍ਰੀ ਤਜਿੰਦਰ ਪਾਲ ਸਿੰਘ, ਮੀਤ-ਪ੍ਰਧਾਨ, ਡਾ. ਪ੍ਰੀਤੀ ਪੱਡਾ, ਰਜਿਸਟਰਾਰ, ਸ੍ਰੀ ਪੰਕਜ ਸਰੀਨ, ਰਾਜ ਸਰਕਾਰ ਵਿਸ਼ਲੇਸ਼ਕ, ਫੂਡ ਲੈਬੋਰਟਰੀ, ਪੰਜਾਬ ਅਤੇ ਹੋਰ ਮੈਂਬਰ ਡਾ. ਠਾਕੁਰ ਗੁਰਜੀਤ ਸਿੰਘ, ਸੁਰਿੰਦਰ ਕੁਮਾਰ ਸ਼ਰਮਾ, ਅਮ੍ਰਿਤ ਪਾਲ ਸਿੰਘ ਸੋਢੀ, ਰਵੀ ਸ਼ੰਕਰ ਨੰਦਾ, ਸੰਜੀਵ ਕੁਮਾਰ, ਅਸ਼ੋਕ ਕੁਮਾਰ ਤੇ ਤੇਜਪਿੰਦਰ ਸਿੰਘ ਹਾਜ਼ਰ ਸਨ ।

## ਗੜੇਮਾਰੀ ਨਾਲ ਨੁਕਸਾਨੀਆਂ ਫਸਲਾਂ ਦਾ ਮੁਆਵਜ਼ਾ ਦੇਵੇ ਸਰਕਾਰ : ਗਾਂਧੀ ਨਿੰਬਰਵਿੰਡ



**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**

ਪਿਛਲੇ ਕਾਫੀ ਦਿਨਾਂ ਤੋਂ ਹੋ ਰਹੀ ਬੇਮੌਸਮੀ ਬਰਸਾਤ ਕਾਰਨ ਮਜੀਠਾ ਹਲਕੇ ਦੇ ਕਈ ਥਾਵਾਂ ਤੇ ਭਾਰੀ ਗੜ੍ਹੇਮਾਰੀ ਕਾਰਨ ਫਸਲਾਂ ਦਾ ਨੁਕਸਾਨ ਹੋਇਆ ਸੀ। ਪਿੰਡ ਚਾਟੀਵਿੰਡ ਲਹੌਲ ਵਿਖੇ ਤੇ ਹੋਰ ਨੇੜਲੇ ਪਿੰਡਾਂ ਵਿਚ ਹੋ ਰਹੀ ਬਾਰਿਸ਼ ਨਾਲ ਗੜ੍ਹੇਮਾਰੀ ਕਾਰਨ ਕਿਸਾਨ ਭਰਾਵਾਂ ਤੇ ਗਰੀਬ ਲੋਕਾਂ ਦੇ ਸਾਹ ਸੂਤੇ ਲਏ ਹਨ, ਕਿਉਂਕਿ ਅਜੇ ਹੜ੍ਹਾਂ ਦੀ ਮਾਰ ਤੋਂ ਕਿਸਾਨ ਉੱਪਰ ਨਹੀਂ ਉੱਠੇ ਸਨ ਕਿ ਮੁੜ ਤੋਂ ਰੱਬ ਕਹਿਰਵਾਨ ਹੁੰਦਾ ਹੋਇਆ ਨਜ਼ਰ ਆ ਰਿਹਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਵਲੋਂ ਭੇਜੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦਿਹਾਤੀ ਯੂਥ ਦੇ ਪ੍ਰਧਾਨ ਨਵਜਿੰਦਰਪਾਲ ਸਿੰਘ ਗਾਂਧੀ ਨਿੰਬਰਵਿੰਡ ਨੇ ਪਿੰਡ ਚਾਟੀਵਿੰਡ ਲਹੇਲ ਵਿਖੇ ਫਸਲਾਂ ਦੇ ਹੋਏ ਨੁਕਸਾਨ ਦਾ ਜਾਇਜ਼ਾ ਲੈਣ ਮੌਕੇ ਕੀਤਾ।ਉਨ੍ਹਾਂ ਕਿਹਾ ਕਿ ਰੁਕ ਰੁਕ ਕੇ ਹੋ ਰਹੀ ਬਾਰਿਸ਼ ਤੇ ਤੇਜ਼ ਹਵਾਵਾਂ ਦੇ ਨਾਲ ਹੋਰ ਵੀ ਭਿਆਨਕ ਰੂਪ ਧਾਰਨ ਕਰਦੇ ਹੋਏ ਕਣਕ ਦੀ ਫਸਲ ਦਾ ਭਾਰੀ ਨੁਕਸਾਨ ਹੋਇਆ ਹੈ।ਬਾਰਿਸ਼ ਦਾ ਪਾਣੀ ਇਨ੍ਹਾਂ ਫਸਲਾਂ ਉਤੇ ਫਿਰ ਜਾਣ ਕਾਰਨ ਸਿੱਟੇ ਡਿੱਗ ਕੇ ਝੜ ਗਏ ਹਨ ਅਤੇ ਇਸ ਨਾਲ ਝਾੜ ਵਿਚ ਭਾਰੀ ਕਮੀ ਆਵੇਗੀ।ਉਨ੍ਹਾਂ ਪੰਜਾਬ ਸਰਕਾਰ ਕੋਲੋਂ ਇਨ੍ਹਾਂ ਫਸਲਾਂ ਦੇ ਨੁਕਸਾਨ ਲਈ ਮੁਆਵਜ਼ੇ ਦੀ ਮੰਗ ਕੀਤੀ ਹੈ।ਇਸ ਮੌਕੇ ਸੋਨੂੰ ਬੋਪਾਰਾਏ, ਬਾਬਾ ਮੇਜਰ ਸਿੰਘ ਸੋਢੀ, ਜਥੇਦਾਰ ਹਰਜੀਤ ਸਿੰਘ, ਜਥੇਦਾਰ ਜਸਵੰਤ ਸਿੰਘ, ਬਲਵਿੰਦਰ ਸਿੰਘ ਬਿੰਦਾ, ਗੁਰਜੰਟ ਸਿੰਘ, ਮਲਕੀਤ ਸਿੰਘ, ਨੰਬਰਦਾਰ ਅਮਰਜੀਤ ਸਿੰਘ, ਮੇਜਰ ਸਿੰਘ, ਲਖਵਿੰਦਰ ਸਿੰਘ, ਸਤਿੰਦਰ ਸਿੰਘ, ਜਸਪਾਲ ਸਿੰਘ, ਸਾਬਕਾ ਸਰਪੰਚ ਸਰਦੂਲ ਸਿੰਘ, ਗੁਰਪ੍ਰੀਤ ਸਿੰਘ ਲੇਹਲ ਆਦਿ ਪਤਵੰਤੇ ਸੱਜਣ ਹਾਜ਼ਰ ਸਨ।

## ਲਾਪ੍ਰਵਾਹੀ ਨਾਲ ਬੱਸ ਚਲਾਉਣ ਵਾਲੇ ਡਰਾਈਵਰ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**- ਥਾਣਾ ਸਦਰ ਗੁਰਦਾਸਪੁਰ ਪੁਲਿਸ ਦੇ ਏਐੱਸਆਈ ਸਤਵਿੰਦਰ ਮਸੀਹ ਨੇ ਦੱਸਿਆ ਕਿ ਬੀਤੇ ਦਿਨੀਂ ਉਹ ਸਮੇਤ ਸਾਥੀ ਕਰਮਚਾਰੀਆ ਹਾਈਟੈਕ ਨਾਕਾ ਬੱਬਰੀ ਬਾਈਪਾਸ 'ਤੇ ਮੌਜੂਦ ਸਨ ਕਿ ਇਕ ਬੱਸ ਨੰਬਰ ਪੀਬੀ02 ਸੀਸੀ 7667 ਮਾਰਕਾ ਜੋ ਪਠਾਨਕੋਟ ਸਾਈਡ ਤੋਂ ਤੇਜ ਰਫਤਾਰ ਨਾਲ ਆਈ, ਜਿਸ ਦੇ ਨਾ-ਮਾਲੂਮ ਡਰਾਈਵਰ ਨੇ ਬੱਸ ਦਾ ਮੋੜ ਕੱਟਦੇ ਸਮੇਂ ਬੱਸ ਸਿੱਧੀ ਡਿਵਾਈਡਰ ਵਿਚ ਮਾਰੀ। ਬੱਸ ਡਿਵਾਈਡਰ ਨੂੰ ਟੱਪ ਕੇ ਹਵਾ ਵਿੱਚ ਉਛਲਦੀ ਹੋਈ ਦੂਸਰੀ ਸਾਈਡ ਅੰਮ੍ਰਿਤਸਰ ਤੋਂ ਆ ਰਹੀ ਕਾਰ ਨੰਬਰ ਪੀ.ਬੀ.06-ਬੀ.ਏ. 6004 ਮਾਰਕਾ ਟੋਇਟਾ ਗਲੇਨਜ਼ ਉਪਰ ਡਿੱਗ ਗਈ ਤੇ ਕਾਰ ਸਾਰੀ ਟੁੱਟ ਭੱਜ ਗਈ। ਕਾਰ ਚਾਲਕ ਅਤੇ ਬੱਸ ਵਿਚ ਬੈਠੀਆਂ ਸਵਾਰੀਆਂ ਨੂੰ ਕਾਫੀ ਗੰਭੀਰ ਸੱਟਾਂ ਲੱਗੀਆਂ ਹਨ। ਇਸ ਹਾਦਸੇ ਵਿਚ ਜ਼ਖ਼ਮੀ ਹੋਏ ਹਰਦੀਪ ਕੁਮਾਰ ਪੁੱਤਰ ਮੁਨਸ਼ੀ ਮਸੀਹ ਵਾਸੀ ਸੱਦਾ ਥਾਣਾ ਦੋਰਾਂਗਲਾ ਦੀ ਮੌਤ ਹੋ ਗਈ ਹੈ। ਇਸ ਤਰ੍ਹਾਂ ਬੱਸ ਦੇ ਨਾ-ਮਾਲੂਮ ਡਰਾਈਵਰ ਵਲੋਂ ਬੱਸ ਵਿਚ ਮੌਜੂਦ ਸਵਾਰੀਆਂ ਦੀ ਜਾਨ ਦੀ ਪਰਵਾਹ ਨਾ ਕਰਦੇ ਹੋਏ ਅਤੇ ਆਸ-ਪਾਸ ਚਲਦੇ ਵਾਹਨਾਂ ਦੀ ਸੁਰੱਖਿਆ ਦਾ ਧਿਆਨ ਨਾ ਰੱਖਦੇ ਹੋਏ, ਬੱਸ ਨੂੰ ਬੇਹੱਦ ਤੇਜ਼ ਰਫ਼ਤਾਰ, ਅਣਗਹਿਲੀ ਅਤੇ ਲਾਪ੍ਰਵਾਹੀ ਨਾਲ ਚਲਾਉਣ ਕਰਕੇ ਇਹ ਹਾਦਸਾ ਵਾਪਰਿਆ ਹੈ। ਥਾਣਾ ਸਦਰ ਗੁਰਦਾਸਪੁਰ ਪੁਲਸ ਨੇ ਨਾ-ਮਾਲੂਮ ਬੱਸ ਡਰਾਈਵਰ ਖ਼ਿਲਾਫ਼ ਜ਼ੇਰੇ ਧਾਰਾ 105, 281, 324 (4) ਬੀ.ਐੱਨ.ਐੱਸ. ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਅਰੰਭ ਕਰ ਦਿੱਤੀ ਹੈ।

## ਦਿ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ 'ਵਰਸਿਟੀ ਪਟਿਆਲਾ ਦੇ ਨਵੇਂ ਕੰਪਲੈਕਸ ਦਾ ਉਦਘਾਟਨ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਬੀਤੇ ਦਿਨੀਂ ਦਿ ਮਹਾਰਾਜਾ ਭੁਪਿੰਦਰ ਸਿੰਘ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਨਵੇਂ ਕੰਪਲੈਕਸ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਸਪੋਰਟਸ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਪੁਸ਼ਪਿੰਦਰ ਸਿੰਘ ਗਿੱਲ ਨੇ ਕਿਹਾ ਕਿ ਅਕਾਦਮਿਕ ਖੇਤਰ ਵਿਚ ਇਕ ਨਵੇਂ ਯੁੱਗ ਦੀ ਸ਼ੁਰੂਆਤ ਹੋਈ ਹੈ ਜਿਸ ਨੂੰ ਸਪੋਰਟਸ ਯੂਨੀਵਰਸਿਟੀ ਨਵਾਂ ਆਕਾਰ ਦੇਵੇਗੀ।ਉਨ੍ਹਾਂ ਨੇ ਦੱਸਿਆ ਕਿ ਇਸ ਮੌਕੇ ਮੁੱਖ ਮੰਤਰੀ ਮਾਨ ਨੇ ਜਿਥੇ ਯੂਨੀਵਰਸਿਟੀ ਪ੍ਰਬੰਧਕਾਂ ਨੂੰ ਵਧਾਈ ਦਿਤੀ ਉਥੇ ਹੀ ਸਾਡੇ ਵਿਦਿਆਰਥੀਆਂ ਨੂੰ ਵੀ ਹੱਲਾਸ਼ੇਰੀ ਦਿੱਤੀ ਹੈ ਜਿਸ ਨਾਲ ਸਾਡੀ ਯੂਨੀਵਰਸਿਟੀ ਦਾ ਮਾਣ ਵਧਿਆ ਹੈ।ਇਸ ਸਮਾਰੋਹ ਦੌਰਾਨ ਯੂਨੀਵਰਸਿਟੀ ਦੇ ਅਕਾਦਮਿਕ ਅਮਲੇ ਸਮੇਤ ਵੱਡੀ ਗਿਣਤੀ ਵਿਦਿਆਰਥੀਆਂ ਸ਼ਮੂਲੀਅਤ ਕਰ ਕੇ ਉਹ ਇਸ ਇਤਿਹਾਸਿਕ ਪਲ ਦੇ ਗਵਾਹ ਬਣੇ ਸਨ। ਉਨ੍ਹਾਂ ਦੱਸਿਆ ਕਿ ਇਹ ਸਪੋਰਟਸ ਯੂਨੀਵਰਸਿਟੀ ਮੁੱਖ ਮੰਤਰੀ ਦੇ ਐਲਾਨ ਮੁਤਾਬਕ ਅਕਾਦਮਿਕ ਵਿਦਵਾਨਾਂ ਦੇ ਨਾਲ-ਨਾਲ ਸਪੋਰਟਸ ਚੈਂਪੀਅਨ ਐਥਲੀਟ ਤੇ ਖੇਡ



ਗ੍ਰੈਜੂਏਟ ਪੈਦਾ ਕਰਨ ਸਮੇਤ ਖੇਡ ਵਿਗਿਆਨ, ਖੇਡ ਸਭਿਆਚਾਰ ਤੇ ਸਕਾਲਰਸ਼ਿਪ ਲਈ ਵੀ ਅਪਣੇ ਦਰਵਾਜ਼ੇ ਖੋਲ੍ਹ ਚੁੱਕੀ ਹੈ।ਇਸ ਸਬੰਧੀ ਪੰਜਾਬ ਸਪੋਰਟਸ ਯੂਨੀਵਰਸਿਟੀ, ਪਟਿਆਲਾ ਦੇ ਸੰਵਿਧਾਨਿਕ ਕਾਲਜ ਗੁਰੂ ਨਾਨਕ ਸਰਕਾਰੀ ਕਾਲਜ, ਕਾਲਾ ਅਫ਼ਗਾਨਾ (ਗੁਰਦਾਸਪੁਰ) ਦੇ ਪ੍ਰਿੰਸੀਪਲ/ਇੰਚਾਰਜ ਡਾ. ਅਮਨਦੀਪ ਕੌਰ ਅਤੇ ਸਮੂਹ ਸਟਾਫ਼ ਨੇ ਖੁਸ਼ੀ ਜ਼ਾਹਿਰ ਕੀਤੀ।

## ਹਲਕਾ ਖਡੂਰ ਸਾਹਿਬ 'ਚ ਕਾਂਗਰਸ ਨੂੰ ਝਟਕਾ; ਧੂੰਦਾ ਦੇ ਕਈ ਮੋਹਤਬਰ ਭਾਜਪਾ 'ਚ ਸ਼ਾਮਲ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)**

ਜ਼ਿਲ੍ਹਾ ਤਰਨਤਾਰਨ ਦੇ ਹਲਕਾ ਖਡੂਰ ਸਾਹਿਬ 'ਚ ਕਾਂਗਰਸ ਨੂੰ ਉਸ ਵਕਤ ਜ਼ੋਰਦਾਰ ਝਟਕਾ ਲੱਗਾ ਜਦੋਂ ਪਿੰਡ ਧੂੰਦਾ ਵਿਖੇ ਠੇਕੇਦਾਰ ਸੁਖਜਿੰਦਰ ਸਿੰਘ ਸਮੇਤ ਕਈ ਮੋਹਤਬਰ ਲੋਕ ਪਰਿਵਾਰਾਂ ਸਮੇਤ ਕਾਂਗਰਸ ਪਾਰਟੀ ਨੂੰ ਅਲਵਿਦਾ ਕਹਿ ਕੇ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਦੀ ਅਗਵਾਈ ਹੇਠ ਸੀਨੀਅਰ ਆਗੂ ਰਮਨਦੀਪ ਸਿੰਘ ਭਰੋਵਾਲ ਦੀ ਪ੍ਰੇਰਨਾ ਸਦਕਾ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ।ਸ਼ਾਮਲ ਹੋਣ ਵਾਲਿਆਂ ਵਿੱਚ ਸੁਖਜਿੰਦਰ ਸਿੰਘ, ਬਿਕਰਮ ਸਿੰਘ, ਕਰਨਦੀਪ ਸਿੰਘ, ਨਿਸ਼ਾਨ ਸਿੰਘ, ਬੀਰਾ ਸਿੰਘ, ਰਣਬੀਰ ਸਿੰਘ, ਸਾਜਨਪ੍ਰੀਤ ਸਿੰਘ, ਅਰਜਨਦੀਪ ਸਿੰਘ, ਨੰਦ ਕਿਸ਼ੋਰ, ਆਕਾਸ਼ਦੀਪ ਸਿੰਘ, ਸਰਬਜੀਤ ਸਿੰਘ, ਪਰਮਿੰਦਰ ਸਿੰਘ ਸੁਖਵਿੰਦਰ ਸਿੰਘ, ਬੀਬੀਆਂ 'ਚ ਅਮਨਦੀਪ ਕੌਰ, ਰਾਜ ਕੌਰ, ਪ੍ਰਿਆ, ਰਾਜਬੀਰ ਕੌਰ, ਜੋਗਿੰਦਰ ਕੌਰ, ਸ਼ਿੰਦਰ ਕੌਰ, ਪ੍ਰੀਤ ਕੌਰ, ਸਰਬਜੀਤ ਕੌਰ, ਸਪਨਾ ਸ਼ਰਮਾ, ਸਿਮਰਦੀਪ ਕੌਰ, ਭਵਜੋਤ ਕਨੂੰਰ, ਤੰਨੂ ਨੂੰ ਜ਼ਿਲ੍ਹਾ ਪ੍ਰਧਾਨ ਹਰਜੀਤ ਸਿੰਘ ਸੰਧੂ ਨੇ ਪਾਰਟੀ ਚਿੰਨ੍ਹ ਦੇ ਕੇ ਸਨਮਾਨਿਤ ਕਰਦਿਆਂ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਜੀ ਆਇਆਂ ਆਖਿਆ।ਜ਼ਿਲ੍ਹਾ ਪ੍ਰਧਾਨ ਹਰਜੀਤ



ਸਿੰਘ ਸੰਧੂ ਨੇ ਕਿਹਾ ਕਿ ਹੁਣ ਪੰਜਾਬ ਦੇ ਲੋਕ ਜਾਣ ਚੁੱਕੇ ਹਨ ਕਿ ਭਾਜਪਾ ਹੀ ਅਜਿਹੀ ਪਾਰਟੀ ਹੈ ਜੋ ਭਾਰਤ ਦੇਸ਼ ਦੇ ਦੂਸਰੇ ਸੂਬਿਆਂ ਵਾਂਗ ਪੰਜਾਬ ਦੀ ਭਲਾ ਕਰ ਸਕਦੀ ਹੈ, ਪੰਜਾਬ ਵਿੱਚੋਂ ਬੁਰੀਆਂ ਅਲਾਮਤਾਂ ਖਤਮ ਕਰਕੇ ਸੂਬੇ ਨੂੰ ਤਰੱਕੀ, ਖੁਸ਼ਹਾਲੀ ਅਤੇ ਸੁਰੱਖਿਆ ਵੱਲ ਦੁਬਾਰਾ ਲੈ ਕੇ ਆ ਸਕਦੀ ਹੈ। ਇਸ ਮੌਕੇ ਮੀਤ ਪ੍ਰਧਾਨ ਸਤਨਾਮ ਸਿੰਘ ਭੁੱਲਰ, ਐੱਸੀ ਵਿੰਗ ਦੇ ਪ੍ਰਧਾਨ ਅਵਤਾਰ ਸਿੰਘ, ਸਰਕਲ ਪ੍ਰਧਾਨ ਖੁਸ਼ਪਿੰਦਰ ਸਿੰਘ, ਭੁਪਿੰਦਰ ਸਿੰਘ ਟੀਟੂ, ਅਮਰਜੀਤ ਸਿੰਘ ਭਰੋਵਾਲ, ਜਤਿੰਦਰ ਸਿੰਘ, ਵਰਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।

## ਪ੍ਰਬੰਧਾਂ ਦੀ ਘਾਟ ਕਾਰਨ ਵਾਪਰਿਆ ਸੜਕ ਹਾਦਸਾ; ਟਰੱਕ ਡਿੱਗਾ ਸੜਕ ਤੋਂ ਥੱਲੇ

**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**

ਆਮ ਦੇਖਣ ਨੂੰ ਮਿਲਦਾ ਹੈ ਕਿ ਸੜਕ 'ਤੇ ਹਾਦਸੇ ਹੁੰਦੇ ਰਹਿੰਦੇ ਹਨ ਅਤੇ ਲੱਖਾਂ ਲੋਕ ਆਪਣੀਆਂ ਕੀਮਤੀ ਜਾਨਾਂ ਗਵਾ ਲੈਂਦੇ ਹਨ ਪਰ ਇਨ੍ਹਾਂ ਹਾਦਸਿਆਂ ਦੀ ਜ਼ਿਆਦਾਤਰ ਵਜ੍ਹਾ ਪ੍ਰਬੰਧਾਂ ਦੀ ਘਾਟ ਹੁੰਦੀ ਹੈ। ਇਸੇ ਤਰ੍ਹਾਂ ਦਾ ਹਾਦਸਾ ਇਥੇ ਵੀ ਵਾਪਰਿਆ ਜਿਥੇ ਸੜਕ ਦੀ ਮੁਰੰਮਤ ਕਰਨ ਦੌਰਾਨ ਠੇਕੇਦਾਰਾਂ ਵੱਲੋਂ ਇੱਕ ਪਾਸੇ ਦੀ ਸੜਕ ਨੂੰ ਬੰਦ ਕਰ ਦਿੱਤਾ ਗਿਆ ਸੀ। ਲੋਕਾਂ ਨੂੰ ਮਜਬੂਰਨ ਸਿੰਗਲ ਸੜਕ ਰਾਹੀਂ ਗੁਜ਼ਰਨਾ ਪੈ ਰਿਹਾ ਸੀ। ਇਸੇ ਦੌਰਾਨ ਇਕ ਟਰੱਕ ਹਾਦਸਾ ਵਾਪਰ ਗਿਆ।ਪਿੰਡ ਗੋਪਾਲਪੁਰ ਸਬ-ਵੇਅ ਦੇ ਕੋਲ ਇੱਕ ਟਰੱਕ ਦਾ ਸੰਤੁਲਨ ਵਿਗੜ ਜਾਣ ਕਰਕੇ ਟਰੱਕ ਸੜਕ ਤੋਂ ਥੱਲੇ ਜਾ ਡਿੱਗਾ।ਟਰੱਕ 'ਤੇ ਪੱਥਰ ਲੱਦਿਆ ਸੀ ਅਤੇ ਟਰੱਕ ਰਾਜਸਥਾਨ ਤੋਂ ਹਿਮਾਚਲ ਤੱਕ ਜਾਣਾ ਸੀ।ਟਰੱਕ ਡਰਾਈਵਰ ਕੈਲਾਸ਼ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਕਿਹਾ ਕਿ ਸੜਕ ਕਾਨੂੰਨਾਂ ਦੀ ਘਾਟ ਅਤੇ ਮਾੜੀ ਵਿਵਸਥਾ ਹੋਣ ਕਰਕੇ ਇਹ ਹਾਦਸਾ ਹੋਇਆ ਹੈ।ਡਰਾਈਵਰ ਨੇ ਦੱਸਿਆ ਕਿ ਕਾਰ ਵਾਲੇ ਨੇ ਵਨ-ਵੇ ਰੋਡ ਹੋਣ ਕਾਰਨ ਟਰੱਕ ਦੇ ਅੱਗੇ ਅਚਾਨਕ ਬਰੇਕ ਮਾਰ ਦਿੱਤੀ ਅਤੇ ਕਾਰ ਨੂੰ ਬਚਾਉਣ ਲੱਗਿਆਂ ਟਰੱਕ ਦਾ ਸੰਤੁਲਨ ਵਿਗੜ ਗਿਆ ਅਤੇ ਟਰੱਕ ਸੜਕ ਤੋਂ ਥੱਲੇ ਜਾ ਡਿੱਗਾ।ਇਸ ਸਬੰਧੀ ਰਿਪੇਅਰ ਕੰਪਨੀ ਦੇ ਠੇਕੇਦਾਰ ਨਾਲ ਗੱਲਬਾਤ ਕੀਤੀ ਤਾਂ ਉਸ ਨੇ ਦੱਸਿਆ ਕਿ ਸੜਕ ਬਲਾਕ ਕਰਕੇ ਹੀ ਰਿਪੇਅਰ ਦਾ ਕੰਮ ਹੋ ਸਕਦਾ ਹੈ ਅਤੇ ਉਹ ਕਾਨੂੰਨ ਮੁਤਾਬਿਕ ਸੜਕ ਬਲਾਕ ਕਰ ਸਕਦੇ ਹਨ।ਇਸ ਸਬੰਧੀ ਜਦੋਂ ਐੱਸਐੱਚਓ ਕੱਥੋਨੰਗਲ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਸੜਕ ਬਲਾਕ ਕਰਨ ਦੀ ਆਗਿਆ ਰਿਪੇਅਰ ਕੰਪਨੀ ਨੇ ਲਈ ਹੁੰਦੀ ਹੈ।ਜਦ ਉਨ੍ਹਾਂ ਨੂੰ ਦੱਸਿਆ ਕਿ ਟਰੈਫਿਕ ਕਾਨੂੰਨ ਵਿਵਸਥਾ ਮਾੜੀ ਹੋਣ ਕਾਰਨ ਸੜਕ ਹਾਦਸੇ ਹੋ ਰਹੇ ਹਨ ਤਾਂ ਐੱਸਐੱਚਓ ਸਵਾਲਾਂ ਤੋਂ ਭੱਜਦੇ ਨਜ਼ਰ ਆਏ ਅਤੇ ਉਨ੍ਹਾਂ ਫੋਨ ਕੱਟ ਕਰ ਦਿੱਤਾ।



## ਤਲਬੀਰ ਗਿੱਲ ਨੇ ਬੇਮੌਸਮੀ ਬਰਸਾਤ ਨਾਲ ਪ੍ਰਭਾਵਿਤ ਹੋਈਆਂ ਫਸਲਾਂ ਦਾ ਲਿਆ ਜਾਇਜ਼ਾ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**

ਸਥਾਨਕ ਇਲਾਕੇ ਦੇ ਆਸ-ਪਾਸ ਪਈ ਬੇਮੌਸਮੀ ਬਰਸਾਤ ਅਤੇ ਤੇਜ਼ ਗੜ੍ਹੇਮਾਰੀ ਨੇ ਕਿਸਾਨਾਂ ਦੀਆਂ ਖੜ੍ਹੀਆਂ ਫ਼ਸਲਾਂ ਨੂੰ ਭਾਰੀ ਨੁਕਸਾਨ ਪਹੁੰਚਾਇਆ ਹੈ।ਇਸ ਅਚਾਨਕ ਆਈ ਕੁਦਰਤੀ ਆਫ਼ਤ ਕਾਰਨ



ਫਸਲਾਂ ਨੂੰ ਵੱਡਾ ਝਟਕਾ ਲੱਗਿਆ ਹੈ, ਜਿਸ ਨਾਲ ਕਿਸਾਨ ਵਰਗ 'ਚ ਚਿੰਤਾ ਅਤੇ ਮਾਯੂਸੀ ਦਾ ਮਾਹੌਲ ਬਣ ਗਿਆ ਹੈ।ਇਸ ਸੰਬੰਧੀ ਆਪ ਦੇ ਹਲਕਾ ਮਜੀਠਾ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਤੁਰੰਤ ਕਾਰਵਾਈ ਕਰਦਿਆਂ ਪਿੰਡ ਮਾਂਗਾਸਰਾਏ, ਚਾਟੀਵਿੰਡ, ਭੁੱਲਰ, ਹਾਂਸ ਅਤੇ ਤਲਵੰਡੀ ਦਸੋਧਾ ਸਿੰਘ ਆਦਿ ਪਿੰਡਾਂ ਦਾ ਦੌਰਾ ਕੀਤਾ ਗਿਆ। ਦੌਰੇ ਦੌਰਾਨ ਉਨ੍ਹਾਂ ਨੇ ਖੇਤਾਂ ਵਿਚ ਜਾ ਕੇ ਖੁਦ ਨੁਕਸਾਨੀ ਫ਼ਸਲਾਂ ਦਾ ਮੁਆਇਨਾ ਕੀਤਾ ਅਤੇ ਕਿਸਾਨਾਂ ਨਾਲ ਰੂਬਰੂ ਹੋ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ।ਗਿੱਲ ਨੇ ਸੰਬੰਧਿਤ ਮਾਲ ਅਤੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨਾਲ ਸੰਪਰਕ ਕਰਕੇ ਤੁਰੰਤ ਗਿਰਦਾਵਰੀ ਕਰਨ ਦੇ ਹੁਕਮ ਜਾਰੀ ਕਰਨ ਲਈ ਕਿਹਾ।ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਪ੍ਰਭਾਵਿਤ ਕਿਸਾਨਾਂ ਨੂੰ ਜਲਦੀ ਤੋਂ ਜਲਦੀ ਮੁਆਵਜ਼ਾ ਮਿਲਣਾ ਚਾਹੀਦਾ ਹੈ ਤਾਂ ਜੋ ਉਹ ਆਪਣੇ ਘਰੇਲੂ ਅਤੇ ਖੇਤੀਬਾੜੀ ਦੇ ਖਰਚੇ ਪੂਰੇ ਕਰ ਸਕਣ।ਇਸ ਮੌਕੇ ਬਲਾਕ ਪ੍ਰਧਾਨ ਮਨਜਿੰਦਰ ਸਿੰਘ ਮਾਂਗਾਸਰਾਏ, ਸਾਬਕਾ ਸਰਪੰਚ ਸੁਖਦੇਵ ਸਿੰਘ ਮਾਂਗਾਸਰਾਏ, ਸਤਨਾਮ ਸਿੰਘ, ਗੁਰਪ੍ਰੀਤ ਸਿੰਘ, ਗੁਰਜਿੰਦਰ ਸਿੰਘ ਮੈਂਬਰ ਪੰਚਾਇਤ, ਅਜੈਬ ਸਿੰਘ, ਸਰਬਜੀਤ ਸਿੰਘ ਸਰਪੰਚ ਸਵਿੰਦਰ ਸਿੰਘ ਚਾਟੀਵਿੰਡ ਲੇਹਲ, ਰਵਿੰਦਰ ਸਿੰਘ ਚਾਟੀਵਿੰਡ, ਦਲਜੀਤ ਸਿੰਘ, ਬਲਜੀਤ ਸਿੰਘ, ਪਵਨਦੀਪ ਸਿੰਘ ਸਾਬਕਾ ਸਰਪੰਚ, ਬਲਦੇਵ ਸਿੰਘ, ਹਰਜਿੰਦਰ ਸਿੰਘ ਸਰਪੰਚ ਰੂਪੋਵਾਲੀ ਖੁਰਦ, ਜੋਬਨਜੀਤ ਸਿੰਘ, ਸਿਮਰਜੀਤ ਸਿੰਘ ਫੌਜੀ, ਰਵੀ ਮੈਂਬਰ ਪੰਚਾਇਤ, ਗੁਰਦੇਵ ਸਿੰਘ ਆਦਿ ਆਗੂ ਹਾਜ਼ਰ ਸਨ।

## ਦੋ ਦਿਨਾ ਧਾਰਮਿਕ ਪੋ੍ਗਰਾਮ ਤੇ ਕਵੀਸ਼ਰੀ ਦਰਬਾਰ 14 ਤੇ 15 ਨੂੰ

**ਚੋਹਲਾ ਸਾਹਿਬ (ਰਮਨ ਚੱਢਾ)**-ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਸਮੂਹ ਕਵੀਸ਼ਰੀ ਜਥੇ ਦੀ ਯਾਦ ਨੂੰ ਸਮਰਪਿਤ ਪਿੰਡ ਚੋਹਲਾ ਸਾਹਿਬ ਵਿਖੇ ਵੱਡੇ ਪੱਧਰ ਤੇ ਧਾਰਮਿਕ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਵੱਖ-ਵੱਖ ਧਾਰਮਿਕ ਸ਼ਖ਼ਸੀਅਤਾਂ ਪਹੁੰਚਣਗੀਆਂ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਚੇਅਰਮੈਨ ਬਾਬਾ ਬਲਕਾਰ ਸਿੰਘ ਕਵੀਸ਼ਰ ਅਤੇ ਨੇ ਪੱਤਰਕਾਰਾਂ ਨਾਲ ਕੀਤਾ। ਉਨ੍ਹਾਂ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਿੰਡ ਚੋਹਲਾ ਸਾਹਿਬ ਖਾਲਸਾ ਪੰਥ ਦੇ ਸਾਜਨਾ ਦਿਵਸ ਅਤੇ ਸਮੂਹ ਕਵੀਸ਼ਰੀ ਜਥੇ ਸ਼ਹੀਦ ਕਵੀਸ਼ਰ ਬਾਬਾ ਨਿਰਮਲ ਸਿੰਘ ਦੀ ਯਾਦ ਨੂੰ ਸਮਰਪਿਤ ਪਿੰਡ ਚੋਹਲਾ ਸਾਹਿਬ ਵਿਖੇ ਵੱਡੇ ਪੱਧਰ ਤੇ ਧਾਰਮਿਕ ਪ੍ਰੋਗਰਾਮ 14 ਅਤੇ 15 ਅਪ੍ਰੈਲ ਨੂੰ ਕਵੀਸ਼ਰੀ ਦਰਬਾਰ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਵੱਖ-ਵੱਖ ਧਾਰਮਿਕ ਸ਼ਖ਼ਸ਼ੀਅਤਾਂ ਪਹੁੰਚਣਗੀਆਂ। ਉਨ੍ਹਾਂ ਨੇ ਸੰਗਤਾਂ ਅਪੀਲ ਕੀਤੀ ਕਿ ਇਨ੍ਹਾਂ ਧਾਰਮਿਕ ਪ੍ਰੋਗਰਾਮਾਂ ਵਿੱਚ ਪਹੁੰਚਣ ਅਤੇ ਆਪਣਾ ਜੀਵਨ ਸਫਲਾ ਕਰਨ। ਉਨ੍ਹਾਂ ਦੱਸਿਆ ਕਿ ਇਹ ਧਾਰਮਿਕ ਪ੍ਰੋਗਰਾਮ ਸੰਤ ਬਾਬਾ ਸੁੱਖਾ ਸਿੰਘ ਮੁੱਖੀ ਸੰਪ੍ਰਦਾਇ ਕਾਰ ਸੇਵਾ ਸਰਹਾਲੀ ਵਾਲਿਆਂ ਅਤੇ ਬਾਬਾ ਹਾਕਮ ਸਿੰਘ ਅਤੇ ਪ੍ਰਧਾਨ ਯਾਦਵਿੰਦਰ ਸਿੰਘ ਚੋਹਲਾ ਸਾਹਿਬ, ਰਸਾਲ ਸਿੰਘ ਕਵੀਸ਼ਰ ਦੀ ਯੋਗ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਸੈਂਕੜੇ ਸੰਗਤਾਂ ਪਹੁੰਚਣਗੀਆਂ। ਸਾਰਾ ਦਿਨ ਗੁਰੂ ਘਰ ਕੇ ਲੰਗਰ ਵਰਤਾਏ ਜਾਣਗੇ। ਇਹ ਪ੍ਰੋਗਰਾਮ ਗੁਰਦੁਆਰਾ ਸ੍ਰੀ ਦੁੱਖ ਨਿਵਾਰਨ ਸਾਹਿਬ ਚੋਹਲਾ ਸਾਹਿਬ ਵਿਖੇ ਕਰਵਾਇਆ ਜਾ ਰਿਹਾ ਹੈ.

## ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਸਕੂਲ 'ਚ ਨਵਾਂ ਵਿੱਦਿਅਕ ਸੈਸ਼ਨ ਸ਼ੁਰੂ

**ਧਾਰੀਵਾਲ, (ਮਨਦੀਪ ਵਿੱਕੀ)**-ਸਾਹਿਬਜ਼ਾਦਾ ਜ਼ੋਰਾਵਰ ਸਿੰਘ ਫਤਿਹ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਧਾਰੀਵਾਲ ਵੱਲੋਂ ਵਾਹਿਗੁਰੂ ਜੀ ਦਾ ਓਟ ਆਸਰਾ ਲੈਂਦੇ ਹੋਏ ਗੁਰਦੁਆਰਾ ਬੇਬੇ ਨਾਨਕੀ ਜੀ ਧਾਰੀਵਾਲ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਰਲ ਕੇ ਕਰਦੇ ਹੋਏ ਨਵੇਂ ਸੈਸ਼ਨ 2026-27 ਦੀ



ਆਰੰਭਤਾ ਕੀਤੀ ਗਈ।ਸ੍ਰੀ ਸੁਖਮਨੀ ਸਾਹਿਬ ਦੇ ਪਾਠ ਉਪਰੰਤ ਬੱਚਿਆਂ ਦੇ ਜਥੇ ਵੱਲੋਂ ਰਸਭਿੰਨਾ ਕੀਰਤਨ ਕੀਤਾ ਅਤੇ ਸਕੂਲ ਦੀਆਂ ਵਿਦਿਆਰਥਣਾਂ ਵੱਲੋਂ ਕਵੀਰੀ, ਵਿਤਾਵਾਂ ਅਤੇ ਖਾਲਸਾ ਪੰਥ ਦੇ ਸਾਜਨਾ ਦਿਵਸ ਨਾਲ ਸੰਬੰਧਿਤ ਵਿਸ਼ੇਸ਼ ਭਾਸ਼ਣ ਪੇਸ਼ ਕੀਤੇ ਗਏ।ਇਸ ਮੌਕੇ ਸਕੂਲ ਪ੍ਰਿੰਸੀਪਲ ਗਗਨਜੀਤ ਕੌਰ ਨੇ ਬੱਚਿਆਂ ਦੇ ਉਜਵਲ ਭਵਿੱਖ ਦੀ ਕਾਮਨਾ ਕਰਦੇ ਹੋਏ ਹੋਰ ਸਖਤ ਮਿਹਨਤ ਅਤੇ ਲਗਨ ਨਾਲ ਪੜ੍ਹਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕੇਟ ਗੁਰਦੇਵ ਸਿੰਘ ਸੋਹਲ, ਸਕੱਤਰ ਕੁਲਦੀਪ ਸਿੰਘ ਪਟਵਾਰੀ, ਗੁਰਜੀਤ ਸਿੰਘ ਲੇਹਲ, ਕੁਲਦੀਪ ਸਿੰਘ ਸੋਹਲ ਅਤੇ ਅਮਰਜੀਤ ਸਿੰਘ ਹੈਪੀ ਵੱਲੋਂ ਸਕੂਲ ਦੇ ਪਿਛਲੇ ਸਾਲ ਦੀ ਪ੍ਰਾਪਤੀਆਂ ਅਤੇ ਵੱਖ-ਵੱਖ ਗਤੀਵਿਧੀਆਂ ਤੇ ਸੰਤੁਸ਼ਟੀ ਦਾ ਪ੍ਰਗਟਾਵਾ ਕਰਦੇ ਹੋਏ ਵਾਹਿਗੁਰੂ ਅੱਗੇ ਸਕੂਲ ਦੀ ਚੜ੍ਹਦੀ ਕਲਾ ਅਤੇ ਹਰੇਕ ਵਿਦਿਆਰਥੀ ਚੰਗੀ ਪੜ੍ਹਾਈ ਕਰਕੇ ਸਫਲਤਾ ਦੀ ਪੂੰਜੀ ਹਾਸਿਲ ਕਰਨ ਲਈ ਅਰਦਾਸ ਕੀਤੀ ਗਈ।ਇਸ ਮੌਕੇ ਤੇ ਸਕੂਲ ਦੇ ਅਧਿਆਪਕ, ਸਮੁੱਚਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਰੰਧਾਵਾ ਨੇ ਸਮਰਾਏ ਤੇ ਸਾਧਾਂਵਾਲੀ 'ਚ ਮਾਨ ਸਰਕਾਰ ਦੇ ਚਾਰ ਸਾਲਾਂ ਦੇ ਵਿਕਾਸ ਕਾਰਜਾਂ ਬਾਰੇ ਕਰਵਾਇਆ ਜਾਣੂ

**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**

ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਸਮਰਾਏ ਅਤੇ ਸਾਧਾਂਵਾਲੀ ਵਿਖੇ ਵੱਖ-ਵੱਖ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਦਿਆਂ, ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਦੀ ਅਗਵਾਈ ਹੇਠ ਬੀਤੇ 4 ਸਾਲਾਂ ਦੌਰਾਨ ਕਰਵਾਏ ਗਏ ਵਿਕਾਸੀ ਕੰਮਾਂ ਅਤੇ ਪੰਜਾਬ ਵਿੱਚ ਚੱਲ ਰਹੀਆਂ ਲੋਕ-ਹਿਤ ਯੋਜਨਾਵਾਂ ਬਾਰੇ ਵਿਸਥਾਰ ਨਾਲ ਵਿਚਾਰ ਸਾਂਝੇ ਕੀਤੇ।ਉਨ੍ਹਾਂ ਪਿੰਡ ਵਾਸੀਆਂ ਨੂੰ ਸਰਕਾਰ ਦੀਆਂ ਮਹੱਤਵਪੂਰਨ ਪ੍ਰਾਪਤੀਆਂ ਅਤੇ ਆਉਣ ਵਾਲੇ ਸਮੇਂ ਦੀਆਂ ਯੋਜਨਾਵਾਂ ਬਾਰੇ ਜਾਣੂ ਕਰਵਾਇਆ ਗਿਆ।ਨਾਲ ਹੀ ਉਨ੍ਹਾਂ ਦੇ ਕੀਮਤੀ ਸੁਝਾਵਾਂ ਨੂੰ ਵੀ ਧਿਆਨ ਨਾਲ ਸੁਣਿਆ ਗਿਆ, ਜੋ ਭਵਿੱਖ ਵਿੱਚ ਹੋਰ ਬਿਹਤਰ ਯੋਜਨਾਬੰਦੀ ਲਈ ਮਦਦਗਾਰ ਸਾਬਤ ਹੋਣਗੇ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲਿਆ ਭਰਪੂਰ ਸਹਿਯੋਗ ਅਤੇ ਵਿਸ਼ਵਾਸ, ਸਰਕਾਰ ਦੀਆਂ ਲੋਕਹਿੱਤ ਨੀਤੀਆਂ ਦੀ ਕਾਮਯਾਬੀ ਦਾ ਸਬੂਤ ਹੈ।ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਪ ਪਾਰਟੀ ਵੱਲੋਂ ਦਿੱਤੀ ਗਰੰਟੀ ਅਨੁਸਾਰ ਔਰਤਾਂ ਨੂੰ 1,000 ਰੁਪਏ ਦੇਣ ਦਾ ਕੀਤਾ ਗਿਆ ਵਾਅਦਾ ਪੂਰਾ ਹੋ ਗਿਆ ਹੈ।ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਲਈ 1,500 ਰੁਪਏ ਅਤੇ ਜਨਰਲ ਸ਼੍ਰੇਣੀ ਦੀਆਂ ਔਰਤਾਂ ਲਈ 1,000 ਰੁਪਏ ਦੀ ਵਾਧੂ ਪੈਨਸ਼ਨ ਪ੍ਰਦਾਨ ਕਰਨ ਲਈ ਰਜਿਸਟ੍ਰੇਸ਼ਨ ਹੋਣ ਨਾਲ ਔਰਤਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੀਆਂ ਜਮ੍ਹਾ ਹੋ ਜਾਣਗੀਆਂ।ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ 90 ਫੀਸਦ ਘਰਾਂ ਦੇ ਬਿਜਲੀ ਦੇ ਬਿੱਲ ਜ਼ੀਰੋ ਆ ਰਹੇ ਹਨ। ਕਿਸਾਨਾਂ ਦੇ ਟਿਊਬਵੈੱਲਾਂ ਲਈ ਦਿਨ ਵੇਲੇ ਬਿਜਲੀ ਸਪਲਾਈ ਯਕੀਨੀ ਬਣਾਈ ਗਈ ਹੈ।ਉਨ੍ਹਾਂ ਦੱਸਿਆ ਕਿ ਬਿਮਾਰੀ ਦੇ ਸਮੇਂ ਪੰਜਾਬ ਦੇ ਲੋਕਾਂ ਲਈ ਡਾਕਟਰੀ ਇਲਾਜ ਦੇ ਖਰਚਿਆਂ ਨੂੰ ਪੂਰਾ ਕਰਨ ਲਈ 10 ਲੱਖ ਰੁਪਏ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਵੀ ਲਾਗੂ ਕੀਤੀ ਗਈ ਹੈ, ਜਿਸਦਾ ਲਾਭ ਨਾਗਰਿਕ ਪ੍ਰਾਪਤ ਕਰ ਰਹੇ ਹਨ।985 ਆਮ ਆਦਮੀ ਕਲੀਨਿਕਾਂ ਰਾਹੀਂ ਮੁਫ਼ਤ ਇਲਾਜ, ਦਵਾਈਆਂ ਅਤੇ ਜਾਂਚ ਟੈਸਟ ਮੁਫ਼ਤ ਮੁਹੱਈਆ ਕਰਵਾਏ ਜਾ ਰਹੇ ਹਨ।2000 ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੇ ਨੀਟ ਅਤੇ ਜੇਈਈ ਪਰੀਖਿਆ ਪਾਸ ਕੀਤੀ ਹੈ।ਅਧਿਆਪਕਾਂ ਨੂੰ ਫਿਨਲੈਂਡ ਤੇ ਸਿੰਗਾਪੁਰ ਵਿਖੇ ਵਿਸ਼ਵ ਪੱਧਰੀ ਸਿਖਲਾਈ ਲਈ ਲਗਾਤਾਰ ਭੇਜਿਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ 9000 ਤੋਂ ਜ਼ਿਆਦਾ ਆਧੁਨਿਕ ਪੇਂਡੂ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ।40,000 ਕਿਲੋਮੀਟਰ ਪੇਂਡੂ ਲਿੰਕ ਸੜਕਾਂ ਦਾ ਮੁੜ ਨਿਰਮਾਣ ਕਰਵਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਸਾਲਾਂ ਵਿੱਚ ਪੰਜਾਬ ਵਿੱਚ ਰਿਕਾਰਡ 1.55 ਲੱਖ ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ, ਸਮੇਤ ਲੋਕਹਿੱਤ ਵਿੱਚ ਵੱਡੇ ਫੈਸਲੇ ਲਏ ਗਏ ਹਨ।



## ਸ਼ਰਧਾਲੂ ਛੱਡ ਕੇ ਪਰਤ ਰਹੀ ਬੱਸ ਹਾਦਸਾਗ੍ਰਸਤ

**ਅਟਾਰੀ, (ਸਤਬੀਰ ਭੀਲ)**-ਖ਼ਾਲਸਾ ਸਾਜਨਾ ਦਿਵਸ ਮੌਕੇ ਪਾਕਿਸਤਾਨ ਜਾਣ ਵਾਲੇ ਸ਼ਰਧਾਲੂਆਂ ਨੂੰ ਵਾਹਗਾ ਬਾਰਡਰ ਛੱਡ ਕੇ ਵਾਪਸ ਪਰਤ ਰਹੀ ਇੱਕ ਨਿੱਜੀ ਬੱਸ ਸਵੇਰੇ ਅਟਾਰੀ ਨੇੜੇ ਹਾਦਸਾਗ੍ਰਸਤ ਹੋ ਗਈ।ਪ੍ਰਾਪਤ ਜਾਣਕਾਰੀ ਅਨੁਸਾਰ ਬੱਸ 'ਚ ਸ਼ਰਧਾਲੂਆਂ ਨੂੰ ਬਾਰਡਰ 'ਤੇ ਉਤਾਰਨ ਤੋਂ ਬਾਅਦ ਸਿਰਫ ਡਰਾਈਵਰ ਹੀ ਸਵਾਰ ਸੀ।ਅਟਾਰੀ ਸੜਕ 'ਤੇ ਅਚਾਨਕ ਸਾਹਮਣੇ ਆਏ ਵਾਹਨ ਤੋਂ ਬਚਾਉਂਦਿਆਂ ਬੱਸ ਦਾ ਸੰਤੁਲਨ ਵਿਗੜ ਗਿਆ ਜਿਸ ਕਾਰਨ ਇਹ ਹਾਦਸਾ ਵਾਪਰਿਆ ।ਗਨੀਮਤ ਇਹ ਰਹੀ ਕਿ ਡਰਾਈਵਰ ਨੂੰ ਕੋਈ ਸੱਟ ਨਹੀਂ ਲੱਗੀ ਤੇ ਉਹ ਵਾਲ-ਵਾਲ ਬਚ ਗਿਆ।ਹਾਦਸੇ 'ਚ ਬੱਸ ਦਾ ਅਗਲਾ ਸ਼ੀਸ਼ਾ ਪੂਰੀ ਤਰ੍ਹਾਂ ਟੁੱਟ ਗਿਆ ਤੇ ਬੱਸ ਨੂੰ ਨੁਕਸਾਨ ਵੀ ਪਹੁੰਚਿਆ ।

## ਗੁਰਬਖਸ਼ ਸਿੰਘ ਪ੍ਰੀਤਲੜੀ ਦੇ ਜਨਮ ਦਿਨ ਮੌਕੇ ਵਿਸ਼ੇਸ਼ ਪ੍ਰੀਤ ਯਾਤਰਾ 26 ਨੂੰ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਪ੍ਰੀਤਲੜੀ ਕਰਕੇ ਪ੍ਰਸਿੱਧ ਹੋਏ ਅਤੇ ਅੰਮ੍ਰਿਤਸਰ ਵਿਖੇ ਪ੍ਰੀਤ ਨਗਰ ਵਸਾਉਣ ਵਾਲੇ ਅਧੁਨਿਕ ਪੰਜਾਬੀ ਵਾਰਤਕ ਦੇ ਮੋਢੀ ਸ: ਗੁਰਬਖਸ਼ ਸਿੰਘ ਪ੍ਰੀਤਲੜੀ ਦਾ 26 ਅਪ੍ਰੈਲ ਐਤਵਾਰ ਨੂੰ ਜਨਮ ਦਿਨ ਹੈ।ਉਨ੍ਹਾਂ ਦੇ ਜਨਮ ਦਿਨ 'ਤੇ ਉਸ ਦਿਨ ਭਾਸ਼ਾ ਵਿਭਾਗ ਪੰਜਾਬ ਵੱਲੋਂ ਆਪਣੇ ਮੁੱਖ ਦਫ਼ਤਰ ਪਟਿਆਲਾ ਤੋਂ ਪ੍ਰੀਤ ਨਗਰ ਤੱਕ ਇੱਕ ਵਿਸ਼ੇਸ਼ ਪ੍ਰੀਤ ਯਾਤਰਾ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ।ਇਸ ਵਿੱਚ ਵਿਭਾਗੀ ਟੀਮ ਤੋਂ ਇਲਾਵਾ ਪਟਿਆਲੇ ਅਤੇ ਰਸਤੇ ਦੇ ਸ਼ਹਿਰਾਂ ਫਤਿਹਗੜ੍ਹ ਸਾਹਿਬ, ਖੰਨਾ, ਲੁਧਿਆਣਾ, ਫਿਲੌਰ, ਫਗਵਾੜਾ, ਜਲੰਧਰ, ਬਿਆਸ, ਅੰਮ੍ਰਿਤਸਰ ਆਦਿ ਥਾਵਾਂ ਤੋਂ ਸਾਹਿਤਕਾਰ ਅਤੇ ਸਾਹਿਤ ਰਸੀਏ ਸ਼ਾਮਲ ਹੋ ਸਕਣਗੇ।ਪ੍ਰੀਤਨਗਰ ਵਿਖੇ ਪੰਜਾਬੀ ਸਾਹਿਤ ਅਤੇ ਕਲਾ ਦੀਆਂ ਵੱਡੀਆਂ ਸ਼ਖ਼ਸੀਅਤਾਂ ਨਾਲ ਸੰਬੰਧਿਤ ਯਾਦਗਾਰੀ ਥਾਵਾਂ ਅਤੇ ਚਿੰਨ੍ਹਾਂ ਨੂੰ ਦੇਖਿਆ-ਮਾਣਿਆ ਜਾਵੇਗਾ।ਸ. ਗੁਰਬਖਸ਼ ਸਿੰਘ ਦੇ ਸਪੁੱਤਰ ਸ. ਹਿਰਦੇਪਾਲ ਸਿੰਘ ਪ੍ਰੀਤਨਗਰ ਦੇ ਸੰਕਲਪ ਅਤੇ ਸਰਗਰਮੀਆਂ ਦੀਆਂ ਯਾਦਾਂ ਸਾਂਝੀਆਂ ਕਰਨਗੇ।ਉੱਘੇ ਨਾਟਕਕਾਰ ਸ੍ਰੀ ਕੇਵਲ ਧਾਲੀਵਾਲ ਵਿਸ਼ੇਸ਼ ਡਾਕੂਮੈਂਟਰੀ ਦਿਖਾਉਣਗੇ।ਸ: ਗੁਰਬਖਸ਼ ਸਿੰਘ ਦੀ ਪੰਜਾਬੀ ਜਨ-ਜੀਵਨ, ਰਹਿਣ-ਸਹਿਣ ਅਤੇ ਪੰਜਾਬੀ ਸੂਹਜ ਨੂੰ ਦੇਣ ਦੇ ਨਾਲ-ਨਾਲ ਉਨ੍ਹਾਂ ਦੀ ਵਾਰਤਕ ਬਾਰੇ ਡਾ. ਹਰਭਜਨ ਸਿੰਘ ਭਾਟੀਆ ਚਰਚਾ ਕਰਨਗੇ।ਯਾਤਰਾ ਲਈ ਵਿਸ਼ੇਸ਼ ਏ. ਸੀ. ਬੱਸ ਦਾ ਪ੍ਰਬੰਧ ਕੀਤਾ ਜਾਵੇਗਾ।ਸਭ ਦੇ ਆਉਣ ਜਾਣ ਅਤੇ ਦੁਪਹਿਰ ਦੇ ਖਾਣੇ ਦਾ ਪ੍ਰਬੰਧ ਵਿਭਾਗ ਵੱਲੋਂ ਕੀਤਾ ਜਾਵੇਗਾ।ਇਸ ਯਾਤਰਾ ਵਿੱਚ ਸ਼ਾਮਿਲ ਹੋਣ ਦੇ ਚਾਹਵਾਨ ਅਮਰਿੰਦਰ ਸਿੰਘ ਸਹਾਇਕ ਡਾਇਰੈਕਟਰ, (ਫੋਨ ਨੰ: 9041008888) ਅਤੇ ਡਾ. ਮਨਜਿੰਦਰ ਸਿੰਘ ਜ਼ਿਲ੍ਹਾ ਖੋਜ ਅਫ਼ਸਰ (ਫੋਨ ਨੰ: 94175-83168) ਨਾਲ ਸੰਪਰਕ ਕਰਨ ਅਤੇ 24 ਅਪ੍ਰੈਲ ਸ਼ਾਮ ਤੋਂ ਪਹਿਲਾਂ ਆਪਣੇ ਨਾਮ ਰਜਿਸਟਰ ਕਰਵਾ ਲੈਣ ਤਾਂ ਕਿ ਸਮੇਂ ਸਿਰ ਲੋੜੀਂਦੇ ਪ੍ਰਬੰਧ ਕੀਤੇ ਜਾ ਸਕਣ।

## ਸਮਤਾ ਸਤਿਸੰਗ ਸੰਮੇਲਨ ਦਾ ਸੱਦਾ ਪੱਤਰ ਰਿਲੀਜ਼



**ਪਠਾਨਕੋਟ (ਦਵਿੰਦਰ ਸਿੰਘ)**

ਸਥਾਨਕ ਸਮਤਾ ਯੋਗ ਆਸ਼ਰਮ ਮਾਧੋਪੁਰ ਵਿੱਚ ਕੱਲ੍ਹ ਤੋਂ ਸ਼ੁਰੂ ਹੋਣ ਵਾਲੇ ਸਾਲਾਨਾ ਸਮਤਾ ਸਤਿਸੰਗ ਸੰਮੇਲਨ ਦੇ ਇਨਵੀਟੇਸ਼ਨ ਕਾਰਡ ਸਬੰਧੀ ਮੀਟਿੰਗ ਕੀਤੀ ਗਈ।ਇਸ ਵਿੱਚ ਸਾਰੇ ਸਮਤਾ ਪ੍ਰੇਮੀਆਂ ਵੱਲੋਂ ਸਾਂਝੇ ਤੌਰ 'ਤੇ ਸੱਦਾ ਪੱਤਰ ਨੂੰ ਰਿਲੀਜ਼ ਕੀਤਾ ਗਿਆ।ਮੀਟਿੰਗ ਮੁਨੀਸ਼ ਬਜਾਜ, ਸੰਚਾਲਕ ਸਮਤਾ ਯੋਗ ਆਸ਼ਰਮ ਮਾਧੋਪੁਰ ਦੀ ਪ੍ਰਧਾਨਗੀ ਹੇਠ ਕੀਤੀ ਗਈ, ਜਿਸ ਵਿੱਚ ਕਾਰਡ ਰਿਲੀਜ਼ ਕਰਨ ਲਈ ਜਲ ਸਰੋਤ ਵਿਭਾਗ ਦੇ ਸੇਵਾ-ਨਿਵ੍ਰਿਤ ਨਿਗਰਾਨ ਇੰਜੀਨੀਅਰ ਅਤੇ ਪ੍ਰਸਿੱਧ ਸ਼ਾਇਰ ਨਰੇਸ਼ ਮਹਾਜਨ ਨਿਰਗੁਣ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਮੌਕੇ ਕਾਰਡ ਰਿਲੀਜ਼ ਕਰਦੇ ਹੋਏ ਨਰੇਸ਼ ਮਹਾਜਨ ਨੇ ਦੱਸਿਆ ਕਿ ਪਿਛਲੀ ਸਦੀ ਦੇ ਪੂਰਨ ਸੰਤ ਸਤਿਗੁਰੂ ਦੇਵ ਮਹਾਤਮਾ ਮੰਗਤ ਰਾਮ ਮਹਾਰਾਜ ਵੱਲੋਂ ਸਮਾਧੀ ਅਵਸਥਾ ਵਿੱਚ ਪ੍ਰਗਟ ਬਾਣੀ ਦੇ ਆਧਾਰ 'ਤੇ ਪਿਛਲੇ 60 ਸਾਲਾਂ ਦੀ ਤਰ੍ਹਾਂ ਇਸ ਸਾਲ ਵੀ ਦੋ ਦਿਵਸੀ ਸਮਤਾ ਸੰਮੇਲਨ ਸ਼ਨੀਵਾਰ 11 ਅਪ੍ਰੈਲ ਸ਼ਾਮ 6:30 ਤੋਂ 8:30 ਵਜੇ ਤੱਕ ਅਤੇ ਐਤਵਾਰ 12 ਅਪ੍ਰੈਲ ਸਵੇਰੇ 10:30 ਤੋਂ 1 ਵਜੇ ਤੱਕ ਕਰਵਾਇਆ ਜਾਵੇਗਾ।ਦੋ ਦਿਨਾ ਸਤਿਸੰਗ ਤੋਂ ਬਾਅਦ ਲੰਗਰ ਵੀ ਵੰਡਿਆ ਜਾਵੇਗਾ।ਨਰੇਸ਼ ਮਹਾਜਨ ਨੇ ਦੱਸਿਆ ਕਿ ਇਸ ਸੰਮੇਲਨ ਵਿੱਚ ਪ੍ਰਚਾਰਕ ਸਮਤਾ ਗ੍ਰੰਥਾਂ ਵਿੱਚ ਪ੍ਰਕਾਸ਼ਿਤ ਬਾਣੀ, ਜਿਵੇਂ ਕਿ ਗ੍ਰੰਥ ਸ਼੍ਰੀ ਸਮਤਾ ਪ੍ਰਕਾਸ਼ ਅਤੇ ਗ੍ਰੰਥ ਸ਼੍ਰੀ ਸਮਤਾ ਵਿਲਾਸ ਦੇ ਆਧਾਰ 'ਤੇ ਵਿਚਾਰ ਪ੍ਰਗਟ ਕਰਨਗੇ।ਉਨ੍ਹਾਂ ਨੇ ਸਾਰੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਇਸ ਸੰਮੇਲਨ ਵਿੱਚ ਸ਼ਾਮਲ ਹੋ ਕੇ ਆਪਣੀ ਅਧਿਆਤਮਕ ਉੱਨਤੀ ਕਰਨ ਦੇ ਨਾਲ ਪਰਿਵਾਰ ਅਤੇ ਸਮਾਜ ਦਾ ਭਲਾ ਕਰਨ ਲਈ ਪਰਿਵਾਰਾਂ ਸਣੇ ਪਹੁੰਚਣ।

# ਵਿਧਾਇਕ ਰੰਧਾਵਾ ਵੱਲੋਂ ਵਿਕਾਸ ਕਾਰਜਾਂ ਦੀ ਸ਼ੁਰੂਆਤ

**ਡੇਰਾਬਸੀ (ਵਿਨੈ ਕੁਮਾਰ ਜੈਨ)**- ਹਲਕਾ ਡੇਰਾਬਸੀ ਵਿੱਚ ਲੋਕਾਂ ਦੀਆਂ ਬੁਨਿਆਦੀ ਸੁਵਿਧਾਵਾਂ ਨੂੰ ਮਜਬੂਤ ਕਰਨ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਵੱਲ ਹੋਰ ਧਿਆਨ ਦਿੰਦੇ ਹੋਏ ਐੱਮ ਐੱਲ ਏ ਡੇਰਾਬਸੀ ਕੁਲਜੀਤ ਸਿੰਘ ਰੰਧਾਵਾ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਲਗਭਗ 4 ਕਰੋੜ 5 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ।ਉਨ੍ਹਾਂ ਇਸ ਮੌਕੇ ਕਿਹਾ ਕਿ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਬਹੁਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ। ਇਹ ਕਾਰਜ ਲੋਕਾਂ ਦੀਆਂ ਬੁਨਿਆਦੀ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਤਿਆਰ ਕੀਤੇ ਗਏ ਹਨ, ਤਾਂ ਜੋ ਇਲਾਕੇ ਵਿੱਚ ਆਧੁਨਿਕ ਸੁਵਿਧਾਵਾਂ ਦਾ ਵਿਸਥਾਰ ਹੋ ਸਕੇ।ਸ਼ੁਰੂ ਕਰਵਾਏ ਗਏ ਵਿਕਾਸ ਕਾਰਜਾਂ ਦੀ ਲੜੀ ਵਿੱਚ ਰੰਧਾਵਾ ਵੱਲੋਂ 45 ਲੱਖ ਰੁਪਏ ਦੀ ਲਾਗਤ ਨਾਲ ਵਾਰਡ ਨੰਬਰ 6, ਗ੍ਰੀਨ ਅਸਟੇਟ, ਡੇਰਾਬੱਸੀ ਅਤੇ ਵਾਰਡ ਨੰ: 5 , ਸਿਮਰਨ ਸਿਟੀ, ਡੇਰਾਬਸੀ ਵਿਖੇ 35 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਦੀ ਮੁਰੰਮਤ ਦੇ ਕੰਮ ਦੀ ਸ਼ੁਰੂਆਤ, ਗੰਦੇ ਪਾਣੀ ਦੀ ਨਿਕਾਸੀ ਦੇ ਪਾਈਪ ਲਾਈਨ ਦੀ ਸ਼ੁਰੂਆਤ ਕਰਵਾਈ ਗਈ। ਇਸ ਨਾਲ ਜਿੱਥੇ ਆਵਾਜਾਈ ਸਰਲ ਹੋਵੇਗੀ ਉਥੇ ਵਰਖਾ ਦੇ ਮੌਸਮ ਦੌਰਾਨ ਪਾਣੀ ਖੜ੍ਹਨ ਦੀ ਸਮੱਸਿਆ ਤੋਂ ਰਾਹਤ ਮਿਲੇਗੀ।ਉਨ੍ਹਾਂ ਕਿਹਾ ਕਿ ਸ਼ਹਿਰ ਦੀ ਦਿੱਖ ਨੂੰ ਸੁਧਾਰਨ ਅਤੇ ਲੋਕਾਂ ਨੂੰ ਪੇਸ਼ ਆ ਰਹੀਆਂ ਮੁਸ਼ਕਿਲਾਂ ਨੂੰ ਦੇਖਦੇ ਹੋਏ ਵਾਰਡ ਨੰਬਰ 8, ਕੋਹਲੀ ਟਰੈਕਟਰ (ਸਵਰਾਜ ਕੰਪਨੀ), ਬਰਵਾਲਾ ਰੋਡ, ਡੇਰਾਬੱਸੀ ਵਿਖੇ 37 ਲੱਖ ਰੁਪਏ ਦੀ ਲਾਗਤ ਨਾਲ ਗੰਦੇ ਪਾਣੀ ਦੀ ਨਿਕਾਸੀ ਦੀ ਪਾਈਪ ਲਾਈਨ, ਗਲੀਆਂ ਦੇ ਕੰਮ ਦੀ ਸ਼ੁਰੂਆਤ ਅਤੇ ਵਾਰਡ ਨੰਬਰ 8, ਸੀ-ਬਲਾਕ, ਸੈਦਪੁਰਾ, ਡੇਰਾਬੱਸੀ ਵਿਖੇ 49 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ। ਇਸ ਤੋਂ ਇਲਾਵਾ ਰੰਧਾਵਾ ਵੱਲੋਂ ਵਿਕਾਸ ਕਾਰਜਾਂ ਦੀ ਲੜੀ ਨੂੰ ਅੱਗੇ ਵਧਾਉਂਦੇ ਹੋਏ ਵਾਰਡ ਨੰਬਰ-09, ਮਾਹੀ ਇਨਕਲੇਵ, ਮਾਹੀਵਾਲਾ ਵਿਖੇ 49 ਲੱਖ ਰੁਪਏ ਦੀ ਲਾਗਤ ਨਾਲ ਗਲੀਆਂ-ਨਾਲੀਆਂ ਦੇ ਕੰਮ ਦੀ ਸ਼ੁਰੂਆਤ ਕਰਵਾਈ ਗਈ ਤਾਂ ਜੋ ਸ਼ਹਿਰ ਵਾਸੀਆਂ ਨੂੰ ਸਾਫ ਸੁਥਰਾ ਵਾਤਾਵਰਨ ਪ੍ਰਦਾਨ ਕੀਤਾ ਜਾ ਸਕੇ।



# ਨਵਾਂ ਗੁਰਦੁਆਰਾ ਸਾਹਿਬ ਦੇ ਸਥਾਪਨਾ ਦਿਵਸ 'ਤੇ ਗੁਰਮਤਿ ਸਮਾਗਮ

**ਮਾਹਿਲਪੁਰ (ਸ.ਫ਼ਰੀ)**- ਨਵਾਂ ਗੁਰਦੁਆਰਾ ਸਾਹਿਬ ਪਿੰਡ ਪੱਟੀ ਵਿਖੇ ਸਥਾਨਕ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਦੇ ਸਥਾਪਨਾ ਦਿਵਸ ਨੂੰ ਸਮਰਪਿਤ ਸਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਉਣ ਉਪਰੰਤ ਗੁਰੂ ਘਰ ਦੇ ਕੀਰਤਨੀਏ ਭਾਈ ਜਸਪ੍ਰੀਤ ਸਿੰਘ, ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਜਥੇਬੰਦੀ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲੇ, ਗਿਆਨੀ ਬਲਵੀਰ ਸਿੰਘ ਭੁੱਲਾਰਾਈ ਦਾ ਢਾਡੀ ਜਥਾ, ਭਾਈ ਰਾਜਾ ਸਿੰਘ ਖਾਲਸਾ, ਭਾਈ ਸਤਵਿੰਦਰ ਸਿੰਘ ਬਜਰਾਬਰ ਦੇ ਜਥਿਆਂ ਨੇ ਸੰਗਤਾਂ ਨੂੰ ਕਥਾ ਕੀਰਤਨ, ਗੁਰਮਤਿ ਵਿਚਾਰਾਂ ਅਤੇ ਢਾਡੀ ਵਾਰਾਂ ਦੁਆਰਾ ਨਿਹਾਲ ਕੀਤਾ। ਇਸ ਮੌਕੇ ਮਿਸ਼ਨ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਨੇ ਨਵਾਂ ਗੁਰਦੁਆਰਾ ਸਾਹਿਬ ਦੇ ਸਥਾਪਨਾ ਦਿਵਸ ਦੀ ਸੰਗਤਾਂ ਨੂੰ ਵਧਾਈ ਦਿੱਤੀ ਅਤੇ ਗੁਰੂ ਸਾਹਿਬਾਨ ਵੱਲੋਂ ਗੁਰਬਾਣੀ ਵਿੱਚ ਦਰਸਾਏ ਸੇਵਾ ਸਿਮਰਨ ਅਤੇ ਸਰਬੱਤ ਦੇ ਭਲੇ ਦੇ ਮਾਰਗ ਤੇ ਚੱਲਣ ਅਤੇ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲੜ ਲੱਗਣ ਲਈ ਕਿਹਾ। ਇਸ ਮੌਕੇ ਨਵਾਂ ਗੁਰਦੁਆਰਾ ਸਾਹਿਬ ਦੀ ਸਥਾਨਿਕ ਪ੍ਰਬੰਧਕ ਕਮੇਟੀ ਅਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਵਾਲਿਆਂ ਦਾ ਵੱਡੀਆਂ ਪੰਥਕ ਸੇਵਾਵਾਂ ਨਿਭਾਉਣ ਲਈ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬਲਵੀਰ ਸਿੰਘ ਜੇਈ ਖਜਾਨਚੀ, ਰਾਜਾ ਸਿੰਘ ਖਾਲਸਾ ਪ੍ਰਧਾਨ, ਸਰਦਾਰਾ ਸਿੰਘ, ਅਮਰਜੀਤ ਸਿੰਘ ਗਿੱਲ, ਸੁਰਿੰਦਰਪਾਲ ਸਿੰਘ, ਵਿਜੈ ਸਿੰਘ, ਜਸਵਿੰਦਰ ਸਿੰਘ, ਬਲਵਿੰਦਰ ਸਿੰਘ ਪੰਚ, ਇਕਜੋਤਪਰੀਤ, ਹਰਜਿੰਦਰ ਸਿੰਘ, ਪਾਲਾ ਸਿੰਘ, ਦਿਲਬਾਗ ਸਿੰਘ, ਜਤਿੰਦਰ ਕੁਮਾਰ, ਹਰਪ੍ਰੀਤ ਸਿੰਘ, ਸੋਹਣ ਸਿੰਘ, ਸਰਬਜੀਤ ਸਿੰਘ, ਇੰਦਰਜੀਤ ਸਿੰਘ, ਇੰਦਰ ਸਿੰਘ, ਨੰਬਰਦਾਰ ਦੇਸਰਾਜ ਸਿੰਘ, ਗਗਨ, ਸੁਖਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਤਨ ਮਨ ਧਨ ਨਾਲ ਸੇਵਾ ਕਰਨ ਵਾਲੇ ਸ਼ਰਧਾਲੂਆਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ।



## ਪੰਜਾਬ ਪ੍ਰਦੂਸ਼ਣ ਨਿਯੰਤਰਣ ਬੋਰਡ ਨੂੰ ਮਿਲਿਆ ਸਕੋਚ ਸਿਲਵਰ ਐਵਾਰਡ-2025

**ਚੰਡੀਗੜ੍ਹ, (ਗੁਰਜੀਤ ਬਿੱਲਾ)**- ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀ ਪੀ ਸੀ ਬੀ) ਨੂੰ ਇਸ ਦੇ ਪ੍ਰੋਜੈਕਟ ਸੰਕਟ ਤੋਂ ਸਫਲਤਾ ਤੱਕ ਪੰਜਾਬ ਦੀ ਸ਼ੁੱਧ ਹਵਾ ਬਦਲਾਅ ਯਾਤਰਾ ਲਈ ਵਾਤਾਵਰਣ ਸ਼੍ਰੇਣੀ ਵਿੱਚ ਸਕੋਚ ਸਿਲਵਰ ਐਵਾਰਡ 2025 ਨਾਲ ਸਨਮਾਨਤ ਕੀਤਾ ਗਿਆ ਹੈ। ਇਹ ਐਵਾਰਡ ਨਵੀਂ ਦਿੱਲੀ ਦੇ ਇੰਡੀਆ ਹੈਬੀਟੈਟ ਸੈਂਟਰ ਵਿੱਚ ਹੋਏ 107ਵੇਂ ਸਕੋਚ ਸਮਿੱਟ 'ਗਵਰਨੈਂਸ ਟ੍ਰਾਂਸਫਾਰਮਡ' ਦੌਰਾਨ ਦਿੱਤਾ ਗਿਆ। ਪਿਛਲੇ ਪੰਜ ਸਾਲਾਂ ਵਿੱਚ, ਪੰਜਾਬ ਨੇ ਪਰਾਲੀ ਸਾੜਨ ਦੀ ਸਮੱਸਿਆ ਨੂੰ ਹੱਲ ਕਰਨ ਲਈ ਬਹੁ-ਵਿਭਾਗੀ ਕੋਸ਼ਿਸ਼ਾਂ ਰਾਹੀਂ ਮਹੱਤਵਪੂਰਨ ਤਰੱਕੀ ਕੀਤੀ ਹੈ। ਇਸ ਵਿੱਚ ਰੀਅਲ-ਟਾਈਮ ਮਾਨੀਟਰਿੰਗ ਅਤੇ ਲਾਗੂਕਰਨ ਦੇ ਨਾਲ-ਨਾਲ ਲੰਬੇ ਸਮੇਂ ਦੇ ਢਾਂਚਾਗਤ ਕਦਮ ਸ਼ਾਮਲ ਹਨ, ਜਿਵੇਂ ਕਿ ਸੀ ਆਰ ਐਮ ਮਸ਼ੀਨਰੀ ਦੀ ਵੱਡੇ ਪੱਧਰ 'ਤੇ ਤੈਨਾਤੀ, ਕਸਟਮ ਹਾਇਰਿੰਗ ਸੈਂਟਰਾਂ ਦੀ ਮਜ਼ਬੂਤੀ, ਅਤੇ ਝੋਨੇ ਦੀ ਪਰਾਲੀ ਦੇ ਬਾਹਰੀ ਉਪਯੋਗ ਵਿੱਚ ਵਾਧਾ-ਜੋ 8.8 ਲੱਖ ਟਨ ਤੋਂ ਵੱਧ ਕੇ 40 ਲੱਖ ਟਨ ਸਾਲਾਨਾ ਹੋ ਗਿਆ ਹੈ।ਰੀਨਾ ਗੁਪਤਾ ਚੇਅਰਪਰਸਨ ਪੀ ਪੀ ਸੀ ਬੀ ਨੇ ਕਿਹਾ, ਅਸੀਂ ਇਸ ਰਾਸ਼ਟਰੀ ਮਾਨਤਾ ਨੂੰ ਪ੍ਰਾਪਤ ਕਰਕੇ ਮਾਣਮੱਤੇ ਮਹਿਸੂਸ ਕਰਦੇ ਹਾਂ। ਇਹ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ ਜੋ ਇੱਕ ਜਟਿਲ ਵਾਤਾਵਰਣ ਚੁਣੌਤੀ ਨੂੰ ਹੱਲ ਕਰਨ ਲਈ ਹੈ।



## ਲੋੜਵੰਦ ਬੱਚਿਆਂ ਨੂੰ ਵਰਦੀਆਂ, ਬੈਗ ਤੇ ਸਟੇਸ਼ਨਰੀ ਵੰਡੀ

**ਜਲੰਧਰ (ਰਾਜੇਸ਼ ਥਾਪਾ)**- ਸਮਾਜ ਸੇਵੀ ਕਾਰਜਾਂ ਵਿੱਚ ਹਮੇਸ਼ਾ ਮੋਹਰੀ ਰਹਿਣ ਵਾਲੀ ਸ੍ਰੀ ਗੁਰੂ ਨਾਨਕ ਦੇਵ ਚੈਰੀਟੇਬਲ ਸੁਸਾਇਟੀ ਵੱਲੋਂ ਮਾਨਵਤਾ ਦੀ ਸੇਵਾ ਹਿੱਤ ਇੱਕ ਵਿਸ਼ੇਸ਼ ਪ੍ਰੋਗਰਾਮ ਉਲੀਕਿਆ ਗਿਆ। ਇਸ ਦੌਰਾਨ ਇਲਾਕੇ ਦੇ ਤਿੰਨ ਵੱਖ-ਵੱਖ ਸਰਕਾਰੀ ਸਕੂਲਾਂ ਦੇ ਲਗਭਗ 65 ਬੱਚਿਆਂ ਨੂੰ ਸਕੂਲ ਦੀਆਂ ਵਰਦੀਆਂ, ਕਾਪੀਆਂ ਅਤੇ ਬੈਗ ਵੰਡੇ ਗਏ। ?ਇਸ ਨੇਕ ਕਾਰਜ ਦੀ ਸ਼ੁਰੂਆਤ ਕਰਦਿਆਂ ਸੁਸਾਇਟੀ ਦੇ ਪ੍ਰਧਾਨ ਡਾ. ਗੁਰਵਿੰਦਰ ਪਾਲ ਸਿੰਘ ਛਾਬੜਾ ਨੇ ਕਿਹਾ ਕਿ ਬੱਚਿਆਂ ਨੂੰ ਸਿੱਖਿਆ ਲਈ ਉਤਸ਼ਾਹਿਤ ਕਰਨਾ ਹੀ ਸਭ ਤੋਂ ਵੱਡੀ ਸੇਵਾ ਹੈ। ਜਿਨ੍ਹਾਂ ਸਕੂਲਾਂ ਦੇ ਬੱਚਿਆਂ ਨੂੰ ਇਹ ਸਮੱਗਰੀ ਦਿੱਤੀ ਗਈ, ਉਨ੍ਹਾਂ ਵਿੱਚ ਸ਼ਾਮਲ ਹਨ: ਗੋਰਮਿੰਟ ਗਰਲਜ਼ ਸੀਨੀਅਰ ਸੈਕੰਡਰੀ ਸਕੂਲ, ਬਸਤੀ ਸ਼ੇਖ, ਗੋਰਮਿੰਟ ਪ੍ਰਾਇਮਰੀ ਸਕੂਲ, ਬਸਤੀ ਸ਼ੇਖ, ?ਗੋਰਮਿੰਟ ਪ੍ਰਾਇਮਰੀ ਸਕੂਲ, ਬਸਤੀ ਦਾਨਿਸ਼ਮੰਦਾ। ਪ੍ਰੋਗਰਾਮ ਦੌਰਾਨ ਸੁਸਾਇਟੀ ਦੇ ਜਨਰਲ ਸੈਕਟਰੀ ਚੰਦਰ ਸ਼ੇਖਰ ਵਰਮਾ, ਖਜ਼ਾਨਚੀ ਪ੍ਰਵੀਨ ਕੁਮਾਰ ਰਾਮਦਾਸੀਆ, ਲਖਵਿੰਦਰ ਸਿੰਘ, ਅਨਿਲ ਮਹਾਜਨ, ਸੁਖਪਾਲ ਸਿੰਘ, ਮਨਜੀਤ ਸਿੰਘ, ਰਾਜੇਸ਼ ਥਾਪਾ, ਸੁਖਵਿੰਦਰ ਕੌਰ ਅਤੇ ਵੀਨਾ ਅਗਰਵਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਕੂਲ ਸਟਾਫ ਵੱਲੋਂ ਡੀ ਡੀ ਓ ਪਵਨ ਵਰਮਾ, ਨਵਨੀਤ ਗਿੱਲ, ਇੰਦਰਜੀਤ ਕੌਰ, ਕੰਚਨ, ਹਰਿੰਦਰ ਸਿੰਘ, ਰਿਚਾ ਵਰਮਾ, ਮੀਨਾ, ਹਰਪ੍ਰੀਤ, ਕੁਲਵੰਤ ਕੌਰ ਤੇ ਬਲਜੀਤ ਕੌਰ ਨੇ ਸੁਸਾਇਟੀ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਧੰਨਵਾਦ ਪ੍ਰਗਟਾਇਆ।



# ਫਸਲਾਂ ਦੀ ਗਿਰਦਾਵਰੀ ਕਰਵਾ ਕੇ ਕਿਸਾਨਾਂ ਨੂੰ ਮੁਆਵਜ਼ਾ ਦੇਵੇ ਸਰਕਾਰ : ਮੰਗੂਪੁਰ

**ਬਲਾਚੌਰ (ਜਸਵਿੰਦਰ ਬੈਂਸ)**- ਕਾਂਗਰਸ ਕਮੇਟੀ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਅਜੇ ਮੰਗੂਪੁਰ ਨੇ ਸੂਬੇ 'ਚ ਹਾਲ ਹੀ ਦੌਰਾਨ ਹੋਈ ਭਾਰੀ ਬਾਰਸ਼ ਅਤੇ ਗੜੇਮਾਰੀ ਕਾਰਨ ਕਿਸਾਨਾਂ ਦੀਆਂ ਫਸਲਾਂ ਨੂੰ ਹੋਏ ਵੱਡੇ ਨੁਕਸਾਨ 'ਤੇ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਤੁਰੰਤ ਪ੍ਰਭਾਵ ਨਾਲ ਨੁਕਸਾਨ ਦੀ ਗਿਰਦਾਵਰੀ ਕਰਵਾ ਕੇ ਪ੍ਰਭਾਵਿਤ ਕਿਸਾਨਾਂ ਨੂੰ ਜਲਦ ਤੋਂ ਜਲਦ ਯੋਗ ਮੁਆਵਜ਼ਾ ਦਿੱਤਾ ਜਾਵੇ, ਤਾਂ ਜੋ ਉਹ ਆਰਥਿਕ ਸੰਕਟ ਤੋਂ ਬਚ ਸਕਣ। ਅਜੇ ਮੰਗੂਪੁਰ ਨੇ ਕਿਹਾ ਕਿ ਪੰਜਾਬ ਦੇ ਕਈ ਇਲਾਕਿਆਂ 'ਚ ਹੋਈ ਭਾਰੀ ਬਾਰਿਸ਼ ਅਤੇ ਗੜੇਮਾਰੀ ਤੋਂ ਇਲਾਵਾ ਤੇਜ਼ ਹਵਾਵਾਂ ਨੇ ਖੇਤਾਂ 'ਚ ਖੜ੍ਹੀ ਕਣਕ ਸਮੇਤ ਹੋਰ ਫਸਲਾਂ ਨੂੰ ਭਾਰੀ ਨੁਕਸਾਨ ਪਹੁੰਚਿਆ ਹੈ, ਜਿਸ ਕਾਰਨ ਕਿਸਾਨ ਗੰਭੀਰ ਆਰਥਿਕ ਸੰਕਟ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕਿਸਾਨ ਪਹਿਲਾਂ ਹੀ ਕਰਜ਼ੇ ਦੇ ਬੋਝ ਹੇਠ ਦੱਬੇ ਹੋਏ ਹਨ ਤੇ ਹੁਣ ਕੁਦਰਤੀ ਆਫਤਾਂ ਨੇ ਉਨ੍ਹਾਂ ਦੀ ਹਾਲਤ ਹੋਰ ਵੀ ਖਰਾਬ ਕਰ ਦਿੱਤੀ ਹੈ।



# ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸਚਖੰਡ ਪੰਡਵਾ ਵਿਖੇ ਸਾਥੀਆਂ ਸਮੇਤ ਨਤਮਸਤਕ ਹੋਏ ਜੱਥੇ. ਸਰੂਪ ਸਿੰਘ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸ਼੍ਰੋਮਣੀ ਅਕਾਲੀ ਦਲ (ਐੱਸ ਸੀ ਵਿੰਗ) ਜ਼ਿਲ੍ਹਾ ਕਪੂਰਥਲਾ ਦੇ ਨਵ-ਨਿਯੁਕਤ ਸ਼ਹਿਰੀ ਪ੍ਰਧਾਨ ਜੱਥੇਦਾਰ ਸਰੂਪ ਸਿੰਘ ਖਲਵਾੜਾ ਸਾਥੀਆਂ ਸਮੇਤ ਡੇਰਾ 108 ਬਾਬਾ ਹੰਸਰਾਜ, ਸ੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸਚਖੰਡ ਪੰਡਵਾ ਵਿਖੇ ਨਤਮਸਤਕ ਹੋਏ।

ਡੇਰੇ ਦੇ ਗੱਦੀ ਨਸ਼ੀਨ ਸੰਤ ਮਹਿੰਦਰਪਾਲ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ ਪੰਜਾਬ ਨੇ ਜੱਥੇਦਾਰ ਸਰੂਪ ਸਿੰਘ ਖਲਵਾੜਾ ਤੇ ਉਹਨਾਂ ਦੇ ਨਾਲ ਪਹੁੰਚੇ ਪਰਮਿੰਦਰ ਸਿੰਘ ਜੰਡੂ ਸੂਬਾਈ ਆਗੂ (ਬੀ ਸੀ ਵਿੰਗ) ਪੰਜਾਬ ਤੇ ਸੁਰਿੰਦਰ ਸਿੰਘ ਦਰਵੇਸ਼ ਪਿੰਡ ਨੂੰ ਅਸ਼ੀਰਵਾਦ ਦਿੰਦਿਆਂ ਕਿਹਾ ਕਿ ਸ੍ਰੀ ਗੁਰੂ ਰਵਿਦਾਸ ਮਹਾਰਾਜ ਨੇ ਜਿਸ ਬੇਗਮਪੁਰਾ ਦਾ ਫਲਸਫਾ ਆਪਣੀ ਬਾਣੀ ਵਿੱਚ ਪੇਸ਼ ਕੀਤਾ ਹੈ, ਉਸ ਤੋਂ ਸੇਧ ਲੈ ਕੇ ਸਿਆਸਤ ਕੀਤੀ ਜਾਵੇ। ਜੱਥੇਦਾਰ ਸਰੂਪ ਸਿੰਘ ਖਲਵਾੜਾ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦਾ ਸ਼ੁਕਰਾਨਾ ਕਰਦਿਆਂ ਕਿਹਾ ਕਿ ਗੁਰੂ ਮਹਾਰਾਜ ਦੇ ਅਸ਼ੀਰਵਾਦ ਸਦਕਾ ਜੋ ਅਹੁਦਾ ਪਾਰਟੀ ਵੱਲੋਂ ਉਹਨਾਂ ਨੂੰ ਮਿਲਿਆ ਹੈ, ਉਸ ਰਾਹੀਂ ਉਹ ਸਮੁੱਚੇ ਸਮਾਜ ਨੂੰ ਜੋੜ ਕੇ ਭਾਈਚਾਰਕ ਸਾਂਝ ਮਜਬੂਤ ਕਰਨ ਅਤੇ ਸਿਆਸਤ ਨੂੰ ਸੇਵਾ ਦਾ ਜਰੀਆ ਬਨਾਉਣਗੇ। ਇਸ ਦੌਰਾਨ ਉਹਨਾਂ ਨੇ ਆਪਣੀ ਨਿਯੁਕਤੀ ਲਈ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸੀਨੀਅਰ ਮੀਤ ਪ੍ਰਧਾਨ ਡਾ. ਦਲਜੀਤ ਸਿੰਘ ਚੀਮਾ ਤੋਂ ਇਲਾਵਾ ਐੱਸ ਸੀ ਵਿੰਗ ਦੇ ਪ੍ਰਧਾਨ ਗੁਲਜਾਰ ਸਿੰਘ ਰਣਿਕੇ ਸਾਬਕਾ ਮੰਤਰੀ, ਸੀਨੀਅਰ ਆਗੂ ਅਤੇ ਜਿਲ੍ਹਾ ਪ੍ਰਧਾਨ ਜਰਨੈਲ ਸਿੰਘ ਵਾਹਦ, ਟਰੇਡ ਵਿੰਗ ਪੰਜਾਬ ਦੇ ਕੋਰ ਕਮੇਟੀ ਮੈਂਬਰ ਰਣਜੀਤ ਸਿੰਘ ਖੁਰਾਣਾ ਹਲਕਾ ਇੰਚਾਰਜ ਫਗਵਾੜਾ ਦਾ ਤਹਿ ਦਿਲੋਂ ਧੰਨਵਾਦ ਕੀਤਾ। ਡੇਰੇ ਵਲੋਂ ਜੱਥੇਦਾਰ ਸਰੂਪ ਸਿੰਘ ਸਮੇਤ ਸਮੂਹ ਪਤਵੰਤਿਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸੰਤ ਜਸਵਿੰਦਰ ਪਾਲ ਪੰਡਵਾ, ਸਕੱਤਰ ਬਾਲ ਕਿਸ਼ਨ ਤੋਂ ਇਲਾਵਾ ਡੇਰੇ ਦੀ ਪ੍ਰਬੰਧਕ ਕਮੇਟੀ ਦੇ ਸਮੂਹ ਮੈਂਬਰ ਹਾਜ਼ਰ ਸਨ।



# ਨੰਗਲ ਅੰਬੀਆਂ 'ਚ ਛਿੰਝ ਮੇਲਾ 20 ਨੂੰ

**ਸ਼ਾਹਕੋਟ (ਗਿਆਨ ਸੈਦਪੁਰੀ)**- ਸੁਖਦੇਵ ਰਾਜ ਗਿੱਲ ਸਾਬਕਾ ਸਰਪੰਚ ਨੰਗਲ ਅੰਬੀਆਂ ਤੇ ਬਲਾਕ ਸੰਮਤੀ ਸ਼ਾਹਕੋਟ ਦੇ ਉਪ ਚੇਅਰਮੈਨ ਸੁਖਦੇਵ ਸਿੰਘ ਸੁੱਖਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਡੇਰਾ ਮਾਤਾ ਪੰਜਾਬ ਕੌਰ, ਪਿੰਡ ਨੰਗਲ ਅੰਬੀਆਂ ਤੇ ਨੰਗਲ ਅੰਬੀਆਂ ਖੁਰਦ ਦੀਆਂ ਦੋਵੇਂ ਪੰਚਾਇਤਾਂ, ਨਗਰ ਨਿਵਾਸੀਆਂ ਤੇ ਪ੍ਰਵਾਸੀ ਪੰਜਾਬੀ ਭਰਾਵਾਂ ਵੱਲੋਂ 20 ਅਪ੍ਰੈਲ ਨੂੰ ਨੰਗਲ ਅੰਬੀਆਂ ਵਿਖੇ ਸਾਲਾਨਾ ਛਿੰਝ ਮੇਲਾ ਕਰਵਾਇਆ ਜਾ ਰਿਹਾ ਹੈ। ਪਟਕੇ ਦੀ ਕੁਸ਼ਤੀ ਮੁਕੇਸ਼ ਕੋਹਾਲੀ ਤੇ ਤੀਰਥ ਫਗਵਾੜਾ ਦਰਮਿਆਨ ਹੋਵੇਗੀ। ਛਿੰਝ ਮੇਲੇ ਵਿੱਚ ਹੋਰ ਵੀ ਨਾਮੀ ਪਹਿਲਵਾਨ ਆਪਣੀ ਤਾਕਤ ਦੇ ਜੌਹਰ ਵਿਖਾਉਣਗੇ। ਛਿੰਝ ਮੇਲੇ ਦਾ ਉਦਘਾਟਨ ਮਹੰਤ ਚੇਤਨ ਦਾਸ ਮੁੱਖ ਸੇਵਾਦਾਰ ਡੇਰਾ ਮਾਤਾ ਪੰਜਾਬ ਕੌਰ ਤੇ ਬਾਬਾ ਜਸਵੰਤ ਸਿੰਘ ਕੋਟਲਾ ਸੂਰਜ ਮੱਲ ਕਰਨਗੇ। ਮੁੱਖ ਮਹਿਮਾਨ ਵਜੋਂ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਸਿੰਘ ਮੇਲੇ ਵਿੱਚ ਸ਼ਿਰਕਤ ਕਰਨਗੇ। ਸਮੂਹ ਜੈਲਦਾਰ ਪਰਵਾਰ ਛਿੰਝ ਮੇਲੇ ਦਾ ਮਾਣ ਹੋਵੇਗਾ।ਇਸ ਛਿੰਝ ਮੇਲੇ ਦੀ ਜਾਣਕਾਰੀ ਦੇਣ ਮੌਕੇ ਮਹਿੰਦਰ ਸਿੰਘ ਸੰਧੂ, ਬਲਜਿੰਦਰ ਸਿੰਘ ਭੋਲਾ, ਨਵਨੀਤ ਸਿੰਘ, ਸੁਖਵਿੰਦਰ ਪਾਲ ਸਿੰਘ ਸਾਬਕਾ ਸਰਪੰਚ, ਜਸਪਾਲ ਸਿੰਘ ਸਰਪੰਚ, ਗੁਰਪ੍ਰੀਤ ਸਿੰਘ ਸੰਧੂ, ਗੁਰਪ੍ਰੀਤ ਸਿੰਘ ਖਾਲਸਾ, ਪ੍ਰਿੰਸੀਪਲ ਧਰਮਪਾਲ ਅਤੇ ਰਸ਼ਪਾਲ ਸਿੰਘ ਵੀ ਮੌਜੂਦ ਸਨ।



## ਵਿਸਾਖੀ ਜੋੜ ਮੇਲਾ 14 ਨੂੰ

**ਬੰਗਾ (ਅਵਤਾਰ ਕਲੇਰ)**- ਸਰਬ ਸਾਂਝਾ ਦਰਬਾਰ ਰੱਤੂ ਜਠੇਰੇ ਅਸਥਾਨ ਬਾਬਾ ਡੋਗਰ ਪੀਰ, ਬਾਬਾ ਜਾਹਰ ਪੀਰ ਅਤੇ ਬਾਬਾ ਸੇਲਬਰਾਹ ਝੰਡੇਰਾਂ ਵਿਖੇ ਵਿਸਾਖੀ ਜੋੜ ਮੇਲਾ 14 ਅਪ੍ਰੈਲ ਦਿਨ ਮੰਗਲਵਾਰ ਨੂੰ ਮਨਾਇਆ ਜਾਵੇਗਾ।ਇਸ ਸਬੰਧੀ ਜੋੜ ਮੇਲੇ ਦਾ ਪੋਸਟਰ ਜਾਰੀ ਕਰਦਿਆ ਪ੍ਰਧਾਨ ਮੇਜਰ ਰਾਮ ਰੱਤੂ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾ ਇਸ ਸਾਲ ਵੀ ਉਕਤ ਜੋੜ ਮੇਲਾ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾਵੇਗਾ । 11 ਅਪ੍ਰੈਲ ਨੂੰ ਨਿਸ਼ਾਨ ਸਾਹਿਬ ਸਜਾਏ ਜਾਣਗੇ, 12 ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ ਤੇ 14 ਅਪ੍ਰੈਲ ਨੂੰ ਭੋਗ ਉਪਰੰਤ ਦੀਵਾਨ ਸਜਾਏ ਜਾਣਗੇ।ਜਿਥੇ ਨਾਮਵਰ ਕੀਰਤਨੀ ਜਥੇ, ਕਲਾਕਾਰ ਸੰਗਤਾਂ ਨੂੰ ਨਿਹਾਲ ਕਰਨਗੇ ਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ ।ਇਸ ਮੌਕੇ ਪ੍ਰਧਾਨ ਮੇਜਰ ਰਾਮ ਰੱਤੂ, ਸਰਪੰਚ ਡਾ. ਸੁਰਿੰਦਰ ਝੰਡੇਰ, ਅਜਮੇਰ ਸਿੰਘ, ਲੈਕ: ਰਾਮ ਪ੍ਰਕਾਸ਼,ਕੁਲਦੀਪ ਰਾਮ, ਇਰਵਨ ਰੱਤੂ ਸਾਬਕਾ ਮੈਂਬਰ ਬਲਾਕ ਸੰਮਤੀ, ਸੰਤੋਖ ਰਾਮ, ਮਨਸਾ ਰਾਮ, ਵਾਸਦੇਵ, ਹਰਮੇਸ਼ ਲਾਲ, ਬਲਿਹਾਰ ਰਾਮ, ਸਤਿੰਦਰ ਸਿੰਘ, ਉਧੋ ਰਾਮ, ਬਲਜਿੰਦਰ ਰਾਮ ਆਦਿ ਹਾਜ਼ਰ ਸਨ।



## ਗੁਰਮਤਿ ਸਮਾਗਮ 14 ਨੂੰ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਬਜਵਾੜਾ ਕਲਾਂ ਵਿਖੇ ਗੁਰਦੁਆਰਾ ਸ੍ਰੀ ਸਿੰਘ ਸਭਾ ਛਾਉਣੀ ਨਿਹੰਗ ਸਿੰਘਾਂ ਹੁਸ਼ਿਆਰਪੁਰ ਤੋਂ ਊਨਾ ਰੋਡ ਤੇ ਸਮੂਹ ਨਗਰ ਨਿਵਾਸੀ, ਐੱਨ ਆਰ ਆਈ ਤੇ ਇਲਾਕੇ ਦੇ ਸਹਿਯੋਗ ਨਾਲ ਜਥੇਬੰਦੀ ਵੱਲੋਂ ਖ਼ਾਲਸੇ ਦੇ ਪ੍ਰਗਟ ਦਿਹਾੜੇ ਮੌਕੇ ਮਹਾਨ ਗੁਰਮਤਿ ਸਮਾਗਮ 14 ਅਪ੍ਰੈਲ ਨੂੰ ਜਥੇਬੰਦੀ ਦੇ ਮੁੱਖ ਸੇਵਾਦਾਰ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ ਮੁੱਖੀ ਸਾਹਿਬਜਾਦਾ ਫ਼ਤਹਿ ਸਿੰਘ ਛਾਉਣੀ ਨਿਹੰਗ ਸਿੰਘ ਤਰਨਾ ਦਲ ਬਜਵਾੜਾ ਕਲਾਂ ਦੀ ਅਗਵਾਈ ਹੇਠ ਕਰਵਾਏ ਜਾ ਰਹੇ ਹਨ। ਇਸ ਮੌਕੇ ਰਾਜਵੀਰ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਮਾਗਮ ਦੌਰਾਨ 2 ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਤਰਨਾ ਦਲ ਬਜਵਾੜਾ ਕਲਾਂ, ਭਾਈ ਸੁਖਜੀਤ ਸਿੰਘ ਮੁੱਖ ਗ੍ਰੰਥੀ ਬਜਵਾੜਾ ਕਲਾਂ, ਭਾਈ ਬਲਜੀਤ ਸਿੰਘ ਸਿਦਕੀ ਹੁਸ਼ਿਆਰਪੁਰ ਆਦਿ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।ਇਸ ਮੌਕੇ ਸਮਾਗਮ ਦੌਰਾਨ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।



# ਵਿਸ਼ਵ ਸਿਹਤ ਦਿਵਸ 'ਤੇ ਸੈਮੀਨਾਰ



**ਕਪੂਰਥਲਾ (ਮਨਜੀਤ ਮਾਨ)**- ਸੰਤ ਹੀਰਾ ਦਾਸ ਕੰਨਿਆ ਮਹਾਂ ਵਿਦਿਆਲਿਆ ਕਾਲਾ ਸੰਘਿਆਂ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸੀਤਲ ਸਿੰਘ ਸੰਘਾ, ਡਾਇਰੈਕਟਰ ਡਾ. ਰਾਮ ਮੂਰਤੀ ਤੇ ਪ੍ਰਿੰਸੀਪਲ ਬਲਜਿੰਦਰ ਕੌਰ ਸੱਚਦੇਵਾ ਦੀ ਅਗਵਾਹੀ ਹੇਠ ਐੱਨ ਐੱਸ ਐੱਸ ਵਿਭਾਗ, ਰੈੱਡ ਰਿਬਨ ਵਿਭਾਗ ਤੇ ਇਕੋ ਕਲੱਬ ਦੇ ਇੰਚਾਰਜ ਡਾ. ਕੁਲਵਿੰਦਰ ਕੌਰ ਦੇ ਸਹਿਯੋਗ ਨਾਲ ਵਿਸ਼ਵ ਸਿਹਤ ਦਿਵਸ ਸਬੰਧੀ ਸੈਮੀਨਾਰ ਕਰਵਾਇਆ ਗਿਆ। ਜਿਸ ਵਿੱਚ ਮੁੱਖ ਬੁਲਾਰੇ ਦੇ ਤੌਰ ਤੇ ਡਾ. ਸਰੇਸ਼ਟਾ ਸ਼ਰਮਾ, ਪੰਡਿਤ ਮੂਲਰਾਜ ਆਸ਼ਰਮ ਲਾਡੋਵਾਲੀ ਜਲੰਧਰ ਤੋਂ ਆਏ ਉਹਨਾਂ ਨੇ ਵਿਦਿਆਰਥੀਆਂ ਨੂੰ ਸਿਹਤ ਮੰਦ ਰਹਿਣ ਲਈ ਚੰਗਾ ਖਾਣ-ਪੀਣ ਸਬੰਧੀ ਜਾਣਕਾਰੀ ਦਿੰਦੇ ਕਿਹਾ ਗਲਤ ਖਾਣ ਪੀਣ ਕਾਰਨ ਜਿੱਥੇ ਅਸੀਂ ਸ਼ੂਗਰ, ਬੀ ਪੀ ਤੇ ਤਣਾਅ ਵਰਗੀਆਂ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਹਾਂ ਉੱਥੇ ਨਾਲ ਹੀ ਸਰੀਰ ਕਮਜ਼ੋਰ ਹੋ ਜਾਂਦਾ ਹੈ।ਇਸ ਮੌਕੇ ਤੇ ਕਾਲਜ ਦੇ ਪ੍ਰਧਾਨ ਇੰਜੀ. ਸੀਤਲ ਸਿੰਘ ਸੰਘਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਨਸ਼ਿਆਂ ਤੋਂ ਦੂਰ ਰਹਿਣ ,ਚੰਗੇ ਕੰਮ ਕਰਨ, ਘਰ ਦਾ ਖਾਣ ਪੀਣ ਖਾਣ ਲਈ ਤੇ ਕੁਦਰਤੀ ਵਾਤਾਵਰਨ ਨੂੰ ਸਾਫ ਸੁਥਰਾ ਰੱਖਣ ਲਈ ਪ੍ਰੇਰਿਆ।ਇਸ ਮੌਕੇ ਪ੍ਰਿੰਸੀਪਲ ਬਲਜਿੰਦਰ ਕੌਰ ਸੱਚਦੇਵਾ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਕਿਹਾ ਕਿ ਸਫਲ ਜੀਵਨ ਲਈ ਚੰਗੀ ਸਿਹਤ ਹੋਣੀ ਜ਼ਰੂਰੀ ਹੈ। ਇਸ ਮੌਕੇ ਤੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜ. ਸੀਤਲ ਸਿੰਘ ਸੰਘਾ ਡਾਇਰੈਕਟਰ ਡਾ. ਰਾਮ ਮੂਰਤੀ, ਪ੍ਰਿੰਸੀਪਲ ਬਲਜਿੰਦਰ ਕੌਰ ਸਚਦੇਵਾ, ਇੰਚਾਰਜ ਡਾ. ਕੁਲਵਿੰਦਰ ਕੌਰ, ਨੀਤੂ, ਰਜਨੀ ਸਮੂਹ ਸਟਾਫ ਮੈਂਬਰ ਤੇ 30 ਦੇ ਕਰੀਬ ਐੱਨ ਐੱਸ ਐੱਸ/ਰੈਡ ਰਿਬਨ ਤੇ ਇਕੋ ਕਲੱਬ ਦੇ ਵਲੰਟੀਅਰਜ਼ ਹਾਜ਼ਰ ਸਨ।

# ਜ਼ਿਲ੍ਹਾ ਭਾਸ਼ਾ ਦਫਤਰ, ਸਿਰਜਣਾ ਕੇਂਦਰ ਤੇ ਇਪਟਾ ਵੱਲੋਂ ਡਿਪਟੀ ਕਮਿਸ਼ਨਰ ਦਾ ਸਵਾਗਤ

**ਕਪੂਰਥਲਾ (ਮਨਜੀਤ ਮਾਨ)**- ਜਸਪ੍ਰੀਤ ਕੌਰ, ਜ਼ਿਲ੍ਹਾ ਭਾਸ਼ਾ ਅਫ਼ਸਰ, ਕਪੂਰਥਲਾ ਤੇ ਸਿਰਜਣਾ ਕੇਂਦਰ ਕਪੂਰਥਲਾ ਦੇ ਪ੍ਰਧਾਨ ਕੌਮਾਂਤਰੀ ਸ਼ਾਇਰ ਕੰਵਰ ਇਕਬਾਲ ਸਿੰਘ (ਚੇਅਰਮੈਨ ਐਕਸਾਈਜ਼ ਐਂਡ ਟੈਕਸੇਸ਼ਨ ਵਿਭਾਗ ਕਪੂਰਥਲਾ) ਕਿਤਾਬ ਮੰਚ ਕਪੂਰਥਲਾ ਦੇ ਸੰਸਥਾਪਕ ਅਤੇ ਇਪਟਾ ਕਪੂਰਥਲਾ ਦੇ ਪ੍ਰਧਾਨ ਡਾ. ਹਰਭਜਨ ਸਿੰਘ ਵੱਲੋਂ ਆਕਾਸ਼ ਬਾਂਸਲ ਡਿਪਟੀ ਕਮਿਸ਼ਨਰ ਕਪੂਰਥਲਾ ਦਾ ਪੌਦੇ ਅਤੇ ਭਾਸ਼ਾ ਵਿਭਾਗ ਪੰਜਾਬ ਵੱਲੋਂ ਪ੍ਰਕਾਸ਼ਿਤ ਪੁਸਤਕਾਂ ਦੇ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਜ਼ਿਲ੍ਹਾ ਭਾਸ਼ਾ ਅਫ਼ਸਰ ਜਸਪ੍ਰੀਤ ਕੌਰ ਨੇ ਜ਼ਿਲ੍ਹਾ ਪੱਧਰੀ ਭਾਸ਼ਾ ਵਿਭਾਗ ਦੀ ਗਤੀਵਿਧੀਆਂ ਬਾਰੇ ਜ਼ਿਕਰ ਕਰਦਿਆਂ ਕਿਹਾ ਕਿ ਵਿਭਾਗ ਵੱਲੋਂ ਸਮੇਂ ਸਮੇਂ ਵੱਖ-ਵੱਖ ਤਰ੍ਹਾਂ ਦੀਆਂ ਸਾਹਿਤਿਕ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ, ਪੁਸਤਕ ਮੇਲੇ ਲਗਵਾਏ ਜਾਂਦੇ ਹਨ। ਹਰ ਮਹੀਨੇ ਸਮੁੱਚੇ ਸਰਕਾਰੀ ਅਦਾਰਿਆਂ ਦਾ ਕੰਮ ਕਾਜ ਪੰਜਾਬੀ ਭਾਸ਼ਾ ਵਿੱਚ ਹੋਣਾ ਯਕੀਨੀ ਬਣਾਉਣ ਸੰਬੰਧੀ ਰਿਪੋਰਟ ਸਰਕਾਰ ਨੂੰ ਭੇਜੀ ਜਾਂਦੀ ਹੈ।ਪ੍ਰਾਈਵੇਟ ਦੁਕਾਨਾਂ ਦੇ ਬੋਰਡਾਂ ਨੂੰ ਪੰਜਾਬੀ ਵਿੱਚ ਕਰਵਾਉਣ ਲਈ ਟਰੇਡ ਵਿੰਗ, ਕਿਰਤ ਕਮਿਸ਼ਨਰ ਵਿਭਾਗ ਨਾਲ ਮਿਲ ਕੇ ਯਤਨ ਕੀਤੇ ਜਾ ਰਹੇ ਹਨ ਤੇ ਹਰ ਮਹੀਨੇ ਇਸ ਦੀ ਸਰਕਾਰ ਨੂੰ ਰਿਪੋਰਟ ਵੀ ਭੇਜੀ ਜਾ ਰਹੀ ਹੈ। ਲਗਭਗ ਪ੍ਰਾਇਵੇਟ ਦੁਕਾਨਾਂ ਦੇ ਬੋਰਡ ਪੰਜਾਬੀ ਵਿੱਚ ਕਰਵਾ ਦਿੱਤੇ ਗਏ ਹਨ। ਪ੍ਰਾਈਵੇਟ ਸਕੂਲਾਂ ਦੇ ਲਗਭਗ ਸਾਰੇ ਹੀ ਬੋਰਡ ਪੰਜਾਬੀ ਵਿੱਚ ਹੋ ਚੁੱਕੇ ਹਨ। ਡਿਪਟੀ ਕਮੀਸ਼ਨਰ ਆਕਾਸ਼ ਬਾਂਸਲ ਨੇ ਜ਼ਿਲ੍ਹਾ ਭਾਸ਼ਾ ਦਫ਼ਤਰ, ਕਪੂਰਥਲਾ ਦੇ ਕੰਮ ਕਾਜ ਦੀ ਸ਼ਲਾਘਾ ਕਰਦੇ ਕਿਹਾ ਕਿ ਅਜਿਹੀ ਗਤੀਵਿਧੀਆਂ ਜਿੱਥੇ ਸਮਾਜਿਕ ਸੋਚ ਨੂੰ ਸਹੀ ਦਿਸ਼ਾ ਅਤੇ ਦਸ਼ਾ ਪ੍ਰਦਾਨ ਕਰਦੀਆਂ ਹਨ, ਉੱਥੇ ਦਫਤਰ ਤੇ ਹੋਰ ਕਈ ਥਾਵਾਂ 'ਤੇ ਸਹੀ ਤੇ ਸ਼ੁੱਧ ਪੰਜਾਬੀ ਦੀ ਵਰਤੋਂ ਨੂੰ ਵੀ ਯਕੀਨੀ ਬਣਾਉਂਦੀ ਹੈ।



## ਐੱਸ ਐੱਚ ਓ ਨੇ ਚਾਰਜ ਸੰਭਾਲਿਆ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ, ਰਾਮ ਲਾਲ)**- ਇਲਾਕੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹੋਰ ਮਜ਼ਬੂਤ ਕਰਨ ਤੇ ਸਮਾਜਿਕ ਬੁਰਾਈਆਂ ਨੂੰ ਜੜ੍ਹੋਂ ਖ਼ਤਮ ਕਰਨ ਦੇ ਉਦੇਸ਼ ਨਾਲ ਇੰਸਪੈਕਟਰ ਕਮਲ ਤਨੇਜਾ ਨੇ ਤਹਿਸੀਲ ਬਲਾਚੌਰ ਦੇ ਸਿਟੀ ਥਾਣੇ ਵਿੱਚ ਬਤੌਰ ਐੱਸ ਐੱਚ ਓ ਆਪਣਾ ਅਹੁਦਾ ਸੰਭਾਲ ਲਿਆ ਹੈ। ਜ਼ਿਕਰਯੋਗ ਹੈ ਕਿ ਇੰਸਪੈਕਟਰ ਤਨੇਜਾ ਇੱਕ ਤਜ਼ਰਬੇਕਾਰ ਅਧਿਕਾਰੀ ਹਨ, ਜੋ ਇਸ ਤੋਂ ਪਹਿਲਾਂ ਵੀ ਬਹਿਰਾਮ, ਚਮਕੌਰ ਸਾਹਿਬ, ਮੋਹਾਲੀ ਸਮੇਤ ਕਈ ਅਹਿਮ ਸਟੇਸ਼ਨਾਂ 'ਤੇ ਬਤੌਰ ਐੱਸ ਐੱਚ ਓ ਆਪਣੀਆਂ ਸ਼ਾਨਦਾਰ ਸੇਵਾਵਾਂ ਨਿਭਾ ਕੇ ਆਪਣੀ ਕਾਰਜਸ਼ੈਲੀ ਦਾ ਲੋਹਾ ਮਨਵਾ ਚੁੱਕੇ ਹਨ।ਅਹੁਦਾ ਸੰਭਾਲਦਿਆਂ ਹੀ ਇੰਸਪੈਕਟਰ ਕਮਲ ਤਨੇਜਾ ਨੇ ਨਸ਼ਾ ਤਸਕਰਾਂ ਨੂੰ ਸਖ਼ਤ ਲਹਿਜੇ ਵਿੱਚ ਤਾੜਨਾ ਕੀਤੀ। ਉਨ੍ਹਾਂ ਕਿਹਾ, 'ਜਿਹੜੇ ਲੋਕ ਨਸ਼ਾ ਵੇਚਦੇ ਹਨ ਜਾਂ ਨਸ਼ੇ ਦੇ ਕਾਰੋਬਾਰ ਵਿੱਚ ਲਿਪਤ ਹਨ, ਉਹ ਜਾਂ ਤਾਂ ਇਹ ਗਲਤ ਕੰਮ ਤੁਰੰਤ ਬੰਦ ਕਰ ਦੇਣ ਜਾਂ ਫਿਰ ਜੇਲ੍ਹ ਦੀਆਂ ਸੀਖਾਂ ਪਿੱਛੇ ਜਾਣ ਲਈ ਤਿਆਰ ਰਹਿਣ।' ਉਨ੍ਹਾਂ ਸਪੱਸ਼ਟ ਕੀਤਾ ਕਿ ਨਸ਼ਿਆਂ ਵਿਰੁੱਧ ਕੋਈ ਵੀ ਲਿਹਾਜ਼ ਨਹੀਂ ਵਰਤਿਆ ਜਾਵੇਗਾ ਤੇ ਪੁਲਿਸ ਨਸ਼ੇ ਦੀ ਸਪਲਾਈ ਲਾਈਨ ਨੂੰ ਤੋੜਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।



## ਨਸ਼ੇ ਦੀ ਲੱਤ ਨੌਜਵਾਨਾਂ ਨੂੰ ਅਪਰਾਧਾਂ ਵੱਲ ਧੱਕ ਰਹੀ : ਬਲਜਿੰਦਰ ਸਿੰਘ ਖਾਲਸਾ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਆਧੁਨਿਕ ਯੁੱਗ ਵਿੱਚ ਨੈਤਿਕ ਮੁੱਲਾਂ ਦੀ ਗਿਰਾਵਟ, ਪਰਵਾਰਾਂ ਦਾ ਟੁੱਟਣਾ ਤੇ ਬੇਰੁਜ਼ਗਾਰੀ ਨੇ ਨੌਜਵਾਨਾਂ ਨੂੰ ਨਸ਼ਿਆਂ ਵੱਲ ਧੱਕ ਦਿੱਤਾ ਹੈ। ਕਈ ਥਾਵਾਂ ਤੇ ਮਾਲਕਾਂ ਵੱਲੋਂ ਮਜ਼ਦੂਰਾਂ ਨੂੰ ਥਕਾਵਟ ਦੂਰ ਕਰਨ ਲਈ ਨਸ਼ੇ ਦਿੱਤੇ ਜਾਂਦੇ ਹਨ। ਸਮਾਜ ਵਿੱਚ ਫੈਲੀ ਹੋਈ ਦਿਖਾਵਟੀ ਟੌਹਰ ਤੇ ਲੱਚਰਤਾ ਵੀ ਨਸ਼ਿਆਂ ਨੂੰ ਵਧਾਉਣ ਆਪਣਾ ਖੂਬ ਹੱਥ ਵਟਾ ਰਹੀ ਹੈ। ਇਹਨਾਂ ਗੱਲਾਂ ਦਾ ਪ੍ਰਗਟਾਵਾ ਆਯੂਰ ਜੀਵਨ ਆਯੁਰਵੈਦਿਕ ਰਿਸਰਚ ਸੈਂਟਰ ਦੇ ਐੱਮ ਡੀ ਤੇ ਦਲ ਖਾਲਸਾ ਦੇ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਖਾਲਸਾ ਨੇ ਸਾਡੇ ਪੱਤਰਕਾਰ ਨਾਲ ਇੱਕ ਪ੍ਰੈੱਸ ਵਾਰਤਾ ਕੀਤਾ। ਉਹਨਾਂ ਕਿਹਾ ਕਿ ਨਸ਼ਾ ਇਨਸਾਨ ਦੇ ਸਰੀਰ ਨੂੰ ਹੌਲੀ-ਹੌਲੀ ਖਤਮ ਕਰ ਦਿੰਦਾ ਹੈ। ਭੁੱਖ ਘੱਟ ਲੱਗਣੀ, ਦਿਲ ਬੇਚੈਨ ਰਹਿਣਾ, ਯਾਦਦਾਸ਼ਤ ਦੀ ਕਮੀ, ਅੰਗ ਕੰਬਣੇ, ਅੱਖਾਂ ਲਾਲ ਹੋਣੀਆਂ ਆਦਿ ਨਸ਼ਿਆਂ ਦੀ ਗ੍ਰਿਫਤ ਵਾਲੇ ਇਨਸਾਨਾਂ ਦੇ ਆਮ ਲੱਛਣ ਬਣ ਜਾਂਦੇ ਹਨ। ਉਹਨਾਂ ਕਿਹਾ ਕਿ ਨਸ਼ਾ ਸਿਰਫ਼ ਇਕ ਵਿਅਕਤੀਕਤ ਸਮੱਸਿਆ ਨਹੀਂ, ਸਗੋਂ ਸਮੂਹ ਸਮਾਜ ਲਈ ਘਾਤਕ ਬਣ ਚੁੱਕਾ ਹੈ। ਮਾਪੇ ਆਪਣਿਆਂ ਬੱਚਿਆਂ ਦੀ ਬਦਲੀ ਹੋਈ ਸੋਚ ਤੇ ਆਚਰਣ ਕਾਰਨ ਡਰ, ਚਿੰਤਾ, ਬੇਚੈਨੀ ਤੇ ਆਰਥਿਕ ਸੰਕਟ ਦਾ ਸ਼ਿਕਾਰ ਹੋ ਰਹੇ ਹਨ। ਉਹਨਾ ਕਿਹਾ ਕਿ ਨਸ਼ੇ ਦੀ ਲੱਤ ਨੌਜਵਾਨਾਂ ਨੂੰ ਚੋਰੀ, ਡਕੈਤੀ ਤੇ ਕਤਲ ਵਰਗੇ ਅਪਰਾਧਾਂ ਵੱਲ ਧੱਕ ਰਹੀ ਹੈ। ਨੌਜਵਾਨ ਨਸ਼ੇ ਦੀ ਲੱਤ ਨੂੰ ਪੂਰਾ ਕਰਨ ਲਈ ਅਕਸਰ ਅਪਰਾਧ ਜਗਤ ਵਿੱਚ ਸ਼ਾਮਲ ਹੋ ਜਾਂਦੇ ਹਨ।

# ਮਿਮਿਟ ਦੇ ਲੜਕੇ ਤੇ ਲੜਕੀਆਂ ਨੇ ਜਿੱਤੀਆਂ ਹੈਂਡਬਾਲ ਟਰਾਫੀਆਂ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**- ਪੰਜਾਬ ਸਰਕਾਰ ਦੁਆਰਾ ਸਥਾਪਤ ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨੋਲੋਜੀ (ਮਿਮਿਟ) ਮਲੋਟ ਵਿਖੇ ਆਈ ਕੇ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ ਦੇ ਇੰਟਰ ਕਾਲਜ ਹੈਂਡਬਾਲ ਟੂਰਨਾਮੈਂਟ ਦੀ ਅੱਜ ਸਮਾਪਤੀ ਹੋਈ। ਇਸ ਦੋ ਰੋਜ਼ਾ ਟੂਰਨਾਮੈਂਟ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਸੰਸਥਾ ਦੇ ਡੀਨ ਵਿਦਿਆਰਥੀ ਮਾਮਲੇ ਡਾ. ਮੋਹਿਤ ਕੁਮਾਰ ਤੇ ਸਪੋਰਟਸ ਪ੍ਰੈਜ਼ੀਡੈਂਟ ਸ੍ਰੀ ਜਤਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਟੈਕਨੀਕਲ ਯੂਨੀਵਰਸਿਟੀ ਜਲੰਧਰ ਨਾਲ ਸੰਬੰਧਤ ਵੱਖ-ਵੱਖ ਕਾਲਜਾਂ ਦੇ ਲੜਕੇ ਤੇ ਲੜਕੀਆਂ ਦੇ ਹੈਂਡਬਾਲ ਦੇ ਮੁਕਾਬਲੇ ਮਿਮਿਟ ਮਲੋਟ ਵਿਖੇ ਕਰਵਾਏ ਗਏ। ਹੈਂਡਬਾਲ ਟੂਰਨਾਮੈਂਟ ਵਿੱਚ ਲੜਕੀਆਂ ਦੇ ਵੱਖ-ਵੱਖ ਮੁਕਾਬਲਿਆਂ ਵਿੱਚ ਤੀਜੇ ਸਥਾਨ 'ਤੇ ਜੀ.ਟੀ.ਬੀ.ਆਈ.ਐੱਮ.ਟੀ. ਦਾਖਾ ਤੇ ਦੂਜੇ ਸਥਾਨ 'ਤੇ ਸੀ.ਈ.ਸੀ. ਲਾਂਡਰਾਂ ਦੀਆਂ ਲੜਕੀਆਂ ਨੇ ਜਿੱਤ ਪ੍ਰਾਪਤ ਕੀਤੀ ਅਤੇ ਮਿਮਿਟ ਦੀਆਂ ਲੜਕੀਆਂ ਨੇ ਗੋਲਡ ਮੈਡਲ ਤੇ ਵਿਨਰ ਟ੍ਰਾਫੀ ਆਪਣੇ ਨਾਮ ਕੀਤੀ।ਇਸੇ ਤਰ੍ਹਾਂ ਲੜਕਿਆਂ ਦੇ ਮੁਕਾਬਲੇ ਵੀ ਬਹੁਤ ਰੋਚਕ ਵੇਖਣ ਨੂੰ ਮਿਲੇ।ਲੜਕਿਆਂ ਦੇ ਮੁਕਾਬਲਿਆਂ ਵਿੱਚ ਚੰਡੀਗੜ੍ਹ ਗਰੁੱਪ ਆਫ ਕਾਲਜਿਜ਼ ਝੰਝੇੜੀ ਨੇ ਤੀਜਾ ਸਥਾਨ, ਚੰਡੀਗੜ੍ਹ ਇੰਜੀਨੀਅਰਿੰਗ ਕਾਲਜ ਲਾਡਰਾਂ ਨੇ ਦੂਜਾ ਸਥਾਨ ਹਾਸਲ ਕੀਤਾ ਤੇ ਮਿਮਿਟ ਮਲੋਟ ਦੀ ਟੀਮ ਨੇ ਗੋਲਡ ਮੈਡਲ ਤੇ ਟਰਾਫੀ ਜਿੱਤ ਕੇ ਮਿਮਿਟ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ। ਸੰਸਥਾ ਦੇ ਡਾਇਰੈਕਟਰ ਡਾ. ਜਸਕਰਨ ਸਿੰਘ ਭੁੱਲਰ ਵੱਲੋਂ ਵੱਖ-ਵੱਖ ਕਾਲਜਾਂ ਦੇ ਖਿਡਾਰੀਆਂ ਕੋਚ ਸਾਹਿਬਾਨਾਂ, ਪੀ.ਟੀ.ਯੂ. ਦੇ ਅਫਸਰ ਸਾਹਿਬਾਨਾਂ, ਸਾਰੇ ਰੈਫਰੀਆਂ ਤੇ ਸੰਸਥਾ ਦੇ ਸਟਾਫ ਮੈਂਬਰਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ।ਇਸ ਪੂਰੇ ਟੂਰਨਾਮੈਂਟ ਨੂੰ ਵਧੀਆ ਤਰੀਕੇ ਨਾਲ ਕਰਵਾਉਣ ਲਈ ਡਾ. ਭੁੱਲਰ ਨੇ ਡੀਨ ਵਿਦਿਆਰਥੀ ਮਾਮਲੇ ਡਾ. ਮੋਹਿਤ ਕੁਮਾਰ, ਪ੍ਰੈਜ਼ੀਡੈਂਟ ਸਪੋਰਟਸ ਇੰਜੀਨੀਅਰ ਜਤਿੰਦਰ ਸਿੰਘ, ਸਹਾਇਕ ਸਪੋਰਟਸ ਪ੍ਰੈਜ਼ੀਡੈਂਟ ਵਰਿੰਦਰ ਸਿੰਘ ਤੇ ਗੁਰਵਿੰਦਰ ਸਿੰਘ ਦੀ ਸ਼ਲਾਘਾ ਕੀਤੀ।ਸੰਸਥਾ ਵੱਲੋਂ ਵੱਖ-ਵੱਖ ਰੈਫਰੀ ਸਾਹਿਬਾਨਾਂ ਨੂੰ ਸਨਮਾਨਤ ਵੀ ਕੀਤਾ ਗਿਆ।ਮੰਚ ਸੰਚਾਲਨ ਇੰਜੀਨੀਅਰ ਗੁਰਪ੍ਰੀਤ ਸਿੰਘ ਸੋਨੀ ਵੱਲੋਂ ਕੀਤਾ ਗਿਆ।



# ਸੁਖਵਿੰਦਰ ਕੰਬੋਜ ਦੀ ਕਾਵਿ ਪੁਸਤਕ 'ਮਹਿਕ ਹਵਾ ਤੇ ਬੱਦਲ' 'ਤੇ ਵਿਚਾਰ ਚਰਚਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਵਰਲਡ ਪੰਜਾਬੀ ਸੈਂਟਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਿਹੜੇ ਸੁਖਵਿੰਦਰ ਕੰਬੋਜ ਦੀ ਕਾਵਿ ਪੁਸਤਕ ਮਹਿਕ ਹਵਾ ਤੇ ਬੱਦਲ 'ਤੇ ਵਿਚਾਰ ਚਰਚਾ ਕਰਵਾਈ ਗਈ। ਸਭ ਤੋਂ ਪਹਿਲਾਂ ਸ਼ਾਇਰ ਜਗਦੀਪ ਸਿੱਧੂ ਨੇ ਸੁਖਵਿੰਦਰ ਕੰਬੋਜ ਦੀ ਗ਼ੈਰ-ਹਾਜ਼ਰੀ ਵਿਚ ਉਹਨਾਂ ਦੀਆਂ ਕਵਿਤਾਵਾਂ ਦਾ ਪਾਠ ਕੀਤਾ। ਮੁੱਖ ਪਰਚਾ ਪੰਜਾਬੀ ਯੂਨਵਰਸਿਟੀ ਦੇ ਪੰਜਾਬੀ ਅਧਿਐਨ ਵਿਭਾਗ ਤੋਂ ਉੱਘੀ ਆਲੋਚਕਾ ਡਾ. ਵੀਰਪਾਲ ਕੌਰ ਸਿੱਧੂ ਨੇ ਪਰਚਾ ਪੜ੍ਹਿਆ। ਉਹਨਾਂ ਕਿਹਾ ਕਿ ਸੁਖਵਿੰਦਰ ਕੰਬੋਜ ਸਾਡਾ ਸਮਰੱਥ ਸ਼ਾਇਰ ਹੈ। ਇਸ ਕਿਤਾਬ ਵਿਚ ਭੂ-ਹੇਰਵੇਂ ਸੰਬੰਧਿਤ ਕਵਿਤਾ ਵੀ ਹੈ। ਇਸ ਵਿਚ ਪਿਆਰ ਤੇ ਵਿਯੋਗ ਵੀ ਹੈ। ਇਸ ਕਿਤਾਬ ਵਿਚ ਜ਼ਿਆਦਾਤਰ ਭਾਰੂ ਕਵਿਤਾ ਲੋਟੂ ਸਾਮਰਾਜ ਵਿਰੁੱਧ ਹੈ। ਕੰਬੋਜ ਦੀ ਰਾਜਨੀਤਕ ਸੁਰ ਤਿੱਖੀ ਹੈ। ਉਹਨਾਂ ਦੀ ਸ਼ਾਇਰੀ ਮਨੁੱਖੀ ਮਨ ਦੇ ਦਵੰਧ ਨੂੰ ਵੀ ਪੇਸ਼ ਕਰਦੀ ਹੈ। ਪੰਜਾਬੀ ਯੂਨੀਵਰਸਿਟੀ ਤੋਂ ਹੀ ਡਾ. ਜਸਵੀਰ ਕੌਰ ਨੇ ਆਪਣੀ ਗੱਲ ਕਰਦੇ ਹੋਏ ਕਿਹਾ ਕਿ ਕਿਤਾਬ ਦਾ ਨਾਂ ਮਹਿਕ ਹਵਾ ਤੇ ਬੱਦਲ ਖ਼ੂਬਸੂਰਤ ਹੈ ਤੇ ਸੱਚੀਓਂ ਕਿਤਾਬ ਪੜ੍ਹਦੇ ਸਮੇਂ ਇਸ ਵਿੱਚੋਂ ਵੱਖਰੇ-ਵੱਖਰੇ ਪੈਰਾਡਾਈਮ ਨਜ਼ਰ ਆਉਂਦੇ ਹਨ। ਚੰਡੀਗੜ੍ਹ ਤੋਂ ਆਏ ਪਾਲ ਅਜਨਬੀ ਨੇ ਕਿਹਾ ਕਿ ਸੁਖਵਿੰਦਰ ਕੰਬੋਜ ਦੀ ਕਵਿਤਾ ਦਾ ਸਰੋਦੀ ਸੁਰ ਬਿਰਹਾ ਤੇ ਉਦਾਸੀ ਹੈ। ਸੁਰਜੀਤ ਸੁਮਨ ਨੇ ਕੁਝ ਕਵਿਤਾਵਾਂ ਦਾ ਉਦਾਹਰਨ ਦੇ ਕੇ ਕਿਹਾ ਕਿ ਸੁਖਵਿੰਦਰ ਦੀ ਸ਼ਾਇਰੀ ਦਾ ਮੁੱਖ ਸੁਰ ਸਾਮਰਾਜ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰਨਾ ਹੈ। ਉਹਨਾਂ ਜੰਗ ਦੇ ਹਵਾਲੇ ਨਾਲ ਗੱਲ ਤੋਰਦਿਆਂ ਕਿਹਾ ਕਿ ਕੰਬੋਜ ਦੀ ਕਵਿਤਾ ਸਵਾਲ ਉਠਾਉਂਦੀ ਹੈ।ਆਖ਼ਰ ਵਿਚ ਵਰਲਡ ਪੰਜਾਬੀ ਸੈਂਟਰ, ਪੰਜਾਬੀ ਯੂਨੀਵਰਸਿਟੀ ਦੇ ਡਾਇਰੈਕਟਰ ਡਾ. ਭੀਮਇੰਦਰ ਸਿੰਘ ਨੇ ਕਿਹਾ ਕਿ ਜਦੋਂ ਏਥੇ ਵਾਰ ਵਾਰ ਜ਼ਿਕਰ ਹੋਇਆ ਕਿ ਕਵੀ ਨਕਸਲਾਈਟ ਧਾਰਾ ਨਾਲ ਸੰਬੰਧਿਤ ਹੈ ਤਾਂ ਕਿਹਾ ਜਾ ਸਕਦਾ ਹੈ ਕਿ ਸੁਖਵਿੰਦਰ, ਪਾਸ਼, ਲਾਲ ਸਿੰਘ ਦਿਲ, ਸੰਤ ਰਾਮ ਉਦਾਸੀ ਦੇ ਕੱਦ ਦਾ ਸ਼ਾਇਰ ਹੈ। ਇਸ ਵਿਚਾਰ ਚਰਚਾ ਦੇ ਕਨਵੀਨਰ ਮੀਡੀਆ ਵਿਭਾਗ ਤੋਂ ਡਾ. ਕੁਲਪਿੰਦਰ ਸ਼ਰਮਾ ਸਨ। ਮੰਚ ਸੰਚਾਲਨ ਜਗਦੀਪ ਸਿੱਧੂ ਨੇ ਕੀਤਾ।



## ਪਾਵਰਕਾਮ ਵੱਲੋਂ ਪੂਰਬ ਵੰਡ ਜ਼ੋਨ ਦਫ਼ਤਰ ਸਥਾਪਿਤ

**ਮੋਹਾਲੀ (ਗੁਰਜੀਤ ਬਿੱਲਾ)**- ਪੰਜਾਬ ਵਿੱਚ ਬਿਜਲੀ ਵੰਡ ਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ, ਪਾਰਦਰਸ਼ੀ ਤੇ ਖਪਤਕਾਰ-ਕੇਂਦ੍ਰਿਤ ਬਣਾਉਣ ਵੱਲ ਇੱਕ ਮਹੱਤਵਪੂਰਨ ਉਪਰਾਲੇ ਦੀ ਲੜੀ ਵਿੱਚ ਪੰਜਾਬ ਸਰਕਾਰ ਨੇ ਮਾਣਯੋਗ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਬਿਜਲੀ ਮੰਤਰੀ ਸ੍ਰੀ ਸੰਜੀਵ ਅਰੋੜਾ ਦੀ ਅਗਵਾਈ ਹੇਠ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਿਡ ਦਾ ਨਵਾਂ ਮੁੱਖ ਇੰਜੀਨੀਅਰ/ਵੰਡ ਪੂਰਬ ਜ਼ੋਨ ਦਫ਼ਤਰ ਮੋਹਾਲੀ ਵਿਖੇ ਸਥਾਪਿਤ ਕੀਤਾ ਹੈ। ਇਹ ਉਪਰਾਲਾ ਬਿਜਲੀ ਪ੍ਰਸ਼ਾਸਨ ਨੂੰ ਹੋਰ ਸੁਚਾਰੂ ਬਣਾਉਣ ਦੇ ਨਾਲ-ਨਾਲ ਬਿਜਲੀ ਖਪਤਕਾਰਾਂ ਨੂੰ ਸਮੇਂ ਸਿਰ ਅਤੇ ਉੱਚ ਮਿਆਰੀ ਸੇਵਾਵਾਂ ਮੁਹੱਈਆ ਕਰਵਾਉਣ ਵੱਲ ਇੱਕ ਮਹੱਤਵਪੂਰਨ ਮੀਲ ਪੱਥਰ ਸਾਬਤ ਹੋਵੇਗਾ।ਨਵੇਂ ਜ਼ੋਨਲ ਦਫ਼ਤਰ ਦੀ ਸਥਾਪਨਾ ਨਾਲ ਬਿਜਲੀ ਪ੍ਰਬੰਧਨ ਵਿੱਚ ਫ਼ੈਸਲਾ ਲੈਣ ਦੀ ਪ੍ਰਕਿਰਿਆ ਹੋਰ ਤੇਜ਼ ਅਤੇ ਪ੍ਰਭਾਵਸ਼ਾਲੀ ਬਣੇਗੀ, ਜਦਕਿ ਫੀਲਡ ਪੱਧਰ 'ਤੇ ਨਿਗਰਾਨੀ ਅਤੇ ਕਾਰਗੁਜ਼ਾਰੀ ਵਿੱਚ ਵੀ ਲਾਭਕਾਰੀ ਸੁਧਾਰ ਆਏਗਾ। ਇਸ ਨਾਲ ਬਿਜਲੀ ਖਪਤਕਾਰਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਨਿਪਟਾਰਾ ਸੰਭਵ ਹੋਵੇਗਾ।



# ਲਾਇਲਪੁਰ ਖ਼ਾਲਸਾ ਕਾਲਜ ਲੜਕੀਆਂ 'ਚ ਗੈਸਟ ਲੈਕਚਰ ਕਰਵਾਇਆ



**ਜਲੰਧਰ (ਇਕਬਾਲ ਸਿੰਘ ਉਭੀ)**- ਲਾਇਲਪੁਰ ਖ਼ਾਲਸਾ ਕਾਲਜ ਲੜਕੀਆਂ ਵਿਖੇ ਇੱਕ ਸਾਂਝੀ ਯਾਤਰਾ ਵਿਸ਼ੇ 'ਤੇ ਗੈਸਟ ਲੈਕਚਰ ਆਯੋਜਿਤ ਕੀਤਾ ਗਿਆ।ਇਹ ਲੈਕਚਰ ਸੰਸਥਾ ਦੀ ਸਾਬਕਾ ਵਿਦਿਆਰਥਣ ਰਜਿੰਦਰ ਕੌਰ ਦੁਆਰਾ ਦਿੱਤਾ ਗਿਆ, ਜੋ ਇਸ ਸਮੇਂ ਅਮਰੀਕਾ ਵਿੱਚ ਕੰਮ ਕਰ ਰਹੀ ਹੈ। ਉਸ ਨੇ ਸੰਸਥਾ ਦੀ ਇੱਕ ਵਿਦਿਆਰਥਣ ਹੋਣ ਤੋਂ ਲੈ ਕੇ ਵਿਦੇਸ਼ ਵਿੱਚ ਇੱਕ ਸਫ਼ਲ ਪੇਸ਼ੇਵਰ ਕਰੀਅਰ ਬਣਾਉਣ ਤੱਕ ਦੇ ਆਪਣੇ ਪ੍ਰੇਰਨਾਦਾਇਕ ਸਫ਼ਰ ਨੂੰ ਸਾਂਝਾ ਕੀਤਾ। ਸੈਸ਼ਨ ਦੌਰਾਨ, ਉਸਨੇ ਅਸਲ-ਸੰਸਾਰ ਦੀਆਂ ਚੁਣੌਤੀਆਂ, ਵਿਸ਼ਵਵਿਆਪੀ ਮੌਕਿਆਂ ਅਤੇ ਅਕਾਦਮਿਕ ਜੀਵਨ ਤੋਂ ਪੇਸ਼ੇਵਰ ਕਾਰਜ ਸਥਾਨ ਵਿੱਚ ਤਬਦੀਲੀ ਲਈ ਲੋੜੀਂਦੇ ਜ਼ਰੂਰੀ ਹੁਨਰਾਂ ਨੂੰ ਉਜਾਗਰ ਕੀਤਾ। ਆਪਣੇ ਅੰਤਰਰਾਸ਼ਟਰੀ ਅਨੁਭਵ ਤੋਂ ਲੈ ਕੇ, ਉਸ ਨੇ ਅਨੁਕੂਲਤਾ, ਸੰਚਾਰ ਹੁਨਰ ਅਤੇ ਨਿਰੰਤਰ ਸਿੱਖਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਲੈਕਚਰ ਨੇ ਵਿਦਿਆਰਥੀਆਂ ਨੂੰ ਵਿਸ਼ਵਵਿਆਪੀ ਕਰੀਅਰ ਮਾਰਗਾਂ ਦਾ ਕੀਮਤੀ ਅਨੁਭਵ ਪ੍ਰਦਾਨ ਕੀਤਾ ਅਤੇ ਉਨ੍ਹਾਂ ਨੂੰ ਉੱਤਮਤਾ ਲਈ ਯਤਨ ਕਰਨ ਲਈ ਪ੍ਰੇਰਿਤ ਕੀਤਾ। ਕਾਲਜ ਪ੍ਰਿੰਸੀਪਲ ਡਾ. ਸਰਬਜੀਤ ਕੌਰ ਰਾਏ ਨੇ ਵਿਭਾਗ ਦੇ ਮੁਖੀ, ਡਾ. ਰਮਨ ਪ੍ਰੀਤ ਕੋਹਲੀ ਤੇ ਫੈਕਲਟੀ ਮੈਂਬਰਾਂ ਦੇ ਨਾਲ, ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਬੇਸਿਕ ਕੰਪਿਊਟਰ ਕੋਰਸ ਲਈ ਦਾਖਲਾ ਸ਼ੁਰੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫਤਰ ਹੁਸ਼ਿਆਰਪੁਰ ਵਿਖੇ ਚੱਲ ਰਹੇ ਸੈਨਿਕ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਟੈਕਨਾਲੋਜੀ, ਹੁਸ਼ਿਆਰਪੁਰ ਕੈਂਪਸ ਵਿੱਚ ਤਿੰਨ ਮਹੀਨੇ ਦਾ ਬੇਸਿਕ ਕੰਪਿਊਟਰ ਕੋਰਸ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਇੰਸਟੀਚਿਊਟ ਦੇ ਡਾਇਰੈਕਟਰ ਲੈਫ ਕਰਨਲ ਸਰਬਜੀਤ ਸਿੰਘ ਸੈਣੀ (ਰਿਟਾ.) ਨੇ ਦੱਸਿਆ ਕਿ ਇਸ ਕੋਰਸ ਲਈ ਘੱਟ ਤੋਂ ਘੱਟ ਯੋਗਤਾ 10ਵੀਂ ਪਾਸ ਹੋਣੀ ਚਾਹੀਦੀ ਹੈ। ਇਸ ਵਿੱਚ 75% ਜ਼ਿਲ੍ਹੇ ਦੇ ਸਾਬਕਾ ਸੈਨਿਕ ਅਤੇ ਇਨ੍ਹਾਂ ਤੋਂ ਇਲਾਵਾ 25% ਬਾਕੀ ਰਿਜ਼ਰਵ ਕੈਟੈਗਰੀ (ਐਸ ਸੀ/ ਐਸ ਟੀ/ਬੀ ਸੀ) ਅਤੇ ਹੋਰ ਗਰੀਬ ਪਰਵਾਰਾਂ ਦੇ ਵਿਦਿਆਰਥੀ ਵੀ ਦਾਖਲਾ ਲੈ ਸਕਦੇ ਹਨ।ਇੰਸਟੀਚਿਊਟ ਦੇ ਪ੍ਰਿੰਸੀਪਲ ਡਾ: ਪਰਮਿੰਦਰ ਕੌਰ ਸੈਣੀ ਨੇ ਦੱਸਿਆ ਕਿ ਇਹਨਾਂ ਕੋਰਸਾਂ ਵਿੱਚ ਬੱਚਿਆਂ ਨੂੰ ਐਮ ਐਸ ਵਰਡ, ਐਮ ਐਸ ਐਕਸਲ, ਐਮ ਐਸ ਪਾਵਰਪੁਆਇੰਟ, ਪ੍ਰੋਗਰੈਮਿੰਗ ਇੰਨ ਜਾਵਾ, ਪ੍ਰੋਗਰੈਮਿੰਗ ਇੰਨ ਸੀ ਪਲੱਸ ਪਲੱਸ, ਐਚ ਟੀ ਐਮ ਐਲ, ਪ੍ਰਿਟਿੰਗ, ਸਕੈਨਿੰਗ, ਈ-ਮੇਲਿੰਗ ਆਦਿ ਤੋਂ ਇਲਾਵਾ ਪੰਜਾਬੀ ਅਤੇ ਇੰਗਲਿਸ਼ ਟਾਈਪਿੰਗ ਵੀ ਸਿਖਾਈ ਜਾਵੇਗੀ। ਇੱਥੇ ਵਿਦਿਆਰਥੀਆਂ ਲਈ ਲਿਖਤੀ ਪੜ੍ਹਾਈ ਦੇ ਨਾਲ ਨਾਲ ਪ੍ਰੈਕਟੀਕਲ ਕਲਾਸਾਂ ਤੇ ਖਾਸ ਧਿਆਨ ਦਿੱਤਾ ਜਾਂਦਾ ਹੈ। ਕੋਰਸ ਖਤਮ ਹੋਣ ਤੋਂ ਬਾਅਦ ਵਿਦਿਆਰਥੀਆਂ ਨੂੰ ਆਈ ਐੱਸ ਓ ਤੋਂ ਪ੍ਰਮਾਣਿਤ ਸਰਟੀਫਿਕੇਟ ਵੀ ਦਿੱਤਾ ਜਾਂਦਾ ਹੈ, ਤਾਂ ਜੋ ਉਹ ਕਿਸੀ ਵੀ ਸਰਕਾਰੀ ਨੋਕਰੀ ਦੀ ਮੁੱਢਲੀ ਲੋੜ (120 ਘੰਟੇ ਦੀ ਪੜ੍ਹਾਈ) ਨੂੰ ਪੂਰਾ ਕਰਕੇ ਆਪਣੇ ਪੈਰ੍ਹਾਂ ਤੇ ਖੜੇ ਹੋ ਕੇ ਆਪਣੀ ਜ਼ਿੰਦਗੀ ਦਾ ਨਿਰਵਾਹ ਚੰਗੇ ਢੰਗ ਨਾਲ ਕਰ ਸਕਣ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਵਿਧਾਇਕ ਵੱਲੋਂ ਮੋਹਾਲੀ ਤੋਂ 20ਵੀਂ ਬੱਸ ਰਵਾਨਾ



**ਮੋਹਾਲੀ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਵਿਧਾਇਕ ਕੁਲਵੰਤ ਸਿੰਘ ਵੱਲੋਂ ਮੋਹਾਲੀ ਤੋਂ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ, ਵਾਰਡ ਨੰਬਰ -11 ਅਤੇ ਵਾਰਡ ਨੰਬਰ -12 ਦੇ ਸ਼ਰਧਾਲੂਆਂ ਨਾਲ ਭਰੀ ਬਸ ਨੂੰ ਰਵਾਨਾ ਕਰਨ ਦੇ ਦੌਰਾਨ ਵਿਧਾਇਕ ਕੁਲਵੰਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਜਿਹੜੇ ਸ਼ਰਧਾਲੂ ਇਸ ਯਾਤਰਾ ਤੇ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਨਾ ਮੰਦਰ ਰਾਮ ਤੀਰਥ ਵਾਲਮੀਕੀ ਮੰਦਰ, ਵਾਹਗਾ ਵਾਡਰ ਅਤੇ ਜਲ੍ਹਿਆਂ ਵਾਲਾ ਬਾਗ ਜਾ ਰਹੇ ਹਨ। ਉਹਨਾਂ ਕਿਹਾ ਕਿ ਇਹਨਾਂ ਸ਼ਰਧਾਲੂਆਂ ਦੇ ਰਹਿਣ ਸਹਿਣ ਤੇ ਖਾਣ ਪੀਣ ਦੇ ਲਈ ਪੰਜਾਬ ਸਰਕਾਰ ਦੇ ਵੱਲੋਂ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਇਹਨਾਂ ਦੇ ਨਾਲ ਹਰ ਵੇਲੇ ਜਿੱਥੇ ਇੱਕ ਗਾਈਡ ਮੌਜੂਦ ਰਹਿੰਦਾ ਹੈ,ਉੱਥੇ ਸੀਨੀਅਰ ਸਿਟੀਜਨ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ ਇੱਕ ਮਾਹਰ ਡਾਕਟਰ ਵੀ ਹਰ ਵੇਲੇ ਉਪਲਬਧ ਰਹਿੰਦਾ ਰਹਿੰਦਾ ਹੈ ਤਾਂ ਕਿ ਇਹਨਾਂ ਨੂੰ ਸ਼ਰਧਾਲੂਆਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

## ਜਥੇ. ਮਨਜੀਤ ਸਿੰਘ ਰਾਜਪੁਰ ਭਾਈਆਂ ਨੂੰ ਨਮ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਇਗੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਰਾਜਪੁਰ ਭਾਈਆਂ ਵਿਖੇ ਉਘੇ ਸਮਾਜ ਸੇਵਕ, ਸਾਬਕਾ ਪ੍ਰਧਾਨ ਬਾਬਾ ਮੇਹਰ ਸਿੰਘ ,ਸਾਬਕਾ ਸਰਪੰਚ, ਸੀਨੀਅਰ ਅਕਾਲੀ ਆਗੂ ਜਥੇਦਾਰ ਮਨਜੀਤ ਸਿੰਘ ਰਾਜਪੁਰ ਭਾਈਆਂ ਦਾ ਬੀਤੀ ਦਿਨੀਂ ਦੇਹਾਂਤ ਹੋ ਗਿਆ ਸੀ। ਇਸ ਮੌਕੇ ਦੁੱਖ ਦੀ ਘੜੀ ਵਿੱਚ ਇਲਾਕੇ ਭਰ ਤੋਂ ਵੱਖ ਵੱਖ ਰਾਜਨੀਤਿਕ ਪਾਰਟੀਆਂ, ਧਾਰਮਿਕ ਜਥੇਬੰਦੀਆਂ, ਸੰਤ ਮਹਾਂਪੁਰਸ਼, ਸਮਾਜਿਕ ਸੰਸਥਾਵਾਂ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਜਥੇਦਾਰ ਮਨਜੀਤ ਸਿੰਘ ਰਾਜਪੁਰ ਭਾਈਆਂ ਦਾ ਧਾਰਮਿਕ ਰੀਤੀ ਰਿਵਾਜਾਂ ਅੰਤਿਮ ਸੰਸਕਾਰ ਕੀਤਾ ਦਿੱਤਾ ਗਿਆ।ਦੁੱਖ ਦੀ ਘੜੀ ਵਿੱਚ ਅਮਰੀਕ ਸਿੰਘ ਕਨੇਡਾ ਭਰਾਂ, ਸਰਦਾਰ ਸੋਹਣ ਸਿੰਘ ਠੰਡਲ ਸਾਬਕਾ ਕੈਬਨਿਟ ਮੰਤਰੀ ਪੰਜਾਬ, ਡਾਕਟਰ ਰਾਜ ਕੁਮਾਰ ਚੱਬੇਵਾਲ ਮੈਂਬਰ ਪਾਰਲੀਮੈਂਟ ਹੁਸ਼ਿਆਰਪੁਰ, ਜਥੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ, ਹਰਮਿੰਦਰ ਸਿੰਘ ਸੰਧੂ ਚੱਬੇਵਾਲ ਅਕਾਲੀ ਆਗੂ, ਜਤਿੰਦਰ ਸਿੰਘ ਲਾਲੀ ਬਾਜਵਾ ਹੁਸ਼ਿਆਰਪੁਰ, ਰਜਿੰਦਰ ਸਿੰਘ ਐੱਸ ਐੱਚ ਓ ਮੇਹਟੀਆਣਾ, ਜਸਵੀਰ ਸਿੰਘ ਜੱਸ ਹੇੜੀਆ, ਗੁਰਪ੍ਰੀਤ ਸਿੰਘ ਕਨੇਡਾ ਬੇਟਾ, ਪਰਮਿੰਦਰ ਸਿੰਘ ਕਨੇਡਾ ਬੇਟਾ, ਪਰਮਵੀਰ ਸਿੰਘ ਕਨੇਡਾ, ਗਗਨਦੀਪ ਸਿੰਘ ਕਨੇਡਾ, ਮਨਪ੍ਰੀਤ ਸਿੰਘ ਜਵਾਈ, ਮਨਜਿੰਦਰ ਸਿੰਘ ਜਵਾਈ, ਜਥੇਦਾਰ ਸੁਰਜੀਤ ਮਸੂਤਾ, ਜਗਤਾਰ ਸਿੰਘ ਭੁੰਗਰਨੀ ਪੱਤਰਕਾਰ, ਜਥੇਦਾਰ ਬਲਵੀਰ ਸਿੰਘ ਫੁਗਲਾਣਾ, ਸਤਨਾਮ ਸਿੰਘ ਸਿੱਦੂ, ਰਵੀ ਮੇਹਟੀਆਣਾ, ਹਰਪਾਲ ਸਿੰਘ ਸੰਘਾ ਸਾਬਕਾ ਸਰਪੰਚ, ਪਰਮਜੀਤ ਸਿੰਘ ਪੰਮਾ, ਹਰਜਾਪ ਸਿੰਘ ਮੱਖਣ ਰਾਜਪੁਰ ਭਾਈਆਂ, ਦਵਿੰਦਰ ਸਿੰਘ ਆਦਿ ਹਾਜ਼ਰ ਸਨ।



